ਮੰਗਲਵਾਰ, 10 ਮਾਰਚ, 2026
27 ਫੱਗਣ { ਨਾਨਕਸ਼ਾਹੀ 557 / ਬਿਕਰਮੀ 2082 }
ਜਿਲਦ/VOL. : 74
ਅੰਕ/NO. : 278

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • TUESDAY, 10 MARCH, 2026 ਜਲੰਧਰ

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV

# ਮੁਜਤਬਾ ਖਾਮਨੇਈ ਨੂੰ ਪੂਤਿਨ ਦੀ ਪੂਰੀ ਹਮਾਇਤ



ਨਵੇਂ ਆਗੂ ਦੀ ਹਮਾਇਤ ਵਿੱਚ ਤਹਿਰਾਨ ਵਿੱਚ ਇਕੱਠੇ ਹੋਏ ਲੋਕ।

**ਤਹਿਰਾਨ** : ਈਰਾਨ ਦੇ ਮਾਰੇ ਗਏ ਸੁਪਰੀਮ ਲੀਡਰ ਆਇਤੁੱਲ੍ਹਾ ਖਾਮਨੇਈ ਦੇ ਪੁੱਤਰ ਮੁਜਤਬਾ ਖਾਮਨੇਈ ਨੂੰ ਇਸਲਾਮਿਕ ਗਣਰਾਜ ਦਾ ਅਗਲਾ ਸ਼ਾਸਕ ਐਲਾਨ ਦਿੱਤਾ ਗਿਆ ਹੈ। ਪਿਛਲੇ ਇੱਕ ਹਫਤੇ ਤੋਂ ਅਮਰੀਕਾ ਅਤੇ ਇਜ਼ਰਾਈਲ ਦੇ ਦਬਾਅ ਹੇਠ ਚੱਲ ਰਹੀ ਈਰਾਨੀ ਹਕੂਮਤ ਦੀ 'ਅਸੈਂਬਲੀ ਆਫ ਐਕਸਪਰਟਸ' ਨੇ 56 ਸਾਲਾ ਧਾਰਮਿਕ ਆਗੂ ਨੂੰ ਚੁਣਿਆ ਹੈ, ਜਿਸ ਦੇ ਦੇਸ਼ ਦੀ ਪੈਰਾ-ਮਿਲਟਰੀ ਰੈਵੋਲਿਊਸ਼ਨਰੀ ਗਾਰਡ ਨਾਲ ਬਹੁਤ ਗੂੜ੍ਹੇ ਸੰਬੰਧ ਹਨ।

ਰੈਵੋਲਿਊਸ਼ਨਰੀ ਗਾਰਡ ਵੱਲੋਂ ਇਜ਼ਰਾਈਲ ਅਤੇ ਖਾੜੀ ਅਰਬ ਦੇਸ਼ਾਂ 'ਤੇ ਲਗਾਤਾਰ ਮਿਜ਼ਾਈਲਾਂ ਅਤੇ ਡਰੋਨਾਂ ਨਾਲ ਹਮਲੇ ਕੀਤੇ ਜਾ ਰਹੇ ਹਨ। ਨਵੀਂ ਲੀਡਰਸ਼ਿਪ ਦੇ ਆਉਣ ਨਾਲ ਖੇਤਰ ਵਿੱਚ ਤਣਾਅ ਹੋਰ ਵਧ ਗਿਆ ਹੈ, ਕਿਉਂਕਿ ਈਰਾਨ ਹੁਣ ਸਿੱਧੇ ਤੌਰ 'ਤੇ ਗੁਆਂਢੀ ਦੇਸ਼ਾਂ ਦੇ ਬੁਨਿਆਦੀ ਢਾਂਚੇ ਨੂੰ ਨੁਕਸਾਨ ਪਹੁੰਚਾ ਕੇ ਆਪਣੀ ਤਾਕਤ ਦਾ ਪ੍ਰਦਰਸ਼ਨ ਕਰ ਰਿਹਾ ਹੈ। ਰੂਸੀ ਰਾਸ਼ਟਰਪਤੀ ਵਲਾਦੀਮੀਰ ਪੁਤਿਨ ਨੇ ਮੁਜਤਬਾ ਖਾਮਨੇਈ ਨੂੰ ਈਰਾਨ ਦਾ ਸੁਪਰੀਮ ਲੀਡਰ ਚੁਣੇ ਜਾਣ 'ਤੇ ਵਧਾਈ ਦਿੱਤੀ ਹੈ। ਪੁਤਿਨ ਨੇ ਕਿਹਾ ਕਿ ਉਨ੍ਹਾ ਨੂੰ ਭਰੋਸਾ ਹੈ ਕਿ ਮੁਜਤਬਾ ਖਾਮਨੇਈ ਆਪਣੇ ਪਿਤਾ ਦੇ ਕੰਮ ਨੂੰ ਸਨਮਾਨ ਨਾਲ ਜਾਰੀ ਰੱਖਣਗੇ ਅਤੇ ਮੁਸ਼ਕਲਾਂ ਦੇ ਬਾਵਜੂਦ ਈਰਾਨੀ ਲੋਕਾਂ ਨੂੰ ਇੱਕਜੁੱਟ ਕਰਨਗੇ। ਉਨ੍ਹਾ ਕਿਹਾ ਕਿ ਰੂਸ ਤਹਿਰਾਨ ਦੇ ਨਾਲ ਮਜ਼ਬੂਤੀ ਨਾਲ ਖੜ੍ਹਾ ਰਹੇਗਾ।

ਉਧਰ, ਸਾਊਦੀ ਅਰਬ ਨੇ ਸੋਮਵਾਰ ਨੂੰ ਈਰਾਨ ਨੂੰ ਚੇਤਾਵਨੀ ਦਿੱਤੀ ਕਿ ਜੇ ਉਸ ਨੇ ਅਰਬ ਦੇਸ਼ਾਂ 'ਤੇ ਆਪਣੇ ਹਮਲੇ ਬੰਦ ਨਾ ਕੀਤੇ, ਤਾਂ ਉਸ ਨੂੰ ਹੁਣ ਤੱਕ ਦਾ 'ਸਭ ਤੋਂ ਵੱਡਾ ਨੁਕਸਾਨ' ਝੱਲਣਾ ਪਵੇਗਾ। ਇਹ ਬਿਆਨ ਸਾਊਦੀ ਅਰਬ ਦੇ ਵੱਡੇ 'ਸ਼ਾਇਬਾ' ਤੇਲ ਖੇਤਰ 'ਤੇ ਹੋਏ ਤਾਜ਼ਾ ਡਰੋਨ ਹਮਲੇ ਤੋਂ ਬਾਅਦ ਆਇਆ ਹੈ। ਸਾਊਦੀ ਅਰਬ ਨੇ ਈਰਾਨੀ ਰਾਸ਼ਟਰਪਤੀ ਮਸੂਦ ਪੇਜ਼ੇਸ਼ਕਿਆਨ ਦੇ ਉਸ ਦਾਅਵੇ ਨੂੰ ਵੀ ਪੂਰੀ ਤਰ੍ਹਾਂ ਰੱਦ ਕਰ ਦਿੱਤਾ ਹੈ, ਜਿਸ ਵਿੱਚ ਉਨ੍ਹਾ ਕਿਹਾ ਸੀ ਕਿ ਈਰਾਨ ਨੇ ਖਾੜੀ ਦੇਸ਼ਾਂ 'ਤੇ ਹਮਲੇ ਰੋਕ ਦਿੱਤੇ ਹਨ।

# 27 'ਚ ਵੀ 'ਆਪ' ਦੀ ਹੀ ਸਰਕਾਰ : ਮਾਨ

**ਚੰਡੀਗੜ੍ਹ (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)**



ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸੋਮਵਾਰ ਕਿਹਾ ਕਿ ਔਰਤਾਂ ਲਈ 1,000 ਰੁਪਏ ਪ੍ਰਤੀ ਮਹੀਨਾ ਦੇ ਐਲਾਨ 'ਤੇ ਵਿਰੋਧੀ ਪਾਰਟੀਆਂ ਵੱਲੋਂ ਦਿਖਾਈ ਜਾ ਰਹੀ ਨਿਰਾਸ਼ਾ ਸਾਲ 2027 ਵਿੱਚ ਆਮ ਆਦਮੀ ਪਾਰਟੀ ਦੇ ਪੰਜਾਬ ਵਿੱਚ ਸੱਤਾ ਵਾਪਸੀ ਦੇ ਡਰ ਨੂੰ ਸਪੱਸ਼ਟ ਤੌਰ 'ਤੇ ਦਰਸਾਉਂਦੀ ਹੈ। ਪੰਜਾਬ ਵਿਧਾਨ ਸਭਾ ਨੂੰ ਸੰਬੋਧਨ ਕਰਦਿਆਂ ਮਾਨ ਨੇ ਜ਼ੋਰ ਦੇ ਕੇ ਕਿਹਾ ਕਿ ਜਿੱਥੇ ਸ਼੍ਰੋਮਣੀ ਅਕਾਲੀ ਦਲ, ਭਾਜਪਾ ਅਤੇ ਕਾਂਗਰਸ ਵਰਗੀਆਂ ਪਾਰਟੀਆਂ ਨੇ ਆਪਣੇ ਚੋਣ ਵਾਅਦਿਆਂ ਨੂੰ ਨਜ਼ਰਅੰਦਾਜ਼ ਕਰਕੇ ਲੋਕਾਂ ਨਾਲ ਵਾਰ-ਵਾਰ ਧੋਖਾ ਕੀਤਾ ਹੈ, ਉੱਥੇ 'ਆਪ' ਸਰਕਾਰ ਨੇ ਆਪਣੇ ਮੈਨੀਫੈਸਟੋ ਨੂੰ ਪਵਿੱਤਰ ਦਸਤਾਵੇਜ਼ ਮੰਨਿਆ ਹੈ ਅਤੇ ਸਿਰਫ਼ ਚਾਰ ਸਾਲਾਂ ਦੇ ਅੰਦਰ ਆਮ ਲੋਕਾਂ ਲਈ ਹਰ ਗਰੰਟੀ ਨੂੰ ਪੂਰਾ ਕੀਤਾ ਹੈ।

'ਮੁੱਖ ਮੰਤਰੀ ਮਾਵਾਂ-ਧੀਆ ਸਤਿਕਾਰ ਯੋਜਨਾ', ਮੁਫ਼ਤ ਬਿਜਲੀ, ਮੁਫ਼ਤ ਬੱਸ ਯਾਤਰਾ, 10 ਲੱਖ ਰੁਪਏ ਦੀ ਸਿਹਤ ਯੋਜਨਾ ਤਹਿਤ ਮੁਫ਼ਤ ਇਲਾਜ, 63,943 ਨੌਜਵਾਨਾਂ ਦੀ ਪਾਰਦਰਸ਼ੀ ਭਰਤੀ ਅਤੇ ਬੁਨਿਆਦੀ ਢਾਂਚੇ ਤੇ ਉਦਯੋਗ ਵਿੱਚ ਵੱਡੇ ਨਿਵੇਸ਼ ਵਰਗੀਆਂ ਪਹਿਲਕਦਮੀਆਂ ਦਾ ਜ਼ਿਕਰ ਕਰਦੇ ਹੋਏ ਹੋਏ ਮਾਨ ਨੇ ਕਿਹਾ ਕਿ ਪੰਜਾਬ ਵਿਕਾਸ ਦੇ ਰਾਹ 'ਤੇ ਮਜ਼ਬੂਤੀ ਨਾਲ ਅੱਗੇ ਵਧ ਰਿਹਾ ਹੈ ਅਤੇ ਆਉਣ ਵਾਲੇ ਸਾਲਾਂ ਵਿੱਚ ਵਿਕਾਸ ਦੀ ਗਤੀ ਤੇਜ਼ ਹੋਵੇਗੀ।ਤਲਵੰਡੀ ਸਾਬੋ ਤੋਂ ਵਿਧਾਇਕ ਪ੍ਰੋਫੈਸਰ ਬਲਜਿੰਦਰ ਕੌਰ ਵੱਲੋਂ ਰਾਜਪਾਲ ਦੇ ਭਾਸ਼ਣ 'ਤੇ ਪੇਸ਼ ਕੀਤੇ ਧੰਨਵਾਦ ਪ੍ਰਸਤਾਵ 'ਤੇ ਬਹਿਸ ਨੂੰ ਸਮੇਟਦਿਆਂ ਮੁੱਖ ਮੰਤਰੀ ਨੇ ਕਿਹਾ, ਉਹ ਵੀ ਸਮਾਂ ਸੀ, ਜਦੋਂ ਚੋਣ ਮੈਨੀਫੈਸਟੋ ਨੂੰ ਕੋਈ ਪੜ੍ਹਦਾ ਤੱਕ ਨਹੀਂ ਸੀ, ਕਿਉਂਕਿ ਰਵਾਇਤੀ ਪਾਰਟੀਆਂ ਚੋਣਾਂ ਤੋਂ ਕੁਝ ਦਿਨ ਪਹਿਲਾਂ ਮੈਨੀਫੈਸਟੋ ਜਾਰੀ ਕਰਕੇ ਖਾਨਾਪੂਰਤੀ ਕਰਦੀਆਂ ਸਨ। ਰਵਾਇਤੀ ਪਾਰਟੀਆਂ ਦੇ ਚੋਣ ਮਨੋਰਥ ਪੱਤਰ ਵਿੱਚ ਧਰਮ-ਜਾਤ ਦੀ ਗੱਲ ਹੁੰਦੀ ਸੀ, ਪਰ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਇਤਿਹਾਸਕ ਪਹਿਲ ਕਰਦਿਆਂ ਆਮ ਲੋਕਾਂ ਲਈ ਮਿਆਰੀ ਸਿਹਤ ਤੇ ਸਿੱਖਿਆ ਨੂੰ ਚੋਣ ਮਨੋਰਥ ਪੱਤਰ ਦਾ ਹਿੱਸਾ ਬਣਾਇਆ। ਰਵਾਇਤੀ ਪਾਰਟੀਆਂ ਨੂੰ ਵੀ ਆਪਣੇ ਚੋਣ ਮਨੋਰਥ ਪੱਤਰਾਂ ਵਿੱਚ ਸਿਹਤ-ਸਿੱਖਿਆ ਦੇ ਖੇਤਰਾਂ ਨੂੰ ਸ਼ਾਮਲ ਕਰਨ ਲਈ ਮਜਬੂਰ ਹੋਣਾ ਪਿਆ, ਜਿਸ ਲਈ ਉਹ ਅਰਵਿੰਦ ਕੇਜਰੀਵਾਲ ਦੇ ਧੰਨਵਾਦੀ ਹਨ। ਚਾਰ ਸਾਲਾਂ ਦੇ ਕਾਰਜਕਾਲ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਉਹ ਪਰਮਾਤਮਾ ਦੇ ਧੰਨਵਾਦੀ ਹਨ, ਜਿਸ ਨੇ ਉਨ੍ਹਾ ਨੂੰ ਸੂਬੇ ਦੀ ਸੇਵਾ ਕਰਨ ਦਾ ਬਲ ਬਖਸ਼ਿਆ ਹੈ।

'ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ' ਦੀ ਗੱਲ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਸ ਯੋਜਨਾ ਦੇ ਐਲਾਨ ਤੋਂ ਬਾਅਦ ਸੂਬੇ

• ਬਾਕੀ ਸਫਾ 2 'ਤੇ

# ਬਜਟ ਅਸਲ 'ਚ 'ਚੋਣ ਬਜਟ' : ਬਰਾੜ

**ਚੰਡੀਗੜ੍ਹ (ਗਿਆਨ ਸੈਦਪੁਰੀ)**



ਪੰਜਾਬ ਸਰਕਾਰ ਵੱਲੋਂ 2026-27 ਦੇ ਪੇਸ਼ ਕੀਤੇ ਬਜਟ ਨੂੰ 'ਚੋਣ ਬਜਟ' ਆਖਿਆ ਜਾਵੇ ਤਾਂ ਇਹ ਸ਼ਬਦਾਂ ਦਾ ਸਹੀ ਇਸਤੇਮਾਲ ਹੋਵੇਗਾ। ਇਸ ਬਜਟ ਵਿੱਚ ਆਮ ਲੋਕਾਂ ਦੀ ਅਮਲੀ ਬਿਹਤਰੀ ਲਈ ਕੁਝ ਵੀ ਨਹੀਂ, ਇਸ ਲਈ ਬਜਟ ਨੂੰ ਲੋਕ ਵਿਰੋਧੀ ਵੀ ਆਖਿਆ ਜਾ ਸਕਦਾ ਹੈ। ਉਕਤ ਵਿਚਾਰਾਂ ਦਾ ਪ੍ਰਗਟਾਵਾ ਭਾਰਤੀ ਕਮਿਊਨਿਸਟ ਪਾਰਟੀ ਦੀ ਪੰਜਾਬ ਇਕਾਈ ਦੇ ਸਕੱਤਰ ਬੰਤ ਸਿੰਘ ਬਰਾੜ ਨੇ ਕੀਤਾ। ਉਹ ਇੱਥੇ ਬਜਟ ਸੰਬੰਧੀ ਪਾਰਟੀ ਦਾ ਪ੍ਰਤੀਕਰਮ ਦੱਸ ਰਹੇ ਸਨ। ਉਨ੍ਹਾ ਕਿਹਾ ਕਿ ਅਗਲਾ ਸਾਲ ਚੋਣਾਂ ਦਾ ਹੋਣ ਕਰਕੇ ਸਰਕਾਰ ਨੇ ਪੰਜਾਬ ਦੇ ਲੋਕਾਂ ਨਾਲ ਇੱਕ ਕਿਸਮ ਦਾ ਛਲਾਵਾ ਕੀਤਾ ਹੈ। ਉਨ੍ਹਾ ਕਿਹਾ ਕਿ 2022 ਦੀਆਂ ਚੋਣਾਂ ਵੇਲੇ ਇੱਕ ਹਜ਼ਾਰ ਰੁਪਏ ਔਰਤਾਂ ਨੂੰ ਹਰ ਮਹੀਨੇ ਦੇਣ ਦੀ ਗਰੰਟੀ ਦਿੱਤੀ ਗਈ ਸੀ। ਚਾਰ ਸਾਲ ਤੋਂ ਵੱਧ ਸਮਾਂ ਇਹ ਗਰੰਟੀ ਵਿਸਰੀ ਰਹੀ, ਹੁਣ ਚੋਣਾਂ ਬਿਲਕੁਲ ਨੇੜੇ ਆ ਜਾਣ ਕਾਰਨ ਇਹ ਗੱਲ ਚੇਤੇ ਆਈ ਹੈ। ਕਮਿਊਨਿਸਟ ਆਗੂ ਨੇ ਕਿਹਾ ਕਿ ਬਿਹਾਰ ਸਰਕਾਰ ਦੀ ਤਰਜ਼ 'ਤੇ ਪੰਜਾਬ ਸਰਕਾਰ ਨੇ ਐਨ ਚੋਣਾਂ ਦੇ ਮੌਕੇ ਬੀਬੀਆਂ ਨੂੰ ਲਾਲਚ ਦੇ ਕੇ 'ਬਦਲਵਾਂ ਨਿਜ਼ਾਮ' ਦੇਣ ਦੇ ਵਾਅਦਿਆਂ ਦਾ ਵੀ ਖਿਆਲ ਨਹੀਂ ਰੱਖਿਆ। ਬਰਾੜ ਨੇ ਕਿਹਾ ਕਿ ਅਸੀਂ ਹਮੇਸ਼ਾ ਲੋਕਾਂ ਦੇ ਭਲੇ ਲਈ ਕੀਤੇ ਜਾਣ ਵਾਲੇ ਕੰਮਾਂ ਦੀ ਸ਼ਲਾਘਾ ਕੀਤੀ ਹੈ, ਪਰ ਤੌਰ-ਤਰੀਕਿਆਂ ਦੀ ਸੁਚੱਜਤਾ ਲਾਜ਼ਮੀ ਹੈ। ਦਿੱਤੀ ਗਈ ਗਰੰਟੀ ਦਾ ਸਮਾਂ ਵਿਹਾਅ ਚੁੱਕਣ ਬਾਅਦ ਇਸ

• ਬਾਕੀ ਸਫਾ 2 'ਤੇ

# ਮਹਿਲਾਵਾਂ ਨੂੰ 1,000 ਰੁਪਏ ਦੇਣ ਦਾ ਫੈਸਲਾ ਇਤਿਹਾਸਕ : ਦੀਪਕ ਬਾਲੀ

**ਚੰਡੀਗੜ੍ਹ (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)**

ਆਮ ਆਦਮੀ ਪਾਰਟੀ (ਆਪ) ਦੇ ਜਨਰਲ ਸਕੱਤਰ ਅਤੇ ਪੰਜਾਬ ਵਿਰਾਸਤ ਅਤੇ ਸੈਰ-ਸਪਾਟਾ ਪ੍ਰਮੋਸ਼ਨ ਬੋਰਡ ਦੇ ਸਲਾਹਕਾਰ ਦੀਪਕ ਬਾਲੀ ਨੇ ਕਿਹਾ ਕਿ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਆਪਣੇ ਚਾਰ ਸਾਲਾਂ ਦੇ ਕਾਰਜਕਾਲ ਵਿੱਚ ਆਪਣੀ ਪੰਜਵੀਂ ਗਰੰਟੀ ਪੂਰੀ ਕਰ ਲਈ ਹੈ। ਉਨ੍ਹਾ ਦੱਸਿਆ ਕਿ ਵਿੱਤੀ ਸਾਲ 2026-27 ਦੇ ਰਾਜ ਦੇ ਬਜਟ ਵਿੱਚ ਸਰਕਾਰ ਨੇ ਅਧਿਕਾਰਤ ਤੌਰ 'ਤੇ 'ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ' ਸ਼ੁਰੂ ਕੀਤੀ ਹੈ, ਜਿਸ ਨੂੰ ਰਾਜ ਵਿੱਚ ਮਹਿਲਾਵਾਂ ਨੂੰ ਆਰਥਿਕ ਤੌਰ 'ਤੇ ਸਸ਼ਕਤ ਬਣਾਉਣ ਵੱਲ ਇੱਕ ਮਹੱਤਵਪੂਰਨ ਅਤੇ ਇਤਿਹਾਸਕ ਪਹਿਲਕਦਮੀ ਮੰਨਿਆ ਜਾਂਦਾ ਹੈ।

ਇਸ ਯੋਜਨਾ ਅਨੁਸਾਰ ਜਨਰਲ ਸ਼੍ਰੇਣੀ ਦੀਆਂ ਮਹਿਲਾਵਾਂ ਨੂੰ ਪ੍ਰਤੀ ਮਹੀਨਾ 1,000 ਅਤੇ ਅਨੁਸੂਚਿਤ ਜਾਤੀ (ਐੱਸ ਸੀ) ਭਾਈਚਾਰੇ ਦੀਆਂ ਮਹਿਲਾਵਾਂ ਨੂੰ ਪ੍ਰਤੀ ਮਹੀਨਾ 1,500 ਪ੍ਰਾਪਤ ਹੋਣਗੇ।ਦੀਪਕ ਬਾਲੀ ਨੇ ਕਿਹਾ ਕਿ ਮਹਿਲਾਵਾਂ ਨੂੰ ਮਹੀਨਾਵਾਰ ਵਿੱਤੀ ਸਹਾਇਤਾ ਪ੍ਰਦਾਨ ਕਰਨ ਦਾ ਇਹ ਫੈਸਲਾ ਇਤਿਹਾਸਕ ਹੈ। ਉਨ੍ਹਾ ਅੱਗੇ ਕਿਹਾ ਕਿ ਇਹ ਯੋਜਨਾ ਆਮ ਆਦਮੀ ਪਾਰਟੀ ਦੇ ਰਾਸ਼ਟਰੀ ਕਨਵੀਨਰ ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੁਆਰਾ ਕੀਤੀਆਂ ਗਈਆਂ ਗਰੰਟੀਆਂ ਨੂੰ ਪੂਰਾ ਕਰਨ ਵੱਲ ਇੱਕ ਮਹੱਤਵਪੂਰਨ ਕਦਮ ਹੈ।ਉਨ੍ਹਾ ਕਿਹਾ ਕਿ 'ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ' ਰਾਹੀਂ ਮਹਿਲਾਵਾਂ ਨੂੰ ਵਿੱਤੀ ਸਹਾਇਤਾ ਪ੍ਰਦਾਨ ਕਰਨਾ ਇੱਕ ਵਿਲੱਖਣ ਅਤੇ ਦੂਰਦਰਸ਼ੀ ਪਹਿਲ ਹੈ। ਉਨ੍ਹਾ ਦੇ ਅਨੁਸਾਰ, ਪੰਜਾਬ ਦੇਸ਼ ਦਾ ਪਹਿਲਾ ਸੂਬਾ ਹੈ, ਜਿਸ ਨੇ ਅਜਿਹੀ ਯੋਜਨਾ ਲਾਗੂ ਕੀਤੀ ਹੈ, ਜੋ ਮਹਿਲਾਵਾਂ ਨੂੰ ਸਿੱਧੀ ਮਹੀਨਾਵਾਰ ਵਿੱਤੀ ਸਹਾਇਤਾ ਪ੍ਰਦਾਨ ਕਰਦੀ



ਹੈ।ਉਨ੍ਹਾ ਕਿਹਾ ਕਿ ਜਦੋਂ ਮਹਿਲਾਵਾਂ ਵਿੱਤੀ ਤੌਰ 'ਤੇ ਸਸ਼ਕਤ ਹੁੰਦੀਆਂ ਹਨ ਤਾਂ ਇਸ ਦਾ ਪੂਰੇ ਪਰਵਾਰ ਅਤੇ ਸਮਾਜ 'ਤੇ ਸਾਕਾਰਾਤਮਕ ਪ੍ਰਭਾਵ ਪੈਂਦਾ ਹੈ। ਇਸ ਨਾਲ ਬੱਚਿਆਂ ਦੀ ਸਿੱਖਿਆ, ਸਿਹਤ ਅਤੇ ਪਰਵਾਰ ਦੀ ਜੀਵਨ ਸ਼ੈਲੀ ਵਿੱਚ ਵੀ ਸੁਧਾਰ ਹੁੰਦਾ ਹੈ।

ਉਨ੍ਹਾ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਪਾਰਦਰਸ਼ਤਾ, ਜਵਾਬਦੇਹੀ ਅਤੇ ਲੋਕ ਹਿੱਤ ਨਾਲ ਕੰਮ ਕਰ ਰਹੀ ਹੈ ਅਤੇ ਭਵਿੱਖ ਵਿੱਚ ਵੀ ਜਨਤਾ ਨਾਲ ਕੀਤੇ ਗਏ ਹਰ ਵਾਅਦੇ ਨੂੰ ਪੂਰਾ ਕਰਦੀ ਰਹੇਗੀ। ਉਨ੍ਹਾ ਵਿਸ਼ਵਾਸ ਪ੍ਰਗਟ ਕੀਤਾ ਕਿ ਸਰਕਾਰ ਦੀਆਂ ਨੀਤੀਆਂ ਅਤੇ ਯੋਜਨਾਵਾਂ ਦੇ ਨਤੀਜੇ ਵਜੋਂ ਪੰਜਾਬ ਭਵਿੱਖ ਵਿੱਚ ਸਮਾਜਿਕ ਅਤੇ ਆਰਥਿਕ ਤੌਰ 'ਤੇ ਹੋਰ ਵੀ ਮਜ਼ਬੂਤ ਹੋਵੇਗਾ ਅਤੇ ਸੂਬੇ ਦੇ ਲੋਕਾਂ ਦੇ ਜੀਵਨ ਪੱਧਰ ਵਿੱਚ ਕਾਫ਼ੀ ਸੁਧਾਰ ਦੇਖਣ ਨੂੰ ਮਿਲੇਗਾ।

# ਬਜਟ ਨੇ ਖੇਤ ਮਜ਼ਦੂਰਾਂ ਨੂੰ ਕੀਤਾ ਨਿਰਾਸ਼ : ਗੋਰੀਆ, ਦੇਵੀ ਕੁਮਾਰੀ



**ਚੰਡੀਗੜ੍ਹ (ਗਿਆਨ ਸੈਦਪੁਰੀ)**-ਭਾਰਤੀ ਖੇਤ ਮਜ਼ਦੂਰ ਯੂਨੀਅਨ ਅਤੇ ਪੰਜਾਬ ਖੇਤ ਮਜ਼ਦੂਰ ਸਭਾ ਨੇ ਪੰਜਾਬ ਸਰਕਾਰ ਵੱਲੋਂ ਪੇਸ਼ ਕੀਤੇ ਬਜਟ 'ਤੇ ਤਿੱਖੀ ਪ੍ਰਤੀਕ੍ਰਿਆ ਪ੍ਰਗਟ ਕੀਤੀ ਹੈ। ਇਥੇ ਜਾਰੀ ਇੱਕ ਲਿਖਤੀ ਬਿਆਨ ਵਿਚ ਯੂਨੀਅਨ ਦੇ ਜਨਰਲ ਸਕੱਤਰ ਗੁਲਜ਼ਾਰ ਸਿੰਘ ਗੋਰੀਆ ਅਤੇ ਸਭਾ ਦੇ ਜਨਰਲ ਸਕੱਤਰ ਦੇਵੀ ਕੁਮਾਰੀ ਸਰਹਾਲੀ ਕਲਾਂ ਨੇ ਕਿਹਾ ਕਿ ਬਜਟ ਨੇ ਪਿੰਡਾਂ ਦੇ ਖੇਤ ਮਜ਼ਦੂਰ ਵਰਗ ਨੂੰ ਬੁਰੀ ਤਰ੍ਹਾਂ ਨਿਰਾਸ਼ ਕੀਤਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਆਪਣੀਆਂ ਗਰੰਟੀਆਂ ਵਿਚ ਵਾਅਦਾ ਕੀਤਾ ਸੀ ਕਿ ਸਮਾਜਕ ਸੁਰੱਖਿਆ ਅਧੀਨ ਬੁਢਾਪਾ, ਵਿਧਵਾ ਅਤੇ ਅੰਗਹੀਣਾਂ ਆਦਿ ਨੂੰ ਦਿੱਤੀ ਜਾਂਦੀ ਪੈਨਸ਼ਨ

• ਬਾਕੀ ਸਫਾ 2 'ਤੇ

# 27 ਨੂੰ ਦੇਸ਼ ਭਗਤ ਯਾਦਗਾਰ ਹਾਲ 'ਚ ਰੰਗਮੰਚ ਦਿਹਾੜਾ

**ਜਲੰਧਰ** : ਦੇਸ਼ ਭਗਤ ਯਾਦਗਾਰ ਕਮੇਟੀ ਦੇ ਪ੍ਰਧਾਨ ਕੁਲਵੰਤ ਸਿੰਘ ਸੰਧੂ, ਜਨਰਲ ਸਕੱਤਰ ਗੁਰਮੀਤ ਸਿੰਘ ਅਤੇ ਸਭਿਆਚਾਰਕ ਵਿੰਗ ਦੇ ਕਨਵੀਨਰ ਅਮੋਲਕ ਸਿੰਘ ਨੇ ਦੱਸਿਆ ਕਿ 27 ਮਾਰਚ ਨੂੰ ਦਿਨੇ 11 ਵਜੇ ਦੇਸ਼ ਭਗਤ ਯਾਦਗਾਰ ਹਾਲ ਵਿਖੇ ਵਿਸ਼ਵ ਰੰਗਮੰਚ ਦਿਹਾੜਾ ਮਨਾਇਆ ਜਾ ਰਿਹਾ ਹੈ। ਇਹ ਦਿਹਾੜਾ ਉਸ ਮੌਕੇ ਮਨਾਇਆ ਜਾ ਰਿਹਾ ਹੈ, ਜਦੋਂ ਕੁੱਲ ਦੁਨੀਆ ਦੇ ਲੋਕਾਂ ਉਪਰ ਅਮਰੀਕੀ-ਇਜ਼ਰਾਇਲੀ ਹਾਕਮਾਂ ਵੱਲੋਂ ਜਬਰੀ ਨਿਹੱਕੀ ਜੰਗ ਮੜ੍ਹ ਕੇ ਕੁਦਰਤੀ ਅਨਮੋਲ ਖਜ਼ਾਨੇ ਲੁੱਟਣ ਅਤੇ ਵਿਸ਼ਵ ਬਾਜ਼ਾਰ ਨੂੰ ਆਪਣੀਆਂ ਨੀਤੀਆਂ ਮੁਤਾਬਕ ਕਾਬੂ ਕਰਨ ਲਈ ਹੱਲਾ ਬੋਲਿਆ ਜਾ ਰਿਹਾ ਹੈ। ਅਜਿਹੇ ਮੌਕੇ ਦੁਨੀਆ ਦੇ ਰੰਗਮੰਚ ਤੋਂ ਸਾਮਰਾਜੀ ਅਤੇ ਉਹਨਾਂ ਦੀਆਂ ਹਿੱਤ ਪਾਲਕ ਤਾਕਤਾਂ ਦੇ ਚੰਦਰੇ ਮਨਸੂਬੇ ਨਾਕਾਮ ਕਰਨ ਦਾ ਸੁਨੇਹਾ ਦੇਵੇਗਾ ਰੰਗਮੰਚ ਦਿਹਾੜਾ। ਇਹ ਦਿਹਾੜਾ ਵਿਚਾਰਾਂ ਦੇ ਪ੍ਰਗਟਾਵੇ ਦੀ ਆਜ਼ਾਦੀ ਦਾ ਦਿਹਾੜਾ ਬਣ ਕੇ ਸਾਹਮਣੇ ਆਏਗਾ।

ਇਸ ਮੌਕੇ ਕਮੇਟੀ ਦੇ ਸੀਨੀਅਰ ਟਰੱਸਟੀ ਪ੍ਰੋ. ਵਰਿਆਮ ਸਿੰਘ ਸੰਧੂ 'ਜ਼ਿੰਦਗੀ ਰੰਗ ਮੰਚ ਹੈ' ਵਿਸ਼ੇ 'ਤੇ ਵਿਚਾਰ ਸਾਂਝੇ ਕਰਨਗੇ। ਇਸ ਉਪਰੰਤ ਨਵਚਿੰਤਨ ਕਲਾ ਮੰਚ ਬਿਆਸ ਵੱਲੋਂ ਗੁਰਸ਼ਰਨ ਸਿੰਘ ਦਾ ਲਿਖਿਆ ਨਾਟਕ 'ਸੀਸ ਤਲੀ 'ਤੇ' ਨਿਰਦੇਸ਼ਕ ਕਰਾਂਤੀਪਾਲ ਅਤੇ ਸਹਿਯੋਗੀ ਪ੍ਰਿਤਪਾਲ ਦੀ ਨਿਰਦੇਸ਼ਨਾ 'ਚ ਅਤੇ ਨੀਰਜ ਕੌਸ਼ਿਕ ਦੀ ਨਿਰਦੇਸ਼ਨਾ 'ਚ ਲਘੂ-ਨਾਟਕ 'ਮੋਇਆਂ ਦੇ ਖ਼ਤ' ਅਦਾਕਾਰ ਆਰੂਸ਼ੀ ਤੇ ਐੱਸ.ਪੀ. ਸਿੰਘ ਵੱਲੋਂ ਖੇਡਿਆ ਜਾਏਗਾ। ਦੇਸ਼ ਭਗਤ ਯਾਦਗਾਰ ਕਮੇਟੀ ਨੇ ਸਮੂਹ ਲੋਕ-ਪੱਖੀ ਸੰਸਥਾਵਾਂ, ਵਿਦਵਾਨਾਂ, ਲੇਖਕਾਂ ਅਤੇ ਰੰਗਕਰਮੀਆਂ ਨੂੰ ਇਸ ਸਮਾਗਮ 'ਚ ਸ਼ਾਮਲ ਹੋਣ ਦੀ ਜ਼ੋਰਦਾਰ ਅਪੀਲ ਕੀਤੀ ਹੈ।

## ਪੱਤਰਕਾਰਾਂ ਲਈ ਸੂਚਨਾ

'ਨਵਾਂ ਜ਼ਮਾਨਾ' ਦੇ ਜਿਨ੍ਹਾਂ ਪ੍ਰਤੀਨਿਧਾਂ ਦੇ ਸ਼ਨਾਖਤੀ ਕਾਰਡ ਦੀ ਮਿਆਦ 31 ਮਾਰਚ 2026 ਨੂੰ ਲੰਘ ਰਹੀ ਹੈ, ਉਨ੍ਹਾਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਉਹ ਆਪਣੇ ਕਾਰਡ 'ਨਵਾਂ ਜ਼ਮਾਨਾ' ਦਫਤਰ ਆ ਕੇ 31 ਮਾਰਚ ਤੋਂ ਪਹਿਲਾਂ-ਪਹਿਲਾਂ ਬਾਅਦ ਦੁਪਹਿਰ ਰੀਨਿਊ ਕਰਵਾਉਣ। ਪਿਛਲੇ ਸਾਲ ਦੀ ਅਧਿਕਾਰਤ ਪੱਤਰ ਦੀ ਕਾਪੀ ਨਾਲ ਲਿਆਉਣ।

-ਮੈਨੇਜਰ

# ਮਹਿਲਾਵਾਂ ਨੂੰ ਬਰਾਬਰ ਹੱਕ ਦਿਵਾਉਣ ਲਈ ਇੱਕਮੁੱਠ ਸੰਘਰਸ਼ ਦਾ ਸੱਦਾ

**ਲੁਧਿਆਣਾ (ਰੈਕਟਰ ਕਥੂਰੀਆ, ਕਾਰਤਿਕਾ ਸਿੰਘ)**



ਪੰਜਾਬ ਇਸਤਰੀ ਸਭਾ (ਭਾਰਤੀ ਮਹਿਲਾ ਫੈਡਰੇਸ਼ਨ) ਵੱਲੋਂ ਈਸੜੂ ਭਵਨ ਲੁਧਿਆਣਾ ਵਿਖੇ ਅੰਤਰਰਾਸ਼ਟਰੀ ਮਹਿਲਾ ਦਿਵਸ ਬੜੇ ਉਤਸ਼ਾਹ, ਗੰਭੀਰ ਵਿਚਾਰ-ਚਰਚਾ ਅਤੇ ਜਾਗਰੂਕਤਾ ਦੇ ਮਾਹੌਲ ਵਿੱਚ ਮਨਾਇਆ ਗਿਆ। ਪ੍ਰੋਗਰਾਮ ਵਿੱਚ ਪ੍ਰਸਿੱਧ ਪੰਜਾਬੀ ਸਾਹਿਤਕਾਰ ਅਤੇ ਸਾਹਿਤ ਅਕੈਡਮੀ ਅਵਾਰਡ ਨਾਲ ਸਨਮਾਨਤ ਡਾ. ਪਾਲ ਕੌਰ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਪੰਜਾਬ ਯੂਨੀਵਰਸਿਟੀ ਤੋਂ ਡਾ. ਜਸ਼ਨਪ੍ਰੀਤ ਕੌਰ ਵਿਸ਼ੇਸ਼ ਵਕਤਾ ਸਨ।

ਪ੍ਰੋਗਰਾਮ ਸੂਬਾ ਪ੍ਰਧਾਨ ਰਜਿੰਦਰਪਾਲ ਕੌਰ ਅਤੇ ਕੁਲਵੰਤ ਕੌਰ ਦੀ ਪ੍ਰਧਾਨਗੀ ਹੇਠ ਕੀਤਾ ਗਿਆ, ਜਿਸ ਨੂੰ ਸਫਲ ਬਣਾਉਣ ਲਈ ਵੱਖ-ਵੱਖ ਜ਼ਿਲ੍ਹਿਆਂ ਦੀਆਂ ਆਗੂ ਭੈਣਾਂ ਨੇ ਮਹੱਤਵਪੂਰਨ ਭੂਮਿਕਾ ਨਿਭਾਈ। ਇਸ ਮੌਕੇ ਵੱਖ-ਵੱਖ ਵਰਗਾਂ ਦੀਆਂ ਮਹਿਲਾਵਾਂ ਅਤੇ ਸਮਾਜਿਕ ਕਰਮੀਆਂ ਨੇ ਵੀ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ।

ਪ੍ਰੋਗਰਾਮ ਦੀ ਸ਼ੁਰੂਆਤ ਜਨਰਲ ਸਕੱਤਰ ਨਰਿੰਦਰ ਕੌਰ ਸੋਹਲ ਨੇ ਇਤਿਹਾਸ ਅਤੇ ਮੌਜੂਦਾ ਸਮੇਂ ਵਿੱਚ ਸਮਾਜਿਕ ਬਦਲਾਅ ਅਤੇ ਮਹਿਲਾ ਸਸ਼ਕਤੀਕਰਨ ਲਈ ਅਹਿਮ ਯੋਗਦਾਨ ਪਾਉਣ ਵਾਲੀਆਂ ਪ੍ਰੇਰਕ ਮਹਿਲਾਵਾਂ ਨੂੰ ਯਾਦ ਕੀਤਾ। ਉਨ੍ਹਾ ਖ਼ਾਸ ਤੌਰ 'ਤੇ ਕਲਾਰਾ ਜੈਟਕਿਨ, ਜੈਨੀ ਮਾਰਕਸ, ਗ਼ਦਰੀ ਗੁਲਾਬ ਕੌਰ, ਸਾਵਿਤਰੀ ਬਾਈ ਫੂਲੇ, ਦੁਰਗਾ ਭਾਬੀ, ਕਲਪਨਾ ਚਾਵਲਾ, ਗ੍ਰੇਟਾ ਥਨਬਰਗ, ਮਲਾਲਾ ਯੂਸਫ਼ਜ਼ਈ, ਗੀਤਾ ਮੁਖਰਜੀ ਅਤੇ ਵਿਮਲਾ ਡਾਂਗ ਆਦਿ ਵਰਗੀਆਂ ਮਹਾਨ ਸ਼ਖਸੀਅਤਾਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਇਨ੍ਹਾਂ ਮਹਿਲਾਵਾਂ ਨੇ ਆਪਣੇ ਸੰਘਰਸ਼, ਹਿੰਮਤ ਅਤੇ ਦ੍ਰਿੜ੍ਹ ਨਿਸ਼ਚੇ ਨਾਲ ਸਮਾਜ ਵਿੱਚ ਬਦਲਾਅ ਦੀ ਰਾਹ ਹੰਭੀ ਅਤੇ ਆਉਣ ਵਾਲੀਆਂ ਪੀੜ੍ਹੀਆਂ ਲਈ ਪ੍ਰੇਰਨਾ ਦਾ ਸਰੋਤ ਬਣੀਆਂ।

ਇਸ ਤੋਂ ਬਾਅਦ ਮੁੱਖ ਵਕਤਾ ਡਾ. ਪਾਲ ਕੌਰ ਨੇ ਅੱਜ ਤੱਕ ਮਹਿਲਾਵਾਂ ਵਿਰੁੱਧ ਸਮਾਜਕ ਬੇਇਨਸਾਫੀਆਂ, ਭੇਦਭਾਵ, ਕੁਰਿਵਾਜਾਂ ਅਤੇ ਪਿਤਰ ਸੱਤਾਤਮਕ ਸੋਚ ਬਾਰੇ ਵਿਸਥਾਰ ਨਾਲ ਗੱਲ ਕੀਤੀ। ਉਨ੍ਹਾ ਕਿਹਾ ਕਿ ਭਾਵੇਂ ਸਮਾਜ ਵਿੱਚ ਕਾਫ਼ੀ ਬਦਲਾਅ ਆਇਆ ਹੈ, ਪਰ ਅਜੇ ਵੀ ਕਈ ਖੇਤਰਾਂ ਵਿੱਚ ਮਹਿਲਾਵਾਂ ਨੂੰ ਬਰਾਬਰੀ ਦੇ ਅਧਿਕਾਰ ਪ੍ਰਾਪਤ ਕਰਨ ਲਈ ਸੰਘਰਸ਼ ਕਰਨਾ ਪੈਂਦਾ ਹੈ। ਉਨ੍ਹਾ ਮਹਿਲਾਵਾਂ ਦੀ ਸਿੱਖਿਆ, ਸਵੈ-ਨਿਰਭਰਤਾ ਅਤੇ ਸਮਾਜਿਕ ਜਾਗਰੂਕਤਾ ਨੂੰ ਸਮੇਂ ਦੀ ਵੱਡੀ ਲੋੜ ਦੱਸਿਆ ਅਤੇ ਸਮਾਜ ਦੇ ਹਰ ਵਰਗ ਨੂੰ ਇਸ ਦਿਸ਼ਾ ਵਿੱਚ ਸਾਂਝੀ ਕੋਸ਼ਿਸ਼ ਕਰਨ ਦੀ ਅਪੀਲ ਕੀਤੀ।

ਡਾ. ਜਸ਼ਨਪ੍ਰੀਤ ਕੌਰ ਨੇ ਕਿਹਾ ਕਿ ਕਈ ਵਾਰ ਸਮਾਜਕ ਅਤੇ ਸੱਭਿਆਚਾਰਕ ਪਿਛੋਕੜ ਮਹਿਲਾਵਾਂ ਦੀ ਅੱਗੇ ਵਧਣ ਦੀ ਯਾਤਰਾ ਵਿੱਚ ਰੁਕਾਵਟ ਬਣ

• ਬਾਕੀ ਸਫਾ 2 'ਤੇ

## ਅੱਜ-ਨਾਮਾ

ਜਿੱਤਿਆ ਕੱਪ ਹੈ ਭਾਰਤ ਦੇ ਕਾਕਿਆਂ ਨੇ,
ਸਾਰੇ ਦੇਸ਼ ਵਿੱਚ ਖੁਸ਼ੀ ਦੀ ਲਹਿਰ ਮੀਆਂ।
ਪਿੰਡਾਂ ਤੀਕਰ ਵੀ ਲੋਕ ਆ ਖਿੜੇ ਫਿਰਦੇ,
ਖੀਵੇ ਖੁਸ਼ੀ ਵਿੱਚ ਲੋਕ ਨੇ ਸ਼ਹਿਰ ਮੀਆਂ।
ਬਾਕੀ ਕਾਰਜ ਸਭ ਉਨ੍ਹਾਂ ਦੇ ਫਿਰਨ ਭੁੱਲੇ,
ਗਈ ਆ ਜਾਪਦੀ ਜ਼ਿੰਦਗੀ ਠਹਿਰ ਮੀਆਂ।
ਚੰਗਾ ਹੋਇਆ ਜੋ ਭਾਰਤ ਦੀ ਜਿੱਤ ਹੋਈ,
ਜਾਂਦੇ ਜੇ ਹਾਰ ਤਾਂ ਮੱਚਦਾ ਕਹਿਰ ਮੀਆਂ।
ਜਾਂਦੀ ਟੀਮ ਕੋਈ ਭਾਰਤ ਦੀ ਮੈਚ ਖੇਡਣ,
ਜਿੱਤਣ-ਹਾਰਨ ਦਾ ਨਿੱਤ ਹੈ ਗੇੜ ਮੀਆਂ।
ਸਮਝ ਕੇ ਖੇਡਾਂ ਬੱਸ ਮਾਣੀਏ ਖੇਡ ਹੁੰਦੀ,
ਨਜ਼ਾਰਾ ਬੰਨ੍ਹਦਾ ਫਸਵਾਂ ਈ ਭੇੜ ਮੀਆਂ।

-ਤੀਸ ਮਾਰ ਖਾਂ

# ਕਾਂਗਰਸ ਨੇ ਆਪਣੇ ਰਾਜ 'ਚ ਇੱਕ ਵੀ ਵਾਅਦਾ ਪੂਰਾ ਨਹੀਂ ਕੀਤਾ : ਅਮਨ ਅਰੋੜਾ



**ਚੰਡੀਗੜ੍ਹ** : ਆਮ ਆਦਮੀ ਪਾਰਟੀ ਪੰਜਾਬ ਦੇ ਪ੍ਰਧਾਨ ਅਤੇ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਵਿਧਾਨ ਸਭਾ ਦੇ ਬਾਹਰ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ 2017 ਤੋਂ 2022 ਤੱਕ ਸੱਤਾ ਵਿੱਚ ਰਹੀ ਕਾਂਗਰਸ ਸਰਕਾਰ ਨੇ ਜਨਤਾ ਨਾਲ ਕੀਤਾ ਇੱਕ ਵੀ ਵਾਅਦਾ ਪੂਰਾ ਨਹੀਂ ਕੀਤਾ ਸੀ, ਜਦੋਂਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਮਹਿਜ਼ ਚਾਰ ਸਾਲਾਂ ਦੇ ਕਾਰਜਕਾਲ ਵਿੱਚ ਆਪਣੀਆਂ ਲੱਗਭੱਗ ਸਾਰੀਆਂ ਗਰੰਟੀਆਂ ਪੂਰੀਆਂ ਕਰ ਦਿੱਤੀਆਂ ਹਨ। ਕਾਂਗਰਸ ਪਾਰਟੀ ਸਰਕਾਰ ਦੀ ਚਾਰ ਸਾਲਾਂ ਦੀ ਬਿਹਤਰੀਨ ਕਾਰਗੁਜ਼ਾਰੀ 'ਤੇ ਚਰਚਾ ਕਰਨ ਤੋਂ ਭੱਜ ਰਹੀ ਹੈ। ਉਨ੍ਹਾ ਕਿਹਾ ਕਿ ਕਾਂਗਰਸ ਨੇ 2017 ਵਿੱਚ 'ਘਰ-ਘਰ ਨੌਕਰੀ' ਦੇਣ ਅਤੇ ਬੇਰੁਜ਼ਗਾਰਾਂ ਨੂੰ 2500 ਰੁਪਏ ਮਹੀਨਾ ਭੱਤਾ ਦੇਣ ਦਾ ਵਾਅਦਾ ਕੀਤਾ ਸੀ, ਜੋ ਸਿਰਫ ਕਾਗਜ਼ਾਂ ਤੱਕ ਹੀ ਸੀਮਤ ਰਿਹਾ। ਅਰੋੜਾ ਨੇ ਇਲਜ਼ਾਮ ਲਾਇਆ ਕਿ ਕਾਂਗਰਸੀ ਵਿਧਾਇਕਾਂ ਨੇ ਰਾਜਪਾਲ ਦੇ ਭਾਸ਼ਣ ਨੂੰ ਧਿਆਨ ਨਾਲ ਸੁਣਿਆ ਹੀ ਨਹੀਂ ਹੈ, ਜਿਸ ਕਾਰਨ ਉਹ ਸਦਨ ਵਿੱਚ ਬਿਨਾਂ ਕਾਰਨ ਹੰਗਾਮਾ ਕਰ ਰਹੇ ਹਨ। ਉਨ੍ਹਾ ਕਿਹਾ ਕਿ ਵਿਰੋਧੀ ਧਿਰ ਕੋਲ ਸਰਕਾਰ ਦੀਆਂ ਪ੍ਰਾਪਤੀਆਂ ਦਾ ਕੋਈ ਜਵਾਬ ਨਹੀਂ ਹੈ, ਇਸ ਲਈ ਉਹ ਬਹਿਸ ਤੋਂ ਭੱਜਣ ਲਈ ਵਾਕਆਊਟ ਅਤੇ ਨਾਅਰੇਬਾਜ਼ੀ ਦਾ ਸਹਾਰਾ ਲੈ ਰਹੇ ਹਨ।



# ਮੋਹਾਲੀ ਰੈਲੀ 'ਚ ਸ਼ਾਮਲ ਹੋਣ ਲਈ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੇ ਜੱਥੇ ਰਵਾਨਾ




**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਪੰਜਾਬ ਸਰਕਾਰ ਦੀਆਂ ਮੁਲਾਜ਼ਮ ਤੇ ਪੈਨਸ਼ਨਰ ਵਿਰੋਧੀ ਨੀਤੀਆਂ ਖਿਲਾਫ ਪੰਜਾਬ ਮੁਲਾਜ਼ਮ ਤੇ ਪੈਨਸ਼ਨਰ ਸਾਂਝਾ ਫਰੰਟ ਵੱਲੋਂ ਬਜਟ ਸੈਸ਼ਨ ਦੌਰਾਨ ਮੋਹਾਲੀ ਵਿਖੇ ਕੀਤੇ ਜਾ ਰਹੇ ਰੋਸ ਪ੍ਰਦਰਸ਼ਨ ਵਿੱਚ ਸ਼ਾਮਲ ਹੋਣ ਲਈ ਫਿਰੋਜ਼ਪੁਰ ਤੋਂ ਵੱਡੀ ਗਿਣਤੀ ਵਿੱਚ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੇ ਜੱਥੇ ਕਿਸ਼ਨ ਚੰਦ ਜਾਗੋਵਾਲੀਆ, ਗੁਰਨਾਮ ਸਿੰਘ ਸੁਧਾਰਾ, ਵਿਜੇ ਕੁਮਾਰ ਗੱਖੜ, ਬਖਸ਼ੀਸ਼ ਸਿੰਘ ਦੀ ਅਗਵਾਈ ਹੇਠ ਰਵਾਨਾ ਹੋਏ। ਇਸ ਸਮੇਂ ਪ੍ਰਦੀਪ ਰਾਣਾ, ਲਾਜਵੰਤੀ ਹਰੀਕ੍ਰਿਸ਼ਨ, ਬਲਬੀਰ ਸਿੰਘ ਗੋਗੀਵਾਲਾ, ਕਰਮ ਸਿੰਘ ਆਦਿ ਆਗੂਆਂ ਨੇ ਦੱਸਿਆ ਕਿ ਪੰਜਾਬ ਸਰਕਾਰ ਮੁਲਾਜ਼ਮਾਂ ਤੇ ਪੈਨਸ਼ਨਰਾਂ ਦਾ ਮਹਿੰਗਾਈ ਭੱਤਾ ਤੇ ਮਹਿੰਗਾਈ ਭੱਤੇ ਦੇ ਬਕਾਏ ਦਾ ਲੱਖਾਂ ਰੁਪਏ ਦੱਬੀ ਬੈਠੀ ਹੈ, ਕੱਚੇ ਮੁਲਾਜ਼ਮਾਂ ਨੂੰ ਪੱਕਾ ਨਹੀਂ ਕੀਤਾ ਜਾ ਰਿਹਾ, ਪੁਰਾਣੀ ਪੈਨਸ਼ਨ ਸਕੀਮ ਲਾਗੂ ਨਹੀਂ ਕੀਤੀ ਜਾ ਰਹੀ, ਪੈਨਸ਼ਨਰਾਂ 'ਤੇ 2.59 ਦਾ ਫਾਰਮੂਲਾ ਲਾਗੂ ਨਹੀਂ ਕੀਤਾ ਜਾ ਰਿਹਾ। ਇਨ੍ਹਾਂ ਜੱਥਿਆਂ ਵਿੱਚ ਵਿਜੇ ਕੁਮਾਰ ਰਾਣਾ, ਜਸਵਿੰਦਰ ਸਿੰਘ, ਚਮਕੌਰ ਸਿੰਘ, ਸੁਰਜੀਤ ਸਿੰਘ, ਜਸਵੰਤ ਸਿੰਘ, ਸੁਖਰਾਜ ਸਿੰਘ, ਸਰਬਜੀਤ ਸਿੰਘ, ਮੰਗਤ ਸਿੰਘ, ਸਤਨਾਮ ਸਿੰਘ ਸ਼ਾਮਲ ਹੋਏ।

# ਪੀ ਜੀ ਆਈ 'ਚ ਅੰਤਰਰਾਸ਼ਟਰੀ ਮਹਿਲਾ ਦਿਵਸ ਮਨਾਇਆ



**ਸਮਰਾਲਾ (ਸੁਰਜੀਤ ਸਿੰਘ)**-ਪੀਜੀਆਈ ਚੰਡੀਗੜ੍ਹ ਦੀ ਐਸੋਸੀਏਸ਼ਨ ਆਫ਼ ਰੈਜ਼ੀਡੈਂਟ ਡਾਕਟਰਜ਼ ਵੱਲੋਂ ਰਿਸਰਚ ਬਲਾਕ ਦੇ ਜਾਕਿਰ ਹਾਲ ਵਿੱਚ ਅੰਤਰਰਾਸ਼ਟਰੀ ਮਹਿਲਾ ਦਿਵਸ ਮਨਾਇਆ ਗਿਆ।ਇਸ ਸਮਾਗਮ ਵਿੱਚ ਫੈਕਲਟੀ ਮੈਂਬਰਾਂ ਤੇ ਰੈਜ਼ੀਡੈਂਟ ਡਾਕਟਰਾਂ ਨੇ ਭਾਗ ਲਿਆ ਅਤੇ ਇਸ ਸਾਲ ਦੇ ਥੀਮ 'ਗਿਵ ਟੂ ਗੇਨ' 'ਤੇ ਵਿਚਾਰ ਸਾਂਝੇ ਕੀਤੇ। ਇਸ ਮੌਕੇ ਮੁੱਖ ਮਹਿਮਾਨ ਵਜੋਂ ਡਾ. ਸਾਧਨਾ ਲਾਲ ਪ੍ਰੋਫੈਸਰ ਤੇ ਮੁਖੀ ਡਵੀਜ਼ਨ ਆਫ਼ ਪੀਡੀਐਟ੍ਰਿਕ ਗੈਸਟ੍ਰੋਐਨਟਰੋਲੋਜੀ ਐਂਡ ਹੈਪਾਟੋਲੋਜੀ, ਪੀਜੀਆਈ ਨੇ ਸ਼ਿਰਕਤ ਕੀਤੀ।ਆਪਣੇ ਸੰਬੋਧਨ ਦੌਰਾਨ ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਸਿਹਤ ਖੇਤਰ ਨਾਲ ਜੁੜੇ ਵਿਦਵਾਨਾਂ ਦੀ ਜ਼ਿੰਮੇਵਾਰੀ ਹੈ ਕਿ ਉਹ ਆਪਣੇ ਗਿਆਨ ਤੇ ਸਰੋਤਾਂ ਨੂੰ ਵਰਤਦੇ ਹੋਏ ਪਿੱਛੜੇ ਤੇ ਲੋੜਵੰਦ ਵਰਗਾਂ ਨੂੰ ਸਹਾਇਤਾ ਤੇ ਤਾਕਤਵਰ ਬਣਾਉਣ ਲਈ ਯੋਗਦਾਨ ਪਾਉਣ।ਸਮਾਗਮ ਵਿੱਚ ਚੰਡੀਗੜ੍ਹ ਬ੍ਰੈਸਟ ਕੈਂਸਰ ਟਰੱਸਟ ਦੀ ਸੰਸਥਾਪਕ ਮਿਸਿਜ਼ ਕਮਲਜੀਤ ਵਾਲੀਆ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ।ਉਨ੍ਹਾਂ ਆਪਣੀ ਸੰਸਥਾ ਵੱਲੋਂ ਬ੍ਰੈਸਟ ਕੈਂਸਰ ਬਾਰੇ ਜਾਗਰੂਕਤਾ ਫੈਲਾਉਣ, ਮਰੀਜ਼ਾਂ ਨੂੰ ਆਰਥਿਕ ਸਹਾਇਤਾ ਦੇਣ ਤੇ ਸਰਵਿਕਲ ਕੈਂਸਰ ਦੀ ਸਕ੍ਰੀਨਿੰਗ ਅਤੇ ਟੀਕਾਕਰਨ ਸੰਬੰਧੀ ਕੀਤੀਆਂ ਜਾ ਰਹੀਆਂ ਪਹਿਲਾਂ ਬਾਰੇ ਜਾਣਕਾਰੀ ਦਿੱਤੀ।ਡਾ. ਬਬੀਤਾ ਘਈ ਪ੍ਰੋਫੈਸਰ ਡਿਪਾਰਟਮੈਂਟ ਆਫ਼ ਐਨੇਸਥੀਸੀਆ, ਪੀਜੀਆਈ ਨੇ ਰੈਜ਼ੀਡੈਂਟ ਡਾਕਟਰਾਂ ਦੇ ਯਤਨਾਂ ਦੀ ਸ਼ਲਾਘਾ ਕੀਤੀ ਤੇ ਸੰਸਥਾ ਦੇ ਕੰਮਕਾਜ ਵਿੱਚ ਮਹਿਲਾ ਰੈਜ਼ੀਡੈਂਟਾਂ ਦੇ ਮਹੱਤਵਪੂਰਨ ਯੋਗਦਾਨ ਨੂੰ ਮਾਨਤਾ ਦਿੰਦਿਆਂ ਮਹਿਲਾ ਸਸ਼ਕਤੀਕਰਨ ਤੇ ਏਕਤਾ ਨੂੰ ਉਤਸ਼ਾਹਤ ਕਰਨ ਵਾਲੀਆਂ ਪਹਿਲਾਂ ਜਾਰੀ ਰੱਖਣ ਲਈ ਪ੍ਰੇਰਿਤ ਕੀਤਾ।ਪ੍ਰੋਗਰਾਮ ਦਾ ਆਯੋਜਨ ਡਾ. ਆਸਥਾ ਸ਼ਰਮਾ ਲੇਡੀ ਪ੍ਰਤੀਨਿਧ ਪੀਜੀਆਈ ਵੱਲੋਂ ਕੀਤਾ ਗਿਆ।ਸਮਾਰੋਹ ਦੌਰਾਨ ਇੱਕ ਇੰਟਰਐਕਟਿਵ ਵਿਜ਼ਨ ਬੋਰਡ ਗਤੀਵਿਧੀ ਵੀ ਕਰਵਾਈ ਗਈ।ਸਮਾਗਮ ਦਾ ਸਮਾਪਨ ਰੈਜ਼ੀਡੈਂਟਾਂ ਤੇ ਫੈਕਲਟੀ ਦੀ ਉਤਸ਼ਾਹਪੂਰਨ ਭਾਗੀਦਾਰੀ ਨਾਲ ਹੋਇਆ, ਜਿਸ ਨੇ ਮਹਿਲਾਵਾਂ ਦੀ ਭਲਾਈ ਤੇ ਸਸ਼ਕਤੀਕਰਨ ਲਈ ਸਾਂਝੇ ਯਤਨਾਂ ਦੀ ਮਹੱਤਤਾ ਨੂੰ ਉਜਾਗਰ ਕੀਤਾ।

# 'ਪੰਜਾਬ ਬਚਾਓ ਰੈਲੀ' ਮਾਹਲਾ ਦੀ ਜਿੱਤ 'ਤੇ ਮੋਹਰ ਲਗਾਏਗੀ : ਵਿੱਕੀ ਫੂਲੇਵਾਲੀਆ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਸ਼੍ਰੋਮਣੀ ਅਕਾਲੀ ਦਲ ਦੇ ਆਗੂਆਂ ਨੇ ਕਿਹਾ ਕਿ 12 ਮਾਰਚ ਨੂੰ ਬਾਘਾ ਪੁਰਾਣਾ ਵਿਖੇ ਪਾਰਟੀ ਦੇ ਕੌਮੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ ਕੀਤੀ ਜਾ ਰਹੀ 'ਪੰਜਾਬ ਬਚਾਓ ਰੈਲੀ' ਇਤਿਹਾਸਕ ਸਾਬਿਤ ਹੋਵੇਗੀ ਤੇ ਇਹ ਰੈਲੀ ਵਿਧਾਨ ਸਭਾ ਹਲਕਾ ਬਾਘਾ ਪੁਰਾਣਾ ਦੇ ਇੰਚਾਰਜ ਜਥੇਦਾਰ ਤੀਰਥ ਸਿੰਘ ਮਾਹਲਾ ਦੀ ਲੋਕਪ੍ਰਿਯਤਾ ਤੇ ਭਵਿੱਖੀ ਜਿੱਤ 'ਤੇ ਮੋਹਰ ਲਗਾਏਗੀ।ਇਹ ਗੱਲ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਜਗਮੋਹਨ ਸਿੰਘ ਸਰਪੰਚ ਜੈ ਸਿੰਘ ਵਾਲਾ, ਯੂਥ ਅਕਾਲੀ ਆਗੂ ਵਿੱਕੀ ਫੂਲੇਵਾਲੀਆ, ਲਖਵੀਰ ਸਿੰਘ ਬਰਾੜ ਤੇ ਰਾਜਵਿੰਦਰ ਸਿੰਘ ਜੈ ਸਿੰਘ ਵਾਲਾ ਨੇ ਸਾਂਝੇ ਤੌਰ 'ਤੇ ਕਹੀ।ਉਨ੍ਹਾਂ ਦੱਸਿਆ ਕਿ ਇਸ ਰੈਲੀ ਨੂੰ ਲੈ ਕੇ ਹਲਕੇ ਦੇ ਪਿੰਡਾਂ ਤੇ ਸ਼ਹਿਰਾਂ ਵਿੱਚ ਵੱਡੇ ਪੱਧਰ 'ਤੇ ਤਿਆਰੀਆਂ ਚੱਲ ਰਹੀਆਂ ਹਨ ਤੇ ਪਾਰਟੀ ਵਰਕਰਾਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ।ਆਗੂਆਂ ਨੇ ਕਿਹਾ ਕਿ ਜਥੇਦਾਰ ਤੀਰਥ ਸਿੰਘ ਮਾਹਲਾ ਲੰਮੇ ਸਮੇਂ ਤੋਂ ਹਲਕੇ ਦੇ ਲੋਕਾਂ ਦੀ ਸੇਵਾ ਕਰਦੇ ਆ ਰਹੇ ਹਨ ਅਤੇ ਉਨ੍ਹਾਂ ਦੀ ਮਿਹਨਤ ਤੇ ਲੋਕਾਂ ਨਾਲ ਨਜ਼ਦੀਕੀ ਸੰਬੰਧਾਂ ਕਰਕੇ ਪਾਰਟੀ ਨੂੰ ਦਿਨੋਂ ਦਿਨ ਵੱਡਾ ਸਮਰਥਨ ਮਿਲ ਰਿਹਾ ਹੈ।ਸੀਨੀਅਰ ਆਗੂ ਜਗਮੋਹਨ ਸਿੰਘ ਸਰਪੰਚ ਜੈ ਸਿੰਘ ਵਾਲਾ, ਨੇ ਕਿਹਾ ਕਿ ਆਉਣ ਵਾਲੀਆਂ ਚੋਣਾਂ ਵਿੱਚ ਹਲਕਾ ਬਾਘਾ ਪੁਰਾਣਾ ਤੋਂ ਅਕਾਲੀ ਦਲ ਦੀ ਜਿੱਤ ਨਿਸ਼ਚਿਤ ਹੈ ਤੇ 12 ਮਾਰਚ ਦੀ ਰੈਲੀ ਇਸ ਗੱਲ ਦਾ ਸਪੱਸ਼ਟ ਸੰਕੇਤ ਦੇਵੇਗੀ।ਉਨ੍ਹਾਂ ਕਿਹਾ ਕਿ ਪਾਰਟੀ ਦੇ ਕੌਮੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੇ ਬਾਘਾ ਪੁਰਾਣਾ ਦੌਰੇ ਨੂੰ ਲੈ ਕੇ ਲੋਕਾਂ ਵਿੱਚ ਖਾਸ ਉਤਸ਼ਾਹ ਹੈ ਤੇ ਜ਼ਿਲ੍ਹਾ ਮੋਗਾ ਸਮੇਤ ਆਲੇ-ਦੁਆਲੇ ਦੇ ਇਲਾਕਿਆਂ ਤੋਂ ਹਜ਼ਾਰਾਂ ਦੀ ਗਿਣਤੀ ਵਿੱਚ ਵਰਕਰ ਤੇ ਸਮਰਥਕ ਰੈਲੀ ਵਿੱਚ ਸ਼ਮੂਲੀਅਤ ਕਰਨਗੇ।ਯੂਥ ਅਕਾਲੀ ਆਗੂ ਵਿੱਕੀ ਫੂਲੇਵਾਲੀਆ ਨੇ ਦੱਸਿਆ ਕਿ ਪਾਰਟੀ ਦੇ ਵਰਕਰ ਪਿੰਡ ਪਿੰਡ ਤੇ ਘਰ ਘਰ ਜਾ ਕੇ ਲੋਕਾਂ ਨੂੰ ਰੈਲੀ ਵਿੱਚ ਪਹੁੰਚਣ ਦਾ ਸੱਦਾ ਦੇ ਰਹੇ ਹਨ।ਉਨ੍ਹਾਂ ਸਮੂਹ ਪਾਰਟੀ ਵਰਕਰਾਂ ਤੇ ਸਮਰਥਕਾਂ ਨੂੰ ਅਪੀਲ ਕੀਤੀ ਕਿ 12 ਮਾਰਚ ਨੂੰ ਬਾਘਾ ਪੁਰਾਣਾ ਵਿਖੇ ਵੱਡੀ ਗਿਣਤੀ ਵਿੱਚ ਪਹੁੰਚ ਕੇ ਰੈਲੀ ਨੂੰ ਕਾਮਯਾਬ ਬਣਾਇਆ ਜਾਵੇ ਤਾਂ ਜੋ ਪਾਰਟੀ ਦੀ ਤਾਕਤ ਤੇ ਲੋਕ ਸਮਰਥਨ ਦਾ ਵੱਡਾ ਪ੍ਰਦਰਸ਼ਨ ਕੀਤਾ ਜਾ ਸਕੇ।

# ਹਰੇਕ ਵਰਗ ਨੂੰ ਸਮਾਨਤਾ ਦੇਣੀ ਤੇ ਮੰਗਾਂ ਨੂੰ ਪੂਰਾ ਕਰਨਾ ਪੰਜਾਬ ਸਰਕਾਰ ਦੀ ਪ੍ਰਾਥਮਿਕਤਾ : ਸਵਨਾ



**ਫਾਜ਼ਿਲਕਾ (ਨਿਸ਼ਾ ਸ਼ਰਮਾ)**-ਮੁੱਖ ਡੇਰਾ ਬਾਬਾ ਭੂੰਮਣ ਸ਼ਾਹ ਜੀ ਉਦਾਸੀਨ, ਪਿੰਡ ਬਾਬਾ ਭੂੰਮਣ ਸ਼ਾਹ ਜੀ (ਸੰਗਰ ਸਾਧਾ) ਜ਼ਿਲ੍ਹਾ ਸਰਸਾ ਦੁਆਰਾ ਸਮੂਹ ਸੰਗਤ ਬਲਾਕ ਫਾਜ਼ਿਲਕਾ ਦੇ ਸਹਿਯੋਗ ਨਾਲ ਬਾਬਾ ਭੂੰਮਣ ਸ਼ਾਹ ਜੀ ਚੌਕ ਦਾ ਨਿਰਮਾਣ ਕਰਵਾਇਆ ਗਿਆ, ਜਿਸ ਦਾ ਉਦਘਾਟਨ ਵਿਧਾਇਕ ਫਾਜ਼ਿਲਕਾ ਨਰਿੰਦਰ ਪਾਲ ਸਿੰਘ ਸਵਨਾ ਨੇ ਕੀਤਾ। ਉਨ੍ਹਾਂ ਨਾਲ ਵਿਸ਼ੇਸ਼ ਤੌਰ 'ਤੇ ਗਦੀਨਸ਼ੀਨ ਬਾਬਾ ਬ੍ਰਹਮ ਦਾਸ ਜੀ ਮੌਜੂਦ ਸਨ। ਇਸ ਦੌਰਾਨ ਵਿਧਾਇਕ ਫਾਜ਼ਿਲਕਾ ਨੇ ਕਿਹਾ ਕਿ ਬਾਬਾ ਜੀ ਦੀ ਦਯਾ ਮਿਹਰ ਨਾਲ ਇਹ ਚੌਕ ਬਣਾਇਆ ਗਿਆ। ਉਨ੍ਹਾਂ ਕਿਹਾ ਕਿ ਸਮੂਹ ਸੰਗਤਾਂ ਦੀ ਮੰਗ ਸੀ ਕਿ ਬਾਬਾ ਭੂੰਮਣ ਸ਼ਾਹ ਜੀ ਦੇ ਨਾਮ 'ਤੇ ਚੌਕ ਦੀ ਉਸਾਰੀ ਕੀਤੀ ਜਾਵੇ, ਸੰਗਤਾਂ ਦੀ ਮੰਗ ਨੂੰ ਪੂਰਾ ਕੀਤਾ ਗਿਆ। ਵਿਧਾਇਕ ਸਵਨਾ ਨੇ ਕਿਹਾ ਕਿ ਮੌਜੂਦਾ ਪੰਜਾਬ ਸਰਕਾਰ ਹਰੇਕ ਵਰਗ ਦੀ ਭਲਾਈ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਹਰੇਕ ਵਰਗ ਨੂੰ ਸੂਬਾ ਸਰਕਾਰ ਸਨਮਾਨ ਦੇਣ ਦੇ ਨਾਲ ਨਾਲ ਸਮਾਨਤਾ ਦੇ ਰਹੀ ਹੈ ਤਾਂ ਜੋ ਕੋਈ ਵੀ ਵਰਗ ਪੱਛੜੇ ਨਾ। ਉਨ੍ਹਾਂ ਕਿਹਾ ਕਿ ਡੇਰਾ ਬਾਬਾ ਭੂੰਮਣ ਸ਼ਾਹ ਨਾਲ ਜੁੜੀ ਸਾਰੀ ਸੰਗਤ ਦਾ ਧੰਨਵਾਦ ਕਰਦੇ ਹਨ, ਜਿਨ੍ਹਾਂ ਨੇ ਇਸ ਚੌਕ ਨੂੰ ਬਣਾਉਣ ਵਿਚ ਉਨ੍ਹਾਂ ਦਾ ਸਾਥ ਦਿੱਤਾ ਤੇ ਸੰਗਤ ਨੂੰ ਸ਼ੁੱਭ-ਕਾਮਨਾਵਾਂ ਵੀ ਦਿੱਤੀਆਂ ਕਿ ਉਨ੍ਹਾਂ ਦੀ ਮੰਗ ਪੂਰੀ ਹੋਈ ਹੈ। ਇਸ ਮੌਕੇ ਬਾਬਾ ਬ੍ਰਹਮ ਦਾਸ ਜੀ ਨੇ ਕਿਹਾ ਕਿ ਉਨ੍ਹਾਂ ਦੇ ਨਾਲ ਜੁੜੀ ਸੰਗਤ ਲੋਕ ਭਲਾਈ ਕਾਰਜ ਕਰ ਰਹੀ ਹੈ। ਉਨ੍ਹਾਂ ਸੰਗਤਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਵਧ ਚੜ੍ਹ ਕੇ ਇਸੇ ਤਰ੍ਹਾਂ ਸਮਾਜ ਭਲਾਈ ਗਤੀਵਿਧੀਆਂ ਵਿੱਚ ਆਪਣਾ ਯੋਗਦਾਨ ਪਾਉਣ। ਇਸ ਮੌਕੇ ਖਜਾਨ ਚੰਦ, ਪਰਿਵਾਰਕ ਮੈਂਬਰ, ਅਹੁਦੇਦਾਰ ਤੇ ਹੋਰ ਪਤਵੰਤੇ ਸੱਜਣ ਮੌਜੂਦ ਸਨ।

# ਡੀ ਆਈ ਜੀ ਇੰਦਰਬੀਰ ਸਿੰਘ ਵੱਲੋਂ ਖੰਨਾ ਜ਼ਿਲ੍ਹੇ ਦਾ ਦੌਰਾ



**ਦੋਰਾਹਾ/ਖੰਨਾ (ਹਰਮਿੰਦਰ ਸੇਠ/ਸੁਖਵਿੰਦਰ ਭਾਦਲਾ)**-ਪੀਏਪੀ ਜਲੰਧਰ ਦੇ ਡਿਪਟੀ ਇੰਸਪੈਕਟਰ ਜਨਰਲ ਆਫ ਪੁਲਸ ਸ੍ਰ. ਇੰਦਰਬੀਰ ਸਿੰਘ ਨੇ ਖੰਨਾ ਜ਼ਿਲ੍ਹੇ ਦਾ ਦੌਰਾ ਕੀਤਾ ਅਤੇ ਪੰਜਾਬ ਦੇ ਡਾਇਰੈਕਟਰ ਜਨਰਲ ਆਫ ਪੁਲਸ (ਡੀਜੀਪੀ) ਵੱਲੋਂ ਜਾਰੀ ਨਿਰਦੇਸ਼ਾਂ ਅਨੁਸਾਰ ਪੁਲਸ ਫੋਰਸ ਦੀ ਵਿਸਥਾਰਪੂਰਵਕ ਬ੍ਰੀਫਿੰਗ ਕੀਤੀ।ਇਸ ਦੌਰਾਨ ਡੀਆਈਜੀ ਨੇ ਪੁਲਸ ਅਧਿਕਾਰੀਆਂ ਤੇ ਕਰਮਚਾਰੀਆਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਨੂੰ ਪ੍ਰੇਰਨਾਦਾਇਕ ਸੰਦੇਸ਼ ਦਿੱਤਾ, ਜਿਸ ਨਾਲ ਪੁਲਸ ਫੋਰਸ ਦਾ ਮਨੋਬਲ ਹੋਰ ਮਜ਼ਬੂਤ ਹੋਇਆ।ਇਸ ਮੌਕੇ ਡਿਊਟੀ ਪ੍ਰਤੀ ਨਿਭਾਈ ਜਾ ਰਹੀ ਲਗਨ ਤੇ ਸੇਵਾ ਨੂੰ ਸਨਮਾਨਤ ਕਰਦਿਆਂ ਕਈ ਪੁਲਸ ਕਰਮਚਾਰੀਆਂ ਨੂੰ ਡੀਜੀਪੀ ਕਮੇਂਡੇਸ਼ਨ ਡਿਸਕ ਤੇ ਸੀਸੀ-99 ਸਰਟੀਫਿਕੇਟ ਵੀ ਪ੍ਰਦਾਨ ਕੀਤੇ ਗਏ। ਡੀਆਈਜੀ ਇੰਦਰਬੀਰ ਸਿੰਘ ਨੇ ਜ਼ਿਲ੍ਹੇ ਦੇ ਕਮਿਊਨੀਕੇਸ਼ਨ ਸਿਸਟਮ ਤੇ ਇੰਟੀਗ੍ਰੇਟਿਡ ਕਮਾਂਡ ਐਂਡ ਕੰਟਰੋਲ ਸੈਂਟਰ ਦੀ ਵੀ ਵਿਸਥਾਰ ਨਾਲ ਸਮੀਖਿਆ ਕੀਤੀ।ਉਨ੍ਹਾਂ ਮੌਜੂਦਾ ਪ੍ਰਬੰਧਾਂ ਦੀ ਸਰਾਹਨਾ ਕਰਦਿਆਂ ਪੁਲਸ ਯੂਨਿਟਾਂ ਵਿਚਕਾਰ ਸਮਨਵਯ ਤੇ ਕਾਰਗੁਜ਼ਾਰੀ ਨੂੰ ਹੋਰ ਮਜ਼ਬੂਤ ਕਰਨ ਲਈ ਦਿਸ਼ਾ-ਨਿਰਦੇਸ਼ ਵੀ ਦਿੱਤੇ।ਇਸ ਤੋਂ ਇਲਾਵਾ ਖੰਨਾ ਵਿੱਚ ਚੱਲ ਰਹੇ 10 ਦਿਨਾਂ ਦੇ ਖੰਨਾ ਫੈਸਟੀਵਲ ਨੂੰ ਸੁਚੱਜੇ ਤੇ ਸਫਲ ਢੰਗ ਨਾਲ ਕਰਵਾਉਣ ਲਈ ਹਰ ਪੱਧਰ ਦੇ ਪੁਲਸ ਅਧਿਕਾਰੀਆਂ ਤੇ ਕਰਮਚਾਰੀਆਂ ਦੀ ਨਿਭਾਈ ਜਾ ਰਹੀ ਡਿਊਟੀ ਦੀ ਸ਼ਲਾਘਾ ਕਰਦਿਆਂ ਇਸ ਮੌਕੇ ਸਾਂਝਾ ਲੰਗਰ ਵੀ ਆਯੋਜਿਤ ਕੀਤਾ ਗਿਆ।

# ਬੱਕਰੀਆਂ ਚੋਰੀ ਕਰਨ ਤੋਂ ਰੋਕਣ 'ਤੇ ਬਜ਼ੁਰਗ ਦਾ ਕਤਲ, ਦੋਵੇਂ ਮੁਲਜ਼ਮ ਗ੍ਰਿਫ਼ਤਾਰ



**ਫ਼ਰੀਦਕੋਟ (ਐਲਿਗਜੈਂਡਰ ਡਿਸੂਜ਼ਾ)**-ਫ਼ਰੀਦਕੋਟ ਪੁਲਸ ਨੇ ਸ਼ਹਿਰ ਵਿੱਚ ਹੋਏ ਇੱਕ ਅੰਨ੍ਹੇ ਕਤਲ ਦੇ ਮਾਮਲੇ ਨੂੰ ਮਹਿਜ਼ ਕੁਝ ਹੀ ਘੰਟਿਆਂ ਵਿੱਚ ਸੁਲਝਾਉਂਦਿਆਂ ਦੋ ਮੁੱਖ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰਨ ਵਿੱਚ ਵੱਡੀ ਸਫਲਤਾ ਹਾਸਲ ਕੀਤੀ ਹੈ।ਨਿੱਜੀ ਵਿਵਾਦ ਤੇ ਬੱਕਰੀਆਂ ਚੋਰੀ ਕਰਨ ਦੀ ਕੋਸ਼ਿਸ਼ ਦੌਰਾਨ ਹੋਈ ਇਸ ਵਾਰਦਾਤ ਨੇ ਇਲਾਕੇ ਵਿੱਚ ਸਨਸਨੀ ਫੈਲਾਅ ਦਿੱਤੀ ਸੀ।ਜਾਣਕਾਰੀ ਅਨੁਸਾਰ 6 ਮਾਰਚ 2026 ਨੂੰ ਸ਼ਾਮ ਕਰੀਬ 6 ਵਜੇ ਮੇਜਰ ਸਿੰਘ ਨਾਮਕ ਵਿਅਕਤੀ ਗਣਪਤੀ ਸ਼ੈਲਰ ਦੇ ਨੇੜੇ ਆਪਣੀਆਂ ਬੱਕਰੀਆਂ ਚਰਾ ਰਿਹਾ ਸੀ।ਇਸ ਦੌਰਾਨ ਮੋਟਰਸਾਈਕਲ ਸਵਾਰ ਦੋ ਨੌਜਵਾਨਾਂ ਨੇ ਬੱਕਰੀਆਂ ਚੁੱਕਣ ਦੀ ਕੋਸ਼ਿਸ਼ ਕੀਤੀ। ਜਦੋਂ ਮੇਜਰ ਸਿੰਘ ਨੇ ਇਸ ਦਾ ਵਿਰੋਧ ਕੀਤਾ ਤਾਂ ਉਕਤ ਨੌਜਵਾਨਾਂ ਨੇ ਉਸ 'ਤੇ ਹਮਲਾ ਕਰਕੇ ਉਸ ਨੂੰ ਗੰਭੀਰ ਜ਼ਖ਼ਮੀ ਕਰ ਦਿੱਤਾ।ਮੇਜਰ ਸਿੰਘ ਨੂੰ ਤੁਰੰਤ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਦਾਖਲ ਕਰਵਾਇਆ ਗਿਆ, ਜਿੱਥੇ ਜ਼ਖ਼ਮਾਂ ਦੀ ਤਾਬ ਨਾ ਸਹਾਰਦਿਆਂ ਉਸ ਦੀ ਮੌਤ ਹੋ ਗਈ।ਐੱਸ.ਐੱਸ.ਪੀ. ਫ਼ਰੀਦਕੋਟ ਡਾ. ਪ੍ਰਗਿਆ ਜੈਨ ਨੇ ਦੱਸਿਆ ਕਿ ਮ੍ਰਿਤਕ ਦੇ ਲੜਕੇ ਕੰਵਰਪ੍ਰੀਤ ਸਿੰਘ ਦੇ ਬਿਆਨਾਂ 'ਤੇ ਥਾਣਾ ਸਿਟੀ ਫ਼ਰੀਦਕੋਟ ਵਿਖੇ ਬੀ.ਐੱਨ.ਐੱਸ. ਦੀ ਧਾਰਾ 103(1) ਤੇ 3(5) ਤਹਿਤ ਮੁਕੱਦਮਾ ਨੰਬਰ 111 ਦਰਜ ਕੀਤਾ ਗਿਆ ਸੀ।ਸ਼੍ਰੀ ਜੋਗੇਸ਼ਵਰ ਸਿੰਘ ਐੱਸ.ਪੀ (ਇਨਵੈਸਟੀਗੇਸ਼ਨ) ਤੇ ਸ੍ਰੀ ਤਰਲੋਚਨ ਸਿੰਘ ਡੀ.ਐੱਸ.ਪੀ (ਸਬ-ਡਵੀਜ਼ਨ) ਦੀ ਦੇਖ-ਰੇਖ ਹੇਠ ਪੁਲਸ ਟੀਮਾਂ ਨੇ ਤੇਜ਼ੀ ਨਾਲ ਕਾਰਵਾਈ ਕਰਦਿਆਂ 8 ਮਾਰਚ ਨੂੰ ਦੋਵਾਂ ਮੁਲਜ਼ਮਾਂ ਮਨਦੀਪ ਸਿੰਘ ਉਰਫ ਗੋਪੀ ਪੁੱਤਰ ਤੀਰਥ ਸਿੰਘ (ਵਾਸੀ ਗਲੀ ਨੰਬਰ 01, ਬਾਜ਼ੀਗਰ ਬਸਤੀ, ਫ਼ਰੀਦਕੋਟ) ਤੇ ਬੇਅੰਤ ਸਿੰਘ ਪੁੱਤਰ ਅਜਮੇਰ ਸਿੰਘ (ਵਾਸੀ ਕਾਲੀਏਵਾਲਾ, ਹਾਲ ਆਬਾਦ ਬਾਜੀਗਰ ਬਸਤੀ, ਫ਼ਰੀਦਕੋਟ) ਨੂੰ ਕਾਬੂ ਕਰ ਲਿਆ।ਪੁਲਸ ਨੇ ਮੁਲਜ਼ਮਾਂ ਕੋਲੋਂ ਵਾਰਦਾਤ ਸਮੇਂ ਵਰਤਿਆ ਗਿਆ ਮੋਟਰਸਾਈਕਲ ਵੀ ਬਰਾਮਦ ਕਰ ਲਿਆ ਹੈ।

# ਪੰਜਾਬ ਵਿਕਾਸ ਤੇ ਸਿੱਖਿਆ ਸੁਧਾਰ ਦੇ ਨਵੇਂ ਦੌਰ 'ਚ : ਭਗਵੰਤ ਮਾਨ

**ਗੁਰਦਾਸਪੁਰ** : ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬਾ ਹੁਣ ਸਿਆਸੀ ਸ਼ੋਸ਼ਣ



ਤੋਂ ਨਿਕਲ ਕੇ ਵਿਕਾਸ, ਸਿੱਖਿਆ ਸੁਧਾਰ ਅਤੇ ਲੋਕ ਭਲਾਈ ਦੇ ਨਵੇਂ ਯੁੱਗ ਵੱਲ ਵਧ ਰਿਹਾ ਹੈ।ਕਾਦੀਆਂ ਵਿਖੇ 168.44 ਕਰੋੜ ਰੁਪਏ ਦੀ ਲਾਗਤ ਨਾਲ 237 ਪੇਂਡੂ ਲਿੰਕ ਸੜਕਾਂ ਦੇ ਨਵੀਨੀਕਰਨ ਦੀ ਨੀਂਹ ਰੱਖਣ ਮੌਕੇ ਉਨ੍ਹਾਂ ਕਿਹਾ ਕਿ ਸਰਕਾਰ ਪੇਂਡੂ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਦੇ ਨਾਲ-ਨਾਲ ਸਰਕਾਰੀ ਸਕੂਲਾਂ ਦੀ ਕਾਇਆਕਲਪ ਕਰ ਰਹੀ ਹੈ।

ਉਨ੍ਹਾਂ ਦੱਸਿਆ ਕਿ ਅਧਿਆਪਕਾਂ ਨੂੰ ਸਿਖਲਾਈ ਲਈ ਵਿਦੇਸ਼ ਭੇਜਿਆ ਜਾ ਰਿਹਾ ਹੈ ਤਾਂ ਜੋ ਪੰਜਾਬ ਦੇ ਬੱਚਿਆਂ ਨੂੰ ਉੱਚ ਸਿੱਖਿਆ ਲਈ ਵਿਦੇਸ਼ ਨਾ ਜਾਣਾ ਪਵੇ।ਮਾਨ ਨੇ ਕਿਹਾ ਕਿ ਸੂਬੇ ਨੂੰ 1.50 ਲੱਖ ਕਰੋੜ ਰੁਪਏ ਦੇ ਨਿਵੇਸ਼ ਪ੍ਰਸਤਾਵ ਮਿਲੇ ਹਨ, ਜਿਸ ਨਾਲ ਲਗਭਗ 5.20 ਲੱਖ ਨੌਕਰੀਆਂ ਦੇ ਮੌਕੇ ਪੈਦਾ ਹੋਣ ਦੀ ਉਮੀਦ ਹੈ।ਮੁੱਖ ਮੰਤਰੀ ਨੇ ਐਲਾਨ ਕੀਤਾ ਕਿ ਕਾਹਨੂੰਵਾਨ ਨੂੰ ਸਬ ਡਿਵੀਜ਼ਨ ਬਣਾਇਆ ਜਾਵੇਗਾ, ਜਿੱਥੇ ਐਸਡੀਐਮ, ਤਹਿਸੀਲਦਾਰ ਅਤੇ ਹੋਰ ਦਫ਼ਤਰ ਇਕੋ ਛੱਤ ਹੇਠ ਕੰਮ ਕਰਨਗੇ।ਉਨ੍ਹਾਂ ਕਿਹਾ ਕਿ ਸਰਕਾਰ ਲੋਕਾਂ ਦੀ ਭਲਾਈ ਲਈ ਵਚਨਬੱਧ ਹੈ ਅਤੇ ਸੂਬੇ ਦੇ ਹਰ ਖੇਤਰ ਵਿੱਚ ਵਿਕਾਸ ਕਾਰਜ ਕੀਤੇ ਜਾ ਰਹੇ ਹਨ।ਇਸ ਮੌਕੇ ਉਨ੍ਹਾਂ ਵਿਰੋਧੀ ਪਾਰਟੀਆਂ 'ਤੇ ਨਿਸ਼ਾਨਾ ਸਾਧਦਿਆਂ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਲੋਕ ਭਲਾਈ ਦੀ ਥਾਂ ਸਿਰਫ਼ ਸੱਤਾ ਦਾ ਸੁਖ ਭੋਗਿਆ, ਜਦਕਿ ਮੌਜੂਦਾ ਸਰਕਾਰ ਆਮ ਲੋਕਾਂ ਦੀਆਂ ਜ਼ਰੂਰਤਾਂ ਨੂੰ ਤਰਜੀਹ ਦੇ ਰਹੀ ਹੈ।

# ਪੰਜਾਬ ਸਰਕਾਰ ਦੇ ਫੈਸਲੇ ਦਾ ਮਾਵਾਂ-ਭੈਣਾਂ ਵੱਲੋਂ ਭਰਵਾਂ ਸਵਾਗਤ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੱਤਾ ਵਿੱਚ ਆਉਣ ਤੋਂ ਪਹਿਲਾਂ ਵਾਅਦਾ ਕੀਤਾ ਗਿਆ ਸੀ ਕਿ ਉਹ ਪੰਜਾਬ ਦੀਆਂ ਮਹਿਲਾਵਾਂ ਨੂੰ ਹਜ਼ਾਰ ਰੁਪਏ ਪ੍ਰਤੀ ਮਹੀਨਾ ਦੇਣਗੇ, ਉਨ੍ਹਾਂ ਵੱਲੋਂ ਕੀਤੇ ਗਏ ਇਸ ਵਾਅਦੇ ਨੂੰ ਅੱਜ ਪੂਰਾ ਕਰ ਦਿੱਤਾ ਗਿਆ ਹੈ। ਇਸ ਸਬੰਧ ਵਿੱਚ ਵਿਧਾਇਕ ਫਿਰੋਜ਼ਪੁਰ ਸ਼ਹਿਰੀ ਰਣਬੀਰ ਸਿੰਘ ਭੁੱਲਰ ਦੇ ਦਫਤਰ ਵਿਖੇ ਪ੍ਰੋਗਰਾਮ ਰੱਖਿਆ ਗਿਆ ਅਤੇ ਵਿਧਾਇਕ ਫਿਰੋਜ਼ਪੁਰ ਦਿਹਾਤੀ ਰਜਨੀਸ਼ ਕੁਮਾਰ ਦਹੀਆ ਵੱਲੋਂ ਆਪਣੇ ਦਫ਼ਤਰ ਦੇ ਸਾਹਮਣੇ ਸ਼ਾਂਤੀ ਵਿੱਦਿਆ ਮੰਦਰ ਸਕੂਲ ਵਿੱਚ ਪ੍ਰੋਗਰਾਮ ਰੱਖਿਆ ਗਿਆ। ਇਨ੍ਹਾਂ ਪ੍ਰੋਗਰਾਮਾਂ ਦੌਰਾਨ ਐੱਲਈਡੀ ਸਕਰੀਨਾਂ ਰਾਹੀਂ ਵਿਧਾਨ ਸਭਾ ਦਾ ਸੈਸ਼ਨ ਲਾਈਵ ਚਲਾਇਆ ਗਿਆ ਤੇ ਹਲਕੇ ਦੀਆਂ ਮਹਿਲਾਵਾਂ ਨੇ ਸਰਕਾਰ ਦੇ ਇਸ ਫੈਸਲੇ ਦਾ ਸਵਾਗਤ ਕੀਤਾ। ਇਸ ਸਮਾਗਮ ਦੌਰਾਨ ਫਿਰੋਜ਼ਪੁਰ ਸ਼ਹਿਰੀ ਵਿਧਾਇਕ ਦੇ ਧਰਮਪਤਨੀ ਅਮਨਦੀਪ ਕੌਰ ਗੋਸਲ ਤੇ ਵਿਧਾਇਕ ਫਿਰੋਜ਼ਪੁਰ ਦਿਹਾਤੀ ਦੇ ਧਰਮਪਤਨੀ ਸੁਦੇਸ਼ ਦਹੀਆ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਪੰਜਾਬ ਸਰਕਾਰ ਵੱਲੋਂ ਕੀਤੇ ਗਏ ਆਪਣੇ ਵਾਅਦੇ ਨੂੰ ਅੱਜ ਪੂਰਾ ਕਰ ਦਿੱਤਾ ਗਿਆ ਹੈ, ਜਿਸ ਦਾ ਭਰਵਾਂ ਸਵਾਗਤ ਕੀਤਾ ਗਿਆ ਹੈ। ਮਹਿਲਾਵਾਂ ਨੂੰ ਦਿੱਤੇ ਜਾਣ ਵਾਲੇ ਇਸ ਲਾਭ ਵਿੱਚ ਐੱਸ ਸੀ ਭਾਈਚਾਰੇ ਨਾਲ ਸਬੰਧਤ ਮਹਿਲਾਵਾਂ ਨੂੰ 1500 ਰੁਪਏ ਪ੍ਰਤੀ ਮਹੀਨਾ ਤੇ ਹੋਰਨਾਂ ਵਰਗਾਂ ਦੀਆਂ ਮਹਿਲਾਵਾਂ ਨੂੰ 1000 ਰੁਪਈਆ ਪ੍ਰਤੀ ਮਹੀਨਾ ਦਿੱਤਾ ਜਾਵੇਗਾ। ਪੰਜਾਬ ਸਰਕਾਰ ਵੱਲੋਂ ਲਏ ਗਏ ਇਸ ਫੈਸਲੇ ਨਾਲ ਮਹਿਲਾਵਾਂ ਵਿੱਚ ਖੁਸ਼ੀ ਦੀ ਲਹਿਰ ਪਾਈ ਗਈ ਹੈ। ਉਨ੍ਹਾਂ ਕਿਹਾ ਕਿ ਸਰਕਾਰ ਨੇ ਆਪਣਾ ਜੋ ਵਾਅਦਾ ਕੀਤਾ ਸੀ, ਉਹ ਪੂਰਾ ਕਰ ਦਿਖਾਇਆ ਹੈ।

# ਅਗਰਵਾਲ ਸਭਾ ਵੱਲੋਂ ਸ਼ੋਭਾ ਯਾਤਰਾ ਦਾ ਸਵਾਗਤ



**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**-ਸ੍ਰੀ ਹਰਿਦਾਸ ਨਿਕੁੰਜ ਬਿਹਾਰੀ ਸੇਵਾ ਸੰਮਤੀ ਵੱਲੋਂ ਨਵੀਂ ਅਨਾਜ ਮੰਡੀ ਵਿੱਚ 9 ਮਾਰਚ ਤੋਂ 15 ਮਾਰਚ ਤੱਕ ਕਰਾਈ ਜਾ ਰਹੀ ਸ੍ਰੀਮਦ ਭਾਗਵਤ ਕਥਾ ਨੂੰ ਮੁੱਖ ਰਖਦਿਆਂ ਸ਼ਹਿਰ ਵਿੱਚ ਵਿਸ਼ਾਲ ਝੰਡਾ ਸ਼ੋਭਾ ਤੇ ਕਲੱਸ਼ ਯਾਤਰਾ ਕੱਢੀ ਗਈ। ਜਦੋਂ ਇਹ ਯਾਤਰਾ ਮਹਾਰਾਜਾ ਅਗਰਸੈਨ ਚੌਕ ਵਿਖੇ ਪਹੁੰਚੀ ਤਾਂ ਅਗਰਵਾਲ ਸਭਾ ਵੱਲੋਂ ਪ੍ਰਧਾਨ ਵਿਕਰਮ ਗਰਗ ਵਿੱਕੀ ਦੀ ਅਗਵਾਈ ਹੇਠ ਯਾਤਰਾ ਦਾ ਸ਼ਾਨਦਾਰ ਸਵਾਗਤ ਕੀਤਾ ਗਿਆ। ਇਸ ਮੌਕੇ ਫੁੱਲਾਂ ਦੀ ਵਰਖਾ ਕੀਤੀ ਗਈ।ਸੰਮਤੀ ਵੱਲੋਂ ਇਸ ਮੌਕੇ ਸਭਾ ਨੂੰ ਸਨਮਾਨਤ ਵੀ ਕੀਤਾ ਗਿਆ।

# ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ ਔਰਤਾਂ ਲਈ ਵੱਡਾ ਤੋਹਫ਼ਾ : ਟੀਮ ਅਮਨ ਅਰੋੜਾ



**ਚੀਮਾ ਮੰਡੀ/ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**-ਅੰਤਰਰਾਸ਼ਟਰੀ ਮਹਿਲਾ ਦਿਵਸ ਦੇ ਮੌਕੇ 'ਤੇ ਪੰਜਾਬ ਸਰਕਾਰ ਵੱਲੋਂ ਬਜਟ ਸੈਸ਼ਨ ਦੌਰਾਨ ਐਲਾਨੀ ਗਈ ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ ਬਾਰੇ ਜਾਣਕਾਰੀ ਦੇਣ ਲਈ ਚੀਮਾ ਮੰਡੀ ਦੇ ਕਮਿਊਨਿਟੀ ਹਾਲ ਵਿਖੇ ਪ੍ਰੋਗਰਾਮ ਕਰਾਇਆ ਗਿਆ।ਇਹ ਪ੍ਰੋਗਰਾਮ ਟੀਮ ਅਮਨ ਅਰੋੜਾ ਵੱਲੋਂ ਕਰਾਇਆ ਗਿਆ, ਜਿਸ ਵਿੱਚ ਹਲਕੇ ਦੀਆਂ ਵੱਡੀ ਗਿਣਤੀ ਔਰਤਾਂ ਨੇ ਭਾਗ ਲਿਆ।ਔਰਤਾਂ ਨੇ ਪੰਜਾਬ ਸਰਕਾਰ ਵੱਲੋਂ ਮਹਿਲਾਵਾਂ ਦੀ ਭਲਾਈ ਲਈ ਲਏ ਗਏ ਇਸ ਮਹੱਤਵਪੂਰਨ ਫ਼ੈਸਲੇ ਦੀ ਸ਼ਲਾਘਾ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਕੈਬਨਿਟ ਮੰਤਰੀ ਅਮਨ ਅਰੋੜਾ ਦਾ ਤਹਿ ਦਿਲੋਂ ਧੰਨਵਾਦ ਕੀਤਾ।ਅਮਨ ਅਰੋੜਾ ਦੇ ਮੀਡੀਆ ਸਲਾਹਕਾਰ ਜਤਿੰਦਰ ਜੈਨ ਨੇ ਕਿਹਾ ਕਿ ਭਗਵੰਤ ਸਿੰਘ ਮਾਨ ਅਤੇ ਅਮਨ ਅਰੋੜਾ ਦੀ ਅਗਵਾਈ ਹੇਠ ਪੰਜਾਬ ਸਰਕਾਰ ਔਰਤਾਂ ਦੀ ਭਲਾਈ ਅਤੇ ਉਨ੍ਹਾਂ ਦੇ ਸਸ਼ਕਤੀਕਰਨ ਲਈ ਲਗਾਤਾਰ ਯਤਨ ਕਰ ਰਹੀ ਹੈ।ਮਾਰਕਿਟ ਕਮੇਟੀ ਸੁਨਾਮ ਦੇ ਚੇਅਰਮੈਨ ਮੁਕੇਸ਼ ਜੁਨੇਜਾ ਨੇ ਕਿਹਾ ਕਿ ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ ਨਾਲ ਮਹਿਲਾਵਾਂ ਨੂੰ ਆਰਥਿਕ ਸਹਾਰਾ ਮਿਲੇਗਾ ਤੇ ਉਹ ਆਪਣੇ ਪਰਵਾਰ ਦੀਆਂ ਜ਼ਰੂਰਤਾਂ ਪੂਰੀਆਂ ਕਰਨ ਵਿੱਚ ਹੋਰ ਮਜ਼ਬੂਤ ਭੂਮਿਕਾ ਨਿਭਾ ਸਕਣਗੀਆਂ।ਪੀ.ਏ. ਸੰਜੀਵ ਸੰਜੂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮਹਿਲਾਵਾਂ ਦੀ ਭਲਾਈ ਲਈ ਲਏ ਜਾ ਰਹੇ ਫ਼ੈਸਲੇ ਸਮਾਜ ਵਿੱਚ ਸਕਾਰਾਤਮਕ ਬਦਲਾਅ ਲਿਆਉਣਗੇ ਤੇ ਮਹਿਲਾਵਾਂ ਨੂੰ ਆਤਮਨਿਰਭਰ ਬਣਾਉਣ ਵਿੱਚ ਸਹਾਇਕ ਸਾਬਤ ਹੋਣਗੇ।

# ਪੱਤਰਕਾਰ ਕਤਲ ਮਾਮਲੇ 'ਚ ਗੁਰਮੀਤ ਰਾਮ ਰਹੀਮ ਨੂੰ ਬਰੀ ਕਰਨ ਦੇ ਫੈਸਲੇ ਨੇ ਦੇਸ਼ ਦੀ ਨਿਆਂ ਪ੍ਰਣਾਲੀ ਤੇ ਜਾਂਚ ਏਜੰਸੀਆਂ ਦੀ ਕਾਰਗੁਜ਼ਾਰੀ 'ਤੇ ਸਵਾਲ ਖੜੇ ਕੀਤੇ : ਸਹੌਲੀ

## ਸੱਚ ਲਈ ਲੜਨ ਵਾਲੇ ਪੱਤਰਕਾਰਾਂ ਨੂੰ ਨਿਆਂ ਨਹੀਂ ਮਿਲਦਾ ਤਾਂ ਇਹ ਸਮਾਜ ਤੇ ਲੋਕਤੰਤਰ ਦੋਵਾਂ ਲਈ ਖਤਰਨਾਕ ਸੰਕੇਤ



**ਨਾਭਾ (ਵਰਿੰਦਰ ਵਰਮਾ)**-ਪੱਤਰਕਾਰ ਰਾਮ ਚੰਦਰ ਛਤਰਪਤੀ ਕਤਲ ਮਾਮਲੇ ਵਿੱਚ ਪੰਜਾਬ ਤੇ ਹਰਿਆਣਾ ਹਾਈਕੋਰਟ ਵੱਲੋਂ ਡੇਰਾ ਸੱਚਾ ਸੌਦਾ ਦੇ ਮੁਖੀ ਗੁਰਮੀਤ ਰਾਮ ਰਹੀਮ ਨੂੰ ਸਬੂਤਾਂ ਦੀ ਘਾਟ ਤੇ ਜਾਂਚ ਵਿੱਚ ਕਮੀਆਂ ਦਾ ਹਵਾਲਾ ਦਿੰਦਿਆਂ ਬਰੀ ਕਰਨ ਦੇ ਫੈਸਲੇ ਨੇ ਦੇਸ਼ ਦੀ ਨਿਆਂ ਪ੍ਰਣਾਲੀ ਤੇ ਜਾਂਚ ਏਜੰਸੀਆਂ ਦੀ ਕਾਰਗੁਜ਼ਾਰੀ 'ਤੇ ਨਵੇਂ ਸਵਾਲ ਖੜੇ ਕਰ ਦਿੱਤੇ ਹਨ।ਇਸ ਮਾਮਲੇ 'ਤੇ ਤਿੱਖੀ ਪ੍ਰਤੀਕਿਰਿਆ ਦਿੰਦਿਆਂ ਅਕਾਲੀ ਦਲ ਸੁਤੰਤਰ ਦੇ ਕੌਮੀ ਪ੍ਰਧਾਨ ਪਰਮਜੀਤ ਸਿੰਘ ਸਹੌਲੀ ਨੇ ਕਿਹਾ ਕਿ ਇਹ ਮਾਮਲਾ ਸਿਰਫ਼ ਇੱਕ ਵਿਅਕਤੀ ਦੇ ਕਤਲ ਦਾ ਨਹੀਂ, ਸਗੋਂ ਸੱਚ ਬੋਲਣ ਵਾਲੀ ਕਲਮ ਨੂੰ ਚੁੱਪ ਕਰਵਾਉਣ ਦੀ ਸਾਜ਼ਿਸ਼ ਦਾ ਪ੍ਰਤੀਕ ਹੈ।ਉਨ੍ਹਾਂ ਕਿਹਾ ਕਿ ਪੱਤਰਕਾਰ ਰਾਮ ਚੰਦਰ ਛਤਰਪਤੀ ਨੇ ਡਰ ਤੇ ਦਬਾਅ ਦੇ ਮਾਹੌਲ ਵਿੱਚ ਵੀ ਸੱਚ ਸਾਹਮਣੇ ਲਿਆਉਣ ਦੀ ਹਿੰਮਤ ਦਿਖਾਈ ਸੀ।ਉਸ ਨੇ ਆਪਣੀ ਕੀਮਤ ਆਪਣੀ ਜਾਨ ਦੇ ਕੇ ਚੁਕਾਈ।ਪਰਮਜੀਤ ਸਿੰਘ ਸਹੌਲੀ ਨੇ ਕਿਹਾ ਕਿ ਜੇਕਰ ਇੰਨੇ ਵੱਡੇ ਤੇ ਚਰਚਿਤ ਮਾਮਲੇ ਵਿੱਚ ਅਦਾਲਤ ਨੂੰ ਸਬੂਤਾਂ ਦੀ ਘਾਟ ਤੇ ਜਾਂਚ ਵਿੱਚ ਕਮੀਆਂ ਮਿਲਦੀਆਂ ਹਨ ਤਾਂ ਇਹ ਸਿਰਫ਼ ਇਕ ਕਾਨੂੰਨੀ ਕਾਰਵਾਈ ਦੀ ਗਲਤੀ ਨਹੀਂ, ਸਗੋਂ ਪੂਰੇ ਸਿਸਟਮ ਦੀ ਨਾਕਾਮੀ ਨੂੰ ਬੇਨਕਾਬ ਕਰਦਾ ਹੈ। ਉਨ੍ਹਾਂ ਕਿਹਾ ਕਿ 2019 ਵਿੱਚ ਹੇਠਲੀ ਅਦਾਲਤ ਵੱਲੋਂ ਉਮਰ ਕੈਦ ਦੀ ਸਜ਼ਾ ਸੁਣਾਈ ਗਈ ਸੀ, ਪਰ ਹੁਣ ਹਾਈਕੋਰਟ ਦੇ ਫੈਸਲੇ ਨੇ ਲੋਕਾਂ ਦੇ ਮਨ ਵਿੱਚ ਕਈ ਤਰ੍ਹਾਂ ਦੇ ਸ਼ੰਕੇ ਪੈਦਾ ਕਰ ਦਿੱਤੇ ਹਨ।ਉਨ੍ਹਾਂ ਕਿਹਾ ਕਿ 2002 ਵਿੱਚ ਹੋਇਆ ਪੱਤਰਕਾਰ ਰਾਮ ਚੰਦਰ ਛਤਰਪਤੀ ਦਾ ਕਤਲ ਅੱਜ ਵੀ ਲੋਕਤੰਤਰ ਦੇ ਇਤਿਹਾਸ 'ਤੇ ਇੱਕ ਕਾਲਾ ਦਾਗ ਹੈ।ਜੇਕਰ ਸੱਚ ਲਈ ਲੜਨ ਵਾਲੇ ਪੱਤਰਕਾਰਾਂ ਨੂੰ ਨਿਆਂ ਨਹੀਂ ਮਿਲਦਾ ਤਾਂ ਇਹ ਸਮਾਜ ਤੇ ਲੋਕਤੰਤਰ ਦੋਵਾਂ ਲਈ ਖਤਰਨਾਕ ਸੰਕੇਤ ਹੈ।ਪਰਮਜੀਤ ਸਿੰਘ ਸਹੌਲੀ ਨੇ ਕਿਹਾ ਕਿ ਇਸ ਮਾਮਲੇ ਵਿੱਚ ਜਾਂਚ ਦੀਆਂ ਕਮੀਆਂ ਤੇ ਸਬੂਤਾਂ ਦੀ ਘਾਟ ਲਈ ਜ਼ਿੰਮੇਵਾਰ ਲੋਕਾਂ ਦੀ ਪੜਤਾਲ ਹੋਣੀ ਚਾਹੀਦੀ ਹੈ।ਉਨ੍ਹਾਂ ਕਿਹਾ ਕਿ ਪੀੜਤ ਪਰਵਾਰ ਤੇ ਦੇਸ਼ ਦੇ ਪੱਤਰਕਾਰਾਂ ਦੀ ਭਾਵਨਾ ਦਾ ਸਤਿਕਾਰ ਕਰਦਿਆਂ ਇਸ ਮਾਮਲੇ ਵਿੱਚ ਅੱਗੇ ਦੀ ਕਾਨੂੰਨੀ ਲੜਾਈ ਲੜਨ ਬਾਰੇ ਵੀ ਸੋਚਣਾ ਚਾਹੀਦਾ ਹੈ।

ਉਨ੍ਹਾਂ ਦੋਸ਼ ਲਾਇਆ ਕਿ ਕਈ ਵਾਰ ਪ੍ਰਭਾਵਸ਼ਾਲੀ ਲੋਕਾਂ ਤੇ ਤਾਕਤਵਰ ਤੱਤਾਂ ਦੇ ਸਾਹਮਣੇ ਸੱਚ ਨੂੰ ਦਬਾਉਣ ਦੀ ਕੋਸ਼ਿਸ਼ ਹੁੰਦੀ ਹੈ, ਪਰ ਇਤਿਹਾਸ ਗਵਾਹ ਹੈ ਕਿ ਸੱਚ ਨੂੰ ਹਮੇਸ਼ਾ ਲਈ ਦਬਾਇਆ ਨਹੀਂ ਜਾ ਸਕਦਾ।ਪਰਮਜੀਤ ਸਿੰਘ ਸਹੌਲੀ ਨੇ ਕਿਹਾ ਕਿ ਸੁਤੰਤਰ ਅਕਾਲੀ ਦਲ ਪੱਤਰਕਾਰਤਾ ਦੀ ਆਜ਼ਾਦੀ ਤੇ ਨਿਆਂ ਦੀ ਲੜਾਈ ਵਿੱਚ ਹਮੇਸ਼ਾ ਡੱਟ ਕੇ ਖੜ੍ਹਾ ਰਹੇਗਾ।ਉਨ੍ਹਾਂ ਕਿਹਾ ਕਿ ਲੋਕਤੰਤਰ ਦੀ ਸਭ ਤੋਂ ਵੱਡੀ ਤਾਕਤ ਆਜ਼ਾਦ ਕਲਮ ਹੈ ਤੇ ਜੇਕਰ ਕਲਮ ਨੂੰ ਹੀ ਡਰਾਉਣ ਦੀ ਕੋਸ਼ਿਸ਼ ਹੋਵੇਗੀ ਤਾਂ ਇਹ ਪੂਰੇ ਸਮਾਜ ਲਈ ਖਤਰੇ ਦੀ ਘੰਟੀ ਹੈ।

# ਆਰੀਅਨਜ਼ ਗਰੁੱਪ ਆਫ਼ ਕਾਲਜਿਜ਼ ਵਿਖੇ ਨਿਰਭਯਾ ਸਵੈ-ਰੱਖਿਆ ਵਰਕਸ਼ਾਪ




**ਰਾਜਪੁਰਾ (ਰਮੇਸ਼ ਕਟਾਰੀਆ)**

ਅੰਤਰਰਾਸ਼ਟਰੀ ਮਹਿਲਾ ਦਿਵਸ ਮੌਕੇ ਆਰੀਅਨਜ਼ ਗਰੁੱਪ ਆਫ਼ ਕਾਲਜਿਜ਼ ਚੰਡੀਗੜ੍ਹ ਨੇ ਆਪਣੇ ਕੈਂਪਸ ਵਿਖੇ ਇੱਕ ਵਿਸ਼ੇਸ਼ 'ਨਿਰਭਯਾ-ਸਵੈ-ਰੱਖਿਆ ਵਰਕਸ਼ਾਪ' ਦਾ ਆਯੋਜਨ ਕੀਤਾ, ਜਿਸ ਦਾ ਉਦੇਸ਼ ਵਿਦਿਆਰਥਣਾਂ ਨੂੰ ਜਾਗਰੂਕਤਾ, ਆਤਮਵਿਸ਼ਵਾਸ ਤੇ ਵਿਵਹਾਰਕ ਸਵੈ-ਰੱਖਿਆ ਹੁਨਰਾਂ ਨਾਲ ਸਸ਼ਕਤ ਬਣਾਉਣਾ ਸੀ।ਵਰਕਸ਼ਾਪ 'ਚ ਵੱਡੀ ਗਿਣਤੀ 'ਚ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ, ਜਿਨ੍ਹਾਂ ਨੇ ਚੁਣੌਤੀਪੂਰਨ ਸਥਿਤੀਆਂ ਵਿੱਚ ਆਪਣੀ ਸੁਰੱਖਿਆ ਤੇ ਆਤਮਵਿਸ਼ਵਾਸ ਨੂੰ ਯਕੀਨੀ ਬਣਾਉਣ ਲਈ ਵੱਖ-ਵੱਖ ਤਕਨੀਕਾਂ ਨੂੰ ਸਰਗਰਮੀ ਨਾਲ ਸਿੱਖਿਆ।

ਇਸ ਵਰਕਸ਼ਾਪ ਵਿੱਚ ਸ੍ਰੀ ਵਿਵੇਕ ਠਾਕੁਰ ਅੰਤਰਰਾਸ਼ਟਰੀ ਜੂਡੋ ਕੋਚ, ਸਟੇਟ ਐਵਾਰਡੀ ਤੇ ਕਾਮਨਵੈਲਥ ਸਿਲਵਰ ਮੈਡਲਿਸਟ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ ਤੇ ਵਿਦਿਆਰਥੀਆਂ ਨੂੰ ਮਜ਼ਬੂਤ, ਆਤਮਵਿਸ਼ਵਾਸੀ ਤੇ ਨਿੱਡਰ ਰਹਿਣ ਲਈ ਉਤਸ਼ਾਹਤ ਕੀਤਾ।ਵਰਕਸ਼ਾਪ ਦੌਰਾਨ ਪ੍ਰਸਿੱਧ ਮਾਰਸ਼ਲ ਆਰਟਸ ਖਿਡਾਰੀ ਮਹਿਕ ਸਿੰਘ, ਏਂਜਲ ਯਾਦਵ, ਨਵਰੂਪ ਤੇ ਸਾਨੀਆ ਰਾਏ ਮੌਜੂਦ ਸਨ ਅਤੇ ਕਈ ਮਹੱਤਵਪੂਰਨ ਸਵੈ-ਰੱਖਿਆ ਤਕਨੀਕਾਂ ਦਾ ਪ੍ਰਦਰਸ਼ਨ ਕੀਤਾ।ਵਿਦਿਆਰਥੀਆਂ ਨੂੰ ਬੁਨਿਆਦੀ ਰੱਖਿਆ ਚਾਲਾਂ, ਬਚਣ ਦੀਆਂ ਤਕਨੀਕਾਂ ਤੇ ਸਥਿਤੀ ਸੰਬੰਧੀ ਜਾਗਰੂਕਤਾ ਵਿੱਚ ਸਿਖਲਾਈ ਦਿੱਤੀ ਗਈ, ਜੋ ਐਮਰਜੈਂਸੀ ਦੌਰਾਨ ਆਪਣੀ ਰੱਖਿਆ ਕਰਨ ਵਿੱਚ ਉਨ੍ਹਾਂ ਦੀ ਮਦਦ ਕਰ ਸਕਦੀਆਂ ਹਨ।ਸੀਨੀਅਰ ਏਸ਼ੀਅਨ ਕੱਪ 2025-26 ਤਾਈਪੇ ਵਿੱਚ ਕਾਂਸੀ ਦਾ ਤਮਗਾ ਜੇਤੂ ਤੇ ਆਲ ਇੰਡੀਆ ਇੰਟਰ-ਯੂਨੀਵਰਸਿਟੀ ਤੇ ਖੇਲੋ ਇੰਡੀਆ ਯੂਨੀਵਰਸਿਟੀ ਖੇਡਾਂ 2025-26 ਰਾਜਸਥਾਨ ਵਿੱਚ ਸੋਨ ਤਮਗਾ ਜੇਤੂ ਮਹਿਕ ਸਿੰਘ ਨੇ ਆਪਣੀਆਂ ਪ੍ਰਾਪਤੀਆਂ ਤੇ ਵਿਹਾਰਕ ਪ੍ਰਦਰਸ਼ਨਾਂ ਨਾਲ ਵਿਦਿਆਰਥੀਆਂ ਨੂੰ ਪ੍ਰੇਰਿਤ ਕੀਤਾ।ਸੀਨੀਅਰ ਏਸ਼ੀਅਨ ਕੱਪ ਹਾਂਗ ਕਾਂਗ ਵਿੱਚ ਕਾਂਸੀ ਦਾ ਤਮਗਾ ਜੇਤੂ ਤੇ 10 ਵਾਰ ਰਾਸ਼ਟਰੀ ਸੋਨ ਤਮਗਾ ਜੇਤੂ ਏਂਜਲ ਯਾਦਵ ਨੇ ਵਿਦਿਆਰਥੀਆਂ ਨੂੰ ਪ੍ਰਭਾਵਸ਼ਾਲੀ ਰੱਖਿਆ ਰਣਨੀਤੀਆਂ ਨਾਲ ਮਾਰਗਦਰਸ਼ਨ ਕੀਤਾ।ਇਸ ਤੋਂ ਇਲਾਵਾ ਜੂਨੀਅਰ ਏਸ਼ੀਅਨ ਕੱਪ ਮਕਾਊ 'ਚ ਕਾਂਸੀ ਤਮਗਾ ਜੇਤੂ ਤੇ ਜੂਨੀਅਰ ਰਾਸ਼ਟਰੀ ਸੋਨ ਤਮਗਾ ਜੇਤੂ ਨਵਰੂਪ ਤੇ ਸਾਨੀਆ ਰਾਏ ਨੇ ਵੀ ਵਿਦਿਆਰਥੀਆਂ ਨੂੰ ਮਜ਼ਬੂਤ ??ਤੇ ਨਿੱਡਰ ਰਹਿਣ ਲਈ ਪ੍ਰੇਰਿਤ ਕੀਤਾ।

# ਗੱਤਕਾ ਕੱਪ ਮੁਕਾਬਲੇ 14 ਨੂੰ : ਨਿਹੰਗ ਸਿੰਘ ਜਥੇਬੰਦੀਆਂ

**ਮੋਗਾ (ਇਕਬਾਲ ਸਿੰਘ ਖਹਿਰਾ)**-ਰਣਜੀਤ ਨੈਸ਼ਨਲ ਗਤਕਾ ਗੱਤਕਾ ਅਖਾੜਾ ਵੱਲੋਂ ਨਿਹੰਗ ਸਿੰਘ ਖਾਲਸਾ ਦਾਲ ਸ੍ਰੀ ਚਮਕੌਰ ਸਾਹਿਬ ਤੇ ਮੋਗਾ ਨਿਵਾਸੀਆਂ ਦੇ ਵਿਸ਼ੇਸ਼ ਸਹਿਯੋਗ ਦੇ ਨਾਲ ਅੱਠਵਾਂ ਗੱਤਕਾ ਕੱਪ 14 ਮਾਰਚ ਨੂੰ ਕਰਵਾਇਆ ਜਾ ਰਿਹਾ ਹੈ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਸਤਾਦ ਸਤਪਾਲ ਸਿੰਘ ਜਥੇਦਾਰ ਕਰਮਜੀਤ ਸਿੰਘ, ਕੁਲਵਿੰਦਰ ਸਿੰਘ ਬਿੱਲਾ, ਹਰਪ੍ਰੀਤ ਸਿੰਘ ਗਤਕਾ ਕੋਚ, ਜਗਮਿੰਦਰ ਸਿੰਘ, ਜਥੇਦਾਰ ਹਰਦੀਪ ਸਿੰਘ, ਜਥੇਦਾਰ ਜਸਕਰਨ ਸਿੰਘ, ਅਵਤਾਰ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਹ ਗੱਤਕਾ ਕੱਪ ਸਮਾਜਿਕ ਜਥੇਬੰਦੀਆਂ ਸੁਸਾਇਟੀਆਂ ਨਿਹੰਗ ਸਿੰਘ ਜਥੇਬੰਦੀਆਂ ਤੇ ਪਿੰਡ ਲੰਡੇ ਕੇ ਸਮੂਹ ਸੰਗਤ ਤੇ ਐੱਨ.ਆਰ.ਆਈ. ਵੀਰਾਂ ਦੇ ਸਹਿਯੋਗ ਨਾਲ ਸੰਤ ਬਾਬਾ ਰਾਮ ਸਿੰਘ ਜੀ ਸੰਤ ਬਾਬਾ ਸੂਰਤ ਸਿੰਘ ਜੀ ਦੀ ਨਿੱਘੀ ਯਾਦ ਨੂੰ ਸਮਰਪਤ ਕਰਵਾਇਆ ਜਾ ਰਿਹਾ ਹੈ। ਇਸ ਗਤਕਾ ਕੱਪ ਵਿੱਚ ਪੰਜਾਬ ਅਤੇ ਦੇਸ਼ ਭਰ ਤੋਂ ਗਤਕਾ ਖਿਡਾਰੀ ਤੇ ਸੰਗਤਾਂ ਹਿੱਸਾ ਲੈਣਗੀਆਂ। ਉਨ੍ਹਾਂ ਸਮੂਹ ਇਲਾਕਾ ਨਿਵਾਸੀਆਂ ਨੂੰ ਪੁਰਜ਼ੋਰ ਅਪੀਲ ਕੀਤੀ ਕਿ ਇਸ ਗਤਕਾ ਕੱਪ ਵਿੱਚ ਵੱਧ ਤੋਂ ਵੱਧ ਆਪਣੀ ਹਾਜ਼ਰੀ ਲਗਵਾਉਣ। ਇਸ ਮੌਕੇ ਬਲਰਾਜ ਸਿੰਘ ਖਾਲਸਾ, ਜਗਸੀਰ ਸਿੰਘ, ਕੁਲਵੰਤ ਸਿੰਘ, ਰਜੋਤ ਸਿੰਘ, ਬਲਜਿੰਦਰ ਸਿੰਘ ਹੈਪੀ, ਬਾਬਾ ਬਲਜਿੰਦਰ ਸਿੰਘ ਫਲੈਕਸਾਂ ਵਾਲੇ ਆਦਿ ਹਾਜ਼ਰ ਸਨ।

# ਸ਼ਹੀਦ ਭਗਤ ਸਿੰਘ ਦੇ ਸ਼ਹੀਦੀ ਦਿਹਾੜੇ ਮੌਕੇ ਵਿਸ਼ਾਲ ਰੈਲੀ ਕੀਤੀ ਜਾਵੇਗੀ : ਹਰਜੀਤ ਖ਼ਿਆਲੀ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਭਾਈ ਲਾਲੋ ਪੰਜਾਬੀ ਮੰਚ ਵੱਲੋਂ 23 ਮਾਰਚ ਨੂੰ ਸ਼ਹੀਦ ਭਗਤ ਸਿੰਘ ਤੇ ਸਾਥੀਆਂ ਦੇ ਸ਼ਹੀਦੀ ਦਿਹਾੜੇ ਤੇ ਮਜ਼ਦੂਰਾਂ, ਕਿਸਾਨਾਂ, ਦੁਕਾਨਦਾਰਾਂ ਤੇ ਬੁਢਾਪਾ, ਵਿਧਵਾ ਤੇ ਅੰਗਹੀਣ ਪੈਨਸ਼ਨਰਾਂ ਦੀਆਂ ਭਖਦੀਆਂ ਹੱਕੀ ਮੰਗਾਂ ਨੂੰ ਲੈ ਕੇ ਬਰਨਾਲਾ 'ਚ ਵਿਸ਼ਾਲ ਰੈਲੀ ਕੀਤੀ ਜਾਵੇਗੀ, ਜਿਸ ਦੀਆਂ ਤਿਆਰੀਆਂ ਜ਼ਿਲ੍ਹੇ ਭਰ ਅੰਦਰ ਜੰਗੀ ਪੱਧਰ 'ਤੇ ਚੱਲ ਰਹੀਆਂ ਹਨ।ਭਾਈ ਲਾਲੋ ਮੰਚ ਦੇ ਆਗੂ ਹਰਜੀਤ ਸਿੰਘ ਖ਼ਿਆਲੀ ਤੇ ਸਹਿਯੋਗੀ ਟੀਮ ਵੱਲੋਂ ਪਿੰਡ ਮਹਿਲ ਖੁਰਦ, ਵਜੀਦਕੇ ਕਲਾਂ, ਵਜੀਦਕੇ ਖੁਰਦ ਤੇ ਸਹੌਰ ਪਿੰਡਾਂ 'ਚ ਭਰਵੀਆਂ ਮੀਟਿੰਗਾਂ ਕੀਤੀਆਂ ਗਈਆਂ।ਇਸ ਮੌਕੇ ਸਮਾਜਿਕ ਆਗੂ ਹਰਜੀਤ ਸਿੰਘ ਖ਼ਿਆਲੀ ਨੇ ਕਿਹਾ ਕਿ ਸਮਾਜ 'ਚ ਫੈਲੀ ਅਸਮਾਨਤਾ ਤੇ ਹੱਕਾਂ ਦੀ ਲੜਾਈ ਉਦੋਂ ਤੱਕ ਖ਼ਤਮ ਨਹੀਂ ਹੋਵੇਗੀ, ਜਦੋਂ ਤੱਕ ਹਰ ਇਨਸਾਨ ਨੂੰ ਉਸ ਦਾ ਬਣਦਾ ਹੱਕ ਨਹੀਂ ਮਿਲ ਜਾਂਦਾ।ਉਨ੍ਹਾਂ ਸਰਕਾਰ ਤੋਂ ਮੰਗ ਕੀਤੀ ਕਿ ਲੋਕਾਂ ਦੇ ਜੀਵਨ ਪੱਧਰ ਨੂੰ ਉੱਚਾ ਚੁੱਕਣ ਲਈ ਪੱਕੇ ਰੁਜ਼ਗਾਰ, ਮਹਿੰਗਾਈ ਦੇ ਹਿਸਾਬ ਨਾਲ 21000 ਰੁਪਏ ਪ੍ਰਤੀ ਮਹੀਨਾ ਤਨਖਾਹ, ਮੁਫ਼ਤ ਇਲਾਜ ਲਈ ਸਪੈਸ਼ਲ ਡਾਕਟਰ, ਬੱਚਿਆਂ ਨੂੰ ਚੰਗੀ ਸਿੱਖਿਆ ਤੇ ਖੇਡ ਗਰਾਊਂਡ, ਬੁਢਾਪਾ, ਅੰਗਹੀਣ ਤੇ ਵਿਧਵਾ ਪੈਨਸ਼ਨ ਘੱਟੋ-ਘੱਟ 10000 ਰੁਪਏ ਮਹੀਨਾ ਲਾਗੂ ਕੀਤੀ ਜਾਵੇ, ਤਾਂ ਜੁ ਉਹ ਆਪਣਾ ਜੀਵਨ ਚੰਗਾ ਗੁਜ਼ਾਰ ਸਕਣ।ਆਗੂ ਹਰਜੀਤ ਖਿਆਲੀ ਨੇ ਹੱਕੀ ਮੰਗਾਂ ਨੂੰ ਲੈ ਕੇ 23 ਮਾਰਚ ਨੂੰ ਕੀਤੀ ਜਾ ਰਹੀ ਬਰਨਾਲਾ ਰੈਲੀ 'ਚ ਪਰਵਾਰਾਂ ਸਮੇਤ ਪਹੁੰਚਣ ਦੀ ਅਪੀਲ ਕੀਤੀ।

# ਫਰਵਾਹੀ ਸਕੂਲ 'ਚ ਵਾਤਾਵਰਣ ਸਿੱਖਿਆ ਪ੍ਰੋਗਰਾਮ ਤਹਿਤ ਗਤੀਵਿਧੀਆਂ ਕਰਾਈਆਂ



**ਸੰਗਾਲਾ (ਰਣਜੀਤ ਸਿੰਘ ਪੇਧਨੀ)**-ਭਾਰਤ ਸਰਕਾਰ ਦੀ ਮਨਿਸਟਰੀ ਆਫ਼ ਇਨਵਾਇਰਮੈਂਟ ਫੋਰੈਸਟ ਐਂਡ ਕਲਾਈਮੇਟ ਚੇਂਜ ਅਧੀਨ ਚੱਲ ਰਹੇ ਇਨਵਾਇਰਮੈਂਟ ਐਜੂਕੇਸ਼ਨ ਪ੍ਰੋਗਰਾਮ ਦੁਆਰਾ ਪੰਜਾਬ ਸਟੇਟ ਕੌਂਸਲ ਫਾਰ ਸਾਇੰਸ ਐਂਡ ਟੈਕਨਾਲੋਜੀ ਚੰਡੀਗੜ੍ਹ ਵੱਲੋਂ ਸਰਕਾਰੀ ਵਾਤਾਵਰਣ ਸਿੱਖਿਆ ਪ੍ਰੋਗਰਾਮ ਤਹਿਤ, ਸਰਕਾਰੀ ਸਕੂਲ ਫਰਵਾਹੀ ਵਿਖੇ ਬੱਚਿਆਂ ਨੂੰ ਬੈਗ ਬਣਾਉਣ ਦੀ ਤਿਆਰੀ ਕਰਾਈ ਗਈ ਤੇ ਵੱਖ-ਵੱਖ ਇਨਵਾਇਰਮੈਂਟ ਸਬੰਧੀ ਮੁਕਾਬਲੇ ਕਰਾਏ ਗਏ।ਲਖਬੀਰ ਸਿੰਘ ਐਕਸਪਰਟ ਐਗਰੀਕਲਚਰ ਤੇ ਵਾਤਾਵਰਣ ਸਿੱਖਿਆ ਵੱਲੋਂ ਬੱਚਿਆਂ ਨੂੰ ਪਲਾਸਟਿਕ ਦੇ ਨੁਕਸਾਨ ਬਾਰੇ ਜਾਣਕਾਰੀ ਦਿੱਤੀ ਗਈ ਤੇ ਨਾਲ ਹੀ ਬੱਚਿਆਂ ਨੂੰ ਕੱਪੜਿਆਂ ਤੋਂ ਬਣਨ ਵਾਲੇ ਬੈਗਾਂ ਦੇ ਸਬੰਧੀ ਜਾਣਕਾਰੀ ਦੇ ਕੇ ਬੱਚਿਆਂ ਦਾ ਹੌਸਲਾ ਅਫ਼ਜ਼ਾਈ ਕੀਤਾ।ਬੱਚਿਆਂ ਨੂੰ ਸੰਬੋਧਨ ਕਰਦਿਆਂ ਸਕੂਲ ਇੰਚਾਰਜ ਸ਼੍ਰੀ ਅਸ਼ੋਕ ਕੁਮਾਰ ਗਰਗ ਨੇ ਕਿਹਾ ਕਿ ਦੁਨੀਆਂ ਭਰ ਵਿੱਚ ਵੇਸਟ ਮਟੀਰੀਅਲ ਦੀ ਬਹੁਤਾਤ ਹੈ, ਜੋ ਵਾਤਾਵਰਣ ਲਈ ਬੇਹੱਦ ਘਾਤਕ ਸਿੱਧ ਹੋ ਰਹੀ ਹੈ, ਸੋ ਇਨ੍ਹਾਂ ਵਾਧੂ ਪਦਾਰਥਾਂ ਦੀ ਮਿਕਦਾਰ ਨੂੰ ਘਟਾਉਣ ਦੇ ਲਈ ਇਨ੍ਹਾਂ ਦੀ ਕਿਸੇ ਨਾ ਕਿਸੇ ਰੂਪ ਵਿੱਚ ਦੁਬਾਰਾ ਵਰਤੋਂ ਕਰਕੇ ਸਾਨੂੰ ਵਾਤਾਵਰਣ ਦੀ ਸੰਭਾਲ 'ਚ ਆਪਣਾ ਯੋਗਦਾਨ ਪਾਉਣਾ ਚਾਹੀਦਾ ਹੈ।

# ਵਿਸ਼ਵ ਗਲੂਕੋਮਾ ਹਫ਼ਤੇ ਤਹਿਤ ਜਾਗਰੂਕਤਾ ਕੈਂਪ ਲਾਇਆ



**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**-ਸਿਹਤ ਮੰਤਰੀ ਡਾ. ਬਲਬੀਰ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਤੇ ਸਿਵਲ ਸਰਜਨ ਡਾ. ਅਮਰਜੀਤ ਕੌਰ ਦੀ ਅਗਵਾਈ ਹੇਠ ਜ਼ਿਲ੍ਹੇ ਦੀਆਂ ਸਮੂਹ ਸਿਹਤ ਸੰਸਥਾਵਾਂ ਵੱਲੋਂ 8 ਤੋਂ 14 ਮਾਰਚ ਤੱਕ ਵਿਸ਼ਵ ਗਲੂਕੋਮਾ ਹਫਤਾ ਤਹਿਤ ਆਮ ਲੋਕਾਂ ਨੂੰ ਅੱਖਾਂ ਦੀ ਸਾਂਭ-ਸੰਭਾਲ ਸਬੰਧੀ ਜਾਗਰੂਕ ਕੀਤਾ ਜਾ ਰਿਹਾ ਹੈ, ਜਿਸ ਤਹਿਤ ਸੰਗਰੂਰ ਵਿਖੇ ਲਾਏ ਗਏ ਵਿਸ਼ੇਸ਼ ਜਾਗਰੂਕਤਾ ਕੈਂਪ ਨੂੰ ਸੰਬੋਧਨ ਕਰਦਿਆਂ ਸਿਵਲ ਸਰਜਨ ਡਾ. ਅਮਰਜੀਤ ਕੌਰ ਨੇ ਕਿਹਾ ਸਾਨੂੰ ਅੱਖਾਂ ਦੀ ਨਿਯਮਤ ਜਾਂਚ ਕਰਾਉਂਦੇ ਰਹਿਣਾ ਚਾਹੀਦਾ ਹੈ।ਉਨ੍ਹਾਂ ਗਲੂਕੋਮਾ ਦੇ ਲੱਛਣਾਂ ਬਾਰੇ ਕਿਹਾ ਕਿ ਅਸਾਧਾਰਣ ਸਿਰ ਦਰਦ ਜਾਂ ਅੱਖਾਂ ਵਿੱਚ ਦਰਦ, ਪੜ੍ਹਨ ਲਈ ਐਨਕਾਂ ਦਾ ਵਾਰ-ਵਾਰ ਨੰਬਰ ਬਦਲਣਾ, ਪ੍ਰਕਾਸ਼ ਦੇ ਆਲੇ-ਦੁਆਲੇ ਰੰਗਦਾਰ ਚੱਕਰ ਦਾ ਦਿਸਣਾ, ਅੱਖਾਂ ਵਿੱਚ ਦਰਦ ਤੇ ਲਾਲੀ ਦੇ ਨਾਲ ਅਚਾਨਕ ਦ੍ਰਿਸ਼ਟੀ ਦਾ ਕਮਜ਼ੋਰ ਹੋਣਾ, ਦ੍ਰਿਸ਼ਟੀ ਦੇ ਖੇਤਰ ਦਾ ਸੀਮਤ ਹੋਣਾ ਆਦਿ ਹਨ।ਉਨ੍ਹਾਂ ਕਿਹਾ ਕਿ ਅਜਿਹੇ ਲੱਛਣ ਹੋਣ ਤੇ ਅੱਖਾਂ ਦਾ ਦਬਾਅ ਚੈੱਕ ਕਰਾਉਣਾ ਚਾਹੀਦਾ ਹੈ।ਐੱਸ ਐਮ ਓ (ਆਈ ਮੋਬਾਈਲ ਯੂਨਿਟ) ਡਾ. ਨਿਧੀ ਸਤੀਸ਼ ਮਿੱਤਲ ਨੇ ਲੋਕਾਂ ਨੂੰ ਜਾਗਰੂਕ ਕਰਦੇ ਹੋਏ ਕਿਹਾ ਕੇ ਪਲ-ਪਲ ਦੀ ਦੇਰੀ ਮਰੀਜ਼ ਨੂੰ ਉਸ ਦੀਆਂ ਅੱਖਾਂ ਦੀ ਰੌਸ਼ਨੀ ਤੋਂ ਦੂਰ ਲੈ ਜਾਂਦੀ ਹੈ।ਉਨ੍ਹਾਂ ਦੱਸਿਆ ਕਿ ਕਿਸੇ ਰਿਸ਼ਤੇਦਾਰ ਦਾ ਇਸ ਬਿਮਾਰੀ ਤੋਂ ਪੀੜਤ ਹੋਣਾ, ਸ਼ੂਗਰ, ਬਲੱਡ ਪ੍ਰੈਸ਼ਰ ਹੋਣਾ ਅਤੇ ਸਟੀਰਾਇਡ ਦਵਾਈਆਂ ਦੀ ਬੇਲੋੜੀ ਵਰਤੋਂ ਕਰਨਾ ਇਸ ਦਾ ਕਾਰਨ ਹੋ ਸਕਦੇ ਹਨ।

# ਸਫਾ 1 ਦੇ ਬਾਕੀ...

## '27 'ਚ ਵੀ 'ਆਪ' ...

ਵਿੱਚ ਖਾਸ ਕਰਕੇ ਔਰਤਾਂ ਵਿੱਚ ਖੁਸ਼ੀ ਦੀ ਲਹਿਰ ਚੱਲ ਰਹੀ ਹੈ। ਉਨ੍ਹਾ ਕਿਹਾ ਕਿ ਇਸ ਯੋਜਨਾ ਤਹਿਤ ਜਨਰਲ ਵਰਗ ਦੀਆਂ 18 ਸਾਲ ਤੋਂ ਵੱਧ ਉਮਰ ਦੀਆਂ ਔਰਤਾਂ ਨੂੰ ਹਰੇਕ ਮਹੀਨੇ 1000 ਰੁਪਏ ਅਤੇ ਐੱਸ ਸੀ ਵਰਗ ਦੀਆਂ ਮਹਿਲਾਵਾਂ ਨੂੰ 1500 ਰੁਪਏ ਮਿਲਣਗੇ। ਮੁੱਖ ਮੰਤਰੀ ਨੇ ਕਿਹਾ ਕਿ ਆਮ ਲੋਕਾਂ ਖਾਸ ਕਰਕੇ ਗਰੀਬ ਲੋਕਾਂ ਦੀ ਜ਼ਿੰਦਗੀ ਵਿੱਚ 1000-1500 ਰੁਪਏ ਦੀ ਬਹੁਤ ਵੱਡੀ ਅਹਿਮੀਅਤ ਹੁੰਦੀ ਹੈ। ਉਨ੍ਹਾ ਕਿਹਾ ਕਿ ਸਰਕਾਰ ਦੀ ਇਹ ਰਾਸ਼ੀ ਮਾਵਾਂ-ਧੀਆਂ ਲਈ ਸਤਿਕਾਰ ਹੈ। ਇਸ ਯੋਜਨਾ ਨਾਲ ਔਰਤਾਂ ਦੇ ਚਿਹਰਿਆਂ ਦੀ ਖੁਸ਼ੀ ਉਨ੍ਹਾਂ ਦੇ ਮਨ ਨੂੰ ਸਕੂਨ ਦਿੰਦੀ ਹੈ। ਉਨ੍ਹਾਂ ਕਿਹਾ ਕਿ 13 ਅਪ੍ਰੈਲ ਤੋਂ ਇਸ ਯੋਜਨਾ ਦੀ ਰਜਿਸਟ੍ਰੇਸ਼ਨ ਸ਼ੁਰੂ ਹੋਵੇਗੀ।

ਪੰਜਾਬ ਦੇ ਹਰੇਕ ਪਰਵਾਰ ਲਈ ਪੌਸ਼ਟਿਕ ਖੁਰਾਕ ਯਕੀਨੀ ਬਣਾਉਣ ਲਈ 'ਮੇਰੀ ਰਸੋਈ' ਸਕੀਮ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਬਹੁਤ ਸਾਰੇ ਪਰਵਾਰ ਚੰਗੀ ਖੁਰਾਕ ਨਾ ਮਿਲਣ ਕਰਕੇ ਪੌਸ਼ਟਿਕ ਤੱਤਾਂ ਤੋਂ ਵਾਂਝੇ ਰਹਿ ਜਾਂਦੇ ਹਨ, ਜਿਸ ਨਾਲ ਉਨ੍ਹਾਂ ਦੀ ਸਿਹਤ ਉਤੇ ਬੁਰਾ ਅਸਰ ਪੈਂਦਾ ਹੈ। ਉਨ੍ਹਾ ਕਿਹਾ ਕਿ ਮੇਰੀ ਰਸੋਈ ਯੋਜਨਾ ਤਹਿਤ 40 ਲੱਖ ਪਰਵਾਰ ਨੂੰ ਰਸਦ ਵਿੱਚ ਖੰਡ, ਦਾਲ, ਸਰ੍ਹੋਂ ਦਾ ਤੇਲ, ਲੂਣ ਮਿਲੇਗਾ। ਇਸ ਯੋਜਨਾ ਲਈ 1000 ਕਰੋੜ ਰੁਪਏ ਦੀ ਵਿਵਸਥਾ ਕੀਤੀ ਗਈ ਹੈ।ਚਾਰ ਸਾਲਾਂ ਵਿੱਚ ਸਿਹਤ ਕ੍ਰਾਂਤੀ ਹੇਠ ਕੀਤੇ ਉਪਰਾਲਿਆਂ ਬਾਰੇ ਮੁੱਖ ਮੰਤਰੀ ਨੇ ਕਿਹਾ ਕਿ 881 ਆਮ ਆਦਮੀ ਕਲੀਨਿਕਾਂ ਵਿੱਚ ਲੋਕਾਂ ਦਾ ਭਰੋਸਾ ਵਧ ਰਿਹਾ ਹੈ ਅਤੇ ਕਲੀਨਿਕਾਂ ਦੀ ਓ ਪੀ ਡੀ ਵਿੱਚ ਆਉਣ ਵਾਲਿਆਂ ਦੀ ਗਿਣਤੀ 5 ਕਰੋੜ ਤੋਂ ਪਾਰ ਹੋ ਚੁੱਕੀ ਹੈ, ਜੋ ਆਪਣੇ ਆਪ ਵਿੱਚ ਰਿਕਾਰਡ ਹੈ। ਹਰੇਕ ਪਰਵਾਰ ਨੂੰ ਮੁਫਤ ਇਲਾਜ ਦੇਣ ਲਈ 'ਮੁੱਖ ਮੰਤਰੀ ਸਿਹਤ ਯੋਜਨਾ' ਲਾਗੂ ਕੀਤੀ ਹੈ ਅਤੇ ਇਹ ਦੇਸ਼ ਦੀ ਪਹਿਲੀ ਸਕੀਮ ਹੈ, ਜਿਸ ਵਿੱਚ ਹਰੇਕ ਪਰਵਾਰ ਨੂੰ 10 ਲੱਖ ਰੁਪਏ ਤੱਕ ਦਾ ਕੈਸ਼ਲੈੱਸ ਇਲਾਜ ਮਿਲੇਗਾ। ਉਨ੍ਹਾ ਕਿਹਾ ਕਿ ਇਸ ਯੋਜਨਾ ਹੇਠ ਸਰਕਾਰੀ ਤੇ ਪ੍ਰਾਈਵੇਟ 900 ਹਸਪਤਾਲ ਸੂਚੀਬੱਧ ਕੀਤੇ ਗਏ ਹਨ। ਉਨ੍ਹਾ ਕਿਹਾ ਕਿ ਲੋਕਾਂ ਨੂੰ ਹਸਪਤਾਲਾਂ ਬਾਰੇ ਜਾਣਕਾਰੀ ਦੇਣ ਲਈ ਸਾਰੇ ਆਮ ਆਦਮੀ ਕਲੀਨਿਕਾਂ ਵਿੱਚ ਸੂਚੀ ਲਾਈ ਜਾਵੇਗੀ। ਮੁੱਖ ਮੰਤਰੀ ਨੇ ਕਿਹਾ, ਕੈਨੇਡਾ ਵਰਗੇ ਵਿਕਸਤ ਮੁਲਕਾਂ ਵਿੱਚ ਵੀ ਇਲਾਜ ਲਈ ਸਿਹਤ ਬੀਮੇ ਦੀ ਕਿਸ਼ਤ ਭਰਨੀ ਪੈਂਦੀ ਹੈ, ਪਰ ਪੰਜਾਬ ਵਿੱਚ ਸਾਰਾ ਇਲਾਜ ਮੁਫ਼ਤ ਦਿੱਤਾ ਜਾ ਰਿਹਾ ਹੈ।

ਸਦਨ ਵਿੱਚੋਂ ਵਾਕਆਊਟ ਕਰਨ ਲਈ ਕਾਂਗਰਸੀ ਵਿਧਾਇਕਾਂ ਨੂੰ ਆੜੇ ਹੱਥੀਂ ਲੈਂਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਪਾਟੋਧਾੜ ਦਾ ਸ਼ਿਕਾਰ ਹੋਈ ਕਾਂਗਰਸ ਨੂੰ 2027 ਵਿੱਚ ਬਹੁਤ ਬੁਰੀ ਹਾਰ ਦਾ ਸਾਹਮਣਾ ਕਰਨਾ ਪਵੇਗਾ ਅਤੇ ਕਾਂਗਰਸ ਦੀ ਹਾਲਤ ਇਹ ਹੋਣੀ ਹੈ ਕਿ ਪੰਜਾਬ ਦੇ ਲੋਕਾਂ ਨੇ ਸਦਨ ਵਿੱਚ ਵਿਰੋਧੀ ਧਿਰ ਵਾਲੇ ਬੈਂਚ 'ਤੇ ਬੈਠਣ ਲਈ ਇਕ ਵਿਧਾਇਕ ਵੀ ਜਿਤਾ ਕੇ ਨਹੀਂ ਭੇਜਣਾ।

## ਮਹਿਲਾਵਾਂ ਨੂੰ ਬਰਾਬਰ...

ਜਾਂਦਾ ਹੈ। ਉਨ੍ਹਾਂ ਨੇ ਦਰਸਾਇਆ ਕਿ ਸਮਾਜ ਵਿੱਚ ਮੌਜੂਦ ਰਵਾਇਤੀ ਧਾਰਨਾਵਾਂ ਅਤੇ ਧਾਰਮਿਕ-ਸੰਸਕ੍ਰਿਤਿਕ ਢਾਂਚੇ ਅਕਸਰ ਮਹਿਲਾਵਾਂ ਦੀ ਸੰਭਾਵਨਾ ਨੂੰ ਸੀਮਿਤ ਕਰ ਦਿੰਦੇ ਹਨ। ਉਨ੍ਹਾ ਆਪਣੇ ਸੰਬੋਧਨ ਨੂੰ ਇੱਕ ਸੰਵੇਦਨਸ਼ੀਲ ਅਤੇ ਪ੍ਰੇਰਕ ਕਵਿਤਾ ਨਾਲ ਸਮਾਪਤ ਕੀਤਾ, ਜਿਸ ਨੇ ਹਾਜ਼ਰ ਭੈਣਾਂ 'ਤੇ ਡੂੰਘਾ ਪ੍ਰਭਾਵ ਛੱਡਿਆ।

ਇਸ ਮੌਕੇ ਯੂ ਟੀ ਚੰਡੀਗੜ੍ਹ ਦੀ ਜਨਰਲ ਸਕੱਤਰ ਵੀਨਾ ਜੰਮੂ ਨੇ ਸਫ਼ਲ ਪ੍ਰੋਗਰਾਮ ਦੀ ਮੁਬਾਰਕਬਾਦ ਦਿੰਦਿਆਂ ਪੰਜਾਬ ਇਸਤਰੀ ਸਭਾ ਦੀ ਆਗੂ ਟੀਮ ਦੀ ਸ਼ਲਾਘਾ ਕੀਤੀ। ਇਸ ਉਪਰੰਤ ਸੂਬਾ ਪ੍ਰਧਾਨ ਵੱਲੋਂ ਅਮਰੀਕਾ ਤੇ ਇਜ਼ਰਾਈਲ ਦੇ ਸਾਮਰਾਜੀ ਗਠਜੋੜ ਵਿਰੁੱਧ ਇਕ ਮਤਾ ਵੀ ਪੇਸ਼ ਕੀਤਾ ਗਿਆ, ਜਿਸ ਨੂੰ ਹਾਜ਼ਰ ਭੈਣਾਂ ਨੇ ਹੱਥ ਖੜ੍ਹੇ ਕਰਕੇ ਸਹਿਮਤੀ ਦਿੱਤੀ। ਪ੍ਰੋਗਰਾਮ ਦੌਰਾਨ ਮਹਿਲਾਵਾਂ ਦੇ ਹੱਕਾਂ, ਸਮਾਨਤਾ ਅਤੇ ਸਸ਼ਕਤੀਕਰਨ ਸੰਬੰਧੀ ਮਹੱਤਵਪੂਰਨ ਵਿਚਾਰਾਂ ਦੀ ਸਾਂਝ ਪਾਈ ਗਈ। ਅੰਤ ਵਿੱਚ ਮਹਿਲਾਵਾਂ ਦੀ ਤਰੱਕੀ, ਬਰਾਬਰੀ ਅਤੇ ਸਮਾਜਿਕ ਨਿਆਂ ਲਈ ਇਕੱਠੇ ਹੋ ਕੇ ਜਾਗਰੂਕਤਾ ਫੈਲਾਉਣ ਅਤੇ ਸੰਘਰਸ਼ ਨੂੰ ਅੱਗੇ ਵਧਾਉਣ ਦੀ ਲੋੜ 'ਤੇ ਜ਼ੋਰ ਦਿੱਤਾ ਗਿਆ। ਸਮਾਗਮ ਵਿੱਚ ਪੰਜਾਬ ਦੇ 12 ਜ਼ਿਲ੍ਹਿਆਂ ਤੋਂ 100 ਤੋਂ ਵੱਧ ਮਹਿਲਾਵਾਂ ਨੇ ਭਾਗ ਲਿਆ, ਜਿਸ ਨਾਲ ਇਹ ਪ੍ਰੋਗਰਾਮ ਮਹਿਲਾ ਏਕਤਾ, ਸਾਂਝ ਅਤੇ ਸਸ਼ਕਤੀਕਰਨ ਦਾ ਇੱਕ ਮਹੱਤਵਪੂਰਨ ਮੰਚ ਬਣਿਆ। ਇਸ ਉਪਰੰਤ ਡਾ. ਪਾਲ ਕੌਰ, ਡਾ ਜਸ਼ਨਪ੍ਰੀਤ ਕੌਰ ਅਤੇ ਕਾਰਤਿਕਾ ਨੂੰ ਸ਼ਾਲ ਦੇ ਕੇ ਸਨਮਾਨਤ ਕੀਤਾ ਗਿਆ।

ਹੋਰਨਾਂ ਤੋਂ ਇਲਾਵਾ ਰੁਪਿੰਦਰ ਮਾੜੀਮੇਘਾ, ਬਲਜੀਤ ਗਦਾਈਆ, ਸੁਦੇਸ਼ ਕੁਮਾਰੀ, ਨਸੀਬ ਕੌਰ, ਪ੍ਰੇਮ ਲਤਾ, ਗੁਰਬਖਸ਼ ਰਾਹੋਂ, ਤ੍ਰਿਪਤ ਕਾਲੀਆ, ਜੋਗਿੰਦਰ ਕੌਰ, ਸੁਰਜੀਤ ਕਾਲੜਾ, ਸੁਰਿੰਦਰ ਧੂਰੀ, ਕੁਸਮ ਲਤਾ, ਹਰਸ਼ਰਨ ਕੌਰ, ਖੁਸ਼ਪਿੰਦਰ ਚੌਹਾਨ, ਪਰਮਜੀਤ ਕੌਰ, ਰਵੀ ਕਾਂਤਾ, ਨਤਾਸ਼ਾ, ਹਰਪ੍ਰੀਤ ਮਲੋਟ, ਸਵਰਨ ਕਾਂਤਾ, ਜਸਬੀਰ ਕੌਰ ਆਦਿ ਹਾਜ਼ਰ ਸਨ। ਅਖੀਰ ਵਿੱਚ ਸੂਬਾ ਪ੍ਰਧਾਨ ਵੱਲੋਂ ਵਰਕਿੰਗ ਪ੍ਰਧਾਨ ਗਰਗੀ ਚਕ੍ਰਵਰਤੀ, ਮਨਜੀਤ ਗਾਮੀਵਾਲਾ, ਸੁਮਿਤਰਾ ਤੇ ਹਰਜੀਤ ਢੰਡੀਆਂ ਦੀ ਭਾਬੀ ਅਤੇ ਗੁਰਬਖਸ਼ ਰਾਹੋਂ ਦੀ ਭੈਣ ਦੀ ਬੇਵਕਤ ਮੌਤ ਉਤੇ ਡੂੰਘਾ ਦੁੱਖ ਪ੍ਰਗਟ ਕੀਤਾ ਅਤੇ ਪੰਜਾਬ ਭਰ ਤੋਂ ਪਹੁੰਚੀਆਂ ਭੈਣਾਂ ਦਾ ਧੰਨਵਾਦ ਕਰਦਿਆਂ ਜਨਰਲ ਸਕੱਤਰ ਨਰਿੰਦਰ ਸੋਹਲ ਦੀ ਅਣਥੱਕ ਮਿਹਨਤ ਦੀ ਸ਼ਲਾਘਾ ਕੀਤੀ।

## ਬਜਟ ਅਸਲ 'ਚ ...

ਦੇ ਸਹੀ ਤਰ੍ਹਾਂ ਅਮਲ ਵਿੱਚ ਆ ਸਕਣ ਬਾਰੇ ਵੀ ਸ਼ੰਕੇ ਉਠਣ ਲੱਗਦੇ ਹਨ।

ਸੂਬਾ ਸਕੱਤਰ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਆਉਣ ਵਾਲੇ ਦਹਾਕਿਆਂ ਤੱਕ ਦੇ ਲੋਕਾਂ ਦੇ ਵਿਕਾਸ ਦੇ ਦਾਅਵੇ ਕੀਤੇ ਜਾ ਰਹੇ ਹਨ। ਇਨ੍ਹਾਂ ਗੱਲਾਂ ਵੇਲੇ ਸਰਕਾਰ ਸ਼ਾਇਦ ਭੁੱਲ ਜਾਂਦੀ ਹੈ ਕਿ ਪੰਜਾਬ ਸਿਰ ਚਾਰ ਲੱਖ ਕਰੋੜ ਰੁਪਏ ਦਾ ਕਰਜ਼ੇ ਦਾ ਬੋਝ ਹੈ। ਅਗਲੇ ਮਹੀਨਿਆਂ ਵਿੱਚ ਕਰਜ਼ੇ ਦੀ ਪੰਡ ਹੋਰ ਭਾਰੀ ਹੋ ਜਾਣ ਦੇ ਆਸਾਰ ਹਨ। ਅਜਿਹੀਆਂ ਪ੍ਰਸਥਿਤੀਆਂ ਵਿੱਚ 'ਰੰਗਲਾ ਪੰਜਾਬ' ਬਣਾਉਣ ਦੀਆਂ ਸਰਕਾਰੀ ਗੱਲਾਂ 'ਤੇ ਉਂਗਲ ਉਠਣੀ ਸੁਭਾਵਕ ਹੈ। ਉਨ੍ਹਾ ਫਿਰ ਦੁਹਰਾਇਆ ਕਿ ਬਜਟ 'ਚੋਣ ਬਜਟ' ਹੋਣ ਤੋਂ ਸਿਵਾਏ ਕੁਝ ਵੀ ਨਹੀਂ।

ਇਸ ਮੌਕੇ ਹਰਦੇਵ ਸਿੰਘ ਅਰਸ਼ੀ ਸਾਬਕਾ ਵਿਧਾਇਕ, ਨਿਰਮਲ ਸਿੰਘ ਧਾਲੀਵਾਲ ਜਨਰਲ ਸਕੱਤਰ ਏਟਕ ਤੇ ਹੋਰ ਆਗੂ ਵੀ ਮੌਜੂਦ ਸਨ।

## ਬਜਟ ਨੇ ਖੇਤ ...

1500 ਤੋਂ ਵਧਾ ਕੇ 2500 ਰੁਪਏ ਕੀਤੀ ਜਾਵੇਗੀ। ਪੇਸ਼ ਕੀਤਾ ਗਿਆ ਬਜਟ ਇਸ ਗਰੰਟੀ ਬਾਰੇ ਚੁੱਪ ਹੈ। ਦਾਅਵੇ ਇਹ ਕੀਤੇ ਜਾ ਰਹੇ ਹਨ ਕਿ ਆਖਰੀ ਗਰੰਟੀ ਵੀ ਪੂਰੀ ਕਰ ਦਿੱਤੀ ਗਈ ਹੈ।

ਇਸ ਤੋਂ ਇਲਾਵਾ ਮਜ਼ਦੂਰ ਜਥੇਬੰਦੀਆਂ ਦੀ ਪੈਨਸ਼ਨ ਲੱਗਣ ਦੀ ਉਮਰ 65 ਸਾਲ ਤੋਂ ਘਟਾ ਕੇ 60 ਸਾਲ ਕੀਤੇ ਜਾਣ ਦੀ ਮੰਗ ਵੀ ਨਹੀਂ ਮੰਨੀ ਗਈ। ਲਗਦਾ ਇਹ ਹੈ ਕਿ ਮਜ਼ਦੂਰਾਂ ਦੀਆਂ ਮੰਗਾਂ ਖੂਹ-ਖਾਤੇ ਪਾ ਦਿੱਤੀਆਂ ਗਈਆਂ ਹਨ। ਮਜ਼ਦੂਰ ਆਗੂਆਂ ਨੇ ਮੰਗ ਕੀਤੀ ਕਿ ਬੁਢਾਪਾ, ਵਿਧਵਾ ਤੇ ਅੰਗਹੀਣਾਂ ਦੀ ਪੈਨਸ਼ਨ 5000 ਰੁਪਏ ਕੀਤੀ ਜਾਵੇ। ਇਸ ਮੌਕੇ ਖੇਤ ਮਜ਼ਦੂਰਾਂ ਦੀਆਂ ਮੰਗਾਂ ਪੂਰੀਆਂ ਕਰਨ ਦੀ ਜ਼ੋਰਦਾਰ ਮੰਗ ਕੀਤੀ ਗਈ।

**ਨਵਾਂ ਜ਼ਮਾਨਾ**
**ਪੋਸਟ ਬਾਕਸ ਨੰ. 134**

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.

ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।

**ਫੋਨ ਨੰਬਰ ਪ੍ਰਬੰਧਕੀ ਵਿਭਾਗ** : 0181-5097300, **ਸਮਾਚਾਰ ਵਿਭਾਗ** : 0181-5097310, **ਈ-ਮੇਲ** : nawanzamana@gmail.com * **Web** : www.nawanzamana.in

## ਬਜਟ ਕਿਸੇ ਵੀ ਪੱਖੋਂ ਕਿਸਾਨਾਂ ਤੇ ਮਜ਼ਦੂਰਾਂ ਦੇ ਪੱਖ 'ਚ ਨਹੀਂ : ਡਾ. ਅਜਨਾਲਾ

**ਅਜਨਾਲਾ (ਸੁਖਤਿੰਦਰ ਸਿੰਘ ਰਾਜੂ)**- ਪੰਜਾਬ ਸਰਕਾਰ ਦੇ ਖਜ਼ਾਨਾ ਮੰਤਰੀ ਹਰਪਾਲ ਸਿੰਘ ਚੀਮਾ ਨੇ ਜਿਹੜਾ ਦੋ ਲੱਖ 60437 ਕਰੋੜ ਦਾ ਬਜਟ ਪੇਸ਼ ਕੀਤਾ ਇਹ ਚੋਣ ਬਜਟ ਹੈ। ਬਜਟ ਕਿਸੇ ਪੱਖੋਂ ਵੀ ਨਾ ਕਿਸਾਨਾਂ, ਨਾ ਮਜ਼ਦੂਰਾਂ, ਨਾ ਔਰਤਾਂ ਅਤੇ ਨਾ ਹੀ ਨੌਜਵਾਨਾਂ ਨੂੰ ਕੋਈ ਰਾਹ ਦਿੰਦਾ ਹੈ। ਖੇਤੀ ਮਾਹਰ ਡਾ. ਸਤਨਾਮ ਸਿੰਘ ਅਜਨਾਲਾ ਸੂਬਾ ਪ੍ਰਧਾਨ ਜਮਹੂਰੀ ਕਿਸਾਨ ਸਭਾ ਪੰਜਾਬ ਤੇ ਪ੍ਰਮੁੱਖ ਆਗੂ ਸੰਯੁਕਤ ਕਿਸਾਨ ਮੋਰਚਾ ਨੇ ਸਖਤ ਟਿੱਪਣੀ ਕਰਦਿਆਂ ਦੱਸਿਆ ਕਿ ਪੰਜਾਬ ਇਸ ਵੇਲੇ ਵੀ ਘੱਟੋ-ਘੱਟ 29 ਤੋਂ 30 ਫੀਸਦੀ ਸੂਬੇ ਦੀ ਕੁੱਲ ਆਮਦਨੀ ਵਿੱਚ ਹਿੱਸਾ ਪਾ ਰਿਹਾ ਹੈ ਅਤੇ ਕੋਈ 65 ਤੋਂ 70 ਫੀਸਦੀ ਸਿੱਧਾ ਜਾਂ ਅਸਿੱਧਾ ਪੰਜਾਬ ਦੇ ਲੋਕਾਂ ਨੂੰ ਰੁਜ਼ਗਾਰ ਦੇ ਰਿਹਾ ਹੈ ਪ੍ਰੰਤੂ ਬੜੇ ਹੀ ਅਫਸੋਸ ਦੀ ਗੱਲ ਹੈ ਕਿ ਖੇਤੀਬਾੜੀ ਦਾ ਬਜਟ ਸਿਰਫ ਤੇ ਸਿਰਫ 6 ਫੀਸਦੀ ਰੱਖਿਆ ਗਿਆ ਹੈ ਜਿਹੜਾ ਕੇ ਘੱਟੋ ਘੱਟ 20 ਫੀਸਦੀ ਚਾਹੀਦਾ ਸੀ।ਡਾ. ਅਜਨਾਲਾ ਨੇ ਦੱਸਿਆ ਕਿ ਜਦੋਂ ਸਰਕਾਰ ਬਣਨ ਮੌਕੇ ਇਨ੍ਹਾਂ ਨੇ ਵਾਅਦਾ ਕੀਤਾ ਸੀ ਕਿ ਅਸੀਂ ਬਾਸਮਤੀ ਅਤੇ ਸਬਜ਼ੀਆਂ 'ਤੇ ਐੱਮਐੱਸਪੀ ਦਵਾਂਗੇ ਜਦੋਂ ਕਿ ਇਹ ਬਜਟ ਇਸ ਬਾਰੇ ਬਿਲਕੁਲ ਚੁੱਪ ਹੈ ਜਦੋਂ ਕਿ ਇਨ੍ਹਾਂ ਦਿਨਾਂ ਵਿੱਚ ਐੱਮਐੱਸਪੀ ਨਾ ਹੋਣ ਕਰਕੇ ਕਿਸਾਨਾਂ ਦੇ ਆਲੂ ਸੜਕਾਂ ਉਤੇ ਰੁਲ ਰਹੇ ਹਨ।ਜੇਕਰ ਇਸ ਉਤੇ ਆਲੂ, ਮਟਰ, ਪਿਆਜ਼, ਟਮਾਟਰ ਅਤੇ ਗੋਭੀ ਆਦਿ ਸਬਜ਼ੀਆਂ ਤੇ ਘੱਟੋ-ਘੱਟ 12 ਰੁਪਏ ਹੀ ਐੱਮਐੱਸਪੀ ਹੁੰਦੀ ਤਾਂ ਕਿਸਾਨਾਂ ਦੀਆਂ ਸਬਜ਼ੀਆਂ ਵੀ ਨਾ ਰੁਲਦੀਆਂ ਅਤੇ ਖਪਤਕਾਰਾਂ ਨੂੰ ਸਬਜ਼ੀ ਸਸਤੇ ਭਾਅ ਉਤੇ ਸਾਰਾ ਸਾਲ ਮਿਲਦੀ।ਇਸੇ ਤਰ੍ਹਾ ਬਾਸਮਤੀ ਤੇ ਐੱਮਐੱਸਪੀ ਨਾ ਹੋਣ ਕਾਰਨ ਬਾਸਮਤੀ ਉਤਪਾਦਕ ਪਿਛਲੇ ਸਾਲਾਂ ਤੋਂ ਬੜੇ ਘਾਟੇ ਵਿੱਚ ਚੱਲ ਰਹੇ ਹਨ।ਖੇਤੀ ਮਾਹਰ ਅਜਨਾਲਾ ਨੇ ਕਿਹਾ ਕਿ ਜਿਹੜੀ ਪੰਜਾਬ ਸਰਕਾਰ ਵੱਲੋਂ ਆਪਣੀ ਰਸੋਈ ਸਕੀਮ ਦਾ ਪ੍ਰਚਾਰ ਕੀਤਾ ਜਾ ਰਿਹਾ ਅਜਿਹੀਆਂ ਬਹੁਤ ਸਾਰੇ ਸੂਬਿਆਂ ਵਿੱਚ ਸਕੀਮਾਂ ਚਲੀਆਂ ਜਿਨ੍ਹਾਂ ਦਾ ਲੋਕਾਂ ਨੂੰ ਖਾਸ ਲਾਭ ਨਹੀਂ ਹੋਇਆ ਕਿਉਂਕਿ ਇਸ ਵਿੱਚ ਜਿਹੜੇ ਖੁਰਾਕ ਦੇ ਮਾਪ ਦੰਡ ਅਪਣਾਏ ਗਏ ਉਹ ਜ਼ਰੂਰਤ ਤੋਂ ਕੋਹਾਂ ਦੂਰ ਹਨ।ਉਨ੍ਹਾਂ ਦੱਸਿਆ ਕਿ ਅਜਿਹੀਆਂ ਸਕੀਮਾਂ ਨਾਲੋਂ ਚਾਹੀਦਾ ਇਹ ਹੈ ਕਿ ਲੋਕਾਂ ਦੀ ਖਰੀਦ ਸ਼ਕਤੀ ਵਧਾਈ ਜਾਵੇ ਜਿਹੜੀ ਕਿ ਲੋਕਾਂ ਨੂੰ ਰੁਜ਼ਗਾਰ ਦੇ ਕੇ ਕੀਤੀ ਜਾ ਸਕਦੀ ਹੈ।ਸਾਡੇ ਪੰਜਾਬ ਵਿੱਚ ਤਕਰੀਬਨ 60% ਆਬਾਦੀ ਨੌਜਵਾਨਾਂ ਦੀ ਹੈ। ਜੇਕਰ ਪੰਜ ਕਿਲੋਮੀਟਰ ਦੇ ਦਾਇਰੇ ਵਿੱਚ ਖੇਤੀ ਅਧਾਰਤ ਸਨਅਤਾਂ ਲਗਾਈਆਂ ਜਾਣ ਅਤੇ ਕਸਬਿਆਂ ਸ਼ਹਿਰਾਂ ਵਿੱਚ ਕਾਰਖਾਨੇ ਵਿੱਚ ਵੱਡੀਆਂ ਸਨਅਤਾਂ ਦੀ ਬਜਾਏ ਛੋਟੀਆਂ ਅਤੇ ਦਰਮਿਆਨੇ ਕਿਸਮ ਦੀਆਂ ਸਨਅਤਾਂ ਲਗਾਈਆਂ ਜਾਣ ਤਾਂ ਪੰਜਾਬ ਆਉਂਦੇ ਤਿੰਨਾਂ ਸਾਲਾਂ ਵਿੱਚ ਦੁਬਾਰਾ ਹਰਿਆ ਭਰਿਆ ਹੋ ਸਕਦਾ ਹੈ।



## ਵਿਸ਼ਵ ਮਹਿਲਾ ਦਿਵਸ ਮੌਕੇ ਬਜਟ ਦੌਰਾਨ ਮਹਿਲਾਵਾਂ ਨੂੰ ਪੰਜਾਬ ਸਰਕਾਰ ਨੇ ਦਿੱਤਾ ਤੋਹਫਾ : ਸੇਖਵਾਂ

**ਧਾਰੀਵਾਲ, (ਮਨਦੀਪ ਵਿੱਕੀ)**- ਪੰਜਾਬ ਸਰਕਾਰ ਵੱਲੋਂ ਅੱਜ ਪੇਸ਼ ਕੀਤੇ ਬਜਟ ਦਾ ਵੱਡੀ ਸਕਰੀਨ ਤੇ ਲਾਈਵ ਵੇਖਣ ਲਈ ਸਰਪੰਚ ਹਰਪਾਲ ਸਿੰਘ ਕੰਗ ਵੱਲੋਂ ਜਿਲ੍ਹਾ ਪ੍ਰੀਸ਼ਦ ਮੈਂਬਰ ਬਲਜੀਤ ਸਿੰਘ ਸੋਨੂੰ ਸੋਹਲ ਸਰਪੰਚ ਦੇ ਸਹਿਯੋਗ ਨਾਲ ਨਿਊ ਖਾਲਸਾ ਪੈਲੇਸ ਧਾਰੀਵਾਲ ਵਿਖੇ ਪ੍ਰਭਾਵਸ਼ਾਲੀ ਸਮਾਗਮ ਕਰਵਾਇਆ ਗਿਆ।ਸਮਾਗਮ ਵਿੱਚ ਵੱਡੀ ਗਿਣਤੀ 'ਚ ਮਹਿਲਾਵਾਂ ਨੇ ਪੂਰੇ ਉਤਸ਼ਾਹ ਨਾਲ ਪੰਜਾਬ ਸਰਕਾਰ ਵੱਲੋ ਪੇਸ਼ ਕੀਤੇ ਬਜਟ ਦਾ ਲਾਈਵ ਵੱਡੀ ਸਕਰੀਨ ਤੇ ਵੇਖਿਆ।ਬਜਟ ਦੌਰਾਨ ਔਰਤਾਂ ਨੂੰ ਇੱਕ-ਇੱਕ ਹਜ਼ਾਰ ਰੁਪਏ ਅਤੇ ਐੱਸ. ਸੀ. ਮਹਿਲਾਵਾਂ ਨੂੰ ਪੰਦਰਾਂ ਪੰਦਰਾਂ ਸੌ ਰੁਪਏ ਦੇਣ ਦੇ ਐਲਾਨ ਨਾਲ ਇੱਕਤਰ ਮਹਿਲਾਵਾਂ ਦੇ ਚਿਹਰੇ ਖੁਸ਼ੀ ਨਾਲ ਖਿੜ ਗਏ।ਸਮਾਗਮ ਦੌਰਾਨ ਵਿਸ਼ੇਸ ਤੌਰ 'ਤੇ ਪਹੁੰਚੇ ਆਮ ਆਦਮੀ ਪਾਰਟੀ ਦੇ ਹਲਕਾ ਕਾਦੀਆਂ ਇੰਚਾਰਜ ਐਡੋਵਕੇਟ ਜਗਰੂਪ ਸਿੰਘ ਸੇਖਵਾਂ ਅਤੇ ਉਨ੍ਹਾਂ ਦੀ ਧਰਮਪਤਨੀ ਬਹਾਰਪ੍ਰੀਤ ਕੌਰ ਸੇਖਵਾਂ ਨੇ ਮਹਿਲਾਵਾਂ ਨੂੰ ਵਿਸ਼ਵ ਮਹਿਲਾ ਦਿਵਸ ਦੀ ਵਧਾਈ ਦਿੰਦੇ ਹੋਏ ਪੰਜਾਬ ਸਰਕਾਰ ਵੱਲੋਂ ਪੇਸ਼ ਕੀਤੇ ਬਜਟ ਦੀ ਸ਼ਲਾਘਾ ਕੀਤੀ।ਐਡੋਵਕੇਟ ਜਗਰੂਪ ਸਿੰਘ ਸੇਖਵਾਂ ਨੇ ਕਿਹਾ ਕਿ ਆਮ ਆਦਮੀ ਪਾਰਟੀ ਨੇ ਜੋ ਗਰੰਟੀਆਂ ਪੰਜਾਬ ਵਾਸੀਆਂ ਨੂੰ ਦਿੱਤੀਆਂ ਸਨ ਕਰੀਬ ਸਾਰੀਆਂ ਹੀ ਪੂਰੀਆਂ ਕੀਤੀਆਂ ਜਾ ਚੁੱਕੀਆਂ ਅਤੇ ਅੱਜ ਮਹਿਲਾਵਾਂ ਨੂੰ ਇੱਕ-ਇੱਕ ਹਜ਼ਾਰ ਰੁਪਏ ਅਤੇ ਐੱਸ. ਸੀ. ਮਹਿਲਾਵਾਂ ਨੂੰ ਪੰਦਰਾਂ ਪੰਦਰਾਂ ਸੌ ਰੁਪਏ ਦੇਣ ਦੇ ਐਲਾਨ ਨਾਲ ਸਾਰੀਆਂ ਗਰੰਟੀਆਂ ਪੂਰੀਆਂ ਹੋ ਗਈਆਂ ਹਨ।ਐਡਵਕੋਟ ਜਗਰੂਪ ਸਿੰਘ ਸੇਖਵਾਂ ਨੇ ਕਿਹਾ 9 ਮਾਰਚ ਨੂੰ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਕਾਹਨੂੰਵਾਨ ਵਿਖੇ ਦਾਣਾ ਮੰਡੀ ਵਿੱਚ ਪਹੁੰਚ ਕੇ ਵਿਧਾਨ ਸਭਾ ਹਲਕਾ ਕਾਦੀਆਂ ਦੇ ਵਿਕਾਸ ਕਾਰਜਾਂ ਸਬੰਧੀ ਵੱਡੇ ਵੱਡੇ ਐਲਾਨ ਕਰਨਗੇ।ਉਨ੍ਹਾਂ ਨੇ ਹਲਕਾ ਕਾਦੀਆਂ ਦੇ ਲੋਕਾਂ ਨੂੰ ਅਪੀਲ ਕੀਤੀ ਕਿ 9 ਮਾਰਚ ਨੂੰ ਸਵੇਰੇ 11 ਵਜੇ ਕਾਹਨੂੰਵਾਨ ਦਾਣਾ ਮੰਡੀ ਵਿਖੇ ਵਿਸ਼ਾਲ ਰੈਲੀ ਵਿੱਚ ਪਹੁੰਚ ਕੇ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੇ ਵਿਚਾਰ ਸੁਣਨ।ਇਸ ਮੌਕੇ ਨਗਰ ਕੌਂਸਲ ਪ੍ਰਧਾਨ ਅਸ਼ਵਨੀ ਦੁੱਗਲ, ਵਾਈਸ ਪ੍ਰਧਾਨ ਦੀਪਕ ਕੁਮਾਰ ਰਿੰਟੂ, ਰਕੇਸ਼ ਵਿਲੀਅਮ ਰੌਕੀ, ਹਰਭਜਨ ਸਿੰਘ ਸੇਖੋਂ, ਹਰਜੀਤ ਸਿੰਘ ਟਿੱਕਾ, ਨੌਨੀ ਖੋਸਲਾ, ਸਰਪੰਚ ਗੁਰਮੀਤ ਸਿੰਘ, ਜਗਦੀਸ਼ ਧਾਰੀਵਾਲ, ਜਿਲ੍ਹੇਦਾਰ ਗੁਰਬਚਨ ਸਿੰਘ, ਮਨਮੋਹਨਜੀਤ ਸਿੰਘ ਗਿੱਲ, ਰਿਟਾ. ਬੀ. ਡੀ. ਪੀ. ਓ. ਜਗੀਰ ਸਿੰਘ, ਰੋਹਿਤ ਕੁਮਾਰ, ਸੇਖਵਾਂ ਦੇ ਰਾਜਨਿਤਕ ਐਡਵਾਈਜ਼ਰ ਰੌਕੀ ਔਲਖ ਸਹਾਰੀ, ਪੀ. ਏ. ਦਲਜੀਤ ਸਿੰਘ, ਪੀਐੱਸਓ ਥਾਣੇਦਾਰ ਸੁਰਜੀਤ ਸਿੰਘ ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਮਹਿਲਾਵਾਂ ਹਾਜ਼ਰ ਸਨ।



## ਪੰਜਾਬ ਸਰਕਾਰ ਦਾ ਬਜਟ ਪੈਨਸ਼ਨਰਾਂ ਤੇ ਮੁਲਾਜ਼ਮਾਂ ਵਿਰੋਧੀ : ਸੁਰਿੰਦਰ ਪੱਪੂ

**ਗੁਰਦਾਸਪੁਰ (ਜਨਕ ਮਹਾਜਨ)**- ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਤੇ ਟਰਸਕੋ ਦੇ ਪੈਨਸ਼ਨਰ ਐਸੋਸੀਏਸ਼ਨ ਸਰਕਲ ਗੁਰਦਾਸਪੁਰ ਦੇ ਸਕੱਤਰ ਸੁਰਿੰਦਰ ਪੱਪੂ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਪੰਜਾਬ ਸਰਕਾਰ ਦੇ ਆਖਰੀ ਬਜਟ ਸੈਸ਼ਨ ਵਿੱਚ ਆਪਣੀਆਂ ਮੰਗਾਂ ਪ੍ਰਤੀ ਕਾਫੀ ਆਸ ਸੀ ਪ੍ਰੰਤੂ ਪੰਜਾਬ ਸਰਕਾਰ ਨੇ ਬਜਟ ਸੈਸ਼ਨ ਵਿੱਚ ਮੁਲਾਜ਼ਮਾਂ ਤੇ ਪੈਨਸ਼ਨਾਂ ਦੀਆਂ 16 ਫੀਸਦੀ ਡੀ.ਏ ਅਤੇ ਉਸ ਦਾ ਪਿਛਲਾ ਬਕਾਇਆ, 2.5 ਗੁਣਾਕ ਨਾਲ ਪੈਨਸ਼ਨ ਵਿੱਚ ਵਾਧਾ ਨਾ ਕਰਕੇ ਇਸ ਬਜਟ ਵਿੱਚ ਪੈਨਸ਼ਨਰਾਂ ਤੇ ਮੁਲਾਜ਼ਮਾਂ ਨੂੰ ਨਿਰਾਸ਼ ਕੀਤਾ ਹੈ। ਵੱਖ-ਵੱਖ ਜਥੇਬੰਦੀਆਂ ਵੱਲੋਂ ਮੰਗਾਂ ਮਨਵਾਉਣ ਲਈ ਵਿਧਾਨ ਸਭਾ ਵੱਲ ਮਾਰਚ ਕਰਨ ਵਾਲੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ 'ਤੇ ਪਾਣੀ ਦੀਆਂ ਬੁਛਾਰਾਂ ਅਤੇ ਲਾਠੀਚਾਰਜ ਕਰਨ ਦੀ ਸਖਤ ਸ਼ਬਦਾਂ ਵਿੱਚ ਨਿੰਦਾ ਕੀਤੀ ਗਈ। ਉਨ੍ਹਾਂ ਕਿਹਾ 10 ਮਾਰਚ ਨੂੰ ਇਸ ਤੋਂ ਵੀ ਤਿੱਖਾ ਸੰਘਰਸ਼ ਕਰਦੇ ਹੋਏ ਪੈਨਸ਼ਨਰ ਮੁਹਾਲੀ ਫੇਸ 6 ਵਿੱਚ ਇਕੱਠੇ ਹੋ ਕੇ ਮਾਰਚ ਕਰਨਗੇ ਜੇਕਰ ਫਿਰ ਵੀ ਮੰਗਾਂ ਨਾ ਮੰਨੀਆਂ ਤਾਂ ਸੂਬਾ ਕਮੇਟੀ ਦੇ ਸੱਦੇ 'ਤੇ ਸੰਘਰਸ਼ ਨੂੰ ਮੁਲਾਜ਼ਮ ਪੈਨਸ਼ਨਰ ਸਾਂਝਾ ਫਰੰਟ ਦੀ ਅਗਵਾਈ ਹੇਠ ਹੋਰ ਤੇਜ਼ ਕੀਤਾ ਜਾਵੇਗਾ ਤਾਂ ਜੋ ਪੈਨਸ਼ਨਰਾਂ ਦੀਆਂ ਮੰਗਾਂ ਮਨਵਾਈਆਂ ਜਾ ਸਕਣ ।



## ਪੰਡੋਰੀ ਮਹੰਤਾਂ ਦੇ ਜੇ ਈ 'ਤੇ ਅਣਪਛਾਤੇ ਵਿਅਕਤੀਆਂ ਵੱਲੋਂ ਜਾਨਲੇਵਾ ਹਮਲਾ

**ਗੁਰਦਾਸਪੁਰ (ਅਸ਼ੋਕ ਸ਼ਰਮਾ)**- ਪੁਲਸ ਸਟੇਸ਼ਨ ਪੁਰਾਣਾ ਸ਼ਾਲਾ ਅੰਦਰ ਪੈਂਦੀ ਸਬ ਡਵੀਜ਼ਨ ਪਾਵਰਕਾਮ ਪੰਡੋਰੀ ਮਹੰਤਾਂ ਦੇ ਜੇ. ਈ. 'ਤੇ ਕੁਝ ਅਣਪਛਤੇ ਵਿਅਕਤੀਆਂ ਵੱਲੋਂ ਜਾਨਲੇਵਾ ਹਮਲਾ ਕਰਕੇ ਗੰਭੀਰ ਰੂਪ ਵਿੱਚ ਜ਼ਖਮੀ ਕਰਨ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਜੇ. ਈ. ਠਾਕਰ ਬਲਵੀਰ ਸਿੰਘ ਵਾਸੀ ਸਧਾਨਾ ਨੇ ਦੱਸਿਆ ਕਿ ਉਹ ਸਵੇਰੇ ਆਪਣੀ ਡਿਊਟੀ 'ਤੇ ਪੰਡੋਰੀ ਮਹੰਤਾ ਨੂੰ ਜਾ ਰਿਹਾ ਸੀ ਅਤੇ ਪਿੰਡ ਤੋਂ ਕੁਝ ਦੂਰ ਹੀ ਪੁਲੀ ਉਤੇ ਇੱਕ ਵਿਅਕਤੀ ਨੇ ਰੋਕਿਆ ਤੇ ਬਾਕੀ ਚਾਰ ਅਣਪਛਾਤੇ ਵਿਅਕਤੀਆਂ ਨੇ ਤੇਜ਼ ਹਥਿਆਰਾਂ ਨਾਲ ਹਮਲਾ ਕਰ ਦਿੱਤਾ ਜਿਸ ਨਾਲ ਉਸ ਦੇ ਸਿਰ ਅਤੇ ਬਾਹਾਂ 'ਤੇ ਕਾਫੀ ਸੱਟਾਂ ਲੱਗੀਆ। ਲੋਕਾਂ ਨੇ ਉਸ ਨੂੰ ਇੱਕ ਨਿੱਜੀ ਡਾਕਟਰ ਕੋਲ ਪਹੁੰਚਾਇਆ। ਮੱਲ੍ਹਮ ਪੱਟੀ ਕਰਨ ਤੋਂ ਬਾਅਦ ਆਪਣੇ ਮੁਲਾਜ਼ਮ ਸਾਥੀਆਂ ਨਾਲ ਥਾਣਾ ਪੁਰਾਣਾ ਵਿਖੇ ਸ਼ਿਕਾਇਤ ਦੇ ਕੇ ਕਥਿਤ ਦੋਸ਼ੀਆਂ ਖਿਲਾਫ ਕਾਰਵਾਈ ਦੀ ਮੰਗ ਕੀਤੀ ਹੈ। ਉਨ੍ਹਾਂ ਦੱਸਿਆ ਕਿ ਦੋਸ਼ੀਆਂ ਵਿਚ ਚਾਰ ਵਿਅਕਤੀ ਸ਼ਾਮਿਲ ਹਨ। ਪੰਡੋਰੀ ਮਹੰਤਾਂ ਦੀ ਯੂਨੀਅਨ ਨੇ ਜ਼ਿਲ੍ਹਾ ਪੁਲਸ ਮੁਖੀ ਗੁਰਦਾਸਪੁਰ ਪਾਸੋਂ ਮੰਗ ਕੀਤੀ ਗਈ ਕਿ ਜੇ. ਈ. 'ਤੇ ਹਮਲਾ ਕਰਨ ਵਾਲਿਆਂ ਕਥਿਤ ਦੋਸ਼ੀਆਂ ਨੂੰ ਗ੍ਰਿਫਤਾਰ ਕਰਕੇ ਸਾਨੂੰ ਇਨਸਾਫ ਦਵਾਇਆ ਜਾਵੇ।



## ਅਸਲਾ ਭੰਡਾਰ ਬਿਆਸ ਦੇ ਆਲੇ-ਦੁਆਲੇ ਜਲਨਸ਼ੀਲ ਪਦਾਰਥਾਂ ਦੀ ਵਰਤੋਂ 'ਤੇ ਪਾਬੰਦੀ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਵਧੀਕ ਜ਼ਿਲ੍ਹਾ ਮੈਜਿਸਟਰੇਟ ਅੰਮ੍ਰਿਤਸਰ ਰੁਪਿੰਦਰ ਪਾਲ ਸਿੰਘ ਨੇ ਭਾਰਤੀ ਨਾਗਰਿਕ ਸੁਰੱਕਸ਼ਾ ਸਹਿੰਤਾ, 2023 ਦੀ ਧਾਰਾ 163 ਬੀ.ਐੱਨ.ਐੱਸ.ਐੱਸ. ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੋਇਆਂ ਅਸਲਾ ਭੰਡਾਰ ਬਿਆਸ ਦੇ ਆਲੇ-ਦੁਆਲੇ 1000 ਵਰਗ ਗਜ਼ ਦੇ ਖੇਤਰ ਵਿਚ ਲੋਕਾਂ ਦੁਆਰਾ ਜਲਨਸ਼ੀਲ ਪਦਾਰਥਾਂ ਦੀ ਵਰਤੋਂ ਕਰਨ ਅਤੇ ਅਣਅਧਿਕਾਰਤ ਉਸਾਰੀਆਂ 'ਤੇ ਮੁਕੰਮਲ ਪਾਬੰਦੀ ਲਗਾਉਣ ਦੇ ਹੁਕਮ ਜਾਰੀ ਕੀਤੇ ਹਨ।ਹੁਕਮਾਂ ਵਿਚ ਕਿਹਾ ਗਿਆ ਹੈ ਕਿ ਇਹ ਧਿਆਨ ਵਿਚ ਆਇਆ ਹੈ ਕਿ ਜ਼ਿਲ੍ਹਾ ਅੰਮ੍ਰਿਤਸਰ ਵਿਚ ਅਸਲਾ ਭੰਡਾਰ ਬਿਆਸ ਦੇ ਆਲੇ-ਦੁਆਲੇ 1000 ਵਰਗ ਗਜ਼ ਦੇ ਖੇਤਰ ਵਿਚ ਲੋਕਾਂ ਦੁਆਰਾ ਜਲਨਸ਼ੀਲ ਪਦਾਰਥਾਂ ਦੀ ਵਰਤੋਂ ਕਰਨ ਅਤੇ ਅਣਅਧਿਕਾਰਤ ਉਸਾਰੀਆਂ ਕੀਤੀਆਂ ਜਾ ਰਹੀਆਂ ਹਨ, ਜਿਸ ਨਾਲ ਕਿਸੇ ਅਣਸੁਖਾਵੀਂ ਘਟਨਾ ਦੇ ਵਾਪਰਨ ਦਾ ਡਰ ਬਣਿਆ ਰਹਿੰਦਾ ਹੈ।ਇਸ ਲਈ ਮਨੁੱਖੀ ਜਾਨਾਂ ਅਤੇ ਸਰਕਾਰੀ ਜਾਇਦਾਦ ਨੂੰ ਬਚਾਉਣ ਦੇ ਮੰਤਵ ਲਈ ਅਸਲਾ ਭੰਡਾਰ ਬਿਆਸ ਦੇ ਆਲੇ-ਦੁਆਲੇ 1000 ਵਰਗ ਗਜ਼ ਦੇ ਖੇਤਰ ਵਿਚ ਜਲਨਸ਼ੀਲ ਪਦਾਰਥਾਂ ਦੀ ਵਰਤੋਂ ਕਰਨ ਅਤੇ ਅਣਅਧਿਕਾਰਤ ਉਸਾਰੀਆਂ ਨਾ ਕਰਨ ਲਈ ਤੇਜ਼ੀ ਨਾਲ ਉਪਰਾਲੇ ਕਰਨ ਦੀ ਲੋੜ ਹੈ।ਇਹ ਪਾਬੰਦੀ ਦਾ ਹੁਕਮ 6 ਮਈ ਤੱਕ ਲਾਗੂ ਰਹੇਗਾ।

## ਕਾਹਨੂੰਵਾਨ ਵਿਖੇ ਹੋ ਰਹੀ ਸੂਬਾ ਪੱਧਰੀ ਰੈਲੀ ਲਈ 'ਆਪ' ਦਾ ਵੱਡਾ ਕਾਫ਼ਲਾ ਰਵਾਨਾ



**ਧਾਰੀਵਾਲ, (ਮਨਦੀਪ ਵਿੱਕੀ)**- ਆਮ ਆਦਮੀ ਪਾਰਟੀ ਵੱਲੋਂ ਕਾਹਨੂੰਵਾਨ ਵਿਖੇ ਰੱਖੀ ਸੂਬਾ ਪੱਧਰੀ ਰੈਲੀ ਲਈ ਪਿੰਡ ਭੈਣੀ ਬਾਂਗਰ ਤੋਂ ਐਕਸ ਸਰਵਿਸਮੈਨ ਵਿੰਗ ਦੇ ਜ਼ਿਲ੍ਹਾ ਪ੍ਰਧਾਨ ਬਲਵਿੰਦਰ ਸਿੰਘ ਸੋਨਾ ਬਾਜਵਾ ਦੀ ਅਗਵਾਈ ਹੇਠ ਵੱਡੇ ਕਾਫਲੇ ਲੋਕਾਂ ਦਾ ਵੱਡਾ ਕਾਫ਼ਲਾ ਰਵਾਨਾ ਹੋਇਆ ਅਤੇ ਵੱਡੀ ਗਿਣਤੀ ਲੋਕ ਆਪ ਮੁਹਾਰੇ ਰੈਲੀ ਵਿੱਚ ਸ਼ਾਮਲ ਹੋਏ।ਇਸ ਮੌਕੇ ਆਪ ਆਗੂ ਸੋਨਾ ਬਾਜਵਾ ਨੇ ਕਿਹਾ ਕਿ ਭਗਵੰਤ ਮਾਨ ਸਰਕਾਰ ਵੱਲੋਂ ਕੀਤੇ ਵਿਕਾਸ ਦੇ ਕੰਮਾਂ ਨੂੰ ਵੇਖਦੇ ਹੋਏ ਲੋਕ ਆਪ ਮੁਹਾਰੇ ਰੈਲੀ ਵਿਚ ਸ਼ਾਮਿਲ ਹੋਏ।ਇਸ ਮੌਕੇ ਹੋਰਨਾਂ ਤੋਂ ਇਲਾਵਾ ਪੰਚ ਗੁਰਮੀਤ ਸਿੰਘ, ਪੰਚ ਨਰਿੰਦਰ ਸਿੰਘ, ਜਨਕ ਰਾਜ ਪੰਚ, ਪੰਚ ਗੁਰਚਰਨ ਸਿੰਘ, ਪੰਚ ਮਨਜੀਤ ਸਿੰਘ ਬੰਟੀ, ਸੁਰਿੰਦਰ ਸਿੰਘ ਫੌਜੀ, ਪੰਚ ਪ੍ਰੇਮ ਲਾਲ, ਚਰਨਜੀਤ ਸਿੰਘ ਚੰਨ, ਦਵਿੰਦਰ ਸਿੰਘ ਫੌਜੀ, ਨਿਰਮਲ ਸਿੰਘ ਫੌਜੀ, ਧਿਆਨ ਸਿੰਘ, ਜਰਨੈਲ ਸਿੰਘ, ਹਰਪਾਲ ਸਿੰਘ ਸਾਗਰ, ਦੀਪਕ ਮਸੀਹ, ਬਲਦੇਵ ਸਿੰਘ, ਅਜੀਤ ਸਿੰਘ, ਰਾਜਾ ਟੇਲਰ, ਟੀਟਾ, ਰਮੇਸ਼ ਸਿੰਘ ਕਾਲਾ, ਸੁਦਾਗਰ ਸਿੰਘ ਆਦਿ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

## ਸ਼ਹਿਰ ਅੰਦਰ ਸੜਕਾਂ ਦੇ ਨਵੀਨੀਕਰਨ ਦਾ ਆਗਾਜ਼

**ਗੁਰਦਾਸਪੁਰ, (ਜਨਕ ਮਹਾਜਨ)**- ਲੋਕ ਨਿਰਮਾਣ ਵਿਭਾਗ ਗੁਰਦਾਸਪੁਰ ਦੇ ਐੱਸ. ਈ. ਹਰਜੋਤ ਸਿੰਘ ਦੀ ਯੋਗ ਅਗਵਾਈ ਅਤੇ ਜਸਪ੍ਰੀਤ ਸਿੰਘ ਕਾਰਜਕਾਰੀ ਇੰਜੀਨੀਅਰ ਦੀ ਦੇਖ-ਰੇਖ ਹੇਠ ਗੁਰਦਾਸਪੁਰ ਸ਼ਹਿਰ ਅੰਦਰ ਪੈਂਦੀਆਂ ਸੜਕਾਂ ਦੇ ਨਵੀਨੀਕਰਨ ਦਾ ਕੰਮ ਸ਼ੁਰੂ ਕਰ ਦਿੱਤਾ ਗਿਆ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਐਕਸੀਅਨ ਜਸਪ੍ਰੀਤ ਸਿੰਘ ਨੇ ਦੱਸਿਆ ਕਿ ਸੜਕਾਂ ਦੇ ਨਿਰਮਾਣ ਦਾ ਠੇਕਾ ਬਠਿੰਡਾ ਜ਼ਿਲ੍ਹੇ ਦੀ ਫਰਮ ਰਾਇਲ ਦੀਪ ਕੰਸਟਰਕਸ਼ਨ ਪ੍ਰਾਈਵੇਟ ਲਿਮਿਟਡ ਨੂੰ ਦਿੱਤਾ ਗਿਆ ਹੈ ਜੋ ਆਧੁਨਿਕ ਤਕਨੀਕ ਦੁਆਰਾ ਸਕੇਰੀਫਾਈ ਅਤੇ ਮਿਲਿੰਗ ਸਿਸਟਮ ਰਾਹੀਂ ਕੰਮ ਕਰ ਰਹੀ ਹੈ। ਇਸ ਨਾਲ ਸੜਕ ਨੂੰ ਮਸ਼ੀਨ ਦੁਆਰਾ ਹੀ ਨਿਸ਼ਚਿਤ ਹੱਦ ਤੱਕ ਨੀਵਾਂ ਪੁੱਟਿਆ ਜਾਂਦਾ ਹੈ ਅਤੇ ਉਸ ਲੈਵਲ ਤੱਕ ਹੀ ਪ੍ਰੀਮਿਕਸ ਆਦਿ ਪਾ ਕੇ ਸੜਕ ਨੂੰ ਬਣਾਇਆ ਜਾ ਰਿਹਾ ਹੈ ਜਿਸ ਨਾਲ ਸੜਕ ਦਾ ਲੈਵਲ ਉੱਚਾ ਨਹੀਂ ਹੋਵੇਗਾ। ਵਰਣਨਯੋਗ ਹੈ ਕਿ ਪਹਿਲਾਂ ਤਾਂ ਹਰ ਵਾਰ ਜਦੋਂ ਵੀ ਸੜਕ ਦੀ ਉਸਾਰੀ ਹੁੰਦੀ ਸੀ ਤਾਂ ਮੌਜੂਦਾ ਸੜਕ ਲੈਵਲ ਨਾਲੋਂ ਚਾਰ-ਪੰਜ ਇੰਚ ਉੱਚੀ ਹੋ ਜਾਂਦੀ ਸੀ ਜਿਸ ਨਾਲ ਪੰਜ-ਦਸ ਸਾਲ ਬਾਅਦ ਸੜਕ ਕੰਡੇ ਬਣੇ ਘਰ ਅਤੇ ਦੁਕਾਨਾਂ ਬਹੁਤ ਨੀਵੀਆਂ ਹੋ ਜਾਂਦੀਆਂ ਸਨ। ਉਨ੍ਹਾਂ ਦੱਸਿਆ ਕਿ ਇਹ ਸੜਕਾਂ ਬੱਬਰੀ ਬਾਈਪਾਸ ਤੋਂ ਲੈ ਕੇ ਬਰਿਆਰ ਬਾਈਪਾਸ, ਪੰਚਾਇਤ ਭਵਨ ਤੋਂ ਰੇਲਵੇ ਸਟੇਸ਼ਨ, ਬੀ. ਐੱਸ. ਐੱਫ ਰੋਡ ਤੋਂ ਹੁੰਦੀ ਹੋਈ ਮਿਲਟਰੀ ਏਰੀਏ ਵੱਲ, ਪੰਚਾਇਤ ਭਵਨ ਤੋਂ ਲਿਟਲ ਫਲਾਵਰ ਸਕੂਲ ਤੋਂ ਹੁੰਦੀ ਹੋਈ ਸ੍ਰੀ ਰਵਿਦਾਸ ਚੌਕ ਤੋਂ ਇਲਾਵਾ ਪੰਚਾਇਤ ਭਵਨ ਤੋਂ ਕਚਹਿਰੀਆਂ ਤੱਕ ਬਣਾਈਆਂ ਜਾਣਗੀਆਂ। ਉਨ੍ਹਾਂ ਦੱਸਿਆ ਕਿ ਸੜਕਾਂ ਦੀ ਚੌੜਾਈ ਲਗਭਗ 7 ਤੋਂ 10 ਮੀਟਰ ਤੱਕ ਹੋਵੇਗੀ। ਉਨ੍ਹਾਂ ਇਹ ਵੀ ਸਪਸ਼ਟ ਕੀਤਾ ਕਿ ਸੜਕ ਦੇ ਰੱਖ ਰਖਾਓ ਲਈ ਪੰਜ ਸਾਲ ਦਾ ਸਮਾਂ ਕੰਪਨੀ ਦੇ ਠੇਕੇਦਾਰ ਦਾ ਨਿਸ਼ਚਿਤ ਕੀਤਾ ਗਿਆ ਹੈ ਜਿਸ ਨਾਲ ਸੜਕ ਦਾ ਕੰਮ ਮੁਕੰਮਲ ਹੋਣ ਤੋਂ ਬਾਅਦ ਵੀ ਜ਼ਿੰਮੇਵਾਰੀ ਠੇਕੇਦਾਰ ਦੀ ਹੋਵੇਗੀ। ਇਸ ਮੌਕੇ ਉਨ੍ਹਾਂ ਨਾਲ ਐੱਸ. ਡੀ. ਓ. ਲਵਜੀਤ ਸਿੰਘ ਅਤੇ ਹੋਰ ਅਧਿਕਾਰੀ ਹਾਜ਼ਰ ਸਨ।



## ਵਿਦਿਆਰਥੀਆਂ ਤੇ ਮਾਪਿਆਂ ਲਈ ਦੋ ਦਿਨਾ ਕਰੀਅਰ ਕਾਊਂਸਲਿੰਗ ਸੈਸ਼ਨ ਦਾ ਆਯੋਜਨ

**ਬਟਾਲਾ (ਡਾ. ਮਲਵਿੰਦਰ ਸਿੰਘ)**- ਦਸਵੀਂ ਜਮਾਤ ਦੇ ਵਿਦਿਆਰਥੀਆਂ ਦੇ ਉੱਜਵਲ ਭਵਿੱਖ ਨੂੰ ਯਕੀਨੀ ਬਣਾਉਣ ਦੇ ਉਦੇਸ਼ ਨਾਲ ਆਰ. ਡੀ. ਖੋਸਲਾ ਡੀ. ਏ. ਵੀ. ਮਾਡਲ ਸੀਨੀਅਰ ਸੈਕੰਡਰੀ ਸਕੂਲ, ਬਟਾਲਾ ਨੇ ਦੋ ਦਿਨਾ ਕਰੀਅਰ ਕਾਊਂਸਲਿੰਗ ਸੈਸ਼ਨ ਦਾ ਆਯੋਜਨ ਕੀਤਾ।ਇਸ ਸੈਸ਼ਨ ਦਾ ਉਦੇਸ਼ ਮਾਪਿਆਂ ਨੂੰ ਆਪਣੇ ਬੱਚਿਆਂ ਲਈ ਉਚਿਤ ਫੈਸਲੇ ਲੈਣ ਵਿੱਚ ਮਦਦ ਕਰਨਾ ਅਤੇ ਵਿਦਿਆਰਥੀਆਂ ਨੂੰ ਉਨ੍ਹਾਂ ਦੀਆਂ ਰੁਚੀਆਂ, ਯੋਗਤਾਵਾਂ ਅਤੇ ਭਵਿੱਖ ਦੀਆਂ ਸੰਭਾਵਨਾਵਾਂ ਦੇ ਆਧਾਰ ਤੇ ਸਹੀ ਵਿਸ਼ਾ ਅਤੇ ਕਰੀਅਰ ਚੁਣਨ ਵਿੱਚ ਮਾਰਗਦਰਸ਼ਨ ਕਰਨਾ ਸੀ।ਪ੍ਰੋਗਰਾਮ ਦੌਰਾਨ ਮਾਹਰ ਸਲਾਹਕਾਰ ਸ਼ਰਨ ਰਾਜਪੂਤ (ਐਜੂਕੇਸ਼ਨ ਫਾਰ ਆਲ ਸੋਸਾਇਟੀਜ਼ ਦੇ ਸੰਸਥਾਪਕ ਅਤੇ ਸੀਈਓ) ਨੇ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਵਿਗਿਆਨ, ਵਣਜ, ਕਲਾ, ਤਕਨੀਕੀ ਸਿੱਖਿਆ, ਪ੍ਰਤੀਯੋਗੀ ਪ੍ਰੀਖਿਆਵਾਂ ਅਤੇ ਉਭਰ ਰਹੇ ਖੇਤਰਾਂ ਸਮੇਤ ਵੱਖ-ਵੱਖ ਕਰੀਅਰ ਵਿਕਲਪਾਂ ਬਾਰੇ ਵਿਸਤ੍ਰਿਤ ਜਾਣਕਾਰੀ ਪ੍ਰਦਾਨ ਕੀਤੀ।ਉਨ੍ਹਾਂ ਨੇ ਵਿਦਿਆਰਥੀਆਂ ਨੂੰ ਇਹ ਵੀ ਸਮਝਾਇਆ ਕਿ ਕਿਸੇ ਵੀ ਖੇਤਰ ਵਿੱਚ ਸਫਲਤਾ ਪ੍ਰਾਪਤ ਕਰਨ ਲਈ ਸਮਰਪਣ, ਸਖ਼ਤ ਮਿਹਨਤ, ਦਿਲਚਸਪੀ ਅਤੇ ਸਹੀ ਦਿਸ਼ਾ ਜ਼ਰੂਰੀ ਹੈ।ਸੈਸ਼ਨ ਦੌਰਾਨ, ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਨੇ ਕਰੀਅਰ ਨਾਲ ਸਬੰਧਤ ਕਈ ਸਵਾਲ ਪੁੱਛੇ, ਜਿਨ੍ਹਾਂ ਨੂੰ ਸਲਾਹਕਾਰ ਨੇ ਸਰਲ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਸੰਬੋਧਿਤ ਕੀਤਾ।ਇਸ ਮਾਰਗਦਰਸ਼ਨ ਨੇ ਵਿਦਿਆਰਥੀਆਂ ਨੂੰ ਆਪਣੇ ਭਵਿੱਖ ਬਾਰੇ ਨਵੀਂ ਪ੍ਰੇਰਨਾ ਅਤੇ ਵਿਸ਼ਵਾਸ ਪੈਦਾ ਕਰਨ ਲਈ ਪ੍ਰੇਰਿਤ ਕੀਤਾ।ਇਸ ਮੌਕੇ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਪ੍ਰਿੰ. ਡਾ. ਬਿੰਦੂ ਭੱਲਾ ਨੇ ਕਿਹਾ ਕਿ ਸਹੀ ਸਮੇਂ ਤੇ ਸਹੀ ਫੈਸਲੇ ਲੈਣਾ ਬਹੁਤ ਜ਼ਰੂਰੀ ਹੈ।ਅਜਿਹੇ ਕਾਊਂਸਲਿੰਗ ਸੈਸ਼ਨ ਵਿਦਿਆਰਥੀਆਂ ਨੂੰ ਟੀਚੇ ਨਿਰਧਾਰਤ ਕਰਨ ਅਤੇ ਉਨ੍ਹਾਂ ਨੂੰ ਪ੍ਰਾਪਤ ਕਰਨ ਲਈ ਪ੍ਰੇਰਿਤ ਕਰਦੇ ਹਨ।ਸਕੂਲ ਚੇਅਰਮੈਨ ਅਰਵਿੰਦ ਖੋਸਲਾ ਅਤੇ ਪ੍ਰਧਾਨ ਅਜੈ ਖੋਸਲਾ ਨੇ ਕਾਊਂਸਲਿੰਗ ਸੈਸ਼ਨ ਦੀ ਪ੍ਰਸ਼ੰਸਾ ਕਰਦੇ ਹੋਏ ਕਿਹਾ ਕਿ ਇਹ ਵਿਦਿਆਰਥੀਆਂ ਨੂੰ ਭਵਿੱਖ ਵਿੱਚ ਆਪਣੀ ਦਿਲਚਸਪੀ ਦੇ ਵਿਸ਼ੇ ਚੁਣਨ ਲਈ ਪ੍ਰੇਰਿਤ ਕਰੇਗਾ।ਵਿਦਿਆਰਥੀਆਂ ਨੇ ਇਸ ਉਪਯੋਗੀ ਸੈਸ਼ਨ ਦੇ ਲਈ ਸਕੂਲ ਪ੍ਰਬੰਧਨ ਅਤੇ ਕੌਂਸਲਰ ਦਾ ਧੰਨਵਾਦ ਕੀਤਾ।



## ਸੰਘਰਸ਼ੀ ਮੁਲਾਜ਼ਮਾਂ ਤੇ ਪੈਨਸ਼ਨਰਾਂ 'ਤੇ ਅੱਥਰੂ ਗੈਸ ਦੇ ਗੋਲੇ ਦਾਗਣ ਦੀ ਜ਼ੋਰਦਾਰ ਨਿੰਦਾ

**ਤਰਨਤਾਰਨ (ਪ੍ਰਿਤਪਾਲ ਸਿੰਘ)**- ਪੰਜਾਬ ਮੁਲਾਜ਼ਮ ਤੇ ਪੈਨਸ਼ਨਰ ਸਾਂਝਾ ਫਰੰਟ ਦੇ ਸੱਦੇ ਤੇ ਸੂਬਾ ਭਰ ਤੋਂ ਮੁਹਾਲੀ ਰੈਲੀ ਵਿੱਚ ਪੁੱਜੇ ਮੁਲਾਜ਼ਮਾਂ, ਪੈਨਸ਼ਨਰਾਂ ਸਮੇਤ ਸਿਵਲ ਸਕੱਤਰੇਤ ਅਤੇ ਡਾਇਰੈਕਟੋਰੇਟ ਦੇ ਦਫਤਰੀ ਕਾਮਿਆਂ ਜੋ ਮੁਲਾਜ਼ਮ ਮੰਗਾਂ ਤੇ ਪੰਜਾਬ ਸਰਕਾਰ ਵੱਲੋਂ ਵੱਟੀ ਚੁੱਪ ਖਿਲਾਫ਼ ਵਿਧਾਨ ਸਭਾ ਵੱਲ ਪੁਰਅਮਨ ਤਰੀਕੇ ਨਾਲ ਰੋਸ ਮਾਰਚ ਕਰ ਰਹੇ ਸਨ, 'ਤੇ ਪੰਜਾਬ ਪੁਲਸ ਵੱਲੋਂ ਜਲ ਤੋਪਾਂ ਦੀਆਂ ਬੁਛਾੜਾਂ ਮਾਰਨ ਅਤੇ ਅੱਥਰੂ ਗੈਸ ਦੇ ਗੋਲੇ ਦਾਗਣ ਦੀ ਬਿਜਲੀ ਕਾਮਿਆਂ ਅਤੇ ਪੈਨਸ਼ਨਰਾਂ ਦੀਆਂ ਪ੍ਰਮੁੱਖ ਜਥੇਬੰਦੀਆਂ ਪੀਐੱਸਈਬੀ ਇੰਪਲਾਈਜ਼ ਜੁਆਇੰਟ ਫੋਰਮ, ਬਿਜਲੀ ਮੁਲਾਜ਼ਮ ਏਕਤਾ ਮੰਚ ਪੰਜਾਬ, ਐਸੋਸੀਏਸ਼ਨ ਆਫ ਜੂਨੀਅਰ ਇੰਜੀਨੀਅਰ, ਗਰਿੱਡ ਸਬ ਸਟੇਸ਼ਨ ਇੰਪਲਾਈਜ਼ ਯੂਨੀਅਨ, ਪਾਵਰਕਾਮ ਅਤੇ ਟ੍ਰਾਂਸਕੋ ਪੈਨਸ਼ਨਰਜ਼ ਯੂਨੀਅਨ ਪੰਜਾਬ ਸਬੰਧਤ ਏਟਕ, ਪੈਨਸ਼ਨਰ ਵੈੱਲਫੇਅਰ ਫੈਡਰੇਸ਼ਨ ਪਹਿਲਵਾਨ ਦੇ ਆਗੂਆਂ ਰਤਨ ਸਿੰਘ ਮਜਾਰੀ, ਗੁਰਪ੍ਰੀਤ ਸਿੰਘ ਗੰਡੀਵਿੰਡ, ਹਰਪਾਲ ਸਿੰਘ, ਗੁਰਵੇਲ ਸਿੰਘ ਬੱਲਪੁਰੀਆ, ਬਲਦੇਵ ਸਿੰਘ ਮੰਡਾਲੀ ਨੇ ਤਿੱਖੇ ਸ਼ਬਦਾਂ ਵਿੱਚ ਨਿੰਦਾ ਕੀਤੀ ਹੈ।ਆਗੂਆਂ ਨੇ ਅਫਸੋਸ ਜ਼ਾਹਿਰ ਕਰਦੇ ਹੋਏ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪੇਸ਼ ਕੀਤੇ ਬਜਟ ਵਿੱਚ ਸੱਤ ਲੱਖ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਹੱਕੀ ਮੰਗਾਂ ਨੂੰ ਅਣਗੌਲਿਆਂ ਕਰਨ ਖਿਲਾਫ਼ ਐਤਵਾਰ ਨੂੰ ਪੁਰਅਮਨ ਤਰੀਕੇ ਨਾਲ ਕੀਤੇ ਜਾ ਰਹੇ ਰੋਸ ਮਾਰਚ ਨੂੰ ਜਬਰੀ ਰੋਕ ਕੇ ਹੱਕ ਮੰਗਦੇ ਲੋਕਾਂ ਨੂੰ ਖਦੇੜਨ ਲਈ ਔਰਤਾਂ ਤੱਕ ਨੂੰ ਵੀ ਵਹਿਸ਼ੀ ਤਰੀਕੇ ਨਾਲ ਮੁਹਾਲੀ ਪੁਲਸ ਵੱਲੋਂ ਪਾਣੀ ਦੀਆਂ ਬੁਛਾੜਾਂ, ਅੱਥਰੂ ਗੈਸ ਦੇ ਗੋਲੇ ਦਾਗਣ ਅਤੇ ਡਾਂਗਾਂ ਮਾਰਨ ਦੀ ਪੰਜਾਬ ਸਰਕਾਰ ਦੀ ਘਟੀਆ ਨੀਤੀ ਦਾ ਸੰਘਰਸ਼ਸ਼ੀਲ ਲੋਕ ਮੂੰਹ ਤੋੜ ਜਵਾਬ ਦੇਣਗੇ ।ਸਾਂਝੇ ਥੜੇ ਦੇ ਆਗੂਆਂ ਕੁਲਵਿੰਦਰ ਸਿੰਘ ਢਿੱਲੋਂ, ਗੁਰਭੇਜ ਸਿੰਘ ਢਿੱਲੋਂ, ਸਰਿੰਦਰਪਾਲ ਸਿੰਘ ਲਹੌਰੀਆ, ਬਲਜੀਤ ਸਿੰਘ ਮੋਦਲਾ, ਦਵਿੰਦਰ ਸਿੰਘ ਪਿਸ਼ੌਰ, ਰਵੇਲ ਸਿੰਘ ਸਹਾਏਪੁਰ, ਰਣਜੀਤ ਸਿੰਘ ਢਿੱਲੋਂ, ਜਸਵੀਰ ਸਿੰਘ ਆਂਡਲੂ, ਰਾਧੇਸ਼ਿਆਮ, ਬੀ. ਐੱਸ. ਸੇਖੋਂ, ਕੌਰ ਸਿੰਘ ਸੋਹੀ, ਦਲੀਪ ਕੁਮਾਰ, ਪਵਨਪ੍ਰੀਤ ਸਿੰਘ, ਗੁਰਪਿਆਰ ਸਿੰਘ ਆਦਿ ਨੇ ਸਰਕਾਰ ਨੂੰ ਚੇਤਾਵਨੀ ਭਰੇ ਲਹਿਜੇ ਵਿੱਚ ਕਿਹਾ ਕਿ ਇਸ ਧੱਕੇਸ਼ਾਹੀ ਦਾ ਜਵਾਬ ਭਵਿੱਖ ਵਿੱਚ ਜ਼ਰੂਰ ਦਿੱਤਾ ਜਾਵੇਗਾ ।ਆਗੂਆਂ ਨੇ ਕਿਹਾ ਕੇ ਸਾਂਝੇ ਫਰੰਟ ਵੱਲੋਂ 11 ਮਾਰਚ ਤੱਕ ਉਲੀਕਿਆ ਸੰਘਰਸ਼ ਪੂਰੀ ਤਾਕਤ ਨਾਲ ਕੀਤਾ ਜਾਵੇਗਾ ਕਿਉਂਕਿ ਪੰਜਾਬ ਸਰਕਾਰ ਨੇ ਬਦਲਾਅ ਦੇ ਝੂਠੇ ਨਾਅਰੇ ਲਗਾ ਕੇ ਸੱਤਾ ਹਥਿਆਉਣ ਲਈ ਜੋ ਵਾਅਦੇ ਕੀਤੇ ਸਨ ਉਨ੍ਹਾਂ ਵਿਚੋਂ ਇੱਕ ਵੀ ਪੂਰਾ ਨਹੀਂ ਕੀਤਾ।ਆਗੂਆਂ ਨੇ ਮਾਨ ਸਰਕਾਰ ਵੱਲੋਂ ਕੀਤੇ ਵਾਅਦੇ ਮੁਤਾਬਕ ਪੁਰਾਣੀ ਪੈਨਸ਼ਨ ਬਹਾਲ ਤਾਂ ਕੀ ਕਰਨੀ ਹੈ ਸਗੋਂ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦਾ ਮਹਿੰਗਾਈ ਭੱਤਾ ਵੀ ਪੱਕੇ ਤੌਰ ਤੇ ਰੋਕ ਲਿਆ ਹੈ। ਆਗੂਆਂ ਨੇ ਪੰਜਾਬ ਸਰਕਾਰ ਦੇ ਹੈਂਕੜ ਭਰੇ ਰਵੱਈਆ ਨੂੰ ਤੋੜਨ ਲਈ ਬਿਜਲੀ ਕਾਮਿਆਂ, ਪੈਨਸ਼ਨਰਾਂ, ਕੱਚੇ ਕਾਮਿਆਂ, ਆਸ਼ਾ, ਮਿੱਡ ਡੇ ਮੀਲ ਅਤੇ ਆਂਗਣਵਾੜੀ ਵਰਕਰਾਂ ਨੂੰ 11 ਮਾਰਚ ਦੀ ਮੁਹਾਲੀ ਰੈਲੀ ਵਿੱਚ ਵਹੀਰਾਂ ਘੱਤ ਕੇ ਪਹੁੰਚਣ ਦਾ ਸੱਦਾ ਦਿੱਤਾ ਹੈ।

**● ਭਲਕ ਨੂੰ ਮੁਹਾਲੀ 'ਚ ਹੋ ਰਹੀ ਰੈਲੀ 'ਚ ਵਹੀਰਾਂ ਘੱਤ ਕੇ ਪਹੁੰਚਣ ਦਾ ਸੱਦਾ**



## ਆਟੋ ਰਿਕਸ਼ਿਆਂ 'ਤੇ ਸਮਰੱਥਾ ਤੋਂ ਵੱਧ ਸਕੂਲੀ ਬੱਚੇ ਬਿਠਾਉਣ 'ਤੇ ਲੱਗੀ ਰੋਕ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਵਧੀਕ ਜ਼ਿਲ੍ਹਾ ਮੈਜਿਸਟਰੇਟ ਅੰਮ੍ਰਿਤਸਰ ਰੁਪਿੰਦਰ ਪਾਲ ਸਿੰਘ ਨੇ ਭਾਰਤੀ ਨਾਗਰਿਕ ਸੁਰੱਕਸ਼ਾ ਸਹਿੰਤਾ, 2023 ਦੀ ਧਾਰਾ 163 ਬੀ.ਐੱਨ.ਐੱਸ.ਐੱਸ. ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੋਇਆਂ ਜ਼ਿਲ੍ਹਾ ਅੰਮ੍ਰਿਤਸਰ ਵਿੱਚ ਕੋਈ ਵੀ ਵਾਹਨ/ਆਟੋ-ਰਿਕਸ਼ਾ ਚਾਲਕ ਸਮਰੱਥਾ ਤੋਂ ਵੱਧ ਬੱਚਿਆਂ ਨੂੰ ਸਕੂਲ ਵਿਚ ਲੈ ਕੇ ਨਹੀਂ ਜਾਵੇਗਾ।ਸਮੂਹ ਸਕੂਲਾਂ ਦੇ ਪ੍ਰਿੰਸੀਪਲ/ਹੈੱਡਮਾਸਟਰ ਇਹ ਯਕੀਨੀ ਬਣਾਉਣਗੇ ਕਿ ਉਹ ਆਪਣੇ ਪੱਧਰ 'ਤੇ ਮਾਪਿਆਂ ਨੂੰ ਇਸ ਸਬੰਧੀ ਜਾਗਰੂਕ ਕਰਨਗੇ।ਹੁਕਮਾਂ ਵਿਚ ਕਿਹਾ ਗਿਆ ਹੈ ਇਹ ਧਿਆਨ ਵਿਚ ਆਇਆ ਹੈ ਕਿ ਜ਼ਿਲ੍ਹਾ ਅੰਮ੍ਰਿਤਸਰ ਵਿਚ ਸਕੂਲਾਂ ਨੂੰ ਜਾਣ ਵਾਲੇ ਵਾਹਨ/ਆਟੋ ਰਿਕਸ਼ਾ ਵਾਲੇ ਸਮਰੱਥਾ ਤੋ ਵੱਧ ਬੱਚਿਆਂ ਨੂੰ ਸਕੂਲ ਵਿਚ ਲੈ ਕੇ ਜਾਂਦੇ ਹਨ, ਜਿਸ ਨਾਲ ਆਵਾਜਾਈ ਸਮੱਸਿਆ ਪੈਦਾ ਹੋਣ ਤੋਂ ਇਲਾਵਾ ਹਾਦਸਿਆਂ ਦਾ ਵੀ ਖ਼ਤਰਾ ਬਣਿਆ ਰਹਿੰਦਾ ਹੈ।ਇਹ ਪਾਬੰਦੀ ਦਾ ਹੁਕਮ 6 ਮਈ ਤੱਕ ਲਾਗੂ ਰਹੇਗਾ।

## 'ਆਪ' ਸਰਕਾਰ ਔਰਤਾਂ ਨਾਲ ਕਰ ਰਹੀ ਹੈ ਕਾਣੀ ਵੰਡ : ਭੁਪਿੰਦਰ ਸਿੰਘ ਟੀਟੂ

**ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)**- ਆਮ ਆਦਮੀ ਪਾਰਟੀ ਜਿਸ ਨੇ ਵੱਡੇ ਵੱਡੇ ਵਾਅਦੇ ਕੀਤੇ ਸੀ ਜਿਨ੍ਹਾਂ ਵਿਚ ਇਕ ਵਾਅਦਾ 18 ਸਾਲ ਤੋਂ ਵੱਧ ਉਮਰ ਦੀਆਂ ਲੜੀਆਂ ਤੇ ਮਹਿਲਾਵਾਂ ਨੂੰ ਇਕ ਹਜ਼ਾਰ ਰੁਪਏ ਦੇਣ ਦਾ ਵਾਅਦਾ ਸੀ ਜੋ ਕਿ ਚਾਰ ਸਾਲ ਬੀਤ ਜਾਣ ਤੇ ਵੀ ਪੂਰਾ ਨਹੀਂ ਹੋਇਆ। ਜੇਕਰ ਹੁਣ ਐਲਾਨ ਵੀ ਕੀਤਾ ਗਿਆ ਹੈ ਤਾਂ ਉਸ ਵਿਚ ਔਰਤਾਂ ਨਾਲ ਹੀ ਕਾਣੀ ਵੰਡ ਕੀਤੀ ਗਈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦੇ ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਭੁਪਿੰਦਰ ਸਿੰਘ ਟੀਟੂ ਨੇ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ।

ਉਨ੍ਹਾਂ ਕਿਹਾ ਕਿ ਆਪ ਸਰਕਾਰ ਨੂੰ ਪੰਜਾਬ ਦੇ ਕਿਸੇ ਖਾਸ ਜਾਤ ਬਰਾਦਰੀ ਦੀਆਂ ਔਰਤਾਂ ਨੇ ਵੋਟਾਂ ਨਹੀਂ ਪਾਈਆਂ ਸਨ ਸਗੋਂ ਹਰ ਜਾਤ ਬਰਾਦਰੀ ਦੀ ਔਰਤਾਂ ਨੇ ਵੋਟਾਂ ਪਾਈਆਂ ਸਨ ਪ੍ਰੰਤੂ ਜੋ ਇਸ ਬਜਟ ਤੋਂ ਬਾਅਦ ਸਰਕਾਰ ਨੇ ਜਨਰਲ ਵਰਗ ਦੀਆਂ ਔਰਤਾਂ ਨੂੰ ਇਕ ਹਜ਼ਾਰ ਅਤੇ ਐੱਸ ਸੀ ਵਰਗ ਦੀਆਂ ਔਰਤਾਂ ਨੂੰ ਪੰਦਰਾਂ ਸੌ ਰੁਪਏ ਦੇਣ ਦਾ ਐਲਾਨ ਕੀਤਾ ਹੈ ਉਹ ਔਰਤਾਂ ਅਤੇ ਸਮਾਜ ਵਿਚ ਵੰਡੀਆਂ ਪਾਉਣ ਵਾਲਾ ਹੈ।ਉਨ੍ਹਾਂ ਕਿਹਾ ਕਿ ਪਿਛਲੇ 48 ਮਹੀਨਿਆਂ ਦੇ ਪੈਸਿਆਂ ਦੀ ਜਵਾਬਦੇਹੀ ਦੇਣ ਦੀ ਬਜਾਏ ਸਰਕਾਰ ਵੱਲੋਂ ਇਹ ਕਾਣੀ ਵੰਡ ਕਰਨਾ ਬੇਹੱਦ ਨਿੰਦਣਯੋਗ ਹੈ ।ਸ. ਟੀਟੂ ਨੇ ਕਿਹਾ ਕਿ ਚੋਣਾਂ ਦੇ ਨੇੜੇ ਆ ਕੇ ਕੀਤੇ ਐਲਾਨ ਤੋਂ ਪੰਜਾਬ ਦੇ ਲੋਕ ਭਲੀਭਾਂਤ ਜਾਣੂ ਹਨ ਲੋਕ ਆਮ ਆਦਮੀ ਪਾਰਟੀ ਨੂੰ ਮੂੰਹ ਨਹੀਂ ਲਗਾਉਣਗੇ।



## 69ਵੀਂ ਸਾਲਾਨਾ ਕਨਵੋਕੇਸ਼ਨ 'ਚ 250 ਵਿਦਿਆਰਥੀਆਂ ਨੂੰ ਡਿਗਰੀਆਂ ਪ੍ਰਦਾਨ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**— ਖ਼ਾਲਸਾ ਕਾਲਜ ਆਫ਼ ਐਜੂਕੇਸ਼ਨ, ਜੀ. ਟੀ. ਰੋਡ ਦੇ 69ਵੇਂ ਸਾਲਾਨਾ ਕਨਵੋਕੇਸ਼ਨ ਦੌਰਾਨ 250 ਵਿਦਿਆਰਥੀਆਂ ਨੂੰ ਡਿਗਰੀਆਂ ਪ੍ਰਦਾਨ ਕੀਤੀਆਂ ਗਈਆਂ।ਖਾਲਸਾ ਕਾਲਜ ਦੇ ਸ: ਸੁੰਦਰ ਸਿੰਘ ਮਜੀਠੀਆ ਹਾਲ ਵਿਖੇ ਕਰਵਾਏ ਗਏ ਉਕਤ ਸਮਾਗਮ ਮੌਕੇ ਮੁੱਖ ਮਹਿਮਾਨ ਵਜੋਂ ਖਾਲਸਾ ਯੂਨੀਵਰਸਿਟੀ ਦੇ ਪ੍ਰੋ-ਚਾਂਸਲਰ ਅਤੇ ਖ਼ਾਲਸਾ ਕਾਲਜ ਗਵਰਨਿੰਗ ਕੌਂਸਲ ਦੇ ਆਨਰੇਰੀ ਸਕੱਤਰ ਸ: ਰਜਿੰਦਰ ਮੋਹਨ ਸਿੰਘ ਛੀਨਾ ਨੇ ਵਿਦਿਆਰਥੀਆਂ ਨੂੰ ਭਵਿੱਖ ਦੀਆਂ ਚੁਣੌਤੀਆਂ ਲਈ ਤਿਆਰੀ ਕਰਨ ਲਈ ਪ੍ਰੇਰਿਤ ਕਰਦਿਆਂ ਕਿਹਾ ਕਿ ਢੁੱਕਵੀਆਂ ਨੌਕਰੀਆਂ ਦੀ ਭਾਲ ਦਾ ਮੁਕਾਬਲਾ ਵਿਸ਼ਵਵਿਆਪੀ ਹੁੰਦਾ ਜਾ ਰਿਹਾ ਹੈ।ਉਨ੍ਹਾਂ ਵਿਦਿਆਰਥੀਆਂ ਨੂੰ ਆਪਣੀ ਪੂਰੀ ਤਾਕਤ ਅਤੇ ਸਮਝ ਨਾਲ ਸਮਾਜ ਦੀ ਸੇਵਾ ਕਰਨ ਲਈ ਪ੍ਰੇਰਿਤ ਕਰਦਿਆਂ ਕਿਹਾ ਕਿ ਇਹ ਸਿੱਖਿਆ ਹੀ ਹੈ ਜੋ ਚੰਗੇ ਮਨੁੱਖਾਂ ਅਤੇ ਕੌਮਾਂ ਦੇ ਨਿਰਮਾਣ 'ਚ ਮਦਦ ਕਰਦੀ ਹੈ।ਸ: ਛੀਨਾ ਨੇ ਕਿਹਾ ਕਿ ਸਿੱਖਿਆ ਦਾ ਮੁੱਖ ਉਦੇਸ਼ ਆਤਮਵਿਸ਼ਵਾਸ, ਅਨੁਸ਼ਾਸਨ ਅਤੇ ਜਾਗਰੂਕਤਾ ਪੈਦਾ ਕਰਨਾ ਹੈ।ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਨੂੰ ਜੀਵਨ 'ਚ ਉਦਾਰ ਕਦਰਾਂ-ਕੀਮਤਾਂ ਅਤੇ ਮਨੁੱਖਤਾ ਨੂੰ ਆਪਣਾ ਮੁੱਖ ਕੇਂਦਰ ਬਣਾਉਣਾ ਚਾਹੀਦਾ ਹੈ।ਉਨ੍ਹਾਂ ਇਸ ਗੱਲ 'ਤੇ ਜ਼ੋਰ ਦਿੰਦਿਆਂ ਕਿਹਾ ਕਿ ਜਿਨ੍ਹਾਂ ਨੇ ਡਿਗਰੀਆਂ ਪ੍ਰਾਪਤ ਕੀਤੀਆਂ ਹਨ, ਉਹ ਸਾਡੇ ਭਵਿੱਖ ਦੇ ਅਧਿਆਪਕ ਹਨ ਅਤੇ ਸਿਰਫ਼ ਇਹੋ ਰਾਸ਼ਟਰ ਨਿਰਮਾਤਾ ਹੀ ਆਪਣੇ ਕੀਮਤੀ ਯੋਗਦਾਨਾਂ ਰਾਹੀਂ ਸਾਡੇ ਸਮਾਜ ਅਤੇ ਭਾਈਚਾਰੇ ਨੂੰ ਸਸ਼ਕਤ ਬਣਾ ਸਕਦੇ ਹਨ।ਇਸ ਮੌਕੇ ਖਾਲਸਾ ਯੂਨੀਵਰਸਿਟੀ ਦੇ ਰਜਿਸਟਰਾਰ ਡਾ: ਖੁਸ਼ਵਿੰਦਰ ਕੁਮਾਰ ਨੇ ਕਾਲਜ ਦੀ ਪ੍ਰਗਤੀ ਰਿਪੋਰਟ ਪੜ੍ਹੀ ਜਿਸ 'ਚ ਅਕਾਦਮਿਕ, ਪਾਠਕ੍ਰਮ ਤੋਂ ਬਾਹਰ ਅਤੇ ਖੇਡਾਂ ਦੀਆਂ ਪ੍ਰਾਪਤੀਆਂ ਨੂੰ ਉਜਾਗਰ ਕੀਤਾ ਗਿਆ।ਇਸ ਮੌਕੇ ਸ: ਛੀਨਾ ਨੇ ਡਾ. ਮਹਿਲ ਸਿੰਘ, ਡਾ. ਕੁਮਾਰ ਨਾਲ ਮਿਲ ਕੇ ਯੂਨੀਵਰਸਿਟੀ ਦੇ ਟਾਪਰ ਅਤੇ ਹੋਣਹਾਰ ਵਿਦਿਆਰਥੀਆਂ ਨੂੰ ਸਨਮਾਨ ਅਤੇ ਪ੍ਰਸ਼ੰਸਾ ਪੱਤਰ ਦਿੱਤੇ। ਇਸ ਮੌਕੇ ਖ਼ਾਲਸਾ ਯੂਨੀਵਰਸਿਟੀ ਦੇ ਅਕਾਦਮਿਕ ਡੀਨ ਡਾ. ਸੁਰਿੰਦਰ ਕੌਰ, ਕੌਂਸਲ ਦੇ ਜੁਆਇੰਟ ਸਕੱਤਰ ਸੰਤੋਖ ਸਿੰਘ ਸੇਠੀ, ਲਖਵਿੰਦਰ ਸਿੰਘ ਢਿੱਲੋਂ, ਗੁਰਪ੍ਰੀਤ ਸਿੰਘ ਗਿੱਲ, ਖ਼ਾਲਸਾ ਕਾਲਜ ਪ੍ਰਿੰਸੀਪਲ ਡਾ. ਆਤਮ ਸਿੰਘ ਰੰਧਾਵਾ, ਅੰਡਰ ਸੈਕਟਰੀ ਸ: ਡੀ. ਐੱਸ. ਰਟੌਲ ਸਮੇਤ ਹੋਰ ਸਟਾਫ ਤੇ ਵਿਦਿਆਰਥੀ ਹਾਜ਼ਰ ਸਨ।



## ਅਮਿਤ ਸ਼ਾਹ ਦੀ ਰੈਲੀ ਨੂੰ ਲੈ ਕੇ ਵਰਕਰ ਉਤਸ਼ਾਹਿਤ : ਪਵਾਰ

**ਫਿਲੌਰ (ਨਿਰਮਲ)**- ਭਾਜਪਾ ਦੇ ਸੀਨੀਅਰ ਆਗੂ ਰਣਜੀਤ ਸਿੰਘ ਪਵਾਰ ਪ੍ਰਧਾਨ ਜ਼ਿਲ੍ਹਾ ਜਲੰਧਰ ਦਿਹਾਤੀ ਉਤਰੀ ਨੇ ਕਿਹਾ ਕਿ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦੀ 14 ਮਾਰਚ ਨੂੰ ਮੋਗਾ ਵਿੱਚ ਹੋਣ ਵਾਲੀ ਰੈਲੀ ਸੂਬੇ ਦੀ ਰਾਜਨੀਤੀ ਦਾ ਸਮੀਕਰਣ ਤੈਅ ਕਰੇਗੀ। ਕਾਂਗਰਸ ਨੇ ਸਿਰਫ਼ ਲੁੱਟਣ ਦਾ ਕੰਮ ਕੀਤਾ ਹੈ। ਇਸ ਲਈ, 2022 ਵਿੱਚ, ਸੂਬੇ ਦੇ ਲੋਕਾਂ ਨੇ ਸੂਬੇ ਵਿੱਚੋਂ ਕਾਂਗਰਸ ਨੂੰ ਬਾਹਰ ਕੱਢਣ ਲਈ ਬਦਲਾਅ ਦੀ ਮੰਗ ਕੀਤੀ । ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਤੇ ਭਾਜਪਾ ਦੀ ਰਾਸ਼ਟਰੀ ਟੀਮ ਨੇ ਪੰਜਾਬ ਦੇ ਲੋਕਾਂ ਨੂੰ ਇੱਕਜੁੱਟ ਕਰਨ ਅਤੇ ਇੱਕ ਡਬਲ-ਇੰਜਨ ਦੀ ਭਾਜਪਾ ਸਰਕਾਰ ਬਣਾਉਣ ਦਾ ਫੈਸਲਾ ਕੀਤਾ ਜੋ ਸੂਬੇ ਵਿੱਚ ਵਿਕਾਸ ਲਿਆਏਗੀ, ਹਰ ਪਹਿਲੂ ਵਿੱਚ ਖੁਸ਼ਹਾਲੀ ਨੂੰ ਯਕੀਨੀ ਬਣਾਏਗੀ ਤੇ ਆਪਸੀ ਭਾਈਚਾਰਾ ਮਜ਼ਬੂਤ ਕਰੇਗੀ।



## ਪਾਵਰਕਾਮ ਤੇ ਟ੍ਰਾਂਸਕੋ ਪੈਨਸ਼ਨਰਜ਼ ਯੂਨੀਅਨ ਪੰਜਾਬ (ਸਬੰਧਤ ਏਟਕ) ਮੰਡਲ ਯੂਨਿਟ ਧਾਰੀਵਾਲ ਦੀ ਮੀਟਿੰਗ

**ਧਾਰੀਵਾਲ, (ਮਨਦੀਪ ਵਿੱਕੀ)**- ਪਾਵਰਕਾਮ ਤੇ ਟ੍ਰਾਂਸਕੋ ਪੈਨਸ਼ਨਰਜ਼ ਯੂਨੀਅਨ ਪੰਜਾਬ (ਸਬੰਧਤ ਏਟਕ) ਦੇ ਮੰਡਲ ਯੂਨਿਟ ਧਾਰੀਵਾਲ ਦੀ ਮੀਟਿੰਗ ਹਰਕਿਰਪਾਲ ਸਿੰਘ ਸੋਹਲ ਦੀ ਅਗਵਾਈ ਵਿੱਚ ਹੋਈ। ਮੀਟਿੰਗ ਵਿੱਚ ਸੂਬਾ ਆਗੂ ਹਜ਼ਾਰਾ ਸਿੰਘ ਗਿੱਲ ਉਚੇਚੇ ਤੌਰ 'ਤੇ ਸ਼ਾਮਲ ਹੋਏ। ਮੀਟਿੰਗ ਦੌਰਾਨ ਸੰਬੋਧਨ ਕਰਦਿਆਂ ਮਹਿੰਦਰ ਪਾਲ ਸਿੰਘ ਤੇ ਹਜ਼ਾਰਾ ਸਿੰਘ ਗਿੱਲ ਨੇ ਕਿਹਾ ਕਿ ਪੰਜਾਬ ਦੀ ਮੌਜੂਦਾ ਸਰਕਾਰ ਵੱਲੋਂ ਸਾਲ 2026/2027 ਜੋ ਬਜਟ ਪੇਸ਼ ਕੀਤਾ ਗਿਆ ਹੈ ਉਸ ਵਿੱਚ ਮੁਲਾਜ਼ਮਾਂ ਜਾਂ ਪੈਨਸ਼ਨਰਾਂ ਨਾਲ ਸੰਬੰਧਤ ਮਸਲਿਆਂ ਤੇ ਹੱਕੀ ਮੰਗਾਂ 'ਤੇ ਇੱਕ ਲਫਜ਼ ਵੀ ਬੋਲਣਾ ਮੁਨਾਸਿਬ ਨਹੀਂ ਸਮਝਿਆ।ਇਸ ਬਜਟ ਵਿੱਚ ਆਮ ਆਦਮੀ ਪਾਰਟੀ ਦੀ ਭਗਵੰਤ ਸਿੰਘ ਮਾਨ ਸਰਕਾਰ ਨੇ ਕੇਵਲ ਆਪਣੀ ਕੁਰਸੀ ਨੂੰ ਬਚਾਉਣ ਹਿੱਤ ਔਰਤਾਂ ਨੂੰ ਲਾਲਚ ਦੇਣ ਅਤੇ ਮੁਫਤ ਦੀਆਂ ਰਿਉੜੀਆਂ ਵੰਡਣ ਤੋਂ ਇਲਾਵਾ ਕੁਝ ਨਹੀਂ ਕੀਤਾ ਜਿਸ ਵਿੱਚ 9500 ਕਰੋੜ ਰੁਪਏ 2026-27 ਲਈ ਜਨਰਲ ਤੇ ਅਨੁਸੂਚਿਤ ਜਾਤੀ ਦੀਆਂ ਔਰਤਾਂ ਨੂੰ ਦੇਣ ਦਾ ਐਲਾਨ ਕੀਤਾ ਅਤੇ ਪੰਜਾਬ ਦੇ ਬਜਟ ਦਾ ਵੱਡਾ ਹਿੱਸਾ ਲਗਭਗ 30,000 ਕਰੋੜ ਮੁਫਤ ਸਹੂਲਤਾਂ ਵਾਸਤੇ ਰੱਖਿਆ, ਜਦਕਿ ਨਵੇਂ ਰੋਜ਼ਗਾਰ ਦੀ ਸਿਰਜਣਾ ਵਾਸਤੇ ਕੇਵਲ 289 ਕਰੋੜ ਦਾ ਬਜਟ ਹੀ ਰੱਖਿਆ ਹੈ, ਜਿਸ ਨਾਲ ਪੰਜਾਬ ਤੇ ਪੰਜਾਬੀਅਤ ਨੂੰ ਵੀਹ ਸਾਲ ਪਿੱਛੇ ਧੱਕ ਦਿੱਤਾ ਹੈ।ਸਰਕਾਰ ਦੀ ਅਜਿਹੀ ਨੀਤੀ ਨਾਲ ਪੰਜਾਬ ਦੀਆਂ ਆਉਣ ਵਾਲੀਆਂ ਪੀੜ੍ਹੀਆਂ ਨਸ਼ੇੜੀ ਤੇ ਕੰਮ-ਚੋਰ ਬਣਨ ਦੇ ਨਾਲ ਨਾਲ ਗੁਲਾਮੀ ਦਾ ਸ਼ਿਕਾਰ ਬਣ ਕੇ ਰਹਿ ਜਾਣਗੀਆਂ।ਬੁਲਾਰਿਆਂ ਨੇ ਸਰਕਾਰ ਤੋਂ ਪੁਰਜ਼ੋਰ ਮੰਗ ਕੀਤੀ ਕਿ ਮੁਲਾਜ਼ਮਾਂ ਪੈਨਸ਼ਨਰਾਂ ਦੇ ਜਾਇਜ਼ ਮੰਗਾਂ ਅਤੇ ਲੰਮੇ ਸਮੇਂ ਤੋਂ ਲਟਕਦੇ ਆ ਰਹੇ ਮਸਲੇ ਤੁਰੰਤ ਹੱਲ ਕੀਤੇ ਜਾਣ, ਪੰਜਾਬ ਤੇ ਪੰਜਾਬੀਅਤ ਨੂੰ ਬਚਾਉਣ ਲਈ ਪੜ੍ਹੇ ਲਿਖੇ ਬੱਚਿਆਂ ਨੂੰ ਉਨ੍ਹਾਂ ਦੀ ਯੋਗਤਾ ਅਨੁਸਾਰ ਪੱਕਾ ਰੋਜ਼ਗਾਰ ਦਿੱਤਾ ਜਾਵੇ ਅਤੇ ਉਨ੍ਹਾਂ ਨੂੰ ਆਤਮਨਿਰਭਰ ਬਣਾਇਆ ਜਾਵੇ ਨਾ ਕਿ ਗ਼ੁਲਾਮ।ਮੀਟਿੰਗ ਵਿੱਚ ਹਰਦੀਪ ਸਿੰਘ ਖਹਿਰਾ, ਕੁਲਵੰਤ ਸਿੰਘ ਸੱਗੂ, ਸੱਤਪਾਲ ਸਿੰਘ, ਹਰਪਾਲ ਸਿੰਘ, ਗੁਰਮੀਤ ਸਿੰਘ, ਦਵਿੰਦਰ ਸਿੰਘ, ਸਤਨਾਮ ਸਿੰਘ, ਵਰਿੰਦਰ ਸਿੰਘ, ਵਰਿੰਦਰ ਕੁਮਾਰ, ਪਰਮਜੀਤ ਸਿੰਘ, ਸੰਗਤ ਸਿੰਘ, ਜੋਗਿੰਦਰ ਸਿੰਘ ਸ਼ਾਹਪੁਰ, ਬਲਜੀਤ ਸਿੰਘ, ਕਸ਼ਮੀਰ ਸਿੰਘ, ਨਰੇਸ਼ ਕੁਮਾਰ ਆਦਿ ਪੈਨਸ਼ਨਰ ਸਾਥੀ ਹਾਜ਼ਰ ਸਨ।



## ਡਰੋਨਜ਼/ਮਾਈਕਰੋ ਲਾਈਟ ਏਅਰਕ੍ਰਾਫਟ ਨੂੰ ਉਡਾਉਣ 'ਤੇ ਮਨਾਹੀ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਵਧੀਕ ਜ਼ਿਲ੍ਹਾ ਮੈਜਿਸਟਰੇਟ ਅੰਮ੍ਰਿਤਸਰ ਰੁਪਿੰਦਰ ਪਾਲ ਸਿੰਘ ਨੇ ਭਾਰਤੀ ਨਾਗਰਿਕ ਸੁਰੱਕਸ਼ਾ ਸਹਿੰਤਾ, 2023 ਦੀ ਧਾਰਾ 163 ਬੀ.ਐੱਨ.ਐੱਸ.ਐੱਸ. ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੋਇਆਂ ਜ਼ਿਲ੍ਹਾ ਅੰਮ੍ਰਿਤਸਰ ਦਿਹਾਤੀ ਦੀ ਹਦੂਦ ਅੰਦਰ ਪੈਰਾ ਗਲਾਈਡਰ/ਹੈਂਗ ਗਲਾਈਡਰ ਨੂੰ ਬਿਨ੍ਹਾਂ ਅਗਾਊਂ ਇਜਾਜ਼ਤ ਦੇ ਉਡਾਉਣ ਤੇ ਮੁਕੰਮਲ ਪਾਬੰਦੀ ਲਗਾਉਣ ਦੇ ਹੁਕਮ ਜਾਰੀ ਕੀਤੇ ਹਨ।ਜਾਰੀ ਹੁਕਮ ਵਿਚ ਕਿਹਾ ਹੈ ਕਿ ਜ਼ਿਲ੍ਹਾ ਅੰਮ੍ਰਿਤਸਰ ਵਿੱਚ ਪੂਰਵਲੇ ਸਮੇਂ ਦੌਰਾਨ ਪ੍ਰਾਪਤ ਹੋਈਆਂ ਇੰਟੈਲੀਜੈਂਸ ਇਨਪੁਟਸ ਦੇ ਮੁਤਾਬਿਕ ਸਰਹੱਦ ਪਾਰ ਤੋਂ ਡਰੋਨ ਰਾਹੀਂ ਅਸਲਾ ਵਗੈਰਾ ਦੀ ਖੇਪ ਭਾਰਤ ਵਿੱਚ ਭੇਜਣ ਦੀ ਲਗਾਤਾਰ ਕੋਸ਼ਿਸ਼ ਕੀਤੀ ਜਾਂਦੀ ਰਹੀ ਹੈ, ਜਿਸਨੂੰ ਧਿਆਨ ਵਿੱਚ ਰੱਖਦੇ ਹੋਏ ਭਵਿੱਖ ਵਿੱਚ ਅਜਿਹੀ ਕਿਸੇ ਵੀ ਤਰ੍ਹਾਂ ਦੀ ਘਟਨਾ ਦੀ ਰੋਕਥਾਮ ਲਈ ਏਅਰ ਫੋਰਸ ਸਟੇਸ਼ਨ ਦੇ ਨੇੜੇ। ਡਰੋਨ/ਕਵਾਡਕਾਪਟਰ ਦੇ ਉਡਾਣ ਭਰਨ 'ਤੇ ਪਾਬੰਦੀ ਲਗਾਈ ਜਾਣੀ ਲਾਜ਼ਮੀ ਹੈ।ਇਹ ਹੁਕਮ 21 ਮਈ ਤੱਕ ਲਾਗੂ ਰਹੇਗਾ।

## ਨਾਰੀ ਦਿਵਸ ਨੂੰ ਸਮਰਪਿਤ ਰਿਹਾ 11ਵੇਂ ਸਾਹਿਤ ਉਤਸਵ ਦਾ ਆਖਰੀ ਦਿਨ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਗਿਆਰਵੇਂ ਅੰਮ੍ਰਿਤਸਰ ਸਾਹਿਤ ਉਤਸਵ ਦੇ ਤੀਸਰੇ ਅਤੇ ਆਖਰੀ ਦਿਨ ਦੇ ਸਮਾਗਮਾਂ ਦਾ ਵੀ ਸਾਹਿਤ ਪ੍ਰੇਮੀਆਂ ਅਤੇ ਵਿਦਿਆਰਥੀਆਂ ਨੇ ਖੂਬ ਆਨੰਦ ਮਾਣਿਆ।ਅੱਜ ਦੇ ਦਿਨ ਤਿੰਨ ਸਮਾਗਮ ਸਫ਼ਲਤਾਪੂਰਵਕ ਨੇਪਰੇ ਚੜ੍ਹੇ, ਜਿਨ੍ਹਾਂ ਵਿੱਚ ਸਭ ਤੋਂ ਪਹਿਲਾਂ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਤੋਂ ਪ੍ਰਿਅੰਕਾ ਠਾਕੁਰ ਦੁਆਰਾ ਬਸੰਤ ਰਾਗ ਦਾ ਮਧੁਰ ਗਾਇਨ ਕੀਤਾ ਗਿਆ ਜਿਸ ਦੌਰਾਨ ਉਹਨਾਂ ਦਾ ਤਬਲੇ ਉਪਰ ਗੁਨਦੀਪ ਸਿੰਘ ਅਤੇ ਸਾਰੰਗੀ ਉਪਰ ਪ੍ਰੋ. ਸੁਖਵਿੰਦਰ ਸਿੰਘ ਨੇ ਸਾਥ ਦਿੱਤਾ।17ਵਾਂ 'ਚੜ੍ਹਿਆ ਬਸੰਤ' ਕਵੀ ਦਰਬਾਰ ਅੰਤਰਰਾਸ਼ਟਰੀ ਮਹਿਲਾ ਦਿਵਸ ਨੂੰ ਸਮਰਪਿਤ ਕੀਤਾ ਗਿਆ, ਜਿਸ ਵਿੱਚ ਕੁੱਲ 14 ਪੰਜਾਬੀ ਕਵਿੱਤਰੀਆਂ ਨੇ ਨਾਰੀ ਅਨੁਭਵ ਦਾ ਪ੍ਰਗਟਾਵਾ ਕਰਦੀਆਂ ਕਵਿਤਾਵਾਂ ਪੇਸ਼ ਕੀਤੀਆਂ।ਸੰਸਥਾ ਵੱਲੋਂ ਹਰ ਸਾਲ ਦਿੱਤਾ ਜਾਣ ਵਾਲਾ ਨਾਦ ਪ੍ਰਗਾਸੁ ਸ਼ਬਦ ਸਨਮਾਨ ਇਸ ਵਾਰ ਪੰਜਾਬੀ ਦੀ ਪ੍ਰਸਿੱਧ ਕਵਿੱਤਰੀ ਅਰਤਿੰਦਰ ਸੰਧੂ ਨੂੰ ਉਨ੍ਹਾਂ ਦੇ ਸਾਹਿਤਕ ਅਤੇ ਕਾਵਿਕ ਯੋਗਦਾਨ ਲਈ ਪ੍ਰਦਾਨ ਕੀਤਾ ਗਿਆ ਜਿਸ ਵਿੱਚ 21000 ਰੁਪਏ ਦੀ ਨਗਦ ਰਾਸ਼ੀ ਤੋਂ ਇਲਾਵਾ ਸਨਮਾਨ ਪੱਤਰ, ਸ਼ਾਲ ਅਤੇ ਕਿਤਾਬਾਂ ਦਾ ਸੈੱਟ ਸ਼ਾਮਿਲ ਸੀ।ਇਸ ਮੌਕੇ ਉਨ੍ਹਾਂ ਨੇ ਕਿਹਾ ਕਿ ਸੰਸਥਾ ਵੱਲੋਂ ਇਹ ਕਵੀ ਦਰਬਾਰ ਨਾਰੀ ਸ਼ਕਤੀ ਨੂੰ ਸਮਰਪਿਤ ਕੀਤਾ ਜਾਣਾ ਸ਼ਲਾਘਾਯੋਗ ਹੈ।ਇਸ ਕਵੀ ਦਰਬਾਰ ਦੀ ਪ੍ਰਧਾਨਗੀ ਕਰ ਰਹੇ ਡਾ. ਸੁਖਬੀਰ ਕੌਰ ਮਾਹਲ ਨੇ ਸੰਸਥਾ ਵੱਲੋਂ ਵਿੱਦਿਅਕ ਅਤੇ ਸਮਾਜਿਕ ਖੇਤਰ ਵਿੱਚ ਕੀਤੇ ਜਾਣ ਵਾਲੇ ਕਾਰਜਾਂ ਦੀ ਸ਼ਲਾਘਾ ਕੀਤੀ।ਮੁੱਖ ਮਹਿਮਾਨ ਵਜੋਂ ਸ਼ਾਮਿਲ ਹੋਏ ਡਾ. ਗੁਰਨਾਮ ਕੌਰ ਬੇਦੀ ਨੇ ਕਿਹਾ ਕਿ ਨਾਰੀ ਸਸ਼ਕਤੀਕਰਨ ਨੂੰ ਇੱਕ ਮਰਿਆਦਾ ਵਿੱਚ ਵੀ ਰੱਖਿਆ ਜਾਣਾ ਚਾਹੀਦਾ ਹੈ ਤਾਂ ਜੋ ਇਹ ਸਿਰਫ ਰਾਜਨੀਤਿਕ ਨਾਅਰਾ ਬਣਨ ਦੀ ਥਾਂ ਨਾਰੀ ਦੀ ਸ਼ਕਤੀ ਦੀਆਂ ਸੰਭਾਵਨਾਵਾਂ ਦੀ ਠੀਕ ਵਿਹਾਰਕਤਾ ਸਿਰਜ ਸਕੇ।ਕਵੀ ਦਰਬਾਰ ਤੋਂ ਬਾਅਦ ਤੀਸਰੇ ਸਮਾਗਮ ਵਿੱਚ ਫੈਰੋ ਫਲੂਇਡ ਸੰਗੀਤਕ ਗਰੁੱਪ ਨੇ ਪੰਜਾਬੀ ਰਹਿਤਲ ਦੀ ਨੁਮਾਇੰਦਗੀ ਕਰਦੀ ਕਲਾਸਿਕ ਅਤੇ ਸੂਫ਼ੀ ਸਾਹਿਤਕ ਪਰੰਪਰਾ ਤੇ ਅਧਾਰਿਤ ਪੇਸ਼ਕਾਰੀ ਦਿੱਤੀ ਜਿਸ ਵਿੱਚ ਚਾਰ ਕਲਾਕਾਰਾਂ ਨੇ ਭਗਤੀ, ਗੁਰਮਤਿ ਅਤੇ ਸੂਫ਼ੀਆਂ ਦੇ ਕਲਾਮ ਨਾਲ ਹਾਜ਼ਰ ਸਰੋਤਿਆਂ ਨੂੰ ਝੂਮਣ ਲਾ ਦਿੱਤਾ।ਇਨ੍ਹਾਂ ਸਮਾਗਮਾਂ ਵਿੱਚ ਦੌਰਾਨ ਸੰਚਾਲਕ ਦੀ ਭੂਮਿਕਾ ਡਾ. ਜਸਦੀਪ ਕੌਰ ਅਤੇ ਡਾ. ਕੁਲਵਿੰਦਰ ਸਿੰਘ ਵੱਲੋਂ ਨਿਭਾਈ ਗਈ ਅਤੇ ਇਨ੍ਹਾਂ ਵਿੱਚ ਪੰਜਾਬ ਤੋਂ ਇਲਾਵਾ ਭਾਰਤ ਦੀਆਂ ਵੱਖ-ਵੱਖ ਵਿੱਦਿਅਕ ਸੰਸਥਾਵਾਂ ਤੋਂ ਅਧਿਆਪਕਾਂ ਅਤੇ ਵਿਦਿਆਰਥੀਆਂ ਨੇ ਵੀ ਭਾਗ ਲਿਆ।




## ਬਜਟ ਨੇ ਮੁਲਾਜ਼ਮਾਂ, ਮਜ਼ਦੂਰਾਂ ਤੇ ਬਜ਼ੁਰਗਾਂ ਦੀਆਂ ਆਸਾਂ 'ਤੇ ਪਾਣੀ ਫੇਰਿਆ: ਕਾਮਰੇਡ ਦਦੇਹਰ

**ਚੋਹਲਾ ਸਾਹਿਬ (ਰਮਨ ਚੱਢਾ)**- ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਭਰਤੀ ਕਮਿਊਨਿਸਟ ਪਾਰਟੀ ਦੇ ਬਲਾਕ ਨੁਸ਼ਹਿਰਾ ਚੋਹਲਾ ਦੇ ਸਕੱਤਰ ਕਾਮਰੇਡ ਬਲਵਿੰਦਰ ਸਿੰਘ ਦਦੇਹਰ ਸਾਹਿਬ ਨੇ ਦੱਸਿਆ ਕਿ ਪੰਜਾਬ ਸਰਕਾਰ ਦਾ ਬਜਟ ਲੋਕ ਵਿਰੋਧੀ ਸਿੱਧ ਹੋਇਆ ਹੈ! ਇਹ ਸਰਕਾਰ ਲੋਕਾਂ ਨਾਲ ਵੱਡੇ ਵਾਅਦੇ ਕਰਕੇ ਸੱਤਾ ਵਿੱਚ ਆਈ ਸੀ। 2022 ਦੀਆਂ ਚੋਣਾਂ ਵਿੱਚ ਇਹ ਸਰਕਾਰ ਕੱਚੇ ਮੁਲਾਜ਼ਮਾਂ ਨੂੰ ਵਿਸ਼ਵਾਸ ਦਿਵਾਉਂਦੀ ਸੀ ਕਿ ਠੇਕੇਦਾਰੀ ਸਿਸਟਮ ਬੰਦ ਕਰਕੇ ਕੱਚੇ ਮੁਲਾਜ਼ਮਾਂ ਨੂੰ ਪੱਕਾ ਕੀਤਾ ਜਾਵੇਗਾ ਅਤੇ ਬਜ਼ੁਰਗਾਂ ਦੀ ਪੈਨਸ਼ਨ 1500 ਤੋਂ ਵਧਾ ਕੇ 2500 ਕਰ ਦਿੱਤੀ ਜਾਵੇਗੀ! ਹਰ ਇਕ ਔਰਤ ਨੂੰ 1000 ਹਜ਼ਾਰ ਰੁਪਏ ਬਿਨਾਂ ਸ਼ਰਤ ਦਿੱਤੇ ਜਾਣਗੇ ਪਰ ਅੱਜ ਬਜਟ ਵਿੱਚ ਪੰਜਾਬ ਸਰਕਾਰ ਨੇ ਇਹ ਸ਼ਰਤ ਲਾ ਦਿੱਤੀ ਕਿ ਪੈਨਸ਼ਨ ਪ੍ਰਾਪਤ ਕਰ ਰਹੀਆ ਔਰਤਾਂ ਤੋਂ ਬਿਨਾਂ ਬਾਲੜੀਆਂ ਨੂੰ 1000 ਰੁਪਏ ਦਿੱਤੇ ਜਾਣਗੇ! ਦੂਸਰੇ ਪਾਸੇ ਕਾਂਗਰਸ ਅਤੇ ਬੀਜੇਪੀ ਸੱਤਾ ਵਿੱਚ ਆਉਣ ਲਈ ਤਰਲੋ ਮੱਛੀ ਹੋ ਰਹੀਆਂ ਹਨ। ਸੱਚ ਤਾਂ ਇਹ ਇਹ ਹੈ ਕਿ ਜੇਕਰ ਲੋਕ ਇਨ੍ਹਾਂ ਨੂੰ ਛੱਡ ਕੇ ਮਿਹਨਤੀ ਲੋਕਾਂ ਲਈ ਲੜਨ ਵਾਲੀਆਂ ਖੱਬੀਆਂ ਧਿਰਾਂ ਨੂੰ ਸੱਤਾ ਵਿੱਚ ਲੈ ਕੇ ਆਉਣਗੇ ਤਾਂ ਹੀ ਪੰਜਾਬ ਦਾ ਭਲਾ ਹੋ ਸਕੇਗਾ।

## ਬਿਜਲੀ ਕਾਮਿਆਂ ਦਾ ਵਫਦ ਮੁੱਖ ਚੀਫ ਇੰਜੀਨੀਅਰ ਅਰਵਿੰਦਰਜੀਤ ਬੋਪਾਰਾਏ ਨੂੰ ਮਿਲਿਆ

**ਅਜਨਾਲਾ (ਸੁਖਤਿੰਦਰ ਸਿੰਘ ਰਾਜੂ)**- ਇੰਪਲਾਈਜ਼ ਫੈਡਰੇਸ਼ਨ ਪੰਜਾਬ ਰਾਜ ਬੋਰਡ ਹੁਣ ਪਾਵਰਕਾਮ, ਟਰਾਂਸਕੋ ਕੇਸਰੀ ਝੰਡਾ ਚਾਹਲ ਪੰਜਾਬ ਦੇ ਪ੍ਰਧਾਨ ਗੁਰਵੇਲ ਸਿੰਘ ਬਲਪੁਰੀਆ ਦੀ ਅਗਵਾਈ ਵਿਚ ਚਲ ਰਹੀ ਜਥੇਬੰਦੀ ਦੇ ਸੀਨੀਅਰ ਆਗੂ ਬਾਰਡਰ ਜ਼ੋਨ ਅੰਮ੍ਰਿਤਸਰ ਦੇ ਪ੍ਰਧਾਨ ਜਸਪ੍ਰੀਤ ਸਿੰਘ ਦੀ ਪ੍ਰਧਾਨਗੀ ਹੇਠ ਬਾਰਡਰ ਜ਼ੋਨ ਅੰਮ੍ਰਿਤਸਰ ਦੇ ਨਵੇਂ ਆਏ ਮੁੱਖ ਚੀਫ ਇੰਜਨੀਆਰ ਅਰਵਿੰਦਰਜੀਤ ਬੋਪਾਰਾਏ ਨੂੰ ਉਨ੍ਹਾਂ ਦੇ ਦਫਤਰ ਵਿਖੇ ਮਿਲਿਆ। ਇਸ ਮੌਕੇ ਬਾਰਡਰ ਜ਼ੋਨ ਅੰਮ੍ਰਿਤਸਰ ਅਧੀਨ ਡਿਊਟੀਆਂ ਕਰਦੇ ਬਿਜਲੀ ਮੁਲਾਜ਼ਮਾਂ ਦੀਆਂ ਮੰਗਾਂ 'ਤੇ ਅਹਿਮ ਵਿਚਾਰ ਵਟਾਂਦਰਾ ਕੀਤਾ ਗਿਆ। ਇਸ ਮੌਕੇ ਬੋਪਾਰਾਏ ਨੇ ਜਥੇਬੰਦੀ ਦੀ ਲੀਡਰਸ਼ਿਪ ਨੂੰ ਭਰੋਸਾ ਦਿੱਤਾ ਕਿ ਬਿਜਲੀ ਮੁਲਾਜ਼ਮਾਂ ਦੇ ਕੰਮਕਾਰ ਪਹਿਲ ਦੇ ਆਧਾਰ ਤੇ ਕੀਤੇ ਜਾਣਗੇ, ਫੈਡਰੇਸ਼ਨ ਦੀ ਲੀਡਰਸ਼ਿਪ ਵਿਚ ਸਤਨਾਮ ਸਿੰਘ ਕਥੂਨੰਗਲ ਸਕੱਤਰ ਬਾਰਡਰ ਜ਼ੋਨ ਅੰਮ੍ਰਿਤਸਰ, ਗੁਰਨਾਮ ਸਿੰਘ ਲੁਬਾਣਾ ਸੀਨੀਅਰ ਆਗੂ ਸਰਕਲ ਗੁਰਦਾਸਪੁਰ, ਜੋਮਜ਼ ਭੱਟੀ ਪ੍ਰਧਾਨ ਪੀ ਐਂਡ ਐੱਮ ਜ਼ੋਨ ਲੁਧਿਆਣਾ, ਬਲਜਿੰਦਰ ਸਿੰਘ ਬਾਜਵਾ ਪ੍ਰਧਾਨ ਮੰਡਲ ਕਾਦੀਆਂ, ਰਣਜੀਤ ਸਿੰਘ ਪ੍ਰਧਾਨ ਮੰਡਲ ਅਜਨਾਲਾ, ਗੁਰਦੀਪ ਸਿੰਘ ਗਿੱਲ ਪ੍ਰਧਾਨ ਮੰਡਲ ਧਾਰੀਵਾਲ, ਸੰਦੀਪ ਸਿੰਘ ਬਾਜਵਾ ਸਕੱਤਰ ਮੰਡਲ ਕਾਦੀਆਂ, ਕੁਲਦੀਪ ਸਿੰਘ ਕਾਹਨੂੰਵਾਨ ਸਕੱਤਰ ਸਰਕਲ ਸੀਟੀ ਅੰਮ੍ਰਿਤਸਰ, ਪ੍ਰਭਜੋਤ ਸਿੰਘ ਸਕੱਤਰ ਮੰਡਲ ਅਜਨਾਲਾ, ਰਵੀ ਪ੍ਰਤਾਪ ਸੀਨੀਅਰ ਆਗੂ ਇੰਪ. ਫੈਡਰੇਸ਼ਨ 66 ਕੇ ਵੀ ਸਬ ਸਟੇਸ਼ਨ ਢਡੇ ਪੀ ਐਂਡ ਐੱਮ., ਸਤਨਾਮ ਸਿੰਘ ਸੀਨੀਅਰ ਅਗੂ ਇੰਪ. ਫੈਡਰੇਸ਼ਨ 66 ਕੇ ਵੀ ਪੀ. ਐਂਡ ਐੱਮ ਬਿਜਲੀਵਾਲ, ਗੁਰਪਿੰਦਰ ਸਿੰਘ ਸਕੱਤਰ ਪੀ. ਐਂਡ ਐੱਮ. ਮੰਡਲ ਟੂ ਅੰਮ੍ਰਿਤਸਰ ਸਤਨਾਮ ਸਿੰਘ ਸੀਨੀਅਰ ਆਗੂ ਇੰਪ. ਫੈਡਰੇਸ਼ਨ 66 ਕੇ ਵੀ ਸਬ ਸਟੇਸ਼ਨ ਸ਼ਾਹਪੁਰ ਗੋਰਾਇਆ, ਬਲਜੀਤ ਸਿੰਘ ਸੀਨੀਅਰ ਆਗੂ 66 ਸਬ ਸਟੇਸ਼ਨ ਸ਼ਾਹਪੁਰ ਗੋਰਾਇਆ, ਹਰਮੀਤ ਸਿੰਘ ਸੀਨੀਅਰ ਆਗੂ 66 ਸਬ ਸਟੇਸ਼ਨ ਡੇਰਾ ਬਾਬਾ ਨਾਨਕ, ਅੰਮ੍ਰਿਤਪਾਲ ਸਿੰਘ ਸੀਨੀਅਰ ਆਗੂ ਇੰਪ. ਫੈਡਰੇਸ਼ਨ ਸਬ ਸਟੇਸ਼ਨ 66 ਕੇ ਵੀ ਡੇਰਾ ਬਾਬਾ ਨਾਨਕ, ਬਲਵਿੰਦਰ ਸਿੰਘ ਬਠੇ ਭੈਣੀ ਸੀਨੀਅਰ ਆਗੂ ਸਰਕਲ ਤਰਨ ਤਾਰਨ ਸ਼ਾਮਿਲ ਸਨ।



ਨਵਾਂ ਜ਼ਮਾਨਾ
ਮੰਗਲਵਾਰ, 10 ਮਾਰਚ 2026

# ਰਾਸ਼ਟਰਪਤੀ ਚਰਚਾ 'ਚ

ਨਾਰੀ ਦਿਵਸ 'ਤੇ ਦੁਨੀਆ ਦੀਆਂ ਨਾਰੀਆਂ ਜਦੋਂ ਆਪਣੇ ਮਸਲਿਆਂ ਨੂੰ ਲੈ ਕੇ ਚਰਚਾਵਾਂ ਵਿੱਚ ਜੁਟੀਆਂ ਹੋਈਆਂ ਸਨ, ਉਦੋਂ ਭਾਰਤ ਦੀ ਰਾਸ਼ਟਰਪਤੀ ਦਰੋਪਦੀ ਮੁਰਮੂ ਦਾ ਮਰਮ ਵਿਸਫੋਟਕ ਰੂਪ ਵਿੱਚ ਸਾਹਮਣੇ ਆਇਆ। ਉਨ੍ਹਾ ਬੰਗਾਲ ਦੇ ਆਪਣੇ ਇੱਕ ਪ੍ਰੋਗਰਾਮ ਵਿੱਚ ਰਾਜਪਾਲ ਤੇ ਮੁੱਖ ਮੰਤਰੀ ਦੀ ਗੈਰਮੌਜੂਦਗੀ ਨੂੰ ਆਪਣਾ ਅਪਮਾਨ ਕਰਾਰ ਦਿੱਤਾ। ਲੂਣ-ਮਿਰਚ ਲਾਉਣ ਵਿੱਚ ਮਾਹਰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਇਸ ਨੂੰ ਆਦਿਵਾਸੀ ਨਾਰੀ ਸਣੇ ਤਮਾਮ ਨਾਰੀਆਂ ਦਾ ਅਪਮਾਨ ਦੱਸ ਦਿੱਤਾ, ਪਰ ਮੁੱਖ ਮੰਤਰੀ ਮਮਤਾ ਬੈਨਰਜੀ ਨੇ ਇਸ ਦੇ ਟਾਕਰੇ ਵਿੱਚ ਉਹ ਤਸਵੀਰ ਪੇਸ਼ ਕਰ ਦਿੱਤੀ, ਜਦੋਂ ਪ੍ਰਧਾਨ ਮੰਤਰੀ ਨੇ ਰਾਸ਼ਟਰਪਤੀ ਦਾ ਅਪਮਾਨ ਕੀਤਾ ਸੀ। ਉਨ੍ਹਾ ਚੇਤੇ ਕਰਾਇਆ ਕਿ ਜਦੋਂ ਸਾਬਕਾ ਉਪ ਪ੍ਰਧਾਨ ਮੰਤਰੀ ਐੱਲ ਕੇ ਅਡਵਾਨੀ ਨੂੰ ਭਾਰਤ ਰਤਨ ਦਿੱਤਾ ਗਿਆ ਤਾਂ ਰਾਸ਼ਟਰਪਤੀ ਖੜ੍ਹੀ ਸੀ ਤੇ ਪ੍ਰਧਾਨ ਮੰਤਰੀ ਕੁਰਸੀ 'ਤੇ ਬੈਠੇ ਅਡਵਾਨੀ ਨਾਲ ਗੱਲਾਂਬਾਤਾਂ ਕਰ ਰਹੇ ਸਨ। ਇਸ ਨਾਲੋਂ ਵੱਡਾ ਸੰਵਿਧਾਨਕ ਅਪਮਾਨ ਰਾਸ਼ਟਰਪਤੀ ਦਾ ਕੀ ਹੋ ਸਕਦਾ ਸੀ? ਸੰਵਿਧਾਨ ਮੁਤਾਬਕ ਸਭ ਤੋਂ ਪਹਿਲਾਂ ਰਾਸ਼ਟਰਪਤੀ, ਉਸ ਦੇ ਬਾਅਦ ਉਪ ਰਾਸ਼ਟਰਪਤੀ ਤੇ ਤੀਜੇ ਨੰਬਰ 'ਤੇ ਪ੍ਰਧਾਨ ਮੰਤਰੀ ਨੂੰ ਨਾ ਸਿਰਫ ਬੈਠਣ, ਸਗੋਂ ਚੱਲਣ ਵਿੱਚ ਵੀ ਨਿਰਧਾਰਤ ਕੀਤਾ ਗਿਆ ਹੈ। ਰਾਸ਼ਟਰਪਤੀ ਦੇ ਭਾਸ਼ਣ ਨਾਲ ਹੀ ਸੰਸਦ ਅਜਲਾਸ ਸ਼ੁਰੂ ਹੁੰਦਾ ਹੈ, ਪਰ ਸੈਂਟਰਲ ਵਿਸਟਾ (ਨਵੇਂ ਸੰਸਦ ਭਵਨ) ਦੇ ਉਦਘਾਟਨ ਵੇਲੇ ਰਾਸ਼ਟਰਪਤੀ ਨੂੰ ਸੱਦਿਆ ਹੀ ਨਹੀਂ ਸੀ ਗਿਆ।

ਅਜੀਬ ਗੱਲ ਹੈ ਕਿ ਰਾਸ਼ਟਰਪਤੀ ਮੁਰਮੂ ਨੂੰ ਉਦੋਂ ਆਪਣੇ ਅਹੁਦੇ ਦੇ ਅਪਮਾਨ ਦਾ ਖਿਆਲ ਨਹੀਂ ਆਇਆ। ਅਜਿਹਾ ਤਾਂ ਕਈ ਵਾਰ ਹੋ ਚੁੱਕਾ ਹੈ, ਜਦੋਂ ਰਾਸ਼ਟਰਪਤੀ ਦੇ ਪ੍ਰੋਗਰਾਮਾਂ ਵਿੱਚ ਮੁੱਖ ਮੰਤਰੀ ਨਹੀਂ ਪੁੱਜੇ। ਇੱਥੋਂ ਤੱਕ ਕਿ ਭਾਜਪਾਈ ਮੁੱਖ ਮੰਤਰੀ ਵੀ ਨਹੀਂ ਪੁੱਜੇ। ਹਾਲ ਹੀ ਵਿੱਚ ਮਥੁਰਾ ਦੌਰੇ ਦੌਰਾਨ ਰਾਸ਼ਟਰਪਤੀ ਦੇ ਪ੍ਰੋਗਰਾਮ ਵਿੱਚ ਰਾਜਪਾਲ ਤੇ ਮੁੱਖ ਮੰਤਰੀ ਦੋਨੋਂ ਨਦਾਰਦ ਸਨ, ਉਦੋਂ ਉਨ੍ਹਾ ਅਪਮਾਨ ਮਹਿਸੂਸ ਨਹੀਂ ਕੀਤਾ। ਹਰਿਆਣਾ ਵਿੱਚ ਵੀ ਮਨੋਹਰ ਲਾਲ ਖੱਟਰ ਇਸ ਤਰ੍ਹਾਂ ਦਾ ਵਿਹਾਰ ਕਰ ਚੁੱਕੇ ਹਨ। ਪਿਛਲੇ ਮਹੀਨੇ 13 ਫਰਵਰੀ ਨੂੰ ਰਾਸ਼ਟਰਪਤੀ ਮੁਰਮੂ ਨੇ ਬ੍ਰਹਮਾ ਕੁਮਾਰੀਜ਼ ਦੀ ਆਲ ਇੰਡੀਆ ਕਾਨਫਰੰਸ ਦਾ ਉਦਘਾਟਨ ਕੀਤਾ ਤੇ ਇਸੇ ਦਿਨ ਰਾਸ਼ਟਰਪਤੀ ਨੇ ਗੁਰੂਗਰਾਮ ਸਥਿਤ ਓਮ ਸ਼ਾਂਤ ਰਿਟ੍ਰੀਟ ਸੈਂਟਰ ਦੀ ਸਿਲਵਰ ਜੁਬਲੀ ਦੇ ਸਮਾਰੋਹ ਦਾ ਆਰੰਭ ਵੀ ਕੀਤਾ। ਗੁਰੂਗਰਾਮ ਦੇ ਪ੍ਰੋਗਰਾਮ ਵਿੱਚ ਬਿਹਾਰ ਦੇ ਰਾਜਪਾਲ ਮੌਜੂਦ ਸਨ, ਪਰ ਸੂਬੇ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨਹੀਂ ਆਏ। ਉਦੋਂ ਰਾਸ਼ਟਰਪਤੀ ਜਜ਼ਬਾਤੀ ਨਹੀਂ ਹੋਈ। ਆਦਿਵਾਸੀ ਮਹਿਲਾ ਰਾਸ਼ਟਰਪਤੀ ਉਦੋਂ ਵੀ ਭਾਵੁਕ ਨਹੀਂ ਹੋਈ, ਜਦੋਂ ਮਨੀਪੁਰ ਵਿੱਚ ਆਦਿਵਾਸੀ ਮਹਿਲਾਵਾਂ ਨੂੰ ਨਿਰਵਸਤਰ ਕਰਕੇ ਜਨਤਕ ਤੌਰ 'ਤੇ ਘੁਮਾਇਆ ਗਿਆ। ਕੌਮਾਂਤਰੀ ਜਗਤ ਵਿੱਚ ਨਾਮਣਾ ਖੱਟਣ ਵਾਲੀਆਂ ਮਹਿਲਾ ਭਲਵਾਨਾਂ ਨੂੰ ਘਸੀਟਿਆ ਗਿਆ। ਈਰਾਨ ਵਿੱਚ ਫੁੱਲਾਂ ਵਰਗੀਆਂ 150 ਤੋਂ ਵੱਧ ਵਿਦਿਆਰਥਣਾਂ ਨੂੰ ਅਮਰੀਕੀ ਰਾਸ਼ਟਰਪਤੀ ਟਰੰਪ ਦੀ ਫੌਜ ਨੇ ਮਾਰ ਦਿੱਤਾ, ਪਰ ਇੱਕ ਸ਼ਬਦ ਨਹੀਂ ਬੋਲਿਆ। ਮੁੱਖ ਮੰਤਰੀ ਮਮਤਾ ਬੈਨਰਜੀ ਦੇ ਪ੍ਰੋਗਰਾਮ ਵਿੱਚ ਨਾ ਆਉਣ 'ਤੇ ਖਿਝ ਲਾਹ ਕੇ ਤੇ ਆਪਣੇ ਅਪਮਾਨ ਦੀ ਗੱਲ ਕਰਕੇ ਰਾਸ਼ਟਰਪਤੀ ਨੇ ਆਪਣੇ ਪੈਰ 'ਤੇ ਹੀ ਕੁਹਾੜੀ ਮਾਰ ਲਈ ਹੈ। ਪੱਛਮੀ ਬੰਗਾਲ ਵਿੱਚ ਕੁਝ ਦਿਨਾਂ ਤੱਕ ਚੋਣਾਂ ਹੋਣ ਵਾਲੀਆਂ ਹਨ ਤੇ ਰਾਸ਼ਟਰਪਤੀ ਨੇ ਭਾਜਪਾ ਤੇ ਤ੍ਰਿਣਮੂਲ ਕਾਂਗਰਸ ਦੀ ਲੜਾਈ ਵਿੱਚ ਖੁਦ ਨੂੰ ਖਾਹਮਖਾਹ ਫਸਾ ਕੇ ਆਪਣਾ ਵੱਕਾਰ ਘਟਾਇਆ ਹੈ।

# ਮੁਕਤ ਵਪਾਰ ਸਮਝੌਤੇ ਦੀ ਪੈੜ ਨੱਪਦਿਆਂ

**ਅੰਗਰੇਜ ਸਿੰਘ ਭਦੌੜ**

ਅਜੀਬ ਜ਼ਮਾਨਾ ਆ ਗਿਆ ਹੈ। ਅਮਰੀਕਾ ਦਾ ਰਾਸ਼ਟਰਪਤੀ ਡੋਨਾਲਡ ਟਰੰਪ ਦੱਸਦਾ ਹੈ ਕਿ ਭਾਰਤ ਅਤੇ ਪਾਕਿਸਤਾਨ ਵਿਚਕਾਰ ਜੰਗ ਰੁਕ ਗਈ ਹੈ, ਇਹ ਜੰਗ ਖੁਦ ਉਸ ਨੇ ਰੁਕਵਾਈ ਹੈ ਅਤੇ ਇਸ ਜੰਗ ਵਿੱਚ ਕਈ ਮਹਿੰਗੇ ਲੜਾਕੂ ਜਹਾਜ਼ ਡੇਗ ਲਏ ਗਏ ਹਨ। ਉਹ ਕਹਿੰਦਾ ਹੈ ਕਿ ਭਾਰਤ ਰੂਸ ਤੋਂ ਤੇਲ ਖਰੀਦਣਾ ਬੰਦ ਕਰੇਗਾ ਅਤੇ ਟਰੰਪ ਹੀ ਦੱਸਦਾ ਹੈ ਕਿ ਭਾਰਤ ਅਤੇ ਅਮਰੀਕਾ ਵਿਚਕਾਰ ਕਿਹੜੀਆਂ-ਕਿਹੜੀਆਂ ਚੀਜ਼ਾਂ ਸੰਬੰਧੀ ਮੁਕਤ ਵਪਾਰ ਸਮਝੌਤਾ ਹੋ ਗਿਆ ਹੈ।

ਦੂਜੇ ਪਾਸੇ ਭਾਰਤ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਕਹਿੰਦੇ ਹਨ ਕਿ ਜੰਗ ਰੁਕਵਾਉਣ ਵਿੱਚ ਅਮਰੀਕਾ ਦਾ ਕੋਈ ਹੱਥ ਨਹੀਂ, ਉਹ ਲੜਾਕੂ ਜਹਾਜ ਡਿੱਗਣ ਤੋਂ ਵੀ ਇਨਕਾਰ ਕਰਦੇ ਹਨ। ਰੂਸ ਤੋਂ ਤੇਲ ਖਰੀਦਣ ਬਾਰੇ ਭਾਰਤ ਦਾ ਊਰਜਾ ਮੰਤਰੀ ਗੋਲ-ਮੋਲ ਜਵਾਬ ਦਿੰਦਾ ਹੈ। ਇਸੇ ਤਰ੍ਹਾਂ ਮੁਕਤ ਵਪਾਰ ਸਮਝੌਤੇ ਦੀਆਂ ਮੱਦਾਂ ਬਾਰੇ ਵੀ ਭਾਰਤ ਸਰਕਾਰ ਗੋਲਮੋਲ ਗੱਲਾਂ ਹੀ ਕਰ ਰਹੀ ਹੈ।

ਭਾਰਤ ਸਰਕਾਰ ਦੀ ਵਿਸ਼ਵਾਸ ਯੋਗਤਾ, ਜੇਕਰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਸਾਰੇ ਭਾਰਤੀਆਂ ਨੂੰ 15 -15 ਲੱਖ ਰੁਪਏ ਦੇਣ ਦੀ ਗੱਲ ਛੱਡ ਵੀ ਦੇਈਏ ਤਾਂ ਵੀ ਮੁਕਤ ਵਪਾਰ ਸਮਝੌਤੇ ਬਾਰੇ ਤਾਜ਼ਾ ਘਟਨਾਕ੍ਰਮ ਜ਼ਰੂਰ ਵਾਚਣਯੋਗ ਹੈ। 15 ਅਗਸਤ 2025 ਨੂੰ ਪ੍ਰਧਾਨ ਮੰਤਰੀ ਨੇ ਲਾਲ ਕਿਲ੍ਹੇ ਤੋਂ ਬੋਲਦਿਆਂ ਕਿਹਾ ਕਿ ਭਾਰਤ ਦੇ ਕਿਸਾਨਾਂ ਲਈ ਉਹਨਾਂ ਨੂੰ ਭਾਵੇਂ ਨਿੱਜੀ ਤੌਰ 'ਤੇ ਕੋਈ ਵੀ ਕੁਰਬਾਨੀ ਦੇਣੀ ਪਵੇ, ਉਹ ਪਿੱਛੇ ਨਹੀਂ ਹਟਣਗੇ। ਤਿੰਨ ਦਿਨ ਦੇ ਅੰਦਰ ਅੰਦਰ ਹੀ ਐਲਾਨ ਹੋ ਗਿਆ ਕਿ ਨਰਮੇ-ਕਪਾਹ ਤੋਂ ਦਰਾਮਦ ਟੈਕਸ ਘਟਾ ਦਿੱਤਾ ਗਿਆ ਹੈ। ਅਖਬਾਰਾਂ ਵਿੱਚ ਖਬਰ ਛਪੀ ਕਿ ਇਹ ਟੈਕਸ ਕਟੌਤੀ 30 ਸਤੰਬਰ 2025 ਤੱਕ ਹੀ ਰਹੇਗੀ। ਕੁਝ ਦਿਨਾਂ ਬਾਅਦ ਪਤਾ ਲੱਗਿਆ ਕਿ ਟੈਕਸ ਪੱਕੇ ਤੌਰ 'ਤੇ ਹੀ ਜ਼ੀਰੋ ਕਰ ਦਿੱਤਾ ਗਿਆ ਹੈ। ਪਹਿਲਾਂ ਵੀ ਬਿਜਲੀ ਸੋਧ ਬਿੱਲ ਬਾਰੇ ਕੇਂਦਰ ਸਰਕਾਰ ਕਿਸਾਨਾਂ ਨਾਲ ਵਾਅਦਾ-ਖਿਲਾਫੀ ਕਰ ਚੁੱਕੀ ਹੈ। ਇਸ ਨੇ ਭਾਰਤ ਸਰਕਾਰ ਤੋਂ ਕਿਸਾਨਾਂ ਦਾ ਵਿਸ਼ਵਾਸ ਬਿਲਕੁੱਲ ਖਤਮ ਕਰ ਦਿੱਤਾ। ਇਸੇ ਕਰਕੇ ਭਾਰਤੀ ਜਨਤਾ ਨੇ ਅਮਰੀਕਾ ਸਰਕਾਰ ਵੱਲੋਂ ਉਹਨਾਂ ਦੇ ਸਰਕਾਰੀ ਐੱਕਸ ਅਕਾਊਂਟ ਦੀ ਵ੍ਹਾਈਟ ਹਾਊਸ 'ਤੇ ਮੁਕਤ ਵਪਾਰ ਸਮਝੌਤੇ ਸਬੰਧੀ ਦਿੱਤੀ ਗਈ ਜਾਣਕਾਰੀ ਨੂੰ ਸੱਚ ਮੰਨ ਲਿਆ। ਕੁੱਝ ਦਿਨਾਂ ਬਾਅਦ ਇਸ ਦੀ ਪੁਸ਼ਟੀ ਖੁਦ ਭਾਰਤ ਸਰਕਾਰ ਨੇ ਕਰ ਦਿੱਤੀ।

ਅਮਰੀਕਾ ਸਰਕਾਰ ਦੇ ਅਧਿਕਾਰਤ ਐੱਕਸ ਖਾਤੇ *The White House Washington* 'ਤੇ 6/02/2026 ਨੂੰ ਟੈਕਸ ਮੁਕਤ ਵਪਾਰ ਸਮਝੌਤੇ ਬਾਰੇ ਜੋ ਲਿਖਿਆ ਗਿਆ, ਉਹ ਸੰਖੇਪ ਵਿੱਚ ਇਸ ਤਰ੍ਹਾਂ ਹੈ।

1) ਭਾਰਤ, ਡਰਾਈਡ ਡਿਸਟਿਲਰਜ਼ ਗ੍ਰੇਨਜ਼ ( ਮੱਕੀ ਤੋਂ ਇਥਾਨੋਲ ਬਣਾਉਣ ਸਮੇਂ ਸੁਨਹਿਰੀ ਪੀਲੇ ਰੰਗ ਦਾ ਬਚਿਆ ਹੋਇਆ ਪਦਾਰਥ, ਜੋ ਕਿ ਪੋਲਟਰੀ ਅਤੇ ਪਸ਼ੂਆਂ ਦੀ ਫੀਡ ਵਾਸਤੇ ਵਰਤਿਆ ਜਾਂਦਾ ਹੈ ), ਪਸ਼ੂ ਚਾਰੇ ਲਈ ਲਾਲ ਜਵਾਰ, ਦਰੱਖਤੀ ਸੁੱਕੇ ਫਲ ( ਜਿਵੇਂ ਅਖਰੋਟ, ਬਦਾਮ, ਕਾਜੂ ਅਤੇ ਪਿਸਤਾ ਵਗੈਰਾ), ਤਾਜ਼ੇ, ਸੁੱਕੇ, ਡੱਬਾਬੰਦ ਫਲ ਅਤੇ ਮੁਰੱਬੇ, ਸੋਇਆਬੀਨ ਤੇਲ, ਸ਼ਰਾਬ ਅਤੇ ਹੋਰ ਵਸਤਾਂ ਤੋਂ ਇਲਾਵਾ ਅਮਰੀਕਾ ਦੇ ਸਾਰੇ ਉਦਯੋਗਿਕ ਉਤਪਾਦਾਂ ਸਮੇਤ ਭੋਜਨ ਅਤੇ ਖੇਤੀਬਾੜੀ ਪੈਦਾਵਾਰ ਦੀ ਵਿਸ਼ਾਲ ਸ਼੍ਰੇਣੀ 'ਤੇ ਲਾਗੂ ਟੈਰਿਫ਼ ਖਤਮ ਕਰੇਗਾ ਜਾਂ ਘਟਾਏਗਾ।

(ਇਸ ਪੈਰ੍ਹੇ ਵਿੱਚ ਲਿਖੇ ਗਏ ਵਿਸ਼ਾਲ ਸ਼੍ਰੇਣੀ ਅਤੇ ਹੋਰ ਵਸਤਾਂ ਸ਼ਬਦ ਉਸ ਤਰ੍ਹਾਂ ਹਨ, ਜਿਵੇਂ ਆਮ ਤੌਰ 'ਤੇ ਪੁਲਸ ਅਣਪਛਾਤੇ ਵਿਅਕਤੀ ਲਿਖ ਦਿੰਦੀ ਹੈ, ਤਾਂ ਕਿ ਬਾਅਦ ਵਿੱਚ ਕਿਸੇ ਨੂੰ ਵੀ ਫਸਾਇਆ ਜਾ ਸਕੇ। ਸੋ ਵਿਸ਼ਾਲ ਸ਼੍ਰੇਣੀ ਅਤੇ ਹੋਰ ਵਸਤਾਂ ਵਿੱਚ ਕੀ ਕੀ ਸ਼ਾਮਿਲ ਹੁੰਦਾ ਹੈ, ਇਹ ਭਵਿੱਖ ਹੀ ਦੱਸੇਗਾ)

2) ਸੰਯੁਕਤ ਰਾਜ ਅਮਰੀਕਾ, ਭਾਰਤ ਤੋਂ ਆਉਣ ਵਾਲੀਆਂ ਵਸਤੂਆਂ 'ਤੇ 18 ਪ੍ਰਤੀਸ਼ਤ ਪਰਸਪਰ ਟੈਰਿਫ਼ ਲਾਵੇਗਾ।

3) ਅਮਰੀਕੀ ਅਤੇ ਅੰਤਰਰਾਸ਼ਟਰੀ ਮਿਆਰ (ਟੈਸਟਿੰਗ ਲੋੜਾਂ ਸਮੇਤ) ਨਿਰਯਾਤ ਲਈ ਕਬੂਲਣਯੋਗ ਹੋਣਗੇ। (ਮਤਲਬ ਅਮਰੀਕਨ ਵਸਤਾਂ ਨੂੰ ਭਾਰਤ ਵਿੱਚ ਕਿਸੇ ਤਰ੍ਹਾਂ ਦੀ ਟੈਸਟਿੰਗ ਦਾ ਸਾਹਮਣਾ ਨਹੀਂ ਕਰਨਾ ਪਵੇਗਾ)

4) ਭਾਰਤ ਭੋਜਨ ਅਤੇ ਖੇਤੀਬਾੜੀ ਉਤਪਾਦਾਂ ਨਾਲ ਸੰਬੰਧਤ ਗੈਰ-ਟੈਰਿਫ਼ ਰੋਕਾਂ ਨੂੰ ਖਤਮ ਕਰੇਗਾ।

5) ਭਾਰਤ ਅਗਲੇ ਪੰਜ ਸਾਲਾਂ ਵਿੱਚ ਅਮਰੀਕਾ ਤੋਂ 500 ਅਰਬ ਡਾਲਰ ਦਾ ਸਮਾਨ ਖਰੀਦੇਗਾ।

ਜੇਕਰ ਸਿਰਫ ਉਪਰੋਕਤ ਜ਼ਿਕਰ ਕੀਤਾ ਗਿਆ ਸਮਝੌਤਾ ਹੀ ਲਾਗੂ ਹੋ ਜਾਵੇ ਤਾਂ ਉਸ ਦੇ ਭਾਰਤੀ ਕਿਸਾਨਾਂ ਅਤੇ ਆਮ ਲੋਕਾਂ 'ਤੇ ਪੈਣ ਵਾਲੇ ਅਸਰ :

ੳ) ਨਰਮਾ/ ਕਪਾਹ :- ਅਗਸਤ 2025 ਵਿੱਚ ਅਮਰੀਕਾ ਤੋਂ ਆਉਣ ਵਾਲੇ ਨਰਮੇ ਤੇ ਟੈਕਸ ਜ਼ੀਰੋ ਕਰ ਦੇਣ ਨਾਲ ਕੱਪੜਾ ਮਿੱਲਾਂ ਵਾਲਿਆਂ ਨੇ ਆਪਣੀ ਲੋੜ ਅਨੁਸਾਰ ਅਮਰੀਕਾ ਦਾ ਸਸਤਾ ਨਰਮਾ ਖਰੀਦ ਕੇ ਸਟੋਰ ਕਰ ਲਿਆ, ਜਿਸ ਨਾਲ ਭਾਰਤੀ ਕਿਸਾਨਾਂ ਦਾ ਨਰਮਾ 6,000 ਰੁਪਏ ਪ੍ਰਤੀ ਕੁਇੰਟਲ ਤੱਕ ਵਿਕਿਆ, ਜਦੋਂ ਕਿ ਭਾਰਤ ਸਰਕਾਰ ਵੱਲੋਂ ਆਮ ਕਪਾਹ ਲਈ 7,710 ਰੁਪਏ ਅਤੇ ਲੰਮੇ ਰੇਸ਼ੇ ਦੀ ਕਪਾਹ ਲਈ 8,100 ਰੁਪਏ ਪ੍ਰਤੀ ਕੁਇੰਟਲ ਐੱਮ ਐੱਸ ਪੀ ਦਾ ਐਲਾਨ ਕੀਤਾ ਹੋਇਆ ਹੈ। ਸਵਾਮੀਨਾਥਨ ਕਮਿਸ਼ਨ ਵੱਲੋਂ ਸਿਫਾਰਸ਼ ਕੀਤੀ 32+50 ਫੀਸਦੀ ਦਰ ਨਾਲ ਇਹ ਭਾਅ 10,075 ਰੁਪਏ ਪ੍ਰਤੀ ਕੁਇੰਟਲ ਬਣਦਾ ਹੈ। ਸੋ ਭਾਰਤੀ ਕਿਸਾਨਾਂ ਦਾ ਨਰਮਾ ਕੌਡੀਆਂ ਦੇ ਭਾਅ ਲੁੱਟ ਲਿਆ ਗਿਆ।

ਅ) **ਮੱਕੀ** :- ਅੰਤਰਮ ਸਮਝੌਤੇ ਅਨੁਸਾਰ ਮੱਕੀ ਨੂੰ ਡੀ ਡੀ ਜੀ ਜਾਂ ਸੁੱਕੇ ਡਿਸਟਿਲਡ ਅਨਾਜ ਵਜੋਂ ਆਯਾਤ ਕੀਤਾ ਜਾਵੇਗਾ। ਭਾਰਤ ਹੁਣ ਤੱਕ 5 ਲੱਖ ਟਨ ਤੱਕ ਮੱਕੀ ਦੀ ਦਰਾਮਦ 'ਤੇ 15 ਫੀਸਦੀ ਡਿਊਟੀ ਅਤੇ ਕਿਸੇ ਵੀ ਵੱਧ ਦਰਾਮਦ 'ਤੇ 50 ਫੀਸਦੀ ਡਿਊਟੀ ਲੈਂਦਾ ਹੈ। ਇਹ ਘਟਾ ਕੇ ਜ਼ੀਰੋ ਕਰ ਦਿੱਤੀ ਜਾਵੇਗੀ। ਇਹ ਡੀ ਡੀ ਜੀ ਮੱਕੀ ਮੁਰਗੀਆਂ ਅਤੇ ਪਸ਼ੂਆਂ ਦੀ ਖੁਰਾਕ ਬਣਾਉਣ ਲਈ ਵਰਤੀ ਜਾਂਦੀ ਹੈ। ਜਿਵੇਂ ਸਾਰਿਆਂ ਨੂੰ ਪਤਾ ਹੈ ਕਿ ਭਾਰਤ ਵਿੱਚ ਖਾਣ ਵਾਲੀਆਂ ਮਿਲਾਵਟੀ ਵਸਤਾਂ ਦੀ ਕਿੰਨੀ ਭਰਮਾਰ ਹੈ। ਨਤੀਜੇ ਵਜੋਂ 120 ਲੱਖ ਮੱਕੀ ਉਤਪਾਦਕ ਬੁਰੀ ਤਰ੍ਹਾਂ ਪ੍ਰਭਾਵਿਤ ਹੋਣਗੇ।

ੲ) **ਸੋਇਆਬੀਨ** : ਅਮਰੀਕਾ ਤੋਂ ਆਉਣ ਵਾਲਾ ਸੋਇਆਬੀਨ ਦਾ ਤੇਲ ਭਾਰਤ ਦੇ 40 ਲੱਖ ਸੋਇਆਬੀਨ ਉਤਪਾਦਕ ਕਿਸਾਨਾਂ ਨੂੰ ਬੁਰੀ ਤਰ੍ਹਾਂ ਪ੍ਰਭਾਵਤ ਕਰੇਗਾ। ਸਾਲ 2025 ਦੌਰਾਨ ਦੇਸ਼ ਵਿੱਚ ਲੱਗਭੱਗ 170 ਲੱਖ ਏਕੜ ਜ਼ਮੀਨ ਵਿੱਚ ਤੇਲ ਬੀਜਾਂ ਦੀ ਖੇਤੀ ਹੋਈ ਹੈ। ਸੋਇਆਬੀਨ ਦਾ ਸਸਤਾ ਤੇਲ ਭਾਰਤ ਵਿੱਚ ਆਉਣ ਨਾਲ ਦੂਜੇ ਤੇਲ ਬੀਜਾਂ ਜਿਵੇਂ ਸਰ੍ਹੋਂ, ਸੂਰਜਮੁਖੀ, ਮੂੰਗਫਲੀ, ਵੜੇਵੇਂ ਅਤੇ ਨਾਰੀਅਲ ਦੀਆਂ ਕੀਮਤਾਂ ਵੀ ਡਿੱਗ ਜਾਣਗੀਆਂ।

ਸ) **ਫਲ ਅਤੇ ਮੇਵੇ** : ਭਾਰਤ ਵਿੱਚ ਬਾਹਰਲੇ ਦੇਸ਼ਾਂ ਤੋਂ ਆਉਣ ਵਾਲੇ ਸੇਬਾਂ 'ਤੇ 50 ਫੀਸਦੀ ਟੈਰਿਫ ਲਗਾਇਆ ਜਾਂਦਾ ਸੀ ਅਤੇ ਘੱਟੋ-ਘੱਟ ਆਯਾਤ ਮੁੱਲ 80 ਰੁਪਏ ਪ੍ਰਤੀ ਕਿਲੋਗ੍ਰਾਮ ਮਿਥਿਆ ਹੋਇਆ ਸੀ, ਜਿਸ ਨਾਲ ਸੇਬ ਦੀ ਮੁੱਢਲੀ ਕੀਮਤ 120 ਰੁਪਏ ਪ੍ਰਤੀ ਕਿਲੋ ਹੋ ਜਾਂਦੀ ਸੀ। ਹੁਣ ਇਸ ਵਪਾਰ ਸਮਝੌਤੇ ਅਨੁਸਾਰ ਸਾਰੇ ਫਲਾਂ, ਮੁਰੱਬਿਆਂ ਅਤੇ ਸੁੱਕੇ ਮੇਵਿਆਂ ਤੋਂ ਸਾਰੇ ਟੈਰਿਫ ਅਤੇ ਗੈਰ ਟੈਰਿਫ ਰੋਕਾਂ ਨੂੰ ਚੱਕ ਦਿੱਤਾ ਜਾਵੇਗਾ, ਜਿਸ ਨਾਲ ਦੇਸ਼ ਦੇ 55 ਲੱਖ ਸੇਬ ਉਤਪਾਦਕਾਂ ਤੋਂ ਇਲਾਵਾ ਹੋਰ ਫਲ ਅਤੇ ਮੇਵੇ ਪੈਦਾ ਕਰਨ ਵਾਲੇ ਕਿਸਾਨ ਪਰਵਾਰ ਸੰਕਟ ਵਿੱਚ ਪੈ ਜਾਣਗੇ।

**ਗੈਰ-ਟੈਰਿਫ਼ ਰੋਕਾਂ** :- ਅੰਤਰਮ ਸਮਝੌਤੇ ਵਿੱਚ ਦਰਜ ਕੀਤੇ ਇਹ ਸ਼ਬਦ, ਭੋਜਨ ਅਤੇ ਖੇਤੀਬਾੜੀ ਉਤਪਾਦਾਂ ਨਾਲ ਸੰਬੰਧਤ ਗੈਰ-ਟੈਰਿਫ ਰੋਕਾਂ ਹਟਾ ਦਿੱਤੀਆਂ ਜਾਣਗੀਆਂ, ਬਹੁਤ ਹੀ ਘਾਤਕ ਹਨ, ਪਰ ਇਹਨਾਂ ਬਾਰੇ ਚਰਚਾ ਬਹੁਤ ਘੱਟ ਹੋਈ ਹੈ।

ਗੈਰ-ਟੈਰਿਫ ਰੋਕਾਂ ਕੀ ਹਨ ?

ਆਪਾਂ ਕਈ ਵਾਰ ਅਖਬਾਰਾਂ ਵਿੱਚ ਪੜ੍ਹਦੇ ਹਾਂ ਕਿ ਅਮਰੀਕਾ ਨੇ ਭਾਰਤੀ ਅੰਬ ਵਾਪਸ ਭੇਜ ਦਿੱਤੇ ਜਾਂ ਕਿਸੇ ਦੇਸ਼ ਨੇ ਪੰਜਾਬ ਦੀ ਕਣਕ ਖਰੀਦਣ ਤੋਂ ਇਨਕਾਰ ਕਰ ਦਿੱਤਾ, ਕਿਉਂਕਿ ਇਹਨਾਂ ਵਿੱਚ ਕੀੜੇਮਾਰ ਦਵਾਈਆਂ ਦੀ ਰਹਿੰਦ-ਖੂੰਹਦ ਦੀ ਮਾਤਰਾ ਕਾਫੀ ਜ਼ਿਆਦਾ ਹੈ। ਆਮ ਬੰਦਾ ਇਸ ਗੱਲ ਨੂੰ ਠੀਕ ਮੰਨ ਕੇ ਕਿਸਾਨਾਂ ਨੂੰ ਦੋਸ਼ ਦੇਣ ਲੱਗ ਜਾਂਦਾ ਹੈ ਕਿ ਇਹ ਤਾਂ ਅੰਨ੍ਹੇਵਾਹ ਸਪਰੇਹਾਂ ਕਰਦੇ ਹਨ, ਪਰ ਅਸਲ ਵਿੱਚ ਇਹ ਦੂਜੇ ਦੇਸ਼ ਦੀ ਚੀਜ਼ ਨੂੰ ਆਪਣੇ ਦੇਸ਼ ਵਿੱਚ ਆਉਣ ਤੋਂ ਰੋਕਣ ਦਾ ਇੱਕ ਬਹਾਨਾ ਹੁੰਦਾ ਹੈ। ਇਸੇ ਨੂੰ ਗੈਰ-ਟੈਰਿਫ ਰੋਕਾਂ ਕਹਿੰਦੇ ਹਨ। ਜਾਣਕਾਰੀ ਅਨੁਸਾਰ ਭਾਰਤ ਹੁਣ ਤੱਕ ਇਸ ਤਰ੍ਹਾਂ ਦੀਆਂ ਲੱਗਭੱਗ 615 ਰੋਕਾਂ ਲਗਾਉਂਦਾ ਰਿਹਾ ਹੈ, ਜਦੋਂ ਕਿ ਅਮਰੀਕਾ ਵੱਲੋਂ ਲੱਗਭੱਗ 9000 ਰੋਕਾਂ ਲਾਈਆਂ ਜਾਂਦੀਆਂ ਹਨ। ਮੁੱਖ ਰੋਕਾਂ ਇਸ ਤਰ੍ਹਾਂ ਹਨ:

1) **ਟੈਕਨੀਕਲ ਰੋਕਾਂ**: ਚੀਜ਼ਾਂ ਦੀ ਕੁਆਲਿਟੀ ਨਾਲ ਸੰਬੰਧਤ ਕੁਝ ਸ਼ਰਤਾਂ ਲਾ ਦਿੱਤੀਆਂ ਜਾਂਦੀਆਂ ਹਨ, ਜਿਵੇਂ ਫਰਿੱਜ ਤੇ ਬਿਜਲੀ ਦੀ ਖਪਤ, ਸਾਈਜ਼ ਅਤੇ ਵਜ਼ਨ ਸਬੰਧੀ ਲੇਬਲ ਲਾਇਆ ਜਾਵੇ ਜਾਂ ਵਿਸ਼ੇਸ਼ ਤਰ੍ਹਾਂ ਦੀ ਪੈਕਿੰਗ ਦੀ ਮੰਗ ਕਰਨਾ ਅਤੇ ਬੱਚਿਆਂ ਦੇ ਖਿਡਾਉਣੇ, ਜਿਸ ਪਦਾਰਥ ਤੋਂ ਬਣੇ ਹਨ, ਉਸ ਵਿੱਚ ਜ਼ਹਿਰੀਲਾਪਣ ਨਾ ਹੋਵੇ।

2) **ਸੈਨੀਟਰੀ ਅਤੇ ਸਿਹਤ ਸਬੰਧੀ ਰੋਕਾਂ**: ਮਨੁੱਖਾਂ, ਪਸ਼ੂਆਂ ਅਤੇ ਪੌਦਿਆਂ ਦੀ ਜ਼ਿੰਦਗੀ ਨੂੰ ਖਤਰੇ ਦੇ ਬਹਾਨੇ ਨਾਲ, ਖੇਤੀ ਅਤੇ ਭੋਜਨ ਪਦਾਰਥਾਂ ਨਾਲ ਸੰਬੰਧਤ ਚੀਜ਼ਾਂ 'ਤੇ ਰੋਕ ਲਾਉਣੀ, ਜਿਵੇਂ ਪਸ਼ੂਆਂ ਦੇ ਮੀਟ ਵਿੱਚ ਹਾਰਮੋਨਜ ਤੇ ਐਂਟੀ ਬਾਇਓਟਿਕ ਪਦਾਰਥਾਂ ਦੀ ਹੋਂਦ ਅਤੇ ਸੰਤਰੇ ਵਿੱਚ ਕੀੜੇਮਾਰ ਦਵਾਈ ਦੀ ਰਹਿੰਦ-ਖੂੰਹਦ ਦੀ ਮਾਤਰਾ।

3) ਲਾਇਸੰਸ ਪ੍ਰਣਾਲੀ: ਕੁਝ ਵਸਤਾਂ ਜਿਵੇਂ ਦਵਾਈਆਂ ਵਗੈਰਾ ਭਾਰਤ ਵਿੱਚ ਭੇਜਣ ਵਾਸਤੇ ਲਾਇਸੰਸ ਲੈਣ ਦੀ ਸ਼ਰਤ ਲਗਾ ਦੇਣੀ ਅਤੇ ਲਾਇਸੈਂਸ ਇੱਕ ਸੀਮਤ ਮਾਤਰਾ ਦਾ ਦੇਣਾ।

4) ਆਯਾਤ ਹੋਣ ਵਾਲੀਆਂ ਚੀਜ਼ਾਂ ਦਾ ਕੋਟਾ ਮਿਥ ਦੇਣਾ, ਜਿਵੇਂ ਇਹ ਕਹਿਣਾ ਕਿ ਇੱਕ ਸਾਲ ਵਿੱਚ ਵੱਧ ਤੋਂ ਵੱਧ 10 ਹਜ਼ਾਰ ਕਾਰ ਭਾਰਤ ਭੇਜੀ ਜਾ ਸਕੇਗੀ।

5) ਕਸਟਮ ਵਿਭਾਗ ਵੱਲੋਂ ਵਾਧੂ ਕਾਗਜ਼ ਪੱਤਰ ਮੰਗਣੇ, ਕਲੀਅਰੈਂਸ 'ਤੇ ਜਾਣ ਬੁੱਝ ਕੇ ਵੱਧ ਟਾਈਮ ਲਗਾਉਣਾ, ਇਸ ਪ੍ਰਕਿਰਿਆ ਨੂੰ ਗੁੰਝਲਦਾਰ ਬਣਾਉਣਾ ਅਤੇ ਸਮੇਂ ਸਿਰ ਚੈਕਿੰਗ ਨਾ ਕਰਨੀ।

ਅੰਤ੍ਰਿਮ ਵਪਾਰ ਸਮਝੌਤੇ ਅਨੁਸਾਰ ਇਸ ਤਰ੍ਹਾਂ ਦੀਆਂ ਸਾਰੀਆਂ ਰੋਕਾਂ ਭਾਰਤ ਵੱਲੋਂ ਹਟਾ ਦਿੱਤੀਆਂ ਜਾਣਗੀਆਂ। ਇਹ ਕਦਮ ਭਾਰਤੀ ਕਿਸਾਨਾਂ ਅਤੇ ਛੋਟੇ ਸਨਅਤਕਾਰਾਂ ਦੇ ਹਿੱਤਾਂ ਦੀ ਰਾਖੀ ਕਰਨ ਲਈ ਬਣਾਏ ਗਏ ਆਖ਼ਰੀ ਕਿਲ੍ਹੇ ਨੂੰ ਢਹਿ-ਢੇਰੀ ਕਰਨ ਤੋਂ ਇਲਾਵਾ ਕੁਝ ਨਹੀਂ ਹੈ।

ਤੱਤ ਨਿਚੋੜ ਇਹ ਹੈ ਕਿ ਭੋਜਨ ਅਤੇ ਖੇਤੀ ਖੇਤਰ ਨਾਲ ਸੰਬੰਧਤ ਵਸਤਾਂ ਅਮਰੀਕਾ ਤੋਂ ਬਿਨਾਂ ਕਿਸੇ ਰੋਕ-ਟੋਕ ਭਾਰਤ ਵਿੱਚ ਆਉਣਗੀਆਂ। ਇਸ ਨਾਲ ਭਾਰਤੀ ਕਿਸਾਨਾਂ ਦੀ ਤਬਾਹੀ ਹੋਵੇਗੀ ਅਤੇ ਕਿਸਾਨੀ 'ਤੇ ਨਿਰਭਰ ਮਜ਼ਦੂਰ, ਛੋਟੇ ਦੁਕਾਨਦਾਰ ਅਤੇ ਹੋਰ ਛੋਟੇ ਕਾਰੋਬਾਰਾਂ 'ਤੇ ਬਹੁਤ ਬੁਰੇ ਅਸਰ ਪੈਣਗੇ।

ਭਾਰਤ ਦੇ ਸੁਚੇਤ ਨਾਗਰਿਕਾਂ, ਕਿਸਾਨਾਂ, ਮਜ਼ਦੂਰਾਂ ਅਤੇ ਹੋਰ ਲੋਕਾਂ ਨੇ ਇਸ ਮੁਕਤ ਵਪਾਰ ਸਮਝੌਤੇ ਕਾਰਨ ਆਉਣ ਵਾਲੇ ਖਤਰਿਆਂ ਨੂੰ ਚੰਗੀ ਤਰ੍ਹਾਂ ਸਮਝ ਲਿਆ ਹੈ। ਇਸ ਲਈ ਸੰਯੁਕਤ ਕਿਸਾਨ ਮੋਰਚਾ ਅਤੇ ਹੋਰ ਜਥੇਬੰਦ ਲੋਕ ਇਸ ਸਮਝੌਤੇ ਦੇ ਖਿਲਾਫ ਸੰਘਰਸ਼ ਦੇ ਮੈਦਾਨ ਵਿੱਚ ਹਨ। ਸੰਯੁਕਤ ਕਿਸਾਨ ਮੋਰਚਾ ਭਾਰਤ ਦੇ ਸੱਦੇ 'ਤੇ ਸਾਰੇ ਦੇਸ਼ ਵਿੱਚ 10 ਮਾਰਚ ਤੋਂ ਲੈ ਕੇ 13 ਅਪ੍ਰੈਲ ਤੱਕ ਮੁਕਤ ਵਪਾਰ ਸਮਝੌਤੇ ਅਤੇ ਨਿੱਜੀਕਰਨ ਦੀਆਂ ਹੋਰ ਨੀਤੀਆਂ ਦੇ ਖਿਲਾਫ ਮਹਾਂ-ਪੰਚਾਇਤਾਂ ਕੀਤੀਆਂ ਜਾ ਰਹੀਆਂ ਹਨ, ਜਿਸ ਦੀ ਸ਼ੁਰੂਆਤ 10 ਮਾਰਚ ਨੂੰ ਬਰਨਾਲਾ ਦੀ ਧਰਤੀ ਤੋਂ ਕੀਤੀ ਜਾ ਰਹੀ ਹੈ।

ਸੰਯੁਕਤ ਕਿਸਾਨ ਮੋਰਚੇ ਦੇ ਫੈਸਲੇ ਅਨੁਸਾਰ ਸ਼ਹੀਦ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਦਾ ਸ਼ਹੀਦੀ ਦਿਹਾੜੇ 23 ਮਾਰਚ ਨੂੰ ਸਾਮਰਾਜ ਵਿਰੋਧੀ ਦਿਵਸ ਵਜੋਂ ਮਨਾਇਆ ਜਾਵੇਗਾ, ਜਿਸ ਵਿੱਚ ਮੁੱਖ ਤੌਰ 'ਤੇ ਮੁਕਤ ਵਪਾਰ ਸਮਝੌਤਾ, ਬਿਜਲੀ ਸੋਧ ਬਿੱਲ, ਬੀਜ ਬਿੱਲ, ਚਾਰ ਲੇਬਰ ਕੋਡ ਅਤੇ ਮਗਨਰੇਗਾ ਰੱਦ ਕਰਨ ਦੇ ਖਿਲਾਫ ਆਵਾਜ਼ ਬੁਲੰਦ ਕੀਤੀ ਜਾਵੇਗੀ।

**# ਸੰਪਰਕ** : 95017-54051

**ਬਰਸੀ 'ਤੇ ਵਿਸ਼ੇਸ਼**

# ਗ਼ਦਰੀ ਬਾਬਾ ਸ਼ੇਰ ਸਿੰਘ ਵੇਈਂਪੂਈਂ

**ਪਿਰਥੀਪਾਲ ਸਿੰਘ ਮਾੜੀਮੇਘਾ**

ਗ਼ਦਰੀ ਬਾਬਾ ਸ਼ੇਰ ਸਿੰਘ ਵੇਈਂਪੂੲੀਂ ਦੇ ਵਿਛੋੜੇ ਦੀ ਇਸ ਵਾਰ 60ਵੀਂ ਵਰ੍ਹੇਗੰਢ ਹੈ। ਬਾਬਾ ਜੀ ਦੀ ਮੌਤ ਭਾਵੇਂ 28 ਮਾਰਚ 1966 ਨੂੰ ਹੋਈ ਸੀ, ਪਰ ਬਰਸੀ ਪਰਵਾਰ, ਪਿੰਡ ਵਾਲੇ ਅਤੇ ਇਲਾਕੇ ਦੇ ਕਮਿਊਨਿਸਟ ਹਰ ਸਾਲ 10 ਮਾਰਚ ਨੂੰ ਮਨਾਉਂਦੇ ਹਨ। ਬੀਰ ਪੁਰਸ਼ ਸ਼ੇਰ ਸਿੰਘ ਦਾ ਜਨਮ ਫਰਵਰੀ 1880 ਵਿੱਚ ਗੁਰੂ ਅੰਗਦ ਦੇਵ ਜੀ ਦੀ ਧਰਤੀ ਖਡੂਰ ਸਾਹਿਬ ਦੇ ਨਜ਼ਦੀਕ ਪਿੰਡ ਵੇਈਂਪੂੲੀਂ ਜ਼ਿਲ੍ਹਾ ਤਰਨ ਤਾਰਨ ਵਿੱਚ ਹੋਇਆ। ਉਨ੍ਹਾਂ ਦੇ ਪਿਤਾ ਦਾ ਨਾਂਅ ਕੇਸਰ ਸਿੰਘ ਅਤੇ ਮਾਤਾ ਦਾ ਨਾਂਅ ਕਿੱਸੋ ਸੀ। ਬਾਬਾ ਸ਼ੇਰ ਸਿੰਘ ਤਿੰਨ ਭੈਣ ਭਰਾ ਸਨ।

ਬਾਬਾ ਸ਼ੇਰ ਸਿੰਘ ਦੇ ਘਰ ਘੋਰ ਗਰੀਬੀ ਪਸਰੀ ਹੋਣ ਕਰਕੇ ਉਹ ਫੌਜ ਵਿੱਚ ਭਰਤੀ ਹੋ ਗਏ। ਫੌਜ 'ਚ ਹਿੰਦੀ ਸਿਪਾਹੀਆਂ ਨੂੰ ਅੰਗਰੇਜ਼ ਸਿਪਾਹੀਆਂ ਨਾਲੋਂ ਬਹੁਤ ਘੱਟ ਤਨਖਾਹ ਮਿਲਦੀ ਸੀ। ਇਸ ਦੀ ਵਜ੍ਹਾ ਇਹ ਸੀ ਕਿ ਹਿੰਦੀ ਅੰਗਰੇਜ਼ਾਂ ਦੇ ਗੁਲਾਮ ਸਨ। ਅੰਗਰੇਜ਼ ਅਫ਼ਸਰ ਹਿੰਦੀ ਸਿਪਾਹੀਆਂ 'ਤੇ ਫੋਕਾ ਰੋਹਬ ਵੀ ਬਹੁਤ ਝਾੜਦੇ ਸਨ ਤੇ ਸ਼ੇਰ ਸਿੰਘ ਕੋਲੋਂ ਇਹ ਝੱਲਿਆ ਨਾ ਗਿਆ ਤੇ ਉਨ੍ਹਾਂ ਨੇ ਫੌਜ ਦੀ ਨੌਕਰੀ ਛੱਡ ਦਿੱਤੀ।

ਜਿਹੜੇ ਪੰਜਾਬੀ ਫੌਜੀ ਅੰਗਰੇਜ਼ਾਂ ਦੀ ਸਰਪ੍ਰਸਤੀ ਹੇਠ ਦੂਰ ਵਿਦੇਸ਼ਾਂ ਵਿੱਚ ਨੌਕਰੀ ਭਾਵ ਬਰਤਾਨੀਆ ਸਾਮਰਾਜ ਦੀ ਰਾਖੀ ਕਰਦੇ ਸਨ, ਜਦੋਂ ਉਹ ਛੁੱਟੀ ਆਉਂਦੇ ਤੇ ਉਨ੍ਹਾਂ ਤੋਂ ਜਾਣਕਾਰੀ ਮਿਲਦੀ ਕਿ ਵਿਦੇਸ਼ਾਂ ਵਿੱਚ ਕਿਰਤ ਦਾ ਮੁੱਲ ਹਿੰਦੁਸਤਾਨ ਨਾਲੋਂ ਕਿਤੇ ਵਧੇਰੇ ਹੈ। ਇਸ ਵਿਚਾਰ ਤਹਿਤ ਬਾਬਾ ਸ਼ੇਰ ਸਿੰਘ ਆਪਣੇ ਭਣਵੱਈਏ ਕੋਲ ਹਾਂਗਕਾਂਗ ਜਾ ਕੇ ਪੁਲਸ ਵਿੱਚ ਭਰਤੀ ਹੋ ਗਏ। ਹਾਂਗਕਾਂਗ ਤੋਂ ਅੱਗੇ ਉਨ੍ਹਾਂ ਨੇ ਹੰਕਾਊ ਟਾਪੂ ਵਿਖੇ ਵਾਚਮੈਨ ਦੀ ਨੌਕਰੀ ਕੀਤੀ। ਬਾਬਾ ਸ਼ੇਰ ਸਿੰਘ ਜੀ 1906 ਵਿੱਚ ਅਮਰੀਕਾ ਦੀ ਬੰਦਰਗਾਹ ਸਾਨ ਫਰਾਂਸਿਸਕੋ ਪਹੁੰਚ ਗਏ। ਸੈਕਰਾਮੈਂਟੋ ਵਿਖੇ ਬਾਬਾ ਸ਼ੇਰ ਸਿੰਘ ਦਾ ਮਿਲਾਪ ਬਾਬਾ ਜਵਾਲਾ ਸਿੰਘ, ਸੰਤ ਵਿਸਾਖਾ ਸਿੰਘ ਦਦੇਹਰ ਸਾਹਿਬ ਅਤੇ ਬਾਬਾ ਕੇਸਰ ਸਿੰਘ ਠੱਠਗੜ੍ਹ ਨਾਲ ਹੋਇਆ। ਸ਼ੇਰ ਸਿੰਘ ਨੂੰ ਖੇਤਾਂ ਵਿੱਚ ਆਲੂ-ਗੰਢੇ ਪੁੱਟਣ ਦਾ ਕੰਮ ਮਿਲ ਗਿਆ। ਅਮਰੀਕਾ ਵਿੱਚ 1907 ਵਿੱਚ ਆਰਥਿਕ ਮੰਦਵਾੜਾ ਆਉਣ ਨਾਲ ਬੇਰੁਜ਼ਗਾਰੀ ਵਧ ਗਈ। ਅਮਰੀਕਾ ਦੇ ਮੂਲ ਨਿਵਾਸੀ ਇਹ ਸਮਝਦੇ ਸਨ ਕਿ ਹਿੰਦੁਸਤਾਨ ਦੇ ਮਜ਼ਦੂਰ ਆਉਣ ਕਰਕੇ ਸਾਡਾ ਰੁਜ਼ਗਾਰ ਖੁੱਸਿਆ ਹੈ। ਬਾਬਾ ਸ਼ੇਰ ਸਿੰਘ ਅਮਰੀਕਾ ਦੇ ਇਸ ਘ੍ਰਿਣਤ ਵਾਲੇ ਮਾਹੌਲ ਵਿੱਚ ਕੈਨੇਡਾ ਜਾ ਕੇ ਆਰਾ ਮਿੱਲ ਵਿੱਚ ਕੰਮ ਕਰਨ ਲੱਗ ਪਏ। ਕੈਨੇਡਾ ਸਰਕਾਰ ਅੰਗਰੇਜ਼ਾਂ ਦੀ ਕਠਪੁਤਲੀ ਸੀ ਤੇ ਉਸ ਨੇ ਵੀ ਹਿੰਦੀ ਕਿਰਤੀਆਂ 'ਤੇ ਸਖਤੀ ਕਰਕੇ ਹਿੰਦੀਆਂ ਦੇ ਕੈਨੇਡਾ ਆਉਣ ਲਈ ਸ਼ਰਤਾਂ ਬਹੁਤ ਸਖ਼ਤ ਕਰ ਦਿੱਤੀਆਂ। ਹਿੰਦੀ ਕਾਮਿਆਂ ਨੇ ਇਨ੍ਹਾਂ ਹਾਲਤਾਂ ਵਿੱਚ ਹਿੰਦੁਸਤਾਨ ਨੂੰ ਆਜ਼ਾਦ ਕਰਾਉਣ ਦੀਆਂ ਵਿਚਾਰਾਂ ਸਾਂਝੀਆਂ ਕੀਤੀਆਂ ਤੇ ਗ਼ਦਰ ਪਾਰਟੀ ਸਥਾਪਤ ਕਰ ਲਈ। ਗਦਰ ਪਾਰਟੀ ਨਾਲ ਬੜੀ ਤੇਜ਼ੀ ਨਾਲ ਹਜ਼ਾਰਾਂ ਹਿੰਦੀ ਕਿਰਤੀ ਜੁੜ ਗਏ, ਜਿਸ ਵਿੱਚ ਮੁੱਖ ਤੌਰ ਤੇ ਪੰਜਾਬੀ ਸਨ। ਪਾਰਟੀ ਨੇ ਫੈਸਲਾ ਕਰ ਲਿਆ ਕਿ ਹਿੰਦੁਸਤਾਨ ਜਾ ਕੇ ਹਥਿਆਰਬੰਦ ਢੰਗ ਨਾਲ ਦੇਸ਼ ਨੂੰ ਅੰਗਰੇਜ਼ਾਂ ਤੋਂ ਮੁਕਤ ਕਰਾਇਆ ਜਾਵੇ। ਗਦਰ ਪਾਰਟੀ ਦੇ ਇਸ ਐਲਾਨ 'ਤੇ 10000 ਦੇ ਕਰੀਬ ਗਦਰੀ ਹਿੰਦੁਸਤਾਨ ਪਹੁੰਚ ਗਏ। ਬਾਬਾ ਸ਼ੇਰ ਸਿੰਘ ਪਾਰਟੀ ਦੇ ਫੈਸਲੇ ਨਾਲ ਸਹਿਮਤ ਨਹੀਂ ਸਨ। ਉਨ੍ਹਾਂ ਦੀ ਰਾਏ ਇਹ ਸੀ ਕਿ ਇਸ ਵੇਲੇ ਹਿੰਦੁਸਤਾਨ ਵਿੱਚ ਜਾਗਰਤੀ ਨਹੀਂ ਹੈ ਤੇ ਆਮ ਲੋਕ ਗਦਰ ਪਾਰਟੀ ਦਾ ਸਾਥ ਨਹੀਂ ਦੇਣਗੇ, ਪਰ ਬਾਬਾ ਸ਼ੇਰ ਸਿੰਘ ਗਦਰ ਪਾਰਟੀ ਦੇ ਬਹੁਮੱਤ ਦੇ ਫ਼ੈਸਲੇ ਦਾ ਸਤਿਕਾਰ ਕਰਦੇ ਹੋਏ 60 ਗ਼ਦਰੀਆਂ ਦੇ ਜਥੇਦਾਰ ਬਣ ਕੇ ਹਿੰਦੁਸਤਾਨ ਪਹੁੰਚ ਗਏ। ਕਲਕੱਤੇ ਦੀ ਬੰਦਰਗਾਹ ਤੋਂ ਉਨ੍ਹਾਂ ਨੂੰ ਗ੍ਰਿਫਤਾਰ ਕਰਕੇ ਮੁਲਤਾਨ ਜੇਲ੍ਹ ਵਿੱਚ ਭੇਜ ਦਿੱਤਾ ਗਿਆ। ਗ਼ਦਰ ਅਸਫਲ ਹੋਣ ਉਪਰੰਤ ਬਾਬਾ ਸ਼ੇਰ ਸਿੰਘ ਨੂੰ ਪਹਿਲੇ ਲਾਹੌਰ ਸਾਜ਼ਿਸ਼ ਕੇਸ ਵਿੱਚ ਉਮਰ ਕੈਦ, ਕਾਲੇ ਪਾਣੀ ਅਤੇ ਜਾਇਦਾਦ ਜ਼ਬਤ ਦੀ ਸਖ਼ਤ ਸਜ਼ਾ ਹੋਈ।

ਬਾਬਾ ਸ਼ੇਰ ਸਿੰਘ ਉਮਰ ਕੈਦ ਭੁਗਤ ਕੇ 1933 ਵਿੱਚ ਪਿੰਡ ਆਏ। ਪਿੰਡ ਆ ਕੇ ਉਨ੍ਹਾਂ ਨੇ ਕਿਰਤੀ ਪਾਰਟੀ, ਕਿਸਾਨ ਸਭਾ, ਖੇਤ ਮਜ਼ਦੂਰ ਸਭਾ ਅਤੇ ਕਮਿਊਨਿਸਟ ਪਾਰਟੀ ਉਸਾਰਨ ਵਿੱਚ ਮਹੱਤਵਪੂਰਨ ਰੋਲ ਅਦਾ ਕੀਤੀ। 'ਕਿਰਤੀ' ਅਖ਼ਬਾਰ ਦੇ ਆਪ ਮੈਨੇਜਰ ਰਹੇ। ਬਾਬਾ ਸ਼ੇਰ ਸਿੰਘ ਦੇਸ਼ ਭਗਤ ਪਰਵਾਰ ਸਹਾਇਕ ਕਮੇਟੀ ਦੇ ਮੁੱਖ ਕਰਤੇ ਧਰਤਿਆਂ 'ਚੋਂ ਅਤੇ ਦੇਸ਼ ਭਗਤ ਯਾਦਗਾਰ ਕਮੇਟੀ ਜਲੰਧਰ ਦੇ ਬਾਨੀ ਮੈਂਬਰ ਸਨ। ਦੇਸ਼ ਭਗਤ ਪ੍ਰਵਾਰ ਸਹਾਇਕ ਕਮੇਟੀ ਨੇ ਗ਼ਦਰੀ ਪਰਵਾਰਾਂ ਦੀ ਮਦਦ, ਗਦਰੀ ਬਾਬਿਆਂ, ਮਾਰਸ਼ਲ ਲਾਅ ਅਤੇ ਗੁਰਦੁਆਰਿਆਂ ਦੀ ਆਜ਼ਾਦੀ ਦੀ ਲਹਿਰ ਦੇ ਕੈਦੀਆਂ ਦੀ ਰਿਹਾਈ ਲਈ ਮੁਹਿੰਮ ਚਲਾਈ ਤੇ ਦੂਜੇ ਪਾਸੇ ਅੰਗਰੇਜ਼ਾਂ ਨੇ ਅੰਮ੍ਰਿਤਸਰ ਸ਼ਹਿਰ ਵਿੱਚ ਦਫਾ 144 ਲਾ ਦਿੱਤੀ। ਗ਼ਦਰੀ ਬਾਬਿਆਂ ਨੇ 144 ਤੋੜਨ ਲਈ ਪੰਜ ਦੇਸ਼ ਭਗਤਾਂ ਦਾ ਪਹਿਲਾ ਜਥਾ ਤੋਰਿਆ, ਜਿਸ ਵਿੱਚ ਬਾਬਾ ਸ਼ੇਰ ਸਿੰਘ ਵੀ ਸ਼ਾਮਲ ਸਨ।



ਬਾਬਾ ਸ਼ੇਰ ਸਿੰਘ ਜੀ ਇਹ ਜਾਣ ਚੁੱਕੇ ਸਨ ਕਿ ਹਿੰਦੁਸਤਾਨ ਦੀ ਵਸੋਂ ਨੂੰ ਜਾਤਪਾਤ ਤੋਂ ਉੱਪਰ ਉੱਠ ਕੇ ਹੀ ਅੰਗਰੇਜ਼ਾਂ ਤੋਂ ਮੁਕਤ ਕਰਾਇਆ ਜਾ ਸਕਦਾ ਹੈ। ਉਮਰ ਕੈਦ ਭੁਗਤ ਕੇ ਜਦੋਂ ਉਨ੍ਹਾਂ ਨੇ ਪਿੰਡ ਆ ਕੇ ਖੇਤੀ ਦਾ ਕਾਰਜ ਸ਼ੁਰੂ ਕੀਤਾ ਤਾਂ ਉਸ ਵਕਤ ਪਿੰਡ ਦੇ ਮਜ਼ਦੂਰਾਂ ਨੂੰ ਖੂਹ ਦੇ ਪਾੜਛੇ 'ਚੋਂ ਪਾਣੀ ਪੀਣ ਦੀ ਖੁੱਲ੍ਹ ਨਹੀਂ ਸੀ ਤੇ ਉਨ੍ਹਾਂ ਨੇ ਮਜ਼ਦੂਰਾਂ ਨੂੰ ਪਾੜਛੇ 'ਚੋਂ ਪਾਣੀ ਪੀਣ ਦੀ ਇਜਾਜ਼ਤ ਦਿੱਤੀ। ਉਸ ਵਕਤ ਮਜ਼ਦੂਰ ਕੱਚੇ ਖਾਲੇ 'ਚੋਂ ਪਾਣੀ ਪੀਂਦੇ ਸਨ ਅਤੇ ਡੰਗਰ ਵੀ ਉਥੋਂ ਪੀਂਦੇ ਸਨ।

ਹਿੰਦੁਸਤਾਨ ਜਦੋਂ ਆਜ਼ਾਦ ਹੋਣ ਦੀ ਅੰਗੜਾਈ ਲੈ ਰਿਹਾ ਸੀ ਤੇ ਉਸ ਵੇਲੇ ਫਿਰਕੂ ਜ਼ਹਿਰ ਵੀ ਪਨਪਣ ਲੱਗ ਪਿਆ। ਪਿੰਡ ਫਤਿਹਾਬਾਦ ਵਿਖੇ ਹਿੰਦੂ ਤੇ ਮੁਸਲਮਾਨਾਂ ਨੇ ਸੂਰ ਤੇ ਗਾਂ ਦੇ ਮਾਸ 'ਤੇ ਵਾਦ-ਵਿਵਾਦ ਖੜ੍ਹਾ ਕਰ ਲਿਆ। ਦੋਵੇਂ ਧਿਰਾਂ ਮਰਨ ਮਾਰਨ ਤੱਕ ਪਹੁੰਚ ਗਈਆਂ। ਬਾਬਾ ਸ਼ੇਰ ਸਿੰਘ ਨੇ ਦੋਹਾਂ ਧਿਰਾਂ ਨੂੰ ਇਕੱਠਿਆਂ ਕਰਕੇ ਸਮਝਾਇਆ ਕਿ ਆਪਾਂ ਸੂਰ ਤੇ ਗਾਂ ਦੇ ਮਾਸ ਦੇ ਮਸਲੇ 'ਤੇ ਲੜ ਰਹੇ ਹਾਂ, ਪਰ ਜਿਹੜੇ ਗੋਰੀ ਚਮੜੀ ਵਾਲੇ ਅੰਗਰੇਜ਼ ਸਾਡੇ ਦੇਸ਼ 'ਤੇ ਰਾਜ ਕਰਦੇ ਹਨ, ਉਹ ਤਾਂ ਦੋਹਾਂ ਦਾ ਹੀ ਮਾਸ ਖਾਂਦੇ ਹਨ। ਆਓ ਜੇ ਹਿੰਮਤ ਹੈ ਤੇ ਉਨ੍ਹਾਂ ਨੂੰ ਦੇਸ਼ 'ਚੋਂ ਭਜਾ ਕੇ ਦੇਸ਼ ਆਜ਼ਾਦ ਕਰਾਈਏ। ਹਿੰਦੁਸਤਾਨ ਦੀ ਆਜ਼ਾਦੀ ਵੇਲੇ ਅੰਗਰੇਜ਼ ਹਾਕਮਾਂ ਨੇ ਹਿੰਦੁਸਤਾਨ ਦੇ ਦੋ ਹਿੱਸੇ ਕਰਕੇ ਪਾਕਿਸਤਾਨ ਨੂੰ ਵੱਖਰਾ ਦੇਸ਼ ਐਲਾਨ ਦਿੱਤਾ। ਇਸ ਹਾਲਤ ਵਿੱਚ ਘੁੱਗ ਵਸਦੀ ਵਸੋਂ ਦੋਹੀਂ ਪਾਸੀਂ ਇੱਕ-ਦੂਜੇ ਦੇ ਖ਼ੂਨ ਦੀ ਪਿਆਸੀ ਹੋ ਗਈ। ਮੁਸਲਮਾਨਾਂ ਨੇ ਪਾਕਿਸਤਾਨ ਵਿੱਚ ਹਿੰਦੂ ਤੇ ਸਿੱਖਾਂ ਦਾ ਕਤਲੇਆਮ ਕੀਤਾ ਤੇ ਹਿੰਦੁਸਤਾਨ ਵਿੱਚ ਸਿੱਖਾਂ ਤੇ ਹਿੰਦੂਆਂ ਨੇ ਮੁਸਲਮਾਨਾਂ ਦਾ ਖ਼ੂਨ ਵਹਾਉਣ ਦੀ ਕੋਈ ਕਸਰ ਨਾ ਛੱਡੀ। ਇਸ ਪ੍ਰਸਥਿਤੀ ਵਿੱਚ ਦੋਹੀਂ ਪਾਸੀਂ ਲੁਟੇਰਿਆਂ ਦੀ ਪੌ ਬਾਰਾਂ ਸਨ। ਚੰਗੇ ਭਲੇ ਇਨਸਾਨਾਂ ਨੇ ਆਪਣੀਆਂ ਧੀਆਂ ਨੂੰ ਜ਼ਹਿਰ ਦੇ ਕੇ ਮਾਰਿਆ ਕਿ ਇਹ ਕਿਤੇ ਦਰਿੰਦਿਆਂ ਦੇ ਹੱਥ ਨਾ ਆ ਜਾਣ। ਇਸ ਪ੍ਰਸਥਿਤੀ ਵਿੱਚ ਬਾਬਾ ਸ਼ੇਰ ਸਿੰਘ ਨੇ ਫਤਿਆਬਾਦ ਦੇ ਮੁਸਲਮਾਨਾਂ ਨੂੰ ਪਿੰਡ ਭਰੋਵਾਲ ਦੇ ਸੁਰੱਖਿਅਤ ਕੈਂਪ ਵਿੱਚ ਪਹੁੰਚਾਇਆ।

ਬਾਬਾ ਸ਼ੇਰ ਸਿੰਘ, ਦੇਸ਼ ਦੀ ਆਜ਼ਾਦੀ ਤੋਂ ਬਾਅਦ ਦੇਸ਼ ਦੀ ਵਸੋਂ ਨੂੰ ਖੁਸ਼ਹਾਲ ਬਣਾਉਣ ਵਾਸਤੇ ਸਾਰੀ ਜ਼ਿੰਦਗੀ ਲੜਦੇ ਰਹੇ ਤੇ ਇਸ ਕਾਰਜ ਦੀ ਪੂਰਤੀ ਲਈ ਉਨ੍ਹਾਂ ਨੂੰ ਆਜ਼ਾਦ ਭਾਰਤ ਦੀ ਜੇਲ੍ਹ ਦੇ ਤਸੀਹੇ ਵੀ ਝੱਲਣੇ ਪਏ। ਅਖੀਰ ਉਸ ਮਹਾਨ ਮਨੁੱਖ ਦੀ ਮੌਤ ਹੋ ਗਈ।

**# ਸੰਪਰਕ** : 98760-78731

# ਯੁੱਧਾਂ 'ਚ ਮਾਰੇ ਜਾਣ ਵਾਲੇ ਬੱਚਿਆਂ ਦਾ ਕੀ ਕਸੂਰ ?



**ਜਗਤਾਰ ਲਾਡੀ**

ਦੁਨੀਆ ਦੇ ਇਤਿਹਾਸ ਵਿੱਚ ਯੁੱਧ ਹਮੇਸ਼ਾ ਤਾਕਤ, ਸਰਹੱਦਾਂ ਅਤੇ ਰਾਜਨੀਤਕ ਹਿੱਤਾਂ ਦੀ ਟਕਰਾਹਟ ਦਾ ਨਤੀਜਾ ਰਹੇ ਹਨ, ਪਰ ਜਦੋਂ ਵੀ ਕਿਸੇ ਖੇਤਰ ਵਿੱਚ ਯੁੱਧ ਛਿੜਦਾ ਹੈ, ਉਸ ਦੀ ਸਭ ਤੋਂ ਭਾਰੀ ਕੀਮਤ ਉਹ ਲੋਕ ਚੁਕਾਉਂਦੇ ਹਨ, ਜਿਨ੍ਹਾਂ ਦਾ ਉਸ ਨਾਲ ਕੋਈ ਲੈਣਾ-ਦੇਣਾ ਨਹੀਂ ਹੁੰਦਾ। ਆਮ ਨਾਗਰਿਕਾਂ ਵਿੱਚ ਵੀ ਸਭ ਤੋਂ ਵੱਡੇ ਪੀੜਤ ਬੱਚੇ ਬਣਦੇ ਹਨ। ਬੱਚੇ ਨਾ ਰਾਜਨੀਤੀ ਸਮਝਦੇ ਹਨ, ਨਾ ਹੀ ਉਹਨਾਂ ਨੂੰ ਇਹ ਪਤਾ ਹੁੰਦਾ ਹੈ ਕਿ ਦੇਸ਼ਾਂ ਦੇ ਵਿਚਕਾਰ ਲੜਾਈ ਕਿਉਂ ਹੋ ਰਹੀ ਹੈ। ਉਹ ਤਾਂ ਸਿਰਫ਼ ਖੇਡਣ, ਪੜ੍ਹਨ ਅਤੇ ਸੁਪਨੇ ਦੇਖਣ ਦੇ ਹੱਕਦਾਰ ਹੁੰਦੇ ਹਨ। ਫਿਰ ਵੀ ਯੁੱਧ ਦੀ ਅੱਗ ਸਭ ਤੋਂ ਪਹਿਲਾਂ ਉਹਨਾਂ ਦੀ ਮਾਸੂਮ ਜ਼ਿੰਦਗੀ ਨੂੰ ਹੀ ਸਾੜ ਦਿੰਦੀ ਹੈ।

ਜਦੋਂ ਕਿਸੇ ਸ਼ਹਿਰ ਜਾਂ ਪਿੰਡ ਵਿੱਚ ਬੰਬਾਰੀ ਹੁੰਦੀ ਹੈ ਤਾਂ ਉਹ ਸਿਰਫ਼ ਫੌਜੀ ਢਾਂਚਿਆਂ ਨੂੰ ਹੀ ਨਹੀਂ ਤਬਾਹ ਕਰਦੀ, ਸਗੋਂ ਘਰਾਂ, ਸਕੂਲਾਂ, ਹਸਪਤਾਲਾਂ ਅਤੇ ਬਾਜ਼ਾਰਾਂ ਨੂੰ ਵੀ ਮਿਟਾ ਦਿੰਦੀ ਹੈ। ਇਹ ਸਾਰੇ ਥਾਂ ਉਹ ਹਨ, ਜਿੱਥੇ ਬੱਚਿਆਂ ਦੀ ਜ਼ਿੰਦਗੀ ਵਸਦੀ ਹੈ। ਇਸ ਕਰਕੇ ਯੁੱਧ ਦੀ ਹਰ ਗੋਲੀ ਅਤੇ ਹਰ ਮਿਜ਼ਾਈਲ ਅਕਸਰ ਬੇਗੁਨਾਹ ਬੱਚਿਆਂ ਦੀ ਜ਼ਿੰਦਗੀ 'ਤੇ ਵੀ ਹਮਲਾ ਬਣ ਜਾਂਦੀ ਹੈ। ਮਨੁੱਖਤਾ ਲਈ ਇਹ ਇਕ ਐਸਾ ਸਵਾਲ ਬਣ ਜਾਂਦਾ ਹੈ, ਜਿਸ ਦਾ ਜਵਾਬ ਲੱਭਣਾ ਮੁਸ਼ਕਲ ਹੈ ਕਿ ਆਖ਼ਿਰ ਇਹ ਬੱਚੇ ਕਿਸ ਗੁਨਾਹ ਦੀ ਸਜ਼ਾ ਭੁਗਤ ਰਹੇ ਹਨ।

ਅੰਤਰਰਾਸ਼ਟਰੀ ਪੱਧਰ 'ਤੇ ਕੰਮ ਕਰਨ ਵਾਲੀ ਸੰਸਥਾ ਸੰਯੁਕਤ ਰਾਸ਼ਟਰ ਸੰਘ ਅਤੇ ਬੱਚਿਆਂ ਲਈ ਕੰਮ ਕਰਨ ਵਾਲੀ ਸੰਸਥਾ ( UNICEF ) ਯੂਨੀਸੈਫ ਦੀਆਂ ਰਿਪੋਰਟਾਂ ਦੱਸਦੀਆਂ ਹਨ ਕਿ ਅੱਜ ਦੁਨੀਆ ਵਿੱਚ ਲਗਭਗ 468 ਮਿਲੀਅਨ ਬੱਚੇ ਉਹਨਾਂ ਖੇਤਰਾਂ ਵਿੱਚ ਰਹਿੰਦੇ ਹਨ, ਜਿੱਥੇ ਹਥਿਆਰਬੰਦ ਟਕਰਾਅ ਜਾਂ ਯੁੱਧ ਦੀ ਸਥਿਤੀ ਮੌਜੂਦ ਹੈ। ਇਹ ਗਿਣਤੀ ਮਨੁੱਖੀ ਸਮਾਜ ਲਈ ਚਿੰਤਾ ਦਾ ਵਿਸ਼ਾ ਹੈ, ਕਿਉਂਕਿ ਇਸ ਦਾ ਮਤਲਬ ਹੈ ਕਿ ਦੁਨੀਆ ਦਾ ਹਰ ਪੰਜਵਾਂ ਬੱਚਾ ਹਿੰਸਾ ਅਤੇ ਡਰ ਦੇ ਮਾਹੌਲ ਵਿੱਚ ਆਪਣਾ ਬਚਪਨ ਗੁਜ਼ਾਰ ਰਿਹਾ ਹੈ।

ਇਤਿਹਾਸ ਵਿੱਚ ਨਜ਼ਰ ਮਾਰੀਏ ਤਾਂ ਪਤਾ ਲੱਗਦਾ ਹੈ ਕਿ ਯੁੱਧਾਂ ਨੇ ਬੱਚਿਆਂ ਨੂੰ ਕਿੰਨਾ ਵੱਡਾ ਨੁਕਸਾਨ ਪਹੁੰਚਾਇਆ ਹੈ। 1939 ਤੋਂ 1945 ਤੱਕ ਚੱਲੀ ਦੂਜੀ ਸੰਸਾਰ ਜੰਗ (World War II ) ਵਿੱਚ ਲਗਭਗ 7 ਤੋਂ 8.5 ਕਰੋੜ ਲੋਕ ਮਾਰੇ ਗਏ। ਇਤਿਹਾਸਕਾਰਾਂ ਦੇ ਅਨੁਸਾਰ ਇਸ ਵਿੱਚੋਂ ਲਗਭਗ ਦੋ ਕਰੋੜ ਬੱਚੇ ਸਿੱਧੇ ਜਾਂ ਅਸਿੱਧੇ ਤੌਰ 'ਤੇ ਯੁੱਧ ਦੇ ਪ੍ਰਭਾਵਾਂ ਨਾਲ ਮਰੇ। ਇਸ ਯੁੱਧ ਦੌਰਾਨ 1945 ਵਿੱਚ ਜਪਾਨ ਦੇ ਸ਼ਹਿਰਾਂ 'ਤੇ ਆਟੋਮਿਕ ਬੰਬ ਜੋ ਹੀਰੋਸ਼ੀਮਾ ਅਤੇ ਨਾਗਾਸਾਕੀ 'ਤੇ ਸੁੱਟੇ ਗਏ, ਦੀਆਂ ਘਟਨਾਵਾਂ ਨੇ ਦੁਨੀਆ ਨੂੰ ਹਿਲਾ ਕੇ ਰੱਖ ਦਿੱਤਾ ਸੀ। ਹੀਰੋਸ਼ੀਮਾ ਵਿੱਚ ਜਦੋਂ ਐਟਮ ਬੰਬ ਡਿੱਗਿਆ ਤਾਂ ਕੁਝ ਸਕਿੰਟਾਂ ਵਿੱਚ ਹੀ ਹਜ਼ਾਰਾਂ ਸਕੂਲੀ ਬੱਚੇ ਸੜ ਕੇ ਮਰ ਗਏ ਅਤੇ ਕਈ ਹੋਰ ਬੱਚੇ ਅਗਲੇ ਸਾਲਾਂ ਵਿੱਚ ਰੇਡੀਏਸ਼ਨ ਕਾਰਨ ਮਰਦੇ ਰਹੇ।

ਵੀਹਵੀਂ ਸਦੀ ਦੇ ਦੂਜੇ ਅੱਧ ਵਿੱਚ ਹੋਇਆ ਵੀਅਤਨਾਮ ਜੰਗ ਵੀ ਬੱਚਿਆਂ ਲਈ ਇੱਕ ਵੱਡੀ ਤ੍ਰਾਸਦੀ ਬਣਿਆ। 1955 ਤੋਂ 1975 ਤੱਕ ਚੱਲੇ ਇਸ ਯੁੱਧ ਵਿੱਚ ਲਗਭਗ 20 ਲੱਖ ਨਾਗਰਿਕ ਮਾਰੇ ਗਏ। ਬੰਬਾਰੀ ਅਤੇ ਰਸਾਇਣਕ ਹਥਿਆਰਾਂ ਦੇ ਇਸਤੇਮਾਲ ਕਾਰਨ ਲੱਖਾਂ ਬੱਚੇ ਜ਼ਖ਼ਮੀ ਹੋਏ, ਅਪਾਹਜ ਹੋਏ ਜਾਂ ਬੇਘਰ ਹੋ ਗਏ। ਕਈ ਪਿੰਡ ਅਤੇ ਸ਼ਹਿਰ ਐਸੇ ਸਨ, ਜਿੱਥੇ ਪੂਰੀਆਂ ਪੀੜ੍ਹੀਆਂ ਯੁੱਧ ਦੀ ਭੇਟ ਚੜ੍ਹ ਗਈਆਂ।

ਇੱਕੀਵੀਂ ਸਦੀ ਵਿੱਚ ਵੀ ਹਾਲਾਤ ਜ਼ਿਆਦਾ ਨਹੀਂ ਬਦਲੇ। 2011 ਵਿੱਚ ਸ਼ੁਰੂ ਹੋਇਆ ਸੀਰੀਆ ਸਿਵਲ ਵਾਰ ਅੱਜ ਵੀ ਮਨੁੱਖਤਾ ਲਈ ਇੱਕ ਵੱਡਾ ਜ਼ਖ਼ਮ ਬਣਿਆ ਹੋਇਆ ਹੈ। ਇਸ ਯੁੱਧ ਵਿੱਚ ਪੰਜ ਲੱਖ ਤੋਂ ਵੱਧ ਲੋਕ ਮਾਰੇ ਜਾ ਚੁੱਕੇ ਹਨ। ਯੂਨੀਸੈਫ ਦੇ ਅੰਕੜਿਆਂ ਮੁਤਾਬਕ 12 ਹਜ਼ਾਰ ਤੋਂ ਵੱਧ ਬੱਚੇ ਮਾਰੇ ਗਏ ਅਤੇ 25 ਹਜ਼ਾਰ ਤੋਂ ਵੱਧ ਜ਼ਖ਼ਮੀ ਹੋਏ। ਲੱਖਾਂ ਬੱਚੇ ਆਪਣੇ ਘਰ ਛੱਡ ਕੇ ਸ਼ਰਨਾਰਥੀ ਕੈਂਪਾਂ ਵਿੱਚ ਰਹਿਣ ਲਈ ਮਜਬੂਰ ਹੋ ਗਏ।

ਅੰਕੜਿਆਂ ਮੁਤਾਬਕ ਦਸ ਹਜ਼ਾਰ ਤੋਂ ਵੱਧ ਬੱਚੇ ਮਾਰੇ ਜਾਂ ਜ਼ਖ਼ਮੀ ਹੋਏ ਹਨ। ਇਸ ਤੋਂ ਇਲਾਵਾ ਲਗਭਗ ਵੀਹ ਲੱਖ ਬੱਚੇ ਭੁੱਖਮਰੀ ਅਤੇ ਕੁਪੋਸ਼ਣ ਦੇ ਖਤਰੇ ਹੇਠ ਹਨ। ਯੁੱਧ ਕਾਰਨ ਖਾਣ-ਪੀਣ ਦੀ ਕਮੀ ਅਤੇ ਸਿਹਤ ਸਹੂਲਤਾਂ ਦੇ ਟੁੱਟ ਜਾਣ ਨਾਲ ਬੱਚਿਆਂ ਦੀ ਜ਼ਿੰਦਗੀ ਹੋਰ ਵੀ ਮੁਸ਼ਕਲ ਬਣ ਗਈ ਹੈ।

ਯੂਰਪ ਵਿੱਚ 2022 ਵਿੱਚ ਸ਼ੁਰੂ ਹੋਈ ਰੂਸ-ਯੂਕਰੇਨ ਤੇ ਹਮਲੇ ਨੇ ਵੀ ਬੱਚਿਆਂ ਦੀ ਜ਼ਿੰਦਗੀ ਉੱਤੇ ਗਹਿਰਾ ਅਸਰ ਪਾਇਆ ਹੈ। ਸੰਯੁਕਤ ਰਾਸ਼ਟਰ ਸੰਘ ਦੇ ਅਨੁਸਾਰ ਇਸ ਯੁੱਧ ਵਿੱਚ ਸੈਂਕੜੇ ਬੱਚੇ ਮਾਰੇ ਗਏ ਅਤੇ ਹਜ਼ਾਰ ਤੋਂ ਵੱਧ ਜ਼ਖ਼ਮੀ ਹੋਏ। ਲੱਖਾਂ ਬੱਚੇ ਆਪਣੇ ਘਰਾਂ ਤੋਂ ਬੇਘਰ ਹੋ ਕੇ ਦੂਜੇ ਦੇਸ਼ਾਂ ਵਿੱਚ ਸ਼ਰਨ ਲੈਣ ਲਈ ਮਜਬੂਰ ਹੋ ਗਏ।

ਯੁੱਧ ਦਾ ਅਸਰ ਸਿਰਫ਼ ਮੌਤਾਂ ਤੱਕ ਹੀ ਸੀਮਿਤ ਨਹੀਂ ਰਹਿੰਦਾ। ਇਹ ਬੱਚਿਆਂ ਦੇ ਭਵਿੱਖ ਨੂੰ ਵੀ ਤਬਾਹ ਕਰ ਦਿੰਦਾ ਹੈ। ਯੁੱਧ ਦੌਰਾਨ ਸਕੂਲ ਤਬਾਹ ਹੋ ਜਾਂਦੇ ਹਨ ਅਤੇ ਸਿੱਖਿਆ ਦੀ ਪ੍ਰਕਿਰਿਆ ਰੁਕ ਜਾਂਦੀ ਹੈ। ਯੂਨੈਸਕੋ (UNESCO) ਦੇ ਅਨੁਸਾਰ ਦੁਨੀਆ ਵਿੱਚ ਲਗਭਗ ਸਾਢੇ ਸੱਤ ਕਰੋੜ ਬੱਚੇ ਯੁੱਧ ਪ੍ਰਭਾਵਤ ਖੇਤਰਾਂ ਵਿੱਚ ਸਿੱਖਿਆ ਤੋਂ ਵਾਂਝੇ ਰਹਿ ਜਾਂਦੇ ਹਨ। ਇਸ ਤੋਂ ਇਲਾਵਾ ਬੰਬਾਰੀ ਅਤੇ ਹਿੰਸਾ ਦੇ ਦਰਸ਼ਨ ਕਰਨ ਵਾਲੇ ਬੱਚਿਆਂ ਵਿੱਚ ਡਰ, ਤਣਾਅ ਅਤੇ ਮਨੋਵਿਗਿਆਨਕ ਸਦਮੇ ਦੀ ਸਮੱਸਿਆ ਵੀ ਵਧ ਜਾਂਦੀ ਹੈ।

ਕਈ ਖੇਤਰਾਂ ਵਿੱਚ ਹਥਿਆਰਬੰਦ ਗਰੁੱਪ ਬੱਚਿਆਂ ਨੂੰ ਜ਼ਬਰਦਸਤੀ ਆਪਣੇ ਨਾਲ ਸ਼ਾਮਲ ਕਰ ਲੈਂਦੇ ਹਨ। ਉਹਨਾਂ ਨੂੰ ਹਥਿਆਰ ਚੁੱਕਣ ਲਈ ਮਜਬੂਰ ਕੀਤਾ ਜਾਂਦਾ ਹੈ। ਇਸ ਤਰ੍ਹਾਂ ਬਚਪਨ ਦੀ ਮਾਸੂਮੀਅਤ ਇੱਕ ਖ਼ੂਨੀ ਟਕਰਾਅ ਦਾ ਹਿੱਸਾ ਬਣ ਜਾਂਦੀ ਹੈ। ਮਨੁੱਖੀ ਅਧਿਕਾਰ ਸੰਸਥਾਵਾਂ ਦੇ ਅਨੁਸਾਰ ਦੁਨੀਆ ਵਿੱਚ ਅਜੇ ਵੀ ਹਜ਼ਾਰਾਂ ਬੱਚੇ ਐਸੇ ਹਨ, ਜੋ ਜੰਗਾਂ ਵਿੱਚ ਬਾਲ ਸੈਨਿਕਾਂ ਵਜੋਂ ਵਰਤੇ ਜਾ ਰਹੇ ਹਨ।

ਬੱਚਿਆਂ ਦੀ ਸੁਰੱਖਿਆ ਲਈ ਅੰਤਰਰਾਸ਼ਟਰੀ ਪੱਧਰ 'ਤੇ ਕਈ ਕਾਨੂੰਨ ਵੀ ਬਣਾਏ ਗਏ ਹਨ। 1989 ਵਿੱਚ ਬਣੀ 'ਕਨਵੈਨਸ਼ਨ ਆਨ ਦਾ ਰਾਈਟ ਆਫ਼ ਦਾ ਚਾਈਲਡ ਬੱਚਿਆਂ ਦੇ ਅਧਿਕਾਰਾਂ ਦੀ ਸਭ ਤੋਂ ਮਹੱਤਵਪੂਰਨ ਸੰਧੀ ਹੈ। ਇਸ ਵਿੱਚ ਇਹ ਸਪੱਸ਼ਟ ਕੀਤਾ ਗਿਆ ਹੈ ਕਿ ਹਰ ਬੱਚੇ ਨੂੰ ਜੀਵਨ, ਸਿੱਖਿਆ ਅਤੇ ਸੁਰੱਖਿਆ ਦਾ ਅਧਿਕਾਰ ਹੈ। ਇਸ ਤੋਂ ਇਲਾਵਾ ਜਨੇਵਾ ਕਨਵੈਨਸ਼ਨ (Geneva Conventions) ਦੇ ਅਧੀਨ ਯੁੱਧ ਦੇ ਸਮੇਂ ਨਾਗਰਿਕਾਂ ਅਤੇ ਬੱਚਿਆਂ ਨੂੰ ਨਿਸ਼ਾਨਾ ਬਣਾਉਣਾ ਜੰਗੀ ਅਪਰਾਧ ਮੰਨਿਆ ਜਾਂਦਾ ਹੈ, ਪਰ ਅਫਸੋਸ ਦੀ ਗੱਲ ਇਹ ਹੈ ਕਿ ਯੁੱਧਾਂ ਵਿੱਚ ਇਹ ਕਾਨੂੰਨ ਅਕਸਰ ਕਾਗਜ਼ਾਂ ਤੱਕ ਹੀ ਸੀਮਿਤ ਰਹਿ ਜਾਂਦੇ ਹਨ।

ਅਸਲ ਵਿਚ ਜਦੋਂ ਵੀ ਕਿਸੇ ਯੁੱਧ ਵਿੱਚ ਕੋਈ ਬੱਚਾ ਮਰਦਾ ਹੈ ਤਾਂ ਉਹ ਸਿਰਫ਼ ਇੱਕ ਜਾਨ ਦੀ ਮੌਤ ਨਹੀਂ ਹੁੰਦੀ, ਉਹ ਇੱਕ ਪਰਵਾਰ ਦੀ ਉਮੀਦ ਦਾ ਅੰਤ ਹੁੰਦਾ ਹੈ, ਇੱਕ ਸਮਾਜ ਦਾ ਭਵਿੱਖ ਖਤਮ ਹੋ ਜਾਂਦਾ ਹੈ ਅਤੇ ਮਨੁੱਖਤਾ ਦੀ ਹਾਰ ਹੁੰਦੀ ਹੈ। ਯੁੱਧ ਸਾਨੂੰ ਇਹ ਸੋਚਣ ਲਈ ਮਜਬੂਰ ਕਰਦੇ ਹਨ ਕਿ ਕੀ ਤਾਕਤ ਅਤੇ ਰਾਜਨੀਤਕ ਲਾਭ ਮਨੁੱਖੀ ਜ਼ਿੰਦਗੀ ਤੋਂ ਵੱਡੇ ਹਨ।

ਆਖਰ ਸਵਾਲ ਫਿਰ ਉਹੀ ਰਹਿ ਜਾਂਦਾ ਹੈ ਕਿ ਯੁੱਧਾਂ ਵਿੱਚ ਮਾਰੇ ਜਾਣ ਵਾਲੇ ਬੱਚਿਆਂ ਦਾ ਆਖ਼ਿਰ ਕੀ ਕਸੂਰ ਹੁੰਦਾ ਹੈ? ਅਸਲ ਵਿੱਚ ਉਹਨਾਂ ਦਾ ਕੋਈ ਕਸੂਰ ਨਹੀਂ ਹੁੰਦਾ। ਉਹ ਸਿਰਫ਼ ਉਹਨਾਂ ਫੈਸਲਿਆਂ ਦੀ ਸਜ਼ਾ ਭੁਗਤਦੇ ਹਨ, ਜੋ ਵੱਡੇ ਲੋਕਾਂ ਦੀ ਰਾਜਨੀਤੀ ਅਤੇ ਤਾਕਤ ਦੀ ਦੌੜ ਵਿੱਚ ਲਏ ਜਾਂਦੇ ਹਨ। ਮਨੁੱਖਤਾ ਲਈ ਇਹੀ ਸਭ ਤੋਂ ਵੱਡੀ ਤ੍ਰਾਸਦੀ ਹੈ।

**# ਸੰਪਰਕ** : 94636-03091

# ਸਾਂਝੇ ਥੜ੍ਹੇ ਵੱਲੋਂ ਪਾਵਰਕਾਮ ਮੈਨੇਜਮੈਂਟ ਦੀ ਵਾਅਦਾ ਖਿਲਾਫ਼ੀ ਵਿਰੁੱਧ ਮੁੜ ਸੰਘਰਸ਼ ਦਾ ਐਲਾਨ

**■ ਬਿਜਲੀ ਸੋਧ ਬਿੱਲ 2025 ਖਿਲਾਫ਼ ਡਵੀਜ਼ਨ ਪੱਧਰ 'ਤੇ ਰੋਸ ਰੈਲੀਆਂ ਅੱਜ ■ ਭਲਕ ਦੀ ਮੁਹਾਲੀ ਰੈਲੀ 'ਚ ਵਹੀਰਾਂ ਘੱਤ ਕੇ ਪਹੁੰਚਣ ਦਾ ਸੱਦਾ**



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਕੇਂਦਰ ਦੀ ਮੋਦੀ ਸਰਕਾਰ ਵੱਲੋਂ ਬਿਜਲੀ ਸੋਧ ਬਿੱਲ 2025 ਪਾਰਲੀਮੈਂਟ ਵਿੱਚ ਪੇਸ਼ ਕੀਤੇ ਜਾਣ ਦੀਆਂ ਕਨਸੋਆਂ ਦੇ ਮੱਦੇਨਜ਼ਰ ਬਿਜਲੀ ਮੁਲਾਜ਼ਮਾਂ ਤੇ ਪੈਨਸ਼ਨਰਜ਼ ਦੀਆਂ ਪ੍ਰਮੁੱਖ ਜਥੇਬੰਦੀਆਂ ਪੀ ਐੱਸ ਈ ਬੀ ਇੰਪਲਾਇਜ਼ ਜੁਆਇੰਟ ਫੋਰਮ, ਬਿਜਲੀ ਮੁਲਾਜ਼ਮ ਏਕਤਾ ਮੰਚ ਪੰਜਾਬ, ਐਸੋਸੀਏਸ਼ਨ ਆਫ ਜੂਨੀਅਰ ਇੰਜੀਨੀਅਰਜ਼, ਗਰਿੱਡ ਸਬ ਸਟੇਸ਼ਨ ਇੰਪਲਾਈਜ਼ ਯੂਨੀਅਨ, ਪਾਵਰਕਾਮ ਤੇ ਟਰਾਂਸਕੋ ਪੈਨਸ਼ਨਰਜ਼ ਯੂਨੀਅਨ (ਏਟਕ) ਤੇ ਪੈਨਸ਼ਨਰਜ਼ ਵੈੱਲਫੇਅਰ ਫੈਡਰੇਸ਼ਨ (ਪਹਿਲਵਾਨ) ਨਾਲ ਸਬੰਧਤ ਸੂਬਾ ਲੀਡਰਸ਼ਿਪ ਦੀ ਸਾਂਝੀ ਮੀਟਿੰਗ ਸਥਾਨਕ ਬਾਰਾਂਦਰੀ ਵਿਖੇ ਬਲਦੇਵ ਸਿੰਘ ਮੰਡਾਲੀ ਤੇ ਗੁਰਪ੍ਰੀਤ ਸਿੰਘ ਗੰਡੀਵਿੰਡ ਦੀ ਸਾਂਝੀ ਪ੍ਰਧਾਨਗੀ ਹੇਠ ਹੋਈ।ਇਸ ਮੀਟਿੰਗ ਵਿੱਚ ਫੈਸਲਾ ਕੀਤਾ ਗਿਆ ਕਿ ਕੇਂਦਰ ਦੀ ਮੋਦੀ ਸਰਕਾਰ ਜੋ ਬਿਜਲੀ ਸੋਧ ਬਿੱਲ 2025 ਪਾਰਲੀਮੈਂਟ ਵਿੱਚ ਪੇਸ਼ ਕਰਕੇ ਪਾਸ ਕਰਵਾਉਣ ਦੀ ਫਰਾਕ ਵਿੱਚ ਹੈ, ਜਿਸ ਖਿਲਾਫ਼ ਵੱਡੀ ਲਾਮਬੰਦੀ ਕਰਨ ਲਈ 10 ਮਾਰਚ ਨੂੰ ਬਿਜਲੀ ਮੁਲਾਜ਼ਮ ਤੇ ਪੈਨਸ਼ਨਰ ਸੂਬਾ ਪੱਧਰ 'ਤੇ ਬਿਜਲੀ ਦਫਤਰਾਂ ਵਿੱਚ ਰੋਸ ਰੈਲੀਆਂ ਕਰਕੇ ਘਾਤਕ ਬਿਜਲੀ ਬਿੱਲ ਵਿਰੁੱਧ ਅਵਾਜ਼ ਬੁਲੰਦ ਕਰਨਗੇ।ਮੀਟਿੰਗ ਵਿੱਚ ਹਾਜ਼ਰ ਆਗੂਆਂ ਨੇ ਬਿਜਲੀ ਨਿਗਮ ਦੀ ਮੈਨੇਜਮੈਂਟ ਵੱਲੋਂ ਬਿਜਲੀ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਮੰਨੀਆਂ ਮੰਗਾਂ ਲਾਗੂ ਨਾ ਕੀਤੇ ਜਾਣ ਦੀ ਸਖਤ ਸ਼ਬਦਾਂ ਵਿੱਚ ਨਿੰਦਾ ਕਰਦੇ ਹੋਏ ਮੈਨੇਜਮੈਂਟ 'ਤੇ ਵਾਅਦਾ ਖਿਲਾਫ਼ੀ ਦੇ ਦੋਸ਼ ਲਗਾਏ।ਸਾਂਝੇ ਥੜ੍ਹੇ ਦੇ ਆਗੂਆਂ ਹਰਪਾਲ ਸਿੰਘ ਤੇ ਗੁਰਵੇਲ ਸਿੰਘ ਬੱਲਪੁਰੀਆ ਨੇ ਕਿਹਾ ਕਿ ਪਿਛਲੇ ਸਾਲ 10 ਤੇ 14 ਅਗਸਤ ਨੂੰ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਅਤੇ ਉਸ ਸਮੇਂ ਦੇ ਬਿਜਲੀ ਮੰਤਰੀ ਹਰਭਜਨ ਸਿੰਘ ਈ ਟੀ ਓ ਨਾਲ ਜਥੇਬੰਦੀਆਂ ਦੇ ਲਿਖਤੀ ਸਮਝੌਤੇ ਹੋਏ ਸਨ, ਜਿਨ੍ਹਾਂ ਨੂੰ ਹਾਲੇ ਤੱਕ ਵੀ ਲਾਗੂ ਨਹੀਂ ਕੀਤਾ ਗਿਆ। ਆਗੂਆਂ ਨੇ ਕਿਹਾ ਕੇ ਇਸੇ ਤਰ੍ਹਾਂ ਪੰਜਾਬ ਸਰਕਾਰ ਵੱਲੋਂ ਵੀ 16% ਡੀ ਏ ਦਾ ਬਕਾਇਆ ਦੇਣ , ਪੁਰਾਣੀ ਪੈਨਸ਼ਨ ਦੀ ਬਹਾਲੀ, ਕੱਚੇ ਕਾਮੇ ਪੱਕੇ ਕਰਨ, ਪੈਨਸ਼ਨਰਾਂ ਤੇ 2.59 ਫੈਕਟਰ ਲਾਗੂ ਕਰਨ, ਸੋਧੇ ਸਕੇਲਾਂ ਦੀਆਂ ਤਰੁੱਟੀਆਂ ਦੂਰ ਕਰਨ ਦੀ ਥਾਂ ਤੇ ਮੁਲਾਜ਼ਮਾਂ ਨਾਲ ਟਕਰਾਅ ਦੀ ਨੀਤੀ ਅਖਤਿਆਰ ਕਰਕੇ ਜਥੇਬੰਦੀਆਂ ਨੂੰ ਸੰਘਰਸ਼ ਕਰਨ ਲਈ ਮਜਬੂਰ ਕੀਤਾ ਜਾ ਰਿਹਾ ਹੈ, ਜਿਸ ਨਾਲ ਗਰਮੀ ਦੇ ਮੌਸਮ ਵਿੱਚ ਇਸ ਸਨਅਤੀ ਅਦਾਰੇ ਦਾ ਮਾਹੌਲ ਖਰਾਬ ਹੋਵੇਗਾ।ਆਗੂਆਂ ਨੇ 11 ਮਾਰਚ ਨੂੰ ਹਰ ਪੱਖ ਤੋਂ ਜਾਗਰੂਕ ਕਰਨ ਲਈ ਸਰਕਲ ਪੱਧਰੀ ਕਨਵੈਨਸ਼ਨਾਂ ਕਰਨ ਉਪਰੰਤ 10 ਅਪ੍ਰੈਲ ਨੂੰ ਮੁੱਖ ਦਫਤਰ ਪਟਿਆਲਾ ਦੇ ਗੇਟਾਂ 'ਤੇ ਮੰਨੀਆਂ ਮੰਗਾਂ ਲਾਗੂ ਕਰਵਾਉਣ ਲਈ ਪਾਵਰ ਮੈਨੇਜਮੈਂਟ ਖਿਲਾਫ਼ ਸੂਬਾ ਪੱਧਰੀ ਰੋਸ ਪ੍ਰਦਰਸ਼ਨ ਕਰਨ ਦੀਆਂ ਤਿਆਰੀਆਂ ਕਰਨ ਬਾਰੇ ਲਾਮਬੰਦੀ ਕਰਨ 'ਤੇ ਜ਼ੋਰ ਦਿੱਤਾ।

ਪੰਜਾਬ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ ਦੇ ਸੱਦੇ 'ਤੇ ਬਿਜਲੀ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ ਪੰਜਾਬ ਸਰਕਾਰ ਖਿਲਾਫ਼ ਮੁਹਾਲੀ ਰੈਲੀ ਵਿੱਚ ਝੰਡੇ ਤੇ ਮਾਟੋ ਲੈ ਕੇ ਲੱਗੇ ਕੋਟਿਆਂ ਮੁਤਾਬਕ ਪਹੁੰਚਣ ਦਾ ਸੱਦਾ ਦਿੱਤਾ ਤੇ 13 ਮਾਰਚ ਨੂੰ ਸਮੁੱਚੇ ਪੰਜਾਬ ਅੰਦਰ ਸਰਕਲ ਪੱਧਰ ਤੇ ਸਾਂਝੇ ਥੜ੍ਹੇ ਵੱਲੋਂ ਇਕੋ ਦਿਨ ਸਾਂਝੀਆਂ ਮੀਟਿੰਗਾਂ ਨੂੰ ਕਾਮਯਾਬ ਕਰਕੇ ਆਉਣ ਵਾਲੇ ਸੰਘਰਸ਼ ਪ੍ਰੋਗਰਾਮਾਂ ਦੀ ਤਿਆਰੀ ਕਰਨ ਦਾ ਫ਼ੈਸਲਾ ਕੀਤਾ ਹੈ ਤਾਂ ਜੋ 17 ਮਾਰਚ ਤੋਂ 7 ਅਪ੍ਰੈਲ ਤੱਕ ਕੇਡਰ ਨੂੰ ਹਰ ਪੱਖ ਤੋਂ ਜਾਗਰੂਕ ਕੀਤਾ ਜਾ ਸਕੇ।

ਇਸ ਮੀਟਿੰਗ ਵਿੱਚ ਕੁਲਵਿੰਦਰ ਸਿੰਘ ਢਿੱਲੋਂ, ਗੁਰਭੇਜ ਸਿੰਘ ਢਿੱਲੋਂ, ਸੁਰਿੰਦਰਪਾਲ ਲਹੌਰੀਆ, ਜਰਨੈਲ ਸਿੰਘ, ਨਿਰਮਲ ਸਿੰਘ, ਕਰਮਜੀਤ ਸਿੰਘ ਖੀਵਾ, ਸੁਖਵਿੰਦਰ ਸਿੰਘ ਚਾਹਲ, ਮਨਜੀਤ ਸਿੰਘ ਚਾਹਲ, ਰਵੇਲ ਸਿੰਘ ਸਹਾਏਪੁਰ, ਦੇਵਿੰਦਰ ਸਿੰਘ ਪਿਸ਼ੌਰ, ਕੌਰ ਸਿੰਘ ਸੋਹੀ, ਇੰਜ: ਹਰਮਨਦੀਪ, ਬਲਦੇਵ ਸਿੰਘ ਪਸਿਆਣਾ, ਦਲੀਪ ਕੁਮਾਰ, ਬੀ ਐੱਸ ਸੇਖੋਂ, ਭਿੰਦਰ ਸਿੰਘ ਚਾਹਲ, ਸੁਖਵਿੰਦਰ ਸਿੰਘ ਦੁੱਮਣਾ, ਪਵਨਪ੍ਰੀਤ ਸਿੰਘ, ਗੁਰਪਿਆਰ ਸਿੰਘ ਆਦਿ ਆਗੂਆਂ ਨੇ ਹਿੱਸਾ ਲਿਆ।

# ਈਰਾਨ 'ਤੇ ਨਹੱਕੀ ਜੰਗ ਮੜ੍ਹਨ ਵਾਲੇ ਟਰੰਪ ਤੇ ਨੇਤਨਯਾਹੂ ਦੇ ਫੂਕੇ ਪੁਤਲੇ



**ਲੁਧਿਆਣਾ (ਸਤੀਸ਼ ਸਚਦੇਵਾ)**
ਦਸਮੇਸ਼ ਕਿਸਾਨ ਮਜ਼ਦੂਰ ਯੂਨੀਅਨ (ਰਜਿ:) ਜ਼ਿਲ੍ਹਾ ਲੁਧਿਆਣਾ ਦੇ ਜ਼ਿਲ੍ਹਾ ਪ੍ਰਧਾਨ ਗੁਰਦਿਆਲ ਸਿੰਘ ਤਲਵੰਡੀ ਦੀ ਅਗਵਾਈ ਹੇਠ ਵੇਰਕਾ ਮਿਲਕ ਪਲਾਂਟ ਲੁਧਿਆਣਾ ਵਿਖੇ ਜਥੇਬੰਦੀ ਦੇ ਆਗੂਆਂ ਤੇ ਵਰਕਰਾਂ ਨੇ ਰੋਹ ਭਰਪੂਰ ਇਕੱਤਰਤਾ ਉਪਰੰਤ ਤੀਜੇ ਦੌਰ ਦੀ ਸੰਸਾਰ ਪੱਧਰੀ ਜਨੇਵਾ ਸਮਝੌਤਾ ਵਾਰਤਾਲਾਪ ਨੂੰ ਇੱਕ ਤਰਫਾ ਧੋਖਾਦੇਹੀ ਰਾਹੀਂ ਭੰਗ ਕਰਕੇ ਈਰਾਨ 'ਤੇ ਨਹੱਕੀ 'ਤੇ ਧਾੜਵੀ ਜੰਗ ਮੜ੍ਹਨ ਵਾਲੇ ਅਮਰੀਕੀ ਸਾਮਰਾਜਵਾਦੀ ਤੇ ਉਸ ਦੇ ਪੱਕੇ ਦਲਾਲ 'ਤੇ ਹਮਲਾਕਰੂ ਇਜ਼ਰਾਇਲ ਦੇ ਜੰਗਬਾਜ਼ ਹਾਕਮਾਂ ਡੋਨਾਲਡ ਟਰੰਪ ਤੇ ਨੇਤਨਯਾਹੂ ਦੇ ਪੁਤਲੇ ਫੂਕੇ।ਰੋਹ ਭਰਪੂਰ ਮੁਜ਼ਾਹਰੇ ਨੂੰ ਸੰਬੋਧਨ ਕਰਦੇ ਜਥੇਬੰਦੀ ਦੇ ਆਗੂਆਂ ਜ਼ਿਲ੍ਹਾ ਸਕੱਤਰ ਜਸਦੇਵ ਸਿੰਘ ਲਲਤੋਂ, ਜ਼ਿਲ੍ਹਾ ਖਜ਼ਾਨਚੀ ਅਮਰੀਕ ਸਿੰਘ ਤਲਵੰਡੀ, ਜਸਵੰਤ ਸਿੰਘ ਮਾਨ, ਰਣਜੀਤ ਸਿੰਘ ਗੁੜੇ, ਜਥੇਦਾਰ ਗੁਰਮੇਲ ਸਿੰਘ ਢੱਟ ਨੇ ਈਰਾਨ ਦੇ ਸੁਪਰੀਮ ਆਗੂ ਆਇਤਉੱਲਾ ਅਲੀ ਖਾਮੇਨੇਈ, ਚੋਟੀ ਦੇ ਫੌਜੀ ਰਾਜਨੀਤਕ ਆਗੂਆਂ, 180 ਤੋਂ ਉੱਪਰ ਮਾਸੂਮ ਸਕੂਲ ਵਿਦਿਆਰਥਣਾਂ ਤੇ ਸੈਂਕੜੇ ਬੇਦੋਸ਼ੇ ਨਾਗਰਿਕਾਂ ਦੇ ਕਤਲੇਆਮ ਦੀ ਸਖਤ ਤੋਂ ਸਖਤ ਸਖਤ ਸ਼ਬਦਾਂ ਵਿੱਚ ਜ਼ੋਰਦਾਰ ਨਿਖੇਧੀ ਕਰਦਿਆਂ ਅਮਰੀਕੀ ਤੇ ਇਜ਼ਰਾਈਲੀ ਧਾੜਵੀਆਂ ਵੱਲੋਂ ਇਰਾਨ 'ਤੇ ਠੋਸੀ ਨਹੱਕੀ ਜੰਗ ਫੌਰੀ ਤੌਰ 'ਤੇ ਬੰਦ ਕਰਵਾਉਣ ਲਈ ਯੂ. ਐੱਨ. ਸੁਰੱਖਿਆ ਕੌਂਸਲ ਤੇ ਯੂ.ਐੱਨ.ਓ. ਦੀ ਜਨਰਲ ਅਸੈਂਬਲੀ ਤੋਂ ਆਪ ਦਾ ਐਮਰਜੈਂਸੀ ਸੈਸ਼ਨ ਬਲਾਉਣ ਦੀ ਜ਼ੋਰਦਾਰ ਮੰਗ ਕੀਤੀ ਹੈ।ਆਗੂਆਂ ਨੇ ਭਾਰਤ ਵਿੱਚ 19 ਫਰਵਰੀ ਤੋਂ ਮਹਿਮਾਨ ਵਜੋਂ ਆਏ ਤੇ ਵਾਪਸ ਜਾ ਰਹੇ 130 ਮੈਂਬਰਾਂ ਵਾਲੇ ਈਰਾਨੀ ਸਮੁੰਦਰੀ ਬੇੜੇ ਨੂੰ ਹਿੰਦ ਮਹਾਸਾਗਰ ਵਿੱਚ ਭਾਰਤ ਦੇ ਤੱਟ ਦੇ ਲਾਗੇ ਹੀ ਅਮਰੀਕੀ ਪਣਡੁੱਬੀ ਵੱਲੋਂ ਤਬਾਹ ਕੀਤੇ ਜਾਣ ਦੀ ਜੰਗੀ ਕਾਰਵਾਈ ਦੀ ਜ਼ੋਰਦਾਰ ਨਿਖੇਧੀ ਕਰਨ ਤੇ ਪੀੜਤਾਂ ਦੀ ਮਦਦ ਲਈ ਭਾਰਤ ਸਰਕਾਰ ਤੋਂ ਅੱਗੇ ਆਉਣ ਦੀ ਪੁਰਜ਼ੋਰ ਮੰਗ ਕੀਤੀ ਹੈ।ਇਕੱਠ ਵਿੱਚ ਹੋਰਨਾਂ ਤੋਂ ਇਲਾਵਾ ਗੁਰਚਰਨ ਸਿੰਘ ਤਲਵੰਡੀ, ਨਿਰਭੈ ਸਿੰਘ ਤਲਵੰਡੀ, ਕੁਲਦੀਪ ਸਿੰਘ ਸਵੱਦੀ, ਸੁਰਜੀਤ ਸਿੰਘ ਸਵੱਦੀ, ਤੇਜਿੰਦਰ ਸਿੰਘ ਵਿਰਕ, ਅਮਰਜੀਤ ਸਿੰਘ ਖੰਜਰਵਾਲ, ਲਛਮਣ ਸਿੰਘ ਸਿੱਧਵਾਂ, ਪ੍ਰਿਤਪਾਲ ਸਿੰਘ ਪੰਡੋਰੀ, ਗੁਰਚਰਨ ਸਿੰਘ ਮੰਡਿਆਣੀ, ਗੁਰਦੇਵ ਸਿੰਘ ਢੱਟ ਉਚੇਚੇ ਤੌਰ 'ਤੇ ਸ਼ਾਮਲ ਹੋਏ।

# ਧਰਮਕੋਟ 'ਚ ਹੋਇਆ ਉਸਤਾਦ ਜਸਵੰਤ ਸਿੰਘ ਭੰਵਰਾ 24ਵਾਂ ਸ਼ਾਸਤਰੀ ਸੰਗੀਤ ਸਮਾਰੋਹ

**ਮੋਗਾ (ਇਕਬਾਲ ਸਿੰਘ ਖਹਿਰਾ)**
ਉਸਤਾਦ ਜਸਵੰਤ ਸਿੰਘ ਜੀ ਭੰਵਰਾ 24ਵਾਂ ਸ਼ਾਸ਼ਤਰੀ ਸੰਗੀਤ ਸਮਾਰੋਹ ਬਾਬਾ ਜੋਰਾ ਸਿੰਘ ਤੇ ਸਮੂਹ ਸੇਵਾਦਾਰ ਤੇ ਸਹਿਯੋਗੀ ਸੱਜਣ ਵੱਲੋਂ ਗੁਰਦੁਆਰਾ ਸਿੰਘ ਸਭਾ ਧਰਮਕੋਟ (ਮੋਗਾ) ਵਿਖੇ ਕਰਾਇਆ ਗਿਆ।ਉਨ੍ਹਾਂ ਨਾਲ ਗੁਰੂ ਪੰਡਿਤ ਸੁਸ਼ੀਲ ਜੈਨ ਚੰਡੀਗੜ੍ਹ ਵਾਲੇ, ਉਸਤਾਦ ਕਾਲੇ ਰਾਮ ਜਲੰਧਰ ਵਾਲੇ ਉਚੇਚੇ ਤੌਰ 'ਤੇ ਸ਼ਿਰਕਤ ਕੀਤੀ।

ਇਸ ਸੰਗੀਤਮਈ ਸ਼ਾਮ ਦਾ ਆਗਾਜ਼ ਨਿਰਮੋਲਕ ਸਿੰਘ ਰਾਗ ਬਾਗੇਸ਼ਵਰੀ ਸ਼ਬਦ ਗਾਇਨ ਨਾਲ ਕੀਤਾ ਗਿਆ।ਉਪਰੰਤ ਪ੍ਰਸਿੱਧ ਤਬਲਾ ਵਾਦਕ ਉਸਤਾਦ ਕਾਲੇ ਰਾਮ ਦੇ ਸ਼ਾਗਿਰਦ ਕਲਾਸੀਕਲ ਤਬਲੇ ਦੀਆਂ ਗੱਤਾ ਵਜਾ ਕੇ ਸਰੋਤਿਆਂ ਦੀ ਵਾਹ ਵਾਹ ਖੱਟੀ।ਸੰਗੀਤਕ ਸ਼ਾਮ ਨੂੰ ਹੋਰ ਚਾਰ ਚੰਨ ਲਾਉਂਦਿਆਂ ਗੁਰਦੀਪ ਸਿੰਘ ਚੰਡੀਗੜ੍ਹ ਵੱਲੋਂ ਰਬਾਬ ਵਾਦਨ ਰਾਹੀਂ ਰਾਗ ਚਾਰੂਕੇਸੀ ਤੇ ਅਫ਼ਗਾਨੀ ਧੁਨ ਵਜਾ ਕੇ ਸਰੋਤਿਆਂ ਨੂੰ ਮੰਤਰ ਮੁਗਧ ਕੀਤਾ।ਪ੍ਰਸਿੱਧ ਕਲਾਸਿਕਲ ਗਾਇਕਾ ਉਦਿਤੀ ਸਰਕਾਰ ਗੁੜਗਾਂਉਂ ਵੱਲੋਂ ਰਾਗ ਮਾਰੂ ਵਿਹਾਗ ਬਿਲੰਬਿਤ ਰਚਨਾ ਰਸੀਆ ਰਸੀਆ, ਰਾਗ ਦੁਰਗਾ ਕੀ ਝਪਤਾਲ ਬੰਦਿਸ਼ ਸਖੀ ਮੋਰੀ ਰੁਮ ਝੁਮ ਸਰੋਤਿਆਂ ਨੂੰ ਝੂਮਣ ਲਾਇਆ।

ਪ੍ਰਸਿੱਧ ਤਬਲਾ ਵਾਦਕ ਨਿਸ਼ਿਤ ਗੰਗਾਨੀ ਨਾਲ ਹਾਰਮੋਨੀਅਮ ਦੀ ਸੰਗਤ ਡਾ. ਗੁਰਪ੍ਰੀਤ ਸਿੰਘ ਵੱਲੋਂ ਕੀਤੀ ਗਈ।ਸੰਗੀਤਕ ਸ਼ਾਮ ਵਿੱਚ ਸੰਤ ਗਿਆਨੀ ਗੁਰਮੀਤ ਸਿੰਘ ਖੋਸਾ ਕੋਟਲਾ ਵਾਲਿਆਂ ਵੱਲੋਂ ਵਿਸ਼ੇਸ਼ ਸਹਿਯੋਗ ਦਿੱਤਾ ਗਿਆ।

ਸਟੇਜ ਦਾ ਸੰਚਾਲਨ ਪ੍ਰੋ. ਸੁਰਜੀਤ ਸਿੰਘ ਧਾਲੀਵਾਲ ਵੱਲੋਂ ਬਖ਼ੂਬੀ ਨਿਭਾਇਆ ਗਿਆ।ਸਮਾਗਮ ਦੇ ਅੰਤ ਵਿੱਚ ਬਾਬਾ ਜੋਰਾ ਸਿੰਘ ਧਰਮਕੋਟ ਵੱਲੋਂ ਸਮੁੱਚੇ ਪੁੱਜੇ ਕਲਾਕਾਰਾਂ ਤੇ ਸ਼ਖ਼ਸੀਅਤਾਂ ਦਾ ਸਨਮਾਨ ਕੀਤਾ ਗਿਆ।ਭੰਵਰਾ ਦੇ ਸ਼ਾਗਿਰਦ ਉਸਤਾਦ ਦਿਲਜੀਤ ਕੈਸ, ਉਸਤਾਦ ਰਾਜਿੰਦਰ ਮਲ੍ਹਾਰ, ਉਸਤਾਦ ਜਗਦੀਸ਼ ਸਿੰਘ ਲਾਲ, ਉਸਤਾਦ ਵਰਿੰਦਰ ਸਿੰਘ ਨਿਰਮਾਣ ਤੋਂ ਇਲਾਵਾ ਰਾਗੀ ਹਰਦੀਪ ਸਿੰਘ ਰਣੀਆ, ਰਾਗੀ ਪ੍ਰਮਿੰਦਰ ਸਿੰਘ ਖੋਸਾ ਪਾਂਡੋ, ਰਾਗੀ ਰਮਨਦੀਪ ਸਿੰਘ ਧਰਮਕੋਟ, ਮਿਊਜ਼ਿਕ ਡਾਇਰੈਕਟਰ ਜਗਜੀਤ ਸਿੰਘ ਬਿਰਦੀ, ਮਿਊਜ਼ਿਕ ਡਾਇਰੈਕਟਰ ਨਿੰਮਾ ਵਿਰਕ, ਗਿਆਨੀ ਨਰਿੰਦਰ ਸਿੰਘ, ਗਿਆਨੀ ਸਤਨਾਮ ਸਿੰਘ ਜਨੇਰ ਟਕਸਾਲ, ਗਿਆਨੀ ਮਨਦੀਪ ਸਿੰਘ ਧਰਮਕੋਟ, ਗਿਆਨੀ ਗੁਰਭੇਜ ਸਿੰਘ ਧਰਮਕੋਟ, ਗਿਆਨੀ ਮਲਕੀਤ ਸਿੰਘ ਪੰਖੇਰੂ ਲੋਹਗੜ੍ਹ ਆਦਿ ਮੌਜੂਦ ਸਨ।



## ਕਾਤਰਾਂ

### ਵਿੱਤੀ ਸਹਾਇਤਾ ਸਕੀਮ ਦਾ ਰਸਮੀ ਆਰੰਭ ਵਿਸਾਖੀ ਨੂੰ ਹੋਵੇਗਾ : ਸਰਪੰਚ ਪਾਲੀ ਡੱਲਾ



**ਅਜੀਤਵਾਲ (ਲਵਲੀ ਕੁਮਾਰ)**-ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ 'ਚ ਜੋ ਪੰਜਾਬ ਦੀਆਂ ਔਰਤਾਂ ਨਾਲ ਵਾਅਦਾ ਕੀਤਾ ਗਿਆ ਸੀ ਕਿ 1000 ਰੁਪਏ ਘਰ ਖ਼ਰਚ ਲਈ ਹਰ ਮਹੀਨੇ ਦਿੱਤੇ ਜਾਣਗੇ, ਅੱਜ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਵਿਧਾਨ ਸਭਾ 'ਚ ਬਜਟ ਪੇਸ਼ ਕਰਦਿਆਂ ਔਰਤਾਂ ਲਈ ਸਭ ਤੋਂ ਵੱਡੀ ਖ਼ੁਸ਼ਖ਼ਬਰੀ ਦਾ ਐਲਾਨ ਕੀਤਾ। ਉਨ੍ਹਾਂ ਦੱਸਿਆ ਕਿ ਆਮ ਬਾਲਗ ਔਰਤਾਂ ਨੂੰ 1,000 ਤੇ ਦਲਿਤ ਵਰਗ ਦੀਆਂ ਔਰਤਾਂ ਨੂੰ 1,500 ਪ੍ਰਤੀ ਮਹੀਨਾ ਵਿੱਤੀ ਸਹਾਇਤਾ ਸਕੀਮ ਦਾ ਰਸਮੀ ਆਰੰਭ ਆਉਣ ਵਾਲੀ ਵਿਸਾਖੀ ਦੇ ਸ਼ੁੱਭ ਦਿਹਾੜੇ ਤੋਂ ਹੋਣ ਜਾ ਰਿਹਾ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾਂ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਹਲਕਾ ਜਗਰਾਉਂ ਦੇ ਯੂਥ ਆਗੂ ਤੇ ਪਿੰਡ ਡੱਲਾ ਦੇ ਮੌਜੂਦਾ ਸਰਪੰਚ ਗੋਪਾਲ ਸਿੰਘ ਪਾਲੀ ਸਰਪੰਚ ਵੱਲੋਂ ਕੀਤਾ ਗਿਆ। ਇਸ ਮੌਕੇ ਉਨ੍ਹਾਂ ਪੰਜਾਬ ਸਰਕਾਰ ਦਾ ਧੰਨਵਾਦ ਕਰਦੇ ਹੋਏ ਦੱਸਿਆ ਕਿ ਪੰਜਾਬ ਸਰਕਾਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ 'ਚ ਪੰਜਾਬ ਦੇ ਹਰ ਵਰਗ ਲਈ ਵਿਸ਼ੇਸ਼ ਕਦਮ ਚੁੱਕ ਰਹੀ ਹੈ। ਸਰਪੰਚ ਪਾਲੀ ਨੇ ਕਿਹਾ ਕਿ ਹੁਣ ਔਰਤਾਂ ਨੂੰ ਆਪਣੇ ਛੋਟੇ-ਮੋਟੇ ਖਰਚਿਆਂ ਲਈ ਕਿਸੇ ਦਾ ਮੂੰਹ ਨਹੀਂ ਦੇਖਣਾ ਪਵੇਗਾ। ਸਰਕਾਰ ਜਲਦੀ ਹੀ ਇਸ ਸਕੀਮ ਲਈ ਰਜਿਸਟ੍ਰੇਸ਼ਨ ਪੋਰਟਲ ਤੇ ਕੈਂਪਾਂ ਦਾ ਵੇਰਵਾ ਸਾਂਝਾ ਕਰੇਗੀ। ਉਨ੍ਹਾਂ ਕਿਹਾ ਕਿ ਪੈਸੇ ਸਿੱਧੇ ਲਾਭਪਾਤਰੀਆਂ ਦੇ ਬੈਂਕ ਖਾਤਿਆਂ 'ਚ ਪਾਏ ਜਾਣਗੇ।

### ਖ਼ੂਨਦਾਨ ਕੈਂਪ ਅੱਜ

**ਅਮਲੋਹ (ਪ੍ਰਮੋਦ ਭਾਰਦਵਾਜ)**-ਸ਼ਹੀਦ ਭਗਤ ਸਿੰਘ ਯੂਥ ਸਪੋਰਟਸ ਤੇ ਸੱਭਿਆਚਾਰਕ ਕਲੱਬ (ਰਜਿ.) ਕਪੂਰਗੜ੍ਹ (ਪੰਜਾਬ) ਵੱਲੋਂ ਦਸਵਾਂ ਖ਼ੂਨਦਾਨ ਕੈਂਪ 10 ਮਾਰਚ ਨੂੰ ਗੁਰਦੁਆਰਾ ਸ੍ਰੀ ਸਿੰਘ ਸਭਾ ਅਮਲੋਹ ਵਿਖੇ ਅਯੋਜਿਤ ਕੀਤਾ ਜਾ ਰਿਹਾ ਹੈ।ਪੱਤਰਕਾਰਾਂ ਨਾਲ ਜਾਣਕਾਰੀ ਸਾਂਝੀ ਕਰਦੇ ਹੋਏ ਪ੍ਰਧਾਨ ਐਡਵੋਕੇਟ ਤੀਰਥ ਕਪੂਰਗੜ੍ਹ ਨੇ ਕਿਹਾ ਕਿ ਖ਼ੂਨ ਦਾਨ ਮਹਾਨ ਦਾਨ ਹੈ ਤੇ ਵਿਅਕਤੀ ਵੱਲੋਂ ਦਾਨ ਕੀਤੇ ਖ਼ੂਨ ਨਾਲ ਬਹੁਤ ਸਾਰੀਆਂ ਕੀਮਤੀ ਮਨੁੱਖੀ ਜਾਨਾਂ ਬਚਾਈਆਂ ਜਾ ਸਕਦੀਆਂ ਹਨ।ਉਨ੍ਹਾਂ ਖ਼ੂਨਦਾਨੀਆਂ ਨੂੰ ਵੱਡੀ ਗਿਣਤੀ ਵਿੱਚ ਪਹੁੰਚ ਕੇ ਖ਼ੂਨ ਦਾਨ ਕਰਨ ਦੀ ਅਪੀਲ ਕੀਤੀ।

### ਬਿੱਲ ਨਾ ਭਰਨ 'ਤੇ ਕੁਨੈਕਸ਼ਨ ਕੱਟੇ

**ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)**-ਬਿਜਲੀ ਵਿਭਾਗ ਗੁਰੂ ਹਰਸਹਾਏ ਵੱਲੋਂ ਐੱਸਡੀਓ ਗੁਰਪ੍ਰੀਤ ਸਿੰਘ ਦੀ ਅਗਵਾਈ ਹੇਠ ਵੱਖ ਵੱਖ ਟੀਮਾਂ ਗਠਿਤ ਕੀਤੀਆਂ ਗਈਆਂ, ਜਿਸ ਵਿੱਚ ਜੇਈ ਜਸਵਿੰਦਰ ਸਿੰਘ, ਲਾਈਨਮੈਨ ਜਸਪਾਲ ਸਿੰਘ ਬਿੱਟਾ, ਲਾਈਨਮੈਨ ਪਰਵਿੰਦਰ ਸਿੰਘ ਵੱਲੋਂ ਕਸਬੇ ਦੇ ਮੁਹੱਲਿਆਂ ਵਿੱਚ ਮੀਟਰਾਂ ਦੀ ਚੈਕਿੰਗ ਕੀਤੀ ਗਈ।ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਐੱਸਡੀਓ ਗੁਰਪ੍ਰੀਤ ਸਿੰਘ ਨੇ ਕਿਹਾ ਕਿ ਜਿਸ ਨੇ ਬਿਜਲੀ ਦੇ ਬਿਲ ਬਕਾਇਆ ਸਨ, ਉਨ੍ਹਾਂ ਦੇ ਮੀਟਰਾਂ ਦੇ ਕਨੈਕਸ਼ਨ ਕੱਟੇ ਗਏ ਹਨ।ਇਸ ਦੌਰਾਨ ਕਈ ਖਪਤਕਾਰਾਂ ਵੱਲੋਂ ਮੌਕੇ 'ਤੇ ਹੀ ਬਿੱਲ ਭਰ ਦਿੱਤੇ ਗਏ, ਉਨ੍ਹਾਂ ਖਪਤਕਾਰ ਦੇ ਦੁਬਾਰਾ ਕਨੈਕਸ਼ਨ ਜੋੜੇ ਗਏ।ਉਨ੍ਹਾ ਗੁਰੂ ਹਰਸਹਾਏ ਵਾਸੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਜਿਨ੍ਹਾਂ ਦੇ ਬਿਜਲੀ ਦੇ ਬਿੱਲ ਬਕਾਇਆ ਹਨ, ਉਹ ਰਾਸ਼ੀ ਜਲਦੀ ਤੋਂ ਜਲਦੀ ਜਮ੍ਹਾਂ ਕਰਵਾਉਣ ਨਹੀਂ ਤਾਂ ਮੀਟਰ ਕਨੈਕਸ਼ਨ ਕੱਟੇ ਜਾਣਗੇ।

# ਮਿਮਿਟ ਮਲੋਟ ਵਿਖੇ ਦੋ ਰੋਜ਼ਾ ਐਥਲੈਟਿਕ ਮੀਟ ਹੋਈ ਸ਼ਾਨੋ-ਸ਼ੌਕਤ ਨਾਲ ਸਮਾਪਤ

**■ ਸੀ ਐੱਸ ਈ ਦੇ ਵਿਦਿਆਰਥੀਆਂ ਨੇ ਜਿੱਤੀ ਓਵਰਆਲ ਟਰਾਫੀ**



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**
ਮਲੋਟ ਇੰਸਟੀਚਿਊਟ ਆਫ ਮੈਨੇਜਮੈਂਟ ਐਂਡ ਇਨਫਰਮੇਸ਼ਨ ਟੈਕਨਾਲੋਜੀ ਮਲੋਟ ਵੱਲੋਂ ਸਾਲਾਨਾ 15ਵੀਂ ਐਥਲੈਟਿਕ ਮੀਟ ਕਰਵਾਈ ਗਈ।ਇਸ ਸਮਾਗਮ ਦੇ ਇਨਾਮ ਵੰਡ ਸਮਾਰੋਹ ਸਮਾਰੋਹ ਵਿੱਚ ਸ਼ਵਿੰਦਰਜੀਤ ਸਿੰਘ ਪ੍ਰਿੰਸੀਪਲ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਪਿੰਡ ਝੋਰੜ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।ਇਸ ਮੌਕੇ ਸੰਸਥਾ ਦੇ ਡਾਇਰੈਕਟਰ ਡਾ: ਜਸਕਰਨ ਸਿੰਘ ਭੁੱਲਰ, ਵੱਖ-ਵੱਖ ਡੀਨਜ਼/ਵਿਭਾਗਾਂ ਦੇ ਮੁਖੀਆਂ, ਪ੍ਰੈਜ਼ੀਡੈਂਟ ਸਪੋਰਟਸ ਜਤਿੰਦਰ ਸਿੰਘ ਵੱਲੋਂ ਮੁੱਖ ਮਹਿਮਾਨ ਨੂੰ ਜੀ ਆਇਆਂ ਕਹਿ ਕੇ ਸਵਾਗਤ ਕੀਤਾ ਗਿਆ।ਇਸ ਬਾਰੇ ਜਾਣਕਾਰੀ ਸਾਂਝੀ ਕਰਦੇ ਹੋਏ ਪ੍ਰੈਜ਼ੀਡੈਂਟ ਖੇਡਾਂ ਸ੍ਰੀ ਜਤਿੰਦਰ ਸਿੰਘ ਨੇ ਦੱਸਿਆ ਕਿ ਇਸ ਐਥਲੈਟਿਕ ਮੀਟ ਵਿੱਚ ਵੱਖ-ਵੱਖ ਦੌੜਾਂ ਦੇ ਮੁਕਾਬਲਿਆਂ ਤੋਂ ਇਲਾਵਾ ਟ੍ਰਿਪਲ ਜੰਪ, ਲੰਬੀ ਛਾਲ, ਉੱਚੀ ਛਾਲ, ਜੈਵਲੀਨ ਥ੍ਰੋ, ਸ਼ਾਟਪੁੱਟ, ਡਿਸਕਸ ਥ੍ਰੋ, ਹੈਮਰ ਥ੍ਰੋ ਆਦਿ ਦੇ ਮੁਕਾਬਲੇ ਕਰਵਾਏ ਗਏ।ਉਨ੍ਹਾ ਦੱਸਿਆ ਕਿ ਬੀ. ਕਾਮ ਚੌਥੇ ਸਮੈਸਟਰ ਦੇ ਵਿਦਿਆਰਥੀ ਪੁਸ਼ਕਰ ਨੇ ਲੜਕਿਆਂ ਦੇ ਲੰਬੀ ਛਾਲ, ਉੱਚੀ ਛਾਲ ਤੇ ਸ਼ਾਟਪੁੱਟ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ।ਬੀ.ਬੀ.ਏ. ਚੌਥੇ ਸਮੈਸਟਰ ਦੀ ਵਿਦਿਆਰਥਣ ਖੁਸ਼ਪ੍ਰੀਤ ਕੌਰ ਨੇ ਲੜਕੀਆਂ ਦੀ ਲੰਬੀ ਛਾਲ, ਟ੍ਰਿਪਲ ਜੰਪ ਤੇ ਡਿਸਕਸ ਥ੍ਰੋ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ।ਇਸੇ ਤਰ੍ਹਾਂ ਸੀ.ਐੱਸ.ਈ. ਛੇਵੇਂ ਸਮੈਸਟਰ ਦੇ ਵਿਦਿਆਰਥੀ ਨੀਤੀਸ਼ ਕੁਮਾਰ ਸਿੰਘ ਨੇ ਡਿਸਕਸ ਥ੍ਰੋ ਤੇ ਜੈਵਲੀਨ ਥ੍ਰੋ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ।ਸੀ.ਐੱਸ.ਈ. ਦੀ ਵਿਦਿਆਰਥਣ ਸ਼ਿਖਾ ਸਿੰਘ ਨੇ ਜੈਵਲੀਨ ਥ੍ਰੋ, ਹੈਮਰ ਥ੍ਰੋ ਤੇ ਸ਼ਾਟਪੁੱਟ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ।ਉੱਚੀ ਛਾਲ (ਲੜਕੀਆਂ) ਵਿੱਚ ਬੀ. ਕਾਮ. ਦੀ ਵਿਦਿਆਰਥਣ ਜਸਮੀਨ ਕੌਰ ਨੇ ਪਹਿਲਾ ਤੇ ਟ੍ਰਿਪਲ ਜੰਪ (ਲੜਕਿਆਂ) ਵਿੱਚ ਬੀ.ਸੀ.ਏ. ਦੇ ਵਿਦਿਆਰਥੀ ਪ੍ਰਤੀਕ ਸਿੰਘ ਤੇ ਹੈਮਰ ਥ੍ਰੋ (ਲੜਕਿਆਂ) ਵਿੱਚ ਦਿਨੇਸ਼ ਮੁਹਾਲ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ।

ਵੱਖ ਵੱਖ ਦੌੜਾਂ ਦੇ ਮੁਕਾਬਲਿਆਂ ਵਿੱਚ ਬੀ.ਸੀ.ਏ. ਦੇ ਵਿਦਿਆਰਥੀ ਰਮੇਸ਼ ਕੁਮਾਰ ਨੇ 100 ਮੀਟਰ, 200 ਮੀਟਰ ਤੇ 400 ਮੀਟਰ (ਲੜਕਿਆਂ) ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ।ਇਸ ਤਰ੍ਹਾਂ 100 ਮੀਟਰ ਦੌੜ (ਲੜਕੀਆਂ ਵਿੱਚ) ਬੀ.ਬੀ.ਏ. ਦੀ ਵਿਦਿਆਰਥਣ ਜਸ਼ਨਪ੍ਰੀਤ ਕੌਰ, 200 ਮੀਟਰ ਦੌੜ ਵਿੱਚ ਬੀ.ਬੀ.ਏ. ਦੀ ਖੁਸ਼ਪ੍ਰੀਤ ਕੌਰ ਤੇ 400 ਦੌੜ ਮੀਟਰ ਵਿੱਚ ਸੀ.ਐੱਸ.ਈ. ਚੌਥੇ ਸਮੈਸਟਰ ਦੀ ਵਿਦਿਆਰਥਣ ਸ਼ਿਵਾ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ।ਲੜਕੀਆਂ ਦੇ 800 ਮੀਟਰ, 1500 ਮੀਟਰ ਤੇ 3000 ਮੀਟਰ ਦੌੜਾਂ ਦੇ ਮੁਕਾਬਲਿਆਂ ਵਿੱਚ ਪਹਿਲਾ ਸਥਾਨ ਸੀ.ਐੱਸ.ਈ. ਚੌਥੇ ਸਮੈਸਟਰ ਦੀ ਵਿਦਿਆਰਥਣ ਹਰਪ੍ਰੀਤ ਕੌਰ ਨੇ ਪ੍ਰਾਪਤ ਕੀਤਾ।ਲੜਕਿਆਂ ਦੇ 800 ਮੀਟਰ ਦੌੜ ਵਿੱਚ ਪਹਿਲਾ ਸਥਾਨ ਬੀ. ਕਾਮ ਦੇ ਵਿਦਿਆਰਥੀ ਸੁਰਿੰਦਰ ਸਿੰਘ, 1500 ਮੀਟਰ ਦੌੜ ਵਿੱਚ ਪਹਿਲਾ ਸਥਾਨ ਬੀ.ਬੀ.ਏ. ਦੂਜੇ ਸਮੈਸਟਰ ਦੇ ਵਿਦਿਆਰਥੀ ਪ੍ਰਭਜੋਤ ਸਿੰਘ ਤੇ 5000 ਮੀਟਰ ਦੌੜ ਵਿੱਚ ਪਹਿਲਾ ਸਥਾਨ ਸੀ.ਐੱਸ.ਈ. ਚੌਥੇ ਸਮੈਸਟਰ ਦੇ ਵਿਦਿਆਰਥੀ ਤ੍ਰਿਦੇਵ ਕੋਤਵਾਲ ਨੇ ਪ੍ਰਾਪਤ ਕੀਤਾ।

ਮੁੱਖ ਮਹਿਮਾਨ ਸ਼ਵਿੰਦਰਜੀਤ ਸਿੰਘ ਤੇ ਸੰਸਥਾ ਦੇ ਡਾਇਰੈਕਟਰ ਡਾ. ਜਸਕਰਨ ਸਿੰਘ ਭੁੱਲਰ, ਵਿਭਾਗਾਂ ਦੇ ਮੁੱਖੀਆਂ, ਡੀਨ ਵਿਦਿਆਰਥੀ ਮਾਮਲੇ ਡਾ. ਮੋਹਿਤ ਕੁਮਾਰ, ਖੇਡਾਂ ਦੇ ਪ੍ਰੈਜ਼ੀਡੈਂਟ ਜਤਿੰਦਰ ਸਿੰਘ ਨੇ ਜੇਤੂ ਖਿਡਾਰੀਆਂ ਨੂੰ ਇਨਾਮ ਤਕਸੀਮ ਕੀਤੇ।ਸੰਸਥਾ ਦੇ ਡਾਇਰੈਕਟਰ ਤੇ ਸਮੁੱਚੀ ਮੈਨੇਜਮੈਂਟ ਵੱਲੋਂ ਮੁੱਖ ਮਹਿਮਾਨ ਸ. ਸ਼ਵਿੰਦਰਜੀਤ ਸਿੰਘ ਦਾ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ।ਇਸ ਤੋਂ ਇਲਾਵਾ ਸੰਸਥਾ ਵੱਲੋਂ ਡੀ.ਪੀ.ਈ. ਰਮਨਦੀਪ ਸਿੰਘ, ਹਰਵਿੰਦਰ ਸਿੰਘ ਖਲਾਰਾ ਕੋਚ ਤੇ ਰਾਜਿੰਦਰ ਕੁਮਾਰ ਕੋਚ ਦਾ ਸਨਮਾਨ ਕੀਤਾ।ਪ੍ਰੋਗਰਾਮ ਨੂੰ ਸਫਲ ਬਣਾਉਣ ਲਈ ਜਿੱਥੇ ਸਮੁੱਚੇ ਸਟਾਫ ਤੇ ਵਿਦਿਆਰਥੀਆਂ ਨੇ ਆਪਣਾ ਵਿਸ਼ੇਸ਼ ਯੋਗਦਾਨ ਦਿੱਤਾ, ਉਥੇ ਹੀ ਸੰਸਥਾ ਦੇ ਡਾਇਰੈਕਟਰ ਡਾ. ਜਸਕਰਨ ਸਿੰਘ ਭੁੱਲਰ ਨੇ ਡੀਨ ਵਿਦਿਆਰਥੀ ਮਾਮਲੇ ਡਾ. ਮੋਹਿਤ ਕੁਮਾਰ, ਵਿਭਾਗਾਂ ਤੇ ਸੈਕਸ਼ਨਾਂ ਦੇ ਮੁੱਖੀਆਂ, ਪ੍ਰੈਜ਼ੀਡੈਂਟ ਸਪੋਰਟਸ ਜਤਿੰਦਰ ਸਿੰਘ, ਸਹਾਇਕ ਪ੍ਰੈਜ਼ੀਡੈਂਟ ਸਪੋਰਟਸ ਵਰਿੰਦਰ ਸਿੰਘ, ਗੁਰਵਿੰਦਰ ਸਿੰਘ ਤੇ ਡੀ.ਪੀ.ਈ. ਮਨਕੀਰਤ ਸਿੰਘ ਨੂੰ ਵਧਾਈ ਦਿੱਤੀ।ਇਸ ਮੌਕੇ ਲੜਕੀਆਂ 'ਚੋਂ ਬੀ.ਬੀ.ਏ. ਚੌਥੇ ਸਮੈਸਟਰ ਦੀ ਖੁਸ਼ਪ੍ਰੀਤ ਕੌਰ ਤੇ ਲੜਕਿਆਂ 'ਚੋਂ ਬੀ. ਕਾਮ. ਚੌਥੇ ਸਮੈਸਟਰ ਦੇ ਪੁਸ਼ਕਰ ਨੂੰ ਬੈਸਟ ਐਥਲੀਟ ਚੁਣਿਆ ਗਿਆ।ਇਸ ਐਥਲੈਟਿਕ ਮੀਟ ਦੀ ਓਵਰਆਲ ਟਰਾਫੀ ਸੀ.ਐੱਸ.ਈ. ਵਿਭਾਗ ਨੇ ਜਿੱਤੀ।

# ਭ੍ਰਿਸ਼ਟ ਵਿਧਾਇਕ, ਮੰਤਰੀ ਤੇ ਅਧਿਕਾਰੀ ਕਾਨੂੰਨ ਤੋਂ ਨਹੀਂ ਬਚ ਸਕਣਗੇ : ਨਿਰੰਜਨ ਸਿੰਘ



**ਮੋਗਾ (ਇਕਬਾਲ ਸਿੰਘ ਖਹਿਰਾ)**
ਪੰਜਾਬ ਦੇ ਚੁਣੇ ਹੋਏ 117 ਵਿਧਾਇਕ, ਭ੍ਰਿਸ਼ਟ ਅਧਿਕਾਰੀ ਤੇ ਕ੍ਰਮਚਾਰੀ ਇਹ ਨਾ ਸਮਝਣ ਕਿ ਉਹ ਰੱਬ ਬਣ ਗਏ ਹਨ। ਜੇਕਰ ਉਨ੍ਹਾਂ ਦੀ ਕੁਰੱਪਸ਼ਨ ਦੇ ਸਬੂਤ ਸਾਡੇ ਤੱਕ ਪਹੁੰਚਦੇ ਹਨ ਤਾਂ ਕਾਨੂੰਨ ਦਾ ਡੰਡਾ ਉਨ੍ਹਾਂ ਦੇ ਰੱਬ ਹੋਣ ਦਾ ਵਹਿਮ ਦੂਰ ਕਰ ਦੇਵੇਗਾ। ਇਨਫੋਰਸਮੈਂਟ ਡਾਇਰੈਕਟੋਰੇਟ ਦੇ ਸਾਬਕਾ ਡਿਪਟੀ ਡਾਇਰੈਕਟਰ ਨਿਰੰਜਨ ਸਿੰਘ ਨੇ ਅੰਤਰਰਾਸ਼ਟਰੀ ਮਹਿਲਾ ਦਿਵਸ ਮੌਕੇ ਕਾਮਰੇਡ ਨਛੱਤਰ ਸਿੰਘ ਭਵਨ ਵਿਖੇ ਸਿਵਲ ਸੁਸਾਇਟੀ ਵੱਲੋਂ ਕਰਾਏ ਗਏ 'ਪੰਜਾਬ ਦੀ ਗੱਲ' ਸੈਮੀਨਾਰ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਵਿੱਚ ਫੈਲਿਆ ਨਸ਼ਿਆਂ ਦਾ ਕਾਰੋਬਾਰ ਸਿੱਧੇ ਰੂਪ ਵਿੱਚ ਮਨੀ ਲਾਂਡਰਿੰਗ ਨਾਲ ਜੁੜਿਆ ਹੋਇਆ ਹੈ। ਜੇਕਰ ਸਰਕਾਰ ਚਾਹੇ ਤਾਂ ਨਸ਼ਾ ਤਸਕਰਾਂ ਦੇ ਨੈੱਟਵਰਕ ਨੂੰ ਤਬਾਹ ਕਰਨ ਤੇ ਤਸਕਰਾਂ ਨੂੰ ਮਿਸਾਲੀ ਸਜ਼ਾਵਾਂ ਦਿਵਾਉਣ ਲਈ ਇਨਫੋਰਸਮੈਂਟ ਡਾਇਰੈਕਟੋਰੇਟ ਦੀਆਂ ਸੇਵਾਵਾਂ ਲੈ ਸਕਦੀ ਹੈ, ਪਰ ਇੱਛਾ ਸ਼ਕਤੀ ਦੀ ਘਾਟ ਕਾਰਨ ਅਜਿਹਾ ਨਹੀਂ ਹੋ ਰਿਹਾ, ਜਿਸ ਕਾਰਨ ਸਰਕਾਰ ਦੀ ਨਸ਼ਾ ਵਿਰੋਧੀ ਮੁਹਿੰਮ ਤੇ ਸਵਾਲ ਖੜੇ ਹੋ ਰਹੇ ਹਨ।ਇਸੇ ਤਰ੍ਹਾਂ ਰੇਤ ਮਾਫੀਆ, ਭੂ ਮਾਫੀਆ, ਮੈਡੀਕਲ ਮਾਫੀਆ, ਸਿੱਖਿਆ ਮਾਫੀਆ ਜਾਂ ਸ਼ਰਾਬ ਮਾਫੀਆ ਜੋ ਸਮਾਜ ਦਾ ਪੈਸਾ ਆਪਣੀਆਂ ਜੇਬਾਂ 'ਚ ਪਾ ਰਹੇ ਹਨ, ਨੂੰ ਵੀ ਨੱਥ ਪਾਈ ਜਾ ਸਕਦੀ ਹੈ।

ਉਨ੍ਹਾਂ ਕਿਹਾ ਕਿ ਲੋਕਰਾਜ ਨੂੰ ਤੰਦਰੁਸਤ ਰੱਖਣ ਲਈ ਸਰਕਾਰਾਂ ਨੂੰ ਦੁਹਰਾਉਣ ਦੀ ਰਵਾਇਤ ਵੀ ਖਤਮ ਹੋਣੀ ਚਾਹੀਦੀ ਹੈ।ਉਨ੍ਹਾਂ ਆਮ ਲੋਕਾਂ ਦੇ ਸਵਾਲਾਂ ਦੇ ਜਵਾਬ ਦਿੰਦਿਆਂ ਕਿਹਾ ਕਿ ਭ੍ਰਿਸ਼ਟ ਲੋਕ ਸਾਡੇ ਸਭ ਤੋਂ ਵੱਡੇ ਦੁਸ਼ਮਣ ਹਨ, ਇਨ੍ਹਾਂ ਨੂੰ ਕਿਸੇ ਵੀ ਕੀਮਤ 'ਤੇ ਬਖਸ਼ਿਆ ਨਹੀਂ ਜਾਣਾ ਚਾਹੀਦਾ, ਜੇਕਰ ਆਮ ਲੋਕ ਭ੍ਰਿਸ਼ਟਾਚਾਰ ਦੇ ਸਬੂਤ ਸਾਡੇ ਤੱਕ ਪਹੁੰਚਦੇ ਕਰ ਦੇਣ ਤਾਂ ਅਸੀਂ ਇਨ੍ਹਾਂ ਨੂੰ ਮਿਸਾਲੀ ਸਜ਼ਾਵਾਂ ਦਿਵਾ ਸਕਦੇ ਹਾਂ।ਉਨ੍ਹਾਂ ਕਿਹਾ ਕਿ ਗੈਂਗਸਟਰਾਂ ਦੇ ਮਸਲੇ 'ਤੇ ਪੁਲਸ ਅਪੀਲ ਦਲੀਲ ਦੀਆਂ ਸਾਰੀਆਂ ਸ਼ਕਤੀਆਂ ਆਪਣੇ ਕੋਲ ਰੱਖ ਕੇ ਉਨ੍ਹਾਂ ਨੂੰ ਸਜ਼ਾ ਦੇਣ ਲੱਗੀ ਹੋਈ ਹੈ, ਜਿਸ ਦੀ ਘੋਰ ਨਿੰਦਾ ਤੇ ਵਿਰੋਧ ਹੋਣਾ ਚਾਹੀਦਾ ਹੈ।ਗ਼ੈਰ ਕਾਨੂੰਨੀ ਮਾਈਨਿੰਗ ਖਿਲਾਫ ਵੀ ਵੱਡੇ ਯੁੱਧ ਦੀ ਲੋੜ ਹੈ ਤੇ ਜ਼ਹਿਰੀਲੀ ਸ਼ਰਾਬ ਨਾਲ ਮਰਨ ਵਾਲਿਆਂ ਨੂੰ ਵੀ ਸਰਕਾਰੀ ਕਤਲਾਂ ਦੀ ਸ਼੍ਰੇਣੀ ਵਿੱਚ ਰੱਖ ਕੇ ਸਰਕਾਰ ਤੋਂ ਜਵਾਬ ਲੈਣਾ ਬਣਦਾ ਹੈ। ਸਿਵਲ ਸੁਸਾਇਟੀ ਮੋਗਾ ਦੇ ਪ੍ਰਜੀਡੀਅਮ ਮੈਂਬਰ ਮਹਿੰਦਰ ਪਾਲ ਲੂੰਬਾ ਤੇ ਜੇ ਐਨ ਯੂ ਦੇ ਸਾਬਕਾ ਵਿਦਿਆਰਥੀ ਪ੍ਰੋ. ਪੀ. ਐਸ. ਭੋਗਲ ਨੇ ਜਿੱਥੇ ਦੁਨੀਆ ਭਰ ਦੀਆਂ ਔਰਤਾਂ ਨੂੰ ਮਹਿਲਾ ਦਿਵਸ ਦੀ ਵਧਾਈ ਦਿੱਤੀ, ਉਥੇ ਪੰਜਾਬ ਦੇ ਮੌਜੂਦਾ ਹਾਲਾਤਾਂ 'ਚ ਆਮ ਲੋਕਾਂ ਦੀਆਂ ਬਣਦੀਆਂ ਜ਼ਿੰਮੇਵਾਰੀਆਂ ਤੇ ਉਨ੍ਹਾਂ ਨੂੰ ਨਿਭਾਉਣ ਦੀ ਗੱਲ ਵੀ ਕੀਤੀ।ਫਾਊਂਡਰ ਮੈਂਬਰ ਅਜੇ ਗੋਰਾ ਸੂਦ ਨੇ ਦੱਸਿਆ ਕਿ ਨਿਰੰਜਨ ਸਿੰਘ ਦਾ ਬਚਪਨ ਮੋਗਾ ਜ਼ਿਲ੍ਹੇ ਦੇ ਪਿੰਡ ਰਾਜੇਆਣਾ ਵਿੱਚ ਬੀਤਿਆ।

# 12 ਨੂੰ ਬਾਘਾ ਪੁਰਾਣਾ 'ਚ ਹੋਵੇਗੀ ਅਕਾਲੀ ਦਲ ਦੀ ਸਭ ਤੋਂ ਵੱਡੀ ਰੈਲੀ : ਆਗੂ

**ਜ਼ਿਲ੍ਹਾ ਮੋਗਾ ਦੇ ਕੋਨੇ-ਕੋਨੇ ਤੋਂ ਵੱਡੀ ਗਿਣਤੀ 'ਚ ਪਹੁੰਚਣਗੇ ਸਮਰਥਕ**



**ਬਾਘਾ ਪੁਰਾਣਾ (ਮਨੀ ਸਿੰਗਲਾ)**-ਸ਼੍ਰੋਮਣੀ ਅਕਾਲੀ ਦਲ ਦੇ ਆਗੂਆਂ ਨੇ ਦੱਸਿਆ ਕਿ 12 ਮਾਰਚ ਨੂੰ ਬਾਘਾ ਪੁਰਾਣਾ ਵਿਖੇ ਹੋਣ ਵਾਲੀ ਵੱਡੀ ਰੈਲੀ ਨੂੰ ਲੈ ਕੇ ਪਾਰਟੀ ਵਰਕਰਾਂ ਤੇ ਸਮਰਥਕਾਂ ਵਿੱਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਇਹ ਰੈਲੀ ਸੂਬੇ ਦੀ ਸਭ ਤੋਂ ਵੱਡੀ ਰੈਲੀ ਸਾਬਿਤ ਹੋਵੇਗੀ, ਜਿਸ ਵਿੱਚ ਜ਼ਿਲ੍ਹਾ ਮੋਗਾ ਦੇ ਹਰ ਪਿੰਡ ਤੇ ਸ਼ਹਿਰ ਤੋਂ ਵੱਡੀ ਗਿਣਤੀ ਵਿੱਚ ਲੋਕ ਪਹੁੰਚਣਗੇ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸ਼੍ਰੋਮਣੀ ਅਕਾਲੀ ਦਲ ਦੇ ਚੇਅਰਮੈਨ ਜਤਿੰਦਰ ਸਿੰਘ ਬਿੱਟੂ ਚੰਨੂੰਵਾਲਾ, ਤਲਵਾਰ ਬਰਾੜ ਚੰਨੂੰਵਾਲਾ, ਚੈਰੀ ਭਾਟੀਆ, ਗੋਪੀ ਹਰੀਏਵਾਲਾ, ਤਰਸੇਮ ਸਿੰਘ ਗਿੱਲ ਤੇ ਲਖਵਿੰਦਰ ਸਿੰਘ ਲਧਾਈਕੇ ਨੇ ਕਿਹਾ ਕਿ ਵਿਧਾਨ ਸਭਾ ਹਲਕਾ ਬਾਘਾ ਪੁਰਾਣਾ ਦੇ ਇੰਚਾਰਜ ਜਥੇਦਾਰ ਤੀਰਥ ਸਿੰਘ ਮਾਹਲਾ ਤੇ ਸੁਖਜੀਤ ਸਿੰਘ ਮਾਹਲਾ ਦੀ ਅਗਵਾਈ ਹੇਠ ਇਹ ਰੈਲੀ ਹੋ ਰਹੀ ਹੈ।ਇਸ ਰੈਲੀ ਨੂੰ ਸਫਲ ਬਣਾਉਣ ਲਈ ਪਾਰਟੀ ਦੇ ਵਰਕਰ ਪਿੰਡ ਪਿੰਡ ਤੇ ਵਾਰਡ ਵਾਰਡ ਜਾ ਕੇ ਲੋਕਾਂ ਨੂੰ ਸੱਦਾ ਦੇ ਰਹੇ ਹਨ। ਉਨ੍ਹਾਂ ਕਿਹਾ ਕਿ ਪਾਰਟੀ ਦੇ ਵਰਕਰਾਂ ਤੇ ਸਮਰਥਕਾਂ ਵਿੱਚ ਇਸ ਰੈਲੀ ਨੂੰ ਲੈ ਕੇ ਕਾਫੀ ਜੋਸ਼ ਹੈ ਅਤੇ ਲੋਕ ਵੱਡੀ ਗਿਣਤੀ ਵਿੱਚ ਰੈਲੀ ਵਿੱਚ ਸ਼ਾਮਲ ਹੋਣ ਲਈ ਤਿਆਰ ਹਨ।ਉਨ੍ਹਾਂ ਦੱਸਿਆ ਕਿ ਮੋਗਾ ਜ਼ਿਲ੍ਹੇ ਦੇ ਕੋਨੇ ਕੋਨੇ ਤੋਂ ਅਕਾਲੀ ਦਲ ਨੂੰ ਪਿਆਰ ਕਰਨ ਵਾਲੇ ਸਮਰਥਕ ਵਹੀਰਾ ਘੱਤ ਕੇ ਬਾਘਾ ਪੁਰਾਣਾ ਪਹੁੰਚਣਗੇ ਅਤੇ ਰੈਲੀ ਨੂੰ ਕਾਮਯਾਬ ਬਣਾਉਣਗੇ।ਤਲਵਾਰ ਬਰਾੜ ਚੰਨੂੰਵਾਲਾ ਨੇ ਕਿਹਾ ਕਿ ਇਹ ਰੈਲੀ ਕੇਵਲ ਇੱਕ ਇਕੱਠ ਨਹੀਂ ਹੋਵੇਗੀ, ਸਗੋਂ ਪੰਜਾਬ ਦੇ ਲੋਕਾਂ ਦੀਆਂ ਸਮੱਸਿਆਵਾਂ ਤੇ ਮੌਜੂਦਾ ਸਰਕਾਰ ਦੀਆਂ ਨਾਕਾਮੀਆਂ ਨੂੰ ਉਜਾਗਰ ਕਰਨ ਦਾ ਮੰਚ ਵੀ ਬਣੇਗੀ।ਚੈਰੀ ਭਾਟੀਆ ਨੇ ਕਿਹਾ ਕਿ ਲੋਕ ਮੌਜੂਦਾ ਸਰਕਾਰ ਦੀਆਂ ਨੀਤੀਆਂ ਤੋਂ ਨਾਰਾਜ਼ ਹਨ ਤੇ ਵੱਡੀ ਗਿਣਤੀ ਵਿੱਚ ਅਕਾਲੀ ਦਲ ਦੇ ਹੱਕ ਵਿੱਚ ਇਕੱਠੇ ਹੋ ਰਹੇ ਹਨ।ਉਨ੍ਹਾਂ ਕਿਹਾ ਕਿ ਜਥੇਦਾਰ ਤੀਰਥ ਸਿੰਘ ਮਾਹਲਾ ਤੇ ਸੁਖਜੀਤ ਸਿੰਘ ਮਾਹਲਾ ਦੀ ਅਗਵਾਈ ਹੇਠ ਪਾਰਟੀ ਦਿਨੋਂ ਦਿਨ ਮਜ਼ਬੂਤ ਹੋ ਰਹੀ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਅਕਾਲੀ ਦਲ ਪੰਜਾਬ ਦੀ ਰਾਜਨੀਤੀ ਵਿੱਚ ਹੋਰ ਮਜ਼ਬੂਤੀ ਨਾਲ ਉੱਭਰੇਗਾ।ਆਗੂਆਂ ਨੇ ਸਮੂਹ ਪਾਰਟੀ ਵਰਕਰਾਂ ਤੇ ਸਮਰਥਕਾਂ ਨੂੰ ਅਪੀਲ ਕੀਤੀ ਕਿ 12 ਮਾਰਚ ਨੂੰ ਬਾਘਾ ਪੁਰਾਣਾ ਵਿਖੇ ਵੱਡੀ ਗਿਣਤੀ ਵਿੱਚ ਪਹੁੰਚ ਕੇ ਰੈਲੀ ਨੂੰ ਇਤਿਹਾਸਕ ਬਣਾਇਆ ਜਾਵੇ।ਉਨ੍ਹਾਂ ਵਿਸ਼ਵਾਸ ਜਤਾਇਆ ਕਿ ਇਹ ਰੈਲੀ ਪੰਜਾਬ ਦੀ ਰਾਜਨੀਤੀ ਵਿੱਚ ਇੱਕ ਨਵਾਂ ਮੋੜ ਸਾਬਿਤ ਹੋਵੇਗੀ ਤੇ ਸੂਬੇ ਦੀ ਸਭ ਤੋਂ ਵੱਡੀ ਰੈਲੀ ਵਜੋਂ ਸਾਹਮਣੇ ਆਵੇਗੀ।

# ਸੁੰਦਰ ਨਗਰ ਦੇ ਮਜ਼ਦੂਰਾਂ ਵੱਲੋਂ ਡੀ ਐੱਸ ਪੀ ਦਫਤਰ ਅੱਗੇ ਧਰਨਾ



**ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**-ਮੁਕਤਸਰ ਸਾਹਿਬ ਦੀ ਮਜ਼ਦੂਰ ਬਸਤੀ ਸੁੰਦਰ ਨਗਰ ਵਿੱਚ ਦਸੰਬਰ 2025 ਵਿੱਚ ਦਿਨ ਦਿਹਾੜੇ ਦੋ ਦਰਜਨਾਂ ਦੇ ਕਰੀਬ ਗੁੰਡਿਆਂ ਵੱਲੋਂ ਜਗਸੀਰ ਸਿੰਘ ਪੁੱਤਰ ਪੀਪਲ ਸਿੰਘ ਵਾਸੀ ਸੁੰਦਰ ਨਗਰ ਉੱਤੇ ਕਾਤਲਾਨਾ ਹਮਲਾ ਕੀਤਾ ਗਿਆ ਸੀ। ਇਸ ਹਮਲੇ ਵਿੱਚ ਕਥਿਤ ਦੋਸ਼ੀਆਂ ਵੱਲੋਂ ਜਗਸੀਰ ਸਿੰਘ ਨੂੰ ਬੁਰੀ ਤਰ੍ਹਾਂ ਜ਼ਖ਼ਮੀ ਕਰ ਦਿੱਤਾ ਗਿਆ ਸੀ ਤੇ ਪੁਲਸ ਵੱਲੋਂ ਵੱਖ ਵੱਖ ਧਾਰਾਵਾਂ ਸਮੇਤ ਪਰਚਾ ਦਰਜ ਹੋਇਆ ਸੀ। ਪਿਛਲੇ ਦੋ ਮਹੀਨਿਆਂ ਤੋਂ ਪੁਲਸ ਦੀ ਢਿੱਲੀ ਕਾਰਗੁਜ਼ਾਰੀ ਕਾਰਨ ਦੋਸ਼ੀ ਅਜੇ ਤੱਕ ਗ੍ਰਿਫਤਾਰ ਨਹੀਂ ਕੀਤੇ ਗਏ, ਜਿਸ ਦੇ ਰੋਸ ਵਜੋਂ ਅੱਜ ਬਸਤੀ ਵਾਸੀਆਂ ਨੇ ਇਕੱਠੇ ਹੋ ਕੇ ਪੁਲਸ ਦੇ ਮੁਖੀ ਡੀਐੱਸਪੀ ਦੇ ਦਫਤਰ ਸਾਹਮਣੇ ਰੋਸ ਧਰਨਾ ਮਾਰਿਆ। ਇਸ ਸਮੇਂ ਦਿਹਾਤੀ ਮਜ਼ਦੂਰ ਸਭਾ ਦੇ ਸੂਬਾ ਸਕੱਤਰ ਜਗਜੀਤ ਸਿੰਘ ਜੱਸੇਆਣਾ, ਜ਼ਿਲ੍ਹਾ ਪ੍ਰਧਾਨ ਲਖਵੀਰ ਸਿੰਘ ਤਖਤ ਮਿਲਾਣਾ, ਭੀਮ ਕ੍ਰਾਂਤੀ ਦੇ ਆਗੂ ਅਸ਼ੋਕ ਮਹਿੰਦਰਾ ਨੇ ਦੋਸ਼ੀਆਂ ਨੂੰ ਗ੍ਰਿਫਤਾਰ ਕਰਨ ਦੀ ਮੰਗ ਕੀਤੀ ਤੇ ਪੁਲਸ ਦੀ ਢਿੱਲੀ ਕਾਰਗੁਜ਼ਾਰੀ ਦੀ ਜ਼ੋਰਦਾਰ ਨਖੇਧੀ ਕੀਤੀ। ਇਨ੍ਹਾਂ ਆਗੂਆਂ ਨੇ ਕਿਹਾ ਕਿ ਡੀਐੱਸਪੀ ਦੇ ਬੂਹੇ ਮੂਹਰੇ ਧਰਨਾ ਲਗਾਤਾਰ ਜਾਰੀ ਰੱਖਿਆ ਜਾਵੇਗਾ, ਜਿੰਨਾ ਚਿਰ ਕਥਿਤ ਦੋਸ਼ੀ ਗ੍ਰਿਫਤਾਰ ਨਹੀਂ ਕੀਤੇ ਜਾਂਦੇ ਸੰਘਰਸ਼ ਜਾਰੀ ਰਹੇਗਾ।

# ਸ਼ਾਂਤਮਈ ਪ੍ਰਦਰਸ਼ਨ ਕਰਦੇ ਮੁਲਾਜ਼ਮਾਂ 'ਤੇ ਪੁਲਸ ਤਸ਼ੱਦਦ ਅਤਿ ਨਿੰਦਣਯੋਗ : ਸਿੱਧੂ, ਮਾਂਗਟ, ਭੁੱਟੋ



**ਜ਼ੀਰਾ (ਨਰਿੰਦਰ ਅਨੇਜਾ)**
ਪੰਜਾਬ ਮੁਲਾਜ਼ਮ ਤੇ ਪੈਨਸ਼ਨਰ ਸਾਂਝਾ ਫਰੰਟ ਵੱਲੋਂ ਐਲਾਨੇ ਗਏ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਮੰਗਾਂ ਨੂੰ ਲੈ ਕੇ ਵਿਧਾਨ ਸਭਾ ਘੇਰਾਓ ਦੀ ਲੜੀ ਤਹਿਤ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ 1406-22-ਬੀ ਚੰਡੀਗੜ੍ਹ ਵੱਲੋਂ ਸੂਬਾ ਪ੍ਰਧਾਨ ਸਤੀਸ਼ ਰਾਣਾ ਦੀ ਅਗਵਾਈ ਹੇਠ ਰੱਖੀ ਚੰਡੀਗੜ੍ਹ ਵਿਖੇ ਸ਼ਾਂਤਮਈ ਰੋਸ ਰੈਲੀ ਤੇ ਵਿਧਾਨ ਸਭਾ ਦੇ ਘੇਰਾਓ ਦੌਰਾਨ ਪੁਲਸ ਵੱਲੋਂ ਸ਼ਾਂਤਮਈ ਮੁਜ਼ਾਹਰਾ ਕਰਦੇ ਮੁਲਾਜ਼ਮਾਂ 'ਤੇ ਭਾਰੀ ਲਾਠੀਚਾਰਜ ਤੇ ਪਾਣੀ ਦੀਆਂ ਵਛਾੜਾਂ, ਅਥਰੂ ਗੈਸ ਨਾਲ ਭਾਰੀ ਹਮਲਾ ਕਰਕੇ 20 ਤੋਂ ਵੱਧ ਮੁਲਾਜ਼ਮਾਂ ਨੂੰ ਫੱਟੜ ਤੇ ਸੈਂਕੜੇ ਦਸਤਾਰਾਂ ਉੱਤਾਰੀਆਂ ਗਈਆਂ।ਇਸ ਸਬੰਧੀ ਪ ਸ ਸ ਫ ਦੇ ਜ਼ਿਲ੍ਹਾ ਫਿਰੋਜ਼ਪੁਰ ਕਮੇਟੀ ਦੀ ਅਹਿਮ ਮੀਟਿੰਗ ਜ਼ਿਲ੍ਹਾ ਪ੍ਰਧਾਨ ਗੁਰਦੇਵ ਸਿੰਘ ਸਿੱਧੂ ਦੀ ਅਗਵਾਈ ਹੇਠ ਫਿਰੋਜ਼ਪੁਰ ਵਿਖੇ ਹੋਈ।ਮੀਟਿੰਗ ਦੌਰਾਨ ਜ਼ਿਲ੍ਹਾ ਪ੍ਰਧਾਨ ਗੁਰਦੇਵ ਸਿੰਘ ਸਿੱਧੂ, ਜ਼ਿਲ੍ਹਾ ਜਨਰਲ ਸਕੱਤਰ ਜਗਦੀਪ ਸਿੰਘ ਮਾਂਗਟ, ਸੂਬਾ ਜੁਆਇੰਟ ਸਕੱਤਰ ਬਲਵਿੰਦਰ ਸਿੰਘ ਭੁੱਟੋ, ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਮਹਿੰਦਰ ਸਿੰਘ ਬਰਾੜ, ਨਿਸ਼ਾਨ ਸਿੰਘ ਸ਼ਹਿਜ਼ਾਦੀ, ਪੈਨਸ਼ਨ ਆਗੂ ਮਹਿੰਦਰ ਸਿੰਘ ਧਾਲੀਵਾਲ ਨੇ ਸੰਬੋਧਨ ਕਰਦਿਆਂ ਕਿਹਾ ਕਿ ਸ਼ਾਂਤਮਈ ਢੰਗ ਨਾਲ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਮੰਗਾਂ ਨੂੰ ਲੈ ਕੇ ਰੋਸ ਮਾਰਚ ਕਰਦੇ ਸੈਂਕੜੇ ਮੁਲਾਜ਼ਮਾਂ 'ਤੇ ਪੁਲਸ ਤਸ਼ੱਦਦ ਅਤਿ ਨਿੰਦਣਯੋਗ ਕਾਰਵਾਈ ਕੀਤੀ ਗਈ ਹੈ।

ਉਨ੍ਹਾਂ ਕਿਹਾ ਕਿ ਤਸ਼ੱਦਦ ਕਰਨ ਵਾਲੇ ਪੁਲਸ ਅਧਿਕਾਰੀਆਂ 'ਤੇ ਸਰਕਾਰ ਬਨਦੀ ਕਾਰਵਾਈ ਕਰੇ, ਨਹੀ ਤਾਂ ਇਸ ਦਾ ਖਮਿਆਜ਼ਾ ਚੋਣਾਂ ਦੌਰਾਨ ਭੁਗਤਣਾ ਪਵੇਗਾ।ਉਨ੍ਹਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਜੋ ਆਪਣੇ ਆਪ ਨੂੰ ਅੰਦੋਲਨਕਾਰੀ ਆਖਦੇ ਹਨ, ਨੂੰ ਮੰਗਾਂ ਲਈ ਸੰਘਰਸ਼ ਕਰਦੇ ਲੋਕਾਂ 'ਤੇ ਪੁਲਸ ਤਸ਼ੱਦਦ ਕਰਵਾਉਣਾ ਬਰਤਾਨੀਆ ਹਕੂਮਤ ਨਾਲੋਂ ਘੱਟ ਨਹੀਂ ਹੈ।ਉਨ੍ਹਾਂ ਕਿਹਾ ਕਿ ਪੰਜਾਬ ਦੇ ਮੁਲਾਜ਼ਮ ਤੇ ਪੈਨਸ਼ਨਰ ਆਪਣੀਆਂ ਮੰਗਾਂ ਮਨਵਾਉਣ ਲਈ ਆਪਣਾ ਸੰਘਰਸ਼ ਇਸੇ ਤਰ੍ਹਾਂ ਹੀ ਜਾਰੀ ਰੱਖਣਗੇ, ਭਾਵੇਂ ਉਨ੍ਹਾਂ ਨੂੰ ਆਪਣੀਆਂ ਜਾਨਾਂ ਵੀ ਕੁਰਬਾਨ ਕਿਉਂ ਨਾ ਕਰਨੀਆਂ ਪੈਣ।

# ਸ੍ਰੀ ਤਾਰਾ ਚੰਦ ਸੀਨੀ. ਸੈਕੰ. ਸਕੂਲ ਵੱਲੋਂ ਮਹਿਲਾ ਮੈਰਾਥਨ ਦਾ ਆਯੋਜਨ



**ਭੀਖੀ (ਗੁਰਿੰਦਰ ਸਿੰਘ ਔਲਖ)**-ਅੰਤਰਰਾਸ਼ਟਰੀ ਮਹਿਲਾ ਦਿਵਸ ਦੇ ਮੌਕੇ ਸਥਾਨਕ ਸ਼੍ਰੀ ਤਾਰਾ ਚੰਦ ਵਿੱਦਿਆ ਮੰਦਰ ਸੀਨੀਅਰ ਸੈਕੰਡਰੀ ਸਕੂਲ ਵੱਲੋਂ ਮਹਿਲਾ ਮੈਰਾਥਨ ਦਾ ਆਯੋਜਨ ਕੀਤਾ ਗਿਆ।ਮੈਰਾਥਨ ਵਿੱਚ ਸਕੂਲ ਦੀਆਂ ਅਧਿਆਪਕਾਵਾਂ, ਵਿਦਿਆਰਥਣਾਂ ਤੇ ਇਲਾਕੇ ਦੀਆਂ ਮਹਿਲਾਵਾਂ ਨੇ ਵੱਡੇ ਉਤਸ਼ਾਹ ਨਾਲ ਭਾਗ ਲਿਆ ਤੇ ਮਹਿਲਾ ਸਸ਼ਕਤੀਕਰਨ ਦਾ ਸੰਦੇਸ਼ ਦਿੱਤਾ।ਇਸ ਮਹਿਲਾ ਮੈਰਾਥਨ ਦਾ ਉਦਘਾਟਨ ਮੁੱਖ ਮਹਿਮਾਨਾਂ ਵੱਲੋਂ ਮਹਿਲਾ ਦਿਵਸ ਦੀਆਂ ਵਧਾਈਆਂ ਦੇ ਨਾਲ ਹਵਾ ਵਿੱਚ ਰੰਗ-ਬਿਰੰਗੇ ਗੁਬਾਰੇ ਛੱਡ ਕੇ ਕੀਤਾ ਗਿਆ।ਇਹ ਮੈਰਾਥਨ ਸਕੂਲ ਤੋਂ ਸ਼ੁਰੂ ਹੋ ਕੇ ਭੀਖੀ ਸ਼ਹਿਰ ਦੇ ਵੱਖ-ਵੱਖ ਰਸਤਿਆਂ ਤੋਂ ਗੁਜ਼ਰਦੀ ਹੋਈ ਮੁੜ ਸਕੂਲ ਕੈਂਪਸ ਵਿੱਚ ਸਮਾਪਤ ਹੋਈ।ਮੈਰਾਥਨ ਤੋਂ ਬਾਅਦ ਸਕੂਲ ਕੈਂਪਸ ਵਿੱਚ ਮਨੋਰੰਜਕ ਤੇ ਰੰਗਾਰੰਗ ਸੱਭਿਆਚਾਰਕ ਪ੍ਰੋਗਰਾਮ ਕਰਵਾਏ ਗਏ।ਇਸ ਤੋਂ ਇਲਾਵਾ ਮਹਿਲਾਵਾਂ ਲਈ ਵੱਖ-ਵੱਖ ਮਨੋਰੰਜਕ ਮੁਕਾਬਲੇ ਵੀ ਕਰਵਾਏ ਗਏ, ਜਿਨ੍ਹਾਂ ਵਿੱਚ ਮਾਤਾਵਾਂ ਤੇ ਭੈਣਾਂ ਨੇ ਬੜੇ ਉਤਸ਼ਾਹ ਨਾਲ ਭਾਗ ਲਿਆ।

ਇਸ ਮੌਕੇ ਬ੍ਰਹਮਾ ਕੁਮਾਰੀ ਆਸ਼ਰਮ ਤੋਂ ਦੀਦੀ ਰੁਪਿੰਦਰ ਕੌਰ, ਦੀਦੀ ਸਪਨਾ, ਦੀਦੀ ਸਰੋਜ ਰਾਣੀ, ਦੀਦੀ ਨੀਲਮ ਮਨਚੰਦਾ), ਡਾ. ਤਮੰਨਾ ਗਰਗ ਤੇ ਡਾ. ਦੀਆ ਖ਼ਾਸ ਮਹਿਮਾਨ ਵਜੋਂ ਹਾਜ਼ਰ ਰਹੇ।ਉਨ੍ਹਾਂ ਮਹਿਲਾਵਾਂ ਦੀ ਸਿੱਖਿਆ ਤੇ ਸਸ਼ਕਤੀਕਰਨ ਬਾਰੇ ਪ੍ਰੇਰਨਾਦਾਇਕ ਵਿਚਾਰ ਸਾਂਝੇ ਕੀਤੇ।ਇਸ ਮੌਕੇ ਸਕੂਲ ਨੂੰ ਸੀ.ਬੀ.ਐੱਸ.ਈ. ਬੋਰਡ ਵੱਲੋਂ ਮਾਨਤਾ ਪ੍ਰਾਪਤ ਹੋਣ ਦੀ ਖ਼ੁਸ਼ੀ ਤੇ ਮਹਿਲਾ ਦਿਵਸ ਦੇ ਸਬੰਧ ਵਿੱਚ ਸਕੂਲ ਮੈਨੇਜਮੈਂਟ ਕਮੇਟੀ ਵੱਲੋਂ ਦੀਦੀ ਸਰੋਜ ਰਾਣੀ ਨੇ ਐਲਾਨ ਕੀਤਾ ਕਿ ਲੜਕੀਆਂ ਦੀ ਸਿੱਖਿਆ ਨੂੰ ਉਤਸ਼ਾਹਤ ਕਰਨ ਲਈ 15 ਮਾਰਚ ਤੱਕ ਦਾਖ਼ਲਾ ਫੀਸ 'ਤੇ 50 ਫੀਸਦੀ ਛੂਟ ਦਿੱਤੀ ਜਾਵੇਗੀ।ਮੰਚ ਸੰਚਾਲਨ ਕੋਆਰਡੀਨੇਟਰ ਦੀਦੀ ਪੂਨਮ ਸ਼ਰਮਾ ਵੱਲੋਂ ਕੀਤਾ ਗਿਆ।ਸਕੂਲ ਦੀ ਸ਼ਿਸ਼ੂ ਵਾਟਿਕਾ ਇੰਚਾਰਜ ਦੀਦੀ ਸੰਗੀਤਾ ਸ਼ਰਮਾ ਨੇ ਸਾਰੇ ਮਹਿਮਾਨਾਂ ਤੇ ਮੈਰਾਥਨ ਵਿੱਚ ਭਾਗ ਲੈਣ ਵਾਲੀਆਂ ਮਾਤਾਵਾਂ-ਭੈਣਾਂ ਦਾ ਧੰਨਵਾਦ ਕੀਤਾ ਤੇ ਮਹਿਲਾ ਸਸ਼ਕਤੀਕਰਨ ਲਈ ਹਮੇਸ਼ਾ ਯਤਨਸ਼ੀਲ ਰਹਿਣ ਦਾ ਸੰਦੇਸ਼ ਦਿੱਤਾ।ਪ੍ਰੋਗਰਾਮ ਦੇ ਅੰਤ ਵਿੱਚ ਸਮੂਹ ਸਕੂਲ ਮੈਨੇਜਮੈਂਟ ਕਮੇਟੀ ਅਤੇ ਪ੍ਰਿੰਸੀਪਲ ਰੁਪਿੰਦਰ ਪਟਿਆਲ ਵੱਲੋਂ ਮੈਰਾਥਨ ਦੌਰਾਨ ਪੁਲਿਸ ਸੁਰੱਖਿਆ ਅਤੇ ਮੈਡੀਕਲ ਸਹਾਇਤਾ ਉਪਲਬਧ ਕਰਵਾਉਣ ਲਈ ਡੀ.ਸੀ. ਮਾਨਸਾ ਅਤੇ ਸਮੂਹ ਜ਼ਿਲ੍ਹਾ ਪ੍ਰਸ਼ਾਸਨ ਸਮੇਤ ਨਗਰ ਕੌਂਸਲ ਭੀਖੀ ਦਾ ਵਿਸ਼ੇਸ਼ ਧੰਨਵਾਦ ਕੀਤਾ ਗਿਆ।

# ਜੰਗਲਾਤ ਕਾਮਿਆਂ ਨੇ ਮੰਗਾਂ ਨੂੰ ਲੈ ਕੇ ਵਣ ਮੰਡਲ ਦਫਤਰ ਅੱਗੇ ਲਾਇਆ ਪੱਕਾ ਮੋਰਚਾ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਜੰਗਲਾਤ ਵਰਕਰ ਯੂਨੀਅਨ ਜ਼ਿਲ੍ਹਾ ਪਟਿਆਲਾ ਨਾਲ ਸਬੰਧਤ ਵੱਡੀ ਗਿਣਤੀ ਵਿੱਚ ਜੰਗਲਾਤ ਕਾਮੇ ਅੱਜ ਸਵੇਰੇ ਆਪਣੇ ਝੰਡੇ ਮਾਟੋ ਤੇ ਬੈਨਰ ਲੈ ਕੇ ਨਾਅਰੇ ਮਾਰਦੇ ਹੋਏ ਪੂਰੇ ਜ਼ੋਸ਼ੋ ਖਰੋਸ਼ ਨਾਲ ਵਣ ਮੰਡਲ ਦਫਤਰ ਪਟਿਆਲਾ ਅੱਗੇ ਪਹੁੰਚੇ। ਇਸ ਧਰਨੇ ਦੀ ਅਗਵਾਈ ਜਸਵਿੰਦਰ ਸਿੰਘ ਸੋਜਾ, ਜਗਤਾਰ ਸਿੰਘ ਸ਼ਾਹਪੁਰ, ਜੋਗਾ ਸਿੰਘ, ਨਰੇਸ਼ ਬੋਸਰ ਤੇ ਭੁਪਿੰਦਰ ਸਿੰਘ ਸਾਧੋਹੇੜੀ ਨੇ ਕੀਤੀ। ਜੰਗਲਾਤ ਕਾਮੇ ਲੰਮੇ ਸਮੇਂ ਤੋਂ ਅਧਿਕਾਰੀਆਂ ਨਾਲ ਵਾਰ-ਵਾਰ ਮੀਟਿੰਗਾਂ ਕਰ ਰਹੇ ਸਨ, ਪਰ ਬੜੇ ਦੁੱਖ ਨਾਲ ਕਹਿਣਾ ਪੈਂਦਾ ਹੈ ਕਿ ਅਧਿਕਾਰੀਆਂ ਵੱਲੋਂ ਕੁਝ ਕਾਮਿਆਂ ਦੀਆਂ ਰਹਿੰਦੀਆਂ ਤਨਖਾਹਾਂ ਜਾਰੀ ਨਹੀਂ ਕੀਤੀਆਂ ਤੇ ਵਰਕਰਾਂ ਦਾ ਏਰੀਅਰ ਵੀ ਜਾਰੀ ਨਹੀਂ ਕੀਤਾ ਰਿਹਾ, ਜਿਸ ਕਾਰਨ ਭੜਕੇ ਜੰਗਲਾਤ ਕਾਮਿਆਂ ਨੇ ਅੱਜ ਵਣ ਮੰਡਲ ਦਰਫਤ ਅੱਗੇ ਧਰਨਾ ਸ਼ੁਰੂ ਕੀਤਾ।

ਇਸ ਧਰਨੇ ਦੀ ਹਮਾਇਤ ਕਰਨ ਲਈ ਆਏ ਫੈਡਰੇਸ਼ਨ ਆਗੂਆਂ ਦਰਸ਼ਨ ਬੇਲੂ ਮਾਜਰਾ, ਜਸਵੀਰ ਖੋਖਰ ਧਰਮਪਾਲ ਲੋਟ ਤੇ ਰਾਜਪਾਲ ਲਸੋਈ ਨੇ ਕਿਹਾ ਕਿ ਲੰਮਾ ਸਮਾਂ ਵਿਭਾਗ ਵਿੱਚ ਕੰਮ ਕਰਨ ਦੇ ਬਾਵਜੂਦ ਜਦੋਂ ਇਹ ਨਗੂਣੀ ਤਨਖਾਹ ਲੈ ਰਹੇ ਕਾਮਿਆਂ ਨੂੰ ਤਨਖਾਹਾਂ ਨਹੀਂ ਦਿੱਤੀਆਂ ਜਾਂਦੀਆਂ ਤਾਂ ਇਸ ਤੋਂ ਮਾੜੀ ਤੇ ਨਿੰਦਣਯੋਗ ਗੱਲ ਹੋਰ ਕੀ ਹੋ ਸਕਦੀ ਹੈ? ਆਗੂਆਂ ਨੇ ਜਿੱਥੇ ਸਰਕਾਰ ਵੱਲੋਂ ਕੱਲ੍ਹ ਦੇ ਧਰਨੇ 'ਤੇ ਚੰਡੀਗੜ੍ਹ ਵਿਖੇ ਕੀਤੇ ਤਸ਼ੱਦਦ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਤੇ ਉਸ ਦੇ ਨਾਲ ਹੀ ਜੋ ਸਾਂਝਾ ਇਕੱਠ ਹੋਇਆ ਉਸ ਵਿੱਚ ਸ਼ਾਮਲ ਹੋ ਕੇ ਸਰਕਾਰ ਦਾ ਘੜੇ ਭੰਨ ਕੇ ਪਿੱਟ ਸਿਆਪਾ ਵੀ ਕੀਤਾ ਜੰਗਲਾਤ ਕਾਮਿਆਂ ਦੇ ਇਕੱਠ ਨੂੰ ਸੰਬੋਧਨ ਕਰਦਿਆਂ ਮੁਲਾਜ਼ਮ ਆਗੂ ਭਿੰਦਰ ਸਿੰਘ ਘੱਗਾ, ਤਰਸੇਮ ਸਿੰਘ ਸੈਣੀ ਮਾਜਰਾ, ਸਦੀਕ ਖਾਨ ਹਰਜਿੰਦਰ ਸਰਹਿੰਦ ਤੇ ਰਣਬੀਰ ਮੂਲੇਪੁਰ ਨੇ ਕਿਹਾ ਕਿ ਲੰਮੇ ਸਮੇਂ ਤੋਂ ਜਿੱਥੇ ਤਨਖਾਹਾਰੀ ਦਿੱਤੀ ਜਾ ਰਹੀਆਂ, ਉੱਥੇ ਨਾ ਹੀ ਸੀਨੀਆਰਤਾ ਸੂਚੀ ਬਣਾਈ ਜਾ ਰਹੀ ਹੈ ਤੇ ਮੰਗ ਪੱਤਰ ਵਿੱਚ ਹੋਰ ਬਹੁਤ ਸਾਰੀਆਂ ਮੰਗਾਂ ਤੋਂ ਅਧਿਕਾਰੀ ਅਨਾਕਾਨੀ ਕਰ ਰਹੇ ਹਨ, ਜਿਸ ਕਰਕੇ ਹੁਣ ਉਨ੍ਹਾਂ ਦੇ ਸਬਰ ਦਾ ਪਿਆਲਾ ਭਰ ਗਿਆ ਹੈ।

ਇਸ ਲਈ ਅੱਜ ਜਥੇਬੰਦੀ ਨੇ ਫੈਸਲਾ ਕੀਤਾ ਹੈ ਕਿ ਜਿੰਨਾ ਚਿਰ ਅਧਿਕਾਰੀ ਮੰਗਾਂ ਦਾ ਹੱਲ ਨਹੀਂ ਕਰਦੇ ਉਨਾ ਚਿਰ ਪੱਕਾ ਮੋਰਚਾ ਜਾਰੀ ਰਹੇਗਾ। ਅੱਜ ਦੀ ਇਕੱਤਰਤਾ ਵਿੱਚ ਹੋਰਨਾਂ ਤੋਂ ਇਲਾਵਾ ਅਮਰਜੀਤ ਸਿੰਘ, ਜਸਵੀਰ ਕੌਰ, ਕੁਲਦੀਪ ਕੌਰ ਮਾਂਗੇਵਾਲ, ਜਸਪਾਲ ਕੌਰ, ਅਮਰਜੀਤ ਕੌਰ, ਕਰਮਜੀਤ ਕੌਰ ਆਦਿ ਆਗੂਆਂ ਨੇ ਸੰਬੋਧਨ ਕੀਤਾ।

# ਹਜ਼ਾਰਾਂ ਮਹਿਲਾਵਾਂ ਨੇ ਵਿਧਾਨ ਸਭਾ ਬਜਟ ਦਾ ਦੇਖਿਆ ਸਿੱਧਾ ਪ੍ਰਸਾਰਨ

**■ ਵਿੱਤੀ ਸਹਾਇਤਾ ਦੇ ਐਲਾਨ ਦਾ ਮਹਿਲਾਵਾਂ ਨੇ ਕੀਤਾ ਭਰਵਾਂ ਸਵਾਗਤ ■ 'ਆਪ' ਦੀ ਸਰਕਾਰ ਜੋ ਕਹਿੰਦੀ ਹੈ, ਉਹ ਕਰਕੇ ਦਿਖਾਉਂਦੀ ਹੈ : ਹਡਾਣਾ**



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਹਲਕਾ ਸਨੌਰ ਦੇ ਇੰਚਾਰਜ ਰਣਜੋਧ ਸਿੰਘ ਹਡਾਣਾ ਦੀ ਅਗਵਾਈ ਹੇਠ ਬੀਤੇ ਦਿਨੀਂ ਦੇਵੀਗੜ੍ਹ ਦੇ ਤਨੇਜਾ ਪੈਲੇਸ ਵਿਖੇ ਇੱਕ ਵਿਸ਼ਾਲ ਸਮਾਗਮ ਕਰਵਾਇਆ ਗਿਆ, ਜਿੱਥੇ ਹਜ਼ਾਰਾਂ ਦੀ ਗਿਣਤੀ ਵਿੱਚ ਜੁੜੀਆਂ ਮਾਵਾਂ-ਭੈਣਾਂ ਨੇ ਵਿਧਾਨ ਸਭਾ ਬਜਟ ਦਾ ਸਿੱਧਾ ਪ੍ਰਸਾਰਣ ਦੇਖਿਆ।ਜਿਵੇਂ ਹੀ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਮਹਿਲਾਵਾਂ ਲਈ ਵਿੱਤੀ ਸਹਾਇਤਾ ਦਾ ਐਲਾਨ ਕੀਤਾ, ਤਾਂ ਪੂਰਾ ਪੈਲੇਸ 'ਬੋਲੇ ਸੋ ਨਿਹਾਲ' ਤੇ 'ਇਨਕਲਾਬ ਜ਼ਿੰਦਾਬਾਦ' ਦੇ ਨਾਅਰਿਆਂ ਨਾਲ ਗੂੰਜ ਉੱਠਿਆ।ਮਹਿਲਾਵਾਂ ਨੇ ਢੋਲ ਦੀਆਂ ਤਾਲਾਂ 'ਤੇ ਭੰਗੜੇ ਪਾ ਕੇ ਤੇ ਮਿਠਾਈਆਂ ਵੰਡ ਕੇ ਇਸ ਇਤਿਹਾਸਕ ਫੈਸਲੇ ਦਾ ਸਵਾਗਤ ਕੀਤਾ।ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ ਨੇ ਕਿਹਾ ਕਿ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਆਪਣੇ ਸਾਲ 2026-27 ਦੇ ਬਜਟ ਵਿੱਚ ਪੰਜਾਬ ਦੀਆਂ ਮਹਿਲਾਵਾਂ ਨਾਲ ਕੀਤਾ ਸਭ ਤੋਂ ਵੱਡਾ ਵਾਅਦਾ ਪੂਰਾ ਕੀਤਾ ਹੈ।ਉਨ੍ਹਾਂ ਕਿਹਾ ਕਿ ਅੰਤਰਰਾਸ਼ਟਰੀ ਮਹਿਲਾ ਦਿਵਸ ਦੇ ਸ਼ੁਭ ਮੌਕੇ 'ਤੇ ਸਰਕਾਰ ਸੂਬੇ ਦੀਆਂ ਸਾਰੀਆਂ ਬਾਲਗ ਮਹਿਲਾਵਾਂ ਨੂੰ ਹਰ ਮਹੀਨੇ 1000 ਰੁਪਏ ਦੀ ਰਾਸ਼ੀ ਤੇ ਅਨੁਸੂਚਿਤ ਜਾਤੀ ਨਾਲ ਸਬੰਧਤ ਮਹਿਲਾਵਾਂ ਨੂੰ ਵਿਸ਼ੇਸ਼ ਤੌਰ 'ਤੇ 1500 ਰੁਪਏ ਪ੍ਰਤੀ ਮਹੀਨਾ ਸਿੱਧੇ ਬੈਂਕ ਖਾਤਿਆਂ ਵਿੱਚ ਦੇਣ ਦੀ ਸ਼ੁਰੂਆਤ ਕਰਨ ਦਾ ਐਲਾਨ ਬੇਹੱਦ ਸ਼ਲਾਘਾਯੋਗ ਹੈ, ਜੋ ਸੂਬੇ ਦੀਆਂ ਕਰੋੜਾਂ ਮਹਿਲਾਵਾਂ ਨੂੰ ਆਰਥਿਕ ਤੌਰ 'ਤੇ ਆਤਮ-ਨਿਰਭਰ ਬਣਾਉਣ ਵਿੱਚ ਮੀਲ ਦਾ ਪੱਥਰ ਸਾਬਿਤ ਹੋਵੇਗਾ। ਹਡਾਣਾ ਨੇ ਕਿਹਾ ਕਿ ਵਿਰੋਧੀ ਪਾਰਟੀਆਂ ਇਸ ਗਾਰੰਟੀ ਨੂੰ ਲੈ ਕੇ ਸਵਾਲ ਚੁੱਕਦੀਆਂ ਸਨ, ਪਰ ਅੱਜ ਮੁੱਖ ਮੰਤਰੀ ਭਗਵੰਤ ਮਾਨ ਨੇ ਇਹ ਸਾਬਿਤ ਕਰ ਦਿੱਤਾ ਹੈ ਕਿ 'ਆਪ' ਦੀ ਸਰਕਾਰ ਜੋ ਕਹਿੰਦੀ ਹੈ, ਉਹ ਕਰਕੇ ਦਿਖਾਉਂਦੀ ਹੈ।ਸਮਾਗਮ ਵਿੱਚ ਹਾਜ਼ਰ ਮਹਿਲਾਵਾਂ ਨੇ ਵੀ ਸਰਕਾਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਫੈਸਲਾ ਉਨ੍ਹਾਂ ਦੇ ਸਵੈ-ਮਾਣ ਨੂੰ ਵਧਾਉਣ ਵਾਲਾ ਹੈ।ਇਸ ਮੌਕੇ ਹਲਕੇ ਦੇ ਸਮੂਹ ਪਾਰਟੀ ਆਗੂ, ਪੰਚ-ਸਰਪੰਚ ਤੇ ਵੱਡੀ ਗਿਣਤੀ ਵਿੱਚ ਵਰਕਰ ਹਾਜ਼ਰ ਸਨ, ਜਿਨ੍ਹਾਂ ਨੇ ਇਸ ਦਿਨ ਨੂੰ ਪੰਜਾਬ ਦੇ ਇਤਿਹਾਸ ਵਿੱਚ ਸੁਨਹਿਰੀ ਅੱਖਰਾਂ ਵਿੱਚ ਲਿਖਿਆ ਜਾਣ ਵਾਲਾ ਦਿਨ ਦੱਸਿਆ।

# ਰੈਲੀ ਸਥਾਨ ਦਾ ਜਾਇਜ਼ਾ ਲੈਣ ਲਈ ਸਪੈਸ਼ਲ ਡੀ ਜੀ ਪੀ ਏ ਐੱਸ ਰਾਏ ਪਹੁੰਚੇ ਮੋਗਾ



**ਮੋਗਾ (ਇਕਬਾਲ ਸਿੰਘ ਖਹਿਰਾ)**-ਪਿੰਡ ਕਿੱਲੀ ਚਾਹਲ ਵਿੱਚ 14 ਮਾਰਚ ਨੂੰ ਹੋਣ ਵਾਲੀ ਭਾਰਤੀ ਜਨਤਾ ਪਾਰਟੀ ਦੀ ਵਿਸ਼ੇਸ਼ ਰੈਲੀ, ਜਿਸ ਵਿੱਚ ਦੇਸ਼ ਦੇ ਗ੍ਰਹਿ ਮੰਤਰੀ ਅਮਿਤ ਸ਼ਾਹ ਉਚੇਚੇ ਤੌਰ 'ਤੇ ਪੁੱਜ ਰਹੇ ਹਨ, ਨੂੰ ਧਿਆਨ ਵਿੱਚ ਰੱਖਦੇ ਹੋਏ ਸਪੈਸ਼ਲ ਡੀ.ਜੀ.ਪੀ ਏ.ਐੱਸ. ਰਾਏ ਉਚੇਚੇ ਤੌਰ 'ਤੇ ਮੋਗਾ ਪੁੱਜੇ ਤੇ ਸਮੁੱਚੇ ਸੁਰੱਖਿਆ ਪ੍ਰਬੰਧਾਂ ਦਾ ਜਾਇਜ਼ਾ ਲਿਆ। ਇਸ ਮੌਕੇ ਉਨ੍ਹਾਂ ਨਾਲ ਆਈ ਜੀ ਫਰੀਦਕੋਟ ਰੇਂਜ ਨਿਲੰਬਰੀ ਵਿਜੇ, ਐੱਸ.ਐੱਸ.ਪੀ. ਮੋਗਾ ਅਜੇ ਗਾਂਧੀ ਤੇ ਹੋਰ ਵੱਖ ਵੱਖ ਜ਼ਿਲ੍ਹਿਆਂ ਦੇ ਪੁਲਸ ਅਧਿਕਾਰੀ ਮੌਜੂਦ ਸਨ।ਇਸ ਮੌਕੇ ਜਾਣਕਾਰੀ ਦਿੰਦਿਆਂ ਡੀ.ਜੀ.ਪੀ ਏ.ਐੱਸ. ਰਾਏ ਨੇ ਦੱਸਿਆ ਕਿ 14 ਮਾਰਚ ਨੂੰ ਪਿੰਡ ਕਿੱਲੀ ਚਾਹਲ ਵਿੱਚ ਹੋਣ ਵਾਲੀ ਭਾਜਪਾ ਦੀ ਰੈਲੀ ਨੂੰ ਦੇਖਦੇ ਹੋਏ ਡੀ.ਜੀ.ਪੀ. ਪੰਜਾਬ ਵੱਲੋਂ ਉਨ੍ਹਾਂ ਨੂੰ ਇਸ ਦਾ ਇੰਚਾਰਜ ਲਗਾਇਆ ਗਿਆ ਹੈ।ਸਪੈਸ਼ਲ ਡੀਜੀਪੀ ਨੇ ਸਥਾਨਕ ਅਧਿਕਾਰੀਆਂ ਨੂੰ ਆਦੇਸ਼ ਦਿੱਤੇ ਕਿ ਰੈਲੀ ਸੰਬੰਧੀ ਸਾਰੀਆਂ ਤਿਆਰੀਆਂ ਅੱਜ ਤੋਂ ਹੀ ਸ਼ੁਰੂ ਕਰ ਦਿੱਤੀਆਂ ਜਾਣ, ਤਾਂ ਜੋ 14 ਮਾਰਚ ਨੂੰ ਹੋਣ ਵਾਲੀ ਰੈਲੀ ਦੌਰਾਨ ਅਮਨ-ਕਾਨੂੰਨ ਦੀ ਸਥਿਤੀ ਬਣੀ ਰਹੇ ਤੇ ਕਿਸੇ ਤਰ੍ਹਾਂ ਦੀ ਕੋਈ ਸਮੱਸਿਆ ਪੈਦਾ ਨਾ ਹੋਵੇ।

# ਡੀ ਸੀ ਮਾਡਲ ਸਕੂਲ 'ਚ 'ਗਿਫਟਿੰਗ ਸਮਾਈਲਜ਼ : ਖੁਸ਼ੀਆਂ ਦਾ ਕਾਰਵਾਂ' ਪ੍ਰੋਜੈਕਟ ਲਾਂਚ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-'ਗਿਫਟਿੰਗ ਸਮਾਈਲਜ਼ : ਖੁਸ਼ੀਆਂ ਦਾ ਕਾਰਵਾਂ' ਪ੍ਰੋਜੈਕਟ ਦੇ ਤਹਿਤ ਡੀ ਸੀ ਮਾਡਲ ਸੀਨੀਅਰ ਸੈਕੰਡਰੀ ਸਕੂਲ ਵੱਲੋਂ ਸਮਾਜ ਸੇਵੀ ਸੰਸਥਾਵਾਂ ਨਾਲ ਮਿਲ ਕੇ ਇਸ ਮੁਹਿੰਮ ਨੂੰ ਰੀ-ਲਾਂਚ ਕੀਤਾ ਗਿਆ ਹੈ। ਇਸ ਦੇ ਤਹਿਤ ਲੋੜਵੰਦ ਵਿਦਿਆਰਥੀਆਂ ਨੂੰ ਸਕੂਲ ਬੈਗ, ਵਾਟਰ ਬੋਤਲ, ਡਰੈੱਸ, ਸਟੇਸ਼ਨਰੀ ਤੇ ਟਿਫਿਨ ਸਮੇਤ ਹੋਰ ਲੋੜੀਂਦਾ ਸਾਮਾਨ ਮੁਹੱਈਆ ਕਰਵਾਇਆ ਜਾਵੇਗਾ। ਸਕੂਲ ਵੱਲੋਂ ਭਾਰਤ ਵਿਕਾਸ ਪ੍ਰੀਸ਼ਦ (ਭਾ.ਵਿ.ਪ.) ਕੈਂਟ ਇਕਾਈ ਦੇ ਨਾਲ ਮਿਲ ਕੇ ਇਹ ਮੁਹਿੰਮ ਸ਼ੁਰੂ ਕੀਤੀ ਗਈ ਹੈ। ਪ੍ਰਿੰਸੀਪਲ ਯਾਚਨਾ ਚਾਵਲਾ ਨੇ ਦੱਸਿਆ ਕਿ ਸਕੂਲ ਦੇ ਮਾਣਕ-ਸ਼ਾਅ ਹਾਲ ਵਿੱਚ ਪ੍ਰੋਗਰਾਮ ਕੀਤਾ ਗਿਆ, ਜਿਸ ਵਿੱਚ ਭਾ.ਵਿ.ਪ. ਦੇ ਮੈਂਬਰਾਂ ਨੇ ਹਿੱਸਾ ਲਿਆ ਤੇ ਉਨ੍ਹਾਂ ਨੇ ਸਕੂਲ ਵੱਲੋਂ ਸ਼ੁਰੂ ਕੀਤੇ ਗਏ ਇਸ ਪ੍ਰੋਜੈਕਟ ਦੀ ਸ਼ਲਾਘਾ ਕੀਤੀ। ਪ੍ਰਧਾਨ ਵਿਨੈ ਸਿੰਗਲਾ ਨੇ ਕਿਹਾ ਕਿ ਵਾਕਈ ਡੀ ਸੀ ਮਾਡਲ ਸਕੂਲ ਇੱਕ ਵਿੱਦਿਅਕ ਸੰਸਥਾ ਦੇ ਨਾਲ-ਨਾਲ ਇੱਕ ਸਮਾਜਿਕ ਸੰਸਥਾ ਵੀ ਹੈ, ਜੋ ਕਿ ਬੱਚਿਆਂ ਵਿੱਚ ਖੁਸ਼ੀਆਂ ਵੰਡਣ ਦਾ ਬਹੁਤ ਵਧੀਆ ਕਾਰਜ ਕਰ ਰਹੀ ਹੈ। ਪ੍ਰਿੰਸੀਪਲ ਨੇ ਦੱਸਿਆ ਕਿ ਉਨ੍ਹਾਂ ਵੱਲੋਂ ਵਿਦਿਆਰਥੀਆਂ, ਸਟਾਫ ਮੈਂਬਰਾਂ ਤੇ ਭਾ.ਵਿ.ਪ. ਦੇ ਸਹਿਯੋਗ ਨਾਲ ਵਿਦਿਆਰਥੀਆਂ ਨੂੰ ਸਮੱਗਰੀ ਵੰਡੀ ਜਾਵੇਗੀ। ਉਨ੍ਹਾਂ ਕਿਹਾ ਕਿ ਗਰੁੱਪ ਦੇ ਸੀਈਓ ਡਾ. ਅਨਿਰੁਧ ਗੁਪਤਾ ਵੱਲੋਂ ਵਿਦਿਆਰਥੀਆਂ ਨੂੰ ਸਮਾਜਿਕ ਕਾਰਜਾਂ ਨਾਲ ਜੋੜਨ ਲਈ ਇਹ ਪ੍ਰੋਜੈਕਟ ਸ਼ੁਰੂ ਕੀਤਾ ਗਿਆ ਸੀ, ਜਿਸ ਦੇ ਮਾਧਿਅਮ ਰਾਹੀਂ ਲੋੜਵੰਦ ਵਿਦਿਆਰਥੀਆਂ ਦੀ ਸਹਾਇਤਾ ਕੀਤੀ ਜਾਵੇਗੀ। ਇਸ ਮੌਕੇ ਭਾ.ਵਿ.ਪ. ਦੇ ਵਿਸ਼ਾਲ ਸਿੰਗਲਾ, ਨਰੇਸ਼ ਗੋਇਲ, ਡਿਪਟੀ ਪ੍ਰਿੰਸੀਪਲ ਮਨੀਸ਼ ਬਾਂਗਾ, ਜੀ ਐੱਮ ਕਰਨਲ ਪਿਊਸ਼ ਬੇਰੀ, ਹੈੱਡ ਮਿਸਟਰੈੱਸ ਰਿਤਿਕਾ ਸੋਨੀ, ਹੀਨਾ ਅਰੋੜਾ ਸਮੇਤ ਹੋਰ ਹਾਜ਼ਰ ਸਨ।

# ਸੁਨਾਵਰਦੀਪ ਨੇ ਸਿਵਲ ਸਰਵਿਸ ਪ੍ਰੀਖਿਆ 'ਚ 76ਵਾਂ ਰੈਂਕ ਕੀਤਾ ਹਾਸਲ



**ਮਾਨਸਾ (ਆਤਮਾ ਸਿੰਘ ਪਮਾਰ)**-ਦੇਸ਼ ਪੱਧਰੀ ਸਿਵਲ ਸਰਵਿਸ ਪ੍ਰੀਖਿਆ 'ਚ ਮਾਨਸਾ ਦੇ ਦੋਹਤੇ ਡਾ. ਕੁਲਦੀਪ ਸਿੰਘ ਡਾਇਰੈਕਟਰ ਖੇਤਰੀ ਖੋਜ ਕੇਂਦਰ ਪੀ ਏ ਯੂ ਫਰੀਦਕੋਟ ਤੇ ਡਾ. ਗਗਨਦੀਪ ਕੌਰ ਲੈਕਚਰਾਰ ਸਰਕਾਰੀ ਬਰਜਿੰਦਰਾ ਕਾਲਜ ਫਰੀਦਕੋਟ ਦੇ ਸਪੁੱਤਰ, ਬਿਕਰਜੀਤ ਸਿੰਘ ਟੈਕਸਲਾ ਦੇ ਭਾਣਜੇ ਸੁਨਾਵਰਦੀਪ ਸਿੰਘ ਨੇ ਦੇਸ਼ ਭਰ 'ਚੋਂ 76ਵਾਂ ਰੈਂਕ ਹਾਸਲ ਕਰਕੇ ਆਪਣਾ ਪਰਚਮ ਲਹਿਰਾਇਆ ਹੈ।ਕੁਲਦੀਪ ਦੀ ਇਸ ਉਪਲਬਧੀ 'ਤੇ ਸਮੁੱਚਾ ਮਾਨਸਾ ਸ਼ਹਿਰ ਖੁਸ਼ੀ 'ਚ ਖੀਵਾ ਹੋ ਗਿਆ।ਸੁਨਾਵਰਦੀਪ ਸਿੰਘ ਨੇ ਤੀਜੀ ਵਾਰ ਇਹ ਵੱਕਾਰੀ ਮੁਕਾਬਲੇ ਵਾਲੀ ਪ੍ਰੀਖਿਆ 'ਚ ਭਾਗ ਲਿਆ ਤੇ ਦੇਸ਼ ਭਰ 'ਚੋਂ 76ਵਾਂ ਰੈਂਕ ਲੈ ਕੇ ਆਈਏਐੱਸ ਦੀ ਪ੍ਰੀਖਿਆ ਪਾਸ ਕੀਤੀ।ਜਲਦ ਹੀ ਉਹ ਇੱਕ ਉੱਚ ਅਫਸਰ ਦੇ ਅਹੁਦੇ 'ਤੇ ਤਾਇਨਾਤ ਹੋ ਕੇ ਦੇਸ਼ ਤੇ ਇੱਥੋਂ ਦੀ ਜਨਤਾ ਲਈ ਸੇਵਾਵਾਂ ਨਿਭਾਵੇਗਾ।ਉਂਞ ਅੱਜਕੱਲ੍ਹ ਉਹ ਸਹਿਕਾਰੀ ਸਭਾਵਾਂ ਵਿਖੇ ਬਤੌਰ ਇੰਸਪੈਕਟਰ ਸੇਵਾਵਾਂ ਨਿਭਾਅ ਰਿਹਾ ਹੈ।ਸੁਨਾਵਰਦੀਪ ਦਾ ਕਹਿਣਾ ਹੈ ਕਿ ਹਰ ਪ੍ਰਾਪਤੀ, ਉਪਲੱਬਧਤਾ ਸਾਡੇ ਅੰਦਰ ਦ੍ਰਿੜ੍ਹ ਇਰਾਦੇ ਤੇ ਮਿਹਨਤ ਮੁਸ਼ੱਕਤ 'ਚ ਛੁਪੀ ਹੁੰਦੀ ਹੈ, ਲੋੜ ਉਸ ਨੂੰ ਹਾਸਲ ਕਰਨ ਦਾ ਜਜ਼ਬਾ ਤੇ ਟੀਚਾ ਹੋਣ ਦੀ ਹੁੰਦੀ ਹੈ।ਕੁਲਦੀਪ ਨੇ ਵਿਦਿਆਰਥੀਆਂ ਨੂੰ ਸੁਝਾਅ ਦਿੱਤਾ ਕਿ ਸੋਸ਼ਲ ਮੀਡੀਆ ਦੀ ਵਰਤੋਂ ਕਰੋ, ਕੁਰਵਰਤੋਂ ਨਹੀਂ।ਇਸ ਵਿੱਚ ਸਿੱਖਣ, ਗਿਆਨ, ਵਿੱਦਿਆ ਦੇ ਅਨੇਕਾਂ ਪਹਿਲੂ ਹਨ, ਪਰ ਇਸ ਦੀ ਅੰਨ੍ਹੀਂ ਵਰਤੋਂ ਸਾਨੂੰ ਆਪਣੇ ਰਸਤੇ ਤੋਂ ਭਟਕਾਉਣ ਦਾ ਕੰਮ ਕਰਦੀ ਹੈ।ਸੁਨਾਵਰਦੀਪ ਸਿੰਘ ਨੂੰ ਸਨਮਾਨਤ ਕਰਨ ਹਿੱਤ ਵਧਾਈਆਂ, ਸ਼ੁਭ-ਕਾਮਨਾਵਾਂ ਦੇਣ ਲਈ ਮਾਨਸਾ ਦੇ ਵਿਧਾਇਕ ਡਾਕਟਰ ਵਿਜੈ ਸਿੰਗਲਾ, ਬੁਢਲਾਡਾ ਦੇ ਵਿਧਾਇਕ ਬੁਧ ਰਾਮ, ਸਰਦੂਲਗੜ੍ਹ ਦੇ ਵਿਧਾਇਕ ਗੁਰਪ੍ਰੀਤ ਸਿੰਘ ਬਣਾਂਵਾਲੀ, ਸਾਬਕਾ ਵਿਧਾਇਕ ਨਾਜ਼ਰ ਸਿੰਘ ਮਾਨਸ਼ਾਹੀਆ, ਡਾ. ਜਨਕ ਰਾਜ, ਸਿੰਗਲਾ ਡਾ. ਤੇਜਿੰਦਰਪਾਲ ਸਿੰਘ ਰੇਖੀ, ਨਗਰ ਕੌਂਸਲ ਦੇ ਸਾਬਕਾ ਪ੍ਰਧਾਨ ਬਲਵਿੰਦਰ ਸਿੰਘ ਕਾਕਾ, ਖਾਲਸਾ ਕਾਲਜ ਦੇ ਪ੍ਰਿੰਸੀਪਲ ਧਰਮਿੰਦਰ ਸਿੰਘ ਉੱਭਾ, ਪ੍ਰੋ. ਅੱਛਰੂ ਸਿੰਘ , ਐਡਵੋਕੇਟ ਸਾਧੂ ਸਿੰਘ, ਮੁਨੀਸ਼ ਬੱਬੀ ਦਾਨੇਵਾਲੀਆ, ਬਲਕੌਰ ਸਿੰਘ ਮੂਸੇ ਵਾਲਾ, ਕਾਂਗਰਸੀ ਆਗੂ ਗੁਰਪ੍ਰੀਤ ਸਿੰਘ ਵਿੱਕੀ ਸਮੇਤ ਸਮੂਹ ਸ਼ਹਿਰਵਾਸੀ ਵੀ ਵਧਾਈ ਦੇਣ ਪਹੁੰਚੇ।

# ਕੌਮਾਂਤਰੀ ਔਰਤ ਦਿਵਸ ਮੌਕੇ ਫਿੱਟ ਇੰਡੀਆ ਕਾਰਨੀਵਲ ਤਹਿਤ ਸਾਈਕਲ ਰੈਲੀ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪਟਿਆਲਾ ਦੇ ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਨੇ ਕੌਮਾਂਤਰੀ ਔਰਤ ਦਿਵਸ ਮੌਕੇ ਐੱਨ.ਐੱਸ.ਐੱਨ.ਆਈ.ਐੱਸ. ਵਿਖੇ ਚੱਲ ਰਹੇ ਫਿੱਟ ਇੰਡੀਆ ਕਾਰਨੀਵਲ ਤਹਿਤ ਸਾਈਕਲ ਰੈਲੀ ਮੌਕੇ ਮਹਿਲਾ ਸਸ਼ਕਤੀਕਰਨ ਤੇ ਤੰਦਰੁਸਤੀ ਬਾਰੇ ਜਾਗਰੂਕਤਾ ਫੈਲਾਉਣ ਲਈ ਸਾਈਕਲ ਚਲਾਇਆ।ਸਪੋਰਟਸ ਅਥਾਰਟੀ ਆਫ਼ ਇੰਡੀਆ ਅਧੀਨ ਨੇਤਾ ਜੀ ਸੁਭਾਸ਼ ਨੈਸ਼ਨਲ ਇੰਸਟੀਚਿਊਟ ਆਫ਼ ਸਪੋਰਟਸ ਵਿਖੇ ਸੰਬੋਧਨ ਦੌਰਾਨ ਡਿਪਟੀ ਕਮਿਸ਼ਨਰ ਨੇ ਕੌਮਾਂਤਰੀ ਮਹਿਲਾ ਦਿਵਸ ਦੀ ਵਧਾਈ ਦਿੰਦਿਆਂ ਕਿਹਾ ਕਿ ਇਹ ਦਿਨ ਮਹਿਲਾਵਾਂ ਦੇ ਅਧਿਕਾਰਾਂ ਤੇ ਸਸ਼ਕਤੀਕਰਨ ਤੋਂ ਜਾਣੂ ਕਰਵਾਉਂਦਾ ਹੈ ਤੇ ਮਹਿਲਾਵਾਂ ਦੇ ਹੋਰ ਸਸ਼ਕਤੀਕਰਨ ਲਈ ਸਾਨੂੰ ਜਾਗਰੂਕ ਵੀ ਕਰਦਾ ਹੈ।ਵਰਜੀਤ ਵਾਲੀਆ ਨੇ ਮਹਿਲਾ ਸਸ਼ਕਤੀਕਰਨ ਤੇ ਇੱਕ ਸਰਗਰਮ ਜੀਵਨ ਸ਼ੈਲੀ ਦੀ ਮਹੱਤਤਾ 'ਤੇ ਜ਼ੋਰ ਦਿੰਦਿਆਂ ਨਾਗਰਿਕਾਂ, ਖਾਸ ਕਰਕੇ ਨੌਜਵਾਨਾਂ ਤੇ ਔਰਤਾਂ ਨੂੰ ਨਿਯਮਿਤ ਤੌਰ 'ਤੇ ਫਿਟਨੈੱਸ ਗਤੀਵਿਧੀਆਂ ਵਿੱਚ ਹਿੱਸਾ ਲੈਣ ਲਈ ਉਤਸ਼ਾਹਤ ਕੀਤਾ।ਇਸ ਮੌਕੇ ਐੱਨ.ਐੱਸ.ਐੱਨ.ਆਈ.ਐੱਸ. ਦੇ ਡੀਡੀਜੀ, ਐੱਸਈਡੀ ਵਿਨੀਤ ਕੁਮਾਰ ਨੇ ਮੁੱਖ ਮਹਿਮਾਨ, ਭਾਗੀਦਾਰਾਂ ਤੇ ਪਤਵੰਤਿਆਂ ਦਾ ਸਵਾਗਤ ਕੀਤਾ।ਇਸ ਦੌਰਾਨ ਅੰਤਰਰਾਸ਼ਟਰੀ ਖਿਡਾਰੀਆਂ ਸਮੇਤ ਸਿਖਿਆਰਥੀਆਂ, ਸਟਾਫ ਮੈਂਬਰਾਂ ਤੇ ਫਿਟਨੈੱਸ ਉਤਸ਼ਾਹੀਆਂ ਸਮੇਤ 500 ਤੋਂ ਵੱਧ ਭਾਗੀਦਾਰਾਂ ਨੇ ਰੈਲੀ ਵਿੱਚ ਹਿੱਸਾ ਲਿਆ।ਸਾਈਕਲ ਰੈਲੀ ਨੂੰ ਡਿਪਟੀ ਕਮਿਸ਼ਨਰ ਵਾਲੀਆ ਨੇ ਹਰੀ ਝੰਡੀ ਦੇ ਕੇ ਰਵਾਨਾ ਕੀਤਾ।ਸਮਾਗਮ ਦੌਰਾਨ ਡਿਪਟੀ ਕਮਿਸ਼ਨਰ ਨੇ ਚਾਰ ਮਹਿਲਾ ਭਾਰ ਤੋਲਕ ਸਿਖਿਆਰਥੀਆਂ ਨੂੰ ਖੇਡਾਂ ਪ੍ਰਤੀ ਉਨ੍ਹਾਂ ਦੇ ਸਮਰਪਣ ਲਈ ਸਨਮਾਨਤ ਕੀਤਾ, ਨਾਲ ਹੀ ਦੋ ਸੀਨੀਅਰ ਨਾਗਰਿਕਾਂ ਨੂੰ ਵੀ ਸਨਮਾਨਤ ਕੀਤਾ ਜਿਨ੍ਹਾਂ ਨੇ ਪਿਛਲੇ ਐਤਵਾਰ 51 ਕਿਲੋਮੀਟਰ ਸਾਈਕਲਿੰਗ ਰਾਈਡ ਸਫਲਤਾਪੂਰਵਕ ਪੂਰੀ ਕੀਤੀ।ਸ਼ਾਮ ਨੂੰ ਕੈਂਪਸ ਵਿੱਚ ਸਟਾਰ ਨਾਈਟ ਮੌਕੇ ਪ੍ਰਸਿੱਧ ਪੰਜਾਬੀ ਗਾਇਕ ਸਾਰੰਗ ਸਿਕੰਦਰ ਨੇ ਆਪਣੀ ਗਾਇਕੀ ਨਾਲ ਦਰਸ਼ਕਾਂ ਨੂੰ ਮੰਤਰਮੁਗਧ ਕੀਤਾ।

# ਪਬਲਿਕ ਕਾਲਜ 'ਚ ਲੜਕੀਆਂ ਦੇ ਦੌੜ ਮੁਕਾਬਲੇ ਕਰਵਾਏ




**ਸਮਾਣਾ (ਇਕਬਾਲ ਸਿੰਘ ਬੱਲ)**-ਪਬਲਿਕ ਕਾਲਜ ਸਮਾਣਾ ਵਿੱਚ ਕੌਮਾਂਤਰੀ ਔਰਤ ਦਿਵਸ ਨੂੰ ਸਮਰਪਤ ਲੜਕੀਆਂ ਦੇ ਦੌੜ ਮੁਕਾਬਲੇ ਕਰਵਾਏ ਗਏ।ਇਹ ਪ੍ਰੋਗਰਾਮ ਨੂੰ ਪਬਲਿਕ ਕਾਲਜ ਸਮਾਣਾ ਤੇ ਉਸ ਦੀਆਂ ਸਹਿਯੋਗੀ ਸੰਸਥਾਵਾਂ ਦੇ ਰੈੱਡ ਰਿਬਨ ਕਲੱਬ, ਐੱਨ.ਐੱਸ.ਐੱਸ., ਐੱਨ.ਸੀ.ਸੀ. ਵਿਭਾਗ ਵੱਲੋਂ ਮੇਰਾ ਯੁਵਾ ਭਾਰਤ, ਯੁਵਾ ਮਾਮਲੇ ਤੇ ਖੇਡ ਮੰਤਰਾਲਾ, ਭਾਰਤ ਸਰਕਾਰ ਜ਼ਿਲ੍ਹਾ ਖੇਡ ਅਧਿਕਾਰੀ ਪਟਿਆਲਾ ਦੇ ਸਹਿਯੋਗ ਨਾਲ ਅਸਮਿਤਾ (ਖੇਲੋ ਇੰਡੀਆ) ਤਹਿਤ ਕਾਲਜ ਦੇ ਖੇਡ ਸਟੇਡੀਅਮ ਵਿੱਚ ਕਰਵਾਇਆ ਗਿਆ, ਜਿਸ ਵਿੱਚ ਮੁੱਖ ਮਹਿਮਾਨ ਵਜੋਂ ਕਾਲਜ ਪ੍ਰਿੰਸੀਪਲ ਡਾ. ਹਰਕੀਰਤ ਸਿੰਘ ਨੇ ਸ਼ਿਰਕਤ ਕੀਤੀ।ਉਨ੍ਹਾਂ ਯੁਵਾ ਮਾਮਲੇ ਤੇ ਖੇਡ ਮੰਤਰਾਲਾ, ਭਾਰਤ ਸਰਕਾਰ ਜ਼ਿਲ੍ਹਾ ਖੇਡ ਅਧਿਕਾਰੀ ਪਟਿਆਲਾ ਦਾ ਧੰਨਵਾਦ ਕਰਦਿਆਂ ਖੁਸ਼ੀ ਦਾ ਇਜ਼ਹਾਰ ਕੀਤਾ ਤੇ ਕਿਹਾ ਕਿ ਪ੍ਰੋਗਰਾਮ ਲਈ ਸਾਡੇ ਕਾਲਜ ਦੀ ਕੀਤੀ ਗਈ ਚੋਣ ਸਾਡੇ ਲਈ ਮਾਣ ਦਾ ਮੌਕਾ ਹੈ।ਉਨ੍ਹਾਂ ਕੁੜੀਆਂ ਦੀ ਹਰ ਖੇਤਰ ਵਿੱਚ ਕਾਮਯਾਬੀ ਦੀ ਵਧਾਈ ਵੀ ਦਿੱਤੀ।ਇਸ ਖੇਡ ਮੁਕਾਬਲੇ ਦੇ ਨਿਗਰਾਨ ਕਾਲਜ ਵਾਇਸ ਪ੍ਰਿੰਸੀਪਲ ਡਾ. ਹਰਕੀਰਤਨ ਕੌਰ ਨੇ ਕੁੜੀਆਂ ਨੂੰ ਹੋਰ ਮੱਲਾਂ ਮਾਰਨ ਦਾ ਹੌਸਲਾ ਦਿੱਤਾ।ਇਸ ਮੁਕਾਬਲੇ ਤਹਿਤ ਲੜਕੀਆਂ ਦੀਆਂ 100 ਮੀਟਰ, 200 ਮੀਟਰ ਤੇ 400 ਮੀਟਰ ਦੌੜਾਂ ਕਰਵਾਈਆਂ ਗਈਆਂ।ਇਸ ਵਿੱਚ 10 ਦੇ ਕਰੀਬ ਸਕੂਲਾਂ ਤੇ ਕਾਲਜਾਂ ਨੇ ਭਾਗ ਲਿਆ।ਪਹਿਲੀ, ਦੂਜੀ ਤੇ ਤੀਜੀ ਪੁਜ਼ੀਸ਼ਨ ਲੈਣ ਵਾਲੀਆਂ ਵਿਦਿਆਰਥਣਾਂ ਨੂੰ ਮੈਡਲ ਪਹਿਨਾਏ ਗਏ।ਇਸ ਵਿੱਚ ਭਾਗ ਲੈਣ ਵਾਲੀਆਂ ਸਮੂਹ ਵਿਦਿਆਰਥਣਾਂ ਨੂੰ ਸਰਟੀਫਿਕੇਟ ਦਿੱਤੇ ਗਏ।ਉਪਰੋਕਤ ਮੁਕਾਬਲਿਆਂ ਵਿੱਚ ਭਾਗ ਲੈਣ ਲਈ ਕਾਲਜ ਤੇ ਕਾਲਜ ਅਧੀਨ ਚਲਾਏ ਜਾ ਰਹੇ ਕਾਲਜੀਏਟ ਸਕੂਲ ਤੇ ਐਜੂਕੇਸ਼ਨ ਕਾਲਜ ਦੀਆਂ ਵਿਦਿਆਰਥਣਾਂ ਨੇ ਕਈ ਪੁਜ਼ੀਸ਼ਨਾਂ ਪ੍ਰਾਪਤ ਕੀਤੀਆਂ।ਸ੍ਰੀ ਕਾਰਥਿਕ ਸਿੰਗਲਾ ਨੇ ਖੇਡ ਮੁਕਾਬਲੇ ਦੀ ਸਟੇਜੀ ਕਾਰਵਾਈ ਬਾਖੂਬੀ ਨਿਭਾਈ। ਸਮੁੱਚੇ ਮੁਕਾਬਲੇ ਨੂੰ ਸੁਚੱਜੇ ਢੰਗ ਨਾਲ ਕਰਵਾਉਣ ਲਈ ਵਰਿੰਦਰ ਸਿੰਘ, ਮੈਡਮ ਦਲਵੀਰ ਕੌਰ, ਰਘੂਬੀਰ ਸਿੰਘ, ਗੁਰਪ੍ਰੀਤ ਸਿੰਘ, ਜਤਿੰਦਰ ਕੁਮਾਰ ਨੇ ਅਹਿਮ ਭੂਮਿਕਾ ਨਿਭਾਈ।ਇਸ ਸਮਾਰੋਹ ਵਿੱਚ ਵੱਖ ਵੱਖ ਸੰਸਥਾਵਾਂ ਦੇ ਅਧਿਆਪਕ, ਐੱਨ ਐੱਸ ਐੱਸ ਵਿਭਾਗ ਦੇ ਪ੍ਰੋਗਰਾਮ ਅਫ਼ਸਰ ਪ੍ਰੋ. ਸੋਨੂ ਜੈਨ, ਪ੍ਰੋ. ਕੁਲਜੀਤ ਕੌਰ, ਡਾ. ਅਰਵਿੰਦਰ ਕੌਰ, ਪ੍ਰੋ. ਹਮਿਤ ਕੁਮਾਰ, ਪ੍ਰੋ. ਸ਼ੇਰ ਸਿੰਘ, ਪ੍ਰੋ. ਸ਼ੰਟੀ ਕੁਮਾਰ, ਪ੍ਰੋ. ਹਰਪ੍ਰੀਤ ਕੌਰ, ਪ੍ਰੋ. ਅਸ਼ਵਨੀ ਕੁਮਾਰ, ਐੱਨ ਸੀ ਸੀ ਵਿਭਾਗ ਵੱਲੋਂ ਪ੍ਰੋ. ਅਨਿਲ ਕੁਮਾਰ ਹਾਜ਼ਰ ਸਨ।

# ਬਿਜਲੀ ਦਾ ਕਰੰਟ ਲੱਗਣ ਕਾਰਨ ਨੌਜਵਾਨ ਦੀ ਹੋਈ ਮੌਤ



**ਬੱਧਨੀ ਕਲਾਂ (ਲਵਲੀ ਮਾਛੀਕੇ)**-ਸਥਾਨਕ ਕਸਬਾ ਵਿਖੇ ਨੌਜਵਾਨ ਦੀ ਕਰੰਟ ਲੱਗਣ ਕਾਰਨ ਮੌਤ ਹੋਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਸਰਪੰਚ ਜਸਕਮਲਪ੍ਰੀਤ ਸਿੰਘ ਨਿੱਪਾ ਹਠੂਰ ਤੇ ਕਰਮਜੀਤ ਸਿੰਘ ਕਰਮਾ ਨੇ ਦੱਸਿਆ ਕਿ ਮਨਪ੍ਰੀਤ ਸਿੰਘ (39) ਪੁੱਤਰ ਹਰਮੰਦਰ ਸਿੰਘ ਰੋਜ਼ਾਨਾ ਦੀ ਤਰ੍ਹਾਂ ਆਪਣੇ ਪਸ਼ੂਆ ਦਾ ਚਾਰਾ ਬਿਜਲੀ ਨਾਲ ਚੱਲਣ ਵਾਲੀ ਮਸ਼ੀਨ ਨਾਲ ਕੁਤਰ ਰਿਹਾ ਸੀ, ਅਚਾਨਕ ਮੋਟਰ ਸੜ ਗਈ ਤੇ ਸਾਰੀ ਮਸ਼ੀਨ ਵਿੱਚ ਕਰੰਟ ਆ ਗਿਆ, ਜਿਸ ਨਾਲ ਮਨਪ੍ਰੀਤ ਸਿੰਘ ਦੀ ਮੌਕੇ 'ਤੇ ਹੀ ਮੌਤ ਹੋ ਗਈ।ਉਨ੍ਹਾਂ ਦੱਸਿਆ ਕਿ ਮਨਪ੍ਰੀਤ ਸਿੰਘ ਆਪਣੇ ਪਿੱਛੇ ਪਤਨੀ, ਇੱਕ ਲੜਕੀ, ਇੱਕ ਲੜਕੇ ਤੇ ਮਾਤਾ-ਪਿਤਾ ਨੂੰ ਰੋਂਦੇ ਕੁਰਲਾਉਂਦੇ ਛੱਡ ਗਿਆ ਹੈ।ਮਨਪ੍ਰੀਤ ਸਿੰਘ ਦੀ ਬੇਵਕਤੀ ਮੌਤ 'ਤੇ ਗ੍ਰਾਮ ਪੰਚਾਇਤ ਹਠੂਰ, ਨੌਜਵਾਨ ਕਲੱਬ ਤੇ ਸਮੁੱਚੇ ਪਿੰਡ ਨੇ ਦੁੱਖ ਦਾ ਪ੍ਰਗਟਾਵਾ ਕੀਤਾ।

# ਪਾਇਲ ਗੋਲੀਕਾਂਡ ਦੇ 4 ਮੁਲਜ਼ਮ ਕਾਬੂ, ਅਸਲਾ ਬਰਾਮਦ



**ਦੋਰਾਹਾ/ਖੰਨਾ (ਹਰਮਿੰਦਰ ਸੇਠ/ ਸੁਖਵਿੰਦਰ ਭਾਦਲਾ)**

ਖੰਨਾ ਪੁਲਸ ਨੇ ਕਸਬਾ ਪਾਇਲ ਵਿੱਚ ਹੋਈ ਗੋਲੀਬਾਰੀ ਦੀ ਵਾਰਦਾਤ ਨੂੰ ਗੰਭੀਰਤਾ ਨਾਲ ਲੈਂਦਿਆਂ ਕੁੱਝ ਹੀ ਘੰਟਿਆਂ ਵਿੱਚ 4 ਕਥਿਤ ਦੋਸ਼ੀਆਂ ਨੂੰ ਕਾਬੂ ਕਰਕੇ ਵੱਡੀ ਸਫਲਤਾ ਹਾਸਲ ਕੀਤੀ ਹੈ।ਪੁਲਸ ਵੱਲੋਂ ਕਥਿਤ ਦੋਸ਼ੀਆਂ ਦੇ ਕਬਜ਼ੇ ਵਿੱਚੋਂ ਇੱਕ .32 ਬੋਰ ਲਾਇਸੰਸੀ ਰਿਵਾਲਵਰ ਸਮੇਤ ਮੈਗਜ਼ੀਨ, 05 ਜ਼ਿੰਦਾ ਰੌਂਦ ਤੇ 05 ਖਾਲੀ ਖੋਲ ਬਰਾਮਦ ਕੀਤੇ ਗਏ ਹਨ।ਇਸ ਸਬੰਧੀ ਥਾਣਾ ਪਾਇਲ ਵਿਖੇ ਮੁਕੱਦਮਾ ਨੰਬਰ 52 ਮਿਤੀ 08.03.2026 ਅਧੀਨ ਧਾਰਾ 109, 351(2), 3(5) ਬੀ.ਐਨ.ਐਸ ਤੇ 25-54-59 ਆਰਮਜ਼ ਐਕਟ ਤਹਿਤ ਮਾਮਲਾ ਦਰਜ ਕੀਤਾ ਗਿਆ ਹੈ।ਐੱਸ. ਪੀ. (ਡੀ) ਸ੍ਰੀ ਪਵਨਜੀਤ ਪੀ.ਪੀ.ਐੱਸ. ਦੀ ਸੁਪਰਵੀਜ਼ਨ ਹੇਠ ਵੱਖ-ਵੱਖ ਪੁਲਸ ਟੀਮਾਂ ਬਣਾਈਆਂ ਗਈਆਂ।ਇਹ ਟੀਮਾਂ ਡੀ.ਐੱਸ.ਪੀ. (ਡੀ) ਸ੍ਰੀ ਮੋਹਿਤ ਕੁਮਾਰ ਸਿੰਗਲਾ, ਡੀ.ਐੱਸ.ਪੀ. ਪਾਇਲ ਸ੍ਰੀ ਜਸਬਿੰਦਰ ਸਿੰਘ ਤੇ ਡੀ.ਐੱਸ.ਪੀ. (ਸ) ਸ੍ਰੀ ਪ੍ਰਿਤਪਾਲ ਸਿੰਘ ਦੀ ਅਗਵਾਈ ਹੇਠ ਇੰਸਪੈਕਟਰ ਜਸ਼ਨਪ੍ਰੀਤ ਸਿੰਘ ਇੰਚਾਰਜ ਸੀ.ਆਈ.ਏ. ਸਟਾਫ ਖੰਨਾ, ਇੰਸਪੈਕਟਰ ਅਕਾਸ਼ ਦੱਤ ਮੁੱਖ ਅਫਸਰ ਥਾਣਾ ਦੋਰਾਹਾ ਤੇ ਸਬ-ਇੰਸਪੈਕਟਰ ਤਰਵਿੰਦਰ ਕੁਮਾਰ ਮੁੱਖ ਅਫਸਰ ਥਾਣਾ ਪਾਇਲ ਸਮੇਤ ਪੁਲਸ ਪਾਰਟੀ ਵੱਲੋਂ ਕਾਰਵਾਈ ਕੀਤੀ ਗਈ।ਜਾਣਕਾਰੀ ਅਨੁਸਾਰ 7 ਮਾਰਚ 2026 ਨੂੰ ਕਰੀਬ ਸ਼ਾਮ 6:30 ਵਜੇ ਕਸਬਾ ਪਾਇਲ ਵਿੱਚ ਗੋਲੀ ਚੱਲਣ ਦੀ ਵਾਰਦਾਤ ਵਾਪਰੀ ਸੀ, ਜਿਸ ਵਿੱਚ ਸਤਨਾਮ ਸਿੰਘ ਪੁੱਤਰ ਬੀਰ ਸਿੰਘ ਵਾਸੀ ਪਾਇਲ ਗੋਲੀ ਲੱਗਣ ਕਾਰਨ ਜ਼ਖ਼ਮੀ ਹੋ ਗਿਆ।ਇਸ ਮਾਮਲੇ ਵਿੱਚ ਸਤਨਾਮ ਸਿੰਘ ਦੀ ਪਤਨੀ ਸਰਬਜੀਤ ਕੌਰ ਦੇ ਬਿਆਨਾਂ ਦੇ ਆਧਾਰ 'ਤੇ ਪੁਲਸ ਨੇ ਤੁਰੰਤ ਮਾਮਲਾ ਦਰਜ ਕਰਕੇ ਜਾਂਚ ਸ਼ੁਰੂ ਕੀਤੀ।ਪੁਲਸ ਟੀਮਾਂ ਨੇ ਹਿਊਮਨ ਸੋਰਸ, ਟੈਕਨੀਕਲ ਸੋਰਸ ਤੇ ਸੀ.ਸੀ.ਟੀ.ਵੀ. ਕੈਮਰਿਆਂ ਦੀ ਫੁਟੇਜ ਦੀ ਮਦਦ ਨਾਲ ਕਾਰਵਾਈ ਕਰਦਿਆਂ ਨਾਜਰ ਸਿੰਘ ਪੁੱਤਰ ਰੁਲਦੂ ਰਾਮ ਤੇ ਸੁਖਵੀਰ ਸਿੰਘ ਉਰਫ ਬੱਬੂ ਪੁੱਤਰ ਨਾਜਰ ਸਿੰਘ ਵਾਸੀ ਵਾਰਡ ਨੰਬਰ 7 ਪਾਇਲ ਨੂੰ ਕੁੱਝ ਹੀ ਘੰਟਿਆਂ ਵਿੱਚ ਕਾਬੂ ਕਰ ਲਿਆ।ਕਥਿਤ ਦੋਸ਼ੀਆਂ ਪਾਸੋਂ ਵਾਰਦਾਤ ਵਿੱਚ ਵਰਤਿਆ ਗਿਆ .32 ਬੋਰ ਰਿਵਾਲਵਰ ਵੀ ਬਰਾਮਦ ਕਰ ਲਿਆ ਗਿਆ।ਪੁੱਛਗਿੱਛ ਦੌਰਾਨ ਸਾਹਮਣੇ ਆਇਆ ਕਿ ਵਾਰਦਾਤ ਤੋਂ ਬਾਅਦ ਕਥਿਤ ਦੋਸ਼ੀ ਸੁਖਵੀਰ ਸਿੰਘ ਉਰਫ ਬੱਬੂ ਆਪਣੇ ਆਪ ਨੂੰ ਬਚਾਉਣ ਲਈ ਆਪਣੇ ਸਹੁਰੇ ਦੇ ਘਰ ਪਿੰਡ ਮਾਜਰੀ, ਥਾਣਾ ਡੇਹਲੋਂ ਜ਼ਿਲ੍ਹਾ ਲੁਧਿਆਣਾ ਭੱਜ ਗਿਆ ਸੀ, ਜਿੱਥੇ ਉਸ ਦੇ ਸਾਲੇ ਗੁਰਪ੍ਰੀਤ ਸਿੰਘ ਤੇ ਮਨਪ੍ਰੀਤ ਸਿੰਘ ਪੁੱਤਰ ਸੁਰਜੀਤ ਸਿੰਘ ਨੇ ਉਸ ਨੂੰ ਲੁਕਾਉਣ ਲਈ ਪਨਾਹ ਦਿੱਤੀ। ਇਸ ਮਾਮਲੇ ਵਿੱਚ ਪੁਲਸ ਨੇ ਦੋਵੇਂ ਸਾਲਿਆਂ ਗੁਰਪ੍ਰੀਤ ਸਿੰਘ ਤੇ ਮਨਪ੍ਰੀਤ ਸਿੰਘ ਨੂੰ ਵੀ ਮੁਕੱਦਮੇ ਵਿੱਚ ਨਾਮਜ਼ਦ ਕਰਕੇ ਗ੍ਰਿਫਤਾਰ ਕਰ ਲਿਆ ਹੈ।ਪੁਲਸ ਵੱਲੋਂ ਕਥਿਤ ਦੋਸ਼ੀਆਂ ਤੋਂ ਹੋਰ ਪੁੱਛਗਿੱਛ ਜਾਰੀ ਹੈ ਤੇ ਮਾਮਲੇ ਦੀ ਗਹਿਰਾਈ ਨਾਲ ਜਾਂਚ ਕੀਤੀ ਜਾ ਰਹੀ ਹੈ।

# ਪੰਜਾਬ ਦੇ ਬਜਟ ਨੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ ਨਿਰਾਸ਼ ਕੀਤਾ

**ਕੋਟਕਪੂਰਾ (ਰਛਪਾਲ ਭੁੱਲਰ)**-ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਪੰਜਾਬ ਵਿਧਾਨ ਸਭਾ ਵਿੱਚ ਆਪਣੀ ਸਰਕਾਰ ਦੇ ਪੇਸ਼ ਕੀਤੇ ਗਏ ਆਖਰੀ ਬਜਟ ਨੂੰ 2027 ਵਿੱਚ ਆ ਰਹੀਆਂ ਪੰਜਾਬ ਵਿਧਾਨ ਸਭਾ ਚੋਣਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਪੇਸ਼ ਕੀਤਾ ਗਿਆ।ਇਸ ਬਜਟ ਵਿੱਚ ਆਮ ਆਦਮੀ ਪਾਰਟੀ ਵੱਲੋਂ ਪੰਜਾਬ ਵਿਧਾਨ ਸਭਾ ਚੋਣਾਂ 2022 ਤੋਂ ਪਹਿਲਾਂ 18 ਸਾਲ ਤੋਂ ਵੱਧ ਉਮਰ ਦੀਆਂ ਔਰਤਾਂ ਨੂੰ 1000 ਰੁਪਏ ਮਹੀਨਾ ਦੇਣ ਦੇ ਕੀਤੇ ਗਏ ਵਾਅਦੇ ਦਾ 48 ਮਹੀਨਿਆਂ ਦਾ ਬਕਾਇਆ ਰਾਸ਼ੀ ਹੜੱਪ ਕਰਕੇ ਹੁਣ ਇਸ ਨੂੰ ਆਖਰੀ ਸਾਲ ਦੌਰਾਨ ਲੋਕ ਪੱਖੀ ਬਣਾਉਣ ਦਾ ਕੋਝਾ ਮਜ਼ਾਕ ਕੀਤਾ ਗਿਆ ਹੈ।ਇਸ ਬਜਟ ਨੇ ਪੰਜਾਬ ਦੇ ਲੱਖਾਂ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ ਬੁਰੀ ਤਰ੍ਹਾਂ ਨਿਰਾਸ਼ ਕੀਤਾ ਹੈ।ਵਿੱਤ ਮੰਤਰੀ ਪੰਜਾਬ ਨੂੰ ਵੱਖ-ਵੱਖ ਵਿਭਾਗਾਂ ਵਿੱਚ ਕੰਮ ਕਰਦੇ ਠੇਕਾ ਤੇ ਆਊਟਸੋਰਸ ਮੁਲਾਜ਼ਮ ਰੈਗੂਲਰ ਕਰਨੇ ਯਾਦ ਨਹੀਂ ਆਏ, ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਨ ਦੀ ਦਿੱਤੀ ਗਈ ਗਰੰਟੀ ਨੂੰ ਅਮਲੀ ਜਾਮਾ ਪਹਿਨਾਉਣਾ ਵੀ ਯਾਦ ਨਹੀਂ ਆਇਆ, ਜਿਸ ਦੀਆਂ ਤਖਤੀਆਂ ਫੜ ਕੇ ਪਿਛਲੀਆਂ ਹੁਕਮਰਾਨ ਸਰਕਾਰਾਂ ਵੇਲੇ ਮੁਲਾਜ਼ਮਾਂ ਦੇ ਧਰਨਿਆਂ ਵਿੱਚ ਆ ਕੇ ਬੈਠਦੇ ਰਹੇ ਸਨ।ਆਮ ਆਦਮੀ ਪਾਰਟੀ ਦੇ ਚੋਣ ਮਨੋਰਥ ਪੱਤਰ ਵਿੱਚ ਆਸ਼ਾ ਵਰਕਰ, ਮਿਡ-ਡੇ-ਮੀਲ ਵਰਕਰ ਤੇ ਆਂਗਣਵਾੜੀ ਵਰਕਰਾਂ ਦਾ ਮਾਣ-ਭੱਤਾ ਦੁੱਗਣਾ ਕਰਨ ਦਾ ਵਾਅਦਾ ਪੂਰਾ ਕਰਨਾ ਵੀ ਸਰਕਾਰ ਭੁੱਲ ਗਈ।ਇਸ ਤੋਂ ਇਲਾਵਾ ਮੁਲਾਜ਼ਮਾਂ 'ਤੇ ਪੈਨਸ਼ਨਰਾਂ ਦੀਆਂ ਮਹਿੰਗਾਈ ਭੱਤੇ ਦੀਆਂ 16 ਫੀਸਦੀ ਦੀ ਦਰ ਨਾਲ ਬਕਾਇਆ ਪਈਆਂ ਪੰਜ ਕਿਸ਼ਤਾਂ ਵੀ ਯਾਦ ਨਹੀਂ ਆਈਆਂ।ਪੁਰਾਣੀਆਂ ਹੁਕਮਰਾਨ ਸਰਕਾਰਾਂ ਵੱਲੋਂ ਨੌਜਵਾਨਾਂ ਦਾ ਆਰਥਿਕ ਸ਼ੋਸ਼ਣ ਕਰਨ ਲਈ ਕੇਵਲ ਮੁੱਢਲੀ ਤਨਖਾਹ ਤੇ ਭਰਤੀਆਂ ਅਤੇ ਕੇਂਦਰੀ ਪੈਟਰਨ ਅਨੁਸਾਰ ਤਨਖਾਹ ਸਕੇਲ ਜਾਰੀ ਰੱਖਣ ਦੀ ਪ੍ਰਕਿਰਿਆ ਨੇ ਵੀ ਇਹ ਸਾਬਿਤ ਕਰ ਦਿੱਤਾ ਹੈ ਕਿ ਇਹ ਸਰਕਾਰ ਵੀ ਲੋਕ ਤੇ ਮੁਲਾਜ਼ਮ ਵਿਰੋਧੀ ਸਰਕਾਰ ਸਾਬਿਤ ਹੋਈ ਹੈ।ਸਕੂਲੀ ਸਿੱਖਿਆ ਦੇ ਬਜਟ ਵਿੱਚ ਕੀਤਾ ਗਿਆ ਵਾਧਾ ਬਹੁਤ ਨਿਗੂਣਾ ਹੈ।ਸਿੱਖਿਆ ਕ੍ਰਾਂਤੀ ਲਿਆਉਣ ਦੇ ਪੰਜਾਬ ਸਰਕਾਰ ਜੋ ਮਰਜ਼ੀ ਦਾਅਵੇ ਕਰੇ, ਪਰ ਇਹ ਹਕੀਕਤ ਹੈ ਕਿ ਇਸ ਸਰਕਾਰ ਦੇ ਕਾਰਜਕਾਲ ਦੌਰਾਨ ਸਕੂਲਾਂ ਵਿੱਚ ਖਾਲੀ ਪਈਆਂ ਸਕੂਲ ਮੁਖੀਆਂ ਤੇ ਅਧਿਆਪਕਾਂ ਦੀਆਂ ਹਜ਼ਾਰਾਂ ਅਸਾਮੀਆਂ ਨੂੰ ਭਰਨਾ ਕਦੇ ਵੀ ਪੰਜਾਬ ਸਰਕਾਰ ਦੀ ਤਰਜੀਹ ਨਹੀਂ ਰਿਹਾ।

# ਮੋਦੀ ਤੇ ਪੁਰੀ ਵਰਗੇ ਲੋਕਾਂ ਦਾ ਸਿਖਰਲੇ ਅਹੁਦਿਆਂ 'ਤੇ ਰਹਿਣਾ ਦੇਸ਼ ਲਈ ਸ਼ਰਮ ਦੀ ਗੱਲ : ਜਸਬੀਰ ਕੌਰ ਨੱਤ

**ਮਾਨਸਾ (ਆਤਮਾ ਸਿੰਘ ਪਮਾਰ)**-ਕੁੱਲ ਹਿੰਦ ਪ੍ਰਗਤੀਸ਼ੀਲ ਇਸਤਰੀ ਸਭਾ (ਏਪਵਾ) ਵੱਲੋਂ ਕੌਮਾਂਤਰੀ ਇਸਤਰੀ ਦਿਵਸ ਸਥਾਨਕ ਬਾਬਾ ਬੂਝਾ ਸਿੰਘ ਯਾਦਗਾਰ ਭਵਨ ਵਿਖੇ ਜ਼ਿਲ੍ਹਾ ਪੱਧਰੀ ਕਨਵੈਨਸ਼ਨ ਦੇ ਰੂਪ ਵਿੱਚ ਮਨਾਇਆ ਗਿਆ।ਇਸ ਕਨਵੈਨਸ਼ਨ ਦੀ ਪ੍ਰਧਾਨਗੀ ਬਲਵਿੰਦਰ ਕੌਰ ਖਾਰਾ, ਕਿਰਨ ਸ਼ਰਮਾ ਭੀਖੀ, ਮਨਜੀਤ ਕੌਰ ਆਲੋਅਰਖ, ਵੀਰਪਾਲ ਕੌਰ ਰੱਲਾ ਤੇ ਚਰਨਜੀਤ ਕੌਰ ਵੱਲੋਂ ਕੀਤੀ ਗਈ।ਏਪਵਾ ਦੀ ਕੌਮੀ ਕਾਰਜਕਾਰਨੀ ਮੈਂਬਰ ਜਸਬੀਰ ਕੌਰ ਨੱਤ ਨੇ ਹਾਜ਼ਰ ਔਰਤਾਂ ਨੂੰ ਕੌਮਾਂਤਰੀ ਇਸਤਰੀ ਦਿਵਸ ਦੇ ਇਤਿਹਾਸ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਅੱਜ ਸੰਸਾਰ ਪੂੰਜੀਵਾਦ ਡੂੰਘੇ ਆਰਥਿਕ ਮੰਦਵਾੜੇ ਦਾ ਸ਼ਿਕਾਰ ਹੈ, ਜਿਸ 'ਚੋਂ ਨਿਕਲਣ ਲਈ ਅਮਰੀਕਾ ਤੇ ਰੂਸ ਵਰਗੀਆਂ ਵੱਡੀਆਂ ਤਾਕਤਾਂ ਛੋਟੇ ਦੇਸ਼ਾਂ ਦੇ ਤੇਲ ਤੇ ਹੋਰ ਕੁਦਰਤੀ ਸਰੋਤਾਂ ਨੂੰ ਲੁੱਟਣ ਲਈ ਜੰਗਾਂ ਤੇ ਹਮਲਿਆਂ 'ਚ ਹਜ਼ਾਰਾਂ ਲੱਖਾਂ ਬੇਕਸੂਰ ਲੋਕਾਂ ਔਰਤਾਂ, ਬੱਚਿਆਂ ਤੇ ਬਜ਼ੁਰਗਾਂ ਤੱਕ ਦਾ ਘਾਣ ਕਰ ਰਹੇ ਹਨ।ਪੂਰੀ ਦੁਨੀਆਂ ਦੀਆਂ ਜਾਗਰੂਕ ਔਰਤਾਂ ਗਾਜ਼ਾ, ਯੂਕਰੇਨ ਤੇ ਈਰਾਨ 'ਚ ਕੀਤੇ ਜਾ ਰਹੇ ਕਤਲੇਆਮ ਖ਼ਿਲਾਫ਼ ਆਵਾਜ਼ ਉਠਾ ਰਹੀਆਂ ਹਨ, ਪਰ ਭਾਰਤ ਲਈ ਇਹ ਕੌਮੀ ਸ਼ਰਮ ਦੀ ਗੱਲ ਹੈ ਕਿ ਬੇਹੱਦ ਘਿਨਾਉਣੇ ਸੈਕਸ ਅਪਰਾਧਾਂ ਦੇ ਕਥਿਤ ਮੁਜਰਮ ਜੈਫ਼ਰੀ ਅਪਸਟੀਮ ਦੇ ਭਾਈਵਾਲ ਨਰਿੰਦਰ ਮੋਦੀ ਤੇ ਹਰਦੀਪ ਪੁਰੀ ਵਰਗੇ ਲੋਕ ਹਾਲੇ ਵੀ ਦੇਸ਼ ਦੇ ਸਿਖ਼ਰਲੇ ਅਹੁਦਿਆਂ 'ਤੇ ਬਿਰਾਜ਼ਮਾਨ ਹਨ।ਕੌਮੀ ਕੌਂਸਲਰ ਬਲਵਿੰਦਰ ਕੌਰ ਖਾਰਾ ਨੇ ਕਿਹਾ ਕਿ ਬੀਜੇਪੀ ਸਰਕਾਰ ਕਾਰਪੋਰੇਟ ਕੰਪਨੀਆਂ ਦੇ ਮੁਨਾਫ਼ੇ ਵਧਾਉਣ ਲਈ ਮਜ਼ਦੂਰ ਔਰਤਾਂ ਵੱਲੋਂ ਸਖ਼ਤ ਜੱਦੋ-ਜਹਿਦ ਕਰਕੇ ਹਾਸਲ ਕੀਤੇ ਅਧਿਕਾਰਾਂ ਨੂੰ ਖੋਹਣ ਲਈ ਹਰ ਤਰ੍ਹਾਂ ਦੇ ਹੱਥਕੰਡੇ ਵਰਤ ਰਹੀ ਹੈ।ਔਰਤਾਂ ਨੂੰ ਸੂਬੇ ਤੇ ਦੇਸ਼ 'ਚ ਅਪਣੀ ਇੱਕ ਮਜ਼ਬੂਤ ਇਨਕਲਾਬੀ ਜਥੇਬੰਦੀ ਉਸਾਰਨ ਦੀ ਅਣਸਰਦੀ ਲੋੜ ਹੈ। ਵੀਰਪਾਲ ਕੌਰ ਨੇ ਅਪਣੀ ਬੇਟੀ ਨੂੰ ਖ਼ੁਦਕੁਸ਼ੀ ਲਈ ਮਜਬੂਰ ਕਰਨ ਸਮੇਤ ਲੜਕੀਆਂ ਤੇ ਔਰਤਾਂ ਖ਼ਿਲਾਫ਼ ਵੱਧ ਰਹੇ ਜਬਰ ਖਿਲਾਫ਼ ਲੜਨ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ।ਕਨਵੈਨਸ਼ਨ ਨੂੰ ਪਰਮਜੀਤ ਕੌਰ ਅਕਲੀਆ, ਦਵਿੰਦਰ ਕੌਰ, ਸੁਖਨਦੀਪ ਕੌਰ ਤੇ ਸੁਖਦੀਪ ਕੌਰ ਖਿਆਲਾ ਨੇ ਵੀ ਸੰਬੋਧਨ ਕੀਤਾ।

ਇਸੇ ਦੌਰਾਨ ਇਸਤਰੀ ਸਭਾ ਦੀ ਇੱਕ ਗਿਆਰਾਂ ਮੈਂਬਰੀ ਨਵੀਂ ਜ਼ਿਲ੍ਹਾ ਟੀਮ ਵੀ ਚੁਣੀ ਗਈ। ਕਨਵੈਨਸ਼ਨ ਵੱਲੋਂ ਪਾਸ ਕੀਤੇ ਪਹਿਲੇ ਮਤੇ 'ਚ ਕੇਂਦਰ ਸਰਕਾਰ ਤੋਂ ਜੀ ਰਾਮ ਜੀ ਨੂੰ ਰੱਦ ਕਰਕੇ ਤੇ ਸਾਲ 'ਚ ਦੋ ਸੌ ਦਿਨ ਕੰਮ ਤੇ ਪੰਜ ਸੌ ਰੁਪਏ ਦਿਹਾੜੀ ਨਾਲ ਪੁਰਾਣੀ ਮਨਰੇਗਾ ਸਕੀਮ ਨੂੰ ਮੁੜ ਬਹਾਲ ਕਰਨ ਦੀ ਮੰਗ ਕੀਤੀ।



■ ਕੌਮਾਂਤਰੀ ਇਸਤਰੀ ਦਿਵਸ ਏਪਵਾ ਦੀ ਨਵੀਂ ਜ਼ਿਲ੍ਹਾ ਕਮੇਟੀ ਦੀ ਹੋਈ ਚੋਣ

# ਮਨੁੱਖੀ ਸੱਭਿਅਤਾ ਦੀ ਕਹਾਣੀ ਔਰਤਾਂ ਤੋਂ ਬਿਨਾਂ ਅਧੂਰੀ ਹੈ : ਡਾ. ਸੀਮਾਂਤ ਗਰਗ

**ਮੋਗਾ (ਇਕਬਾਲ ਸਿੰਘ ਖਹਿਰਾ)**-ਮਨੁੱਖੀ ਸੱਭਿਅਤਾ ਦੀ ਕਹਾਣੀ ਔਰਤਾਂ ਤੋਂ ਬਿਨਾਂ ਅਧੂਰੀ ਹੈ, ਉਹ ਜੀਵਨ ਦੀਆਂ ਮਾਵਾਂ, ਸੱਭਿਆਚਾਰ ਦੀਆਂ ਧਾਰਕ ਤੇ ਸਮਾਜ ਦੀ ਸੰਵੇਦਨਸ਼ੀਲ ਆਤਮਾ ਹਨ।ਇਹ ਵਿਚਾਰ ਭਾਜਪਾ ਦੀ ਸਾਬਕਾ ਜ਼ਿਲ੍ਹਾ ਪ੍ਰਧਾਨ ਡਾ. ਸੀਮਾਂਤ ਗਰਗ ਨੇ ਅੰਤਰਰਾਸ਼ਟਰੀ ਮਹਿਲਾ ਦਿਵਸ 'ਤੇ ਪੁਰਾਣੀ ਦਾਣਾ ਮੰਡੀ ਸਥਿਤ ਭਾਜਪਾ ਦਫਤਰ ਵਿਖੇ ਮਹਿਲਾ ਦਿਵਸ ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਦਿਆਂ ਪ੍ਰਗਟ ਕੀਤੇ, ਜਦੋਂ ਕਿ ਉਨ੍ਹਾਂ 101 ਔਰਤਾਂ ਨੂੰ ਉਤਸ਼ਾਹਤ ਕੀਤਾ ਜੋ ਆਪਣੇ ਪੈਰਾਂ 'ਤੇ ਖੜ੍ਹੀਆਂ ਹਨ ਅਤੇ ਆਪਣੇ ਪਰਵਾਰਾਂ ਦਾ ਸਮਰਥਨ ਕਰਦੀਆਂ ਹਨ।ਇਸ ਮੌਕੇ ਭਾਜਪਾ ਦੀ ਸਾਬਕਾ ਜ਼ਿਲ੍ਹਾ ਪ੍ਰਧਾਨ ਨੀਤੂ ਗੁਪਤਾ, ਜ਼ਿਲ੍ਹਾ ਉਪ ਪ੍ਰਧਾਨ ਸੁਮਨ ਮਲਹੋਤਰਾ, ਸਕੱਤਰ ਸੁਖਪ੍ਰੀਤ ਸਿੰਘ ਸੁੱਖੀ, ਜ਼ਿਲ੍ਹਾ ਸਕੱਤਰ ਗੀਤਾ ਆਰੀਆ, ਆਸ਼ਾ ਮਿੱਤਲ, ਕੁਲਵਿੰਦਰ ਕੌਰ, ਹਰਜਿੰਦਰ ਕੌਰ, ਸੰਗੀਤਾ ਅਰੋੜਾ, ਸੀਮਾ ਰਾਣੀ, ਸੁਖਵਿੰਦਰ ਕੌਰ, ਨੀਨੂ ਕੌਰ, ਭੂਮੀ ਕੌਰ, ਅਨੀਤਾ ਅਰੋੜਾ, ਹਰਪ੍ਰੀਤ ਕੌਰ, ਕੁਲਵੰਤ ਕੌਰ, ਗੋਲਡੀ ਕੌਰ, ਸੁਖਵੰਤ ਕੌਰ, ਗੁਰਵਿੰਦਰ ਕੌਰ, ਕਮਲਾ ਰਾਣੀ, ਆਈਟੀ ਸੈੱਲ ਦੇ ਸਾਬਕਾ ਇੰਚਾਰਜ ਮੁਕੇਸ਼ ਸ਼ਰਮਾ, ਜਤਿੰਦਰ ਚੱਢਾ, ਸੁਕੇਸ਼ ਸੂਦ, ਰਾਜਿੰਦਰ ਗਾਬਾ ਤੇ ਵੱਡੀ ਗਿਣਤੀ ਵਿੱਚ ਔਰਤਾਂ ਮੌਜੂਦ ਸਨ।ਮੁੱਖ ਮਹਿਮਾਨ ਡਾ. ਸੀਮਾਂਤ ਗਰਗ ਨੇ ਕਿਹਾ ਕਿ ਅੰਤਰਰਾਸ਼ਟਰੀ ਮਹਿਲਾ ਦਿਵਸ ਹਰ ਸਾਲ 8 ਮਾਰਚ ਨੂੰ ਦੁਨੀਆ ਭਰ ਵਿੱਚ ਮਨਾਇਆ ਜਾਂਦਾ ਹੈ।ਇਹ ਸਿਰਫ਼ ਇੱਕ ਜਸ਼ਨ ਨਹੀਂ ਹੈ, ਸਗੋਂ ਇਤਿਹਾਸ ਦੇ ਉਸ ਲੰਬੇ ਸਫ਼ਰ ਦੀ ਯਾਦ ਹੈ, ਜਿਸ ਵਿੱਚ ਔਰਤਾਂ ਨੇ ਆਪਣੇ ਅਧਿਕਾਰਾਂ, ਸਤਿਕਾਰ ਤੇ ਸਮਾਨਤਾ ਲਈ ਲਗਾਤਾਰ ਸੰਘਰਸ਼ ਕੀਤਾ ਹੈ। ਉਨ੍ਹਾਂ ਕਿਹਾ ਕਿ ਭਾਰਤੀ ਸੱਭਿਆਚਾਰ ਵਿੱਚ ਔਰਤਾਂ ਦਾ ਉੱਚਾ ਦਰਜਾ ਹੈ।ਉਨ੍ਹਾਂ ਕਿਹਾ ਕਿ ਅੱਜ ਭਾਰਤੀ ਔਰਤਾਂ ਵਿਗਿਆਨ, ਰਾਜਨੀਤੀ, ਖੇਡਾਂ ਤੇ ਇੱਥੋਂ ਤੱਕ ਕਿ ਪੁਲਾੜ ਵਿੱਚ ਵੀ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕਰ ਰਹੀਆਂ ਹਨ।ਅੰਤ ਵਿੱਚ ਭਾਜਪਾ ਮਹਿਲਾ ਮੋਰਚਾ ਦੀ ਸਾਬਕਾ ਜ਼ਿਲ੍ਹਾ ਪ੍ਰਧਾਨ ਨੀਤੂ ਗੁਪਤਾ ਨੇ ਸਾਬਕਾ ਜ਼ਿਲ੍ਹਾ ਪ੍ਰਧਾਨ ਡਾ. ਸੀਮੰਤ ਗਰਗ ਦਾ ਕੰਮਕਾਜੀ ਔਰਤਾਂ ਦੇ ਇਕੱਠ ਦਾ ਆਯੋਜਨ ਕਰਨ ਤੇ ਉਨ੍ਹਾਂ ਨੂੰ ਤੋਹਫ਼ਿਆਂ ਨਾਲ ਸਨਮਾਨਤ ਕਰਨ ਲਈ ਧੰਨਵਾਦ ਕੀਤਾ।ਇਸ ਮੌਕੇ ਡਾ. ਸੀਮਾਂਤ ਗਰਗ ਨੇ ਮੋਗਾ ਜ਼ਿਲ੍ਹੇ ਦੀਆਂ ਔਰਤਾਂ ਨੂੰ ਅੰਤਰਰਾਸ਼ਟਰੀ ਮਹਿਲਾ ਦਿਵਸ ਦੀਆਂ ਸ਼ੁੱਭ-ਕਾਮਨਾਵਾਂ ਦਿੱਤੀਆਂ।ਇਕੱਠ ਦੇ ਅੰਤ ਵਿੱਚ ਔਰਤਾਂ ਨੂੰ ਰਿਫਰੈਸ਼ਮੈਂਟ ਵੰਡੀ ਗਈ।


■ ਅੰਤਰਰਾਸ਼ਟਰੀ ਮਹਿਲਾ ਦਿਵਸ 'ਤੇ 101 ਔਰਤਾਂ ਨੂੰ ਤੋਹਫ਼ੇ ਭੇਟ ਕਰਕੇ ਕੀਤਾ ਉਤਸ਼ਾਹਤ

# ਕ੍ਰਾਂਤੀਕਾਰੀ ਕਿਸਾਨ ਯੂਨੀਅਨ ਵੱਲੋਂ ਸਰਕਾਰ ਦੀ ਤਿੱਖੀ ਆਲੋਚਨਾ

**ਫਿਰੋਜ਼ਪੁਰ (ਗੁਰਬਚਨ ਸਿੰਘ)**

ਪੰਜਾਬ ਸਰਕਾਰ ਵੱਲੋਂ ਅੱਜ ਪੇਸ਼ ਕੀਤੇ ਗਏ ਬਜਟ ਉੱਤੇ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਨੇ ਸਖ਼ਤ ਪ੍ਰਤੀਕਿਰਿਆ ਦਿੰਦਿਆਂ ਸਰਕਾਰ ਦੀ ਰੱਜ ਕੇ ਆਲੋਚਨਾ ਕੀਤੀ ਹੈ।ਯੂਨੀਅਨ ਦੇ ਪ੍ਰਮੁੱਖ ਆਗੂ ਅਵਤਾਰ ਸਿੰਘ ਮਹਿਮਾ ਨੇ ਕਿਹਾ ਕਿ ਖੇਤੀ ਤੇ ਸਹਾਇਕ ਧੰਦਿਆਂ ਲਈ ਰੱਖੀ ਗਈ 15 ਹਜ਼ਾਰ ਕਰੋੜ ਦੀ ਰਾਸ਼ੀ ਬਹੁਤ ਘੱਟ ਹੈ ਤੇ ਇਸ 'ਤੇ ਵੀ ਸਵਾਲ ਖੜ੍ਹੇ ਹੁੰਦੇ ਹਨ ਕਿ ਕੀ ਇਹ ਰਕਮ ਸੱਚਮੁੱਚ ਲੋੜਵੰਦ ਕਿਸਾਨਾਂ ਤੱਕ ਪਹੁੰਚੇਗੀ।ਕਿਸਾਨ ਆਗੂ ਨੇ ਕਿਹਾ ਕਿ ਕਪਾਹ ਤੇ ਝੋਨੇ ਦੀ ਸਿੱਧੀ ਬਿਜਾਈ ਕਰਨ ਵਾਲੇ ਕਿਸਾਨਾਂ ਦੀ ਵੱਡੀ ਗਿਣਤੀ ਨੂੰ ਅਜੇ ਤੱਕ ਕੋਈ ਲਾਭ ਨਹੀਂ ਹੋਇਆ।ਉਨ੍ਹਾਂ ਇਲਜ਼ਾਮ ਲਾਇਆ ਕਿ ਖੇਤੀ ਸੰਦਾਂ 'ਤੇ ਮਿਲਣ ਵਾਲੀ ਸਬਸਿਡੀ ਦਾ ਫਾਇਦਾ ਵੀ ਆਮ ਕਿਸਾਨਾਂ ਦੀ ਬਜਾਏ ਵੱਡੀਆਂ ਫਰਮਾਂ ਤੇ ਸਰਕਾਰੀ ਅਧਿਕਾਰੀ ਹੀ ਹੜੱਪ ਜਾਂਦੇ ਹਨ।ਝੋਨੇ ਹੇਠ ਰਕਬਾ ਹਰ ਸਾਲ ਵਧਣ 'ਤੇ ਚਿੰਤਾ ਪ੍ਰਗਟਾਉਂਦਿਆਂ ਉਨ੍ਹਾਂ ਕਿਹਾ ਕਿ ਪੰਜਾਬ ਦਾ ਪਾਣੀ ਬਚਾਉਣ ਤੇ ਖੇਤੀ ਵਿਭਿੰਨਤਾ ਲਿਆਉਣ ਲਈ ਸਾਰੀਆਂ ਫਸਲਾਂ 'ਤੇ ਐੱਮ ਐੱਸ ਪੀ ਦਾ ਗਾਰੰਟੀ ਕਾਨੂੰਨ ਬਣਾਉਣਾ ਬਹੁਤ ਜ਼ਰੂਰੀ ਹੈ, ਪਰ ਅਫ਼ਸੋਸ ਦੀ ਗੱਲ ਹੈ ਕਿ ਚੋਣ ਵਾਅਦਾ ਹੋਣ ਦੇ ਬਾਵਜੂਦ ਸਰਕਾਰ ਨੇ ਬਜਟ ਵਿੱਚ ਇਸ ਬਾਰੇ ਇਕ ਸ਼ਬਦ ਵੀ ਨਹੀਂ ਬੋਲਿਆ।ਉਨ੍ਹਾਂ ਕਿਹਾ ਕਿ ਕਿਸਾਨਾਂ ਦੀ ਕਰਜ਼ ਮਾਫੀ, ਖੇਤੀ ਲਈ ਫਰੀ ਟਿਊਬਵੈੱਲ ਕੁਨੈਕਸ਼ਨ ਤੇ ਸਬਸਿਡੀਆਂ ਤੋਂ ਬਿਨਾਂ ਕਿਸਾਨੀ ਨੂੰ ਬਚਾਇਆ ਨਹੀਂ ਜਾ ਸਕਦਾ।

ਸਰਕਾਰ ਨੂੰ ਇਨ੍ਹਾਂ ਬੁਨਿਆਦੀ ਲੋੜਾਂ ਵੱਲ ਤੁਰੰਤ ਧਿਆਨ ਦੇਣਾ ਚਾਹੀਦਾ ਹੈ।ਅਵਤਾਰ ਸਿੰਘ ਮਹਿਮਾਂ ਨੇ ਕਿਹਾ ਕਿ ਸਰਕਾਰ ਨੇ ਔਰਤ ਦਿਵਸ ਮੌਕੇ ਪੰਜਾਬ ਦੀਆਂ ਔਰਤਾਂ ਨਾਲ ਇੱਕ ਵਾਰ ਫਿਰ ਧੋਖਾ ਕੀਤਾ ਹੈ।ਉਨ੍ਹਾਂ ਕਿਹਾ ਕਿ ਪਹਿਲਾਂ ਸਾਰੀਆਂ ਔਰਤਾਂ ਨੂੰ 1000 ਰੁਪਏ ਮਹੀਨਾ ਦੇਣ ਦਾ ਵਾਅਦਾ ਕੀਤਾ ਗਿਆ ਸੀ, ਪਰ ਚਾਰ ਸਾਲਾਂ ਤੱਕ ਕੋਈ ਪੈਸਾ ਨਹੀਂ ਦਿੱਤਾ ਗਿਆ।ਹੁਣ ਆਖਰੀ ਸਾਲ ਵਿੱਚ ਟੈਕਸ ਭਰਨ ਵਾਲੀਆਂ, ਸਰਕਾਰੀ ਨੌਕਰੀ ਪੇਸ਼ਾ ਤੇ ਰਿਟਾਇਰਡ ਔਰਤਾਂ ਨੂੰ ਇਸ ਸੂਚੀ ਵਿੱਚੋਂ ਬਾਹਰ ਕਰ ਦਿੱਤਾ ਗਿਆ ਹੈ।ਇਸ ਮੌਕੇ ਸੀਨੀਅਰ ਕਿਸਾਨ ਆਗੂ ਸੁਖਦੇਵ ਸਿੰਘ, ਅਮਰੀਕ ਸਿੰਘ ਮਹਿਮਾ ਨੰਬਰਦਾਰ, ਗੁਰਮੀਤ ਸਿੰਘ, ਰਣਜੋਧ ਸਿੰਘ, ਪ੍ਰੇਮ ਸਿੰਘ ਤੇ ਸੁਖਦੇਵ ਸਿੰਘ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।


■ ਖੇਤੀਬਾੜੀ ਤੇ ਔਰਤਾਂ ਨਾਲ ਜੁੜੇ ਵਾਅਦਿਆਂ ਨੂੰ ਦੱਸਿਆ 'ਧੋਖਾ'

# ਐੱਲ ਬੀ ਸੀ ਟੀ ਵੱਲੋਂ 42 ਮਹਿਲਾਵਾਂ ਦਾ ਮਾਤਾ ਸਵਿੱਤਰੀ ਬਾਈ ਫੂਲੇ ਐਵਾਰਡ ਨਾਲ ਸਨਮਾਨ

**ਫਰੀਦਕੋਟ (ਐਲਿਗਜੈਂਡਰ ਡਿਸੂਜ਼ਾ)**

ਪਿਛਲੇ ਸਾਢੇ ਤਿੰਨ ਦਹਾਕਿਆਂ ਤੋਂ ਸਮਾਜ ਸੇਵਾ ਦੇ ਖੇਤਰ ਵਿੱਚ ਸਰਗਰਮ ਸੰਸਥਾ ਲਾਰਡ ਬੁੱਧਾ ਚੈਰੀਟੇਬਲ ਟਰੱਸਟ (ਐੱਲ.ਬੀ.ਸੀ.ਟੀ.) ਵੱਲੋਂ ਸਥਾਨਕ ਫਰੀਦਕੋਟ ਕਲੱਬ ਵਿਖੇ ਅੰਤਰਰਾਸ਼ਟਰੀ ਇਸਤਰੀ ਦਿਵਸ ਬੜੇ ਉਤਸ਼ਾਹ ਤੇ ਪ੍ਰਭਾਵਸ਼ਾਲੀ ਢੰਗ ਨਾਲ ਮਨਾਇਆ ਗਿਆ।ਇਸ ਸਮਾਰੋਹ ਦੌਰਾਨ ਵੱਖ-ਵੱਖ ਖੇਤਰਾਂ ਵਿੱਚ ਮੱਲਾਂ ਮਾਰਨ ਵਾਲੀਆਂ 42 ਸ਼ਖ਼ਸੀਅਤਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।ਸਮਾਗਮ ਦੀ ਸਾਂਝੀ ਪ੍ਰਧਾਨਗੀ ਰਿਟਾਇਰਡ ਨਾਇਬ ਤਹਿਸੀਲਦਾਰ ਮੈਡਮ ਹੀਰਾਵਤੀ ਤੇ ਰਿਟਾਇਰਡ ਸੁਪਰਡੈਂਟ ਗ੍ਰੇਡ-1 ਮੈਡਮ ਸ਼ਾਂਤੀ ਦੇਵੀ ਨੇ ਕੀਤੀ।ਵਿੱਤ ਵਿਭਾਗ ਦੇ ਸੇਵਾ ਮੁਕਤ ਜੁਆਇੰਟ ਕੰਟਰੋਲਰ ਓ. ਪੀ. ਚੌਧਰੀ ਦੀ ਧਰਮ ਪਤਨੀ ਮੈਡਮ ਵਿਦਿਆ ਚੌਧਰੀ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਇਸ ਤੋਂ ਇਲਾਵਾ ਗੋਲਡ ਮੈਡਲਿਸਟ ਐਥਲੀਟ ਪ੍ਰਿੰਸੀਪਲ ਬਖਸ਼ੀਸ਼ ਕੌਰ 'ਗੈਸਟ ਆਫ ਆਨਰ' ਤੇ ਪ੍ਰੋ. ਆਸ਼ਥਾ ਖਿੱਚੀ 'ਸਪੈਸ਼ਲ ਗੈਸਟ' ਵਜੋਂ ਪਹੁੰਚੇ।ਟਰੱਸਟ ਦੇ ਸੰਸਥਾਪਕ ਚੇਅਰਮੈਨ ਜਗਦੀਸ਼ ਰਾਏ ਢੋਸੀਵਾਲ ਨੇ ਦੱਸਿਆ ਕਿ ਸਮਾਜ ਸੇਵਾ ਤੇ ਹੋਰਨਾਂ ਖੇਤਰਾਂ ਵਿੱਚ ਨਾਮਣਾ ਖੱਟਣ ਵਾਲੀਆਂ 42 ਮਹਿਲਾਵਾਂ ਨੂੰ 'ਮਾਤਾ ਸਵਿੱਤਰੀ ਬਾਈ ਫੂਲੇ ਐਵਾਰਡ' ਨਾਲ ਨਿਵਾਜਿਆ ਗਿਆ। ਸਨਮਾਨਤ ਹੋਣ ਵਾਲਿਆਂ ਵਿੱਚ ਨਿਰਮਲਜੀਤ ਕੌਰ, ਸੁਖਜੀਤ ਕੌਰ, ਬਿਮਲਾ ਢੋਸੀਵਾਲ, ਪ੍ਰੋ. ਵੰਦਨਾ, ਪ੍ਰਿੰਸੀਪਲ ਸੁਰਿੰਦਰ ਪਾਲ ਕੌਰ ਸਰਾਂ, ਮੰਜੂ ਸੁਖੀਜਾ ਤੇ ਡਾ. ਨਵਜੋਤ ਕੌਰ ਸਮੇਤ ਕਈ ਪ੍ਰਮੁੱਖ ਹਸਤੀਆਂ ਸ਼ਾਮਲ ਸਨ।ਸਮਾਗਮ ਦੌਰਾਨ ਜਿੱਥੇ ਬੁਲਾਰਿਆਂ ਨੇ ਇਸਤਰੀ ਦਿਵਸ ਦੀ ਮਹੱਤਤਾ 'ਤੇ ਚਾਨਣਾ ਪਾਇਆ, ਉੱਥੇ ਹੀ ਸੱਭਿਆਚਾਰਕ ਪ੍ਰੋਗਰਾਮ ਤੇ ਪ੍ਰਸ਼ਨ-ਉੱਤਰ ਮੁਕਾਬਲਾ ਵੀ ਕਰਵਾਇਆ ਗਿਆ।ਜੇਤੂਆਂ ਨੂੰ ਮੌਕੇ 'ਤੇ ਹੀ ਇਨਾਮ ਤਕਸੀਮ ਕੀਤੇ ਗਏ।ਇਸ ਮੌਕੇ ਜ਼ਿਲ੍ਹਾ ਚੇਅਰਮੈਨ ਪ੍ਰਿੰ. ਕ੍ਰਿਸ਼ਨ ਲਾਲ, ਜਨਰਲ ਸਕੱਤਰ ਮਲਕੀਤ ਸਿੰਘ ਮੰਮਨ, ਮਨਜੀਤ ਖਿੱਚੀ, ਕੇ. ਪੀ. ਐੱਸ. ਸਰਾਂ ਤੇ ਹੋਰ ਪਤਵੰਤੇ ਸੱਜਣ ਵੱਡੀ ਗਿਣਤੀ ਵਿੱਚ ਹਾਜ਼ਰ ਸਨ।




**ਉੱਤਰ ਰੇਲਵੇ**

**ਈ-ਟੈਂਡਰ ਸੂਚਨਾ**

ਉਪ ਮੁੱਖ ਇੰਜੀਨੀਅਰ/ਪੁਲ/ਵਰਕਸ਼ਾਪ, ਉੱਤਰ ਰੇਲਵੇ, ਜਲੰਧਰ ਛਾਵਣੀ ਦੇ ਦੁਵਾਰਾ ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ, ਓਪਨ ਈ-ਟੈਂਡਰ ਨੂੰ ਏਕਲ ਪੈਕੇਟ ਸਿਸਟਮ ਦੇ ਤਹਿਤ ਮੰਗ ਕੀਤੀ ਗਈ ਹੈ।

| |
|---|
| ਲੜੀ ਨੰ: 1: ਟੈਂਡਰ ਨੰ: OT-04-JRC-2026 |
| ਕੰਮ ਦਾ ਵੇਰਵਾ : SSE/Br/M/UMB ਦੇ ਅਧਿਕਾਰ ਖੇਤਰ ਦੇ ਅੰਤਰਗਤ UMB-RPJ ਸੈਕਸ਼ਨ ਵਿਚ ਬ੍ਰਿਜ ਨੰਬਰ 332A UP ਅਤੇ DN, NMDA-SNL ਵਿਚ ਬ੍ਰਿਜ ਨੰਬਰ 139, 188, 219 ਅਤੇ 242, ਅਤੇ RPJ-BTI ਸੈਕਸ਼ਨ ਵਿਚ ਬ੍ਰਿਜ ਨੰਬਰ 17A DN ਉਤੇ ਸਾਇਡ ਪਾਥਵੇ ਦਾ ਪ੍ਰਾਵਧਾਨ ਕਰਨਾ। |
| ਅਨੁਮਾਨਿਤ ਲਾਗਤ : ਰੁ: 2,03,63,280.68 |
| ਬਿਆਨਾ ਰਾਸ਼ੀ : ਰੁ: 2,51,800.00 |
| ਖੁਲਣ ਦੀ ਮਿਤੀ : 30.03.2026 |
| IREPS ਉਤੇ ਬੋਲੀ ਲਗਾਣ ਦੀ ਮਿਤੀ 16.03.2026 ਤੋਂ 30.03.2026 |
| ਟੈਂਡਰ ਫਾਰਮ ਦੀ ਲਾਗਤ ਰੁਪਏ : 0 |
| ਕੰਮ ਪੂਰਾ ਕਰਨ ਦਾ ਸਮਾਂ : 10 ਮਹੀਨੇ |
| ਟੈਂਡਰ ਪੇਸ਼ ਕਰਨ ਅਤੇ ਟੈਂਡਰ ਖੁਲਣ ਦੇ ਲਈ ਮਿਤੀ ਅਤੇ ਸਮਾਂ : ਹਰੇਕ ਦੇ ਖਿਲਾਫ ਦਿਖਾਏ ਗਈ ਮਿਤੀਆਂ ਉਤੇ 15:00 ਵਜੇ ਤਕ ਅਤੇ ਉਸੀ ਸਮਾਂ 15:00 ਵਜੇ ਦੇ ਬਾਦ। |
| ਵੈੱਬਸਾਈਟ ਵੇਰਵਾ ਜਿਥੋਂ ਟੈਂਡਰ ਦਾ ਪੂਰਾ ਵੇਰਵਾ ਦੇਖਿਆ ਜਾਂ ਸਕਦਾ ਹੈ ਅਤੇ ਡਾਊਨਲੋਡ ਕੀਤਾ ਜਾਂ ਸਕਦਾ ਹੈ : ਪੂਰੀ ਈ-ਟੈਂਡਰ ਸੂਚਨਾ ਉੱਤਰ ਰੇਲਵੇ ਵੈੱਬਸਾਈਟ www.nr.indianrailways.gov.in ਉਤੇ ਉਪਲਬਧ ਹੈ ਅਤੇ ਟੈਂਡਰ ਦਸਤਾਵੇਜ www.ireps.gov.in ਉਤੇ ਉਪਲਬਧ ਹੈ। |
| ਨੰ: 80-W/30/Bridges/Invitation ਮਿਤੀ : 07.03.2026 793/2026 |

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ



**ਪਬਲਿਕ ਨੋਟਿਸ**

ICICI Bank Registered Office: ICICI Bank Tower, Near Chakli Circle, Old Padra Road, Vadodara- 390007 Corporate Office: ICICI Bank Towers, Bandra-Kurla Complex Mumbai 400051

**ਸੋਨਾ ਈ-ਨਿਲਾਮੀ ਕਮ ਸੱਦਾ ਨੋਟਿਸ**

ਹੇਠਾਂ ਲਿਖੇ ਕਰਜ਼ਦਾਰਾਂ ਨੂੰ ਸੋਨੇ ਦੇ ਗਹਿਣਿਆਂ ਬਦਲੇ ਆਈ ਸੀ ਆਈ ਸੀ ਆਈ ਬੈਂਕ ਲਿਮ: ('ਆਈ ਸੀ ਆਈ ਸੀ ਆਈ ਬੈਂਕ') ਤੋਂ ਲਈ ਸਹੂਲਤ ('ਸਹੂਲਤ') ਪ੍ਰਤੀ ਬਕਾਇਆ ਰਕਮ ਦੇ ਭੁਗਤਾਨ ਲਈ ਨੋਟਿਸ ਜਾਰੀ ਕੀਤਾ ਗਿਆ ਹੈ। ਕਿਉਂਕਿ ਇਹ ਬਕਾਇਆ ਰਕਮ ਦਾ ਭੁਗਤਾਨ ਕਰਨ 'ਚ ਅਸਫਲ ਰਹੇ ਹਨ। ਇਸ ਲਈ ਅਸੀਂ ਗਿਰਵੀ ਰੱਖੇ ਸੋਨੇ ਦੇ ਗਹਿਣਿਆਂ ਦੀ 20 ਮਾਰਚ 2026 ਨੂੰ ਈ-ਨਿਲਾਮੀ ਕਰਨ ਦੇ ਪਾਬੰਦ ਹਾਂ। ਆਈ ਸੀ ਆਈ ਸੀ ਆਈ ਬੈਂਕ ਨੂੰ ਬਿਨਾਂ ਅਗਾਊਂ ਨੋਟਿਸ ਖਾਤਾ ਹਟਾਉਣ/ਈ-ਨਿਲਾਮੀ ਦੀ ਤਰੀਕ ਬਦਲਣ ਦਾ ਅਧਿਕਾਰ ਹੈ। ਨਿਲਾਮੀ ਦੁਪਹਿਰ 12.30 ਤੋਂ 3.30 ਵਜੇ ਤੱਕ https://jewel-auction.procuretiger.com 'ਤੇ ਆਨਲਾਈਨ ਕੀਤੀ ਜਾਵੇਗੀ। ਸ਼ਰਤਾਂ ਅਤੇ ਨਿਯਮਾਂ ਦੇ ਵੇਰਵੇ ਲਈ ਕ੍ਰਿਪਾ ਕਰਕੇ ਦਿੱਤੀ ਗਈ ਵੈੱਬਸਾਈਟ 'ਤੇ ਲਾਗ ਕਰੋ। ਮ੍ਰਿਤਕ ਕਰਜ਼ਦਾਰਾਂ ਦੇ ਮਾਮਲੇ 'ਚ ਸਾਰੀਆਂ ਸ਼ਰਤਾਂ ਉਹਨਾਂ ਦੇ ਕਾਨੂੰਨੀ ਵਾਰਸਾਂ 'ਤੇ ਲਾਗੂ ਹੋਣਗੀਆਂ।

| ਕਰਜ਼ਾ ਖਾਤਾ ਨੰ. | ਗਾਹਕ ਦਾ ਨਾਂਅ |
|---|---|
| ਬਰਾਂਚ ਦਾ ਨਾਂਅ : ਅੰਮ੍ਰਿਤਸਰ-ਹਾਲ ਬਾਜ਼ਾਰ | |
| 023862004061 | ਮੀਰਾ ਗਰੋਵਰ |
| ਬਰਾਂਚ ਦਾ ਨਾਂਅ : ਪਠਾਨਕੋਟ | |
| 027162002717 | ਅੰਬਿਤਾ ਲਸਕਰ |
| ਬਰਾਂਚ ਦਾ ਨਾਂਅ : ਮਾਨਸਾ | |
| 044662005873 | ਗਗਨਦੀਪ ਸਿੰਘ |
| ਬਰਾਂਚ ਦਾ ਨਾਂਅ : ਫਿਰੋਜ਼ਪੁਰ | |
| 044862005897 | ਮਹਿੰਦੋ ਮਹਿੰਦੋ |
| ਬਰਾਂਚ ਦਾ ਨਾਂਅ : ਰਾਜਪੁਰਾ | |
| 047762008364 | ਨਰੇਸ਼ ਕੁਮਾਰ |
| ਬਰਾਂਚ ਦਾ ਨਾਂਅ : ਗੁਰਦਾਸਪੁਰ | |
| 050162004804 | ਹਰਮਨਜੋਤ ਸਿੰਘ |
| ਬਰਾਂਚ ਦਾ ਨਾਂਅ : ਫਰੀਦਕੋਟ | |
| 078362002847 | ਗੁਰਭੇਜ ਸਿੰਘ |
| 078362003324 | ਮਨਜੀਤ ਕੌਰ |
| ਬਰਾਂਚ ਦਾ ਨਾਂਅ : ਫਿਲੌਰ | |
| 078662002315 | ਅਜੇ ਕੁਮਾਰ ਸਿੰਘ |
| ਬਰਾਂਚ ਦਾ ਨਾਂਅ : ਟਾਂਡਾ ਉੜਮੁੜ | |
| 087862003137 | ਬਲਜੀਤ ਸਿੰਘ |
| ਬਰਾਂਚ ਦਾ ਨਾਂਅ : ਜਗਰਾਉਂ | |
| 087962002600 | ਬਲਵੀਰ ਕੌਰ |
| ਬਰਾਂਚ ਦਾ ਨਾਂਅ : ਚੰਡੀਗੜ੍ਹ-ਸੈਕਟਰ-28 ਡੀ | |
| 096462001669 | ਰਾਜਨ ਰਾਜਨ |
| ਬਰਾਂਚ ਦਾ ਨਾਂਅ : ਅਹਿਮਦਗੜ੍ਹ | |
| 096862004342 | ਬਲਜਿੰਦਰ ਸਿੰਘ |
| ਬਰਾਂਚ ਦਾ ਨਾਂਅ : ਅਜਨਾਲਾ | |
| 108362008769 | ਜਸਬੀਰ ਸਿੰਘ |
| ਬਰਾਂਚ ਦਾ ਨਾਂਅ : ਚੰਡੀਗੜ੍ਹ-ਸੈਕਟਰ 46 | |
| 108462001731 | ਵਰਿੰਦਰ ਕੁਮਾਰ |
| ਬਰਾਂਚ ਦਾ ਨਾਂਅ : ਸਰਹਿੰਦ | |
| 150662004360 | ਰਾਹੁਲ ਕੁਮਾਰ |
| ਬਰਾਂਚ ਦਾ ਨਾਂਅ : ਜਲੰਧਰ-ਛੋਟੀ ਬਾਰਾਦਰੀ | |
| 151162002434 | ਰੂਨੀ ਹੰਸ |
| ਬਰਾਂਚ ਦਾ ਨਾਂਅ : ਸਮਾਣਾ | |
| 152162005869 | ਜੋਗਿੰਦਰ ਸਿੰਘ |
| ਬਰਾਂਚ ਦਾ ਨਾਂਅ : ਮਾਛੀਵਾੜਾ | |
| 178262003171 | ਸਰਬਜੀਤ ਕੌਰ |
| ਬਰਾਂਚ ਦਾ ਨਾਂਅ : ਕਪੂਰਥਲਾ-ਸੁਲਤਾਨਪੁਰ ਰੋਡ | |
| 189562001988 | ਰਾਜਨ ਰਾਜਨ |
| ਬਰਾਂਚ ਦਾ ਨਾਂਅ : ਗੁਰੂ ਹਰਸਹਾਏ | |
| 199362009238 | ਕਰਨ ਸ਼ਰਮਾ |
| ਬਰਾਂਚ ਦਾ ਨਾਂਅ : ਰਈਆ | |
| 214362000621 | ਅਮਰੀਕ ਕੌਰ |
| 214362002772 | ਰਾਜਵਿੰਦਰ ਕੌਰ |
| ਬਰਾਂਚ ਦਾ ਨਾਂਅ : ਸੁਜਾਨਪੁਰ | |
| 262057000032 | ਅਲੀ ਮੁਹੰਮਦ |
| ਬਰਾਂਚ ਦਾ ਨਾਂਅ : ਬਾਘਾ ਪੁਰਾਣਾ | |
| 278862002449 | ਰਾਣੀ ਰਾਣੀ |
| ਬਰਾਂਚ ਦਾ ਨਾਂਅ : ਬਰਗਾੜੀ | |
| 295662000493 | ਰਾਣੀ ਕੌਰ |
| ਬਰਾਂਚ ਦਾ ਨਾਂਅ : ਦੀਨਾਨਗਰ, ਪੰਜਾਬ | |
| 355962002560 | ਪ੍ਰਾਣਪ੍ਰੀਤ ਪ੍ਰਾਣਪ੍ਰੀਤ |
| ਬਰਾਂਚ ਦਾ ਨਾਂਅ : ਸਰਦੂਲਗੜ੍ਹ, ਪੰਜਾਬ | |
| 356762002689 | ਰੂਪ ਚੰਦ |
| 356762003381 | ਸੰਦੀਪ ਸਿੰਘ |
| 356762003904 | ਕੁਲਦੀਪ ਸਿੰਘ |
| 356762004249 | ਵਿਨੋਦ ਕੁਮਾਰੀ |
| ਬਰਾਂਚ ਦਾ ਨਾਂਅ : ਸਾਦਿਕ, ਪੰਜਾਬ | |
| 357162004645 | ਰਾਜਵਿੰਦਰ ਸਿੰਘ |
| 357162006525 | ਜਗਸੀਰ ਸਿੰਘ |
| 357162006611 | ਗੁਰਦੀਪ ਸਿੰਘ |
| 357162007368 | ਗਗਨਦੀਪ ਸਿੰਘ |
| ਬਰਾਂਚ ਦਾ ਨਾਂਅ : ਭਿੱਖੀਵਿੰਡ, ਪੰਜਾਬ | |
| 361062000443 | ਸੁਖਬੀਰ ਸਿੰਘ |
| ਬਰਾਂਚ ਦਾ ਨਾਂਅ : ਅੰਮ੍ਰਿਤਸਰ-ਏਅਰਪੋਰਟ ਰੋਡ | |
| 366662000569 | ਸੁਸ਼ਮਾ ਜੁਤਸ਼ੀ |
| ਬਰਾਂਚ ਦਾ ਨਾਂਅ : ਫਗਵਾੜਾ-ਮਾਡਲ ਟਾਊਨ | |
| 367362000052 | ਅਮਨਦੀਪ ਕੌਰ |
| ਬਰਾਂਚ ਦਾ ਨਾਂਅ : ਭੋਗਪੁਰ | |
| 374562000333 | ਰਜਨੀ ਰਜਨੀ |
| 374562000609 | ਲਵਦੀਪ ਸਿੰਘ |
| 374562000610 | ਨਵਜੋਤ ਸਿੰਘ |
| ਬਰਾਂਚ ਦਾ ਨਾਂਅ : ਮਮਦੋਟ | |
| 382162003649 | ਬਲਜੀਤ ਸਿੰਘ |
| ਬਰਾਂਚ ਦਾ ਨਾਂਅ : ਮਲੌਦ | |
| 397962001370 | ਮਨਪ੍ਰੀਤ ਕੌਰ |
| ਬਰਾਂਚ ਦਾ ਨਾਂਅ : ਭਾਦਸੋਂ | |
| 400562001647 | ਸੁਰਜੀਤ ਕੌਰ |
| ਬਰਾਂਚ ਦਾ ਨਾਂਅ : ਕਾਦੀਆਂ | |
| 411862001671 | ਮੰਗਤਾ ਮਸੀਹ |
| ਬਰਾਂਚ ਦਾ ਨਾਂਅ : ਅਰਨੀਵਾਲਾ ਸ਼ੇਖ ਸੁਭਾਨ | |
| 411962003659 | ਗੁਰਪ੍ਰੀਤ ਕੌਰ |
| ਬਰਾਂਚ ਦਾ ਨਾਂਅ : ਤਪਾ | |
| 417462002453 | ਗੁਰਜੰਟ ਸਿੰਘ |
| ਬਰਾਂਚ ਦਾ ਨਾਂਅ : ਅੰਮ੍ਰਿਤਸਰ-ਲੁਹਾਰਕਾ ਰੋਡ | |
| 562062000012 | ਰੀਮਾ ਕੁਮਾਰੀ |
| ਬਰਾਂਚ ਦਾ ਨਾਂਅ : ਲੁਧਿਆਣਾ-ਫਾਇਰ ਸਟੇਸ਼ਨ | |
| 631962014937 | ਬਲਰਾਜ ਸਿੰਘ |
| ਬਰਾਂਚ ਦਾ ਨਾਂਅ : ਚੰਡੀਗੜ੍ਹ ਸੈਕਟਰ-35 ਸੀ | |
| 632262010746 | ਅਮਤੇਸ਼ਵਰ ਸਿੰਘ ਗੁਲਾਟੀ |
| ਬਰਾਂਚ ਦਾ ਨਾਂਅ : ਰਾਜਪੁਰਾ | |
| 047757000089 | ਸੁਦਾਗਰ ਸਿੰਘ |
| ਬਰਾਂਚ ਦਾ ਨਾਂਅ : ਨਾਭਾ | |
| 078962003501 | ਅਵਤਾਰ ਸਿੰਘ |
| ਬਰਾਂਚ ਦਾ ਨਾਂਅ : ਅਜਨਾਲਾ | |
| 108357000231 | ਸੁਖਵਿੰਦਰ ਸਿੰਘ |
| 108357000302 | ਸੁਖਵਿੰਦਰ ਸਿੰਘ |
| ਬਰਾਂਚ ਦਾ ਨਾਂਅ : ਜਲੰਧਰ-ਰਾਮਾ ਮੰਡੀ | |
| 217657000043 | ਰੰਜੂ ਮਲਹੋਤਰਾ |
| ਬਰਾਂਚ ਦਾ ਨਾਂਅ : ਸੁਜਾਨਪੁਰ | |
| 262057000059 | ਮਮਤਾ ਦੇਵੀ |
| ਬਰਾਂਚ ਦਾ ਨਾਂਅ : ਧਾਰੀਵਾਲ, ਪੰਜਾਬ | |
| 356057000110 | ਜਸਪਿੰਦਰ ਸਿੰਘ |
| ਬਰਾਂਚ ਦਾ ਨਾਂਅ : ਮੁਹਾਲੀ-ਸੈਕਟਰ 91 | |
| 776057000021 | ਬਲਰੂਪ ਕੌਰ |
| 776057000022 | ਬਲਰੂਪ ਕੌਰ |
| ਬਰਾਂਚ ਦਾ ਨਾਂਅ : ਚੰਡੀਗੜ੍ਹ-ਮਨੀਮਾਜਰਾ | |
| 036257000054 | ਮਹਿੰਦਰ ਭਗਤ |
| ਬਰਾਂਚ ਦਾ ਨਾਂਅ : ਗੁਰਦਾਸਪੁਰ | |
| 050157000127 | ਗੁਰਮੀਤ ਸਿੰਘ |
| ਬਰਾਂਚ ਦਾ ਨਾਂਅ : ਜ਼ੀਰਕਪੁਰ | |
| 050762004545 | ਸਰਬਜੀਤ ਕੌਰ |
| ਬਰਾਂਚ ਦਾ ਨਾਂਅ : ਡੇਰਾਬੱਸੀ | |
| 096762003722 | ਰਮਨਦੀਪ ਸਿੰਘ |
| ਬਰਾਂਚ ਦਾ ਨਾਂਅ : ਸੁਨਾਮ | |
| 152662004984 | ਗਗਨਦੀਪ ਕੌਰ |
| ਬਰਾਂਚ ਦਾ ਨਾਂਅ : ਕਰਤਾਰਪੁਰ | |
| 163462002574 | ਪਰਮਜੀਤ ਸਿੰਘ |
| ਬਰਾਂਚ ਦਾ ਨਾਂਅ : ਕਪੂਰਥਲਾ-ਸੁਲਤਾਨਪੁਰ ਰੋਡ | |
| 189557000040 | ਦਲਜੀਤ ਕੌਰ |
| 189557000044 | ਦਲਜੀਤ ਕੌਰ |
| 189562001971 | ਹਰਜਿੰਦਰ ਕੌਰ |
| ਬਰਾਂਚ ਦਾ ਨਾਂਅ : ਗੁਰੂ ਹਰਸਹਾਏ | |
| 199362009220 | ਆਸਤਾ |
| ਬਰਾਂਚ ਦਾ ਨਾਂਅ : ਰਈਆ | |
| 214362002757 | ਸੰਦੀਪ ਸਿੰਘ |
| ਬਰਾਂਚ ਦਾ ਨਾਂਅ : ਭਦੌੜ, ਪੰਜਾਬ | |
| 356462002806 | ਤਾਰਾ ਸਿੰਘ |
| ਬਰਾਂਚ ਦਾ ਨਾਂਅ : ਸਰਦੂਲਗੜ੍ਹ, ਪੰਜਾਬ | |
| 356762003466 | ਤਰਨਜੀਤ ਸਿੰਘ |
| ਬਰਾਂਚ ਦਾ ਨਾਂਅ : ਸਾਦਿਕ, ਪੰਜਾਬ | |
| 357162005826 | ਗੁਰਭੇਜ ਸਿੰਘ |
| ਬਰਾਂਚ ਦਾ ਨਾਂਅ : ਭੀਖੀ | |
| 381962002657 | ਅਮਰਜੀਤ ਕੌਰ |
| 381962002898 | ਚਮਕੌਰ ਸਿੰਘ |
| ਬਰਾਂਚ ਦਾ ਨਾਂਅ : ਪਠਾਨਕੋਟ-ਡਲਹੌਜ਼ੀ ਰੋਡ | |
| 393057000014 | ਰਾਕੇਸ਼ ਸਿੰਘ |
| ਬਰਾਂਚ ਦਾ ਨਾਂਅ : ਬੇਹਾ | |
| 394962002137 | ਵੀਰਪਾਲ ਕੌਰ |
| 394962002865 | ਯਾਦਵਿੰਦਰ ਸਿੰਘ |
| ਬਰਾਂਚ ਦਾ ਨਾਂਅ : ਸਿੱਧਵਾਂ ਬੇਟ | |
| 398062000318 | ਚਰਨਜੀਤ ਸਿੰਘ |
| ਬਰਾਂਚ ਦਾ ਨਾਂਅ : ਮੁਹਾਲੀ-ਫੇਜ਼ 3 ਬੀ 2 | |
| 403062000513 | ਅਪਰਾਤਿਮ ਮੁਖਰਜੀ |
| ਬਰਾਂਚ ਦਾ ਨਾਂਅ : ਦਿਓਗੜ੍ਹ | |
| 062962003698 | ਪ੍ਰਵੀਨ ਕੁਮਾਰ ਝਾਅ |
| ਬਰਾਂਚ ਦਾ ਨਾਂਅ : ਮੁੱਛਲਪੁਰ | |
| 386262000398 | ਚੰਪਕ ਦਾਸ |
| ਬਰਾਂਚ ਦਾ ਨਾਂਅ : ਚੰਡੀਗੜ੍ਹ-ਸੈਕਟਰ 35 ਸੀ | |
| 632262010746 | ਅਮਤੇਸ਼ਵਰ ਸਿੰਘ ਗੁਲਾਟੀ |

ਮਿਤੀ : 10.03.2026
ਸਥਾਨ : ਅੰਮ੍ਰਿਤਸਰ, ਲੁਧਿਆਣਾ, ਮਾਨਸਾ, ਪਟਿਆਲਾ, ਸਾਹਿਬਜ਼ਾਦਾ ਅਜੀਤ ਸਿੰਘ ਨਗਰ, ਬਠਿੰਡਾ, ਫਾਜ਼ਿਲਕਾ, ਗੁਰਦਾਸਪੁਰ, ਜਲੰਧਰ, ਕਪੂਰਥਲਾ, ਤਰਨ ਤਾਰਨ, ਬਰਨਾਲਾ, ਪਠਾਨਕੋਟ, ਫਰੀਦਕੋਟ, ਮੋਗਾ, ਮਾਲੇਰਕੋਟਲਾ ਫਿਰੋਜ਼ਪੁਰ, ਚੰਡੀਗੜ੍ਹ, ਫਤਿਹਗੜ੍ਹ ਸਾਹਿਬ, ਹੁਸ਼ਿਆਰਪੁਰ, ਸੰਗਰੂਰ, ਮੁਹਾਲੀ, ਚੰਡੀਗੜ੍ਹ

ਸਹੀ/- ਅਧਿਕਾਰਤ ਅਫਸਰ
ਵਾਸਤੇ ਆਈ ਸੀ ਆਈ ਸੀ ਆਈ ਬੈਂਕ ਲਿਮਿਟਿਡ



SBI RETAIL ASSETS CENTRAL PROCESSING CENTRE (05296), CIVIL LINES, FOUNTAIN CHOWK, LUDHIANA

**ਰੂਲ 8 (1) ਕਬਜ਼ਾ ਨੋਟਿਸ (ਅਚੱਲ ਜਾਇਦਾਦ ਵਾਸਤੇ)**

ਜਦੋਂ ਕਿ ਨਿਮਨਹਸਤਾਖਰੀ ਨੇ ਸਟੇਟ ਬੈਂਕ ਆਫ ਇੰਡੀਆ, ਆਰ ਏ ਸੀ ਪੀ ਸੀ, ਸਿਵਲ ਲਾਈਨਜ਼, ਲੁਧਿਆਣਾ ਦੇ ਅਧਿਕਾਰਤ ਅਫਸਰ ਵਜੋਂ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ, ਐਕਟ 2002 ਅਤੇ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਈ ਮਿਤੀ 'ਤੇ ਕਰਜ਼ਦਾਰਾਂ/ਗਰੰਟਰਾਂ ਨੂੰ ਉਕਤ ਨੋਟਿਸਾਂ ਦੀ ਪ੍ਰਾਪਤੀ ਮਿਤੀ ਤੋਂ 60 ਦਿਨਾਂ ਦੇ ਅੰਦਰ ਨੋਟਿਸਾਂ 'ਚ ਦਰਸਾਈ ਰਕਮ ਵਾਪਸ ਮੋੜਨ ਲਈ ਡਿਮਾਂਡ ਨੋਟਿਸ ਜਾਰੀ ਕੀਤੇ ਸਨ।

ਕਰਜ਼ਦਾਰ ਅਤੇ ਗਰੰਟਰ ਰਕਮ ਅਦਾ ਕਰਨ 'ਚ ਅਸਫਲ ਰਹੇ ਹਨ, ਜਾਇਦਾਦ ਦੇ ਕਰਜ਼ਦਾਰਾਂ, ਗਰੰਟਰਾਂ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 8 ਨਾਲ ਪੜ੍ਹੇ ਜਾਂਦੇ ਸੈਕਸ਼ਨ 13 ਦੇ ਸਬ-ਸੈਕਸ਼ਨ (4) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਈ ਜਾਇਦਾਦ ਦਾ ਹੇਠਾਂ ਦਰਸਾਏ ਖਾਤਿਆਂ ਵਿਰੁੱਧ ਇਨ੍ਹਾਂ ਮਿਤੀਆਂ ਨੂੰ ਕਬਜ਼ਾ ਹਾਸਲ ਕਰ ਲਿਆ ਹੈ।

ਖਾਸ ਕਰਕੇ ਕਰਜ਼ਦਾਰਾਂ ਅਤੇ ਗਰੰਟਰਾਂ ਅਤੇ ਆਮ ਜਨਤਾ ਨੂੰ ਜਾਇਦਾਦ ਸੰਬੰਧੀ ਸੌਦੇਬਾਜ਼ੀ ਨਾ ਕੀਤੇ ਜਾਣ ਲਈ ਖਬਰਦਾਰ ਕੀਤਾ ਜਾਂਦਾ ਹੈ ਅਤੇ ਜਾਇਦਾਦ ਸੰਬੰਧੀ ਕਿਸੇ ਤਰ੍ਹਾਂ ਦੀ ਸੌਦੇਬਾਜ਼ੀ ਕਰਨ 'ਤੇ ਸਟੇਟ ਬੈਂਕ ਆਫ ਇੰਡੀਆ, ਆਰ ਏ ਸੀ ਪੀ ਸੀ, ਸਿਵਲ ਲਾਈਨਜ਼, ਲੁਧਿਆਣਾ ਵੱਲੋਂ ਹੇਠਾਂ ਦਰਸਾਈ ਕੁੱਲ ਰਕਮ ਜਮ੍ਹਾਂ ਇਸ ਉਪਰ ਭਵਿੱਖੀ ਵਿਆਜ ਅਤੇ ਲਾਗਤਾਂ ਆਦਿ ਵਸੂਲ ਕੀਤੀ ਜਾਵੇਗੀ।

ਉਪਲਬਧ ਸਮੇਂ 'ਚ ਸਕਿਉਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

| ਲੜੀ ਨੰ. | ਕਰਜ਼ਦਾਰ/ਗਰੰਟਰ ਅਤੇ ਜਾਇਦਾਦ ਦੇ ਮਾਲਕ ਦਾ ਨਾਂਅ | ਰਹਿਣ ਕੀਤੀਆਂ ਜਾਇਦਾਦਾਂ ਦਾ ਵੇਰਵਾ | ਡਿਮਾਂਡ ਨੋਟਿਸ ਦੀ ਮਿਤੀ | ਕਬਜ਼ੇ ਦੀ ਮਿਤੀ | ਕਬਜ਼ੇ ਦੀ ਕਿਸਮ / ਬਕਾਇਆ ਰਕਮ |
|---|---|---|---|---|---|
| 01. | (ਕਰਜ਼ਦਾਰ) ਸ੍ਰੀ ਰਾਜੀਵ ਮਲਹੋਤਰਾ ਪੁੱਤਰ ਸ੍ਰੀ ਮਨਮੋਹਨ ਮਲਹੋਤਰਾ, ਸ੍ਰੀਮਤੀ ਪ੍ਰੀਤੀ ਮਲਹੋਤਰਾ ਪਤਨੀ ਸ੍ਰੀ ਰਾਜੀਵ ਮਲਹੋਤਰਾ, ਸ੍ਰੀਮਤੀ ਰਿਤੂ ਗੁਪਤਾ ਮਲਹੋਤਰਾ ਪਤਨੀ ਸ੍ਰੀ ਸੰਜੀਵ ਮਲਹੋਤਰਾ ਅਤੇ ਸ੍ਰੀ ਮਨਮੋਹਨ ਮਲਹੋਤਰਾ ਪੁੱਤਰ ਸ੍ਰੀ ਸਰਦਾਰੀ ਲਾਲ ਮਲਹੋਤਰਾ ਸਾਰੇ ਵਾਸੀ ਬੀ-23, 462-ਸੀ, ਕਿਦਵਈ ਨਗਰ, ਨੇੜੇ ਮਹਾਰਾਜਾ ਬੈਂਡ, ਲੁਧਿਆਣਾ-141008 | ਪਲਾਟ/ਮਕਾਨ ਦਾ ਉਚਿਤ ਗਿਰਵੀਨਾਮਾ ਰਕਬਾ 98 ਵਰਗ ਗਜ਼, ਖਸਰਾ ਨੰ. 13, ਖੱਤਾ ਨੰ. 895/1198, ਜਮ੍ਹਾਂਬੰਦੀ ਸਾਲ 2004-05 ਵਸੀਕਾ ਨੰ. 23880 ਮਿਤੀ 22/02/2012, ਪਿੰਡ ਢੋਲੇਵਾਲ, ਹੱਦਬਸਤ ਨੰ. 174, ਨਿਊ ਕਿਦਵਈ ਨਗਰ ਵਜੋਂ ਜਾਣਿਆ ਜਾਂਦਾ ਸਥਾਨ, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ। ਹੱਦਾਂ : ਪੂਰਬ : ਗੁਆਂਢ 42'-5", ਪੱਛਮ : ਗੁਆਂਢ 42'-5", ਉੱਤਰ : ਗੁਆਂਢ 20'-9", ਦੱਖਣ : ਗਲੀ 20'-9" | 03.12.2025 | 06.03.2026 | ਸੰਕੇਤਕ ਕਬਜ਼ਾ / ਰੁਪਏ 21,02,684/-(ਇੱਕੀ ਲੱਖ ਦੋ ਹਜ਼ਾਰ ਛੇ ਸੌ ਚੁਰਾਸੀ ਰੁਪਏ ਕੇਵਲ) ਜਮ੍ਹਾਂ 03-12-2025 ਤੋਂ ਭਵਿੱਖੀ ਵਿਆਜ, ਮਿਤੀ ਤੱਕ ਮੁਕੰਮਲ ਅਤੇ ਅੰਤਮ ਅਦਾਇਗੀ। |
| 02. | (ਕਰਜ਼ਦਾਰ) : ਸ੍ਰੀ ਰਾਕੇਸ਼ ਕੁਮਾਰ ਵਰਮਾ ਪੁੱਤਰ ਸ੍ਰੀ ਕੁੰਦਨ ਲਾਲ ਵਰਮਾ, ਮਕਾਨ ਨੰ. 175, ਸੈਕਟਰ 39 ਏ, ਅਰਬਨ ਅਸਟੇਟ, ਚੰਡੀਗੜ੍ਹ ਰੋਡ, ਫੋਕਲ ਪੁਆਇੰਟ, ਲੁਧਿਆਣਾ। | ਜਾਇਦਾਦ/ਪਲਾਟ 175, ਰਕਬਾ 200 ਵਰਗ ਗਜ਼ ਦੇ ਸਾਰੇ ਹਿੱਸੇ, ਸੈਕਟਰ 39 ਏ ਵਿਖੇ ਸਥਿਤ, ਅਰਬਨ ਅਸਟੇਟ, ਸਮਰਾਲਾ ਚੌਕ, ਲੁਧਿਆਣਾ, ਜ਼ਿਲ੍ਹਾ ਲੁਧਿਆਣਾ। ਹੱਦਾਂ : ਪੂਰਬ : ਗੁਆਂਢ 60', ਪੱਛਮ : ਖਾਲੀ ਪਲਾਟ 60', ਉੱਤਰ : ਗੁਆਂਢ 30', ਦੱਖਣ : ਗਲੀ 30', ਬੈਨਾਮਾ ਵਸੀਕਾ ਨੰ. 3621 ਮਿਤੀ 16-05-2013, ਸ੍ਰੀ ਰਾਕੇਸ਼ ਕੁਮਾਰ ਪੁੱਤਰ ਸ੍ਰੀ ਕੁੰਦਨ ਲਾਲ ਦੇ ਨਾਂਅ ਬਕਾਇਆ। | 23.12.2025 | 06.03.2026 | ਸੰਕੇਤਕ ਕਬਜ਼ਾ / ਰੁਪਏ 8,80,576/- (ਅੱਠ ਲੱਖ ਅੱਸੀ ਹਜ਼ਾਰ ਪੰਜ ਸੌ ਛਿਹੱਤਰ ਰੁਪਏ ਕੇਵਲ) ਜਮ੍ਹਾਂ 23.12.2025 ਤੋਂ ਭਵਿੱਖੀ ਵਿਆਜ ਮਿਤੀ ਤੱਕ ਮੁਕੰਮਲ ਅਤੇ ਅੰਤਮ ਅਦਾਇਗੀ। |
| 03. | (ਕਰਜ਼ਦਾਰ) ਸ੍ਰੀ ਪ੍ਰੇਮ ਪ੍ਰਕਾਸ਼ ਪੁੱਤਰ ਸ੍ਰੀ ਗਿਆਨ ਚੰਦ, ਸ੍ਰੀ ਰਣਜੀਵ ਕੁਮਾਰ ਪੁੱਤਰ ਸ੍ਰੀ ਪ੍ਰੇਮ ਪ੍ਰਕਾਸ਼ ਅਤੇ ਸ੍ਰੀਮਤੀ ਰੇਸ਼ਮਾ ਕੁਮਾਰੀ ਪਤਨੀ ਸ੍ਰੀ ਰਣਜੀਵ ਕੁਮਾਰ ਸਾਰੇ ਵਾਸੀ ਮਕਾਨ ਨੰ. 53, ਆਰ ਐੱਸ ਪੁਰਮ, ਨਿਊ ਕਿਚਲੂ ਨਗਰ, ਹੰਬੜਾਂ ਰੋਡ, ਲੁਧਿਆਣਾ। | ਜਾਇਦਾਦ/ਮਕਾਨ/ ਫਲੈਟ ਨੰ. 53 ਦੇ ਸਾਰੇ ਹਿੱਸੇ, ਆਰ ਐੱਸ ਪੁਰਮ, ਨਿਊ ਕਿਚਲੂ ਨਗਰ, ਲੁਧਿਆਣਾ, ਰਕਬਾ 100 ਵਰਗ ਗਜ਼, ਖਸਰਾ ਨੰ. 23/16, ਖੱਤਾ ਨੰ. 62/85, ਜਮ੍ਹਾਂਬੰਦੀ ਸਾਲ 2002-03 ਵਾਕਿਆ ਪਿੰਡ ਪ੍ਰਤਾਪ ਸਿੰਘ ਵਾਲਾ, ਹੱਦਬਸਤ ਨੰ. 151, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ, ਅਬਾਦੀ ਆਰ ਐੱਸ ਪੁਰਮ, ਨਿਊ ਕਿਚਲੂ ਨਗਰ ਵਜੋਂ ਜਾਣਿਆ ਜਾਂਦਾ ਸਥਾਨ, ਲੁਧਿਆਣਾ। ਬੈਨਾਮਾ ਵਜੋਂ ਰਜਿਸਟਰਡ ਵਸੀਕਾ ਨੰ. 20844 ਮਿਤੀ 22.12.2006 ਸ੍ਰੀ ਪ੍ਰੇਮ ਪ੍ਰਕਾਸ਼ ਪੁੱਤਰ ਗਿਆਨ ਚੰਦ ਅਤੇ ਸ੍ਰੀ ਰਣਜੀਵ ਕੁਮਾਰ ਪੁੱਤਰ ਸ੍ਰੀ ਪ੍ਰਕਾਸ਼ ਚੰਦ ਦੇ ਨਾਂਅ। ਪੂਰਬ : ਗੁਆਂਢ 20 ਫੁੱਟ, ਪੱਛਮ : ਗਲੀ 20 ਫੁੱਟ, ਉੱਤਰ : ਗੁਆਂਢ 45 ਫੁੱਟ, ਦੱਖਣ : ਤਿਲਕ ਰਾਜ 45 ਫੁੱਟ। | 26.12.2025 | 05.03.2026 | ਸੰਕੇਤਕ ਕਬਜ਼ਾ / ਰੁਪਏ 1,64,342/- (ਇੱਕ ਲੱਖ ਚੌਂਹਠ ਹਜ਼ਾਰ ਤਿੰਨ ਸੌ ਬਤਾਲੀ ਰੁਪਏ ਕੇਵਲ) ਜਮ੍ਹਾਂ 25.12.2025 ਤੋਂ ਭਵਿੱਖੀ ਵਿਆਜ ਮਿਤੀ ਤੱਕ ਮੁਕੰਮਲ ਅਤੇ ਅੰਤਮ ਅਦਾਇਗੀ। |

ਮਿਤੀ : 09-03-2026 ਸਥਾਨ : ਲੁਧਿਆਣਾ ਅਧਿਕਾਰਤ ਅਫਸਰ

# ਦਰਬਾਰਾ ਸਿੰਘ ਸਰਕਾਰੀ ਕਾਲਜ ਸ਼ਾਹਕੋਟ ਨੇ ਖੇਡ ਮੇਲਾ ਕਰਵਾਇਆ

**ਸ਼ਾਹਕੋਟ (ਗਿਆਨ ਸੈਦਪੁਰੀ)** 'ਇਸ ਇਲਾਕੇ ਦੀ ਚਿਰੋਕਣੀ ਮੰਗ ਸੀ ਕਿ ਇੱਥੇ ਸਰਕਾਰੀ ਕਾਲਜ ਦੀ ਸਥਾਪਨਾ ਹੋਵੇ ਤਾਂ ਕਿ ਖੇਤਰ ਦੇ ਬੇਟੇ ਬੇਟੀਆਂ ਚੰਗੀ ਸਿੱਖਿਆ ਪ੍ਰਾਪਤ ਕਰਕੇ ਜ਼ਿੰਦਗੀ ਵਿੱਚ ਚੰਗਾ ਮੁਕਾਮ ਹਾਸਿਲ ਕਰ ਸਕਣ। ਮੇਰੀ ਕੋਸ਼ਿਸ਼ ਅਤੇ ਸਾਥੀਆਂ ਦੇ ਸਹਿਯੋਗ ਨਾਲ ਲੋਕਾਂ ਦੀਆਂ ਉਮੀਦਾਂ ਨੂੰ ਬੂਰ ਪਿਆ ਤਾਂ ਖੁਸ਼ੀ ਹੋਣੀ ਸੁਭਾਵਿਕ ਸੀ। ਅੱਜ ਜਦੋਂ ਮੈਂ ਕਾਲਜ ਦੇ

**● ਇਨਾਮਾਂ ਦੀ ਵੰਡ ਹਲਕਾ ਵਿਧਾਇਕ ਸ਼ੇਰੋਵਾਲੀਆ ਨੇ ਕੀਤੀ**

ਪਹਿਲੇ ਖੇਡ ਸਮਾਗਮ ਦਾ ਹਿੱਸਾ ਬਣਿਆ ਹਾਂ ਤਾਂ ਪ੍ਰਸੰਨਤਾ ਦੇ ਨਾਲ ਨਾਲ ਮਾਨਸਿਕ ਸਕੂਨ ਵੀ ਮਿਲਿਆ ਹੈ'। ਉਕਤ ਵਿਚਾਰਾਂ ਦਾ ਪ੍ਰਗਟਾਵਾ ਹਲਕਾ ਵਿਧਾਇਕ ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆ ਨੇ ਸਰਦਾਰ ਦਰਬਾਰਾ ਸਿੰਘ ਸਰਕਾਰੀ ਕਾਲਜ ਦੇ ਪਹਿਲੇ ਖੇਡ ਮੇਲੇ ਦਾ ਉਦਘਾਟਨ ਕਰਦਿਆਂ ਕੀਤਾ। ਉਨ੍ਹਾਂ ਨੇ ਖੇਡਾਂ ਦੀ ਮਹੱਤਤਾ ਬਾਰੇ ਵੀ ਚਾਨਣਾ ਪਾਇਆ। ਇਸ ਤੋਂ ਪਹਿਲਾਂ ਕਾਲਜ ਦੇ ਪ੍ਰਿੰਸੀਪਲ ਡਾ. ਜਗਜੀਤ ਕੌਰ ਨੇ ਮੁੱਖ ਮਹਿਮਾਨ ਹਲਕਾ ਵਿਧਾਇਕ ਸ਼ੇਰੋਵਾਲੀਆ ਦਾ ਭਾਵਪੂਰਤ ਸ਼ਬਦਾਂ ਰਾਹੀਂ ਸਵਾਗਤ ਕੀਤਾ।ਖੇਡ ਮੇਲੇ ਦੀ ਸ਼ੁਰੂਆਤ ਝੰਡਾ ਲਹਿਰਾਉਣ ਦੀ ਰਸਮ ਨਾਲ ਹੋਈ।ਇਸ ਮੌਕੇ ਕਾਲਜ ਵਿਦਿਆਰਥੀਆਂ ਵੱਲੋਂ ਸ਼ਾਨਦਾਰ ਮਾਰਚ ਪਾਸਟ ਕੀਤਾ ਗਿਆ। ਖੇਡ ਮੁਕਾਬਲਿਆਂ ਵਿੱਚ ਸੱਚੀ ਸੁੱਚੀ ਖੇਡ ਭਾਵਨਾ ਦੀ ਪਾਲਣਾ ਕਰਨ ਲਈ ਸਹੁੰ ਚੁੱਕਣ ਦੀ ਰਸਮ ਵੀ ਹੋਈ। ਕਾਲਜ ਵਿਦਿਆਰਥੀ ਗੁਰਵਿੰਦਰ ਸਿੰਘ ਜਦੋਂ ਮਿਸ਼ਾਲ ਲੈ ਕੇ ਆਇਆ ਤਾਂ ਮਾਹੌਲ ਉਤਸ਼ਾਹ ਨਾਲ ਭਰ ਗਿਆ।ਇਸੇ ਦੌਰਾਨ ਲੜਕੇ ਅਤੇ ਲੜਕੀਆਂ ਦੀਆਂ ਦੌੜਾਂ ਦੇ ਮੁਕਾਬਲੇ ਹੋਏ ਇਹਨਾਂ ਮੁਕਾਬਲਿਆਂ ਨੇ ਜਿੱਥੇ ਦਰਸ਼ਕਾਂ




ਅੰਦਰ ਦਿਲਚਸਪੀ ਪੈਦਾ ਕੀਤੀ ਉੱਥੇ ਹਾਂ ਪੱਖੀ ਮੁਕਾਬਲੇਬਾਜ਼ੀ ਦਾ ਖੂਬਸੂਰਤ ਮੰਜ਼ਰ ਨਜ਼ਰ ਆਇਆ।ਇਸ ਮੌਕੇ ਸਟੇਜ ਚਲਾ ਰਹੇ ਪ੍ਰੋਫੈਸਰ ਬਲਵਿੰਦਰ ਸਿੰਘ ਨੇ ਆਪਣੇ ਕਾਵਿਕ ਸ਼ਬਦਾਂ ਰਾਹੀਂ ਖਿਡਾਰੀਆਂ ਨੂੰ ਹੱਲਾਸ਼ੇਰੀ ਦਿੱਤੀ। ਇਸ ਸਾਲਾਨਾ ਖੇਡ ਮੇਲੇ ਵਿੱਚ ਅਨੇਕਾਂ ਦਿਲਚਸਪ ਮੁਕਾਬਲਿਆਂ ਦਾ ਪ੍ਰਦਰਸ਼ਨ ਹੋਇਆ। ਇਹਨਾਂ ਵਿੱਚ ਗੋਲਾ ਸੁੱਟਣਾ, ਲੰਬੀ ਛਾਲ, ਬੋਰੀ ਰੇਸ, ਚਾਟੀ ਰੇਸ, ਗੁਬਾਰਾ ਰੇਸ, ਰੱਸਾ ਕਸ਼ੀ, ਨਿੰਬੂ ਰੇਸ, ਅਤੇ ਟਰਿਪਲ ਜੰਪ ਸ਼ਾਮਿਲ ਸਨ। ਬੈਸਟ ਅਥਲੀਟਾਂ ਵਜੋਂ ਤੇਜਵਿੰਦਰ ਸਿੰਘ ਤੇ ਨਵਜੋਤ ਕੌਰ ਦੀ ਚੋਣ ਹੋਈ। ਇਸ ਮੌਕੇ ਸੰਬੋਧਨ ਕਰਦਿਆਂ ਪ੍ਰਿੰਸੀਪਲ ਡਾ. ਜਗਜੀਤ ਕੌਰ ਨੇ ਕਿਹਾ ਕਿ ਖੇਡਾਂ ਸਾਨੂੰ ਜਿੱਥੇ ਤੰਦਰੁਸਤੀ ਬਖਸ਼ਦੀਆਂ ਹਨ, ਉੱਥੇ ਸਮਾਜਿਕ ਰੁਤਬਾ ਬੁਲੰਦ ਕਰਦੀਆਂ ਹਨ ਅਤੇ ਮਨ ਨੂੰ ਮਜ਼ਬੂਤ ਕਰਦੀਆਂ ਹਨ। ਸਾਲਾਨਾ ਖੇਡ ਮੇਲੇ ਦੌਰਾਨ ਜਿੱਥੇ ਮੈਡਮ ਹਰਮਨਦੀਪ ਕੌਰ ਸਾਰਾ ਸਮਾਂ ਸਰਗਰਮ ਨਜ਼ਰ ਆਏ, ਉੱਥੇ ਸਮਾਗਮ ਦੀ ਸਫਲਤਾ ਲਈ ਪੰਜਾਬੀ ਦੇ ਪ੍ਰੋਫੈਸਰ ਬਲਵਿੰਦਰ ਸਿੰਘ, ਕੁਲਵੰਤ ਸਿੰਘ ਢਿੱਲੋਂ, ਪ੍ਰੋਫੈਸਰ ਜਸਵਿੰਦਰ ਕੌਰ, ਪ੍ਰੋਫੈਸਰ ਅਰਸ਼ਦੀਪ ਸਿੰਘ, ਡਾ. ਕੰਵਲਜੀਤ ਕੌਰ, ਡਾ. ਕਮਲਜੀਤ ਕੌਰ, ਸਮੂਹ ਟੀਚਿੰਗ ਸਟਾਫ, ਨਾਨ-ਟੀਚਿੰਗ ਸਟਾਫ ਨੇ ਆਪੋ-ਆਪਣੇ ਫਰਜ਼ ਤਨਦੇਹੀ ਨਾਲ ਨਿਭਾਏ। ਇਨਾਮਾਂ ਦੀ ਵੰਡ ਮੁੱਖ ਮਹਿਮਾਨ ਹਲਕਾ ਵਿਧਾਇਕ ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆ, ਪ੍ਰਿੰਸੀਪਲ ਡਾ. ਜਗਜੀਤ ਕੌਰ, ਨਗਰ ਪੰਚਾਇਤ ਸ਼ਾਹਕੋਟ ਦੇ ਪ੍ਰਧਾਨ ਗੁਲਜ਼ਾਰ ਸਿੰਘ ਥਿੰਦ ਆਦਿ ਨੇ ਕੀਤੀ। ਇਨਾਮਾਂ ਵਿੱਚ ਮੈਡਲ ਟਰਾਫੀ ਅਤੇ ਸਰਟੀਫਿਕੇਟ ਸ਼ਾਮਿਲ ਸਨ।ਕਾਲਜ ਵੱਲੋਂ ਗੁਲਜ਼ਾਰ ਸਿੰਘ ਥਿੰਦ, ਜਗਤਾਰ ਸਿੰਘ ਖਾਲਸਾ, ਸੋਨੂੰ ਕੰਗ ਪੀਏ, ਰੂਬੀ ਕਾਹਲੋਂ, ਮਨਜੀਤ ਸਿੰਘ ਸੱਤਾ ਟਰਾਂਸਪੋਰਟ, ਸੋਨੂੰ ਮਿੱਤਲ, ਡਾ. ਦੀਪਕ ਚੰਦਰ ਐਸ ਐਮ ਓ ਸ਼ਾਹਕੋਟ, ਡਾ.ਧੀਰਜ ਕੁਮਾਰ, ਡਾ. ਰੁਪਿੰਦਰ ਕੌਰ, ਚਰਨਜੀਤ ਸਿੰਘ, ਰਾਹੁਲ ਵਿੱਗ, ਭੀਮ ਸੈਨ ਅਤੇ ਵਿਨੋਦ ਕੁਮਾਰ ਨੂੰ ਵੀ ਸਨਮਾਨਤ ਕੀਤਾ ਗਿਆ।ਅੰਤ ਵਿੱਚ ਕਾਲਜ ਦੇ ਪ੍ਰਿੰਸੀਪਲ ਡਾ. ਜਗਜੀਤ ਕੌਰ ਨੇ ਸਭ ਦਾ ਧੰਨਵਾਦ ਕੀਤਾ।

## ਪੰਜਾਬ ਸੰਭਾਲੋ ਮੁਹਿੰਮ ਤਹਿਤ ਬਸਪਾ ਕਰੇਗੀ ਸੱਤਾ ਤਬਦੀਲੀ ਦਾ ਆਗਾਜ਼ : ਕਰੀਮਪੁਰੀ

**ਹੁਸ਼ਿਆਰਪੁਰ (ਓ ਪੀ ਰਾਣਾ)**- ਬਹੁਜਨ ਸਮਾਜ ਪਾਰਟੀ ਪੰਜਾਬ ਪ੍ਰਧਾਨ ਅਤੇ ਕੇਂਦਰੀ ਇੰਚਾਰਜ ਚੰਡੀਗੜ੍ਹ ਡਾ. ਅਵਤਾਰ ਸਿੰਘ ਕਰੀਮਪੁਰੀ ਨੇ ਬਸਪਾ ਵਲੋਂ ਸੱਤਾ ਸੰਭਾਲੋ ਬਹਿਰਾਮ ਰੈਲੀ ਦੀ ਸਫਲਤਾ ਲਈ ਵੱਖ ਵੱਖ ਮੀਟਿੰਗਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਡਾ. ਕਰੀਮਪੁਰੀ ਨੇ ਕਿਹਾ ਕਿ ਸਰਕਾਰ ਨੇ ਬਹੁਜਨ ਸਮਾਜ ਦੇ ਆਰਥਿਕ ਤੇ ਸਮਾਜਿਕ ਸ਼ਕਤੀਕਰਨ ਨੂੰ ਪੂਰੀ ਤਰਾਂ ਨਜ਼ਰਅੰਦਾਜ਼ ਕੀਤਾ ਹੈ।

ਡਾ. ਕਰੀਮਪੁਰੀ ਨੇ ਜ਼ੋਰ ਦੇ ਕੇ ਕਿਹਾ ਕਿ ਮੌਜੂਦਾ ਹਾਲਾਤਾਂ ਨੂੰ ਦੇਖਦੇ ਹੋਏ ਬਸਪਾ ਵੱਲੋਂ ਵਿੱਢੀ ਗਈ 'ਪੰਜਾਬ ਸੰਭਾਲੋ ਮੁਹਿੰਮ' ਸਮੇਂ ਦੀ ਮੁੱਖ ਲੋੜ ਬਣ ਗਈ ਹੈ ਹੁਣ ਸਮਾਂ ਆ ਗਿਆ ਹੈ ਕਿ ਬਹੁਜਨ ਸਮਾਜ ਆਪਣੀ ਤਾਕਤ ਨੂੰ ਪਛਾਣੇ। 'ਸੱਤਾ ਪ੍ਰਾਪਤ ਕਰੋ' ਦੇ ਨਾਅਰੇ ਹੇਠ ਬਸਪਾ ਪੰਜਾਬ ਦੇ ਪਿੰਡ-ਪਿੰਡ ਜਾ ਕੇ ਲੋਕਾਂ ਨੂੰ ਜਾਗਰੂਕ ਕਰੇਗੀ। ਕਰੀਮਪੁਰੀ ਨੇ ਐਲਾਨ ਕੀਤਾ ਕਿ ਪਾਰਟੀ ਇਸ ਬਜਟ ਦੀਆਂ ਨਾਕਾਮੀਆਂ ਨੂੰ ਲੋਕ ਕਚਹਿਰੀ ਵਿੱਚ ਲੈ ਕੇ ਜਾਵੇਗੀ। ਉਨ੍ਹਾਂ ਕਿਹਾ ਕਿ ਪੰਜਾਬ ਦੇ ਅਸਲ ਵਿਕਾਸ ਲਈ ਬਾਬਾ ਸਾਹਿਬ ਡਾ. ਬੀ.ਆਰ. ਅੰਬੇਡਕਰ ਅਤੇ ਸ੍ਰੀ ਕਾਂਸ਼ੀ ਰਾਮ ਦੇ ਸੁਪਨਿਆਂ ਵਾਲੀ ਸਰਕਾਰ ਸਥਾਪਿਤ ਕਰਨਾ ਹੀ ਬਸਪਾ ਦਾ ਮੁੱਖ ਟੀਚਾ ਹੈ।

## ਜਸਪ੍ਰੀਤ ਕੌਰ ਨੇ ਡੇਰਾਬੱਸੀ ਦਾ ਨਾਂਅ ਕੀਤਾ ਰੌਸ਼ਨ ਕੀਤਾ : ਕੇ ਪੀ ਸ਼ਰਮਾ

**ਡੇਰਾਬੱਸੀ,(ਵਿਨੈ ਕੁਮਾਰ ਜੈਨ)**- ਯੂਨੀਅਨ ਪਬਲਿਕ ਸਰਵਿਸ ਕਮਿਸ਼ਨ ਵੱਲੋਂ ਜਾਰੀ ਨਤੀਜਿਆਂ ਅਨੁਸਾਰ ਭਾਰਤ ਵਿੱਚ 422 ਵਾਂ ਸਥਾਨ ਹਾਸਿਲ ਕਰਨ ਵਾਲੀ ਡੇਰਾਬੱਸੀ ਸਬ ਡਵੀਜ਼ਨ ਦੇ ਪਿੰਡ ਕਕਰਾਲੀ ਦੀ ਧੀ ਜਸਪ੍ਰੀਤ ਕੌਰ ਨੇ ਆਪਣੇ ਪਰਵਾਰ ਦਾ ਹੀ ਨਹੀਂ ਸਗੋਂ



ਸਮੁੱਚੇ ਡੇਰਾਬੱਸੀ ਹਲਕੇ ਦਾ ਨਾਂਅ ਰੌਸ਼ਨ ਕੀਤਾ ਹੈ। ਇਸ ਬੇਟੀ 'ਤੇ ਸਾਨੂੰ ਸਾਰਿਆਂ ਨੂੰ ਮਾਣ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਜ਼ਿਲ੍ਹਾ ਯੋਜਨਾ ਬੋਰਡ ਮੋਹਾਲੀ ਦੇ ਸਾਬਕਾ ਚੇਅਰਮੈਨ ਅਤੇ ਸੀਨੀਅਰ ਅਕਾਲੀ ਆਗੂ ਕੇ ਪੀ ਸ਼ਰਮਾ ਨੇ ਜਸਪ੍ਰੀਤ ਕੌਰ ਨੂੰ ਇਸ ਵਿਸ਼ੇਸ਼ ਪ੍ਰਾਪਤੀ ਲਈ ਸਨਮਾਨਤ ਕਰਦਿਆਂ ਕੀਤਾ।ਉਨ੍ਹਾਂ ਕਿਹਾ ਕਿ ਸਹੂਲਤਾਂ ਤੋਂ ਸੱਖਣੇ ਛੋਟੇ ਜਿਹੇ ਪਿੰਡ ਕਕਰਾਲੀ ਤੋਂ ਕਿਸੇ ਬੇਟੀ ਦਾ ਇਸ ਤਰ੍ਹਾਂ ਕੋਈ ਮੁਕਾਮ ਹਾਸਿਲ ਕਰਨਾ ਬਹੁਤ ਵੱਡੀ ਗੱਲ ਹੈ ਤੇ ਸ਼ਲਾਘਾਯੋਗ ਹੈ, ਹੋਰ ਬੱਚਿਆਂ ਨੂੰ ਵੀ ਅਜਿਹੇ ਹੋਣਹਾਰ ਨੌਜਵਾਨਾਂ ਤੋਂ ਸੇਧ ਲੈਣੀ ਚਾਹੀਦੀ ਹੈ। ਇਸ ਮੌਕੇ ਪ੍ਰਿੰਸਿਪਲ ਮੀਨਾ ਰਾਜਪੂਤ, ਸਮਾਜ ਸੇਵੀ ਡਾਕਟਰ ਬਰਖਾ ਰਾਮ, ਹਰਜੀਤ ਸਿੰਘ, ਜਸਪ੍ਰੀਤ ਕੌਰ ਦੇ ਪਿਤਾ ਰਘੁਬੀਰ ਸਿੰਘ ਮਾਤਾ ਦਵਿੰਦਰ ਕੌਰ ਸਮੇਤ ਹੋਰ ਪਰਵਾਰਕ ਮੈਂਬਰ ਹਾਜ਼ਰ ਸਨ।

## ਖੂਨ-ਦਾਨ ਕੈਂਪ ਲਗਾਇਆ

**ਜੇਜੋਂ ਦੋਆਬਾ, (ਨਿਰਮਲ ਸਿੰਘ ਮੁੱਗੋਵਾਲ)**- ਸਤਿਗੁਰੂ ਨਿਰੰਜਨ ਦਾਸ ਜੀ ਮਹਾਰਾਜ ਟਰੱਸਟ ਪਿੰਡ ਜੰਡੋਲੀ ਵੱਲੋਂ 12ਵਾਂ ਮਹਾਨ ਖੂਨਦਾਨ ਕੈਂਪ ਲਗਾਇਆ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਟਰੱਸਟ ਦੇ ਪ੍ਰਧਾਨ ਡਾਕਟਰ ਕੁਲਵਿੰਦਰ ਸਿੰਘ ਜੰਡੋਲੀ ਨੇ ਦੱਸਿਆ ਕਿ



ਇਹ ਖੂਨਦਾਨ ਕੈਂਪ ਸਾਹਿਲ ਲੈਬੋਰਟਰੀ ਜੰਡੋਲੀ ਵਿਖੇ ਲੱਗਿਆ। ਉਹਨਾਂ ਕਿਹਾ ਕਿ ਖੂਨਦਾਨ ਇੱਕ ਮਹਾਨ ਦਾਨ ਹੈ, ਲੋੜ ਵੇਲੇ ਕਿਸੇ ਜ਼ਰੂਰਤਮੰਦ ਵਿਅਕਤੀ ਦੀ ਦਿੱਤੇ ਹੋਏ ਖੂਨ ਨਾਲ ਜਾਨ ਬਚਾਈ ਜਾ ਸਕਦੀ ਹੈ। ਉਹਨਾਂ ਦੱਸਿਆ ਕਿ ਇਹ ਕੈਂਪ ਭਾਈ ਘਨੱਈਆ ਜੀ ਚੈਰੀਟੇਬਲ ਬਲੱਡ ਬੈਂਕ ਹੁਸ਼ਿਆਰਪੁਰ ਵੱਲੋਂ ਡਾ. ਦਿਲਬਾਗ ਸਿੰਘ ਦੀ ਅਗਵਾਈ ਹੇਠ ਉਹਨਾਂ ਦੀ ਟੀਮ ਵੱਲੋਂ ਲਗਾਇਆ ਗਿਆ। ਇਸ ਮੌਕੇ ਸਾਹਿਲ ਮੈਂਬਰ ਬਲਾਕ ਸੰਮਤੀ, ਅਮਨ, ਗੀਤਾ ਰਾਣੀ, ਮਨੀ, ਲਵਨ, ਹਰਮਨ ਅਤੇ ਟਰੱਸਟ ਦੇ ਮੈਂਬਰ ਅਤੇ ਮੋਹਤਵਰ ਵਿਅਕਤੀ ਹਾਜ਼ਰ ਸਨ। ਇਸ ਮੌਕੇ ਡਾਕਟਰ ਇਸ਼ਾਕ ਕੁਮਾਰ ਵਿਧਾਇਕ ਹਲਕਾ ਚੱਬੇਵਾਲ ਨੇ ਟਰੱਸਟ ਦੇ ਇਸ ਉਦਮ ਦੀ ਸਰਾਹਨਾ ਕੀਤੀ।

## ਕੈਂਟਰ ਤੇ ਅਰਟਿਕਾ ਦੀ ਟੱਕਰ, ਲੜਕੀ ਜ਼ਖਮੀ

**ਪੋਜੇਵਾਲ (ਰਾਮ ਲਾਲ)** ਬਲਾਚੌਰ ਤੋਂ ਗੜ੍ਹਸ਼ੰਕਰ ਦੇ ਵਿਚਕਾਰ ਬੰਦ ਪੈਂਦੇ ਟੋਲ ਪਲਾਜ਼ਾ ਕੋਲ ਇੱਕ ਕੈਂਟਰ ਗੱਡੀ ਅਤੇ ਅਰਟਿਕਾ ਦੀ ਟੱਕਰ ਹੋਈ ।ਇਸ ਸਮੇਂ ਐਸ ਐਸ ਐਫ ਟੀਮ ਨੇ



ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਕੈਂਟਰ ਗੱਡੀ ਤੇ ਅਰਟਿੱਕਾ ਕਾਰ ਦੀ ਟੱਕਰ ਹੋਈ ਜਿਸ ਨਾਲ ਜਾਨੀ ਨੁਕਸਾਨ ਦਾ ਬਚਾਅ ਹੋਇਆ। ਅਰਟਿਕਾ ਗੱਡੀ ਕਾਫੀ ਨੁਕਸਾਨ ਹੋਇਆ ਹੈ। ਇਸ ਦੁਰਘਟਨਾ ਵਿੱਚ ਲੜਕੀ ਜ਼ਖਮੀ ਹੋਈ ਹੈ। ਜਿਸ ਨੂੰ ਬਲਾਚੌਰ ਦੇ ਸਿਵਲ ਹਸਪਤਾਲ ਵਿਚ ਭਰਤੀ ਕਰਵਾਇਆ ਗਿਆ। ਜੋ ਕਿ ਜੇਰੇ ਇਲਾਜ ਅਧੀਨ ਹੈ। ਜਖਮੀ ਹੋਈ ਲੜਕੀ ਦਾ ਨਾਂਅ ਕਰਿਤੀ ਪਤਨੀ ਮਹੇਸ਼ ਦੋਮੰਗਾ (ਯੂ ਪੀ) ਦੀ ਰਹਿਣ ਵਾਲੀ ਹੈ।ਇਸ ਸਮੇਂ ਐਸ ਐਸ ਐਫ ਟੀਮ ਨੇ ਆਪਣੀ ਜਿੰਮੇਵਾਰੀ ਨਿਭਾਉਦੇ ਹੋਏ ਦੋਨੋ ਗੱਡੀਆਂ ਨੂੰ ਸੜਕ ਤੋਂ ਇਕ ਪਾਸੇ ਕੀਤਾ ਤੇ ਜ਼ਖਮੀ ਹੋਈ ਲੜਕੀ ਨੂੰ ਹਸਪਤਾਲ ਪਹੁੰਚਿਆ।

## ਸਾਂਝਾ ਫਰੰਟ ਵੱਲੋਂ ਕੀਤੇ ਗਏ ਰੋਸ ਪ੍ਰਦਰਸ਼ਨ ਦੌਰਾਨ ਲਾਠੀਚਾਰਜ ਦੀ ਨਿਖੇਧੀ



**ਜਲੰਧਰ (ਰਾਜੇਸ਼ ਥਾਪਾ)**- ਪੰਜਾਬ ਵਿਧਾਨ ਸਭਾ ਦੇ ਬਜਟ ਸੈਸ਼ਨ ਦੌਰਾਨ ਪੰਜਾਬ ਦੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਵੱਲੋਂ ਆਪਣੀਆਂ ਹੱਕੀ ਅਤੇ ਜਾਇਜ਼ ਮੰਗਾਂ ਦੀ ਪ੍ਰਾਪਤੀ ਲਈ ਕੀਤੇ ਗਏ ਰੋਸ ਪ੍ਰਦਰਸ਼ਨ ਸਮੇਂ ਸਰਕਾਰ ਵੱਲੋਂ ਪ੍ਰਦਰਸ਼ਨਕਾਰੀਆਂ 'ਤੇ ਛੱਡੇ ਗਏ ਅੱਥਰੂ ਗੈਸ ਦੇ ਗੋਲਿਆਂ, ਮਾਰੀਆਂ ਪਾਣੀ ਦੀਆਂ ਬੁਛਾੜਾਂ ਅਤੇ ਕੀਤੇ ਗਏ ਲਾਠੀਚਾਰਜ ਦੀ ਪ ਸ ਸ ਫ ਵਲੋਂ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਸਾਂਝਾ ਬਿਆਨ ਜਾਰੀ ਕਰਦਿਆਂ ਪ ਸ ਸ ਫ ਦੇ ਸੂਬਾ ਜਨਰਲ ਸਕੱਤਰ ਤੀਰਥ ਸਿੰਘ ਬਾਸੀ, ਸੂਬਾ ਕਮੇਟੀ ਮੈਂਬਰ ਤਰਸੇਮ ਮਾਧੋਪੁਰੀ, ਕੁਲਦੀਪ ਵਾਲੀਆ, ਨਿਰਮੋਲਕ ਸਿੰਘ ਹੀਰਾ, ਜਗੀਰ ਸਿੰਘ, ਜ਼ਿਲ੍ਹਾ ਪ੍ਰਧਾਨ ਪੁਸ਼ਪਿੰਦਰ ਕੁਮਾਰ ਵਿਰਦੀ, ਜਨਰਲ ਸਕੱਤਰ ਮਨੋਜ ਕੁਮਾਰ ਸਰੋਏ, ਕੈਸ਼ੀਅਰ ਓਮ ਪ੍ਰਕਾਸ਼, ਕੁਲਵੰਤ ਰਾਮ, ਸੁਖਵਿੰਦਰ ਰਾਮ, ਸੰਦੀਪ ਰਾਜੋਵਾਲ, ਬਲਵੀਰ ਸਿੰਘ ਗੁਰਾਇਆ ਤੇ ਪੰਜਾਬ ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਫਿਲੌਰ ਦੇ ਪ੍ਰਧਾਨ ਬਲਵਿੰਦਰ ਕੁਮਾਰ, ਜਨਰਲ ਸਕੱਤਰ ਬੂਟਾ ਰਾਮ ਅਕਾਲਪੁਰ, ਸੀਨੀਅਰ ਮੀਤ ਪ੍ਰਧਾਨ ਤਾਰਾ ਸਿੰਘ ਬੀਕਾ, ਵਿੱਤ ਸਕੱਤਰ ਰਤਨ ਸਿੰਘ ਗੁਰਾਇਆ, ਅਕਲ ਚੰਦ ਸਿੰਘ,ਮੁੱਖ ਸਲਾਹਕਾਰ ਕੁਲਦੀਪ ਸਿੰਘ ਕੌੜਾ ਆਦਿ ਨੇ ਕਿਹਾ ਕਿ ਆਗੂਆਂ ਨੇ ਕਿਹਾ ਕਿ ਜ਼ਬਰ ਜ਼ੁਲਮ ਦੀ ਨੀਤੀ ਨਾਲ ਲੋਕਾਂ ਦੀ ਆਵਾਜ਼ ਨੂੰ ਦਬਾਇਆ ਨਹੀਂ ਜਾ ਸਕਦਾ। ਉਹਨਾਂ ਅੱਗੇ ਕਿਹਾ ਕਿ ਪੰਜਾਬ ਦੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦਾ ਆਪਣੀਆਂ ਹੱਕੀ ਅਤੇ ਜਾਇਜ਼ ਮੰਗਾਂ ਦੀ ਪ੍ਰਾਪਤੀ ਲਈ ਲਗਾਤਾਰ ਸੰਘਰਸ਼ ਜਾਰੀ ਰਹੇਗਾ।

## ਮਨੁੱਖੀ ਅਧਿਕਾਰਾਂ ਬਾਰੇ ਜਾਗਰੂਕਤਾ ਲਈ ਪੰਜਾਬ ਮਨੁੱਖੀ ਅਧਿਕਾਰ ਕਮਿਸ਼ਨ ਸਰਗਰਮ : ਸ਼ੰਟੀ

**ਹੁਸ਼ਿਆਰਪੁਰ, (ਓ ਪੀ ਰਾਣਾ)**- ਪੰਜਾਬ ਰਾਜ ਅਤੇ ਕੇਂਦਰ ਸ਼ਾਸਤ ਪ੍ਰਦੇਸ਼ ਚੰਡੀਗੜ੍ਹ ਮਨੁੱਖੀ ਅਧਿਕਾਰ ਕਮਿਸ਼ਨ ਦੇ ਮੈਂਬਰ ਪਦਮਸ਼੍ਰੀ ਜਤਿੰਦਰ ਸਿੰਘ ਸ਼ੰਟੀ ਨੇ ਕਿਹਾ ਕਿ ਗੰਭੀਰ ਮਰੀਜ਼ਾਂ ਨੂੰ ਸਮੇਂ ਸਿਰ ਹਸਪਤਾਲ ਪਹੁੰਚਾਉਣਾ ਵੀ ਮਨੁੱਖੀ ਅਧਿਕਾਰਾਂ ਦੀ ਸੁਰੱਖਿਆ ਦਾ ਅਹਿਮ ਹਿੱਸਾ ਹੈ। ਇਸੇ ਦਿਸ਼ਾ ਵਿਚ ਕਮਿਸ਼ਨ ਵੱਲੋਂ ਇਕ ਮਹੱਤਵਪੂਰਨ ਸਲਾਹ ਜਾਰੀ ਕੀਤੀ ਗਈ ਹੈ ਜਿਸ ਤਹਿਤ ਹੁਣ 112 ਨੰਬਰ 'ਤੇ ਕਾਲ ਕਰਕੇ ਗੰਭੀਰ ਮਰੀਜ਼ਾਂ ਨੂੰ ਹਸਪਤਾਲ ਲੈ ਕੇ ਜਾਣ ਵਾਲੀ ਐਂਬੂਲੈਂਸ ਲਈ ਪੁਲਸ ਪਾਇਲਟ ਉਪਲਬੱਧ ਕਰਵਾਇਆ ਜਾਵੇਗਾ।ਇਸ ਨਾਲ ਐਂਬੂਲੈਂਸ ਨੂੰ ਟਰੈਫਿਕ ਤੋਂ ਰਾਹਤ ਮਿਲੇਗੀ ਤੇ ਮਰੀਜ਼ ਨੂੰ ਘੱਟ ਸਮੇਂ ਵਿਚ ਹਸਪਤਾਲ ਤੱਕ ਪਹੁੰਚਾਉਣ ਵਿਚ ਮਦਦ ਮਿਲੇਗੀ। ਹੁਸ਼ਿਆਰਪੁਰ ਦੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਚ ਮਨੁੱਖੀ ਅਧਿਕਾਰ ਜਾਗਰੂਕਤਾ ਤੇ ਸ਼ਿਕਾਇਤਾਂ ਦੇ ਹੱਲ ਲਈ ਆਯੋਜਿਤ ਖੁੱਲ੍ਹੀ ਸੁਣਾਵਈ ਕੈਂਪ ਦੌਰਾਨ ਅਧਿਕਾਰੀਆਂ ਅਤੇ ਸਮਾਜਿਕ ਸੰਸਥਾਵਾਂ ਦੇ ਨੁਮਾਇੰਦਿਆਂ ਨੂੰ ਸੰਬੋਧਨ ਕਰਦਿਆਂ ਸ਼ੰਟੀ ਨੇ ਕਿਹਾ ਕਿ ਪੰਜਾਬ ਰਾਜ ਮਨੁੱਖੀ ਅਧਿਕਾਰ ਕਮਿਸ਼ਨ ਦਾ ਉਦੇਸ਼ ਕੇਵਲ ਸ਼ਿਕਾਇਤਾਂ ਦਾ ਨਿਪਟਾਰਾ ਕਰਨਾ ਹੀ ਨਹੀਂ ਬਲਕਿ ਮਨੁੱਖੀ ਅਧਿਕਾਰਾਂ ਪ੍ਰਤੀ ਲੋਕਾਂ ਵਿਚ ਵੱਡੇ ਪੱਧਰ 'ਤੇ ਜਾਗਰੂਕਤਾ ਪੈਦਾ ਕਰਨਾ ਵੀ ਹੈ।ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਜਤਿੰਦਰ ਸਿੰਘ ਸ਼ੰਟੀ




ਨੇ ਦੱਸਿਆ ਕਿ ਕਮਿਸ਼ਨ ਵਲੋਂ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਨਾਲ ਜੁੜੀਆਂ ਸ਼ਿਕਾਇਤਾਂ ਲਈ ਵਟਸਅਪ ਨੰਬਰ 9855475547 ਜਾਰੀ ਕੀਤਾ ਗਿਆ ਹੈ। ਜੇਕਰ ਕਿਸੇ ਵੀ ਵਿਅਕਤੀ ਦੇ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਹੁੰਦੀ ਹੈ, ਤਾਂ ਉਹ ਇਸ ਨੰਬਰ 'ਤੇ ਲਿਖਤ ਸ਼ਿਕਾਇਤ ਭੇਜ ਸਕਦਾ ਹੈ ਜਿਸ 'ਤੇ ਕਮਿਸ਼ਨ ਵਲੋਂ ਦੋ ਦਿਨਾਂ ਦੇ ਅੰਦਰ ਕਾਰਵਾਈ ਯਕੀਨੀ ਬਣਾਈ ਜਾਵੇਗੀ।

## ਲਾਇਲਪੁਰ ਖਾਲਸਾ ਕਾਲਜ ਵੱਲੋਂ ਖੂਨਦਾਨ ਕੈਂਪ

**ਜਲੰਧਰ (ਸ਼ੈਲੀ ਐਲਬਰਟ)**- ਲਾਇਲਪੁਰ ਖਾਲਸਾ ਕਾਲਜ ਦੇ ਐੱਨ ਐੱਸ ਐੱਸ ਯੂਨਿਟ ਤੇ ਰੈੱਡ ਰਿਬਨ ਕਲੱਬ ਨੇ ਬਲੱਡ ਬੈਂਕ, ਫੋਰਟਿਸ ਹਸਪਤਾਲ, ਜਲੰਧਰ ਦੇ ਸਹਿਯੋਗ ਨਾਲ ਕਾਲਜ ਕੈਂਪਸ ਵਿੱਚ ਇੱਕ ਰੋਜ਼ਾ ਖੂਨਦਾਨ ਕੈਂਪ ਦਾ ਆਯੋਜਨ ਕੀਤਾ। ਪ੍ਰਿੰਸੀਪਲ ਡਾ. ਰਛਪਾਲ ਸਿੰਘ ਸੰਧੂ ਨੇ ਕੈਂਪ ਦਾ ਉਦਘਾਟਨ ਕੀਤਾ ਤੇ ਭਾਗੀਦਾਰਾਂ ਨੂੰ ਖੂਨਦਾਨ ਕਰਨ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਭਾਰਤ ਦੁਨੀਆ ਦਾ ਸਭ ਤੋਂ ਵੱਧ ਆਬਾਦੀ ਵਾਲਾ ਦੇਸ਼ ਹੈ ਪਰ ਫਿਰ ਵੀ ਭਾਰਤ ਵਿੱਚ ਪ੍ਰਤੀ ਹਜ਼ਾਰ ਦਾਨੀਆਂ ਦੀ ਗਿਣਤੀ ਬਹੁਤ ਘੱਟ ਹੈ। ਇਹ ਸੜਕ ਹਾਦਸਿਆਂ, ਥੈਲੇਸੀਮੀਆ ਤੇ ਹੋਰ ਡਾਕਟਰੀ ਸਥਿਤੀਆਂ ਕਾਰਨ ਖੂਨ ਦੀ ਮੰਗ ਦੇ ਮੁਕਾਬਲੇ ਬਹੁਤ ਘੱਟ ਹੈ। ਕੁਝ ਮਰੀਜ਼ਾਂ ਨੂੰ ਲੋੜੀਂਦਾ ਖੂਨ ਹੀ ਨਹੀਂ



ਮਿਲਦਾ। ਉਨ੍ਹਾਂ ਕਿਹਾ ਕਿ ਖੂਨਦਾਨ ਸਭ ਤੋਂ ਵੱਡਾ ਦਾਨ ਹੈ ਤੇ ਐੱਨ ਐੱਸ ਐੱਸ ਯੂਨਿਟ ਐੱਲ ਕੇ ਸੀ ਅਜਿਹੇ ਸਮਾਗਮਾਂ ਦਾ ਆਯੋਜਨ ਕਰਕੇ ਮਨੁੱਖਤਾ ਦੀ ਸੱਚੀ ਸੇਵਾ ਕਰ ਰਿਹਾ ਹੈ। ਐੱਨ ਐੱਸ ਐੱਸ ਦੇ ਮੁੱਖ ਪ੍ਰੋਗਰਾਮ ਅਫ਼ਸਰ ਪ੍ਰੋ. ਸਤਪਾਲ ਸਿੰਘ ਨੇ ਕਿਹਾ ਕਿ ਐੱਨ ਐੱਸ ਐੱਸ ਵਲੰਟੀਅਰਾਂ ਨੇ ਤੱਖਤੀਆਂ ਫੜ ਕੇ ਵਿਦਿਆਰਥੀਆਂ ਨੂੰ ਖੂਨਦਾਨ ਕਰਨ ਲਈ ਪ੍ਰੇਰਿਤ ਕੀਤਾ। ਫੋਰਟਿਸ ਹਸਪਤਾਲ ਤੋਂ ਡਾ. ਕੁਸੁਮ ਨੇ ਦੱਸਿਆ ਕਿ ਇਕੱਠੇ ਕੀਤੇ ਗਏ ਖੂਨਦਾਨ ਯੂਨਿਟਾਂ ਦੇ ਨਾਲ 100 ਤੋਂ ਵੱਧ ਮਰੀਜ਼ਾਂ ਨੂੰ ਲਾਭ ਹੋਵੇਗਾ। ਇਸ ਕੈਂਪ ਦੌਰਾਨ ਪ੍ਰੋ. ਕਰਨਬੀਰ ਸਿੰਘ, ਪ੍ਰੋ. ਸਰਬਜੀਤ ਕੌਰ, ਪ੍ਰੋ. ਸੋਨੂੰ ਗੁਪਤਾ, ਪ੍ਰੋ. ਐਨੀ ਗੋਇਲ ਨੇ ਵੀ ਖੂਨਦਾਨ ਕੀਤਾ। ਇਸ ਸਮਾਗਮ ਵਿਚ ਐੱਲ ਕੇ ਸੀ ਦੇ ਮੈਡੀਕਲ ਅਫਸਰ ਡਾ. ਜਸਵੰਤ ਕੌਰ, ਪ੍ਰੋ. ਨਰਵੀਰ ਸਿੰਘ ਮੁਖੀ ਫਿਜ਼ਿਕਸ, ਪ੍ਰੋ. ਸਰਬਜੀਤ ਸਿੰਘ ਤੇ ਐੱਨ ਐੱਸ ਐੱਸ ਵਲੰਟੀਅਰਾਂ ਨੇ ਭਾਗ ਲਿਆ।

## ਖਾਲਸਾ ਏਡ ਇੰਟਰਨੈਸ਼ਨਲ ਤੇ ਸਬਰ ਫਾਊਂਡੇਸ਼ਨ ਦੀ ਇਤਿਹਾਸਕ ਕਾਮਯਾਬੀ

**50 ਤੋਂ ਵੱਧ ਵਿਦਿਆਰਥੀਆਂ ਨੇ ਪੀ ਸੀ ਐੱਸ ਪ੍ਰਾਰੰਭਿਕ ਪ੍ਰੀਖਿਆ ਪਾਸ ਕੀਤੀ**

**ਜਲੰਧਰ (ਨ ਜ ਸ)**- ਖਾਲਸਾ ਏਡ ਇੰਟਰਨੈਸ਼ਨਲ ਅਤੇ ਸਬਰ ਫਾਊਂਡੇਸ਼ਨ ਦੀ ਸਾਂਝੀ ਪਹਿਲ ਫਾਊਂਡੇਸ਼ਨ ਪੰਜਾਬ ਪ੍ਰੋਜੈਕਟ ਨੇ ਇੱਕ ਵਾਰ ਫਿਰ ਸ਼ਾਨਦਾਰ ਨਤੀਜੇ ਦੇ ਕੇ ਸਾਬਤ ਕਰ ਦਿੱਤਾ ਹੈ ਕਿ ਜੇ ਨੌਜਵਾਨਾਂ ਨੂੰ ਸਹੀ ਮਾਰਗਦਰਸ਼ਨ, ਮਿਹਨਤ ਤੇ ਮੌਕੇ ਮਿਲਣ ਤਾਂ ਉਹ ਹਰ ਵੱਡੀ ਮੰਜ਼ਿਲ ਹਾਸਲ ਕਰ ਸਕਦੇ ਹਨ। ਇਸ ਸਾਲ ਪ੍ਰੋਜੈਕਟ ਹੇਠ ਤਿਆਰੀ ਕਰਨ ਵਾਲੇ 50 ਤੋਂ ਵੱਧ ਵਿਦਿਆਰਥੀਆਂ ਨੇ ਪੰਜਾਬ ਪੀ ਸੀ ਐਸ. ਦੀ ਪ੍ਰਾਰੰਭਿਕ ਪ੍ਰੀਖਿਆ ਸਫਲਤਾਪੂਰਵਕ ਪਾਸ ਕਰਕੇ ਇੱਕ ਮਹੱਤਵਪੂਰਨ ਅਤੇ ਇਤਿਹਾਸਕ ਉਪਲਬਧੀ ਦਰਜ ਕੀਤੀ ਹੈ। ਇਸ ਮੌਕੇ ਡਾਇਰੈਕਟਰ ਜਤਿਨ ਬਜਾਜ ਨੇ ਦੱਸਿਆ ਕਿ ਫਾਊਂਡੇਸ਼ਨ ਪੰਜਾਬ ਪ੍ਰੋਜੈਕਟ ਦਾ ਮੁੱਖ ਮਕਸਦ ਪੰਜਾਬ ਦੇ ਨੌਜਵਾਨਾਂ ਨੂੰ ਉੱਚ ਪੱਧਰੀ ਮੁਕਾਬਲੇ ਦੀਆਂ ਪ੍ਰੀਖਿਆਵਾਂ ਲਈ ਤਿਆਰ ਕਰਨਾ ਅਤੇ ਉਹਨਾਂ ਨੂੰ ਸਹੀ ਦਿਸ਼ਾ ਦੇਣਾ ਹੈ, ਤਾਂ ਜੋ ਉਹ ਆਪਣੇ ਸੁਪਨਿਆਂ ਨੂੰ ਹਕੀਕਤ ਵਿੱਚ ਬਦਲ ਸਕਣ।

ਇਹ ਸਫਲਤਾ ਸਿਰਫ ਇੱਕ ਗਿਣਤੀ ਨਹੀਂ, ਸਗੋਂ ਉਹਨਾਂ ਸੈਂਕੜਿਆਂ ਪਰਵਾਰਾਂ ਦੇ ਸੁਪਨਿਆਂ ਦੀ ਪੂਰਤੀ ਹੈ ਜਿਨ੍ਹਾਂ ਨੇ ਆਪਣੇ ਬੱਚਿਆਂ ਨੂੰ ਉੱਚ ਸਰਕਾਰੀ ਅਹੁਦਿਆਂ 'ਤੇ ਦੇਖਣ ਦੀ ਆਸ ਰੱਖੀ ਸੀ। ਪ੍ਰੋਜੈਕਟ ਦੇ ਤਹਿਤ ਵਿਦਿਆਰਥੀਆਂ ਨੂੰ ਵਿਸ਼ੇਸ਼ ਮਾਰਗਦਰਸ਼ਨ ਅਤੇ ਅਧੁਨਿਕ ਪਾਠਕ੍ਰਮ ਦੀ ਸਹੂਲਤ ਪ੍ਰਦਾਨ ਕੀਤੀ ਜਾਂਦੀ ਹੈ। ਜਲੰਧਰ ਵਿੱਚ ਦੂਜੀ ਮੰਜ਼ਿਲ, ਫਲੈਸ਼ ਟਾਵਰ, ਜਿਮਖਾਨਾ ਕਲੱਬ ਦੇ ਸਾਹਮਣੇ ਸਥਿਤ ਕੇਂਦਰ ਵਿੱਚ ਨੌਜਵਾਨਾਂ ਨੂੰ ਤਜਰਬੇਕਾਰ ਅਧਿਆਪਕਾਂ ਵੱਲੋਂ ਉੱਚ ਪੱਧਰੀ ਤਿਆਰੀ ਤੇ ਮਾਰਗਦਰਸ਼ਨ ਦਿੱਤਾ ਜਾ ਰਿਹਾ ਹੈ, ਜਿਸ ਕਾਰਨ ਇਹ ਕੇਂਦਰ ਥੋੜ੍ਹੇ ਸਮੇਂ ਵਿੱਚ ਹੀ ਪ੍ਰਤੀਯੋਗੀ ਪ੍ਰੀਖਿਆਵਾਂ ਦੀ ਤਿਆਰੀ ਲਈ ਇੱਕ ਮਹੱਤਵਪੂਰਨ ਮੰਚ ਬਣ ਗਿਆ ਹੈ। ਖਾਸ ਗੱਲ ਇਹ ਹੈ ਕਿ ਇਸ ਪ੍ਰੋਜੈਕਟ ਹੇਠ ਵਿਦਿਆਰਥੀਆਂ ਤੋਂ ਕਿਸੇ ਵੀ ਕਿਸਮ ਦੀ ਫੀਸ ਨਹੀਂ ਲਈ ਜਾਂਦੀ। ਬੱਚਿਆਂ ਨੂੰ ਦਿੱਤੀ ਜਾ ਰਹੀ ਪੂਰੀ ਤਿਆਰੀ ਅਤੇ ਮਾਰਗਦਰਸ਼ਨ ਬਿਲਕੁਲ ਮੁਫ਼ਤ ਪ੍ਰਦਾਨ ਕੀਤਾ ਜਾ ਰਿਹਾ ਹੈ

ਫਾਊਂਡੇਸ਼ਨ ਪੰਜਾਬ ਪ੍ਰੋਜੈਕਟ ਪਹਿਲਾਂ ਵੀ ਕਈ ਕਾਬਿਲ-ਏ-ਤਾਰੀਫ ਨਤੀਜੇ ਦੇ ਚੁੱਕਾ ਹੈ। ਇੱਕ ਉਮੀਦਵਾਰ ਨੇ ਪੰਜਾਬ ਪੁਲਿਸ ਭਰਤੀ ਵਿੱਚ ਰੈਂਕ 13 ਹਾਸਲ ਕਰਕੇ ਪ੍ਰੋਜੈਕਟ ਦਾ ਨਾਮ ਰੌਸ਼ਨ ਕੀਤਾ, ਜਦਕਿ ਧਰਮਪਾਲ ਨੇ ਖੇਤੀਬਾੜੀ ਵਿਕਾਸ ਅਫਸਰ (ਗ੍ਰੇਡ-1) ਦੀ ਪ੍ਰੀਖਿਆ ਪਾਸ ਕਰਕੇ ਮਹੱਤਵਪੂਰਨ ਉਪਲਬਧੀ ਦਰਜ ਕੀਤੀ। ਇਹ ਨਤੀਜੇ ਦਰਸਾਉਂਦੇ ਹਨ ਕਿ ਇਹ ਪਲੇਟਫਾਰਮ ਲਗਾਤਾਰ ਨੌਜਵਾਨਾਂ ਨੂੰ ਉਨ੍ਹਾਂ ਦੀ ਮੰਜ਼ਿਲ ਵੱਲ ਅੱਗੇ ਵਧਣ ਲਈ ਪ੍ਰੇਰਿਤ ਕਰ ਰਿਹਾ ਹੈ।

## ਔਰਤ ਨੂੰ ਬਣਦਾ ਮਾਣ-ਸਤਿਕਾਰ ਦੇਣਾ ਸਾਡਾ ਸਭ ਦਾ ਫਰਜ਼ : ਤਲਵਿੰਦਰ ਹੀਰ

**ਜੇਜੋਂ ਦੋਆਬਾ, (ਨਿਰਮਲ ਸਿੰਘ ਮੁੱਗੋਵਾਲ)**- ਕੌਮਾਂਤਰੀ ਮਹਿਲਾ ਦਿਵਸ ਮੌਕੇ ਗੁਰੁਦੁਆਰਾ ਸਿੰਘਾਂ ਸ਼ਹੀਦਾਂ ਨੰਗਲ ਖਿਲਾੜੀਆਂ ਵਿਖੇ ਸਾਹਿਬਜ਼ਾਦਾ ਬਾਬਾ ਅਜੀਤ ਸਿੰਘ ਤੇ ਉਨ੍ਹਾਂ ਦੇ ਸਾਥੀ ਸਮੂਹ ਸਿੰਘਾਂ ਸ਼ਹੀਦਾਂ



ਦੀ ਪਵਿੱਤਰ ਯਾਦ ਨੂੰ ਸਮਰਪਿਤ ਸਾਲਾਨਾ ਸ਼ਹੀਦੀ ਜੋੜ ਮੇਲੇ ਦੀ ਆਰੰਭਤਾ ਮੌਕੇ ਭਾਕਿਯੂ ਏਕਤਾ ਉਗਰਾਹਾਂ ਦੇ ਜ਼ਿਲ੍ਹਾ ਪ੍ਰਚਾਰ ਸਕੱਤਰ ਤਲਵਿੰਦਰ ਸਿੰਘ ਹੀਰ ਨੰਗਲ ਖਿਲਾੜੀਆਂ ਨੇ ਬੇਬੇ ਨਾਨਕੀ ਜੀ, ਮਾਤਾ ਗੁਜਰੀ ਜੀ, ਮਾਤਾ ਸੁੰਦਰੀ ਜੀ, ਮਾਤਾ ਭਾਗ ਕੌਰ, ਬੀਬੀ ਗੁਲਾਬ ਕੌਰ, ਮਾਤਾ ਵਿਦਿਆਵਤੀ, ਦੁਰਗਾ ਦੇਵੀ, ਬੀਬੀ ਹਰਸ਼ਰਨ ਕੌਰ ਸਮੇਤ ਵਿਸ਼ਵ ਦੀਆਂ ਸਮੂਹ ਮਹਾਨ ਮਾਂਵਾਂ ਨੂੰ ਸਿਜਦਾ ਕਰਦਿਆਂ ਕਿਹਾ ਕਿ ਬੰਦਾ ਬੇਸ਼ੱਕ ਜਿੰਨਾ ਮਰਜੀ ਮਹਾਨ ਜਾਂ ਜਗਤ ਪ੍ਰਸਿੱਧ ਹੋ ਜਾਵੇ ਪਰ ਉਹ ਆਪਣੀ ਮਾਂ ਦੇ ਅਹਿਸਾਨਾਂ ਦਾ ਕਰਜ਼ ਚੁਕਾਉਣ ਤੋਂ ਅਸਮਰੱਥ ਰਹਿੰਦਾ ਹੈ।ਹਰ ਮਹਾਨ ਵਿਅਕਤੀ ਦੀ ਪ੍ਰਾਪਤੀ ਔਰਤ ਦੀ ਪ੍ਰੇਰਣਾ ਤੇ ਆਸ਼ੀਰਵਾਦ ਸਦਕਾ ਹੁੰਦੀ ਹੈ।ਇਸ ਮੌਕੇ ਤੇ ਮਾਤਾ ਭਗਵੰਤ ਕੌਰ ਕੈਨੇਡਾ ਤੇ ਸਿਮਰਜੀਤ ਕੌਰ ਹੀਰ ਦਾ ਸਨਮਾਨ ਕੀਤਾ ਗਿਆ।ਇਸ ਸੰਖੇਪ ਤੇ ਵਿਸ਼ੇਸ਼ ਸਮਾਗਮ ਵਿੱਚ ਵਿੱਚ ਭੈਣ ਨਛੱਤਰ ਕੌਰ ਕੈਨੇਡਾ,ਸੁਰਿੰਦਰ ਕੌਰ ਸਹੋਤਾ,ਕੁਲਜੀਤ ਕੌਰ, ਰਾਜਵਿੰਦਰ ਕੌਰ,ਮਹਿੰਦਰਜੀਤ ਕੌਰ,ਜਸਪ੍ਰੀਤ ਕੌਰ,ਜਸਨੂਰ ਕੌਰ, ਸੁਖਜੀਤ ਕੌਰ ਸਮੇਤ ਵੱਡੀ ਗਿਣਤੀ ਵਿੱਚ ਬੀਬੀਆਂ ਨੇ ਸਮੂਲੀਅਤ ਕੀਤੀ।ਇਸ ਮੌਕੇ ਤੇ ਕੁਲਵੰਤ ਸਿੰਘ ਰੰਧਾਵਾ,ਸਰਦਾਰ ਝਲਮਣ ਸਿੰਘ ਹੀਰ,ਲਾਡੀ ਰੰਧਾਵਾ, ਚੈਂਚਲ ਸਿੰਘ ਹੀਰ ਕੈਨੇਡਾ, ਬਲਵੀਰ ਸਿੰਘ, ਮਲਕੀਤ ਸਿੰਘ ਹੀਰ ਸੋਨੀ ਭਾਰਦਵਾਜ ਨੇ ਵੀ ਹਾਜ਼ਰੀ ਭਰੀ।ਆਉਣ ਵਾਲੇ ਸਮਾਗਮਾਂ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਤਲਵਿੰਦਰ ਸਿੰਘ ਹੀਰ ਨੇ ਕਿਹਾ ਕਿ ਜਗਤ ਮਾਤਾ ਗੁਜਰੀ ਜੀ ਦੇ ਪੋਤਰੇ ਤੇ ਮਾਤਾ ਸੁੰਦਰ ਕੌਰ ਜੀ ਦੇ ਸਪੁੱਤਰ ਸਾਹਿਬਜ਼ਾਦਾ ਬਾਬਾ ਅਜੀਤ ਸਿੰਘ ਤੇ ਉਨ੍ਹਾਂ ਦੇ ਸਾਥੀ ਸਿੰਘਾਂ ਸ਼ਹੀਦਾਂ ਵਲੋਂ ਕੀਤੀ ਕੁਰਬਾਨੀ ਨੂੰ ਹਮੇਸ਼ਾ ਯਾਦ ਰੱਖਿਆ ਜਾਵੇਗਾ ਤੇ ਉਨ੍ਹਾਂ ਵਲੋਂ ਅਬਲਾ ਔਰਤ ਦੀ ਇੱਜ਼ਤ ਬਚਾਉਣ ਖਾਤਰ ਪ੍ਰਾਪਤ ਕੀਤੀ ਸ਼ਹੀਦੀ ਨੂੰ ਸਮਰਪਿਤ ਸਲਾਨਾ ਸ਼ਹੀਦੀ ਜੋੜ ਮੇਲਾ ਹਰ ਸਾਲ 10 ਮਾਰਚ ਨੂੰ ਮਨਾਇਆ ਜਾਂਦਾ ਰਹੇਗਾ ਤੇ ਆਉਣ ਵਾਲੀਆਂ ਪੀੜ੍ਹੀਆਂ ਨੂੰ ਔਰਤ ਦਾ ਸਤਿਕਾਰ ਕਰਨ ਲਈ ਇਤਿਹਾਸ ਨਾਲ ਜੋੜਨ ਦਾ ਨਿਰਵਿਘਨ ਉਪਰਾਲਾ ਜਾਰੀ ਰਹੇਗਾ। ਉਨ੍ਹਾਂ ਸਮੂਹ ਨਗਰ ਨਿਵਾਸੀਆਂ, ਇਲਾਕਾ ਨਿਵਾਸੀਆਂ ਨੂੰ 10 ਮਾਰਚ ਮੰਗਲਵਾਰ ਨੂੰ ਗੁਰਦੁਆਰਾ ਸ਼ਹੀਦਾਂ ਨੰਗਲ ਖਿਲਾੜੀਆਂ ਵਿਖੇ ਪਹੁੰਚਣ ਤੇ ਸ਼ਹੀਦੀ ਜੋੜ ਮੇਲੇ ਨੂੰ ਸਫਲ ਬਣਾ ਕੇ ਸਾਹਿਬਜ਼ਾਦਾ ਬਾਬਾ ਅਜੀਤ ਸਿੰਘ ਜੀ ਮਹਾਰਾਜ ਤੇ ਉਨ੍ਹਾਂ ਦੇ ਸਾਥੀ ਸਿੰਘਾਂ ਸ਼ਹੀਦਾਂ ਦਾ ਆਸ਼ੀਰਵਾਦ ਪ੍ਰਾਪਤ ਕਰਨ ਲਈ ਪਹੁੰਚਣ ਤੇ ਉਨ੍ਹਾਂ ਵਲੋਂ ਦਰਸਾਏ ਮਾਰਗ ਤੇ ਚੱਲ ਕੇ ਦੇਸ਼ ਤੇ ਸਮਾਜ ਦੀ ਤਰੱਕੀ ਤੇ ਸੁਧਾਰ 'ਚ ਯੋਗਦਾਨ ਪਾਉਣ ਲਈ ਖੁੱਲਾ ਸੱਦਾ ਦਿੱਤਾ।

## 4 ਦਿਨਾਂ 'ਚ 8 ਮੱਝਾਂ ਚੋਰੀ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਥਾਣਾ ਮੇਹਟੀਆਣਾ ਦੇ ਅਧੀਨ ਆਉਂਦੇ ਪਿੰਡ ਬਡਲਾ ਮੋਨਾ ਕਲਾਂ ਮੋਨਾ ਖੁਰਦ ਵਿਖੇ ਪਿਛਲੇ ਅੱਠ ਦਿਨਾਂ ਤੋਂ ਇਕ ਦਿਨ ਛੱਡ ਕੇ ਹੋ ਰਹੀਆਂ ਮੱਝਾਂ ਚੋਰੀ ਤੋਂ ਦੁਖੀ ਲੋਕਾਂ ਵਲੋਂ ਪਿੰਡ ਮੋਨਾ ਕਲਾਂ ਵਿਖੇ ਇਕੱਠ ਕੀਤਾ ਗਿਆ ਤੇ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਚੋਰਾਂ ਦਾ ਪਤਾ ਲਗਾਇਆ ਜਾਵੇ।ਹੁਣ ਤੱਕ ਕਰੀਬ ਅੱਠ ਮੱਝਾਂ ਚੋਰੀ ਹੋ ਚੁਕੀਆਂ ਹਨ ਜਿਨ੍ਹਾਂ ਦਾ ਮੇਹਟੀਆਣਾ ਪੁਲਸ ਦੀ ਢਿੱਲ ਕਾਰਨ ਅਜੇ ਕੋਈ ਪਤਾ ਨਹੀਂ ਲੱਗ ਸਕਿਆ। ਕਿਰਤੀ ਕਿਸਾਨ ਯੂਨੀਅਨ ਦੇ ਪ੍ਰਧਾਨ ਜਗਤਾਰ ਸਿੰਘ ਭਿੰਡਰ ਨੇ ਦੱਸਿਆ ਕਿ ਪਸ਼ੂ ਪਾਲਕਾਂ ਦੀ ਲੱਖਾਂ ਰੁਪਏ ਦੀਆਂ ਮੱਝਾਂ ਚੋਰੀ ਹੋਣ ਦਾ ਨੁਕਸਾਨ ਹੋਇਆ ਹੈ ।ਇਸ ਸਮੇਂ ਅਵਤਾਰ ਸਿੰਘ ਲੰਬੜਦਾਰ, ਸਰਪੰਚ ਕੁਲਦੀਪ ਸਿੰਘ, ਜਸਵੰਤ ਸਿੰਘ, ਰਣਜੀਤ ਸਿੰਘ, ਸੁਖਵਿੰਦਰ ਸਿੰਘ ਮੋਨਾ ਕਲਾਂ, ਚਰਨਜੀਤ ਸਿੰਘ, ਤੀਰਥ ਸਿੰਘ, ਹਰਮੇਸ਼ ਸਿੰਘ, ਦਲਜੀਤ ਸਿੰਘ ਮੋਨਾ ਖੁਰਦ, ਅਮਰਜੀਤ ਸਿੰਘ, ਅਵਤਾਰ ਸਿੰਘ ਬਡਲਾ, ਸਤਨਾਮ ਸਿੰਘ ਮੁਖਲਿਆਨਾ ਸਮੇਤ ਔਰਤਾਂ ਵੀ ਹਾਜ਼ਰ ਸਨ।

## ਡਾ. ਵਿਕਰਮ ਦੀ ਕਿਤਾਬ 'ਦਿ ਫੈਨਟਸੀ ਆਫ਼ ਡਾਇੰਗ' ਕਿਤਾਬ ਦੀ ਘੁੰਡ ਚੁਕਾਈ

**ਚੰਡੀਗੜ੍ਹ, (ਗੁਰਜੀਤ ਬਿੱਲਾ)** ਡਾ. ਵਿਕਰਮ ਜੀਤ ਦੁਆਰਾ ਲਿਖੀ ਗਈ ਇੱਕ ਨਵੀਂ ਸੋਚ-ਉਕਸਾਉਣ ਵਾਲੀ ਸਾਹਿਤਕ ਰਚਨਾ 'ਦਿ ਫੈਨਟਸੀ ਆਫ਼ ਡਾਇੰਗ' ਨੂੰ ਚੰਡੀਗੜ੍ਹ ਪ੍ਰੈਸ ਕਲੱਬ ਸੈਕਟਰ 27, ਚੰਡੀਗੜ੍ਹ ਵਿਖੇ ਰਸਮੀ ਤੌਰ 'ਤੇ ਲਾਂਚ ਕੀਤੀ ਗਈ। ਇਸ ਕਿਤਾਬ ਦਾ ਉਦਘਾਟਨ ਰਾਕੇਸ਼ ਗੋਇਲ, ਆਈ ਆਰ ਐੱਸ, ਚੇਅਰਮੈਨ, ਰੇਰਾ (ਰੀਅਲ ਅਸਟੇਟ



ਰੈਗੂਲੇਟਰੀ ਅਥਾਰਟੀ) ਦੁਆਰਾ ਇਸ ਮੌਕੇ ਮੁੱਖ ਮਹਿਮਾਨ ਵਜੋਂ ਕੀਤਾ ਗਿਆ। ਇਸ ਸਮਾਗਮ ਵਿੱਚ ਵਿਸ਼ੇਸ਼ ਮਹਿਮਾਨਾਂ, ਸਾਹਿਤਕ ਪ੍ਰੇਮੀਆਂ, ਸਿੱਖਿਆ ਸ਼ਾਸਤਰੀਆਂ , ਡਾਕਟਰੀ ਅਤੇ ਸਮਾਜਿਕ ਭਾਈਚਾਰੇ ਦੇ ਮੈਂਬਰਾਂ ਦੀ ਮੌਜੂਦਗੀ ਨੇ ਸਮਾਗਮ ਨੂੰ ਯਾਦਗਾਰੀ ਬਣਾਇਆ।'ਦਿ ਫੈਨਟਸੀ ਆਫ਼ ਡਾਇੰਗ' ਜੀਵਨ ਅਤੇ ਮੌਤ ਦੇ ਆਲੇ ਦੁਆਲੇ ਦੇ ਡੂੰਘੇ ਦਾਰਸ਼ਨਿਕ ਪ੍ਰਤੀਬਿੰਬਾਂ ਅਤੇ ਮਨੁੱਖੀ ਦ੍ਰਿਸ਼ਟੀਕੋਣਾਂ ਦੀ ਪੜਚੋਲ ਕਰਦੀ ਹੈ, ਪਾਠਕਾਂ ਨੂੰ ਇੱਕ ਸੂਝਵਾਨ ਅਤੇ ਚਿੰਤਨਸ਼ੀਲ ਅਨੁਭਵ ਪ੍ਰਦਾਨ ਕਰਦੀ ਹੈ। ਇਹ ਪ੍ਰਕਾਸ਼ਨ ਡਾ. ਵਿਕਰਮਜੀਤ ਦੇ ਇੱਕ ਲੇਖਕ ਅਤੇ ਚਿੰਤਕ ਵਜੋਂ ਸਫ਼ਰ ਵਿੱਚ ਇੱਕ ਹੋਰ ਮਹੱਤਵਪੂਰਨ ਮੀਲ ਪੱਥਰ ਦੀ ਨਿਸ਼ਾਨਦੇਹੀ ਕਰਦਾ ਹੈ। ਇਹ ਕਿਤਾਬ ਸੈਲਫੀਪੇਜ ਡਿਵੈਲਪਰਜ਼ ਪ੍ਰਾਈਵੇਟ ਲਿਮਟਿਡ ਦੁਆਰਾ ਪ੍ਰਕਾਸ਼ਿਤ ਕੀਤੀ ਗਈ ਹੈ।

# ਅੱਖਾਂ ਦਾ ਮੁਫਤ ਚੈੱਕਅੱਪ ਤੇ ਅਪ੍ਰੇਸ਼ਨ ਕੈਂਪ

**ਮੇਹਟੀਆਣਾ (ਜਗਤਾਰ ਸਿੰਘ ਭੂੰਗਰਨੀ)**- ਅਮਰ ਕੌਰ ਚਰਨ ਕੌਰ ਵੈਲਫੇਅਰ ਸੋਸਾਇਟੀ ਭੂੰਗਰਨੀ ਵੱਲੋਂ ਸਵਰਗਵਾਸੀ ਬਾਬੂ ਮਹਿੰਗਾ ਸਿੰਘ ਦੀ ਯਾਦ ਵਿੱਚ 9ਵਾਂ ਅੱਖਾਂ ਦਾ ਮੁਫਤ ਚੈੱਕਅੱਪ ਤੇ ਆਪ੍ਰੇਸ਼ਨ ਕੈਂਪ ਲਗਾਇਆ ਗਿਆ।ਇਸ ਕੈਂਪ ਬਾਰੇ ਸੁਸਾਇਟੀ ਪ੍ਰਧਾਨ ਜਸਵੀਰ ਸਿੰਘ ਮਿਨਹਾਸ, ਸੀਨੀਅਰ ਵਾਈਸ ਪ੍ਰਧਾਨ ਜਗਤਾਰ ਸਿੰਘ ਭੂੰਗਰਨੀ,ਕੈਸ਼ੀਅਰ ਸੁਰਜੀਤ ਸਿੰਘ ਮਸੂਤਾ ਨੇ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਕੈਂਪ ਦਾ ਉਦਘਾਟਨ ਸਰਦਾਰ ਪਰਮਜੀਤ ਸਿੰਘ ਪਰਹਾਰ, ਬੀਬੀ ਕੁਲਵਿੰਦਰ ਕੌਰ ਯੂ ਐੱਸ ਏ ਵੱਲੋਂ ਕੀਤਾ ਗਿਆ ।ਇਹ ਕੈਂਪ ਸੁਸਾਇਟੀ ਦੇ ਸਰਪ੍ਰਸਤ ਡਾਕਟਰ ਹਰਦੇਵ ਸਿੰਘ ਪਰਹਾਰ ਯੂ ਐਸ ਏ ਤੇ ਜਸਵਿੰਦਰ ਕੌਰ ਯੂ ਐਸ ਏ ਦੇ ਸਹਿਯੋਗ ਨਾਲ ਲਗਾਇਆ ਗਿਆ ।ਇਹ ਕੈਂਪ ਅੱਖਾਂ ਦੇ ਮਸ਼ਹੂਰ ਮਾਹਿਰ




ਡਾਕਟਰ ਡਾ. ਜੀ.ਐਸ. ਵਿਰਦੀ ਐਮ ਬੀ ਬੀ ਐਸ,ਐੱਮ ਐੱਸ,ਡੀ ਓ, ਐੱਮ ਐੱਸ ਤੇ ਸਾਬਕਾ ਪੀ ਸੀ ਐੱਮ ਐੱਸ ਫਗਵਾੜਾ ਸਮੂਹ ਟੀਮ ਦੀ ਰਹਿਨੁਮਾਈ ਹੇਠ ਲਗਾਇਆ ਗਿਆ । ਜਿਸ ਮੌਕੇ ਡਾਕਟਰਾਂ ਵਲੋਂ ਮਰੀਜ਼ਾਂ ਦਾ ਚੈੱਕਅੱਪ ਕਰਕੇ ਫ੍ਰੀ ਐਨਕਾਂ ਤੇ ਦਵਾਈਆਂ ਦਿੱਤੀਆਂ ਗਈਆਂ। ਉਹਨਾਂ ਦੱਸਿਆ ਕਿ ਇਸ ਕੈਂਪ ਵਿੱਚ ਲਗਭਗ 292 ਮਰੀਜ਼ਾਂ ਦਾ ਚੈੱਕਅਪ ਕੀਤਾ ਗਿਆ । ਤੇ ਲਗਭਗ 31 ਮਰੀਜ਼ਾਂ ਦੇ ਆਪ੍ਰੇਸ਼ਨ ਕੀਤੇ ਜਾਣਗੇ । ਉਨ੍ਹਾਂ ਦੱਸਿਆ ਕਿ ਇਸ ਕੈਂਪ ਨੂੰ ਜਸਪਾਲ ਸਿੰਘ ਸਪੁੱਤਰ ਜਸਵੀਰ ਸਿੰਘ ਮਿਨਹਾਸ ਯੂ ਐੱਸ ਏ, ਵਲੋ ਆਪਣੀ ਦਾਦੀ ਮਾਤਾ ਰਤਨ ਕੌਰ ਡਮੁੰਡਾ ਦੀ ਯਾਦ ਵਿੱਚ 50000 ਰੁਪਏ ਦੀ ਰਾਸ਼ੀ ਸਹਾਇਤਾ ਵਜੋਂ ਦਿੱਤੀ ਗਈ ।ਮਰੀਜ਼ਾਂ ਲਈ ਚਾਹ ਅਤੇ ਲੰਗਰ ਦਾ ਖਾਸ ਪ੍ਰਬੰਧ ਕੀਤਾ ਗਿਆ ਸੀ। ਇਸ ਕੈਂਪ ਵਿੱਚ ਵਿਸ਼ੇਸ਼ ਤੌਰ ਤੇ ਜਸਵੀਰ ਸਿੰਘ ਮਿਨਹਾਸ ਸੋਸਾਇਟੀ ਪ੍ਰਧਾਨ, ਜਗਤਾਰ ਸਿੰਘ ਭੂੰਗਰਨੀ ਸੀਨੀਅਰ ਵਾਈਸ ਪ੍ਰਧਾਨ, ਸੁਰਜੀਤ ਸਿੰਘ ਮਸੂਤਾ ਪ੍ਰਧਾਨ ਗੁਰਦੁਆਰਾ ਸ੍ਰੀ ਗੁਰੂ ਹਰਿਰਾਏ ਸਾਹਿਬ , ਜਨਰਲ ਸਕੱਤਰ ਪਰਮਿੰਦਰ ਸਿੰਘ ਪੋਸੀ, ਕਾਊਂਟੈਂਡ ਪਰਵਿੰਦਰ ਰਾਣਾ, ਅਵਤਾਰ ਸਿੰਘ ਮਿਨਹਾਸ ਯੂ ਐੱਸ ਏ, ਮੈਂਬਰ ਪਰਮਜੀਤ ਸਿੰਘ ਮਿਨਹਾਸ ਡਮੁੰਡਾ, ਬਲਵੀਰ ਸਿੰਘ ਫੁਗਲਾਣਾ, ਹਰਜੀਤ ਸਿੰਘ ਘੁੜਿਆਲ ਸਰਪੰਚ, ਪਰਮਿੰਦਰ ਸਿੰਘ ਬਿੱਟੂ, ਬਲਵੀਰ ਸਿੰਘ ਤੰਬੜ, ਬਲਵਿੰਦਰ, ਮਿੰਨੀ ਲੋਈ, ਆਦਿ ਇਸ ਮੌਕੇ ਹਾਜ਼ਰ ਸਨ।

## ਸਰਕਾਰੀ ਬਿਲਡਿੰਗਾਂ 'ਤੇ ਇਸ਼ਤਿਹਾਰ ਤੇ ਹੋਰਡਿੰਗ ਲਾਉਣ 'ਤੇ ਪਾਬੰਦੀ

**ਨਵਾਂਸ਼ਹਿਰ, (ਮਨੋਜ ਲਾਡੀ)**- ਜ਼ਿਲ੍ਹਾ ਮੈਜਿਸਟਰੇਟ ਗੁਲਪ੍ਰੀਤ ਸਿੰਘ ਔਲਖ ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ ਤਹਿਤ ਜ਼ਿਲ੍ਹੇ ਅੰਦਰ ਕਿਸੇ ਵੀ ਵਿਅਕਤੀ



ਵਲੋਂ ਸਰਕਾਰੀ ਬਿਲਡਿੰਗਾਂ ਉੱਤੇ ਇਸ਼ਤਿਹਾਰ ਅਤੇ ਹੋਰਡਿੰਗ ਲਗਾਉਣ ਅਤੇ ਨਿੱਜੀ ਬਿਲਡਿੰਗਾਂ, ਨੈਸ਼ਨਲ ਹਾਈਵੇਅ, ਲਿੰਕ ਸੜਕਾਂ ਅਤੇ ਦਰਖੱਤਾਂ 'ਤੇ ਬਿਨ੍ਹਾਂ ਸਬੰਧਤ ਵਿਭਾਗਾਂ ਤੇ ਮਾਲਕਾਂ ਦੀ ਮਨਜ਼ੂਰੀ ਤੋਂ ਇਸ਼ਤਿਹਾਰ ਅਤੇ ਹੋਰਡਿੰਗ ਲਗਾਉਣ 'ਤੇ ਪਾਬੰਦੀ ਲਾਈ ਹੈ। ਹੁਕਮਾਂ ਅਨੁਸਾਰ ਇਹ ਇਸ਼ਤਿਹਾਰ ਅਤੇ ਹੋਰਡਿੰਗ ਸੜਕ ਉੱਤੇ ਜਾਣ ਵਾਲੇ ਲੋਕਾਂ ਦਾ ਧਿਆਨ ਭਟਕਾਉਣ ਦਾ ਕਾਰਨ ਬਣਦੇ ਹਨ ਅਤੇ ਹਾਦਸਿਆਂ ਦਾ ਖਦਸ਼ਾ ਰਹਿੰਦਾ ਹੈ। ਜਿਸ ਕਰਕੇ ਇਹ ਹੁਕਮ ਜਾਰੀ ਕੀਤਾ ਗਿਆ ਹੈ ਜੋ 2 ਮਈ 2026 ਤੱਕ ਲਾਗੂ ਰਹੇਗਾ।

## ਜਰਨਲਿਸਟ ਪ੍ਰੈੱਸ ਕਲੱਬ ਪੰਜਾਬ ਦੀ ਜ਼ਿਲ੍ਹਾ ਜਲੰਧਰ ਇਕਾਈ ਦੀ ਚੋਣ ਜਲਦ : ਮਨਜੀਤ ਮਾਨ

**ਕਪੂਰਥਲਾ (ਪ੍ਰੀਤ ਸੰਗੋਜਲਾ)**- ਜਨਲਿਸਟ ਪ੍ਰੈੱਸ ਕਲੱਬ ਰਜਿਸਟਰ ਪੰਜਾਬ ਵੱਲੋਂ ਇੱਕ ਹੰਗਾਮੀ ਮੀਟਿੰਗ ਕੀਤੀ ਗਈ ਜਿਸ ਵਿੱਚ ਇਹ ਫੈਸਲਾ ਲਿਆ ਗਿਆ ਕਿ ਗਿਆ ਹੈ ਕਿ ਉਹ ਆਪਣੀ ਰਜਿਸਟਰੇਸ਼ਨ ਜਨਲਿਸਟ ਪ੍ਰੈੱਸ ਕਲੱਬ ਰਜਿਸਟਰ ਪੰਜਾਬ ਦੀ ਜਲੰਧਰ ਇਕਾਈ ਵਿੱਚ ਕਰਾਉਣ। ਇਸ ਤਰ੍ਹਾਂ ਜਲਦੀ ਹੀ ਜਰਨਲਿਸਟ ਪ੍ਰੈੱਸ ਕਲੱਬ



ਰਜਿਸਟਰ ਪੰਜਾਬ ਦੀ ਸੂਬਾ ਪੱਧਰੀ ਇੱਕ ਮੀਟਿੰਗ ਬੁਲਾਈ ਜਾਏਗੀ ਜਿਸ ਵਿੱਚ ਜਲੰਧਰ ਇਕਾਈ ਦਾ ਫੈਸਲਾ ਲਿਆ ਜਾਏਗਾ ਅਤੇ ਵੱਖ-ਵੱਖ ਅਹੁਦੇਦਾਰਾਂ ਦੀ ਚੋਣ ਕੀਤੀ ਜਾਏਗੀ। ਪੰਜਾਬ ਦੀਆਂ ਵੱਖ-ਵੱਖ ਜ਼ਿਲ੍ਹਾ ਪੱਧਰੀ ਇਕਾਈਆਂ ਵਾਂਗ ਜਲੰਧਰ ਜ਼ਿਲ੍ਹੇ ਦੀ ਚੋਣ ਵੀ ਜਲਦ ਕੀਤੀ ਜਾਏਗੀ। ਇਸ ਮੀਟਿੰਗ ਵਿੱਚ ਵਧੀਆ ਕੰਮ ਕਰਨ ਵਾਲੇ ਪੱਤਰਕਾਰ ਜੋ ਪੀਲੀ ਪੱਤਰਕਾਰੀ ਤੋਂ ਦੂਰ ਹੋਣ ਾਂ ਨੂੰ ਖੁੱਲ੍ਹਾ ਸੱਦਾ ਦਿੱਤਾ ਗਿਆ ਹੈ। ਜਰਨਲਿਸਟ ਪ੍ਰੈੱਸ ਕਲੱਬ ਰਜਿਸਟਰ ਪੰਜਾਬ ਵੱਲੋਂ ਰਜਿਸਟਰੇਸ਼ਨ ਸ਼ੁਰੂ ਕਰ ਦਿੱਤੀ ਗਈ ਹੈ ਅਤੇ ਸਮੂਹ ਪੱਤਰਕਾਰ ਭਾਈਚਾਰੇ ਨੂੰ ਜੋ ਜਲੰਧਰ ਜ਼ਿਲ੍ਹੇ ਨਾਲ ਸਬੰਧਤ ਹੋਣ ਖੁੱਲ੍ਹਾ ਸੱਦਾ ਦਿੱਤਾ ਮਜ਼ਬੂਤ ਕਰਨ ਲਈ ਸਾਫ ਸੁਥਰੀ ਛਵੀ ਵਾਲੇ ਪੱਤਰਕਾਰ ਇਸ ਕਲੱਬ ਦਾ ਹਿੱਸਾ ਬਣਨ। ਮੁੱਖ ਬੁਲਾਰਿਆਂ ਵਿੱਚ ਸੂਬਾ ਪ੍ਰਧਾਨ ਮਨਜੀਤ ਮਾਨ, ਸੂਬਾ ਚੇਅਰਮੈਨ ਐਡਵੋਕੇਟ ਹਰਜੀਤ ਸਿੰਘ ਫਜਲਾਬਾਦ ਤੇ ਕਪੂਰਥਲਾ ਇਕਾਈ ਦੇ ਜ਼ਿਲ੍ਹਾ ਪ੍ਰਧਾਨ ਪ੍ਰੀਤ ਸੰਗੋਜਲਾ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

(ਸੂਬਾ ਪ੍ਰਧਾਨ ਮਨਜੀਤ ਮਾਨ ਨੇ ਕਿਹਾ ਕਿ ਲੋਕਤੰਤਰ ਦੇ ਚੌਥੇ ਥੰਮ ਪੱਤਰਕਾਰਤਾ ਨੂੰ)

## ਅੰਤਰਰਾਸ਼ਟਰੀ ਮਹਿਲਾ ਦਿਵਸ ਮਨਾਇਆ

**ਦਸੂਹਾ (ਕਰਨੈਲ ਮਾਂਗਟ)**- ਆਈ ਕੇ ਗੁਜਰਾਲ ਪੰਜਾਬ ਟੈਕਨੀਕਲ ਯੂਨੀਵਰਸਿਟੀ ਜਲੰਧਰ ਦੇ ਅਧੀਨ ਅਤੇ ਬੀਬੀ ਅਮਰ ਕੌਰ ਜੀ ਐਜੂਕੇਸ਼ਨਲ ਸੁਸਾਇਟੀ ਵੱਲੋਂ ਸਥਾਪਿਤ ਕੇ ਐੱਮ ਐੱਸ ਕਾਲਜ ਆਫ ਆਈ ਟੀ ਐਂਡ ਮੈਨੇਜਮੈਂਟ, ਚੌਧਰੀ ਬੰਤਾ ਸਿੰਘ ਕਲੋਨੀ ਦਸੂਹਾ ਵਿਖੇ ਅੰਤਰਰਾਸ਼ਟਰੀ ਮਹਿਲਾ ਦਿਵਸ ਬੜੀ ਧੂਮਧਾਮ ਨਾਲ ਮਨਾਇਆ ਗਿਆ। ਇਸ ਮੌਕੇ ਕਾਲਜ ਵਿੱਚ ਸੈਮੀਨਾਰ ਅਤੇ ਵਿਸ਼ੇਸ਼



ਪ੍ਰੋਗਰਾਮ ਆਯੋਜਿਤ ਕੀਤਾ ਗਿਆ, ਜਿਸ ਵਿੱਚ ਵਿਦਿਆਰਥੀਆਂ ਤੇ ਸਟਾਫ ਮੈਂਬਰਾਂ ਨੇ ਭਾਗ ਲਿਆ। ਇਸ ਮੌਕੇ ਤੇ ਅਧਿਆਪਕਾਂ ਵੱਲੋਂ ਵਿਦਿਆਰਥੀਆਂ ਨਾਲ ਮਹਿਲਾਵਾਂ ਦੇ ਅਧਿਕਾਰਾਂ, ਸਮਾਜ ਵਿੱਚ ਉਨ੍ਹਾਂ ਦੀ ਭੂਮਿਕਾ ਅਤੇ ਸਸ਼ਕਤੀਕਰਨ ਬਾਰੇ ਵਿਚਾਰ ਸਾਂਝੇ ਕੀਤੇ ਗਏ। ਵਿਦਿਆਰਥਣਾਂ ਵੱਲੋਂ ਭਾਸ਼ਣ, ਕਵਿਤਾ ਅਤੇ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤੇ ਗਏ, ਜਿਨ੍ਹਾਂ ਰਾਹੀਂ ਮਹਿਲਾਵਾਂ ਦੀ ਸ਼ਕਤੀ ਅਤੇ ਯੋਗਦਾਨ ਨੂੰ ਦਰਸਾਇਆ ਗਿਆ। ਇਸ ਮੌਕੇ ਤੇ ਪ੍ਰਿੰਸੀਪਲ ਡਾ. ਸ਼ਬਨਮ ਕੌਰ ਨੇ ਕਿਹਾ ਕਿ ਮਹਿਲਾਵਾਂ ਸਮਾਜ ਦੀ ਮਜ਼ਬੂਤ ਨੀਂਹ ਹਨ ਅਤੇ ਉਨ੍ਹਾਂ ਦੇ ਸਸ਼ਕਤੀਕਰਨ ਨਾਲ ਹੀ ਸਮਾਜ ਦੀ ਤਰੱਕੀ ਸੰਭਵ ਹੈ। ਇਸ ਮੌਕੇ ਮਹਿਲਾਵਾਂ ਦੀ ਉਪਲਬਧੀਆਂ ਦੀ ਪ੍ਰਸ਼ੰਸਾ ਕੀਤੀ ਗਈ ਅਤੇ ਵਿਦਿਆਰਥਣਾਂ ਨੂੰ ਆਪਣੇ ਲਕਸ਼ ਪ੍ਰਾਪਤ ਕਰਨ ਲਈ ਪ੍ਰੇਰਿਤ ਕੀਤਾ ਗਿਆ। ਅੰਤ ਵਿੱਚ ਸਾਰੇ ਸਟਾਫ ਅਤੇ ਵਿਦਿਆਰਥੀਆਂ ਨੇ ਮਹਿਲਾਵਾਂ ਦੇ ਸਨਮਾਨ ਅਤੇ ਸਮਾਨਤਾ ਲਈ ਮਿਲ ਕੇ ਕੰਮ ਕਰਨ ਦਾ ਸੰਕਲਪ ਲਿਆ। ਇਸ ਮੌਕੇ ਕਾਲਜ ਦੇ ਅਧਿਆਪਕ ਅਤੇ ਵਿਦਿਆਰਥੀ ਹਾਜ਼ਰ ਸਨ।

## ਅਧਿਆਪਕਾਂ ਨੇ ਬਜਟ ਦੀਆਂ ਕਾਪੀਆਂ ਸਾੜੀਆਂ



**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)**- ਸਰਕਾਰ 'ਤੇ ਬਜਟ ਵਿੱਚ ਮੁਲਾਜ਼ਮਾਂ ਨਾਲ ਮਤਰੇਈ ਮਾਂ ਵਾਲਾ ਸਲੂਕ ਕਰਨ ਦਾ ਦੋਸ਼ ਲਗਾਉਂਦੇ ਹੋਏ, ਗੜ੍ਹਸ਼ੰਕਰ ਵਿੱਚ ਅਧਿਆਪਕਾਂ ਨੇ ਬਜਟ ਦੀਆਂ ਕਾਪੀਆਂ ਸਾੜੀਆਂ ਅਤੇ ਸਰਕਾਰ ਵਿਰੁੱਧ ਨਾਅਰੇਬਾਜ਼ੀ ਕੀਤੀ। ਗੌਰਮਿੰਟ ਟੀਚਰਜ਼ ਯੂਨੀਅਨ ਬਲਾਕ ਗੜ੍ਹਸ਼ੰਕਰ-1 ਦੇ ਪ੍ਰਧਾਨ ਪਵਨ ਕੁਮਾਰ, ਬਲਾਕ ਗੜ੍ਹਸ਼ੰਕਰ-2 ਦੇ ਪ੍ਰਧਾਨ ਅਸ਼ਵਨੀ ਰਾਣਾ ਅਤੇ ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਦੇ ਬਲਾਕ ਪ੍ਰਧਾਨ ਸਤਪਾਲ ਮਿਨਹਾਸ ਦੀ ਅਗਵਾਈ ਹੇਠ ਅਧਿਆਪਕਾਂ ਨੇ ਬਜਟ ਦੀਆਂ ਕਾਪੀਆਂ ਸਾੜੀਆਂ ਅਤੇ ਦੋਸ਼ ਲਗਾਇਆ ਕਿ ਸਰਕਾਰ ਮੁਲਾਜ਼ਮਾਂ ਦੀਆਂ ਮੰਗਾਂ ਨੂੰ ਹੱਲ ਕਰਨ ਦੀ ਬਜਾਏ ਉਨ੍ਹਾਂ ਦੀ ਆਵਾਜ਼ ਨੂੰ ਜ਼ਬਰਦਸਤੀ ਦਬਾਉਣ ਦੀ ਕੋਸ਼ਿਸ਼ ਕਰ ਰਹੀ ਹੈ। ਉਨ੍ਹਾਂ ਕਿਹਾ ਕਿ 8 ਮਾਰਚ ਨੂੰ ਪੰਜਾਬ ਸਰਕਾਰ ਵੱਲੋਂ ਪੇਸ਼ ਕੀਤੇ ਗਏ ਬਜਟ ਦੇ ਵਿਰੋਧ ਵਿੱਚ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਵਿਰੁੱਧ ਇੱਕ ਸਾਂਝਾ ਪ੍ਰਦਰਸ਼ਨ ਕੀਤਾ ਗਿਆ, ਜਿਸ ਵਿੱਚ ਪੁਲਿਸ ਦੀ ਦਮਨਕਾਰੀ ਕਾਰਵਾਈ ਕਾਰਨ ਕਈ ਸਾਥੀਆਂ ਦੇ ਹੱਥ ਟੁੱਟ ਗਏ ਅਤੇ ਕਈ ਜ਼ਖਮੀ ਹੋ ਗਏ। ਇਸ ਪ੍ਰਦਰਸ਼ਨ ਅਤੇ ਪੇਸ਼ ਕੀਤੇ ਗਏ ਬਜਟ ਦੇ ਵਿਰੋਧ ਵਿੱਚ 10 ਅਤੇ 11 ਮਾਰਚ ਨੂੰ ਪਹਿਲਾਂ ਤੋਂ ਤੈਅ ਪ੍ਰੋਗਰਾਮ ਅਨੁਸਾਰ, ਮੋਹਾਲੀ ਦੇ ਫੇਜ਼ 6 ਵਿਖੇ ਰੈਲੀ ਕਰਨਗੇ ਤੇ ਫਿਰ ਵਿਧਾਨ ਸਭਾ ਵੱਲ ਮਾਰਚ ਕਰਨਗੇ ਅਤੇ ਪੰਜਾਬ ਕਰਮਚਾਰੀ ਅਤੇ ਪੈਨਸ਼ਨਰ ਸੰਯੁਕਤ ਮੋਰਚਾ ਦੇ ਬੈਨਰ ਹੇਠ ਬਜਟ ਦੀਆਂ ਕਾਪੀਆਂ ਸਾੜਨਗੇ।

## ਵੂਮੈਨ ਸੈੱਲ ਨੂੰ ਮਜ਼ਬੂਤ ਕਰਨ ਲਈ ਔਰਤਾਂ ਨੂੰ ਜਾਗਰੂਕ ਕੀਤਾ ਜਾਵੇਗਾ : ਅਮਰਪ੍ਰੀਤ ਕੌਰ

**ਕਪੂਰਥਲਾ (ਪ੍ਰੀਤ ਸੰਗੋਜਲਾ)**- ਜਰਨਲਿਸਟ ਪ੍ਰੈੱਸ ਕਲੱਬ ਰਜਿ ਪੰਜਾਬ ਦੇ ਸੂਬਾ ਪ੍ਰਧਾਨ ਮਨਜੀਤ ਮਾਨ ਦੀ ਅਗਵਾਈ ਹੇਠ ਚੱਲ ਰਹੇ ਵੂਮੈਨ ਸੈਲ ਨੂੰ ਮਜ਼ਬੂਤ ਕਰਨ ਲਈ ਔਰਤਾਂ ਨੂੰ ਆਪਣੇ ਅਧਿਕਾਰਾਂ ਪ੍ਰਤੀ ਜਾਗਰੂਕ ਕੀਤਾ ਜਾਵੇਗਾ।



ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਜਰਨਲਿਸਟ ਪ੍ਰੈੱਸ ਕਲੱਬ ਵੂਮੈਨ ਸੈਲ ਪੰਜਾਬ ਜ਼ਿਲ੍ਹਾ ਜਲੰਧਰ ਦੇ ਪ੍ਰਧਾਨ ਅਮਰਪ੍ਰੀਤ ਕੌਰ ਨੇ ਕਰਦਿਆਂ ਕਿਹਾ ਕਿ ਅੱਜ ਦੇ ਯੁੱਗ ਵਿੱਚ ਔਰਤਾਂ ਤੇ ਦਿਨੋਂ ਦਿਨ ਅੱਤਿਆਚਾਰ ਤੇ ਜ਼ਬਰ ਜ਼ੁਲਮ ਵੱਧ ਰਹੇ ਹਨ ਜਿਸ ਨੂੰ ਰੋਕਣ ਲਈ ਸੂਬੇ ਅੰਦਰ ਔਰਤਾਂ ਨੂੰ ਇੱਕ ਮੰਚ ਤੇ ਇਕੱਤਰ ਕੀਤਾ ਜਾਵੇਗਾ ਉਨ੍ਹਾਂ ਕਿਹਾ ਕਿ ਜਿਸ ਦੇ ਸਬੰਧ ਵਿੱਚ ਜ਼ਿਲ੍ਹਾ ਪੱਧਰ,ਜੋਨ ਪੱਧਰੀ ਤੇ ਬਲਾਕ ਪੱਧਰ ਦੀ ਚੋਣ ਬਹੁਤ ਜਲਦੀ ਕੀਤੀ ਜਾਵੇਗੀ। ਮੈਡਮ ਅਮਰਪ੍ਰੀਤ ਕੌਰ ਨੇ ਔਰਤਾਂ ਨੂੰ ਸੰਗਠਿਤ ਤੇ ਲਾਮਬੰਦ ਹੋਣ ਦੀ ਅਪੀਲ ਕੀਤੀ।

## ਖ਼ਾਲਸਾ ਕਾਲਜ ਵਿਖੇ ਅੰਤਰਰਾਸ਼ਟਰੀ ਔਰਤ ਦਿਵਸ ਮਨਾਇਆ

**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)**- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਚੱਲ ਰਹੇ ਬੱਬਰ ਅਕਾਲੀ ਮੈਮੋਰੀਅਲ ਖ਼ਾਲਸਾ ਕਾਲਜ ਗੜ੍ਹਸ਼ੰਕਰ ਵਿਖੇ ਪ੍ਰਿੰਸੀਪਲ ਡਾ. ਅਮਨਦੀਪ ਹੀਰਾ ਦੀ ਅਗਵਾਈ ਹੇਠ ਵਿਮੈਨ ਗ੍ਰੀਵੀਐਂਸ ਸੈੱਲ ਤੇ ਰਾਜਨੀਤੀ ਸਾਸ਼ਤਰ ਵਿਭਾਗ ਵਲੋਂ ਅੰਤਰਰਾਸ਼ਟਰੀ ਮਹਿਲਾ ਦਿਵਸ ਮਨਾਇਆ ਗਿਆ। ਇਸ ਮੌਕੇ ਗੈਸਟ ਲੈਕਚਰ ਵਿਚ ਬੁਲਾਰੇ ਵਜੋਂ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੇ ਰਾਜਨੀਤੀ ਵਿਭਾਗ ਤੋਂ ਡਾ. ਕਮਲਾ ਅਤੇ ਡਾ. ਸ਼ਿਆਮਾ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਡਾ. ਸ਼ਿਆਮਾ ਨੇ ਅੰਤਰਰਾਸ਼ਟਰੀ ਔਰਤ ਦਿਵਸ ਮੌਕੇ ਆਪਣੇ ਵਿਚਾਰ ਸਾਂਝੇ ਕਰਦਿਆਂ ਦੱਸਿਆ ਕਿ ਇਹ ਦਿਨ ਔਰਤਾਂ ਤੇ ਮਰਦਾਂ ਦੀ ਸਮਾਨਤਾ ਦੀ ਗੱਲ ਕਰਦਾ ਹੈ। ਇਸ ਨੂੰ ਮਨਾਉਣ ਦਾ ਮੁੱਖ ਮੰਤਵ ਉਨ੍ਹਾਂ ਔਰਤਾਂ ਨੂੰ ਯਾਦ ਕਰਨਾ ਹੈ ਜਿਨ੍ਹਾਂ ਔਰਤਾਂ ਨੇ ਵੱਖ-ਵੱਖ ਖੇਤਰਾਂ ਵਿਚ ਆਪਣਾ ਸਥਾਨ ਬਣਾਇਆ ਹੈ। ਆਧੁਨਿਕ ਸਮੇਂ ਵਿਚ ਔਰਤ ਸਮਾਜ ਦੇ ਹਰ ਪੱਖ ਵਿਚ ਹਿੱਸੇਦਾਰ ਹੈ ਤੇ ਉਸਨੂੰ ਵੀ ਮਰਦਾਂ ਬਰਾਬਰ ਸਮਾਨ ਰੂਪ



ਵਿਚ ਦੇਖਿਆ ਜਾਣਾ ਚਾਹੀਦਾ ਹੈ। ਉਨ੍ਹਾਂ ਔਰਤ ਦੀ ਪੂਰਵ ਕਾਲ ਤੋਂ ਲੈ ਕੇ ਆਧੁਨਿਕ ਕਾਲ ਦੀ ਸਥਿਤੀ ਬਾਰੇ ਖੁੱਲ੍ਹ ਕੇ ਵਿਚਾਰ ਰੱਖੇ। ਡਾ. ਕਮਲ ਨੇ ਔਰਤ ਦੇ ਵੱਖ-ਵੱਖ ਪੱਖਾਂ ਬਾਰੇ ਗੱਲ ਕਰਦਿਆਂ ਕਿਹਾ ਕਿ ਔਰਤਾਂ ਸਚਮੁੱਚ ਕਮਜ਼ੋਰ ਹਨ? ਕੀ ਉਨ੍ਹਾਂ ਦਾ ਸਚਮੁੱਚ ਸ਼ਕਤੀਕਰਨ ਕੀਤਾ ਜਾਣਾ ਚਾਹੀਦਾ ਹੈ? ਪ੍ਰੋ. ਲਖਵਿੰਦਰਜੀਤ ਕੌਰ ਨੇ ਆਏ ਮਹਿਮਾਨਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਔਰਤ ਹਰ ਖੇਤਰ ਵਿਚ ਸਫ਼ਲ ਰੋਲ ਅਦਾ ਕਰਦੀ ਹੈ। ਔਰਤ ਹੀ ਹੈ ਪਰਿਵਾਰ ਵਿਚ ਆਪਣੇ ਬੱਚਿਆਂ ਸਹੀ ਨੈਤਿਕ ਕਦਰਾਂ ਕੀਮਤਾਂ ਦੇ ਕੇ ਜ਼ਿੰਦਗੀ ਦੀ ਹਰ ਮੁਸ਼ਕਿਲ ਵਿਚੋਂ ਨਿਕਲਣ ਲਈ ਤਿਆਰ ਕਰਦੀ ਹੈ। ਵਿਮੈਨ ਸੈੱਲ ਦੇ ਕਨਵੀਨਰ ਡਾ. ਜਾਨਕੀ ਅਗਰਵਾਲ ਨੇ ਆਏ ਹੋਏ ਬੁਲਾਰਿਆਂ ਦਾ ਸਵਾਗਤ ਕਰਦਿਆਂ ਕਿਹਾ ਕਿ ਔਰਤਾਂ ਮਜ਼ਬੂਤ ਹੋਣੀਆਂ ਚਾਹੀਦੀਆਂ ਹਨ ਕਿਉਂਕਿ ਉਹ ਹਰ ਇਕ ਹਾਲਾਤ ਨੂੰ ਵਧੀਆ ਢੰਗ ਨਾਲ ਨਜਿੱਠ ਸਕਦੀਆਂ ਹਨ। ਪ੍ਰੋ. ਪ੍ਰਿਅੰਕਾ ਰਾਣੀ ਕੰਵਰ ਮੁਖੀ ਰਾਜਨੀਤੀ ਸਾਸ਼ਤਰ ਵਿਭਾਗ ਨੇ ਸਟੇਜ ਦੀ ਜ਼ਿੰਮੇਵਾਰੀ ਨਿਭਾਈ। ਇਸ ਮੌਕੇ ਡਾ. ਹਰਵਿੰਦਰ ਕੌਰ ਡਾ. ਅਰਵਿੰਦਰ ਕੌਰ, ਡਾ. ਮੁਕੇਸ਼ ਸ਼ਰਮਾ, ਡਾ. ਸੰਘਾ ਗੁਰਬਖਸ਼ ਕੌਰ, ਸਟਾਫ਼ ਤੇ ਵਿਦਿਆਰਥੀ ਹਾਜ਼ਰ ਹੋਏ।

## ਮਾਨ ਅੱਜ ਆਦਮਪੁਰ ਆਉਣਗੇ : ਪਵਨ ਟੀਨੂੰ



**ਆਦਮਪੁਰ, (ਪ. ਪ.)**- ਹਲਕਾ ਇੰਚਰਾਜ ਪਵਨ ਕੁਮਾਰ ਵਲੋਂ ਕੀਤੀ ਇਕ ਵਿਸ਼ੇਸ਼ ਮੀਟਿੰਗ ਦੌਰਾਨ ਜਾਣਕਾਰੀ ਦਿੰਦੇ ਦੱਸਿਆ ਕਿ 10 ਮਾਰਚ ਨੂੰ ਪੰਜਾਬ ਮੁੱਖ ਮੰਤਰੀ ਭਗਵੰਤ ਮਾਨ ਵਿਧਾਨ ਸਭਾ ਹਲਕਾ ਆਦਮਪੁਰ ਦੇ ਮੁਹੱਲਾ ਗਾਜੀਪੁਰ ਵਿਖੇ ਦੁਪਹਿਰ ਕਰੀਬ ਡੇਢ ਵਜੇ ਆਉਣ ਉਪਰੰਤ ਸੰਗਤ ਦਰਸ਼ਨ ਕਰਨਗੇ। ਇਸ ਮੌਕੇ ਡੀ. ਐਸ. ਪੀ. ਰਜੀਵ ਕੁਮਾਰ ਆਦਮਪੁਰ, ਹਰਕੀਤ ਸਿੰਘ ਨਿੱਝਰ, ਦਵਿੰਦਰ ਸੂਰੀ, ਪੰਕਜ ਹਨੀ, ਪਵਿੱਤਰ ਸਿੰਘ, ਲਖਵੀਰ ਸਿੰਘ ਸਾਰੋਵਾਦ, ਚਰਨਜੀਤ ਸ਼ੇਰੀ, ਸੁਖਵਿੰਦਰ ਬੱਲਾ ਸਮੇਤ ਪਾਰਟੀ ਆਗੂ ਹਾਜ਼ਰ ਸਨ।

# ਨਾਜਾਇਜ਼ ਮਾਈਨਿੰਗ ਖ਼ਿਲਾਫ਼ ਵਿਰੋਧੀ ਸਿਆਸੀ ਧਿਰਾਂ ਇਕਜੁੱਟ ਹੋਈਆਂ

## ਸਰਕਾਰ ਨੂੰ 15 ਦਿਨ ਦਾ ਅਲਟੀਮੇਟਮ ਦਿੱਤਾ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**- ਬਲਾਕ ਹਾਜੀਪੁਰ 'ਚ ਨਾਜਾਇਜ਼ ਖਣਨ ਖ਼ਿਲਾਫ਼ ਵੱਖ ਵੱਖ ਸਿਆਸੀ ਪਾਰਟੀਆਂ ਦੇ ਨੁਮਾਇੰਦਿਆਂ ਨੇ ਗੁਰੂ ਨਾਨਕ ਸੇਵਾ ਸੁਸਾਇਟੀ ਪ੍ਰਧਾਨ ਕਿਰਪਾਲ ਸਿੰਘ ਗੇਰਾ ਦੀ ਅਗਵਾਈ ਹੇਠ ਮੀਟਿੰਗ ਕੀਤੀ। ਇਸ ਮੌਕੇ ਹਾਜ਼ਰ ਸਿਆਸੀ ਧਿਰਾਂ ਨੇ ਖਣਨ ਮਾਫੀਆ ਵੱਲੋਂ ਖ਼ੇਤਰ ਦੀ ਕੀਤੀ ਜਾ ਰਹੀ ਤਬਾਹੀ 'ਤੇ ਚਿੰਤਾ ਪ੍ਰਗਟਾਈ, ਉੱਥੇ ਹੀ ਸਰਕਾਰ ਅਤੇ ਪ੍ਰਸ਼ਾਸਨ ਦੀ ਕਾਰਗੁਜਾਰੀ 'ਤੇ ਸਵਾਲ ਚੁੱਕੇ। ਸਾਬਕਾ ਜ਼ਿਲ੍ਹਾ ਪਰਿਸ਼ਦ ਮੈਂਬਰ ਸੁਮਿਤ ਡਡਵਾਲ, ਅਮਰਜੀਤ ਸਿੰਘ ਢਾਡੇਕਟਵਾਲ, ਸਾਬਕਾ ਚੇਅਰਮੈਨ ਬਲਾਕ ਸਮੰਤੀ ਹਾਜੀਪੁਰ ਅਨਿਲ ਵਸ਼ਿਸ਼ਟ, ਸੁਖਵਿੰਦਰ ਸਿੰਘ ਰਾਣਾ ਕਲੇਰਾਂ, ਲਖਵਿੰਦਰ ਸਿੰਘ ਟਿੰਮੀ, ਐਡ ਰੋਹਿਤ ਸਵਰਾਜ ਆਦਿ ਨੇ ਸਾਂਝੇ ਬਿਆਨ 'ਚ ਕਿਹਾ ਕਿ ਓਵਰਲੋਡ ਟਿੱਪਰਾਂ ਦੀ ਆਵਾਜਾਈ ਕਾਰਨ ਖ਼ੇਤਰ ਦੀਆਂ ਸੜਕਾਂ ਖਸਤਾ ਹਾਲ ਹਨ, ਲੋਕਾਂ ਦਾ ਜਿਉਣਾ ਮੁਹਾਲ ਹੋਇਆ ਪਿਆ ਹੈ। ਮੀਟਿੰਗ 'ਚ ਖ਼ੇਤਰ ਦੀ ਭਖਵੀਂ ਮੰਗ ਅਤੇ ਮਾਈਨਿੰਗ ਖ਼ਿਲਾਫ਼ ਇੱਕ ਸ਼ਿਕਾਇਤ ਪੱਤਰ ਡਿਪਟੀ ਕਮਿਸ਼ਨਰ ਅਤੇ ਐੱਸ ਐੱਸ ਪੀ ਹੁਸ਼ਿਆਰਪੁਰ ਨੂੰ ਦੇਣ ਦਾ ਫੈਸਲਾ ਕੀਤਾ। ਇਕੱਤਰ ਸਿਆਸੀ ਧਿਰਾਂ ਨੇ 15 ਦਿਨਾਂ ਅੰਦਰ ਖ਼ੇਤਰ 'ਚ ਮਾਈਨਿੰਗ ਕਾਰੋਬਾਰ ਬੰਦ ਨਾ ਕਰਨ ਦੀ ਸੂਰਤ 'ਚ ਸਥਾਨਕ ਲੋਕਾਂ ਨੂੰ ਨਾਲ ਲੈ ਕੇ ਸੰਘਰਸ਼ ਨੂੰ ਤੇਜ਼ ਕਰਨ ਦਾ ਅਲਟੀਮੇਟਮ ਦਿੱਤਾ ਹੈ। ਹੋਰਨਾਂ ਤੋਂ ਇਲਾਵਾ ਇਸ ਮੌਕੇ 'ਤੇ ਚਰਨਜੀਵ ਸਿੰਘ ਫਤਹਿਪੁਰ, ਨਰਿੰਦਰ ਸਿੰਘ, ਸਰਬਜੀਤ ਸਿੰਘ, ਅਨਮੋਲ ਚੌਧਰੀ, ਕੁਨਾਲ ਚੌਧਰੀ, ਕਮਲ ਗਰੇਵਾਲ, ਸ਼ੁਭਮ ਸੋਹਲ, ਅਮਰਜੋਤ ਸਿੰਘ ਗਿੱਲ ਆਦਿ ਹਾਜ਼ਰ ਸਨ।

# ਦੌੜਦਾ ਪੰਜਾਬ-2 ਤੇ ਸੀ ਟੀ ਹਾਫ਼ ਮੈਰਾਥਨ ਕਰਵਾਈ

**ਜਲੰਧਰ, (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)**- ਪੰਜਾਬ ਸਰਕਾਰ ਦੀ 'ਯੁੱਧ ਨਸ਼ਿਆਂ ਵਿਰੁੱਧ' ਪਹਿਲਕਦਮੀ ਤਹਿਤ ਅੱਜ ਅੰਤਰਰਾਸ਼ਟਰੀ ਮਹਿਲਾ ਦਿਵਸ ਦੇ ਵਿਸ਼ੇਸ਼ ਮੌਕੇ 'ਤੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸੀ.ਟੀ. ਗਰੁੱਪ ਆਫ਼ ਇੰਸਟੀਚਿਊਸ਼ਨਜ਼ ਦੇ ਸਹਿਯੋਗ ਨਾਲ 'ਦੌੜਦਾ ਪੰਜਾਬ-2 ਤੇ 17ਵੀਂ ਸੀ ਟੀ ਹਾਫ਼ ਮੈਰਾਥਨ ਕਰਵਾਈ ਗਈ। ਇਸ ਮੈਰਾਥਨ ਵਿੱਚ 7 ਹਜ਼ਾਰ ਤੋਂ ਵੱਧ ਭਾਗੀਦਾਰਾਂ ਨੇ ਸ਼ਿਰਕਤ ਕਰਦੇ ਹੋਏ ਨਸ਼ਿਆਂ ਖਿਲਾਫ਼ ਇਕਜੁੱਟ ਹੋਣ ਦਾ ਸੱਦਾ ਦਿੱਤਾ।ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ, ਜਿਨ੍ਹਾਂ ਨਾਲ ਮੇਅਰ ਵਿਨੀਤ ਧੀਰ, ਨਸ਼ਾ ਮੁਕਤੀ ਮੋਰਚਾ ਦੇ ਦੋਆਬਾ ਕੋਆਰਡੀਨੇਟਰ ਨਯਨ ਛਾਬੜਾ, 'ਆਪ' ਆਗੂ ਰਾਜਵਿੰਦਰ ਕੌਰ ਥਿਆੜਾ, ਸੀ ਟੀ ਗਰੁੱਪ ਦੇ ਚੇਅਰਮੈਨ ਚਰਨਜੀਤ ਸਿੰਘ ਚੰਨੀ, ਮੈਨੇਜਿੰਗ ਡਾਇਰੈਕਟਰ ਮਨਬੀਰ ਸਿੰਘ, ਵਾਈਸ ਚੇਅਰਮੈਨ ਹਰਪ੍ਰੀਤ ਸਿੰਘ ਤੇ ਹੋਰ ਸ਼ਖ਼ਸੀਅਤਾਂ ਮੌਜੂਦ ਸਨ, ਵੱਲੋਂ ਹਾਫ਼ ਮੈਰਾਥਨ ਨੂੰ ਸੀ ਟੀ ਇੰਸਟੀਚਿਊਟ ਸ਼ਾਹਪੁਰ ਤੋਂ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ ਗਿਆ।ਮੈਰਾਥਨ ਦੌਰਾਨ ਭਾਗੀਦਾਰਾਂ ਨੇ 'ਨਸ਼ਾ ਮੁਕਤ-ਰੰਗਲਾ ਪੰਜਾਬ' ਦਾ ਸੁਨੇਹਾ



ਦਿੰਦਿਆਂ ਲੋਕਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਅਤੇ ਤੰਦਰੁਸਤ ਜੀਵਨਸ਼ੈਲੀ ਅਪਣਾਉਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਸੰਬੋਧਨ ਕਰਦਿਆਂ ਮੇਅਰ ਵਿਨੀਤ ਧੀਰ ਨੇ ਕਿਹਾ ਕਿ ਪੰਜਾਬ ਸਰਕਾਰ ਦੇ ਯਤਨਾਂ ਸਦਕਾ ਲੋਕਾਂ ਵਿੱਚ ਨਸ਼ਿਆਂ ਖਿਲਾਫ਼ ਚੇਤਨਾ ਪੈਦਾ ਹੋਈ ਹੈ।'ਆਪਓ' ਆਗੂ ਰਾਜਵਿੰਜਰ ਕੌਰ ਥਿਆੜਾ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨਸ਼ਿਆਂ ਨੂੰ ਖ਼ਤਮ ਕਰਨ ਲਈ ਜ਼ਮੀਨੀ ਪੱਧਰ 'ਤੇ ਕੰਮ ਰਹੀ ਹੈ। ਅਖੀਰ ਵਿੱਚ ਵੱਖ-ਵੱਖ ਮੈਰਾਥਨ ਕੈਟਾਗਰੀਆਂ 'ਚ ਜੇਤੂ ਰਹੇ ਭਾਗੀਦਾਰਾਂ ਨੂੰ ਨਕਦ ਰਾਸ਼ੀ ਤੇ ਟਰਾਫੀਆਂ ਨਾਲ ਸਨਮਾਨਤ ਕੀਤਾ ਗਿਆ। 5 ਕਿਲੋਮੀਟਰ ਵੈਟਰਨਜ਼ ਸ਼੍ਰੇਣੀ (ਮਹਿਲਾ) ਵਿੱਚ ਸੁਮੀਨਾ ਨੇ ਪਹਿਲਾ, ਕਮਲਜੀਤ ਕੌਰ ਨੇ ਦੂਜਾ ਅਤੇ ਨਰਿੰਦਰ ਕੌਰ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਪੁਰਸ਼ ਵੈਟਰਨਜ਼ ਸ਼੍ਰੇਣੀ ਵਿੱਚ ਸਰਬ ਰਾਜ ਕੁਮਾਰ ਨੇ ਪਹਿਲਾ, ਸੁਨੀਲ ਸ਼ਰਮਾ ਨੇ ਦੂਜਾ ਸਥਾਨ ਅਤੇ ਕੁਲਵੰਤ ਸਿੰਘ ਨੇ ਤੀਜਾ ਸਥਾਨ ਪ੍ਰਾਪਤ ਕੀਤਾ। 5 ਕਿਲੋਮੀਟਰ ਓਪਨ ਕੈਟੇਗਰੀ (ਮਹਿਲਾ) ਵਿੱਚ ਅਬੇਰੂ ਗੇਮੇਚੂ ਨੇ ਪਹਿਲਾ, ਅਰਪਿਤਾ ਨੇ ਦੂਜਾ ਅਤੇ ਹਰਮਨਪ੍ਰੀਤ ਕੌਰ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਜਦਕਿ ਪੁਰਸ਼ ਓਪਨ ਸ਼੍ਰੇਣੀ ਵਿੱਚ, ਪਹਿਲਾ ਸਥਾਨ 14:40 ਸਮੇਂ ਵਿੱਚ ਦੌੜ ਪੂਰੀ ਕਰਕੇ ਹਾਸਲ ਕੀਤਾ ਗਿਆ। ਰਵੀ ਨੇ 14:45 ਦੇ ਸਮੇਂ ਨਾਲ ਦੂਜਾ ਸਥਾਨ ਅਤੇ ਵਾਸ਼ੇ ਤੇਬੇਜੇ ਕਿਨੇਟੋ ਨੇ 16:59 ਸਮੇਂ ਨਾਲ ਤੀਜਾ ਸਥਾਨ ਪ੍ਰਾਪਤ ਕੀਤਾ।

# ਕੇਂਦਰ ਸਰਕਾਰ ਨੇ ਅਮਰੀਕਾ ਮੂਹਰੇ ਗੋਡੇ ਟੇਕ ਦੇਸ਼ ਦੀ ਪ੍ਰਭੂਸੱਤਾ ਨੂੰ ਖੋਰਾ ਲਾਇਆ : ਪਾਸਲਾ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਅੱਜ ਦੁਨੀਆ 'ਤੇ ਤੀਜੀ ਵਿਸ਼ਵ ਜੰਗ ਦੇ ਬੱਦਲ ਮੰਡਰਾ ਰਹੇ ਹਨ। ਜਦਕਿ ਲੋਕ ਹਾਲੇ ਤੱਕ ਦੂਜੇ ਵਿਸ਼ਵ ਯੁੱਧ ਦਾ ਸੰਤਾਪ ਭੁੱਲੇ ਗਿਆ ਹੈ। ਇਸ ਨਾਲ ਤੇਲ ਦਾ ਸੰਕਟ ਵਧੇਗਾ ਤੇ ਮਹਿੰਗਾਈ ਵੀ ਵਧੇਗੀ। ਸਾਥੀ ਪਾਸਲਾ ਨੇ ਕੇਂਦਰੀ ਹਕੂਮਤ 'ਤੇ ਵਰ੍ਹਦਿਆਂ ਕਿਹਾ ਕਿ ਭਾਰਤ ਨੇ ਅਮਰੀਕਾ ਮੂਹਰੇ ਗੋਡੇ



ਨਹੀਂ। ਫਿਰ ਵੀ ਕਈ ਗੁਣਾ ਹਥਿਆਰ ਬਣਾ ਲਏ ਗਏ ਹਨ। ਪਰ ਤਜ਼ਰਬੇ 'ਚੋਂ ਕਿਸੇ ਨੇ ਕੁੱਝ ਸਿੱਖਿਆ ਨਹੀਂ। ਇਹ ਸ਼ਬਦ ਟ੍ਰੇਡ ਯੂਨੀਅਨ ਆਗੂ ਸਾਥੀ ਮੰਗਤ ਰਾਮ ਪਾਸਲਾ ਨੇ ਇੱਥੇ ਇੱਕਠ ਨੂੰ ਸੰਬੋਧਨ ਕਰਦਿਆਂ ਕਹੇ। ਇਰਾਨ-ਇਜ਼ਰਾਇਲ ਜੰਗ ਨਾਲ ਅੰਤਰਰਾਸ਼ਟਰੀ ਪੱਧਰ 'ਤੇ ਦੁਨੀਆਂ ਦੇ ਅਮਨ ਨੂੰ ਖਤਰਾ ਪੈਦਾ ਹੋ ਟੇਕ ਕੇ ਦੇਸ਼ ਦੀ ਸੰਪ੍ਰਭੂਤਾ ਨੂੰ ਖੋਰਾ ਲਾਇਆ ਹੈ। ਕੇਂਦਰ ਸਰਕਾਰ ਨੇ ਇਰਾਨ ਦੇ ਮੁਖੀ ਦੇ ਕਤਲ 'ਤੇ ਅਜੇ ਤੱਕ ਵੀ ਅਫਸੋਸ ਜ਼ਾਹਿਰ ਨਹੀਂ ਕੀਤਾ ਹੈ। ਰੂਸ ਤੋਂ ਤੇਲ ਲੈਣ ਦਾ ਫੈਸਲਾ ਵੀ ਅਮਰੀਕਨ ਸਾਮਰਾਜ ਕਰ ਰਿਹਾ ਹੈ। ਛਪੰਜਾ ਇੰਚੀ ਸੀਨੇ ਵਾਲਾ ਪ੍ਰਧਾਨ ਮੰਤਰੀ ਤੇਲ ਖਰੀਦ ਦੇ ਮੁੱਦੇ 'ਤੇ ਚੁੱਪ ਹੈ। ਸਾਥੀ ਪਾਸਲਾ ਨੇ ਰਾਸ਼ਟਰੀ ਸਵੈਮ ਸੇਵਕ ਸੰਘ ਤੋਂ ਸੇਧਿਤ ਭਾਜਪਾ ਹਕੂਮਤ ਵੱਲੋਂ ਧਰਮ ਦੇ ਨਾਂ 'ਤੇ ਕੀਤੀ ਜਾ ਰਹੀ ਸਿਆਸਤ ਨਾਲ ਦੇਸ਼ ਅੰਦਰ ਵੰਡ ਵੇਲ਼ੇ ਨਾਲੋਂ ਬਦਤਰ ਹਲਾਤ ਬਣਨ ਦਾ ਖਦਸ਼ਾ ਜ਼ਾਹਿਰ ਕੀਤਾ ਹੈ। ਪ੍ਰਧਾਨ ਮੰਤਰੀ ਮੋਦੀ ਦੇ 12 ਸਾਲਾ ਰਾਜ ਪ੍ਰਬੰਧ 'ਚ ਦੇਸ਼ ਦੀ ਆਰਥਿਕ ਅਤੇ ਵਿਦੇਸ਼ ਨੀਤੀ ਬੁਰੀ ਤਰ੍ਹਾਂ ਫ਼ੇਲ੍ਹ ਸਾਬਤ ਹੋਈ ਹੈ। ਪਾਸਲਾ ਨੇ ਕਿਹਾ ਕਿ ਆਉਣ ਵਾਲਾ ਸਮਾਂ ਸੰਕਟ ਭਰਪੂਰ ਰਹੇਗਾ। ਇਸ ਤੋਂ ਪਹਿਲਾਂ ਜ਼ਮਹੂਰੀ ਕਿਸਾਨ ਸਭਾ ਦੇ ਸੂਬਾਈ ਆਗੂ ਸਵਰਨ ਸਿੰਘ ਸੰਯੁਕਤ ਕਿਸਾਨ ਮੋਰਚਾ ਵੱਲੋਂ ਲੜੇ ਸੰਘਰਸ਼ ਦਾ ਜ਼ਿਕਰ ਕਰਦਿਆਂ ਹਾਜ਼ਰੀਨ ਨੂੰ ਜਥੇਬੰਦਕ ਹੋ ਕੇ ਸੰਘਰਸ਼ਾਂ 'ਚ ਕੁੱਦਣ ਦੀ ਅਪੀਲ ਕੀਤੀ। ਹੋਰਨਾਂ ਤੋਂ ਇਲਾਵਾ ਇਸ ਮੌਕੇ 'ਤੇ ਗਿਆਨ ਸਿੰਘ ਗੁਪਤਾ, ਅਮਰਜੀਤ ਕਾਨੂੰਨਗੋ, ਤਰਲੋਕ ਸਿੰਘ, ਮੁਲਖ ਰਾਜ, ਖੁਸ਼ੀ ਰਾਮ, ਬੋਧ ਰਾਜ ਤਲਵਾੜਾ ਆਦਿ ਨੇ ਵੀ ਸੰਬੋਧਨ ਕੀਤਾ। ਅੰਤ 'ਚ ਪੈਨਸ਼ਨਰਜ਼ ਆਗੂ ਸ਼ਿਵ ਕੁਮਾਰ ਨੇ ਹਾਜ਼ਰੀਨ ਦਾ ਧਨਵਾਦ ਕੀਤਾ।

# ਵਿਧਾਨ ਸਭਾ ਦੇ ਘਿਰਾਓ ਲਈ ਵੱਡੀ ਗਿਣਤੀ 'ਚ ਮੁਲਾਜ਼ਮ ਤੇ ਪੈਨਸ਼ਨਰ ਰਵਾਨਾ



**ਮਾਹਿਲਪੁਰ (ਸ਼ਫ਼ਰੀ)**- ਸਰਕਾਰ ਵੱਲੋਂ ਲਗਾਤਾਰ ਮੁਲਾਜ਼ਮ-ਪੈਨਸ਼ਨਰ ਮੰਗਾਂ ਪ੍ਰਤੀ ਅਪਣਾਈ ਟਾਲਮਟੋਲ ਦੀ ਨੀਤੀ ਦੇ ਵਿਰੋਧ ਵਿੱਚ ਮੁਲਾਜ਼ਮ-ਪੈਨਸ਼ਨਰ ਸਾਂਝਾ ਫਰੰਟ ਦੀ ਸੂਬਾ ਕਮੇਟੀ ਵਲੋਂ ਸਰਕਾਰ ਵੱਲੋਂ ਵਾਰ-ਵਾਰ ਮੀਟਿੰਗ ਲਈ ਸਮਾਂ ਦੇ ਕੇ ਮੰਗਾਂ ਨੂੰ ਲਟਕਾਉਣ ਲਈ ਚੰਡੀਗੜ੍ਹ ਵਿਧਾਨ ਸਭਾ ਦੇ ਘਿਰਾਓ ਦਾ ਐਲਾਨ ਕੀਤਾ ਗਿਆ ਸੀ।ਇਸ ਘਿਰਾਓ ਵਿੱਚ ਸ਼ਾਮਿਲ ਹੋਣ ਲਈ ਵੱਡੀ ਗਿਣਤੀ ਵਿੱਚ ਮੁਲਾਜ਼ਮ-ਪੈਨਸ਼ਨਰ ਬਲਾਕ ਪ੍ਰਧਾਨ ਨਰਿੰਦਰ ਅਜਨੋਹਾ, ਮੱਖਣ ਸਿੰਘ ਲੰਗੇਰੀ, ਮਲਕੀਤ ਸਿੰਘ ਬਾਹੋਵਾਲ, ਅਮਰਜੀਤ ਕੁਮਾਰ ਨੰਗਲ ਖਿਲਾੜੀਆਂ, ਪਰਮਜੀਤ ਕਾਤਿਬ ਅਤੇ ਕਮਲਜੀਤ ਕੌਰ ਖੜੌਦੀ ਦੀ ਅਗਵਾਈ ਵਿੱਚ ਮਾਹਿਲਪੁਰ ਤੋਂ ਵੱਡੀ ਗਿਣਤੀ ਵਿੱਚ ਰਵਾਨਾ ਹੋਏ। ਆਗੂਆਂ ਨੇ ਸਰਕਾਰ ਨੂੰ ਤਾੜਨਾ ਕਰਦਿਆਂ ਕਿਹਾ ਕਿ ਮੁਲਾਜ਼ਮ-ਪੈਨਸ਼ਨਰ ਵਰਗ ਦੀਆਂ ਮੰਗਾਂ ਤੁਰੰਤ ਮੰਨੀਆਂ ਜਾਣ। ਜੇਕਰ ਸਰਕਾਰ ਉਕਤ ਮੰਗਾਂ ਦਾ ਸਾਰਥਕ ਹੱਲ ਨਹੀਂ ਕਰਦੀ ਤਾਂ ਆਉਣ ਵਾਲੇ ਸਮੇਂ ਵਿੱਚ ਹੋਰ ਵੀ ਵੱਡੇ ਸੰਘਰਸ਼ ਕਰਨ ਲਈ ਮਜਬੂਰ ਹੋਵਾਂਗੇ।ਵਿਧਾਨ ਸਭਾ ਦੇ ਘਿਰਾਓ ਲਈ ਰਵਾਨਾ ਹੋਣ ਮੌਕੇ ਸਰਕਾਰ ਵਿਰੁੱਧ ਜੰਮਕੇ ਨਾਅਰੇਬਾਜੀ ਕੀਤੀ ਗਈ ।ਇਸ ਮੌਕੇ ਕਿਸਾਨ ਆਗੂ ਰਾਜਵਿੰਦਰ ਭਾਮ, ਜਸਵਿੰਦਰ ਭਾਮ, ਰਾਮ ਆਸਰਾ, ਜੈਰਾਮ ਬਾੜੀਆਂ, ਬਖਤਾਵਰ ਸਿੰਘ, ਕਾਮਰੇਡ ਲਹਿੰਬਰ ਰਹੱਲੀ, ਗਿਆਨ ਚੰਦ ਹੰਦੋਵਾਲ, ਗੁਰਮੁਖ ਸਿੰਘ, ਕਰਮਵੀਰ, ਹਰਮਨੋਜ ਕੁਮਾਰ, ਗੁਰਮੀਤ ਸਿੰਘ, ਮਨਜੀਤ ਸਿੰਘ, ਅਸ਼ੋਕ ਕੁਮਾਰ, ਅਜੇ ਕੁਮਾਰ, ਧਰਮ ਚੰਦ, ਪ੍ਰਸ਼ੋਤਮ ਲਾਲ, ਮਨਜਿੰਦਰ ਸਿੰਘ, ਸਰਬਜੀਤ ਸਿੰਘ, ਨਰਿੰਦਰ ਮਹਿਤਾ, ਸੁਖਵੀਰ ਸਿੰਘ, ਰਜਿੰਦਰ ਸਿੰਘ, ਬਲਜਿੰਦਰ ਪਾਲ, ਸਰਵਣ ਸਿੰਘ, ਸਤਨਾਮ ਸਿੰਘ, ਗੁਰਨਾਮ ਚੰਦ, ਰਕੇਸ਼ ਕੁਮਾਰ,ਹਰਵਿੰਦਰ ਸਿੰਘ, ਗੁਰਪਾਲ ਟੀਟੂ, ਨਵਜੋਤ, ਹੇਮੰਤ ਰਾਏ, ਗੁਰਜੀਤ ਟੋਨੀ, ਵਰਿੰਦਰ ਕੁਮਾਰ, ਰਾਜਨ ਕੁਮਾਰ, ਅਮਰਵੀਰ ਕੌਰ, ਸੁਰਿੰਦਰ ਕੌਰ, ਬਲਵਿੰਦਰ ਕੌਰ, ਸਤਵੀਰ ਕੌਰ, ਜਸਪ੍ਰੀਤ ਕੌਰ,ਪ੍ਰਦੀਪ ਕੌਰ, ਜੀਵਨ, ਕੁਲਵਿੰਦਰ ਕੌਰ, ਹਰਬੰਸ ਕੌਰ, ਯਮੁਨਾ, ਗੁਰਵਿੰਦਰ ਕੌਰ, ਜਸਵੀਰ, ਆਸ਼ਾ ਆਦਿ ਵੱਡੀ ਗਿਣਤੀ ਵਿੱਚ ਮੁਲਾਜ਼ਮ ਅਤੇ ਪੈਨਸ਼ਨਰ ਹਾਜ਼ਰ ਸਨ।

# ਅੰਤਰਰਾਸ਼ਟਰੀ ਮਹਿਲਾ ਦਿਵਸ ਮੌਕੇ ਕੈਂਸਰ 'ਤੇ ਜਾਗਰੂਕਤਾ ਸੈਸ਼ਨ

**ਜਲੰਧਰ (ਸ਼ੈਲੀ ਐਲਬਰਟ)** ਸਿਹਤ ਨੂੰ ਸਭ ਤੋਂ ਉੱਚੀ ਪ੍ਰਾਥਮਿਕਤਾ ਦਿੰਦਿਆਂ 'ਦਿਸ਼ਾ : ਐਨ ਇਨੀਸ਼ੀਏਟਿਵ ', ਜੋ ਕਿ ਬੌਰੀ ਮੈਮੋਰਿਅਲ ਐਜੂਕੇਸ਼ਨਲ ਐਂਡ ਮੈਡੀਕਲ ਟਰੱਸਟ ਵੱਲੋਂ ਚਲਾਈ ਜਾਂਦੀ ਹੈ, ਨੇ ਅੰਤਰਰਾਸ਼ਟਰੀ ਮਹਿਲਾ ਦਿਵਸ ਦੇ ਮੌਕੇ 'ਤੇ ਇਨੋਸੈਂਟ ਹਾਰਟਸ ਗਰੁੱਪ ਆਫ ਇੰਸਟੀਚਿਊਸ਼ਨਜ਼ ਵਿੱਚ ਵਿਦਿਆਰਥਣਾਂ ਅਤੇ ਮਹਿਲਾ ਸਟਾਫ ਲਈ ਸਰਵਿਕਲ ਕੈਂਸਰ ਵਿਸ਼ੇ 'ਤੇ ਜਾਗਰੂਕਤਾ ਸੈਸ਼ਨ ਆਯੋਜਿਤ ਕੀਤਾ। ਇਹ ਪ੍ਰੋਗਰਾਮ ਫੁਲਕਾਰੀ-ਕਾਂਕਰ ਕੈਂਸਰ ਆਰਗੇਨਾਈਜ਼ੇਸ਼ਨ ਦੇ ਸਹਿਯੋਗ ਨਾਲ ਕਰਵਾਇਆ ਗਿਆ। ਇਸ ਆਯੋਜਨ ਦਾ ਉਦੇਸ਼ ਵਿਦਿਆਰਥਣਾਂ ਤੇ ਮਹਿਲਾਵਾਂ ਨੂੰ ਸਰਵਿਕਲ ਕੈਂਸਰ ਦੀ ਸਮੇਂ ਸਿਰ ਪਹਿਚਾਣ ਅਤੇ ਇਸ ਦੀ ਰੋਕਥਾਮ ਦੇ ਮਹੱਤਵ ਬਾਰੇ ਜਾਗਰੂਕ ਤੇ ਸਸ਼ਕਤ ਬਣਾਉਣਾ ਸੀ। ਇਸ ਪ੍ਰੋਗਰਾਮ ਦਾ ਸਮਨਵਯ ਸੰਸਥਾ ਦੀ ਇੰਟਰਨਲ ਕੰਪਲੇਂਟਸ ਕਮੇਟੀ (ਆਈ ਸੀ ਸੀ) ਤੇ ਰੈੱਡ ਰਿਬਨ ਕਲੱਬ ਵੱਲੋਂ ਕੀਤਾ ਗਿਆ। ਇਸ ਮੌਕੇ ਅੰਜਲੀ ਦਾਦਾ, ਹੈੱਡ ਕਾਂਕਰ ਕੈਂਸਰ ਪ੍ਰੋਜੈਕਟ, ਪ੍ਰੇਜ਼ੀਡੈਂਟ ਅਤੇ ਫਾਊਂਡਰ-ਸੋਚ ਆਟੀਜ਼ਮ ਸੋਸਾਇਟੀ ਆਫ



ਪੰਜਾਬ, ਡਾ. ਅਮੀਤਾ ਸ਼ਰਮਾ, ਟੈਕਨੀਕਲ ਐਡਵਾਈਜ਼ਰ, ਸੀ.ਸੀ. ਟੀਮ, ਫੁਲਕਾਰੀ ਵੂਮੈਨ ਆਫ ਜਲੰਧਰ ਤੇ ਸ਼ਿਲਪਾ ਚਾਵਲਾ, ਸਬਜੈਕਟ ਫੈਸਿਲੀਟੇਟਰ, ਸੀ.ਸੀ. ਟੀਮ, ਫੁਲਕਾਰੀ ਨੇ ਹਾਜ਼ਰ ਸ੍ਰੋਤਿਆਂ ਨੂੰ ਸੰਬੋਧਨ ਕੀਤਾ। ਜਾਗਰੂਕਤਾ ਮੁਹਿੰਮ ਨੂੰ ਰਚਨਾਤਮਕ ਰੂਪ ਦੇਣ ਲਈ ਵਿਦਿਆਰਥੀਆਂ ਨੇ ਨੁੱਕੜ ਨਾਟਿਕਾ ਪੇਸ਼ ਕੀਤੀ, ਜਿਸ ਵਿੱਚ ਮਹਿਲਾਵਾਂ ਦੀ ਸਿਹਤ ਅਤੇ ਸਮੇਂ ਸਿਰ ਜਾਂਚ ਦੇ ਮਹੱਤਵ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਦਰਸਾਇਆ ਗਿਆ। ਇਸ ਦੇ ਨਾਲ ਹੀ ਇਕ ਸਵੈ-ਰਚਿਤ ਕਵਿਤਾ ਵੀ ਪੇਸ਼ ਕੀਤੀ ਗਈ, ਜਿਸ ਨੇ ਮੌਜੂਦ ਲੋਕਾਂ ਨੂੰ ਸਰਵਿਕਲ ਕੈਂਸਰ ਪ੍ਰਤੀ ਜਾਗਰੂਕ ਅਤੇ ਸੰਵੇਦਨਸ਼ੀਲ ਬਣਨ ਦਾ ਸੰਦੇਸ਼ ਦਿੱਤਾ। ਡਾ. ਪਲਕ ਗੁਪਤਾ ਬੌਰੀ, ਸੀ ਐੱਸ ਆਰ ਡਾਇਰੈਕਟਰ, ਇਨੋਸੈਂਟ ਹਾਰਟਸ ਨੇ ਕਿਹਾ ਕਿ ਇਹ ਪਹਿਲ ਜਾਗਰੂਕਤਾ ਫੈਲਾਉਣ ਅਤੇ ਮਹਿਲਾਵਾਂ ਦੀ ਸਿਹਤ ਨੂੰ ਉਤਸ਼ਾਹਿਤ ਕਰਨ ਲਈ ਬਹੁਤ ਮਹੱਤਵਪੂਰਨ ਹੈ। ਅਸੀਂ ਇੱਕ ਸਿਹਤਮੰਦ ਅਤੇ ਜਾਗਰੂਕ ਸਮਾਜ ਦੇ ਨਿਰਮਾਣ ਲਈ ਵਚਨਬੱਧ ਹਾਂ। ਮਹਿਮਾਨਾਂ ਨੂੰ ਸ਼ਰਮੀਲਾ ਨਾਕਰਾ (ਡਿਪਟੀ ਡਾਇਰੈਕਟਰ, ਕਲਚਰਲ ਅਫੇਅਰਜ਼) ਵੱਲੋਂ ਪਰਿਆਵਰਣ-ਮਿੱਤਰ ਗਮਲੇ ਵਾਲੇ ਪੌਦੇ ਭੇਂਟ ਕਰਕੇ ਸਨਮਾਨਤ ਕੀਤਾ ਗਿਆ।

## ਹੁਸ਼ਿਆਰ ਤੇ ਲੋੜਵੰਦ ਵਿਦਿਆਰਥੀਆਂ ਨੂੰ ਚੈੱਕ ਵੰਡੇ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**- ਸਰਕਾਰੀ ਕਾਲਜ ਹੁਸ਼ਿਆਰਪੁਰ ਵਿਖੇ ਗੌਰਮਿੰਟ ਕਾਲਜ ਰਿਟਾਇਰਡ ਟੀਚਰਜ਼ ਵੈਲਫੇਅਰ ਐਸੋਸੀਏਸ਼ਨ (ਪੰਜਾਬ) ਵੱਲੋਂ ਸਰਕਾਰੀ ਕਾਲਜ ਦੇ ਹੁਸ਼ਿਆਰ ਅਤੇ ਲੋੜਵੰਦ 40 ਵਿਦਿਆਰਥੀਆਂ ਨੂੰ ਇੱਕ ਲੱਖ ਰੁਪਏ ਦੇ ਚੈੱਕ ਵੰਡੇ ਗਏ।ਜਿਸ ਵਿਚ ਪ੍ਰਤੀ ਵਿਦਿਆਰਥੀ 2500 ਰੁਪਏ ਦੀ ਰਾਸ਼ੀ ਦੇ ਚੈੱਕ ਦਿੱਤੇ ਗਏ। ਐਸੋਸੀਏਸ਼ਨ ਵਲੋਂ ਹਰ ਸਾਲ ਦੀ ਤਰਾਂ ਜ਼ਰੂਰਤਮੰਦ ਵਿਦਿਆਰਥੀਆਂ ਨੂੰ ਇਹ ਰਾਸ਼ੀ ਦਿੱਤੀ ਜਾਂਦੀ ਹੈ। ਇਸ ਮੌਕੇ ਤੇ ਐੱਸ ਪੀ ਧੀਰ, ਅਜੀਤ ਸਿੰਘ ਜੱਬਲ, ਕੁਲਦੀਪ ਕੋਹਲੀ, ਮਨੋਰਮਾ ਮਹਿੰਦਰਾ, ਅਮਰਜੀਤ ਕੌਰ, ਡਾ. ਬਲਵੀਰ ਸਿੰਘ, ਹਰਜਿੰਦਰ ਅਮਨ ਮੌਜੂਦ ਰਹੇ ਤੇ ਕਾਲਜ ਪ੍ਰਿੰਸੀਪਲ ਡਾ. ਗਗਨਦੀਪ ਚੀਮਾ ਨੇ ਆਏ ਹੋਏ ਮੈਂਬਰ ਸਹਿਬਾਨ ਦਾ ਧੰਨਵਾਦ ਕੀਤਾ।

## ਮਹਿਲਾਵਾਂ ਨੇ ਵੱਡੀ ਸਕਰੀਨ 'ਤੇ ਲਾਈਵ ਦੇਖਿਆ ਵਿਧਾਨ ਸਭਾ ਸੈਸ਼ਨ

**ਪੋਜੇਵਾਲ/ਬਲਾਚੌਰ (ਰਾਮ ਲਾਲ, ਜਸਵਿੰਦਰ ਬੈਂਸ)**- ਪੰਜਾਬ ਵਿਧਾਨ ਸਭਾ ਦੇ ਚੱਲ ਰਹੇ ਸੈਸ਼ਨ ਦੌਰਾਨ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਮਹਿਲਾਵਾਂ ਲਈ ਕੀਤੇ ਗਏ ਵੱਡੇ ਐਲਾਨਾਂ ਨੂੰ ਲੈ ਕੇ ਹਲਕਾ ਬਲਾਚੌਰ ਵਿੱਚ ਖੁਸ਼ੀ ਦਾ ਮਾਹੌਲ ਦੇਖਣ ਨੂੰ ਮਿਲਿਆ। ਹਲਕਾ ਵਿਧਾਇਕਾ ਸੰਤੋਸ਼ ਕਟਾਰੀਆ ਦੇ ਦਫ਼ਤਰ ਵਿਖੇ ਹਲਕੇ ਦੀਆਂ ਮਹਿਲਾਵਾਂ ਦਾ ਭਾਰੀ ਇਕੱਠ ਦੇਖਣ ਨੂੰ ਮਿਲਿਆ।ਵਿਧਾਇਕਾ ਸੰਤੋਸ਼ ਕਟਾਰੀਆ ਵੱਲੋਂ ਖਾਸ ਤੌਰ 'ਤੇ ਆਪਣੇ ਦਫ਼ਤਰ ਵਿਖੇ ਇੱਕ ਵੱਡੀ ਸਕਰੀਨ ਦਾ ਪ੍ਰਬੰਧ ਕੀਤਾ ਗਿਆ



ਸੀ, ਤਾਂ ਜੋ ਹਲਕੇ ਦੇ ਲੋਕ ਤੇ ਖਾਸ ਕਰਕੇ ਮਹਿਲਾਵਾਂ ਸਰਕਾਰ ਦੇ ਫੈਸਲਿਆਂ ਨੂੰ ਲਾਈਵ ਦੇਖ ਸਕਣ। ਜਿਵੇਂ ਹੀ ਸੈਸ਼ਨ ਦੌਰਾਨ ਜਨਰਲ 1000 ਤੇ ਐਸ ਸੀ ਸ਼੍ਰੇਣੀ ਦੀਆਂ ਮਹਿਲਾਵਾਂ ਲਈ 1500 ਰੁਪਏ ਸਨਮਾਨ ਰਾਸ਼ੀ ਦਾ ਐਲਾਨ ਹੋਇਆ, ਤਾਂ ਪੂਰਾ ਦਫ਼ਤਰ ਤਾੜੀਆਂ ਨਾਲ ਗੂੰਜ ਉੱਠਿਆ। ਮਹਿਲਾਵਾਂ ਨੇ ਬੜੀ ਉਤਸੁਕਤਾ ਨਾਲ ਮੁੱਖ ਮੰਤਰੀ ਦਾ ਭਾਸ਼ਣ ਸੁਣਿਆ। ਇਸ ਮੌਕੇ ਵਿਧਾਇਕਾ ਸੰਤੋਸ਼ ਕਟਾਰੀਆ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਹਰ ਵਰਗ ਦੇ ਵਿਕਾਸ ਲਈ ਵਚਨਬੱਧ ਹੈ। ਇਸ ਮੌਕੇ ਤੇ ਨਗਰ ਕੌਂਸਲ ਕੌਂਸਲ ਦੇ ਸੀਨੀਅਰ ਉਪ ਪ੍ਰਧਾਨ ਹਰਵਿੰਦਰ ਕੌਰ ਸਿਆਣ, ਨਿਰਮਲਾ ਦੇਵੀ,ਸ਼ਿੰਦੋ ਮੇਸ਼ੀ, ਚੌਧਰੀ ਰਾਧੇ ਸ਼ਾਮ,ਜਸਵਿੰਦਰ ਸਿਆਣ, ਕੁਲਦੀਪ ਸਿੰਘ, ਹੋਰ ਹਲਕੇ ਤੋਂ ਪਤਵੰਤ ਸੱਜਣ ਪਹੁੰਚੇ।

## ਪੰਜਾਬ ਸਰਕਾਰ ਨੇ ਮਹਿਲਾ ਦਿਵਸ 'ਤੇ ਔਰਤਾਂ ਨੂੰ ਦਿੱਤਾ ਵੱਡਾ ਤੋਹਫਾ : ਚੱਬੇਵਾਲ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**- ਲੋਕ ਸਭਾ ਹਲਕਾ ਹੁਸ਼ਿਆਰਪੁਰ ਤੋਂ ਸੰਸਦ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪੇਸ਼ ਕੀਤਾ ਗਿਆ 2026-27 ਦਾ ਬਜਟ ਲੋਕ ਭਲਾਈ ਤੇ ਵਿਕਾਸ ਨੂੰ ਸਮਰਪਿਤ ਹੈ ਜੋ ਕਿ ਸੂਬੇ ਦੇ ਵਿਕਾਸ ਨੂੰ ਨਵੀਂ ਦਿਸ਼ਾ ਤੇ ਗਤੀ ਪ੍ਰਦਾਨ ਕਰੇਗਾ। ਉਨ੍ਹਾਂ ਕਿਹਾ ਕਿ ਆਪ ਸਰਕਾਰ



ਵੱਲੋਂ ਕੀਤੇ ਵਾਅਦੇ ਨੂੰ ਪੂਰਾ ਕਰਦੇ ਹੋਏ ਬਜਟ ਵਿੱਚ 18 ਸਾਲ ਤੋਂ ਵੱਧ ਉਮਰ ਦੀਆਂ ਸਾਰੀਆਂ ਔਰਤਾਂ ਲਈ 1,000 ਰੁਪਏ ਪ੍ਰਤੀ ਮਹੀਨਾ ਦੀ ਗਰੰਟੀ ਲਾਗੂ ਕੀਤੀ ਗਈ ਹੈ, ਜਦੋਂ ਕਿ ਅਨੁਸੂਚਿਤ ਜਾਤੀਆਂ ਦੀਆਂ ਔਰਤਾਂ ਨੂੰ 1,500 ਰੁਪਏ ਪ੍ਰਤੀ ਮਹੀਨਾ ਮਿਲਣਗੇ। ਉਨ੍ਹਾਂ ਕਿਹਾ ਕਿ ਜਿਸ ਪਰਿਵਾਰ ਵਿੱਚ ਜਿੰਨੀਆਂ ਔਰਤਾਂ ਹੋਣਗੀਆਂ ਉਨ੍ਹਾਂ ਸਭ ਨੂੰ ਇਸ ਸਕੀਮ ਦਾ ਲਾਭ ਮਿਲੇਗਾ। ਸੰਸਦ ਮੈਂਬਰ ਡਾ. ਚੱਬੇਵਾਲ ਨੇ ਅੱਗੇ ਕਿਹਾ ਕਿ ਇਹ ਯੋਜਨਾ ਦੇ ਆਰਥਿਕ ਸਸ਼ਕਤੀਕਰਨ ਵੱਲ ਪੰਜਾਬ ਸਰਕਾਰ ਵੱਲੋਂ ਚੁੱਕਿਆਂ ਗਿਆ ਇੱਕ ਵੱਡਾ ਕਦਮ ਹੈ, ਜਿਸ ਤਹਿਤ ਰਜਿਸਟਰੇਸ਼ਨ 13 ਅਪ੍ਰੈਲ, ਵਿਸਾਖੀ ਤੋਂ ਸ਼ੁਰੂ ਹੋਵੇਗੀ। ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਸਰਕਾਰ ਨੇ ਰੰਗਲਾ ਪੰਜਾਬ ਵਿਕਾਸ ਯੋਜਨਾ ਦੇ ਵਿਸਥਾਰ ਲਈ ਵੀ ਵਿਸ਼ੇਸ਼ ਪ੍ਰਬੰਧ ਕੀਤੇ ਹਨ। ਇਸ ਯੋਜਨਾ ਦੇ ਬਜਟ ਵਿੱਚ ਪਿਛਲੇ ਸਾਲ ਦੇ ਮੁਕਾਬਲੇ ਦੁੱਗਣੀ ਰਕਮ ਯਾਨੀ 1,170 ਕਰੋੜ ਰੁਪਏ ਦਾ ਵਾਧਾ ਕੀਤਾ ਗਿਆ ਹੈ, ਜਿਸ ਨਾਲ ਸੂਬੇ ਵਿੱਚ ਵਿਕਾਸ ਕਾਰਜਾਂ ਵਿੱਚ ਹੋਰ ਤੇਜ਼ੀ ਆਵੇਗੀ।

# ਜਲਾਲਪੁਰ ਨੇ ਪੰਚਾਇਤ ਨੂੰ ਦਿੱਤੀ 1 ਲੱਖ ਦੀ ਗ੍ਰਾਂਟ

**ਬਲਾਚੌਰ (ਜਸਵਿੰਦਰ ਬੈਂਸ)** ਆਮ ਆਦਮੀ ਪਾਰਟੀ ਦੇ ਭਗਤ ਸਿੰਘ ਨਗਰ ਤੋਂ ਜ਼ਿਲ੍ਹਾ ਪ੍ਰਧਾਨ ਅਤੇ ਜਿਲਾ ਯੋਜਨਾ ਬੋਰਡ ਦੇ ਚੇਅਰਮੈਨ ਸਤਨਾਮ ਜਲਾਲਪੁਰ ਵੱਲੋਂ ਆਪਣੇ ਅਖਤਿਆਰੀ ਕੋਟੇ ਵਿੱਚੋਂ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਲਈ ਤੇ ਖੇਡਾਂ ਮੈਦਾਨ ਸਥਾਪਿਤ ਕੀਤੇ ਜਾ ਰਹੇ ਹਨ ਅਤੇ ਨੌਜਵਾਨਾਂ ਲਈ ਇਕੱਲੇ ਇਕੱਲੇ ਪਿੰਡ ਵਿੱਚ ਓਪਨ ਜਿਮ ਲਗਾਏ ਜਾ ਰਹੇ ਹਨ।ਜਿਸ ਦੇ ਤਹਿਤ ਨੌਜਵਾਨ ਨਸ਼ਿਆਂ ਤੋਂ ਦੂਰ ਰਹਿ ਕੇ ਵੱਧ ਤੋਂ ਵੱਧ ਸਮਾਂ ਜਿਮ ਵਿੱਚ ਬਿਤਾਉਣ। ਇਸ ਮੌਕੇ ਤੇ ਉਹਨਾਂ ਨੇ ਕਿਹਾ ਕਿ



ਪਹਿਲੀਆਂ ਸਰਕਾਰਾਂ ਵੱਲੋਂ ਪੰਜਾਬ ਦੀ ਜਵਾਨੀ ਨੂੰ ਸਹੀ ਦਿਸ਼ਾ ਨਹੀਂ ਦਿੱਤੀ ਗਈ। ਉਹਨਾਂ ਨੇ ਕਿਹਾ ਕਿ ਸਰਕਾਰ ਵੱਲੋਂ ਨਸ਼ੇ ਦੀ ਖਾਤਮੇ ਲਈ ਯੁੱਧ ਨਸ਼ੇ ਵਿਰੁੱਧ ਮੁਹਿਮ ਵੀ ਚਲਾਈ ਜਾ ਰਹੀ ਹੈ ਜਿਸ ਦਾ ਸਰਕਾਰ ਨੂੰ ਭਰਵਾਂ ਹੁੰਗਾਰਾ ਮਿਲ ਰਿਹਾ ਹੈ। ਇਸ ਮੌਕੇ ਤੇ ਪਿੰਡ ਦੀ ਪੰਚਾਇਤ ਵੱਲੋਂ ਸਤਨਾਮ ਜਲਾਲਪੁਰ ਦਾ ਧੰਨਵਾਦ ਕੀਤਾ ਗਿਆ ਤੇ ਇਹਨਾਂ ਨੂੰ ਸਨਮਾਨਤ ਵੀ ਕੀਤਾ ਗਿਆ।ਇਸ ਮੌਕੇ ਤੇ ਬਲਾਕ ਸੰਮਤੀ ਮੈਂਬਰ ਅਮਰੀਕ ਸਿੰਘ, ਸਰਪੰਚ ਸੁਰਿੰਦਰ ਸਿੰਘ, ਸਾਬਕਾ ਕੈਪਟਨ ਸੁਰਿੰਦਰ ਸਿੰਘ, ਪੰਚ ਭੁਪਿੰਦਰ ਸਿੰਘ, ਪੰਚ ਗੁਰਨੇਕ ਸਿੰਘ, ਕਰਨਜੀਤ ਸਿੰਘ, ਵਾਸੁਦੇਵ, ਮੋਹਨ ਸਿੰਘ,ਦਿਲਾਵਰ ਸਿੰਘ, ਪਰਮਿੰਦਰ ਸਿੰਘ, ਬਲਜਿੰਦਰ ਸਿੰਘ, ਜਗਤਾਰ ਸਿੰਘ ਮੌਜੂਦ ਸਨ। ਵੱਲ ਪ੍ਰੇਰਿਤ ਕਰਨ ਲਈ ਪਿੰਡ ਸਹਾਦੜਾ ਦੀ ਪੰਚਾਇਤ ਨੂੰ ਇਕ ਲੱਖ ਰੁਪਏ ਦੀ ਗ੍ਰਾਂਟ ਓਪਨ ਜਿਮ ਅਤੇ ਖੇਡਾਂ ਦੇ ਸਮਾਨ ਲਈ ਦਿੱਤੀ ਗਈ। ਇਸ ਸਮੇਂ ਸੇਠੀ ਉਧਨੋਵਾਲ ਵੀ ਉਨਾਂ ਦੇ ਨਾਲ ਸਨ। ਇਸ ਮੌਕੇ ਤੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸਤਨਾਮ ਜਲਾਲਪੁਰ ਨੇ ਕਿਹਾ ਕਿ ਪੰਜਾਬ ਸਰਕਾਰ ਸ਼ਹਿਰਾਂ ਦੇ ਨਾਲ ਨਾਲ ਪਿੰਡਾਂ ਦਾ ਵਿਕਾਸ ਵੀ ਪਹਿਲ ਦੇ ਅਧਾਰ ਤੇ ਕਰ ਰਹੀ ਹੈ। ਸਰਕਾਰ ਵੱਲੋਂ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਲਈ ਪਿੰਡਾਂ ਵਿੱਚ ਖੇਡ

# ਇਸਤਰੀ ਜਾਗ੍ਰਿਤੀ ਮੰਚ ਨੇ ਕੌਮਾਂਤਰੀ ਮਹਿਲਾ ਦਿਵਸ ਮਨਾਇਆ

**ਬੰਗਾ (ਅਵਤਾਰ ਕਲੇਰ)**- ਇਸਤਰੀ ਜਾਗ੍ਰਿਤੀ ਮੰਚ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵਲੋਂ ਸ਼ਹੀਦ ਮਲਕੀਤ ਚੰਦ ਮੇਹਲੀ ਭਵਨ ਬੰਗਾ ਰੋਡ ਨਵਾਂਸ਼ਹਿਰ ਵਿਖੇ ਕੌਮਾਂਤਰੀ ਮਹਿਲਾ ਦਿਵਸ ਮਨਾਇਆ ਗਿਆ। ਜ਼ਿਲ੍ਹਾ ਪੱਧਰੀ ਇਸ ਪ੍ਰੋਗਰਾਮ ਦੀ ਪ੍ਰਧਾਨਗੀ ਦਵਿੰਦਰ ਕੌਰ ਨਵਾਂਸ਼ਹਿਰ, ਗੁਰਦੇਵ ਕੌਰ ਉੜਾਪੜ ਅਤੇ ਰਾਜਵਿੰਦਰ ਕੌਰ ਕੱਟ ਨੇ ਕੀਤੀ ।ਇਸ ਮੌਕੇ ਵਿਚਾਰ ਪੇਸ਼ ਕਰਦਿਆਂ ਮੰਚ ਦੇ ਸੂਬਾਈ ਆਗੂ ਹਰਦੀਪ ਕੌਰ ਕੋਟਲਾ, ਜ਼ਿਲ੍ਹਾ ਕਮੇਟੀ ਮੈਂਬਰ ਰਣਜੀਤ ਕੌਰ ਮਹਿਮੂਦਪੁਰ, ਸੰਤੋਸ਼ ਕੁਮਾਰੀ ਕੁਰਲ, ਸੁਰਜੀਤ ਕੌਰ ਓਟਾਲ ਡਾ ਸੰਘਾ ਗੁਰਬਖਸ਼ ਕੌਰ ਤੇ ਕਿਰਨਜੀਤ ਕੌਰ ਨੇ ਕਿਹਾ ਕਿ ਔਰਤਾਂ ਨੂੰ ਆਪਣੀ ਹੋਂਦ ਪਛਾਨਣ, ਨਵੇਂ ਰਾਹਾਂ ਦੇ ਰਾਹੀਂ ਬਣਨ ਲਈ, ਔਰਤਾਂ ਉੱਤੇ ਹੋ ਰਹੇ ਚੌਤਰਫਾ ਹਮਲਿਆਂ ਦਾ ਟਾਕਰਾ ਕਰਨ ਲਈ ਜਥੇਬੰਦ ਹੋਣਾ ਤੇ ਸੰਘਰਸ਼ ਕਰਨਾ ਜ਼ਰੂਰੀ ਹੈ।ਉਹਨਾਂ ਕਿਹਾ ਕਿ ਅੱਜ ਦਾ ਦਿਨ ਔਰਤ ਵਰਗ ਲਈ ਬੜਾ ਗੌਰਵਮਈ ਦਿਹਾੜਾਹੈ।ਔਰਤ ਵਰਗ ਨਾਲ ਅੱਜ ਵੀ ਸਮਾਜਿਕ, ਆਰਥਿਕ ਤੌਰ ਉੱਤੇ ਵਿਤਕਰੇ ਜਾਰੀ ਹਨ।ਲੜਕੀਆਂ ਦੀ ਪਾਲਣਾ, ਪੜ੍ਹਾਈ ਤੇ ਮਿਹਨਤ ਸ਼ਕਤੀ ਦੇ ਮੁੱਲ ਵਿਚ ਮਰਦਾਂ ਦੇ ਮੁਕਾਬਲੇ ਢੇਰ ਸਾਰੇ ਵਿਤਕਰੇ ਹਨ।



ਉਹਨਾਂ ਔਰਤਾਂ ਦੀ ਇਤਿਹਾਸਕ ਭੂਮਿਕਾ ਦਾ ਜ਼ਿਕਰ ਕਰਦਿਆਂ ਕਿਹਾ ਕਿ ਇਤਿਹਾਸ ਵਿਚ ਵੱਡੀਆਂ ਵੱਡੀਆਂ ਸਮਾਜਿਕ, ਆਰਥਿਕ ਅਤੇ ਰਾਜਸੀ ਤਬਦੀਲੀਆਂ ਔਰਤਾਂ ਦੀ ਸ਼ਮੂਲੀਅਤ ਨਾਲ ਹੀ ਹੋਈਆਂ ਹਨ।ਜੋ ਔਰਤ ਦੀ ਸ਼ਮੂਲੀਅਤ ਬਗੈਰ ਸੰਭਵ ਹੀ ਨਹੀਂ ਸਨ।ਇਸ ਮੌਕੇ ਬਲਬੀਰ ਕੌਰ ਸੰਘਾ,ਸਾਰਾ ਸਿੱਧੂ, ਰੇਣੂੰ ਬਾਲਾ ਗੁਰਬਖਸ਼ ਕੌਰ ਬੈਂਸ ਆਗੂ ਵੀ ਮੌਜੂਦ ਸਨ।

## ਰੈਲੀ ਤੇ ਅਵੇਅਰਨੈੱਸ ਕੈਂਪ ਲਗਾਇਆ

**ਫਗਵਾੜਾ (ਜਸਵਿੰਦਰ ਢੱਡਾ)**- ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ ਦੀਆਂ ਹਦਾਇਤਾਂ ਅਨੁਸਾਰ ਜ਼ਿਲ੍ਹਾ ਸਮਾਜਿਕ ਸੁਰੱਖਿਆ ਦੇ ਦਿਸ਼ਾਂ ਨਿਰਦੇਸ਼ਾਂ ਅਨੁਸਾਰ ਸਾਡੇ ਬਜ਼ੁਰਗ ਸਾਡਾ ਮਾਨ ਸਕੀਮ ਤਹਿਤ ਬੀਤੇ ਦਿਨੀ ਗੁਰੂ ਨਾਨਕ ਨਗਰ ਬਲਾਕ ਫਗਵਾੜਾ ਵਿਖੇ ਇੱਕ ਰੈਲੀ ਤੇ ਅਵੇਅਰਨੈੱਸ ਕੈਂਪ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਬਜ਼ੁਰਗਾਂ ਨੂੰ ਉਹਨਾਂ ਦੇ ਹੱਕਾ ਬਾਰੇ ਜਾਗਰੂਕ ਕੀਤਾ ਗਿਆ ਤੇ ਉਹਨਾਂ ਲਈ ਚੱਲ



ਰਹੀਆ ਸਕੀਮਾਂ ਬਾਰੇ ਵੀ ਜਾਣਕਾਰੀ ਦਿੱਤੀ ਗਈ ਤੇ ਇਹਨਾਂ ਸਕੀਮਾਂ ਦਾ ਲਾਭ ਕਿਸ ਤਰ੍ਹਾਂ ਪ੍ਰਾਪਤ ਕਰਨਾ ਬਾਰੇ ਵੀ ਜਾਣਕਾਰੀ ਦਿੱਤੀ ਗਈ।ਇਸ ਮੌਕੇ ਮੁਹੱਲਾ ਐੱਮ ਸੀ ਕਮਲਜੀਤ ਕੌਰ, ਸੁਪਰਵਾਈਜ਼ਰ ਕਰਮਜੀਤ ਕੌਰ, ਹਰਿੰਦਰ ਕੌਰ, ਅਮਰਜੀਤ ਕੌਰ ਤੇ ਮੁਹੱਲਾ ਨਿਵਾਸੀ ਹਾਜ਼ਰ ਸਨ।

## ਸਰਵਣ ਕੁਮਾਰ ਭਾਜਪਾ ਦੇ ਬਾਜ਼ੀਗਰ ਸੈੱਲ ਦੇ ਜ਼ਿਲ੍ਹਾ ਪ੍ਰਧਾਨ ਨਿਯੁਕਤ



**ਬਲਾਚੌਰ (ਜਸਵਿੰਦਰ ਬੈਂਸ)**- ਰਾਜਵਿੰਦਰ ਸਿੰਘ ਲੱਕੀ ਨੇ ਸਰਵਣ ਕੁਮਾਰ ਹੇਡੋਂ ਬੇਟ ਨੂੰ ਭਾਰਤੀ ਜਨਤਾ ਪਾਰਟੀ ਦੇ ਬਾਜੀਗਰ ਸੈੱਲ, ਜ਼ਿਲ੍ਹਾ ਨਵਾਂਸ਼ਹਿਰ ਦੇ ਜ਼ਿਲ੍ਹਾ ਪ੍ਰਧਾਨ ਨਿਯੁਕਤ ਹੋਣ 'ਤੇ ਦਿਲੋਂ ਵਧਾਈ ਦਿੱਤੀ ਹੈ। ਸਰਵਣ ਕੁਮਾਰ ਹੇਡੋਂ ਬੇਟ ਬਲਾਚੌਰ ਇਲਾਕੇ ਵਿੱਚ ਬਾਜੀਗਰ ਭਾਈਚਾਰੇ ਦੇ ਪ੍ਰਮੁੱਖ ਆਗੂ ਹਨ। ਉਹ ਪਿੰਡ ਹੇਡੋਂ ਬੇਟ ਨਾਲ ਸੰਬੰਧਿਤ ਹਨ ਅਤੇ ਕਾਫੀ ਸਮੇਂ ਤੋਂ ਬਾਜੀਗਰ ਸਮਾਜ ਦੀ ਭਲਾਈ, ਏਕਤਾ ਤੇ ਉਤਥਾਨ ਲਈ ਸਰਗਰਮ ਤੌਰ 'ਤੇ ਕੰਮ ਕਰ ਰਹੇ ਹਨ। ਰਾਜਵਿੰਦਰ ਸਿੰਘ ਲੱਕੀ ਨੇ ਕਿਹਾ ਕਿ ਸਰਵਣ ਕੁਮਾਰ ਹੇਡੋਂ ਬੇਟ ਦੀ ਨਿਯੁਕਤੀ ਨਾਲ ਨਵਾਂਸ਼ਹਿਰ ਜ਼ਿਲ੍ਹੇ ਵਿੱਚ ਭਾਜਪਾ ਦੇ ਬਾਜੀਗਰ ਸੈੱਲ ਨੂੰ ਹੋਰ ਮਜ਼ਬੂਤੀ ਮਿਲੇਗੀ ਤੇ ਉਹ ਭਾਈਚਾਰੇ ਦੇ ਮਸਲਿਆਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਅੱਗੇ ਰੱਖਣਗੇ।

# ਪਹਿਲਵਾਨਾਂ ਨੇ ਕੁਸ਼ਤੀ ਮੁਕਾਬਲੇ 'ਚ 3 ਮੈਡਲ ਜਿੱਤੇ

**ਬੰਗਾ (ਅਵਤਾਰ ਕਲੇਰ)**- ਸ੍ਰੀ ਗੁਰੂ ਹਰਗੋਬਿੰਦ ਸਪੋਰਟਸ ਕਲੱਬ ਪਿੰਡ ਬਾਹੜੋਵਾਲ ਦੇ ਪਹਿਲਵਾਨ ਲੜਕੇ- ਲੜਕੀਆਂ ਨੇ ਬੀਤੇ ਦਿਨੀਂ ਹੋਈਆਂ ਜ਼ਿਲ੍ਹਾ ਸੰਗਰੂਰ ਵਿਖੇ ਹੋਈ ਕੁਸ਼ਤੀ ਚੈਂਪੀਅਨਸ਼ਿੱਪ ਵਿਚੋਂ 2 ਚਾਂਦੀ ਦੇ ਤੇ 1 ਕਾਂਸੀ ਦਾ ਮੈਡਲ ਜਿੱਤ ਕੇ ਆਪਣਾ, ਆਪਣੇ ਮਾਪਿਆਂ ਦਾ, ਕਲੱਬ ਦਾ ਤੇ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦਾ ਨਾਮ ਰੌਸ਼ਨ ਕੀਤਾ ਹੈ। ਇਹਨਾਂ ਤਿੰਨਾਂ ਜੇਤੂ



ਪਹਿਲਵਾਨਾਂ ਦਾ ਸਨਮਾਨ ਕਲੱਬ ਦੇ ਚੇਅਰਮੈਨ ਮਲਕੀਅਤ ਸਿੰਘ ਬਾਹੜੋਵਾਲ (ਸਾਬਕਾ ਚੇਅਰਮੈਨ ਮਾਰਕਫੈੱਡ ਪੰਜਾਬ) ਨੇ ਜਾਣਕਾਰੀ ਦਿੰਦੇ ਦੱਸਿਆ ਕਿ ਪੰਜਾਬ ਸਟੇਟ ਕੁਸ਼ਤੀ ਚੈਪਨੀਅਨਸ਼ਿੱਪ ਅੰਡਰ 15 ਸਾਲ ਜ਼ਿਲ੍ਹਾ ਸੰਗਰੂਰ ਵਿਖੇ ਹੋਈ ਸੀ ਜਿਸ ਵਿਚ ਕਲੱਬ ਵਿਚ ਟਰੇਨਿੰਗ ਪ੍ਰਾਪਤ ਕਰਦੇ ਹਰਮਨ ਸਿੰਘ ਪੁੱਤਰ ਗੁਰਬਖਸ਼ ਪਿੰਡ ਮਜਾਰੀ ਨੇ 75 ਕਿਲੋਗ੍ਰਾਮ ਭਾਰ ਵਰਗ ਦੇ ਗ੍ਰੀਕੋਰੋਮਨ ਸਟਾਈਲ ਕੁਸ਼ਤੀ ਮੁਕਾਬਲੇ ਵਿਚ ਤੇ 57 ਕਿਲੋਗ੍ਰਾਮ ਭਾਰਵਰਗ ਵਿਚ ਸਾਹਿਲ ਪ੍ਰੀਤ ਸਿੰਘ ਪੁੱਤਰ ਸੰਨੀ ਪਿੰਡ ਮਜਾਰੀ ਨੇ ਫਰੀ ਸਟਾਈਲ ਕੁਸ਼ਤੀ ਮੁਕਾਬਲੇ ਵਿਚ ਦੂਜਾ ਸਥਾਨ ਪ੍ਰਾਪਤ ਕਰਦੇ ਚਾਂਦੀ ਦੇ ਮੈਡਲ ਜਿੱਤੇ। ਜਦਕਿ 52 ਕਿਲੋ ਭਾਰ ਵਰਗ ਵਿਚੋਂ ਅਰਮਾਨ ਸਿੰਘ ਪੁੱਤਰ ਜਗਤਾਰ ਸਿੰਘ ਪਿੰਡ ਚਾਹਲ ਖੁਰਦ ਨੇ ਗ੍ਰੀਕੋ ਰੋਮਨ ਸਟਾਈਲ ਵਿਚ ਤੀਜਾ ਸਥਾਨ ਪ੍ਰਾਪਤ ਕਰਕੇ ਕਾਂਸੀ ਦਾ ਮੈਡਲ ਜਿੱਤਿਆ। ਬਾਹੜੋਵਾਲ ਨੇ ਜੇਤੂ ਪਹਿਲਵਾਨਾਂ ਦੀ ਹੌਂਸਲਾ ਅਫਜਾਈ ਕਰਦੇ ਹੋਏ ਉਹਨਾਂ ਦੇ ਸੁਨਿਹਰੀ ਭਵਿੱਖ ਦੀ ਕਾਮਨਾ ਕੀਤੀ ਤੇ ਉਨ੍ਹਾਂ ਦੇ ਮਾਪਿਆਂ ਅਤੇ ਕੁਸ਼ਤੀ ਕੋਚ ਬਲਬੀਰ ਸੋਂਧੀ ਨੂੰ ਵਧਾਈਆਂ ਦਿੱਤੀਆਂ। ਇਸ ਸਨਮਾਨ ਸਮਾਰੋਹ ਮੌਕੇ ਮਲਕੀਅਤ ਸਿੰਘ ਬਾਹੜੋਵਾਲ ਚੇਅਰਮੈਨ ਸ੍ਰੀ ਗੁਰੂ ਹਰਗੋਬਿੰਦ ਸਪੋਰਟਸ ਕਲੱਬ ਬਾਹੜੋਵਾਲ, ਸੁਖਜਿੰਦਰ ਸਿੰਘ ਲਾਦੀਆਂ ਅਤੇ ਮੱਖਣ ਸਿੰਘ ਹੱਪੋਵਾਲ ਹਾਜ਼ਰ ਸਨ।

# ਬੱਡੋਆਣ ਵਿਖੇ ਔਰਤ ਦਿਵਸ ਮਨਾਇਆ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**- ਬੱਡੋਆਣ ਵਿਖੇ ਔਰਤ ਦਿਵਸ ਰੇਸ਼ਮ ਕੋਰ ਦੀ ਪ੍ਰਧਾਨਗੀ ਹੇਠ ਮਨਾਇਆ ਗਿਆ। ਇਸ ਮੌਕੇ ਜਨਵਾਦੀ ਇਸਤਰੀ ਸਭਾ ਦੀ ਜ਼ਿਲ੍ਹਾ ਪ੍ਰਧਾਨ ਨੀਲਮ ਬੱਡੋਆਣ ਨੇ ਬੋਲਦਿਆਂ ਕਿਹਾ 1848 ਵਿੱਚ ਸੁਮਿਤਰੀ ਬਾਈ ਫੂਲੇ ਨੇ ਔਰਤਾਂ ਨੂੰ ਉਸ ਸਮੇ ਜਾਗਰੂਕ ਕੀਤਾ ਜਦੋ ਔਰਤਾਂ ਨੂੰ ਬਾਹਰ ਨਿਕਲਣ ਦਾ ਵੀ ਹੱਕ ਨਹੀ ਸੀ। 1848 ਵਿੱਚ ਪਹਿਲੀ ਵਾਰ ਸੁਮਿਤਰੀ ਬਾਈ ਫੂਲੇ



ਨੇ ਪੁਣੇ ਭੀੜੇ ਵਾੜਾ ਵਿੱਚ ਲੜਕੀਆਂ ਲਈ ਭਾਰਤ ਦਾ ਪਹਿਲਾ ਸਕੂਲ ਖੋਲਿਆ। ਇਸ ਦੇ ਸਬੰਧ ਵਿੱਚ ਉਸ ਨੂੰ ਮਰਦ ਪ੍ਰਧਾਨ ਸਮਾਜ ਹੋਣ ਕਰਕੇ ਬਹੁਤ ਕਸ਼ਟ ਝਲਣੇ ਪਏ। 1873 ਵਿੱਚ ਸਵਿਤਰੀ ਬਾਈ ਫੂਲੇ ਨੇ ਦਲਿਤ ਔਰਤਾਂ ਦੀ ਸਿਖਿਆ ਲਈ ਕੰਮ ਕੀਤਾ। ਮੋਦੀ ਦੀ ਸਰਕਾਰ ਵਲੋ ਮਜ਼ਦੂਰ, ਕਿਸਾਨ ਵਿਰੋਧੀ 4 ਬਿੱਲ ਪਾਸ ਕਰਕੇ ਯੂਨੀਅਨ ਬਣਾਉਣ ਦਾ ਹੱਕ ਸਮਾਰਟ ਮੀਟਰ ਲਾਉਣ ਵਾਰੇ ਜਿਸ ਨਾਲ ਬਿਜਲੀ ਅਦਾਰਾ ਕਾਰਪੋਰੇਟ ਘਰਾਣਿਆ ਕੋਲ ਜਾਣ ਦਾ ਰਾਹ ਪੱਧਰਾ ਹੋ ਗਿਆ ਹੈ, ਮਨਰੇਗਾ ਦਾ ਨਾਂ ਬਦਲ ਕੇ ਇਸ ਸਕੀਮ ਨੂੰ ਕਮਜ਼ੋਰ ਕਰ ਦਿੱਤਾ ਹੈ ਆਦਿ ਦੇ ਵਿਰੋਧ ਵਿੱਚੋ ਹਿਦੋਸਤਾਨ ਵਿੱਚ ਸੀ ਪੀ ਆਈ ਐਮ ਵਲੋ ਜਥੇ ਚੱਲ ਰਹੇ ਹਨ। ਗੜਸ਼ੰਕਰ ਵਿੱਚ ਜਥਾ 13 ਮਾਰਚ ਨੂੰ ਪੁਜੇਗਾ ਜਿਥੇ ਜਥੇ ਦਾ ਜੋਰਦਾਰ ਸਵਾਗਤ ਕੀਤਾ ਜਾਵੇਗਾ। ਜਥੇ ਦੇ ਆਗੂ ਇਨ੍ਹਾਂ ਬਿੱਲਾਂ ਵਾਰੇ ਵਿਸਥਾਰ ਪੂਰਵਕ ਜਾਣਕਾਰੀ ਦੇਣਗੇ ਅਤੇ ਇਹਨਾ ਬਿੱਲਾਂ ਨੂੰ ਰੱਦ ਕਰਾਉਣ ਲਈ 24 ਮਾਰਚ ਨੂੰ ਕੇਦਰ ਸਰਕਾਰ ਵਿਰੁਧ ਰਾਮਲੀਲਾ ਗਰਾਊਡ ਵਿੱਚ ਜ਼ੋਰਦਾਰ ਰੋਸ ਰੈਲੀ ਕੀਤੀ ਜਾਵੇਗੀ। ਇਸ ਮੌਕੇ ਉਪਰੋਕਤ ਆਗੂਆਂ ਤੋ ਇਲਾਵਾ ਭਜਨ ਕੋਰ, ਨਿਰਮਲਾ ਜਮਨਾ, ਜਸਵੀਰ ਕੋਰ, ਤਾਰਾ ਰਾਣੀ, ਪਿੰਕੀ, ਪ੍ਰਕਾਸ਼ ਕੌਰ, ਬੇਬੀ ਅਤੇ ਹੋਰ ਅਨੇਕਾਂ ਬੀਬੀਆਂ ਹਾਜ਼ਰ ਸਨ।

## ਆਰ ਬੀ ਯੂ ਵੱਲੋਂ ਮਹਿਲਾ ਸਸ਼ਕਤੀਕਰਨ 'ਤੇ ਇੰਟਰਐਕਟਿਵ ਸੈਸ਼ਨ ਕਰਵਾਇਆ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਰਿਆਤ ਬਾਹਰਾ ਯੂਨੀਵਰਸਿਟੀ ਦੇ ਅਲਫ਼ਾ ਸਕੂਲ ਵੱਲੋਂ ਮਹਿਲਾ ਸਸ਼ਕਤੀਕਰਨ ਵਿਸ਼ੇ 'ਤੇ ਇੱਕ ਇੰਟਰਐਕਟਿਵ ਸੈਸ਼ਨ ਆਯੋਜਿਤ ਕੀਤਾ ਗਿਆ। ਇਸ ਸੈਸ਼ਨ ਦਾ ਉਦੇਸ਼ ਵਿਦਿਆਰਥੀਆਂ ਨੂੰ ਲਿੰਗ ਸਮਾਨਤਾ ਦੀ ਮਹੱਤਤਾ ਅਤੇ ਰਾਸ਼ਟਰ ਨਿਰਮਾਣ ਵਿੱਚ ਮਹਿਲਾਵਾਂ




ਦੀ ਅਹਿਮ ਭੂਮਿਕਾ ਬਾਰੇ ਜਾਗਰੂਕ ਕਰਨਾ ਸੀ। ਸੈਸ਼ਨ ਦੌਰਾਨ ਵਿਦਿਆਰਥੀਆਂ ਅਤੇ ਫੈਕਲਟੀ ਮੈਂਬਰਾਂ ਵੱਲੋਂ ਉਤਸ਼ਾਹਪੂਰਵਕ ਭਾਗੀਦਾਰੀ ਕੀਤੀ ਗਈ।

ਇਹ ਪ੍ਰੋਗਰਾਮ ਸਿੱਖਿਆ, ਨੇਤ੍ਰਿਤਵ, ਆਤਮਵਿਸ਼ਵਾਸ ਅਤੇ ਬਰਾਬਰ ਮੌਕਿਆਂ ਰਾਹੀਂ ਮਹਿਲਾਵਾਂ ਨੂੰ ਸਸ਼ਕਤ ਬਣਾਉਣ ਦੀ ਲੋੜ ਬਾਰੇ ਵਿਚਾਰ ਸਾਂਝੇ ਕਰਨ ਲਈ ਇੱਕ ਮਹੱਤਵਪੂਰਨ ਮੰਚ ਸਾਬਤ ਹੋਇਆ। ਇਸ ਮੌਕੇ ਅਲਫ਼ਾ ਸਕੂਲ ਦੀ ਡਾਇਰੈਕਟਰ ਡਾ. ਪੂਜਾ ਸ਼ਰਮਾ ਨੇ ਮੁੱਖ ਮਹਿਮਾਨ ਡਾ. ਸੁਮਨ ਸਿੰਘ, ਡਾਇਰੈਕਟਰ ਹੈਲਥ ਸਰਵਿਸਜ਼ ਚੰਡੀਗੜ੍ਹ ਦਾ ਸਵਾਗਤ ਕੀਤਾ।

## 2027 'ਚ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣੇਗੀ : ਬਾਜਵਾ, ਸੰਧੂ

**ਹੁਸ਼ਿਆਰਪੁਰ (ਓ ਪੀ ਰਾਣਾ)** ਹਲਕਾ ਚੱਬੇਵਾਲ ਵਿਖੇ ਸ਼੍ਰੋਮਣੀ ਅਕਾਲੀ ਦਲ ਦੇ ਨਵੇਂ ਬਣੇ ਅਹੁਦੇਦਾਰਾਂ ਨੂੰ ਸ਼੍ਰੋਮਣੀ ਅਕਾਲੀ ਹੁਸ਼ਿਆਰਪੁਰ ਦੀ ਸਮੁੱਚੀ ਲੀਡਸ਼ਿਪ ਵੱਲੋਂ ਹਲਕਾ ਇੰਚਾਰਜ਼ ਹਰਮਿੰਦਰ ਸਿੰਘ ਸੰਧੂ ਦੀ ਅਗਵਾਈ ਵਿੱਚ ਸਨਮਾਨਤ ਕੀਤਾ ਗਿਆ ਅਤੇ ਪਾਰਟੀ ਦੀ ਚੜਦੀ ਕਲਾ ਅਤੇ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਯੋਗ ਅਗਵਾਈ ਹੇਠ ਕੰਮ ਕਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਜਤਿੰਦਰ ਸਿੰਘ



ਲਾਲੀ ਬਾਜਵਾ ਜ਼ਿਲ੍ਹਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਹੁਸ਼ਿਆਰਪੁਰ ਸ਼ਹਿਰੀ ਤੇ ਹਰਮਿੰਦਰ ਸਿੰਘ ਸੰਧੂ ਹਲਕਾ ਇੰਚਾਰਜ ਚੱਬੇਵਾਲ ਨੇ ਕਿਹਾ ਕਿ 2027 ਦੀਆਂ ਚੋਣਾਂ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਵੀਰ ਸਿੰਘ ਬਾਦਲ ਦੀ ਅਗਵਾਈ ਹੇਠ ਲੜੀਆਂ ਜਾਣਗੀਆਂ ਅਤੇ ਵੱਡੀ ਜਿੱਤ ਨਾਲ ਪੰਜਾਬ ਅੰਦਰ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣੇਗੀ।ਇਸ ਮੌਕੇ ਸਾਬਕਾ ਰਾਜ ਸਭਾ ਮੈਂਬਰ ਵਰਿੰਦਰ ਸਿੰਘ ਬਾਜਵਾ, ਨਿਰਮਲ ਸਿੰਘ ਭੀਲੋਵਾਲ, ਇਕਬਾਲ ਸਿੰਘ ਖੇੜਾ, ਨੰਬਰਦਾਰ ਕੁਲਦੀਪ ਸਿੰਘ, ਰਣਧੀਰ ਸਿੰਘ ਭਾਰਜ,ਕਿਸਾਨ ਆਗੂ ਜਸਵੀਰ ਸਿੰਘ, ਜਗਤਾਰ ਸਿੰਘ, ਹਰਬੰਸ ਸਿੰਘ, ਸਰਬਜੀਤ ਸਿੰਘ, ਸੁਖਜਿੰਦਰ ਸਿੰਘ, ਪਰਮਜੀਤ ਸਿੰਘ, ਮਨਜੀਤ ਸਿੰਘ, ਇੰਦਰਜੀਤ ਸਿੰਘ, ਮਨਜੀਤ ਸਿੰਘ, ਸੁਰਿੰਦਰ ਸਿੰਘ, ਪਰਮਿੰਦਰ ਸਿੰਘ, ਜਸਵਿੰਦਰ ਸਿੰਘ, ਹਰਪ੍ਰੀਤ ਸਿੰਘ, ਮੇਜਰ ਸਿੰਘ, ਗੁਰਜੀਤ ਸਿੰਘ, ਜਗਦੀਸ਼ ਰਾਮ ਅਤੇ ਭਾਰੀ ਗਿਣਤੀ ਵਿਚ ਇਲਾਕਾ ਨਿਵਾਸੀ ਹਾਜ਼ਰ ਸਨ।

# ਕੁਲਵੰਤ ਸਿੰਘ ਨੇ ਸ਼ਹਿਰ ਦੇ ਗਾਰਬੇਜ ਡੰਪ ਦੇ ਠੋਸ ਪ੍ਰਬੰਧਾਂ ਦੀ ਕੀਤੀ ਮੰਗ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਗੁਰਜੀਤ ਬਿੱਲਾ)**- ਪੰਜਾਬ ਵਿਧਾਨ ਸਭਾ ਦੇ ਬਜਟ ਸੈਸ਼ਨ ਦੌਰਾਨ ਪ੍ਰਸ਼ਨ ਕਾਲ ਵਿੱਚ ਮੋਹਾਲੀ ਤੋਂ ਵਿਧਾਇਕ ਕੁਲਵੰਤ ਸਿੰਘ ਨੇ ਸਮਗੌਲੀ ਪਿੰਡ ਨੇੜੇ ਪ੍ਰਸਤਾਵਿਤ ਠੋਸ ਰਹਿੰਦ-ਖੂੰਹਦ ਪ੍ਰੋਸੈਸਿੰਗ ਪਲਾਂਟ ਦੀ ਮੌਜੂਦਾ ਸਥਿਤੀ ਸਬੰਧੀ ਮੁੱਦਾ ਉਠਾਉਂਦਿਆਂ ਸੰਬੰਧਿਤ ਵਿਭਾਗ ਤੋਂ ਜਾਣਕਾਰੀ ਮੰਗੀ। ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਸਮਗੌਲੀ ਪਿੰਡ ਨੇੜੇ ਲਗਭਗ 50 ਏਕੜ ਜ਼ਮੀਨ ਠੋਸ ਰਹਿੰਦ-ਖੂੰਹਦ ਦੇ ਨਿਪਟਾਰੇ ਲਈ ਹਾਸਲ ਕੀਤੀ ਗਈ ਸੀ। ਇਸ ਸਬੰਧੀ 2016 ਵਿੱਚ ਨੋਟੀਫਿਕੇਸ਼ਨ ਜਾਰੀ ਹੋਇਆ ਸੀ ਤੇ 2017 ਵਿੱਚ ਐਵਾਰਡ ਜਾਰੀ ਕਰਕੇ ਲਗਭਗ 33 ਕਰੋੜ 61 ਲੱਖ ਰੁਪਏ ਦੀ ਰਕਮ ਅਦਾ ਕੀਤੀ ਗਈ ਸੀ। ਉਨ੍ਹਾਂ ਕਿਹਾ ਕਿ ਇਸ ਜ਼ਮੀਨ ਵਿੱਚੋਂ ਕਰੀਬ 39 ਏਕੜ ਦਾ ਕਬਜ਼ਾ ਡੰਪਿੰਗ ਗਰਾਊਂਡ ਲਈ ਲਿਆ ਗਿਆ ਸੀ। ਉਨ੍ਹਾਂ ਕਿਹਾ ਕਿ ਪ੍ਰਸਤਾਵਿਤ ਪ੍ਰੋਸੈਸਿੰਗ ਪਲਾਂਟ ਵਿੱਚ ਮੋਹਾਲੀ ਦੇ ਨਾਲ-ਨਾਲ ਡੇਰਾਬੱਸੀ, ਲਾਲੜੂ, ਜ਼ੀਰਕਪੁਰ, ਖਰੜ, ਕੁਰਾਲੀ ਅਤੇ ਮੋਰਿੰਡਾ ਆਦਿ ਸ਼ਹਿਰਾਂ ਦੇ ਠੋਸ ਰਹਿੰਦ-ਖੂੰਹਦ ਦੇ ਪ੍ਰਬੰਧਨ ਦੀ ਯੋਜਨਾ ਸੀ। ਉਨ੍ਹਾਂ ਨੇ ਸੰਬੰਧਿਤ ਮੰਤਰੀ ਤੋਂ ਇਸ ਪਲਾਂਟ ਦੀ ਮੌਜੂਦਾ ਸਥਿਤੀ ਅਤੇ ਇਸ ਦੀ ਸਥਾਪਨਾ ਸਬੰਧੀ ਹੋ ਰਹੀ ਕਾਰਵਾਈ ਬਾਰੇ ਜਾਣਕਾਰੀ ਮੰਗੀ।ਇਸ ਮੌਕੇ ਕੈਬਿਨਟ ਮੰਤਰੀ ਸੰਜੀਵ ਅਰੋੜਾ ਨੇ ਜਵਾਬ ਦਿੰਦਿਆਂ ਕਿਹਾ ਕਿ ਸਮਗੌਲੀ ਨੇੜੇ ਪ੍ਰਸਤਾਵਿਤ ਠੋਸ ਰਹਿੰਦ-ਖੂੰਹਦ ਪ੍ਰੋਸੈਸਿੰਗ ਪਲਾਂਟ ਸਬੰਧੀ ਜ਼ਮੀਨ ਨਾਲ ਜੁੜਿਆ ਮਾਮਲਾ ਅਦਾਲਤ ਵਿੱਚ ਵਿਚਾਰ ਅਧੀਨ ਹੈ। ਉਨ੍ਹਾਂ ਦੱਸਿਆ ਕਿ ਇਸ ਮਾਮਲੇ ਵਿੱਚ ਨਵਾਂ ਪ੍ਰਸਤਾਵ ਤਿਆਰ ਕੀਤਾ ਜਾ ਰਿਹਾ ਹੈ ਅਤੇ ਜਿੰਨੀ ਜਲਦੀ ਸੰਭਵ ਹੋਵੇਗਾ, ਇਸ ਸਬੰਧੀ ਫੈਸਲਾ ਲਿਆ ਜਾਵੇਗਾ।ਉਨ੍ਹਾਂ ਇਹ ਵੀ ਕਿਹਾ ਕਿ ਪੰਜਾਬ ਸਰਕਾਰ ਸ਼ਹਿਰਾਂ ਵਿੱਚ ਠੋਸ ਰਹਿੰਦ-ਖੂੰਹਦ ਦੇ ਵਿਗਿਆਨਕ ਪ੍ਰਬੰਧਨ ਲਈ ਲਗਾਤਾਰ ਯਤਨਸ਼ੀਲ ਹੈ ਅਤੇ ਮੋਹਾਲੀ ਦੇ ਸਮੁੱਚੇ ਵਿਕਾਸ ਲਈ ਲੋੜੀਂਦੇ ਕਦਮ ਚੁੱਕੇ ਜਾ ਰਹੇ ਹਨ।



# ਪੱਕੇ ਕਿਰਤੀਆਂ ਨੂੰ ਹਟਾ ਕੇ ਠੇਕੇਦਾਰੀ ਸਿਸਟਮ ਲਾਗੂ ਕਰਨਾ ਗੈਰ-ਕਾਨੂੰਨੀ : ਵਿਨੋਦ ਚੁੱਘ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਸਿੱਖਿਆ ਸੰਸਥਾਨ ਵਰਕਰ ਯੂਨੀਅਨ ਏਟਕ ਡੇਰਾਬੱਸੀ ਦੀ ਇੱਕ ਅਹਿਮ ਮੀਟਿੰਗ ਅੱਜ ਡੇਰਾਬੱਸੀ ਗੁਲਾਬਗੜ੍ਹ ਰੋਡ ਸਥਿਤ ਕਾਮਰੇਡ ਰਤਨ ਭਵਨ ਵਿਖੇ ਕੀਤੀ ਗਈ, ਜਿਸ ਵਿੱਚ ਸੁਖਮਨੀ ਗਰੁੱਪ ਆਫ਼ ਇੰਸਟੀਚਿਊਸ਼ਨ ਦੀ ਮੈਨੇਜਮੈਂਟ ਵੱਲੋਂ 15 ਕਰਮਚਾਰੀਆਂ ਨੂੰ ਕਥਿਤ ਤੌਰ 'ਤੇ ਗੈਰ-ਕਾਨੂੰਨੀ ਤਰੀਕੇ ਨਾਲ ਨੌਕਰੀ ਤੋਂ ਬਰਖਾਸਤ ਕਰਨ ਦੀ ਸਖ਼ਤ ਨਿਖੇਧੀ ਕੀਤੀ ਗਈ। ਇਸ ਮੀਟਿੰਗ



ਵਿੱਚ ਪੰਜਾਬ ਏਟਕ ਦੇ ਉਪ ਪ੍ਰਧਾਨ ਵਿਨੋਦ ਚੁੱਘ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਮੀਟਿੰਗ ਨੂੰ ਸੰਬੋਧਨ ਕਰਦਿਆਂ ਵਿਨੋਦ ਚੁੱਘ ਨੇ ਕਿਹਾ ਕਿ ਪ੍ਰਬੰਧਕਾਂ ਵੱਲੋਂ ਪਿਛਲੇ 20-25 ਸਾਲਾਂ ਤੋਂ ਸੇਵਾਵਾਂ ਨਿਭਾ ਰਹੇ ਪੱਕੇ ਕਰਮਚਾਰੀਆਂ ਨੂੰ ਹਟਾ ਕੇ ਉਹਨਾਂ ਦੀ ਜਗ੍ਹਾ ਠੇਕੇਦਾਰ ਦੇ ਕਰਮਚਾਰੀ ਲਗਾਉਣਾ ਉਦਯੋਗਿਕ ਵਿਵਾਦ ਐਕਟ 1947 ਦੀ ਧਾਰਾ 25-ਟੀ ਅਤੇ 25-ਯੂ ਦੀ ਸਿੱਧੀ ਉਲੰਘਣਾ ਹੈ। ਉਨ੍ਹਾਂ ਪੁਰਜ਼ੋਰ ਮੰਗ ਕੀਤੀ ਕਿ ਗੈਰ-ਕਾਨੂੰਨੀ ਤਰੀਕੇ ਨਾਲ ਕੱਢੇ ਗਏ ਕਰਮਚਾਰੀਆਂ ਨੂੰ ਤੁਰੰਤ ਨੌਕਰੀ 'ਤੇ ਪਿਛਲੀ ਤਨਖਾਹ ਸਹਿਤ ਬਹਾਲ ਕੀਤਾ ਜਾਵੇ। ਉਨ੍ਹਾਂ ਲੇਬਰ ਕਮਿਸ਼ਨਰ ਪੰਜਾਬ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਪ੍ਰਬੰਧਕਾਂ ਖ਼ਿਲਾਫ਼ ਤੁਰੰਤ ਚਾਲਾਨ ਪੇਸ਼ ਕਰਕੇ ਸਖ਼ਤ ਸਜ਼ਾ ਯਕੀਨੀ ਨਾ ਬਣਾਈ ਗਈ, ਤਾਂ 12 ਮਾਰਚ ਨੂੰ ਕੰਪਨੀ ਪ੍ਰਬੰਧਕਾਂ ਤੇ ਸਰਕਾਰ ਦੇ ਕਿਰਤ ਵਿਭਾਗ ਦੇ ਖ਼ਿਲਾਫ਼ ਇੱਕ ਵਿਸ਼ਾਲ ਰੋਸ ਰੈਲੀ ਕੀਤੀ ਜਾਵੇਗੀ, ਤਾਂ ਜੋ ਭਵਿੱਖ ਵਿੱਚ ਕੋਈ ਵੀ ਪ੍ਰਬੰਧਕ ਪੱਕੇ ਕਿਰਤੀਆਂ ਦਾ ਹੱਕ ਮਾਰ ਕੇ ਠੇਕੇਦਾਰੀ ਸਿਸਟਮ ਲਾਗੂ ਕਰਨ ਦੀ ਹਿੰਮਤ ਨਾ ਕਰ ਸਕੇ।ਮੀਟਿੰਗ ਵਿੱਚ ਸੁਰਿੰਦਰ ਸਿੰਘ ਜੜੌਤ, ਦਵਿੰਦਰ ਸਿੰਘ ਜੜੌਤ (ਕੁੱਲ ਹਿੰਦ ਕਿਸਾਨ ਸਭਾ), ਜਸਪਾਲ ਸਿੰਘ ਦੱਪਰ (ਸੀ ਪੀ ਆਈ), ਕਾਕਾ ਸਿੰਘ ਸਰਪੰਚ ਜਵਾਹਰਪੁਰ, ਯੂਨੀਅਨ ਪ੍ਰਧਾਨ ਜੋਗਾ ਸਿੰਘ, ਬਲਜੀਤ ਸਿੰਘ, ਕਮਲਜੀਤ ਸਿੰਘ ਤੇ ਸਤਵਿੰਦਰ ਸਿੰਘ ਸਮੇਤ ਹੋਰ ਸਹਿਯੋਗੀ ਜਥੇਬੰਦੀਆਂ ਦੇ ਆਗੂ ਹਾਜ਼ਰ ਸਨ। ਇਨ੍ਹਾਂ ਸਾਰੇ ਆਗੂਆਂ ਨੇ ਸਾਂਝਾ ਬਿਆਨ ਜਾਰੀ ਕਰਦਿਆਂ ਐਲਾਨ ਕੀਤਾ ਕਿ ਉਹ ਕਿਰਤੀਆਂ ਨਾਲ ਹੋ ਰਹੀ ਧੱਕੇਸ਼ਾਹੀ ਬਰਦਾਸ਼ਤ ਨਹੀਂ ਕਰਨਗੇ ਅਤੇ ਜਦੋਂ ਤੱਕ ਕਰਮਚਾਰੀਆਂ ਦੀ ਮੁੜ ਬਹਾਲੀ ਨਹੀਂ ਹੁੰਦੀ, ਇਹ ਸੰਘਰਸ਼ ਜਾਰੀ ਰਹੇਗਾ।ਯੂਨੀਅਨ ਆਗੂਆਂ ਨੇ ਦੱਸਿਆ ਕਿ ਪ੍ਰਬੰਧਕ 2013 ਦੇ ਸਮਝੌਤੇ ਦੀ ਉਲੰਘਣਾ ਕਰਦਿਆਂ ਕਰਮਚਾਰੀਆਂ ਦੇ ਬੱਚਿਆਂ ਤੋਂ ਫੀਸਾਂ ਦੀ ਮੰਗ ਕਰ ਰਹੇ ਹਨ। ਇਸ ਵਿਰੁੱਧ 12 ਮਾਰਚ ਨੂੰ ਸਵੇਰੇ ਸਾਰੇ ਕਿਰਤੀ ਡੇਰਾਬੱਸੀ ਬੱਸ ਸਟੈਂਡ 'ਤੇ ਇਕੱਠੇ ਹੋਣਗੇ ਤੇ ਉੱਥੋਂ ਐੱਸ ਡੀ ਐੱਮ. ਦਫ਼ਤਰ ਤੱਕ ਪੈਦਲ ਮਾਰਚ ਕਰਕੇ ਵਿਸ਼ਾਲ ਰੈਲੀ ਕੀਤੀ ਜਾਵੇਗੀ।

## ਮਹਿਲਾਵਾਂ ਲਈ ਆਰਥਿਕ ਸਹਾਇਤਾ ਦੇ ਐਲਾਨ ਦੀ ਖੁਸ਼ੀ 'ਚ ਵੰਡੇ ਲੱਡੂ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਅੰਤਰਰਾਸ਼ਟਰੀ ਮਹਿਲਾ ਦਿਵਸ ਦੇ ਮੌਕੇ ਡੇਰਾਬੱਸੀ ਵਿੱਚ ਮਾਵਾਂ-ਧੀਆਂ ਦੇ ਸਤਿਕਾਰ ਲਈ ਇਕ ਵਿਸ਼ੇਸ਼ ਸਮਾਗਮ ਕਰਵਾਇਆ ਗਿਆ, ਜਿਸ ਵਿੱਚ ਪੰਜਾਬ ਵਿਧਾਨ ਸਭਾ ਦਾ ਬਜਟ ਇਜਲਾਸ ਦਾ ਲਾਈਵ ਪ੍ਰਸਾਰਣ ਵੀ ਕੀਤਾ ਗਿਆ। ਇਸ



ਮੌਕੇ ਹਲਕਾ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਦੇ ਛੋਟੇ ਭਰਾ ਪਰਮਜੀਤ ਸਿੰਘ ਰੰਧਾਵਾ ਆਪਣੇ ਸਾਥੀਆਂ ਸਮੇਤ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ।ਇਸ ਦੌਰਾਨ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ ਤਹਿਤ ਆਪਣੀ ਗਾਰੰਟੀ ਪੂਰੀ ਕਰਦੇ ਹੋਏ ਜਨਰਲ ਕੈਟੇਗਰੀ ਦੀਆਂ ਔਰਤਾਂ ਨੂੰ 1000 ਰੁਪਏ ਤੇ ਐੱਸ ਸੀ ਕੈਟੇਗਰੀ ਦੀਆਂ ਔਰਤਾਂ ਨੂੰ 1500 ਰੁਪਏ ਮਹੀਨਾ ਦੇਣ ਦੇ ਐਲਾਨ ਦੀ ਖੁਸ਼ੀ ਸਾਂਝੀ ਕੀਤੀ ਗਈ।ਇਸ ਮੌਕੇ ਸ: ਪਰਮਜੀਤ ਸਿੰਘ ਰੰਧਾਵਾ ਅਤੇ ਉਨ੍ਹਾਂ ਦੀ ਟੀਮ ਵੱਲੋਂ ਮੌਜੂਦ ਮਾਵਾਂ ਧੀਆਂ ਨਾਲ ਮਿਲ ਕੇ ਲੱਡੂ ਵੰਡ ਕੇ ਖੁਸ਼ੀ ਮਨਾਈ ਗਈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਮਹਿਲਾਵਾਂ ਦੇ ਸਸ਼ਕਤੀਕਰਨ ਅਤੇ ਉਨ੍ਹਾਂ ਦੀ ਆਰਥਿਕ ਮਜ਼ਬੂਤੀ ਲਈ ਵਚਨਬੱਧ ਹੈ ਤੇ ਇਸ ਤਰ੍ਹਾਂ ਦੀਆਂ ਯੋਜਨਾਵਾਂ ਨਾਲ ਮਹਿਲਾਵਾਂ ਨੂੰ ਵੱਡਾ ਲਾਭ ਮਿਲੇਗਾ।

## ਸਿਮਰਨਜੀਤ ਕੌਰ ਧੰਜਲ ਨੇ ਬਾਕਸਿੰਗ 'ਚ ਚੈਂਪੀਅਨ ਬਣ ਇਲਾਕੇ ਦਾ ਮਾਣ ਵਧਾਇਆ



**ਬੱਧਨੀ ਕਲਾਂ (ਲਵਲੀ ਮਾਛੀਕੇ)**-ਕੁੱਝ ਦਿਨ ਪਹਿਲਾਂ ਹੋਈ 8ਵੀਂ ਯੂਥ ਵਿਮੈਨ ਪੰਜਾਬ ਬਾਕਸਿੰਗ ਚੈਂਪੀਅਨਸ਼ਿਪ-2026 ਵਿੱਚ '5ਜੈਬ ਸਪੋਰਟਸ ਅਕੈਡਮੀ' ਚਕਰ ਦੀ ਮੁੱਕੇਬਾਜ਼ ਸਿਮਰਨਜੀਤ ਕੌਰ ਧੰਜਲ ਨੇ ਚਕਰ ਤੇ ਜ਼ਿਲ੍ਹਾ ਲੁਧਿਆਣਾ ਦਾ ਨਾਂਅ ਰੌਸ਼ਨ ਕੀਤਾ।5ਜੈਬ ਸਪੋਰਟਸ ਅਕੈਡਮੀ ਦੇ ਪ੍ਰਧਾਨ ਜਸਕਿਰਨਪ੍ਰੀਤ ਸਿੰਘ ਜਿਮੀ ਨੇ ਦੱਸਿਆ ਕਿ ਇਸ ਚੈਂਪੀਅਨਸ਼ਿਪ ਵਿੱਚ ਸਿਮਰਨਜੀਤ ਕੌਰ ਧੰਜਲ ਨੇ ਲਾਈਟ ਮਿਡਲ ਵੇਟ (65-70 ਕਿਲੋਗ੍ਰਾਮ) ਵਰਗ ਵਿੱਚ ਹਿੱਸਾ ਲਿਆ।ਚੈਂਪੀਅਨਸ਼ਿਪ ਵਿੱਚ ਉਸ ਨੇ ਬਰਨਾਲਾ, ਮਲੇਰਕੋਟਲਾ, ਸ੍ਰੀ ਅੰਮ੍ਰਿਤਸਰ ਸਾਹਿਬ ਦੀਆਂ ਮੁੱਕੇਬਾਜ਼ਾਂ ਨੂੰ ਹਰਾ ਕੇ ਸੋਨ ਤਗਮਾ ਜਿੱਤਿਆ, ਜੋ ਪਿੰਡ ਲਈ ਬੜੀ ਖੁਸ਼ੀ ਅਤੇ ਮਾਣ ਵਾਲੀ ਗੱਲ ਹੈ।ਅਕੈਡਮੀ ਪ੍ਰਬੰਧਕਾਂ ਵੱਲੋਂ ਦੇਸ਼-ਵਿਦੇਸ਼ ਵਿੱਚ ਵਸਦੀ ਸਹਿਯੋਗੀ ਟੀਮ, ਬਾਕਸਿੰਗ ਕੋਚ ਕਰਨਦੀਪ ਸਿੰਘ, ਕੋਚ ਅਜੀਤ ਬਖਸ਼ੀ ਖੰਨਾ ਤੇ ਨਗਰ ਨਿਵਾਸੀਆਂ ਦਾ ਧੰਨਵਾਦ ਕਰਦਿਆਂ ਦੱਸਿਆ ਕਿ ਆਉਣ ਵਾਲੇ ਦਿਨਾਂ ਵਿੱਚ ਸਿਮਰਨਜੀਤ ਕੌਰ ਧੰਜਲ ਦਾ ਵਿਸ਼ੇਸ਼ ਸਨਮਾਨ ਕੀਤਾ ਜਾਵੇਗਾ।ਸਿਮਰਨਜੀਤ ਕੌਰ ਧੰਜਲ ਦੀ ਇਸ ਪ੍ਰਾਪਤੀ ਉੱਤੇ ਉੱਘੇ ਖੇਡ ਲੇਖਕ ਪ੍ਰਿੰ. ਸਰਵਣ ਸਿੰਘ ਚਕਰ, ਸਾਬਕਾ ਡੀ.ਆਈ.ਜੀ. ਗੁਰਪ੍ਰੀਤ ਸਿੰਘ ਤੂਰ, ਜਗਦੀਪ ਸਿੰਘ ਘੁੰਮਣ, ਰੁਪਿੰਦਰ ਸਿੰਘ ਸਿੱਧੂ ਅਮਰੀਕਾ, ਕਬੱਡੀ ਖਿਡਾਰੀ ਕਾਕਾ ਚਕਰ ਕੈਨੇਡਾ, ਨੰਬਰਦਾਰ ਜਗਜੀਤ ਸਿੰਘ ਮੱਲ੍ਹਾ, ਪ੍ਰਧਾਨ ਕੁਲਦੀਪ ਸਿੰਘ ਗੋਗਾ, ਪ੍ਰਿੰ. ਬਲਵੰਤ ਸਿੰਘ ਸੰਧੂ, ਪ੍ਰਿੰ. ਸਤਨਾਮ ਸਿੰਘ ਸੰਧੂ, ਦਰਸ਼ਨ ਸਿੰਘ ਸਿੱਧੂ, ਜੋਗਾ ਸਿੰਘ ਆਸਟਰੇਲੀਆ, ਮਾਸਟਰ ਜਗਤਾਰ ਸਿੰਘ ਨਿਊਜ਼ੀਲੈਂਡ, ਡਾ. ਨਾਜ਼ਰ ਸਿੰਘ ਨਿਊਜ਼ੀਲੈਂਡ, ਪੰਚ ਝਲਮਨ ਸਿੰਘ, ਨੇ ਮੁਬਾਰਕਾਂ ਦਿੱਤੀਆਂ।

## ਭੰਡਾਰਾ ਲਾਇਆ, ਵੱਡੀ ਗਿਣਤੀ 'ਚ ਸੰਗਤ ਪੁੱਜੀ



**ਜਗਰਾਉਂ (ਅਮਿਤ ਖੰਨਾ)**-ਸਵਾਮੀ ਸ਼੍ਰੀ ਰੂਪ ਚੰਦ ਜੀ ਮਹਾਰਾਜ ਦੇ 188ਵੇਂ ਪਾਵਨ ਦੀਕਸ਼ਾ ਮਹੋਤਸਵ ਦੇ ਸਬੰਧ 'ਚ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਪੁਰਾਣੀ ਸਮਾਧੀ ਸਥਲ (ਸਵਰਗ ਆਸ਼ਰਮ) ਡੱਲਾ ਰੋਡ ਵਿਖੇ 17ਵੇਂ ਸਾਲਾਨਾ ਭੰਡਾਰੇ ਦਾ ਭਗਤੀ ਭਾਵਨਾ ਨਾਲ ਆਯੋਜਨ ਕੀਤਾ ਗਿਆ।ਇਸ ਧਾਰਮਿਕ ਸਮਾਗਮ ਦੌਰਾਨ ਸਵੇਰ ਤੋਂ ਹੀ ਸੰਗਤ ਵੱਡੀ ਗਿਣਤੀ 'ਚ ਪਹੁੰਚੀ ਅਤੇ ਸਵਾਮੀ ਜੀ ਦੀ ਸਮਾਧੀ 'ਤੇ ਨਤਮਸਤਕ ਹੋ ਕੇ ਅਸੀਸਾਂ ਪ੍ਰਾਪਤ ਕੀਤੀਆਂ।ਬਾਬੂ ਰਾਮ ਰਵਿੰਦਰ ਨਾਥ ਜੈਨ ਪਰਿਵਾਰ ਵੱਲੋਂ ਸ਼ਰਧਾ ਤੇ ਸੇਵਾ ਭਾਵਨਾ ਨਾਲ ਸੰਗਤ ਲਈ ਲੰਗਰ ਦੀ ਸੇਵਾ ਲਗਾਈ ਗਈ, ਜਿਸ ਵਿੱਚ ਆਏ ਹੋਏ ਸ਼ਰਧਾਲੂਆਂ ਨੇ ਪ੍ਰਸਾਦ ਰੂਪ ਲੰਗਰ ਛਕਿਆ।

## ਮਲੂਕਾ ਆਈ ਏ ਐੱਸ ਕੋਚਿੰਗ ਸੈਂਟਰ ਦੀ ਝੰਡੀ



**ਬਠਿੰਡਾ (ਰਾਜੀਵ ਗੋਇਲ)**-ਯੂ.ਪੀ.ਐਸ.ਸੀ ਦੀ ਨਿਯੁਕਤੀ ਨੂੰ ਲੈ ਕੇ ਆਏ ਨਤੀਜਿਆਂ ਦਰਮਿਆਨ ਪੂਰੇ ਦੇਸ਼ ਵਿੱਚੋਂ 958 ਬੱਚਿਆਂ ਦੀ ਚੋਣ ਕੀਤੀ ਗਈ ਹੈ ਤੇ ਇਸ ਪ੍ਰੀਖਿਆ ਵਿੱਚ ਮਲੂਕਾ ਆਈ.ਏ.ਐਸ ਕੋਚਿੰਗ ਸੈਂਟਰ ਦੀ ਹਰੀ ਝੰਡੀ ਰਹੀ ਹੈ, ਕਿਉਂਕਿ 958 ਬੱਚਿਆਂ ਵਿੱਚੋਂ 65 ਬੱਚੇ ਤਾਂ ਸਿਰਫ ਮਲੂਕਾ ਕੋਚਿੰਗ ਸੈਂਟਰ ਦੇ ਹੀ ਨਿਯੁਕਤ ਹੋਏ ਹਨ। ਸੈਂਟਰ ਦੇ ਸੰਸਥਾਪਕ ਲਛਮਣ ਸਿੰਘ ਮਲੂਕਾ ਨੇ ਦੱਸਿਆ ਕਿ ਪੂਰੇ ਦੇਸ਼ ਭਰ 'ਚੋਂ 958 ਬੱਚਿਆਂ ਦੀ ਸਿਲੈਕਸ਼ਨ ਹੋਈ ਹੈ ਤੇ ਉਨ੍ਹਾਂ ਦੇ ਸੈਂਟਰ ਦੇ ਵੱਖੋ-ਵੱਖ ਸੂਬਿਆਂ ਨਾਲ ਸੰਬੰਧਤ 65 ਬੱਚਿਆਂ ਦੀ ਸਿਲੈਕਸ਼ਨ ਹੋਈ ਹੈ ਤੇ ਸਭ ਤੋਂ ਵੱਡੀ ਗੱਲ ਇਹ ਹੈ ਕਿ ਪੰਜਾਬ ਭਰ 'ਚੋਂ ਚੁਣੇ ਗਏ ਬੱਚਿਆਂ 'ਚੋਂ ਚਾਰ ਬੱਚੇ ਉਨ੍ਹਾਂ ਦੇ ਹੀ ਸੈਂਟਰ ਦੇ ਹਨ, ਜਿਨ੍ਹਾਂ ਵੱਲੋਂ ਮਲੂਕਾ ਕੋਚਿੰਗ ਸੈਂਟਰ ਤੋਂ ਕੋਚਿੰਗ ਹਾਸਲ ਕੀਤੀ ਗਈ ਸੀ।

## ਠੀਕਰੀਵਾਲਾ 'ਚ ਅੱਖਾਂ ਦਾ ਮੁਫ਼ਤ ਅਪ੍ਰੇਸ਼ਨ ਕੈਂਪ ਲਾਇਆ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਪਿੰਡ ਠੀਕਰੀਵਾਲਾ ਵਿਖੇ ਗ੍ਰਾਮ ਪੰਚਾਇਤ ਤੇ ਸਮੂਹ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਅੱਖਾਂ ਦਾ ਮੁਫ਼ਤ ਚੈੱਕਅਪ ਤੇ ਅਪ੍ਰੇਸ਼ਨ ਕੈਂਪ ਲਾਇਆ ਗਿਆ।ਸਿਵਲ ਹਸਪਤਾਲ ਬਰਨਾਲਾ ਅੱਖਾਂ ਦੇ ਮਾਹਿਰ ਡਾ. ਅਮੋਲਦੀਪ ਕੌਰ, ਡਾ: ਗੁਰਮੀਤ ਸਿੰਘ ਵੱਲੋਂ 190 ਦੇ ਕਰੀਬ ਮਰੀਜ਼ਾਂ ਦੀਆਂ ਅੱਖਾਂ ਦੀ ਜਾਂਚ ਕੀਤੀ ਗਈ।ਲੋੜਵੰਦ 30 ਮਰੀਜ਼ਾਂ ਲੈਂਜ ਪਾਉਣ ਲਈ ਰੈਫਰ ਕੀਤਾ ਗਿਆ।ਇਸ ਤੋਂ ਇਲਾਵਾ 50 ਦੇ ਕਰੀਬ ਮਰੀਜ਼ਾਂ ਨੂੰ ਐਨਕਾਂ ਤੇ ਦਵਾਈਆਂ ਮੁਫ਼ਤ ਦਿੱਤੀਆਂ ਗਈਆਂ।ਇਸ ਮੌਕੇ ਭਾਕਿਯੂ ਕਾਦੀਆਂ ਦੇ ਸੂਬਾਈ ਆਗੂ ਗੁਰਨਾਮ ਸਿੰਘ ਠੀਕਰੀਵਾਲ, ਸਰਪੰਚ ਕਿਰਨਜੀਤ ਸਿੰਘ, ਗੁਰਦੁਆਰਾ ਪ੍ਰਬੰਧਕ ਕਮੇਟੀ ਪ੍ਰਧਾਨ ਜਗਸੀਰ ਸਿੰਘ ਔਲਖ, ਸਕੱਤਰ ਹਰਪਾਲ ਸਿੰਘ, ਸਾਬਕਾ ਸਰਪੰਚ ਮੇਵਾ ਸਿੰਘ, ਕਮੇਟੀ ਮੈਂਬਰ ਸੁਰਜੀਤ ਸਿੰਘ, ਕਰਨੈਲ ਸਿੰਘ, ਅਵਤਾਰ ਸਿੰਘ ਔਲਖ, ਚਤਰ ਸਿੰਘ, ਦਰਸ਼ਨ ਸਿੰਘ ਨਾਗਰਾ, ਮਲਕੀਤ ਸਿੰਘ, ਮਹਿੰਦਰ ਸਿੰਘ ਫੌਜੀ, ਬੂਟਾ ਸਿੰਘ, ਇਕਾਈ ਪ੍ਰਧਾਨ ਅਵਤਾਰ ਸਿੰਘ ਹਾਜ਼ਰ ਸਨ।

## ਹੋਲੀ ਹਾਰਟ ਸਕੂਲ 'ਚ ਲਾਈ ਸ਼ਾਨਦਾਰ ਮਾਡਲ ਪ੍ਰਦਰਸ਼ਨੀ



**ਅਜੀਤਵਾਲ (ਨਛੱਤਰ ਸੰਧੂ)**-ਹੋਲੀ ਹਾਰਟ ਸਕੂਲ ਅਜੀਤਵਾਲ ਵਿਖੇ ਵਿਦਿਆਰਥੀਆਂ ਦੀ ਰਚਨਾਤਮਕ ਸੋਚ ਤੇ ਵਿਗਿਆਨਕ ਯੋਗਤਾ ਨੂੰ ਉਤਸ਼ਾਹਿਤ ਕਰਨ ਲਈ ਮਾਡਲ ਪ੍ਰਦਰਸ਼ਨੀ ਦਾ ਆਯੋਜਨ ਕੀਤਾ ਗਿਆ। ਸਕੂਲ ਦੇ ਵਿਦਿਆਰਥੀਆਂ ਵੱਲੋਂ ਵੱਖ-ਵੱਖ ਵਿਸ਼ਿਆਂ ਨਾਲ ਸੰਬੰਧਿਤ ਸੁੰਦਰ ਮਾਡਲ ਤਿਆਰ ਕਰਕੇ ਪ੍ਰਦਰਸ਼ਤ ਕੀਤੇ ਗਏ।ਪ੍ਰਦਰਸ਼ਨੀ ਵਿੱਚ ਬੱਚਿਆਂ ਨੇ ਨਵੀਂ ਤਕਨਾਲੋਜੀ ਤੇ ਸਮਾਜਿਕ ਮੁੱਦਿਆਂ ਨਾਲ ਸੰਬੰਧਿਤ ਮਾਡਲ ਬਣਾ ਕੇ ਆਪਣੀ ਕਲਾ ਅਤੇ ਹੁਨਰ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ।ਵਿਦਿਆਰਥੀਆਂ ਨੇ ਆਪਣੇ-ਆਪਣੇ ਮਾਡਲਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਵੀ ਦਿੱਤੀ ਤੇ ਦੱਸਿਆ ਕਿ ਇਹ ਮਾਡਲ ਸਾਡੇ ਰੋਜ਼ਾਨਾ ਜੀਵਨ ਵਿੱਚ ਕਿਵੇਂ ਲਾਭਦਾਇਕ ਹਨ।ਇਸ ਮਾਡਲ ਪ੍ਰਦਰਸ਼ਨੀ ਨੂੰ ਦੇਖਣ ਲਈ ਸਕੂਲ ਦੇ ਅਧਿਆਪਕਾਂ ਤੇ ਵਿਦਿਆਰਥੀਆਂ ਦੇ ਨਾਲ-ਨਾਲ ਬੱਚਿਆਂ ਦੇ ਮਾਪੇ ਵੀ ਵੱਡੀ ਗਿਣਤੀ ਵਿੱਚ ਪਹੁੰਚੇ।ਬੱਚਿਆਂ ਵੱਲੋਂ ਆਪਣੇ ਮਾਪਿਆਂ ਨੂੰ ਆਪਣੇ ਤਿਆਰ ਕੀਤੇ ਮਾਡਲ ਦਿਖਾ ਕੇ ਉਨ੍ਹਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ।ਮਾਪਿਆਂ ਨੇ ਵੀ ਬੱਚਿਆਂ ਦੀ ਮਿਹਨਤ ਅਤੇ ਰਚਨਾਤਮਕਤਾ ਦੀ ਖੂਬ ਪ੍ਰਸ਼ੰਸਾ ਕੀਤੀ।ਸਕੂਲ ਦੇ ਪ੍ਰਿੰਸੀਪਲ ਸ਼ਾਕਸ਼ੀ ਗੁਲੇਰੀਆ ਨੇ ਕਿਹਾ ਕਿ ਪੜ੍ਹਾਈ ਦੇ ਨਾਲ-ਨਾਲ ਇਸ ਤਰ੍ਹਾਂ ਦੀਆਂ ਰਚਨਾਤਮਕ ਗਤੀਵਿਧੀਆਂ ਬੱਚਿਆਂ ਦੀ ਸਮਝ ਨੂੰ ਹੋਰ ਵੀ ਮਜ਼ਬੂਤ ਬਣਾਉਂਦੀਆਂ ਹਨ।ਉਨ੍ਹਾਂ ਬੱਚਿਆਂ ਦੀ ਮਿਹਨਤ ਦੀ ਸ਼ਲਾਘਾ ਕਰਦੇ ਹੋਏ ਅਧਿਆਪਕਾਂ ਦਾ ਵੀ ਧੰਨਵਾਦ ਕੀਤਾ, ਜਿਨ੍ਹਾਂ ਦੀ ਰਹਿਨੁਮਾਈ ਨਾਲ ਵਿਦਿਆਰਥੀਆਂ ਨੇ ਇੰਨੇ ਸੋਹਣੇ ਮਾਡਲ ਤਿਆਰ ਕੀਤੇ।ਸਕੂਲ ਚੇਅਰਮੈਨ ਸੁਭਾਸ਼ ਪਲਤਾ, ਡਾਇਰੈਕਟਰ ਅਮਿਤ ਪਲਤਾ, ਸ੍ਰੈਆ ਪਲਤਾ ਤੇ ਸਕੂਲ ਪ੍ਰਿੰਸੀਪਲ ਸ਼ਾਕਸ਼ੀ ਗੁਲੇਰੀਆ ਜੀ ਵੱਲੋਂ ਵੀ ਬੱਚਿਆਂ ਦੀ ਹੌਸਲਾ ਅਫ਼ਜ਼ਾਈ ਕੀਤੀ ਗਈ ਤੇ ਕਿਹਾ ਗਿਆ ਕਿ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੀਆਂ ਸਿੱਖਿਆਤਮਕ ਤੇ ਰਚਨਾਤਮਕ ਗਤੀਵਿਧੀਆਂ ਕਰਵਾਈਆਂ ਜਾਂਦੀਆਂ ਰਹਿਣਗੀਆਂ ਤਾਂ ਜੁ ਬੱਚਿਆਂ ਦੀ ਲੁਕਈ ਹੋਈ ਪ੍ਰਤਿਭਾ ਸਾਹਮਣੇ ਆ ਸਕੇ।

## ਸੇਂਟ ਜੇਵਿਯਰਜ਼ ਇੰਟਰਨੈਸ਼ਨਲ ਸਕੂਲ ਨੇ ਸਾਲਾਨਾ ਸਮਾਰੋਹ ਮਨਾਇਆ




**ਸਮਾਣਾ (ਇਕਬਾਲ ਸਿੰਘ ਬੱਲ)**-ਸੇਂਟ ਜੇਵਿਯਰਜ਼ ਇੰਟਰਨੈਸ਼ਨਲ ਸਕੂਲ, ਅਤਾਲਾਂ 'ਚ 19ਵਾਂ ਸਾਲਾਨਾ ਸਮਾਰੋਹ ਬਹੁਤ ਉਤਸ਼ਾਹ ਤੇ ਰੌਣਕ ਨਾਲ ਮਨਾਇਆ ਗਿਆ।ਇਸ ਮੌਕੇ ਸਕੂਲ ਦਾ ਮਾਹੌਲ ਤਿਉਹਾਰਾਂ ਵਰਗਾ ਬਣਿਆ ਹੋਇਆ ਸੀ।ਸਮਾਗਮ ਸੰਸਕ੍ਰਿਤਕ ਪ੍ਰੋਗਰਾਮਾਂ ਤੇ ਵਿੱਦਿਅਕ ਪ੍ਰਾਪਤੀਆਂ ਦੇ ਸਨਮਾਨ ਦਾ ਸੁੰਦਰ ਮਿਲਾਪ ਸੀ, ਜਿਸ ਵਿੱਚ ਵਿਦਿਆਰਥੀ, ਮਾਪੇ ਤੇ ਮਾਣਯੋਗ ਮਹਿਮਾਨ ਵੱਡੀ ਗਿਣਤੀ ਵਿੱਚ ਸ਼ਾਮਲ ਹੋਏ।ਕਾਰਜਕ੍ਰਮ ਦੀ ਸ਼ੁਰੂਆਤ ਸਕੂਲ ਦੇ ਪ੍ਰਿੰਸੀਪਲ ਸ਼੍ਰੀ ਬਿਕਾਸ਼ ਸਿੰਘਾ ਵੱਲੋਂ ਸਾਲਾਨਾ ਰਿਪੋਰਟ ਪੇਸ਼ ਕਰਨ ਨਾਲ ਹੋਈ।ਉਨ੍ਹਾਂ ਪਿਛਲੇ ਸਾਲ ਦੌਰਾਨ ਸਕੂਲ ਵੱਲੋਂ ਹਾਸਲ ਕੀਤੀਆਂ ਮਹੱਤਵਪੂਰਨ ਪ੍ਰਾਪਤੀਆਂ ਬਾਰੇ ਜਾਣਕਾਰੀ ਦਿੱਤੀ।ਉਨ੍ਹਾਂ ਕਿਹਾ ਕਿ ਸਕੂਲ ਦਾ ਮੁੱਖ ਉਦੇਸ਼ ਸਿਰਫ਼ ਪੜ੍ਹਾਈ ਵਿੱਚ ਹੀ ਨਹੀਂ, ਸਗੋਂ ਅਜੇਹੇ ਜ਼ਿੰਮੇਵਾਰ ਤੇ ਸੰਵੇਦਨਸ਼ੀਲ ਗਲੋਬਲ ਨਾਗਰਿਕ ਤਿਆਰ ਕਰਨਾ ਹੈ, ਜੋ ਬਦਲਦੇ ਸਮੇਂ ਦੀਆਂ ਚੁਣੌਤੀਆਂ ਦਾ ਸਾਹਮਣਾ ਕਰ ਸਕਣ।ਉਨ੍ਹਾਂ ਅਧਿਆਪਕਾਂ ਦੀ ਨਿਸ਼ਠਾ ਤੇ ਮਿਹਨਤ ਲਈ ਵੀ ਧੰਨਵਾਦ ਪ੍ਰਗਟ ਕੀਤਾ।ਸਮਾਗਮ ਅੰਤਰਰਾਸ਼ਟਰੀ ਮਹਿਲਾ ਦਿਵਸ ਦੇ ਮੌਕੇ ਨਾਲ ਵੀ ਜੁੜਿਆ ਹੋਇਆ ਸੀ, ਜਿਸ ਨਾਲ ਇਸ ਨੂੰ ਹੋਰ ਵੀ ਖ਼ਾਸ ਮਹੱਤਤਾ ਮਿਲੀ।ਸਕੂਲ ਦੇ ਡਾਇਰੈਕਟਰ ਸ਼੍ਰੀ ਅਰਨਬ ਸਰਕਾਰ ਨੇ ਆਪਣੇ ਸੰਬੋਧਨ ਦੌਰਾਨ ਹਾਜ਼ਰ ਸਾਰੀਆਂ ਮਹਿਲਾਵਾਂ ਮਾਤਾਵਾਂ, ਅਧਿਆਪਿਕਾਵਾਂ ਅਤੇ ਵਿਦਿਆਰਥਣਾਂ ਨੂੰ ਮਹਿਲਾ ਦਿਵਸ ਦੀਆਂ ਵਧਾਈਆਂ ਦਿੱਤੀਆਂ।ਜੁਆਇੰਟ ਡਾਇਰੈਕਟਰ ਸ਼੍ਰੀ ਅਨਿੰਦਿਆ ਸਰਕਾਰ ਨੇ ਵੀ ਸਭਾ ਨੂੰ ਸੰਬੋਧਨ ਕਰਦਿਆਂ ਸਕੂਲ ਤੇ ਘਰ ਵਿਚਕਾਰ ਸਾਂਝ ਦੀ ਮਹੱਤਤਾ 'ਤੇ ਜ਼ੋਰ ਦਿੱਤਾ।ਉਨ੍ਹਾਂ ਵਿਦਿਆਰਥੀਆਂ ਨੂੰ ਉਨ੍ਹਾਂ ਦੀ ਮਿਹਨਤ ਲਈ ਵਧਾਈ ਦਿੱਤੀ ਤੇ ਮਾਪਿਆਂ ਨੂੰ ਯਾਦ ਦਿਵਾਇਆ ਕਿ ਉਨ੍ਹਾਂ ਦਾ ਸਹਿਯੋਗ ਬੱਚਿਆਂ ਦੀ ਸਫਲਤਾ ਦਾ ਸਭ ਤੋਂ ਵੱਡਾ ਆਧਾਰ ਹੈ।ਉਨ੍ਹਾਂ ਪਿਛਲੇ 19 ਸਾਲ ਦੌਰਾਨ ਜੇਵਿਯਰ ਪਰਵਾਰ ਦੀ ਤਰੱਕੀ 'ਤੇ ਮਾਣ ਪ੍ਰਗਟ ਕੀਤਾ ਤੇ ਵਿਦਿਆਰਥੀਆਂ ਲਈ ਸੁਰੱਖਿਅਤ ਅਤੇ ਪ੍ਰੇਰਨਾਦਾਇਕ ਮਾਹੌਲ ਮੁਹੱਈਆ ਕਰਵਾਉਣ ਲਈ ਸਕੂਲ ਦੀ ਵਚਨਬੱਧਤਾ ਦੁਹਰਾਈ।

# ਪੰਜਾਬੀ ਦੇ ਉੱਘੇ ਗਲਪਕਾਰ ਅਵਤਾਰ ਬਿਲਿੰਗ ਦਾ ਲੇਖਕਾਂ ਸੰਗ ਰੂਬਰੂ



**ਸਮਰਾਲਾ (ਸੁਰਜੀਤ ਸਿੰਘ)**-ਲੇਖਕ ਮੰਚ ਸਮਰਾਲਾ ਵੱਲੋਂ ਅਮਰੀਕਾ ਵਿੱਚ ਵਸਦੇ ਪੰਜਾਬੀ ਭਾਸ਼ਾ ਦੇ ਉੱਘੇ ਗਲਪਕਾਰ ਅਵਤਾਰ ਸਿੰਘ ਬਿਲਿੰਗ ਨਾਲ ਰੂਬਰੂ ਕਰਵਾਇਆ ਗਿਆ, ਜਿਸ ਵਿੱਚ ਲੇਖਕ ਅਵਤਾਰ ਬਿਲਿੰਗ ਦੇ ਰਚਨਾ ਸੰਸਾਰ ਬਾਰੇ ਵਿਸਥਾਰ ਸਹਿਤ ਵਿਚਾਰ ਵਟਾਂਦਰਾ ਹੋਇਆ।ਮੰਚ ਦੇ ਸਰਪ੍ਰਸਤ ਪ੍ਰਿੰਸੀਪਲ ਡਾ. ਪਰਮਿੰਦਰ ਸਿੰਘ ਬੈਨੀਪਾਲ ਨੇ ਅਵਤਾਰ ਬਿਲਿੰਗ ਦੇ ਸਾਹਿਤ ਬਾਰੇ ਵਿਸ਼ੇਸ਼ ਚਾਨਣਾ ਪਾਇਆ।ਢਾਹਾਂ ਪੁਰਸਕਾਰ ਸਮੇਤ ਹੋਰ ਬਹੁਤ ਸਾਰੇ ਸਨਮਾਨਾਂ ਨਾਲ ਸਨਮਾਨਤ ਲੇਖਕ ਅਵਤਾਰ ਬਿਲਿੰਗ ਨੇ ਆਪਣੀ ਸਾਹਿਤ ਯਾਤਰਾ ਬਾਰੇ ਪੰਜਾਬ ਦੀ ਪੇਂਡੂ ਸੱਭਿਅਤਾ, ਉਨ੍ਹਾਂ ਦੇ ਕਾਰ ਵਿਹਾਰ ਤੇ ਰਸਮੋ ਰਿਵਾਜ ਬਾਰੇ ਆਪਣੇ ਸਾਹਿਤ ਵਿੱਚ ਬਿਆਨ ਕੀਤੇ ਕਥਾ ਰਸ ਬਾਰੇ ਗੱਲ ਕਰਦਿਆਂ ਕਿਹਾ ਕਿ ਪੰਜਾਬ ਨੇ ਬੀਤੇ 60-70 ਸਾਲਾਂ ਦੇ ਅਰਸੇ ਦੌਰਾਨ ਬਹੁਤ ਤਬਦੀਲੀਆਂ ਤੇ ਲਹਿਰਾਂ ਦਾ ਦੌਰ ਦੇਖਿਆ ਹੈ।ਪੰਜਾਬ ਵਿੱਚ ਆਧੁਨਿਕਤਾ ਦੀ ਹਨੇਰੀ ਨੇ ਆਮ ਜਨ ਦਾ ਜਿਉਣਾ ਦੁੱਭਰ ਕਰ ਦਿੱਤਾ ਹੈ।ਕਰਜ਼ਾ ਲੈ ਕੇ ਵਿਆਹ, ਵੱਡੀਆਂ ਇਮਾਰਤਾਂ ਤੇ ਕਾਰਾਂ ਨੇ ਕਿਰਸਾਨੀ ਨੂੰ ਬੁਰੀ ਤਰ੍ਹਾਂ ਵਲੂੰਦਰਿਆ ਹੈ।ਉਨ੍ਹਾਂ ਕਿਹਾ ਕਿ ਇਸ ਦੇ ਮੁਕਾਬਲੇ ਪੱਛਮੀ ਦੇਸ਼ਾਂ ਵਿੱਚ ਅਜਿਹੀ ਦਿਖਾਵੇਬਾਜ਼ੀ ਕੁਝ ਨਹੀਂ।ਉਨ੍ਹਾਂ ਕਿਹਾ ਕਿ ਹਰੀ ਕ੍ਰਾਂਤੀ ਦੇ ਝਾਂਸੇ ਵਿੱਚ ਪੰਜਾਬ ਆਪਣੀ ਔਰਗੈਨਿਕ ਖੇਤੀ ਨੂੰ ਭੁੱਲ ਗਿਆ ਹੈ।ਉਨ੍ਹਾਂ ਕਿਹਾ ਕਿ ਅਮਰੀਕਾ ਦਾ ਕਿਸਾਨ ਸਰਕਾਰ ਦੀ ਮਦਦ ਨਾਲ ਖੁਸ਼ਹਾਲ ਹੈ, ਜਦਕਿ ਪੰਜਾਬ ਦਾ ਕਿਸਾਨ ਕਰਜ਼ ਵਿੱਚ ਡੁੱਬਿਆ ਖੁਦਕਸ਼ੀਆਂ ਕਾਰਨ 'ਤੇ ਆਮਾਦਾ ਹੈ।ਉਨ੍ਹਾਂ ਆਪਣੇ ਸਾਹਿਤ ਵਿੱਚ ਦੇਸ਼ ਦੀ ਕਿਸਾਨੀ ਦੀ ਦੁਰਦਸ਼ਾ ਬਿਆਨ ਕਰਦਿਆਂ ਕਿਹਾ ਕਿ ਕੋਈ ਅਪਨਾ ਦੇਸ਼ ਛੱਡ ਵਿਦੇਸ਼ਾਂ ਵਿੱਚ ਚੰਗੇ ਭਵਿੱਖ ਦੀ ਤਲਾਸ਼ ਵਿੱਚ ਨਹੀਂ ਜਾਂਦਾ, ਬੇਰੋਜ਼ਗਾਰੀ ਅਜਿਹਾ ਕਰਨ ਲਈ ਮਜਬੂਰ ਕਰਦੀ ਹੈ।ਉੱਚ ਸਿੱਖਿਆ ਪ੍ਰਾਪਤ ਵਿਦਿਆਰਥੀਆਂ ਨੂੰ ਉਸ ਦੀ ਯੋਗਤਾ ਮੁਤਾਬਕ ਨੌਕਰੀ ਨਹੀਂ ਮਿਲਦੀ, ਜਿਸ ਕਾਰਨ ਨੌਜਵਾਨਾਂ ਵਿੱਚ ਬੇਗਾਨਗੀ ਦਾ ਅਹਿਸਾਸ ਪੈਦਾ ਹੋ ਗਿਆ ਹੈ।ਇਸ ਦੇ ਨਾਲ ਹੀ ਪੰਜਾਬੀ ਸਭਿਅਤਾ ਪ੍ਰਤੀ ਮੋਹ ਵੀ ਭੰਗ ਹੋ ਗਿਆ ਹੈ।ਆਪਣੇ ਬੱਚਿਆਂ ਤੋਂ ਦੂਰ ਹੋਣ ਕਾਰਨ ਬਜ਼ੁਰਗ ਇਕਲਾਪਾ ਹੰਢਾ ਰਹੇ ਹਨ।ਇਸ ਤੋਂ ਪਹਿਲਾਂ ਮੰਚ ਦੇ ਪ੍ਰਧਾਨ ਰਾਜਵਿੰਦਰ ਸਮਰਾਲਾ ਨੇ ਆਏ ਲੇਖਕਾਂ ਦਾ ਸਵਾਗਤ ਕੀਤਾ।ਪ੍ਰਧਾਨਗੀ ਮੰਡਲ ਨੇ ਅਵਤਾਰ ਬਿਲਿੰਗ ਨੂੰ ਸਨਮਾਨਤ ਕੀਤਾ।ਅਵਤਾਰ ਬਿਲਿੰਗ ਨੇ ਆਪਣੀਆਂ ਪੁਸਤਕਾਂ ਦਾ ਸੈੱਟ ਮੰਚ ਨੂੰ ਭੇਟ ਕੀਤਾ।

ਪ੍ਰਧਾਨਗੀ ਮੰਡਲ ਵਿੱਚ ਅਵਤਾਰ ਬਿਲਿੰਗ, ਸ਼ਾਇਰ ਰਾਮ ਕਮਾਲ ਮਹਿੰਦਰਾ, ਐੱਸ ਨਸੀਮ, ਦਲਜੀਤ ਸ਼ਾਹੀ, ਕਹਾਣੀਕਾਰ ਮੁਖਤਿਆਰ ਸਿੰਘ ਤੇ ਜਗਦੀਸ਼ ਖੰਨਾ ਸਨ।ਸਮਾਗਮ ਦੌਰਾਨ ਮਲਕੀਤ ਸਿੰਘ, ਅਮਰਿੰਦਰ ਸੋਹਲ, ਦੀਪ ਦਿਲਬਰ, ਨਿਰੰਜਨ ਸੂਖਮ, ਕਰਮਜੀਤ ਅਜ਼ਾਦ, ਸ਼ਾਨ ਬਗਲੀ, ਅਵਤਾਰ ਔਟਲਾਂ ਤੇ ਐੱਸ ਨਸੀਮ ਨੇ ਆਪਣੇ ਕਲਾਮ ਪੇਸ਼ ਕੀਤੇ।ਸਮਾਗਮ ਵਿੱਚ ਹੋਰਨਾਂ ਤੋਂ ਇਲਾਵਾ ਮੁੱਖ ਤੌਰ 'ਤੇ ਲੋਕਨਾਥ ਸ਼ਰਮਾ, ਕਿਰਪਾਲ ਸਿੰਘ ਪੰਨੂੰ, ਹਰਜਿੰਦਰਪਾਲ ਸਿੰਘ ਤੇ ਕਰਮਜੀਤ ਬਾਸੀ ਆਦਿ ਸ਼ਾਮਲ ਸਨ।ਅਖੀਰ ਵਿੱਚ ਮੰਚ ਦੇ ਸਰਪ੍ਰਸਤ ਐਡਵੋਕੇਟ ਦਲਜੀਤ ਸ਼ਾਹੀ ਨੇ ਆਏ ਲੇਖਕਾਂ ਦਾ ਧੰਨਵਾਦ ਕੀਤਾ।

## ਨਜਾਇਜ਼ ਪਿਸਟਲ ਤੇ ਮੋਟਰਸਾਈਕਲ ਸਮੇਤ ਕਾਬੂ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਥਾਣਾ ਸਦਰ ਫਿਰੋਜ਼ਪੁਰ ਪੁਲਸ ਨੇ ਗਸ਼ਤ ਤੇ ਚੈਕਿੰਗ ਦੌਰਾਨ ਇੱਕ ਵਿਅਕਤੀ ਕੋਲੋਂ ਇੱਕ ਪਿਸਟਲ ਮੇਡ ਇਨ ਚਾਇਨਾ, 2 ਮੈਗਜ਼ੀਨ, 3 ਜ਼ਿੰਦਾ ਰੌਂਦ ਤੇ ਇਕ ਮੋਟਰਸਾਈਕਲ ਸਮੇਤ ਗ੍ਰਿਫਤਾਰ ਕਰਕੇ ਉਸ ਖਿਲਾਫ ਅਸਲਾ ਐਕਟ ਤਹਿਤ ਮਾਮਲਾ ਦਰਜ ਕੀਤਾ ਹੈ।

ਜਾਣਕਾਰੀ ਦਿੰਦੇ ਹੋਏ ਸਹਾਇਕ ਥਾਣੇਦਾਰ ਕੁਲਵੰਤ ਸਿੰਘ ਨੇ ਦੱਸਿਆ ਕਿ ਉਹ ਸਾਥੀ ਕਰਮਚਾਰੀਆਂ ਤੇ ਬੀਐੱਸਐੱਫ ਦੇ ਅਧਿਕਾਰੀਆਂ ਸਮੇਤ ਮੋੜ ਝੁੱਗੇ ਹਜ਼ਾਰਾ ਵਾਲਾ ਪਾਸ ਨਾਕਾਬੰਦੀ 'ਤੇ ਮੁਲਜ਼ਮ ਸੰਦੀਪ ਸਿੰਘ ਪੁੱਤਰ ਬੰਤਾ ਸਿੰਘ ਵਾਸੀ ਝੁੱਗੇ ਹਜ਼ਾਰਾ ਸਿੰਘ ਵਾਲਾ ਨੂੰ ਗ੍ਰਿਫਤਾਰ ਕਰਕੇ ਉਸ ਕੋਲੋਂ ਇੱਕ ਪਿਸਟਲ ਮੇਡ ਇਨ ਚਾਇਨਾ ਸਮੇਤ 2 ਮੈਗਜ਼ੀਨ, 3 ਜ਼ਿੰਦਾ ਰੌਂਦ ਤੇ 1 ਮੋਟਰਸਾਈਲ ਐੱਚ ਐੱਫ ਡੀਲਕਸ ਨੰਬਰ ਪੀਬੀ 05 ਏ ਐੱਸ 2383 ਸਮੇਤ ਕਾਬੂ ਕੀਤਾ ਗਿਆ। ਇਸ ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਕੁਲਵੰਤ ਸਿੰਘ ਨੇ ਦੱਸਿਆ ਕਿ ਉਕਤ ਮੁਲਜ਼ਮ ਖਿਲਾਫ ਮਾਮਲਾ ਦਰਜ ਕਰ ਲਿਆ ਹੈ।

# ਵ੍ਹੀਲਚੇਅਰ ਕ੍ਰਿਕਟ ਟੂਰਨਾਮੈਂਟ 'ਚ ਮੱਧ ਪ੍ਰਦੇਸ਼ ਦੀ ਟੀਮ ਜੇਤੂ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਸ਼ਹਿਰ ਵਿੱਚ ਪਹਿਲੀ ਵਾਰ ਵ੍ਹੀਲਚੇਅਰ ਕ੍ਰਿਕਟ ਟੂਰਨਾਮੈਂਟ ਕਰਵਾਇਆ ਗਿਆ, ਜਿਸ ਨੇ ਖੇਡ ਪ੍ਰੇਮੀਆਂ ਤੇ ਆਮ ਲੋਕਾਂ ਵਿੱਚ ਖਾਸਾ ਉਤਸ਼ਾਹ ਪੈਦਾ ਕੀਤਾ। ਇਸ ਵਿਸ਼ੇਸ਼ ਟੂਰਨਾਮੈਂਟ ਵਿੱਚ ਚੰਡੀਗੜ੍ਹ ਤੇ ਮੱਧ ਪ੍ਰਦੇਸ਼ ਦੀਆਂ ਟੀਮਾਂ ਨੇ ਸ਼ਾਨਦਾਰ ਖੇਡ ਦਾ ਪ੍ਰਦਰਸ਼ਨ ਕਰਦੇ ਹੋਏ ਫਾਈਨਲ ਮੁਕਾਬਲੇ ਵਿੱਚ ਜਗ੍ਹਾ ਬਣਾਈ।

ਫਾਈਨਲ ਮੈਚ ਬਹੁਤ ਹੀ ਰੋਮਾਂਚਕ ਰਿਹਾ, ਜਿਸ ਵਿੱਚ ਮੱਧ ਪ੍ਰਦੇਸ਼ ਦੀ ਟੀਮ ਨੇ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਜਿੱਤ ਹਾਸਲ ਕਰ ਟਰਾਫੀ ਆਪਣੇ ਨਾਮ ਕੀਤੀ। ਸਮਾਪਨ ਸਮਾਰੋਹ ਵਿੱਚ ਮੁੱਖ ਮਹਿਮਾਨ ਵਜੋਂ ਅਮਨਦੀਪ ਹਸਪਤਾਲ ਦੇ ਫੈਸਿਲਿਟੀ ਡਾਇਰੈਕਟਰ ਡਾ. ਅਭਿਸ਼ੇਕ ਅਰੋੜਾ ਹਾਜ਼ਰ ਰਹੇ। ਉਨ੍ਹਾਂ ਜੇਤੂ ਤੇ ਉੱਪ-ਜੇਤੂ ਟੀਮਾਂ ਨੂੰ ਇਨਾਮ ਦੇ ਕੇ ਸਨਮਾਨਤ ਕੀਤਾ ਅਤੇ ਖਿਡਾਰੀਆਂ ਦਾ ਹੌਸਲਾ ਵਧਾਇਆ। ਇਸ ਮੌਕੇ ਡਾ. ਅਭਿਸ਼ੇਕ ਅਰੋੜਾ ਨੇ ਕਿਹਾ ਕਿ ਇਸ ਤਰ੍ਹਾਂ ਦੇ ਖੇਡ ਆਯੋਜਨ ਸਮਾਜ ਨੂੰ ਸਕਾਰਾਤਮਕ ਦਿਸ਼ਾ ਦੇਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਉਨ੍ਹਾਂ ਕਿਹਾ ਕਿ ਅਮਨਦੀਪ ਹਸਪਤਾਲ ਹਮੇਸ਼ਾ ਅਜਿਹੀਆਂ ਸਮਾਜਿਕ ਤੇ ਸਾਂਝੀਆਂ ਕੋਸ਼ਿਸ਼ਾਂ ਦਾ ਸਮਰਥਨ ਕਰਦਾ ਹੈ, ਜੋ ਨੌਜਵਾਨਾਂ ਨੂੰ ਸਿਹਤਮੰਦ ਜੀਵਨਸ਼ੈਲੀ ਅਪਣਾਉਣ ਤੇ ਨਸ਼ਿਆਂ ਵਰਗੀਆਂ ਬੁਰਾਈਆਂ ਤੋਂ ਦੂਰ ਰਹਿਣ ਲਈ ਪ੍ਰੇਰਿਤ ਕਰਦੀਆਂ ਹਨ। ਉਨ੍ਹਾਂ ਵ੍ਹੀਲਚੇਅਰ 'ਤੇ ਖੇਡ ਰਹੇ ਖਿਡਾਰੀਆਂ ਦੇ ਜਜ਼ਬੇ ਦੀ ਭਰਪੂਰ ਸਰਾਹਨਾ ਕਰਦੇ ਹੋਏ ਕਿਹਾ ਕਿ ਇਨ੍ਹਾਂ ਖਿਡਾਰੀਆਂ ਨੇ ਇਹ ਸਾਬਿਤ ਕਰ ਦਿੱਤਾ ਹੈ ਕਿ ਸਰੀਰਕ ਚੁਣੌਤੀਆਂ ਕਿਸੇ ਵੀ ਵਿਅਕਤੀ ਦੀ ਪ੍ਰਤਿਭਾ ਤੇ ਹੌਸਲੇ ਨੂੰ ਰੋਕ ਨਹੀਂ ਸਕਦੀਆਂ।

ਉਨ੍ਹਾਂ ਕਿਹਾ ਕਿ ਇਨ੍ਹਾਂ ਖਿਡਾਰੀਆਂ ਦਾ ਸਾਹਸ, ਆਤਮਵਿਸ਼ਵਾਸ ਤੇ ਸਕਾਰਾਤਮਕ ਸੋਚ ਸਮਾਜ ਲਈ ਪ੍ਰੇਰਣਾ ਹੈ ਅਤੇ ਨੌਜਵਾਨਾਂ ਨੂੰ ਇਹ ਸੰਦੇਸ਼ ਦਿੰਦੀ ਹੈ ਕਿ ਮੁਸ਼ਕਲ ਹਾਲਾਤਾਂ ਵਿੱਚ ਵੀ ਹਿੰਮਤ ਨਹੀਂ ਹਾਰਨੀ ਚਾਹੀਦੀ।

# ਔਰਤਾਂ ਦੇ ਹੱਕਾਂ ਤੇ ਸਮਾਜਿਕ ਬਰਾਬਰੀ ਸਮਾਜਵਾਦੀ ਪ੍ਰਬੰਧ ਸਥਾਪਤ ਕਰਨ ਦੀ ਲੋੜ : ਸਰਬਜੀਤ ਕੌਰ ਖੋਸਾ




**ਮੋਗਾ (ਇਕਬਾਲ ਸਿੰਘ ਖਹਿਰਾ)**-ਅੰਤਰਰਾਸ਼ਟਰੀ ਔਰਤ ਦਿਵਸ ਦੇ ਮੌਕੇ ਪੰਜਾਬ ਇਸਤਰੀ ਸਭਾ ਜ਼ਿਲ੍ਹਾ ਮੋਗਾ ਵੱਲੋਂ ਪਿੰਡ ਖੋਸਾ ਪਾਂਡੋ ਵਿਖੇ ਇੱਕ ਵਿਸ਼ੇਸ਼ ਸਮਾਗਮ ਕੀਤਾ ਗਿਆ।ਇਸ ਮੌਕੇ ਪੰਜਾਬ ਇਸਤਰੀ ਸਭਾ ਦੀ ਜ਼ਿਲ੍ਹਾ ਦੀ ਪ੍ਰਧਾਨ ਸਰਬਜੀਤ ਕੌਰ ਖੋਸਾ ਨੇ ਜ਼ਿਲ੍ਹੇ ਦੀਆਂ ਸਮੂਹ ਔਰਤਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਦਿਨ ਔਰਤਾਂ ਦੇ ਹੱਕਾਂ, ਬਰਾਬਰੀ ਤੇ ਸਨਮਾਨ ਲਈ ਲੜੀ ਜਾ ਰਹੀ ਲੜਾਈ ਨੂੰ ਯਾਦ ਕਰਨ ਤੇ ਇਸ ਨੂੰ ਹੋਰ ਮਜ਼ਬੂਤ ਕਰਨ ਦਾ ਦਿਨ ਹੈ।ਉਨ੍ਹਾਂ ਕਿਹਾ ਕਿ ਅੱਜ ਦੇ ਸਮੇਂ ਵਿੱਚ ਔਰਤਾਂ ਸਿੱਖਿਆ, ਰਾਜਨੀਤੀ, ਖੇਤੀਬਾੜੀ, ਖੇਡਾਂ ਤੇ ਹੋਰ ਕਈ ਖੇਤਰਾਂ ਵਿੱਚ ਅਹਿਮ ਯੋਗਦਾਨ ਪਾ ਰਹੀਆਂ ਹਨ, ਪਰ ਇਸ ਦੇ ਬਾਵਜੂਦ ਸਮਾਜ ਵਿੱਚ ਅਜੇ ਵੀ ਕਈ ਥਾਵਾਂ 'ਤੇ ਔਰਤਾਂ ਨੂੰ ਭੇਦਭਾਵ, ਹਿੰਸਾ ਤੇ ਅਸਮਾਨਤਾ ਦਾ ਸਾਹਮਣਾ ਕਰਨਾ ਪੈਂਦਾ ਹੈ।ਇਸ ਸਥਿਤੀ ਨੂੰ ਬਦਲਣ ਲਈ ਸਮਾਜ ਦੇ ਹਰ ਵਰਗ ਨੂੰ ਅੱਗੇ ਆਉਣਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਔਰਤਾਂ ਨੂੰ ਸਨਮਾਨਯੋਗ ਜ਼ਿੰਦਗੀ ਜਿਉਣ ਲਈ ਇਸ ਸਰਮਾਏਦਾਰੀ ਪ੍ਰਬੰਧ ਨੂੰ ਬਦਲ ਕੇ ਸਮਾਜਵਾਦੀ ਪ੍ਰਬੰਧ ਦੀ ਸਥਾਪਨਾ ਲਈ ਅੱਗੇ ਆਉਣਾ ਚਾਹੀਦਾ ਹੈ, ਤਾਂ ਜੋ ਕਿ ਸਭ ਨੂੰ ਯੋਗਤਾ ਮੁਤਾਬਿਕ ਰੁਜ਼ਗਾਰ ਦੀ ਗਾਰੰਟੀ ਹੋਵੇ ਤੇ ਸਾਰੇ ਖੁਸ਼ਹਾਲ ਜ਼ਿੰਦਗੀ ਜਿਊ ਸਕਣ।ਸਰਬਜੀਤ ਕੌਰ ਖੋਸਾ ਨੇ ਕਿਹਾ ਕਿ ਪੰਜਾਬ ਇਸਤਰੀ ਸਭਾ ਹਮੇਸ਼ਾ ਔਰਤਾਂ ਦੇ ਅਧਿਕਾਰਾਂ ਦੀ ਰੱਖਿਆ ਤੇ ਉਨ੍ਹਾਂ ਨੂੰ ਨਿਆਂ ਦਿਵਾਉਣ ਲਈ ਸੰਘਰਸ਼ ਕਰਦੀ ਆ ਰਹੀ ਹੈ।ਉਨ੍ਹਾਂ ਕਿਹਾ ਕਿ ਸੰਗਠਨ ਵੱਲੋਂ ਔਰਤਾਂ ਨੂੰ ਸਿੱਖਿਆ, ਸਿਹਤ, ਰੋਜ਼ਗਾਰ ਤੇ ਸੁਰੱਖਿਆ ਦੇ ਮੁੱਦਿਆਂ 'ਤੇ ਜਾਗਰੂਕ ਕਰਨ ਲਈ ਲਗਾਤਾਰ ਮੁਹਿੰਮਾਂ ਚਲਾਈਆਂ ਜਾ ਰਹੀਆਂ ਹਨ।ਉਨ੍ਹਾਂ ਸਰਕਾਰ ਨੂੰ ਅਪੀਲ ਕੀਤੀ ਕਿ ਔਰਤਾਂ ਦੀ ਸੁਰੱਖਿਆ ਯਕੀਨੀ ਬਣਾਉਣ, ਉਨ੍ਹਾਂ ਨੂੰ ਰੋਜ਼ਗਾਰ ਦੇ ਮੌਕੇ ਮੁਹੱਈਆ ਕਰਵਾਉਣ ਤੇ ਸਮਾਜ ਵਿੱਚ ਬਰਾਬਰੀ ਦਾ ਦਰਜਾ ਦੇਣ ਲਈ ਢੁੱਕਵੇਂ ਕਦਮ ਚੁੱਕੇ ਜਾਣ।ਅੰਤ ਵਿੱਚ ਉਨ੍ਹਾਂ ਕਿਹਾ ਕਿ ਜਦੋਂ ਔਰਤਾਂ ਮਜ਼ਬੂਤ ਤੇ ਖ਼ੁਦਮੁਖ਼ਤਿਆਰ ਬਣਦੀਆਂ ਹਨ ਤਾਂ ਸਮਾਜ ਤੇ ਦੇਸ਼ ਦੀ ਤਰੱਕੀ ਵੀ ਤੇਜ਼ੀ ਨਾਲ ਹੁੰਦੀ ਹੈ।ਇਸ ਮੌਕੇ ਹੋਰਨਾਂ ਤੋਂ ਇਲਾਵਾ ਪੂਜਾ ਖੋਸਾ, ਦਿਲਪ੍ਰੀਤ ਕੌਰ, ਕਰਮਜੀਤ ਕੌਰ, ਸੰਦੀਪ ਕੌਰ, ਸੁਮਨਦੀਪ ਕੌਰ ਤੇ ਸੁਖਦੀਪ ਕੌਰ ਹਾਜ਼ਰ ਸਨ।

## ਬੀਬੀਆਂ ਨੂੰ ਹਜ਼ਾਰ ਰੁਪਏ ਦਾ ਐਲਾਨ ਸਿਰਫ ਚੋਣ ਸਟੰਟ : ਐਡਵੋਕੇਟ ਖੇੜੀ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਸੂਬਾ ਸਰਕਾਰ ਵੱਲੋਂ ਬੱਜਟ ਸੈਸ਼ਨ ਦੌਰਾਨ ਔਰਤਾਂ ਨੂੰ 1000 ਰੁਪਏ ਦੇਣ ਦਾ ਐਲਾਨ ਸਿਰਫ ਚੋਣ ਸਟੰਟ ਤੋਂ ਸਿਵਾਏ ਹੋਰ ਕੱਖ ਨਹੀਂ ਹੈ।ਇਹ ਪ੍ਰਗਟਾਵਾ ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਐਡਵੋਕੇਟ ਜਸਵੀਰ ਸਿੰਘ ਖੇੜੀ ਨੇ ਕੀਤਾ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਜਿੱਥੇ ਸਿਹਤ ਸਹੂਲਤਾਂ, ਸਕੂਲਾਂ ਦੇ ਚੰਗੇ ਪ੍ਰਬੰਧਾਂ, ਬੇਰੁਜ਼ਗਾਰਾਂ ਨੂੰ ਰੁਜ਼ਗਾਰ ਦੇਣ ਤੇ ਪਿੰਡਾਂ ਦੇ ਸਰਬਪੱਖੀ ਵਿਕਾਸ 'ਚ ਬੁਰੀ ਤਰ੍ਹਾਂ ਫੇਲ੍ਹ ਸਾਬਿਤ ਹੋਈ ਹੈ।ਚੋਣਾਂ ਵੇਲੇ ਕੀਤੇ ਵਾਅਦੇ ਅਨੁਸਾਰ ਬੀਬੀਆਂ ਨੂੰ ਪਿਛਲੇ ਚਾਰ ਸਾਲਾਂ ਤੋਂ 1000 ਰੁਪਏ ਮਹੀਨਾ ਦੇਣ ਤੋਂ ਵੀ ਪਾਸਾ ਵੱਟੀ ਰੱਖਿਆ। ਹੁਣ ਵੋਟਾਂ ਨੇੜੇ ਆਉਣ ਦੇ ਮੱਦੇਨਜ਼ਰ ਬੱਜਟ ਸੈਸ਼ਨ ਦੌਰਾਨ ਔਰਤਾਂ ਨੂੰ ਵੱਖ-ਵੱਖ ਸ਼ਰਤਾਂ ਰੱਖ ਕੇ 1000 ਰੁਪਏ ਪ੍ਰਤੀ ਮਹੀਨਾ ਦੇਣ ਦੇ ਐਲਾਨ ਸਿਰਫ ਡਰਾਮੇਬਾਜ਼ੀ ਤੋਂ ਸਿਵਾਏ ਹੋਰ ਕੱਖ ਨਹੀਂ ਹੈ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਸੂਬੇ ਦੇ ਸਿਰ ਉੱਪਰ ਚਾਰ ਲੱਖ ਕਰੋੜ ਤੋਂ ਉਪਰ ਕਰਜ਼ਾ ਚੜ੍ਹਾ ਦਿੱਤਾ ਹੈ।ਹੁਣ ਵੋਟਾਂ ਨੇੜੇ ਆਉਣ ਦੇ ਮੱਦੇਨਜ਼ਰ ਪੰਜਾਬ ਦੇ ਲੋਕਾਂ ਨੂੰ ਸਰਕਾਰ ਦੀਆਂ ਚਾਲਾਂ ਨੂੰ ਸਮਝਣਾ ਪਵੇਗਾ।

## ਸ਼ਹੀਦ ਬਾਬਾ ਦੀਪ ਸਿੰਘ ਕਲੱਬ ਵੱਲੋਂ ਕਬੱਡੀ ਕੱਪ 19 ਨੂੰ

**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਸਥਾਨਕ ਸ਼ਹੀਦ ਬਾਬਾ ਦੀਪ ਸਿੰਘ ਯੂਥ ਵੈੱਲਫੇਅਰ ਐਂਡ ਸਪੋਰਟਸ ਕਲੱਬ (ਰਜਿ.) ਧੂਰੀ ਦੀ ਇੱਕ ਵਿਸ਼ੇਸ਼ ਮੀਟਿੰਗ ਕਲੱਬ ਦੇ ਪ੍ਰਧਾਨ ਦਲਜਿੰਦਰ ਸਿੰਘ ਮਾਨ ਦੀ ਪ੍ਰਧਾਨਗੀ ਹੇਠ ਹੋਈ।ਇਸ ਬੈਠਕ ਦੌਰਾਨ ਕਲੱਬ ਦੇ ਅਹੁਦੇਦਾਰਾਂ ਤੇ ਮੈਂਬਰਾਂ ਨੇ ਸਰਬਸੰਮਤੀ ਨਾਲ ਇਲਾਕੇ ਦਾ 10ਵਾਂ ਵਿਸ਼ਾਲ ਕਬੱਡੀ ਕੱਪ ਕਰਵਾਉਣ ਸਬੰਧੀ ਰੂਪ-ਰੇਖਾ ਉਲੀਕੀ। ਜਾਣਕਾਰੀ ਸਾਂਝੀ ਕਰਦਿਆਂ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਹਰਜਿੰਦਰ ਸਿੰਘ ਕਾਂਝਲਾ ਤੇ ਕਲੱਬ ਪ੍ਰਧਾਨ ਦਲਜਿੰਦਰ ਸਿੰਘ ਮਾਨ ਨੇ ਦੱਸਿਆ ਕਿ ਇਹ ਖੇਡ ਮੇਲਾ 19 ਮਾਰਚ ਨੂੰ ਸਥਾਨਕ ਨਵੀਂ ਅਨਾਜ ਮੰਡੀ ਧੂਰੀ ਵਿਖੇ ਕਰਵਾਇਆ ਜਾਵੇਗਾ।ਉਨ੍ਹਾਂ ਵਿਸ਼ੇਸ਼ ਤੌਰ 'ਤੇ ਜ਼ਿਕਰ ਕੀਤਾ ਕਿ ਇਸ ਵਾਰ ਖੇਡ ਪ੍ਰੇਮੀਆਂ ਨੂੰ ਅੰਤਰਰਾਸ਼ਟਰੀ ਪੱਧਰ ਦੇ ਨਾਮਵਰ ਕਬੱਡੀ ਖਿਡਾਰੀਆਂ ਦੀਆਂ ਰੌਚਕ ਭੇੜਾਂ ਦੇਖਣ ਨੂੰ ਮਿਲਣਗੀਆਂ, ਜਿਸ ਲਈ ਤਿਆਰੀਆਂ ਆਰੰਭ ਦਿੱਤੀਆਂ ਗਈਆਂ ਹਨ।ਇਸ ਮੌਕੇ ਟੂਰਨਾਮੈਂਟ ਦੀ ਸਫ਼ਲਤਾ ਲਈ ਵੱਖ-ਵੱਖ ਮੈਂਬਰਾਂ ਦੀਆਂ ਡਿਊਟੀਆਂ ਲਗਾਈਆਂ ਗਈਆਂ।

# ਵੱਖ-ਵੱਖ ਖੇਤਰਾਂ 'ਚ ਮੱਲਾਂ ਮਾਰਨ ਵਾਲੀਆਂ ਔਰਤਾਂ ਦਾ ਸਨਮਾਨ



**ਸਰਦੂਲਗੜ੍ਹ (ਅਵਤਾਰ ਜਟਾਣਾ)**-ਮਾਤਾ ਗੁਜਰੀ ਗਰਲਜ਼ ਕਾਲਜ ਸਰਦੂਲਗੜ੍ਹ ਵਿਖੇ ਅੰਤਰਰਾਸ਼ਟਰੀ ਮਹਿਲਾ ਦਿਵਸ ਧੂਮ-ਧਾਮ ਨਾਲ ਮਨਾਇਆ ਗਿਆ।ਅਸਿੱਸਟੈਂਟ ਪ੍ਰੋ. ਪਰਮਜੀਤ ਕੌਰ ਸਟੇਜ ਸੰਚਾਲਕ ਨੇ ਪ੍ਰੋਗਰਾਮ ਦੀ ਸ਼ੁਰੂਆਤ ਸ਼ਬਦ ਗਾਇਨ ਤੋਂ ਕਰਵਾਈ। ਇਸ ਮੌਕੇ ਮੁੱਖ ਮਹਿਮਾਨ ਵਜੋਂ ਪਹੁੰਚੇ ਪ੍ਰਿੰ. ਸ੍ਰੀਮਤੀ ਵੀਨਾ ਰਾਣੀ (ਸ. ਸ. ਸੈਕੰਡਰੀ ਸਕੂਲ ਝੰਡਾ ਖੁਰਦ) ਦਾ ਸਮੂਹ ਸਟਾਫ਼ ਨੇ ਨਿੱਘਾ ਸਵਾਗਤ ਕੀਤਾ।ਵਿਭਾਗ ਮੁਖੀ ਡਾ. ਸ਼ਰਨਜੀਤ ਕੌਰ ਨੇ ਮੁੱਖ ਮਹਿਮਾਨ ਪ੍ਰਿੰ. ਵੀਨਾ ਰਾਣੀ, ਸਮੂਹ ਮੈਨੇਜਮੈਂਟ ਕਮੇਟੀ ਦੇ ਮੈਂਬਰ ਸਾਹਿਬਾਨ ਸਤਪਾਲ ਸਿੰਘ ਬਿੰਦ, ਬੇਅੰਤ ਸਿੰਘ, ਅੰਮ੍ਰਿਤਪਾਲ ਸਿੰਘ, ਮੈਡਮ ਪ੍ਰਕਾਸ਼ ਕੌਰ, ਮੈਡਮ ਬਲਵਿੰਦਰ ਕੌਰ ਦਾ ਨਿੱਘਾ ਸਵਾਗਤ ਕੀਤਾ। ਇਸੇ ਮੌਕੇ ਸਿਵਲ ਹਸਪਤਾਲ ਸਰਦੂਲਗੜ੍ਹ ਵੱਲੋਂ ਡਾ. ਸਾਕਸ਼ੀ ਜਿੰਦਲ ਨੇ ਕੌਂਸਲਰ ਗਜ਼ਲ ਕੌਰ ਦਾ ਨਿੱਘਾ ਸਵਾਗਤ ਕੀਤਾ ਤੇ ਉਨ੍ਹਾਂ ਆਪਣੇ ਕਾਲਜ ਦੀਆਂ ਵਿਦਿਆਰਥਣਾਂ ਨੂੰ ਵੱਖ ਵੱਖ ਖੇਤਰਾਂ ਵਿੱਚ ਮੱਲਾਂ ਮਾਰਨ ਲਈ ਪ੍ਰੇਰਿਤ ਕੀਤਾ।

ਉਪਰੰਤ ਪ੍ਰਿੰਸੀਪਲ ਵੀਨਾ ਰਾਣੀ ਨੇ ਅੰਤਰਰਾਸ਼ਟਰੀ ਮਹਿਲਾ ਦਿਵਸ ਦੀ ਮੁਬਾਰਕਬਾਦ ਦਿੰਦੇ ਹੋਏ ਔਰਤਾਂ ਨੂੰ ਕਦੇ ਵੀ ਕਮਜ਼ੋਰ ਨਾ ਪੈਣ ਦੀ ਸਿੱਖਿਆ ਦਿੰਦੇ ਹੋਏ ਜ਼ਿੰਦਗੀ ਵਿੱਚ ਉਚੇਰੀ ਸਿੱਖਿਆ ਹਾਸਲ ਕਰਨ ਲਈ ਪ੍ਰੇਰਿਆ। ਇਸ ਮੌਕੇ ਵੱਖ-ਵੱਖ ਵਿਦਿਆਰਥਣਾਂ ਵੱਲੋਂ ਵੱਖ-ਵੱਖ ਤਰ੍ਹਾਂ ਦੇ ਰੰਗਾਰੰਗ ਪ੍ਰੋਗਰਾਮ ਪੇਸ਼ ਕੀਤੇ ਗਏ। ਇਸ ਮੌਕੇ ਕੌਂਸਲਰ ਗਜ਼ਲ ਕੌਰ ਨੇ ਲੜਕੀਆਂ ਦੀ ਉਚੇਰੀ ਸਿੱਖਿਆ ਲਈ ਪੁਰਜ਼ੋਰ ਉਪਰਾਲੇ ਕਰਨ ਲਈ ਕਾਲਜ ਦੀ ਸ਼ਲਾਘਾ ਕੀਤੀ ਤੇ ਵਿਦਿਆਰਥੀਆਂ ਨੂੰ ਜ਼ਿੰਦਗੀ ਵਿੱਚ ਆਉਣ ਵਾਲੀਆਂ ਔਕੜਾਂ ਨੂੰ ਬੜੀ ਹੀ ਸਮਝਦਾਰੀ ਨਿਜੱਠਣ ਲਈ ਪ੍ਰੇਰਿਆ।ਸਮੂਹ ਮੈਨੇਜਮੈਂਟ ਕਮੇਟੀ ਦੇ ਮੈਂਬਰ ਸਾਹਿਬਾਨ ਤੇ ਮੁੱਖ ਮਹਿਮਾਨ ਵੀਨਾ ਰਾਣੀ ਅਤੇ ਸਮੂਹ ਸਟਾਫ ਨੇ ਵੱਖ-ਵੱਖ ਖੇਤਰਾਂ ਵਿੱਚ ਮੱਲਾਂ ਮਾਰਨ ਵਾਲੀਆਂ ਔਰਤਾਂ ਨੂੰ ਸਨਮਾਨ ਚਿੰਨ੍ਹ ਭੇਟ ਕੀਤੇ ਗਏ।ਸਿਹਤ ਤੇ ਸਮਾਜ ਸੇਵਾ ਦੇ ਖੇਤਰ ਵਿੱਚ ਡਾ. ਸਾਕਸ਼ੀ ਜਿੰਦਲ, ਸਿਹਤ ਤੇ ਸਮਾਜ ਸੇਵਾ ਦੇ ਖੇਤਰ ਲਈ ਕੌਂਸਲਰ ਗਜ਼ਲ ਕੌਰ, ਸਿੱਖਿਆ ਦੇ ਖੇਤਰ ਵਿੱਚ ਸ੍ਰੀਮਤੀ ਸਰਬਜੀਤ ਕੌਰ ਈ.ਟੀ.ਟੀ. ਟੀਚਰ ਸਰਕਾਰੀ ਸਕੂਲ ਰਾਇ ਕਲਾਂ, ਸਿੱਖਿਆ ਦੇ ਖੇਤਰ ਵਿੱਚ ਸ੍ਰੀਮਤੀ ਦੀਪਿਕਾ ਈ.ਟੀ.ਟੀ. ਟੀਚਰ ਸਰਕਾਰੀ ਸਕੂਲ ਸੰਘਾ, ਖੇਡਾਂ ਦੇ ਖੇਤਰ ਵਿੱਚ ਪ੍ਰਨੀਤ ਕੌਰ ਤੇ ਕਮਲਪ੍ਰੀਤ ਕੌਰ, ਸਿਹਤ ਤੇ ਸਮਾਜ ਸੇਵਾ ਦੇ ਖੇਤਰ 'ਚ ਸ੍ਰੀਮਤੀ ਸ਼ਿਪਿੰਦਰ ਕੌਰ ਨੂੰ ਤੇ ਆਰਥਿਕ ਖੇਤਰ ਵਿੱਚ ਸ੍ਰੀਮਤੀ ਸੋਨਿਕਾ ਰਾਣੀ ਨੂੰ ਸਨਮਾਨਤ ਕੀਤਾ ਗਿਆ।ਆਏ ਹੋਏ ਮਹਿਮਾਨਾਂ ਦਾ ਧੰਨਵਾਦ ਅਸਿਸਟੈਂਟ ਪ੍ਰੋ. ਗੁਰਮੀਤ ਕੌਰ ਨੇ ਕੀਤਾ ਅਤੇ ਮਾਤਾ ਗੁਜਰੀ ਗਰਲਜ਼ ਕਾਲਜ ਦੇ ਸਮੂਹ ਸਟਾਫ ਨੇ ਅੰਤਰਰਾਸ਼ਟਰੀ ਮਹਿਲਾ ਦਿਵਸ ਦੀਆਂ ਮੁਬਾਰਕਾਂ ਦਿੰਦੇ ਹੋਏ ਲੜਕੀਆਂ ਨੂੰ ਉਚੇਰੀ ਸਿੱਖਿਆ ਦੇਣ ਲਈ ਮਾਪਿਆਂ ਨੂੰ ਪ੍ਰੇਰਿਤ ਕੀਤਾ।

# ਸ੍ਰੀ ਗੁਰੂ ਨਾਨਕ ਬਾਣੀ ਦੀ ਪ੍ਰੀਭਾਸ਼ਕ ਸ਼ਬਦਾਵਲੀ ਤੇ ਅਰਥ-ਪ੍ਰੰਪਰਾ ਦੇ ਵਿਕਾਸ 'ਤੇ ਹੋਇਆ ਖੋਜ ਕਾਰਜ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਪੰਜਾਬੀ ਯੂਨੀਵਰਸਿਟੀ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਬਾਣੀ ਦੀ ਪ੍ਰੀਭਾਸ਼ਕ ਸ਼ਬਦਾਵਲੀ ਦੇ ਵਿਆਖਿਆਤਮਕ ਪਾਸਾਰਾਂ ਨੂੰ ਲੈ ਕੇ ਇੱਕ ਅਹਿਮ ਖੋਜ ਕਾਰਜ ਕੀਤਾ ਗਿਆ ਹੈ।ਯੂਨੀਵਰਸਿਟੀ ਦੇ ਸ੍ਰੀ ਗੁਰੂ ਗੋਬਿੰਦ ਸਿੰਘ ਧਰਮ ਅਧਿਐਨ ਵਿਭਾਗ ਵਿਖੇ ਇਹ ਖੋਜ ਕਾਰਜ ਨਿਗਰਾਨ ਡਾ. ਕੁਲਵਿੰਦਰ ਸਿੰਘ ਦੀ ਅਗਵਾਈ 'ਚ ਖੋਜਾਰਥੀ ਡਾ. ਜਤਿੰਦਰ ਕੌਰ ਵੱਲੋਂ ਕੀਤਾ ਗਿਆ ਹੈ।

ਖੋਜਾਰਥੀ ਡਾ. ਜਤਿੰਦਰ ਕੌਰ ਨੇ ਦੱਸਿਆ ਕਿ ਇਹ ਖੋਜ ਅਰਥ-ਵਿਗਿਆਨਕ ਅਤੇ ਧਰਮ-ਸ਼ਾਸਤਰੀ ਪਰਿਪੇਖਾਂ ਰਾਹੀਂ ਗੁਰੂ ਨਾਨਕ ਸਾਹਿਬ ਦੀ ਬਾਣੀ ਵਿਚਲੇ ਰਹੱਸਮਈ ਅਤੇ ਗੂੜ੍ਹ ਸ਼ਬਦਾਂ ਦੀਆਂ ਪਰਤਾਂ ਖੋਲ੍ਹਣ ਦਾ ਯਤਨ ਕਰਦੀ ਹੈ।ਉਨ੍ਹਾਂ ਦੱਸਿਆ ਕਿ ਧਰਮਾਂ ਦੇ ਇਤਿਹਾਸ ਵਿੱਚ ਗੁਰੂ ਨਾਨਕ ਦੇਵ ਜੀ ਦੇ ਆਗਮਨ ਨੂੰ ਇੱਕ ਨਵੇਂ ਯੁੱਗ ਦਾ ਆਗਾਜ਼ ਮੰਨਦਿਆਂ, ਇਸ ਖੋਜ-ਪ੍ਰਬੰਧ ਵਿੱਚ ਦੱਸਿਆ ਗਿਆ ਹੈ ਕਿ ਗੁਰੂ ਸਾਹਿਬ ਦੁਆਰਾ 19 ਰਾਗਾਂ ਵਿੱਚ ਉਚਾਰਨ ਕੀਤੀ 974 ਸ਼ਬਦਾਂ ਦੀ ਬਾਣੀ ਕੇਵਲ ਕਿਸੇ ਖੇਤਰ ਵਿਸ਼ੇਸ਼ ਲਈ ਨਹੀਂ, ਸਗੋਂ ਸਮੁੱਚੀ ਮਨੁੱਖਤਾ ਦੇ ਕਲਿਆਣ ਲਈ ਹੈ।ਉਨ੍ਹਾਂ ਦੱਸਿਆ ਕਿ ਗੁਰਬਾਣੀ ਵਿੱਚ ਵਰਤੇ ਗਏ ਅਨੇਕਾਂ ਚਿੰਨ੍ਹ ਤੇ ਪ੍ਰਤੀਕ ਸਾਧਾਰਨ ਅਰਥਾਂ ਨਾਲੋਂ ਵੱਖਰੇ ਭਾਵ ਰੱਖਦੇ ਹਨ, ਜਿਨ੍ਹਾਂ ਨੂੰ ਸਮਝਣ ਲਈ ਗੁਰੂ-ਕਾਲ ਤੋਂ ਹੀ ਕੋਸ਼ਿਸ਼ਾਂ ਅਰੰਭ ਹੋ ਗਈਆਂ ਸਨ।ਇਸ ਅਧਿਐਨ ਲਈ ਪੰਜ ਪ੍ਰਮੁੱਖ ਟੀਕਿਆਂ ਫਰੀਦਕੋਟੀ ਟੀਕਾ (ਗਿਆਨੀ ਬਦਨ ਸਿੰਘ ਸੇਖਵਾਂ), ਸ਼ਬਦਾਰਥ ਸ੍ਰੀ ਗੁਰੂ ਗ੍ਰੰਥ ਸਾਹਿਬ, ਸ੍ਰੀ ਗੁਰੂ ਗ੍ਰੰਥ ਸਾਹਿਬ (ਭਾਈ ਵੀਰ ਸਿੰਘ), ਸ੍ਰੀ ਗੁਰੂ ਗ੍ਰੰਥ ਸਾਹਿਬ ਦਰਪਣ (ਪ੍ਰੋ. ਸਾਹਿਬ ਸਿੰਘ) ਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਦਰਸ਼ਨ ਨਿਰਣੈ (ਗਿਆਨੀ ਹਰਿਬੰਸ ਸਿੰਘ) ਦਾ ਤੁਲਨਾਤਮਕ ਅਧਿਐਨ ਕੀਤਾ ਗਿਆ ਹੈ।ਡਾ. ਕੁਲਵਿੰਦਰ ਸਿੰਘ ਨੇ ਦੱਸਿਆ ਕਿ ਖੋਜ ਦੌਰਾਨ ਕਈ ਅਣਗੌਲੇ ਤੱਥ ਸਾਹਮਣੇ ਆਏ ਹਨ, ਜੋ ਗੁਰਬਾਣੀ ਵਿਆਖਿਆਕਾਰੀ ਦੇ ਇਤਿਹਾਸ ਵਿੱਚ ਨਵਾਂ ਮੋੜ ਲਿਆਉਂਦੇ ਹਨ।ਅਧਿਐਨ ਸਿੱਧ ਕਰਦਾ ਹੈ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ 'ਪ੍ਰਯਾਯ' ਲਿਖਣ ਦੀ ਵਿਧੀ ਗੁਰੂ ਗੋਬਿੰਦ ਸਿੰਘ ਜੀ ਦੇ ਸਮਕਾਲੀ ਸਿੱਖ ਭਾਈ ਕੀਰਤ ਸਿੰਘ ਵੱਲੋਂ ਅਰੰਭੀ ਗਈ ਸੀ।ਗੁਰਬਾਣੀ ਕੋਸ਼ਕਾਰੀ ਬਾਰੇ ਖੋਜ ਕਰਦਿਆਂ ਇਹ ਗੱਲ ਸਾਹਮਣੇ ਆਈ ਕਿ ਜ਼ਿਆਦਾਤਰ ਵਿਦਵਾਨਾਂ ਨੇ ਕੋਸ਼ਕਾਰੀ ਦੀ ਸ਼ੁਰੂਆਤ ਪ੍ਰਯਾਯ ਲਿਖਣ ਦੇ ਅਰੰਭ ਤੋਂ ਹੀ ਮੰਨ ਲਈ, ਜਿਸ ਕਰਕੇ ਵਿਧੀਵਤ ਕੋਸ਼ ਲਿਖਣ ਦੀ ਅਰੰਭਤਾ ਵੱਲ ਕਿਸੇ ਦਾ ਖ਼ਾਸ ਧਿਆਨ ਹੀ ਨਹੀਂ ਗਿਆ।ਇਸੇ ਕਾਰਨ ਪਹਿਲੇ ਕੋਸ਼ ਜਾਂ ਕੋਸ਼ਕਾਰ ਬਾਰੇ ਜਾਣਨ ਵਿਚ ਕੋਈ ਰੁਚੀ ਨਹੀਂ ਦਿਖਾਈ ਗਈ ਤੇ ਨਾ ਹੀ ਗੁਰਬਾਣੀ ਕੋਸ਼ਕਾਰੀ ਦੀ ਮੁੱਢਲੀ ਬਣਤਰ ਤੇ ਵਿਸ਼ੇਸ਼ਤਾਵਾਂ ਬਾਰੇ ਚਰਚਾ ਹੋ ਸਕੀ।ਖੋਜ ਦੌਰਾਨ ਇਹ ਜਾਣਨ ਦਾ ਮੌਕਾ ਮਿਲਿਆ ਕਿ ਗੁਰਬਾਣੀ ਕੋਸ਼ਾਂ ਵਿਚ ਸਭ ਤੋਂ ਪੁਰਾਤਨ ਕੋਸ਼ ਆਦ ਸ੍ਰੀ ਗੁਰੂ ਗ੍ਰੰਥ ਪਦਾਰਥ ਪ੍ਰਕਾਸ ਕੋਸ ਹੈ ਜੋ 1888 ਈ. ਵਿਚ (ਭਾਈ) ਭਗਵਾਨ ਸਿੰਘ ਦੁਆਰਾ ਤਿਆਰ ਕੀਤਾ ਗਿਆ ਸੀ।ਉਨ੍ਹਾਂ ਦੱਸਿਆ ਕਿ ਖੋਜ ਨੇ ਪ੍ਰਯਾਯਾਂ ਅਤੇ ਕੋਸ਼ਾਂ ਦੇ ਨਿਖੇੜੇ ਨੂੰ ਸਪੱਸ਼ਟ ਕਰਦਿਆਂ ਦੱਸਿਆ ਕਿ ਪ੍ਰਯਾਯਾਂ ਵਿੱਚ ਅਰਥ ਦੇਣ ਦੀ ਤਰਤੀਬ ਸ੍ਰੀ ਗੁਰੂ ਗ੍ਰੰਥ ਸਾਹਿਬ ਅਨੁਸਾਰ ਹੁੰਦੀ ਹੈ, ਜਦੋਂ ਕਿ ਕੋਸ਼ ਅੱਖਰ-ਕ੍ਰਮ 'ਤੇ ਆਧਾਰਤ ਹੁੰਦੇ ਹਨ।ਆਮ ਧਾਰਨਾ ਦੇ ਉਲਟ, ਖੋਜ ਨੇ 1888 ਈ. ਵਿੱਚ ਭਾਈ ਭਗਵਾਨ ਸਿੰਘ ਦੁਆਰਾ ਤਿਆਰ ਕੀਤੇ ਗਏ 'ਆਦਿ ਸ੍ਰੀ ਗੁਰੂ ਗ੍ਰੰਥ ਪਦਾਰਥ ਪ੍ਰਕਾਸ਼ ਕੋਸ਼' ਨੂੰ ਗੁਰਬਾਣੀ ਕੋਸ਼ਕਾਰੀ ਦਾ ਮੁੱਢਲਾ ਤੇ ਪੁਰਾਤਨ ਕੋਸ਼ ਸਾਬਤ ਕੀਤਾ ਹੈ।ਉਨ੍ਹਾਂ ਦੱਸਿਆ ਕਿ ਸ਼ਬਦਾਵਲੀ ਨੂੰ ਤਿੰਨ ਸ਼੍ਰੇਣੀਆਂ ਵਿੱਚ ਵੰਡਿਆ ਹੈ, ਉਹ ਸ਼ਬਦ ਜਿਨ੍ਹਾਂ ਦੇ ਅਰਥ ਸਾਰੇ ਟੀਕਿਆਂ ਵਿੱਚ ਇਕੋ ਜਿਹੇ ਹਨ, ਉਹ ਜਿਨ੍ਹਾਂ ਵਿੱਚ ਅੰਸ਼ਕ ਸਮਾਨਤਾ ਹੈ ਤੇ ਉਹ ਜਿਨ੍ਹਾਂ ਦੇ ਅਰਥ ਬਿਲਕੁਲ ਵੱਖੋ-ਵੱਖਰੇ ਹਨ।ਅਧਿਐਨ ਦਾ ਕੇਂਦਰ ਦੂਜੀ ਤੇ ਤੀਜੀ ਸ਼੍ਰੇਣੀ ਦੇ ਲਗਭਗ 170 ਸ਼ਬਦ ਰਹੇ ਹਨ।ਉਪ-ਕੁਲਪਤੀ ਡਾ. ਜਗਦੀਪ ਸਿੰਘ ਨੇ ਇਸ ਖੋਜ ਕਾਰਜ ਦੀ ਮਹੱਤਤਾ ਬਾਰੇ ਬੋਲਦਿਆਂ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਬਾਣੀ ਸਮੁੱਚੀ ਮਾਨਵਤਾ ਲਈ ਗਿਆਨ ਦਾ ਅਥਾਹ ਸਾਗਰ ਹੈ।

## ਸਿਮਰਨਦੀਪ ਕੌਰ ਨੇ ਯੂ ਪੀ ਐੱਸ ਈ ਦੀ ਪ੍ਰੀਖਿਆ 'ਚ ਹਲਕੇ ਦਾ ਮਾਣ ਵਧਾਇਆ : ਜੱਸੀ ਸੋਹੀਆਂ ਵਾਲਾ



**ਨਾਭਾ (ਵਰਿੰਦਰ ਵਰਮਾ)**-ਇੰਪਰੂਵਮੈਂਟ ਟਰੱਸਟ ਦੇ ਚੇਅਰਮੈਨ ਜੱਸੀ ਸੋਹੀਆਂ ਵਾਲਾ ਨੇ ਅੰਤਰਰਾਸ਼ਟਰੀ ਮਹਿਲਾ ਦਿਵਸ ਮੌਕੇ ਯੂਨੀਅਨ ਪਬਲਿਕ ਸਰਵਿਸ ਕਮਿਸ਼ਨ (ਯੂ.ਪੀ.ਐਸ.ਈ.) ਦੀ ਪ੍ਰੀਖਿਆ 'ਚ ਪੰਜਾਬ ਭਰ ਵਿੱਚ ਪਹਿਲਾ ਤੇ ਦੇਸ਼ 'ਚ 15ਵਾਂ ਸਥਾਨ ਕਰਨ ਵਾਲੀ ਨਾਭਾ ਹਲਕੇ ਦੇ ਪਿੰਡ ਬਿਰੜਵਾਲ ਦੇ ਕਿਸਾਨ ਕੁਲਦੀਪ ਸਿੰਘ ਦੀ ਹੋਣਹਾਰ ਧੀ ਸਿਮਰਨਦੀਪ ਕੌਰ ਦੇ ਘਰ ਜਾ ਕੇ ਉਨ੍ਹਾਂ ਦੇ ਪਰਵਾਰ ਨਾਲ ਖੁਸ਼ੀ ਸਾਂਝੀ ਕਰਦਿਆਂ ਵਧਾਈ ਦਿੱਤੀ ਤੇ ਇਲਾਕੇ ਦੀ ਇਸ ਹੋਣਹਾਰ ਧੀ ਨੂੰ ਸ਼ੇਰ-ਏ-ਪੰਜਾਬ ਮਹਾਰਾਜਾ ਰਣਜੀਤ ਸਿੰਘ ਦੀ ਤਸਵੀਰ ਤੇ ਪੰਜਾਬੀ ਸੱਭਿਆਚਾਰ ਵਿਰਸੇ ਦੀ ਫੁਲਕਾਰੀ ਦੇ ਕੇ ਵਿਸ਼ੇਸ਼ ਸਨਮਾਨ ਕੀਤਾ ਤੇ ਸਿਮਰਨਦੀਪ ਕੌਰ ਨੂੰ ਉਸ ਦੇ ਆਉਣ ਵਾਲੇ ਸੁਨਹਿਰੀ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ।ਜੱਸੀ ਸੋਹੀਆਂ ਵਾਲਾ ਨੇ ਕਿਹਾ ਕਿ ਧੀ ਸਿਮਰਨਦੀਪ ਕੌਰ ਨੇ ਯੂ.ਪੀ.ਐਸ.ਸੀ ਪ੍ਰੀਖਿਆ ਵਿੱਚ ਅੱਵਲ ਰਹਿ ਕੇ ਪੂਰੇ ਪੰਜਾਬ ਦਾ ਨਾਂਅ ਰੌਸ਼ਨ ਕਰਦਿਆਂ ਹਲਕੇ ਦਾ ਮਾਣ ਵਧਾਇਆ ਹੈ ਤੇ ਉਸਦੀ ਇਹ ਉਪਲਬਧੀ ਅਜੋਕੇ ਸਮੇਂ ਦੇ ਨੌਜਵਾਨ ਵਰਗ ਲਈ ਇੱਕ ਵੱਡੀ ਪ੍ਰੇਰਣਾ ਦਾ ਸਰੋਤ ਬਣੇਗੀ।ਸਿਮਰਨਜੀਤ ਕੌਰ ਤੇ ਉਨ੍ਹਾਂ ਦੇ ਪਰਵਾਰ ਨੇ ਮਾਣ ਸਨਮਾਨ ਦੇਣ ਲਈ ਚੇਅਰਮੈਨ ਜੱਸੀ ਸੋਹੀਆਂ ਵਾਲਾ ਤੇ ਉਨ੍ਹਾਂ ਦੇ ਸਾਥੀਆਂ ਦਾ ਧੰਨਵਾਦ ਕੀਤਾ।

## ਨੈਸ਼ਨਲ ਪਬਲਿਕ ਸਕੂਲ ਛਾਜਲੀ 'ਚ ਮਾਤਾ-ਪਿਤਾ ਲਈ ਵਰਕਸ਼ਾਪ



**ਦਿੜ੍ਹਬਾ (ਜਸਵੀਰ ਲਾਡੀ)**-ਇੱਥੋਂ ਥੋੜ੍ਹੀ ਦੂਰ ਨੈਸ਼ਨਲ ਪਬਲਿਕ ਸਕੂਲ ਛਾਜਲੀ ਵਿਖੇ ਮਾਤਾ-ਪਿਤਾ ਲਈ ਇੱਕ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਮੈਡਮ ਪੂਜਾ ਸਿੰਘ ਵੱਲੋਂ ਬੱਚਿਆਂ ਦੀ ਪੜ੍ਹਾਈ ਤੇ ਵਿਅਕਤੀਗਤ ਵਿਕਾਸ ਬਾਰੇ ਜਾਣਕਾਰੀ ਦਿੱਤੀ ਗਈ।ਇਸ ਵਰਕਸ਼ਾਪ ਵਿੱਚ ਮਾਤਾ-ਪਿਤਾ ਨੂੰ ਬੱਚਿਆਂ ਦੇ ਨਾਲ ਸੰਚਾਰ ਤੇ ਸਹਿਯੋਗ ਬਾਰੇ ਸਿਖਲਾਈ ਦਿੱਤੀ ਗਈ।ਇਸ ਮੌਕੇ ਸਕੂਲ ਵੱਲੋਂ ਰੋਬੋਟਿਕ ਲੈਬ ਲਾਂਚ ਕੀਤੀ ਗਈ।ਇਸ ਮੌਕੇ ਪਹੁੰਚੇ ਮੁੱਖ ਮਹਿਮਾਨ ਸੀ ਟੀ ਯੂਨੀਵਰਸਿਟੀ ਦੇ ਡਾਇਰੈਕਟਰ ਡਾਕਟਰ ਅਮਨਦੀਪ ਟਾਂਗਰੀ ਨੇ ਸਾਰੇ ਮਾਪਿਆਂ ਨੂੰ ਆਪਣੇ ਬੱਚਿਆਂ ਦੇ ਵਿਕਾਸ ਲਈ ਮਾਪਿਆਂ ਦੇ ਰੋਲ ਬਾਰੇ ਜਾਣਕਾਰੀ ਦਿੱਤੀ ਤੇ ਇਹ ਯਕੀਨ ਦਿੱਤਾ ਕਿ ਇਸ ਸਕੂਲ ਦੇ ਬੱਚਿਆਂ ਦੇ ਵਧੀਆ ਭਵਿੱਖ ਲਈ ਸੀ ਟੀ ਯੂਨੀਵਰਸਿਟੀ ਵੱਲੋਂ ਖਾਸ ਵਜ਼ੀਫਾ ਦਿੱਤਾ ਜਾਵੇਗਾ।ਗੁਰੂਕੁਲ ਕਾਨਵੈਂਟ ਸਕੂਲ ਦੇ ਚੇਅਰਮੈਨ ਭੁਪਿੰਦਰ ਸਿੰਘ ਨੇ ਮਾਪਿਆਂ ਨੂੰ ਆਪਣੇ ਬੱਚਿਆਂ ਨਾਲ ਸਮਾਂ ਬਿਤਾਉਣ ਦੀ ਅਪੀਲ ਕੀਤੀ ਤਾਂ ਕਿ ਉਹ ਇੱਕ ਇਨਸਾਨ ਬਣਨ ਤੇ ਵਧੀਆ ਸੰਸਕਾਰ ਉਨ੍ਹਾਂ ਨੂੰ ਦਿੱਤੇ ਜਾ ਸਕਣ।ਇਸ ਮੌਕੇ ਛਾਜਲੀ, ਛਾਜਲਾ, ਗੋਬਿੰਦਗੜ੍ਹ ਜੇਜੀਆਂ, ਰਾਮਪੁਰ ਕੋਠੇ, ਚੱਠੇ ਆਦਿ ਪਿੰਡਾਂ ਦੇ ਸਰਪੰਚ ਸਾਹਿਬਾਨ ਵੀ ਮੌਜੂਦ ਸਨ।ਇਸ ਮੌਕੇ ਰੂਟਸ ਮਿਲੇਨੀਅਮ ਸਕੂਲ ਖਨੌਰੀ ਦੇ ਪ੍ਰਿੰਸੀਪਲ ਡਾ. ਰਮਨਦੀਪ ਕੌਰ ਨੇ ਮਾਪਿਆਂ ਨੂੰ ਆਪਣੇ ਬੱਚਿਆਂ ਨੂੰ ਵੱਧ ਤੋਂ ਵੱਧ ਸਮਾਂ ਦੇਣ ਤੇ ਬੱਚਿਆਂ ਨੂੰ ਤਣਾਵ ਮੁਕਤ ਹੋ ਕੇ ਮਾਨਸਿਕ ਤੌਰ 'ਤੇ ਸ਼ਕਤੀਸ਼ਾਲੀ ਬਣਾਉਣ ਲਈ ਸੁਝਾਅ ਦਿੱਤੇ।ਸਕੂਲ ਪ੍ਰਿੰਸੀਪਲ ਮਮਤਾ ਆਨੰਦ ਤੇ ਡਾਇਰੈਕਟਰ ਮੈਡਮ ਪ੍ਰਵੀਨ ਅਖਤਰ ਨੇ ਸਾਰੇ ਮਾਪਿਆਂ ਦਾ ਧੰਨਵਾਦ ਕੀਤਾ ਤੇ ਸਾਰੇ ਮੁੱਖ ਮਹਿਮਾਨਾਂ ਦਾ ਸਤਿਕਾਰ ਕੀਤਾ। ਉਨ੍ਹਾਂ ਮਾਪਿਆਂ ਨੂੰ ਇਹ ਯਕੀਨ ਦਿੱਤਾ ਕਿ ਤੁਸੀਂ ਜੋ ਵੀ ਸੁਪਨੇ ਆਪਣੇ ਬੱਚਿਆਂ ਲਈ ਦੇਖੇ ਨੇ, ਉਹ ਸਾਰੇ ਅਸੀਂ ਪੂਰੇ ਕਰਾਂਗੇ।

## ਵਿਦਿਆਰਥੀਆਂ ਦਾ ਜੈਪੁਰ ਵਿੱਦਿਅਕ ਟੂਰ ਲਗਾਇਆ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਸ੍ਰੀ ਪੀ ਐੱਮ ਸਕੀਮ ਅਧੀਨ ਸਰਕਾਰੀ ਹਾਈ ਸਕੂਲ ਸ਼ੇਰਪੁਰ ਬੇਟ ਵੱਲੋਂ ਪਿੰਕ ਸਿਟੀ ਜੈਪੁਰ (ਰਾਜਸਥਾਨ) ਦਾ ਪੰਜ ਰੋਜ਼ਾ ਵਿੱਦਿਅਕ ਟੂਰ ਲਗਾਇਆ ਗਿਆ। ਸਕੂਲ ਮੁਖੀ ਅਵਤਾਰ ਸਿੰਘ ਨੇ ਜਾਣਕਾਰੀ ਦਿੱਤੀ ਕਿ ਟੂਰ ਵਿੱਚ ਸਕੂਲ ਦੇ 50 ਤੋਂ ਹੋਣਹਾਰ ਵਿਦਿਆਰਥੀਆਂ ਨੇ ਭਾਗ ਲਿਆ। ਸਮਸ਼ੇਰ ਸਿੰਘ ਅੰਗਰੇਜ਼ੀ ਮਾਸਟਰ ਤੇ ਨੀਲਮ ਰਾਣੀ ਐੱਸ ਐੱਸ ਮਿਸਟ੍ਰੈੱਸ ਦੀ ਅਗਵਾਈ ਅਧੀਨ ਟੂਰ ਦੌਰਾਨ ਵਿਦਿਆਰਥੀਆਂ ਵੱਲੋਂ 'ਆਮੇਰ ਫੋਰਟ', ਹਵਾ ਮਹਿਲ, ਜੰਤਰ-ਮੰਤਰ, ਐਡਵਰਟ ਹਾਲ ਮਿਊਜ਼ੀਅਮ, ਬਿਰਲਾ ਮੰਦਰ, ਜਲ ਮਹਿਲ, ਜੈਗੜ੍ਹ, ਬਾਇਓਲੋਜੀਕਲ ਪਾਰਕ ਆਦਿ ਸਥਾਨਾਂ ਦਾ ਦੌਰਾ ਕੀਤਾ ਗਿਆ। ਸਕੂਲ ਮੁਖੀ ਅਵਤਾਰ ਸਿੰਘ ਨੇ ਦੱਸਿਆ ਕਿ ਇਸ ਤਰ੍ਹਾਂ ਦੇ ਵਿੱਦਿਅਕ ਟੂਰ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਬਹੁਤ ਲਾਹੇਵੰਦ ਸਿੱਧ ਹੁੰਦੇ ਹਨ। ਉਨ੍ਹਾਂ ਦੱਸਿਆ ਕਿ ਜੈਪੁਰ ਦੀ ਇਤਿਹਾਸਕ ਧਰਤੀ ਤੇ ਵਿਗਿਆਨਕ ਸੰਸਥਾਵਾਂ ਦੇ ਦੌਰੇ ਨਾਲ ਵਿਦਿਆਰਥੀਆਂ ਵਿੱਚ ਇਤਿਹਾਸਕ ਰੁਚੀ, ਖੋਜੀ ਸੋਚ ਤੇ ਨਵੀਂ ਜਾਣਕਾਰੀ ਪ੍ਰਾਪਤ ਕਰਨ ਦੀ ਲਗਨ ਵਿੱਚ ਵਾਧਾ ਹੋਇਆ ਹੈ।

## ਰੋਟਰੀ ਕਲੱਬ ਨਾਭਾ ਗ੍ਰੇਟਰ ਨੇ ਮਨਾਇਆ ਮਹਿਲਾ ਦਿਵਸ



**ਨਾਭਾ (ਵਰਿੰਦਰ ਵਰਮਾ)**-ਰੋਟਰੀ ਕਲੱਬ ਨਾਭਾ ਗ੍ਰੇਟਰ ਵੱਲੋਂ ਹਨੂੰਮਾਨ ਮੰਦਰ, ਬਠਿੰਡੀਆ ਮੁਹੱਲਾ ਵਿਖੇ 10ਵਾਂ ਅੰਤਰਰਾਸ਼ਟਰੀ ਮਹਿਲਾ ਦਿਵਸ ਮਨਾਇਆ ਗਿਆ। ਪ੍ਰੋਗਰਾਮ ਵਿੱਚ ਮੁੱਖ ਮਹਿਮਾਨ ਕਾਂਗਰਸ ਪਾਰਟੀ ਦੇ ਪੰਜਾਬ ਮਹਿਲਾ ਪ੍ਰਧਾਨ ਗੁਰਸ਼ਰਨ ਕੌਰ ਰੰਧਾਵਾ ਤੇ ਡਾਕਟਰ ਮੁਕਤਾ ਜੈਨ ਪ੍ਰਿੰਸੀਪਲ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਉਨ੍ਹਾਂ ਕਿਹਾ ਕਿ ਮਹਿਲਾ ਮਨੁੱਖੀ ਸਮਾਜ ਦਾ ਉਹ ਅਟੁੱਟ ਹਿੱਸਾ ਹੈ, ਜਿਸ ਦੇ ਬਿਨਾਂ ਸੰਸਾਰ ਦੀ ਕਲਪਨਾ ਕਰਨਾ ਮੁਸ਼ਕਲ ਹੈ।ਮਹਿਲਾ ਸਿਰਫ਼ ਇੱਕ ਪਰਵਾਰ ਦੀ ਸੰਭਾਲ ਕਰਨ ਵਾਲੀ ਹੀ ਨਹੀਂ, ਸਗੋਂ ਉਹ ਸਮਾਜ ਦੀ ਤਰੱਕੀ ਤੇ ਵਿਕਾਸ ਦੀ ਮਜ਼ਬੂਤ ਨੀਂਹ ਵੀ ਹੈ।ਇਤਿਹਾਸ ਤੋਂ ਲੈ ਕੇ ਆਧੁਨਿਕ ਸਮੇਂ ਤੱਕ ਮਹਿਲਾਵਾਂ ਨੇ ਆਪਣੇ ਹੌਸਲੇ, ਮਿਹਨਤ ਤੇ ਕਾਬਲੀਅਤ ਸਾਬਤ ਕੀਤੀ ਹੈ।ਇਸ ਲਈ ਇਹ ਕਹਿਣਾ ਗਲਤ ਨਹੀਂ ਹੋਵੇਗਾ ਕਿ ਮਹਿਲਾ ਸ਼ਕਤੀ ਹੀ ਸਮਾਜ ਦੀ ਅਸਲੀ ਤਾਕਤ ਹੈ।ਨਾਰੀ ਸਿਰਫ਼ ਪਰਿਵਾਰ ਦੀ ਹੀ ਨਹੀਂ, ਸਗੋਂ ਪੂਰੇ ਸਮਾਜ ਦੀ ਤਰੱਕੀ ਦੀ ਮਜ਼ਬੂਤ ਨੀਂਹ ਹੈ।ਜੇਕਰ ਨਾਰੀ ਨੂੰ ਸਨਮਾਨ, ਸਿੱਖਿਆ ਤੇ ਅੱਗੇ ਵਧਣ ਦੇ ਮੌਕੇ ਮਿਲਣ ਤਾਂ ਸਮਾਜ ਦੀ ਤਰੱਕੀ ਨਿਸਚਿਤ ਹੈ। ਡਾਕਟਰ ਕਮਲ ਅਲੀ ਖਾਨ ਕੀਂ ਨੋਟ ਸਪੀਕਰ ਨੇ ਹਾਜ਼ਰੀ ਲਵਾਈ।ਉਨ੍ਹਾਂ ਕਿਹਾ ਕਿ ਸਾਡਾ ਫਰਜ਼ ਬਣਦਾ ਹੈ ਕਿ ਅਸੀਂ ਮਹਿਲਾ ਦਾ ਸਨਮਾਨ ਕਰੀਏ, ਉਸ ਨੂੰ ਬਰਾਬਰੀ ਦੇ ਅਧਿਕਾਰ ਦਈਏ ਅਤੇ ਇੱਕ ਅਜਿਹਾ ਸਮਾਜ ਬਣਾਈਏ, ਜਿੱਥੇ ਹਰ ਮਹਿਲਾ ਆਪਣੇ ਸੁਪਨੇ ਪੂਰੇ ਕਰ ਸਕੇ।ਕਲੱਬ ਦੇ ਪ੍ਰਧਾਨ ਭੂਪੇਸ਼ ਬਾਂਸਲ, ਲਲਿਤ ਸ਼ਰਮਾ, ਮਨੋਜ ਸਿੰਗਲਾ, ਕੈਸ਼ੀਅਰ ਤੇਜ ਬਾਂਸਲ ਤੇ ਸਮੂਹ ਮੈਂਬਰਾਂ ਵੱਲੋਂ 11 ਹੋਣਹਾਰ ਔਰਤਾਂ ਪਰਮਿੰਦਰ ਕੌਰ, ਡਾਕਟਰ ਸਨੇਹਾ ਸ਼ਰਮਾ, ਡਾਕਟਰ ਗਿੰਨੀ ਸ਼ਰਮਾ, ਸਰੋਜ ਜਿੰਦਲ, ਮਹਿੰਦਰ ਕੌਰ, ਬਲਜੀਤ ਕੌਰ, ਦਮਨਜੋਤ ਗਰਗ ਸਰਪੰਚ, ਗੁਰਪ੍ਰੀਤ ਕੌਰ, ਸਰਬਜੀਤ ਕੌਰ, ਪ੍ਰੀਤਇੰਦਰ ਕੋਰ, ਗੁਰਸ਼ਰਨ ਕੌਰ ਰੰਧਾਵਾ ਨੂੰ ਸਨਮਾਨ ਚਿੰਨ ਦੇ ਕੇ ਸਨਮਾਨਤ ਕੀਤਾ ਗਿਆ।ਪ੍ਰੋਗਰਾਮ ਵਿੱਚ ਸਟੇਜ ਦੀ ਭੂਮਿਕਾ ਸ਼ਾਸਤਰੀ ਦੀ ਲਾਲੀ ਸ਼ਰਮਾ ਵੱਲੋਂ ਨਿਭਾਈ ਗਈ।

## ਸ਼ਹੀਦ ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਦੇ ਵਿਚਾਰਾਂ ਦੇ ਪ੍ਰਚਾਰ ਲਈ ਮਨਾਇਆ ਜਾਵੇਗਾ ਸ਼ਹੀਦੀ ਪੰਦਰਵਾੜਾ



**ਲੌਂਗੋਵਾਲ/ਸੰਗਰੂਰ (ਪ੍ਰਦੀਪ ਸੱਪਲ, ਪ੍ਰਵੀਨ ਸਿੰਘ)**-ਇਨਕਲਾਬੀ ਵਿਰਾਸਤ ਪ੍ਰਚਾਰ ਮੰਚ ਪੰਜਾਬ ਦੀ ਵਿਸਥਾਰਤ ਮੀਟਿੰਗ ਸਥਾਨਕ ਤੇਜਾ ਸਿੰਘ ਸੁਤੰਤਰ ਭਵਨ ਵਿਖੇ ਸੂਬਾ ਪ੍ਰਧਾਨ ਬਲਬੀਰ ਸਿੰਘ ਲੌਂਗੋਵਾਲ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਵਿੱਚ ਸ਼ਹੀਦ ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਦੇ ਅਗਾਮੀ 23 ਮਾਰਚ ਨੂੰ ਆ ਰਹੇ ਸ਼ਹੀਦੀ ਦਿਵਸ ਮੌਕੇ ਇਨ੍ਹਾਂ ਸ਼ਹੀਦਾਂ ਦੇ ਵਿਚਾਰਾਂ ਦੇ ਪ੍ਰਚਾਰ ਹਿੱਤ 12 ਮਾਰਚ ਤੋਂ 27 ਮਾਰਚ ਤੱਕ ਸ਼ਹੀਦੀ ਪੰਦਰਵਾੜਾ ਮਨਾਉਣ ਦਾ ਫੈਸਲਾ ਕੀਤਾ ਗਿਆ।ਪੰਦਰਵਾੜੇ ਦੌਰਾਨ ਮੰਚ ਦੇ ਆਗੂਆਂ ਤੇ ਕਾਰਕੁਨਾਂ ਵੱਲੋਂ ਸਕੂਲਾਂ, ਕਾਲਜਾਂ ਤੇ ਜਨਤਕ ਥਾਵਾਂ 'ਤੇ ਉਕਤ ਵਿਚਾਰਾਂ ਦਾ ਪ੍ਰਚਾਰ ਕੀਤਾ ਜਾਵੇਗਾ।ਸ਼ਹੀਦਾਂ ਦੇ ਵਿਚਾਰਾਂ ਨੂੰ ਇੱਕ ਦੋ-ਵਰਕੀ ਦੇ ਰੂਪ ਵਿੱਚ ਛਪਵਾ ਕੇ ਆਮ ਲੋਕਾਂ ਵਿੱਚ ਵੰਡਿਆ ਜਾਵੇਗਾ।ਫਿਰੋਜ਼ਪੁਰ ਸਥਿਤ ਸ਼ਹੀਦਾਂ ਦੇ ਗੁਪਤ ਟਿਕਾਣੇ ਨੂੰ ਅਜਾਇਬ ਘਰ ਤੇ ਲਾਇਬ੍ਰੇਰੀ ਵਿੱਚ ਬਦਲਣ ਦੀ ਮੰਗ ਨੂੰ ਹਮ-ਖਿਆਲੀ ਸੰਸਥਾਵਾਂ ਦੀ ਮਦਦ ਨਾਲ ਜ਼ੋਰ-ਸ਼ੋਰ ਨਾਲ ਉਠਾਇਆ ਜਾਵੇਗਾ।ਇਹ ਵੀ ਤੈਅ ਕੀਤਾ ਗਿਆ ਕਿ ਪਿੰਡ ਬਖਸ਼ੀਵਾਲਾ ਦੇ ਸਰਕਾਰੀ ਸਕੂਲ ਦਾ ਨਾਂ ਮਹਾਨ ਆਜ਼ਾਦੀ ਸੰਗਰਾਮਣ ਗ਼ਦਰੀ ਗੁਲਾਬ ਕੌਰ ਬਖਸ਼ੀਵਾਲਾ ਦੇ ਨਾਂ 'ਤੇ ਰਖਵਾਉਣ ਲਈ ਜਲਦ ਹੀ ਡੀ ਸੀ ਸੰਗਰੂਰ ਨੂੰ ਮਿਲਿਆ ਜਾਵੇਗਾ।ਅਜ਼ਾਦੀ ਦੀ ਲੜਾਈ ਦੌਰਾਨ ਦੇਸ਼ ਭਗਤਾਂ ਦੀਆਂ ਗ੍ਰਿਫਤਾਰੀਆਂ ਸਮੇਂ ਪੁਲਸ ਦੁਆਰਾ ਲਏ ਉਨ੍ਹਾਂ ਦੀਆਂ ਉਂਗਲਾਂ ਦੇ ਨਿਸ਼ਾਨ, ਕੇਸਾਂ ਦੀਆਂ ਫਾਈਲਾਂ ਆਦਿ ਨੂੰ ਪ੍ਰਾਪਤ ਕਰਨ ਲਈ ਸੰਗਠਤ ਯਤਨ ਕੀਤੇ ਜਾਣਗੇ।ਮੀਟਿੰਗ ਵਿੱਚ ਉਕਤ ਤੋਂ ਇਲਾਵਾ ਸੂਬਾ ਜਨਰਲ ਸਕੱਤਰ ਰਾਕੇਸ਼ ਕੁਮਾਰ ਸੁਨਾਮ ਇਤਿਹਾਸਕਾਰ, ਵਿੱਤ ਸਕੱਤਰ ਲਾਭ ਛਾਜਲਾ, ਪ੍ਰੈੱਸ ਸਕੱਤਰ ਜਸਬੀਰ ਨਮੋਲ, ਹਰਗੋਬਿੰਦ ਸ਼ੇਰਪੁਰ, ਭੀਮ ਰਾਜ, ਦਰਸ਼ਨ ਸੁਨਾਮ, ਪ੍ਰੇਮ ਸਰੂਪ ਛਾਜਲੀ, ਰਾਮਪਾਲ ਸ਼ਰਮਾ, ਸੁਖਜਿੰਦਰ ਸੰਗਰੂਰ, ਪਵਨ ਛਾਜਲਾ ਤੇ ਹਰਭਗਵਾਨ ਗੁਰਨੇ ਸ਼ਾਮਲ ਹੋਏ।

## ਗੁਰਸ਼ਰਨ ਸਿੰਘ ਛੀਨਾ ਵੱਲੋਂ ਸਿਹਤ ਵਿਭਾਗ ਦੇ ਅਧਿਕਾਰੀਆਂ ਨਾਲ ਮੀਟਿੰਗ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ) ਚੇਅਰਮੈਨ ਪੰਜਾਬ ਹੈਲਥ ਸਿਸਟਮ ਕਾਰਪੋਰੇਸ਼ਨ ਗੁਰਸ਼ਰਨ ਸਿੰਘ ਛੀਨਾ ਵੱਲੋਂ ਸਿਹਤ ਵਿਭਾਗ ਦੇ ਸਮੂਹ ਅਧਿਕਾਰੀਆਂ ਨਾਲ ਇੱਕ ਅਹਿਮ ਮੀਟਿੰਗ ਕੀਤੀ ਗਈ।ਜਿਸ ਦੌਰਾਨ ਸਿਵਲ ਸਰਜਨ ਅੰਮ੍ਰਿਤਸਰ ਡਾ. ਸਤਿੰਦਰਜੀਤ ਸਿੰਘ ਬਜਾਜ ਦੀ ਅਗਵਾਈ ਹੇਠ ਸਮੂਹ ਜ਼ਿਲ੍ਹਾ ਅਧਿਕਾਰੀ ਅਤੇ ਸੀਨੀਅਰ



ਮੈਡੀਕਲ ਅਫਸਰ ਇਸ ਮੀਟਿੰਗ ਵਿੱਚ ਸ਼ਾਮਲ ਹੋਏ।ਇਸ ਦੌਰਾਨ ਡਾ. ਬਜਾਜ ਵੱਲੋਂ ਸਿਹਤ ਵਿਭਾਗ ਵੱਲੋਂ ਕੀਤੇ ਗਏ ਵੱਖ ਵੱਖ ਕੰਮਾਂ ਦੀ ਕਾਰਗੁਜ਼ਾਰੀ ਰਿਪੋਰਟ ਪੇਸ਼ ਕੀਤੀ ਗਈ ਅਤੇ ਕਿਹਾ ਕਿ ਸਿਹਤ ਵਿਭਾਗ ਅੰਮ੍ਰਿਤਸਰ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਵਧੀਆ ਕਾਰਗੁਜ਼ਾਰੀ ਕਰ ਰਿਹਾ ਹੈ ਅਤੇ ਸਰਕਾਰ ਦੇ ਸਾਰੇ ਟੀਚੇ ਸਮੇਂ ਸਿਰ ਪੂਰੇ ਕੀਤੇ ਜਾ ਰਹੇ ਹਨ।ਇਸ ਉਪਰੰਤ ਚੇਅਰਮੈਨ ਪੰਜਾਬ ਹੈਲਥ ਸਿਸਟਮ ਕਾਰਪੋਰੇਸ਼ਨ ਗੁਰਸ਼ਰਨ ਸਿੰਘ ਛੀਨਾ ਵੱਲੋਂ ਸਮੂਹ ਸਿਹਤ ਅਧਿਕਾਰੀਆਂ ਨੂੰ ਸਿਹਤ ਵਿਭਾਗ ਦੇ ਵੱਖ ਵੱਖ ਪ੍ਰੋਗਰਾਮ ਬਾਰੇ ਵਿਸਥਾਰ ਪੂਰਵਕ ਰਿਪੋਰਟ ਮੰਗੀ ਗਈ। ਇਸ ਦੌਰਾਨ ਸਹਾਇਕ ਸਿਵਲ ਸਰਜਨ ਡਾ ਰਜਿੰਦਰ ਪਾਲ ਕੌਰ, ਜਿਲ੍ਹਾ ਪਰਿਵਾਰ ਭਲਾਈ ਅਫਸਰ ਡਾਕਟਰ ਨੀਲਮ ਭਗਤ, ਜਿਲ੍ਹਾ ਟੀਕਾਕਰਨ ਅਫਸਰ ਡਾ ਰਸ਼ਮੀ ਵਿੱਜ, ਜਿਲ੍ਹਾ ਸਿਹਤ ਅਫਸਰ ਡਾ. ਜਸਪਾਲ ਸਿੰਘ, ਸੀਨੀਅਰ ਮੈਡੀਕਲ ਅਫਸਰ ਡਾ ਰਜਨੀਸ਼, ਡਿਪਟੀ ਮੈਡੀਕਲ ਕਮਿਸ਼ਨਰ ਡਾ ਪ੍ਰੀਤਵਿਨ, ਵੱਖ-ਵੱਖ ਬਲਾਕਾਂ ਤੋਂ ਆਏ ਸਮੂਹ ਸੀਨੀਅਰ ਮੈਡੀਕਲ ਅਫਸਰ, ਜਿਲਾ ਐਮ.ਈ.ਆਈ.ਓ ਅਮਰਦੀਪ ਸਿੰਘ, ਸੁਪਰਡੈਂਟ ਗੁਰਮੀਤ ਸਿੰਘ ਅਤੇ ਸਮੂਹ ਅਧਿਕਾਰੀ ਸ਼ਾਮਲ ਹੋਏ।

# ਨਸ਼ੇ ਦੇ ਸੌਦਾਗਰਾਂ ਨੂੰ ਸੰਗਤ ਹੁਣ ਮੂੰਹ-ਤੋੜ ਜਵਾਬ ਦੇਵੇਗੀ : ਤਰਸੇਮ ਸਿੰਘ

ਮਜੀਠਾ (ਅੰਮ੍ਰਿਤਸਰ ) (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ ) ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਹਲਕਾ ਮਜੀਠਾ ਦੇ ਪਿੰਡ ਮਰੜੀ ਕਲਾਂ ਵਿਖੇ ਭਾਈ ਨਾਥਵਿੰਦਰ ਸਿੰਘ ਮਜੀਠਾ ਦੀ ਅਗਵਾਈ ਵਿੱਚ ਵਿਸ਼ਾਲ ਪੰਥਕ ਕਾਨਫਰੰਸ ਕੀਤੀ ਗਈ ਜਿੱਥੇ ਵੱਡੀ ਗਿਣਤੀ ਵਿੱਚ ਇਲਾਕੇ ਦੀ ਸੰਗਤ ਅਤੇ ਵਰਕਰਾਂ ਨੇ ਸ਼ਿਰਕਤ ਕਰਕੇ ਪੰਥਕ ਏਕਤਾ ਅਤੇ ਪੰਜਾਬ ਦੇ ਹੱਕਾਂ ਲਈ ਡੱਟਣ ਦਾ ਸੰਕੇਤ ਦਿੱਤਾ।ਇਸ ਮੌਕੇ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਦੇ ਪਿਤਾ ਬਾਪੂ ਤਰਸੇਮ ਸਿੰਘ ਅਤੇ ਮਾਤਾ ਬਲਵਿੰਦਰ ਕੌਰ ਮੁੱਖ ਤੌਰ 'ਤੇ ਹਾਜ਼ਰ ਰਹੇ।ਉਨ੍ਹਾਂ ਦੇ ਨਾਲ ਭਾਈ ਪੱਪਲਪ੍ਰੀਤ ਦੇ ਮਾਤਾ ਮਨਧੀਰ ਕੌਰ, ਭਾਈ ਸੁਖਪ੍ਰੀਤ ਸਿੰਘ ਮਰੜੀ ਦੇ ਮਾਤਾ ਅਮਰਜੀਤ ਕੌਰ ਅਤੇ ਸੀਨੀਅਰ ਲੀਡਰਸ਼ਿਪ ਵਿੱਚੋਂ ਭਾਈ ਅਮਰਜੀਤ ਸਿੰਘ ਵੰਨਚਿੜੀ, ਭਾਈ ਹਰਭਜਨ ਸਿੰਘ ਤੁੜ, ਭਾਈ ਪਰਮਜੀਤ ਸਿੰਘ ਜੌਹਲ, ਭਾਈ ਸਰਬਜੀਤ ਸਿੰਘ ਖ਼ਾਨਪੁਰ, ਭਾਈ ਪ੍ਰਗਟ ਸਿੰਘ ਮੀਆਂਵਿੰਡ, ਭਾਈ ਜੁਗਰਾਜ ਸਿੰਘ ਲਾਲਾਨੰਗਲ, ਭਾਈ ਰਸ਼ਪਾਲ ਸਿੰਘ ਸੋਸਣ, ਭਾਈ ਸ਼ਮਸ਼ੇਰ ਸਿੰਘ ਪੱਧਰੀ, ਕਵੀਸ਼ਰ ਭਾਈ ਮਨਜੀਤ ਸਿੰਘ ਸੋਹੀ, ਭਾਈ ਸੁਰਿੰਦਰਪਾਲ ਸਿੰਘ ਤਾਲਿਬਪੁਰਾ, ਭਾਈ ਅਮਰੀਕ ਸਿੰਘ ਬਿੱਟਾ, ਭਾਈ ਸਵਰਨ ਸਿੰਘ ਗੋਲਡਨ, ਸਰਪੰਚ ਬਲਜੀਤ ਸਿੰਘ ਵੀ ਹਾਜ਼ਰ ਸਨ।



ਸੰਬੋਧਨ ਕਰਦਿਆਂ ਬਾਪੂ ਤਰਸੇਮ ਸਿੰਘ ਨੇ ਕਿਹਾ ਕਿ ਪੰਜਾਬ ਦੀ ਰਵਾਇਤੀ ਸਿਆਸਤ ਨੇ ਸਾਲਾਂ ਤੋਂ ਲੋਕਾਂ ਨਾਲ ਧੋਖਾ ਕੀਤਾ ਹੈ ਅਤੇ ਅੱਜ ਲੋਕ ਪੰਥਕ ਸੋਚ ਅਤੇ ਇਮਾਨਦਾਰ ਅਗਵਾਈ ਦੀ ਤਲਾਸ਼ ਵਿੱਚ ਹਨ। ਉਨ੍ਹਾਂ ਕਿਹਾ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਸਿਰਫ਼ ਇੱਕ ਸਿਆਸੀ ਪਾਰਟੀ ਨਹੀਂ, ਸਗੋਂ ਪੰਜਾਬ ਦੇ ਹੱਕਾਂ, ਸਿੱਖ ਕੌਮ ਦੀ ਹੋਂਦ ਅਤੇ ਨੌਜਵਾਨੀ ਦੇ ਭਵਿੱਖ ਲਈ ਚੱਲ ਰਹੀ ਇਕ ਲੋਕ ਲਹਿਰ ਹੈ।

ਬਾਪੂ ਤਰਸੇਮ ਸਿੰਘ ਨੇ ਕਿਹਾ ਕਿ ਜਿਹੜੇ ਨਸ਼ੇ ਦੇ ਸੌਦਾਗਰਾਂ ਨੇ ਸਾਲਾਂ ਤੋਂ ਮਜੀਠੇ ਨੂੰ ਆਪਣੀ ਜਗੀਰ ਸਮਝ ਕੇ ਇਥੋਂ ਦੀ ਨੌਜਵਾਨੀ ਨੂੰ ਬਰਬਾਦ ਕੀਤਾ, ਹੁਣ ਸੰਗਤ ਉਹਨਾਂ ਨੂੰ ਮੂੰਹ ਤੋੜ ਜਵਾਬ ਦੇਣ ਲਈ ਤਿਆਰ ਹੈ। ਇਸ ਮੌਕੇ ਬਾਪੂ ਤਰਸੇਮ ਸਿੰਘ ਜੀ ਵੱਲੋਂ ਮਜੀਠਾ ਦੇ ਦੋ ਸਿੰਘ ਭਾਈ ਪੱਪਲਪ੍ਰੀਤ ਸਿੰਘ ਮਜੀਠਾ ਅਤੇ ਭਾਈ ਸੁਖਪ੍ਰੀਤ ਸਿੰਘ ਮਰੜੀ ਦੇ ਪਰਵਾਰਾਂ ਦਾ ਵੀ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ।

## ਕ੍ਰਿਕਟ ਐਸੋਸੀਏਸ਼ਨ ਪਠਾਨਕੋਟ ਵੱਲੋਂ ਅੰਡਰ-19 ਮੁੰਡਿਆਂ ਦੇ ਕ੍ਰਿਕਟ ਟ੍ਰਾਇਲ 14 ਨੂੰ

ਪਠਾਨਕੋਟ (ਦਵਿੰਦਰ ਸਿੰਘ): ਕ੍ਰਿਕਟ ਐਸੋਸੀਏਸ਼ਨ ਪਠਾਨਕੋਟ ਵੱਲੋਂ ਜ਼ਿਲ੍ਹੇ ਦੇ ਪ੍ਰਤਿਭਾਸ਼ਾਲੀ ਨੌਜਵਾਨ ਕ੍ਰਿਕਟਰਾਂ ਦੀ ਚੋਣ ਲਈ ਅੰਡਰ-19 ਮੁੰਡਿਆਂ ਦੇ ਕ੍ਰਿਕਟ ਟ੍ਰਾਇਲ 14 ਮਾਰਚ 2026 ਨੂੰ ਕੁਠੇੜ ਕ੍ਰਿਕਟ ਗ੍ਰਾਊਂਡ, ਪਠਾਨਕੋਟ ਵਿੱਚ ਕਰਵਾਏ ਜਾਣਗੇ।ਇਨ੍ਹਾਂ ਟ੍ਰਾਇਲਾਂ ਦਾ ਉਦੇਸ਼ ਉਨ੍ਹਾਂ ਹੋਨਹਾਰ ਖਿਡਾਰੀਆਂ ਦੀ ਪਛਾਣ ਕਰਨਾ ਹੈ ਜੋ ਆਉਣ ਵਾਲੇ ਕ੍ਰਿਕਟ ਟੂਰਨਾਮੈਂਟਾਂ ਅਤੇ ਮੁਕਾਬਲਿਆਂ ਵਿੱਚ ਜ਼ਿਲ੍ਹੇ ਦੀ ਨੁਮਾਇੰਦਗੀ ਕਰ ਸਕਣ।ਸਾਰੇ ਇੱਛੁਕ ਖਿਡਾਰੀਆਂ ਲਈ ਸਵੇਰੇ 10:00 ਵਜੇ ਤੱਕ ਮੈਦਾਨ ਵਿੱਚ ਰਿਪੋਰਟ ਕਰਨਾ ਲਾਜ਼ਮੀ ਹੋਵੇਗਾ।ਖਿਡਾਰੀਆਂ ਨੂੰ ਸਫੈਦ ਕ੍ਰਿਕਟ ਯੂਨੀਫਾਰਮ ਵਿੱਚ ਆਉਣਾ ਹੋਵੇਗਾ ਅਤੇ ਆਪਣੇ ਨਾਲ ਪੂਰਾ ਕ੍ਰਿਕਟ ਕਿੱਟ ਬੈਗ ਲਿਆਉਣਾ ਹੋਵੇਗਾ। ਭਾਗ ਲੈਣ ਵਾਲੇ ਖਿਡਾਰੀਆਂ ਨੂੰ ਤਸਦੀਕ ਲਈ ਜਨਮ ਪ੍ਰਮਾਣ ਪੱਤਰ ਅਤੇ ਨਿਵਾਸ ਪ੍ਰਮਾਣ ਪੱਤਰ ਵੀ ਨਾਲ ਲਿਆਉਣਾ ਲਾਜ਼ਮੀ ਹੋਵੇਗਾ।ਅੰਡਰ-19 ਵਰਗ ਲਈ ਜਨਮ ਤਾਰੀਖ ਦੀ ਕਟ-ਆਫ 1 ਸਤੰਬਰ 2007 ਜਾਂ ਇਸ ਤੋਂ ਬਾਅਦ ਜਨਮੇ ਖਿਡਾਰੀਆਂ ਲਈ ਨਿਰਧਾਰਤ ਕੀਤੀ ਗਈ ਹੈ।ਕ੍ਰਿਕਟ ਐਸੋਸੀਏਸ਼ਨ ਪਠਾਨਕੋਟ ਦੇ ਸਕੱਤਰ ਸੰਨੀ ਮਹਾਜਨ ਨੇ ਕਿਹਾ ਕਿ ਐਸੋਸੀਏਸ਼ਨ ਨੌਜਵਾਨ ਕ੍ਰਿਕਟਰਾਂ ਨੂੰ ਆਪਣੀ ਪ੍ਰਤਿਭਾ ਦਿਖਾਉਣ ਅਤੇ ਖੇਡ ਦੇ ਉਚ ਪੱਧਰ ਤੱਕ ਪਹੁੰਚਣ ਲਈ ਇੱਕ ਮਜ਼ਬੂਤ ਅਤੇ ਪੇਸ਼ੇਵਰ ਮੰਚ ਮੁਹੱਈਆ ਕਰਵਾਉਣ ਲਈ ਵਚਨਬੱਧ ਹੈ।ਉਨ੍ਹਾਂ ਨੇ ਜ਼ਿਲ੍ਹੇ ਦੇ ਸਾਰੇ ਯੋਗ ਖਿਡਾਰੀਆਂ ਨੂੰ ਅਪੀਲ ਕੀਤੀ ਕਿ ਉਹ ਇਨ੍ਹਾਂ ਟ੍ਰਾਇਲਾਂ ਵਿੱਚ ਹਿੱਸਾ ਲੈ ਕੇ ਇਸ ਮੌਕੇ ਦਾ ਲਾਭ ਉਠਾਉਣ।ਐਸੋਸੀਏਸ਼ਨ ਦੇ ਸਾਂਝੇ ਸਕੱਤਰ ਪ੍ਰਸ਼ਾਂਤ ਸ਼ਰਮਾ ਨੇ ਦੱਸਿਆ ਕਿ ਟ੍ਰਾਇਲਾਂ ਨੂੰ ਤਜਰਬੇਕਾਰ ਕੋਚਾਂ ਦੀ ਦੇਖ-ਰੇਖ ਹੇਠ ਪੂਰੀ ਪਾਰਦਰਸ਼ਤਾ ਅਤੇ ਪੇਸ਼ੇਵਰ ਢੰਗ ਨਾਲ ਕਰਵਾਇਆ ਜਾਵੇਗਾ ਤਾਂ ਜੋ ਯੋਗ ਅਤੇ ਪ੍ਰਤਿਭਾਸ਼ਾਲੀ ਖਿਡਾਰੀਆਂ ਨੂੰ ਮੁਕਾਬਲਾਤੀ ਪੱਧਰ 'ਤੇ ਪਠਾਨਕੋਟ ਦੀ ਨੁਮਾਇੰਦਗੀ ਕਰਨ ਦਾ ਮੌਕਾ ਮਿਲ ਸਕੇ।ਹੈੱਡ ਕੋਚ ਸ਼੍ਰੀ ਇੰਦਰਜੀਤ ਸਿੰਘ ਨੇ ਕਿਹਾ ਕਿ ਟ੍ਰਾਇਲਾਂ ਦੌਰਾਨ ਖਿਡਾਰੀਆਂ ਦੀ ਬੈਟਿੰਗ, ਬੌਲਿੰਗ, ਫੀਲਡਿੰਗ ਅਤੇ ਸਮੁੱਚੀ ਫਿਟਨੈੱਸ ਦਾ ਮੁਲਾਂਕਣ ਕੀਤਾ ਜਾਵੇਗਾ।ਉਨ੍ਹਾਂ ਨੇ ਖਿਡਾਰੀਆਂ ਨੂੰ ਅਪੀਲ ਕੀਤੀ ਕਿ ਉਹ ਪੂਰੀ ਤਿਆਰੀ ਨਾਲ ਟ੍ਰਾਇਲਾਂ ਵਿੱਚ ਹਿੱਸਾ ਲੈਣ ਅਤੇ ਆਪਣੀ ਕ੍ਰਿਕਟ ਪ੍ਰਤਿਭਾ ਦਾ ਸਰਵੋਤਮ ਪ੍ਰਦਰਸ਼ਨ ਕਰਨ।ਕ੍ਰਿਕਟ ਐਸੋਸੀਏਸ਼ਨ ਪਠਾਨਕੋਟ ਨੇ ਜ਼ਿਲ੍ਹੇ ਦੇ ਸਾਰੇ ਯੋਗ ਨੌਜਵਾਨ ਕ੍ਰਿਕਟਰਾਂ ਨੂੰ ਅਪੀਲ ਕੀਤੀ ਹੈ ਕਿ ਉਹ ਇਨ੍ਹਾਂ ਟ੍ਰਾਇਲਾਂ ਵਿੱਚ ਹਿੱਸਾ ਲੈ ਕੇ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕਰਨ।



## ਭਗਵਤੀ ਜਗਰਾਤਾ ਕਰਵਾਇਆ

ਛੇਹਰਟਾ, (ਮਨੋਜ ਕੁਮਾਰ)-ਧਰਮਪੁਰਾ ਜੱਜ ਨਗਰ ਗਲੀ ਨੰਬਰ 1 ਵਿਚ ਸ਼ਿਵ ਸ਼ਕਤੀ ਭਜਨ ਮੰਡਲੀ ਵੱਲੋਂ ਵਿਸ਼ਾਲ ਭਗਵਤੀ ਜਗਰਾਤਾ ਕਰਵਾਇਆ ਗਿਆ। ਇਸ ਜਗਰਾਤੇ ਵਿਚ ਸੁੰਦਰ ਨਗਰ ਤੋਂ ਮਾਤਾ ਸ਼ਾਰਦਾ ਮਹੇਸ਼ਵਰੀ ਦੇਵਾ ਨੇ ਮਾਤਾ ਰਾਣੀ ਦੀ ਜੋਤ ਜਗਾਈ। ਅੰਮ੍ਰਿਤਸਰ ਤੋਂ ਪ੍ਰਸਿੱਧ ਭਜਨ ਗਾਇਕ ਨਰਿੰਦਰ ਮਸਤਾਨਾ ਨੇ ਭਜਨ ਗਾ ਕੇ ਸੰਗਤ ਨੂੰ ਨਿਹਾਲ ਕੀਤਾ। ਮਨਪ੍ਰੀਤ ਸੰਧੂ, ਸਾਵਨ ਵੇਰਕਾ, ਸੁਨੈਨਾ ਨੰਦਾ, ਹੀਰਾ ਮਹੰਤ, ਮੋਨੂੰ ਮਹੰਤ, ਰਾਜਨ ਭਾਟੀਆ, ਵਿੱਕੀ ਭਾਟੀਆ ਨੇ ਵੀ ਮਹਾਮਾਈ ਦੇ ਭਜਨ ਗਾ ਕੇ ਸੰਗਤ ਨੂੰ ਝੂਮਣ ਲਾ ਦਿੱਤਾ। ਇਸ ਮੌਕੇ ਬਤੌਰ ਮੁੱਖ ਮਹਿਮਾਨ ਰਾਸ਼ਟਰੀ ਹਿੰਦੂ ਚੇਤਨਾ ਮੰਚ ਦੇ ਪੰਜਾਬ ਮੁਖੀ ਅਨੁਜ ਖੇਮਕਾ, ਅਸ਼ੀਸ਼ ਖੇਮਕਾ, ਸਮਾਜ ਸੇਵਕ ਅਸ਼ਵਨੀ ਜੋਸ਼ੀ, ਦੀਪਕ ਸ਼ਰਮਾ, ਅਮਨ ਜੋਸ਼ੀ, ਹਰਸ਼ਿਤ ਅਗਰਵਾਲ ਤੇ ਸਿਧਾਂਤ ਅਗਰਵਾਲ ਨੇ ਵੀ ਸ਼ਿਰਕਤ ਕੀਤੀ। ਮਾਤਾ ਸ਼ਾਰਦਾ ਮਹੇਸ਼ਵਰੀ ਦੇਵਾ ਨੇ ਅਨੁਜ ਖੇਮਕਾ ਨੂੰ ਸਨਮਾਨਿਤ ਕੀਤਾ।



## 'ਆਪ' ਸਰਕਾਰ ਲੋਕਾਂ ਨਾਲ ਮੋਢੇ ਨਾਲ ਮੋਢਾ ਜੋੜ ਕੇ ਕੰਮ ਕਰ ਰਹੀ:ਸਿਆਲਕਾ

ਚਵਿੰਡਾ ਦੇਵੀ (ਖੁਸ਼ਹਾਲ ਸੁੰਦਰ)-ਹਲਕਾ ਮਜਿਠਾ ਦੇ ਜ਼ਿਲ੍ਹਾ ਪਰਿਸ਼ਦ ਮੈਂਬਰ ਅਤੇ ਨਸ਼ਾ ਮੁਕਤੀ ਮੋਰਚਾ ਅੰਮ੍ਰਿਤਸਰ ਦਿਹਾਤੀ ਦੇ ਇੰਨਚਾਰਜ ਹੁਸਨਪ੍ਰੀਤ ਸਿੰਘ ਸਿਆਲਕਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਕਿਹਾ ਕਿ ਸ. ਤਲਬੀਰ ਸਿੰਘ ਗਿੱਲ ਦੀ ਅਗਵਾਈ ਹੇਠ ਹਲਕਾ ਮਜੀਠਾ ਦਾਣਾ ਮੰਡੀ ਵਿਖੇ ਔਰਤਾਂ ਨੂੰ ਇਕੱਤਰ ਕਰਕੇ ਦੱਸਿਆ ਕੀ ਮੁੱਖ ਮੰਤਰੀ ਭਗਵੰਤ ਮਾਨ ਨੇ ਮਾਸਿਕ ਰਾਸ਼ੀ ਮਾਂਵਾਂ-ਧੀਆਂ ਸਤਿਕਾਰ ਯੋਜਨਾ ਸ਼ੁਰੂ ਕੀਤੀ ਹੈ ਅਤੇ ਸੂਬੇ ਵਿੱਚ ਦਲਿਤ ਔਰਤਾਂ ਨੂੰ 1500 ਰੁਪਏ ਮਹੀਨਾਂ ਅਤੇ ਹੋਰਨਾ ਨੂੰ 1000 ਰੁਪਏ ਮਹੀਨਾਂ ਦੇਣ ਦਾ ਐਲਾਨ ਕਰਕੇ ਪੰਜਾਬ ਦੀ ਆਮ ਆਦਮੀ ਪਾਰਟੀ ਸਰਕਾਰ ਆਪਣੇ ਵਾਅਦੇ ਨੂੰ ਪੂਰਾ ਕੀਤਾ ਹੈ ਅਤੇ ਪੰਜਾਬ ਦੀ ਸੱਤਾ ਆਪ ਸਰਕਾਰ ਅਤੇ ਭਗਵੰਤ ਮਾਨ ਦੇ ਹੱਥਾਂ ਵਿੱਚ ਆਉਣ ਨਾਲ ਪੰਜਾਬ ਵਿੱਚ ਵਿਕਾਸ ਦੀ ਹਨੇਰੀ ਆ ਗਈ ਅਤੇ ਭਗਵੰਤ ਮਾਨ ਸਰਕਾਰ ਨੇ ਪੰਜਾਬ ਦੇ ਹਰੇਕ ਵਰਗ ਦਾ ਵਿਕਾਸ ਕੀਤਾ ਅਤੇ ਆਰਥਿਕ ਪੱਖੋ ਉਦਯੋਗਤਾ ਨੂੰ ਮਜ਼ਬੂਤ ਕੀਤਾ। ਉਨ੍ਹਾਂ ਕਿਹਾ ਕਿ ਆਪ ਸਰਕਾਰ ਨੇ ਸਿੱਖਿਆ ਹੋਵੇ ਜਾਂ ਸਿਹਤ, ਸਰਕਾਰ ਹਰ ਮੋਰਚੇ ਤੇ ਲੋਕਾਂ ਨਾਲ ਮੋਢੇ ਨਾਲ ਮੋਢਾ ਜੋੜ ਕੇ ਕੰਮ ਕਰ ਰਹੀ ਹੈ ਅਤੇ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਦਾ ਵੀ ਲੋਕ ਫਾਇਦਾ ਲੈਣ ਲਗ ਪਏ ਹਨ। ਉਨ੍ਹਾਂ ਨੇ ਮਜੀਠਾ ਹਲਕਾ ਇੰਚਾਰਜ ਤਲਬੀਰ ਸਿੰਘ ਗਿੱਲ ਦਾ ਸੜਕ ਨੂੰ ਬਿਹਤਰ ਬਣਾਉਣ ਲਈ ਧੰਨਵਾਦ ਕੀਤਾ, ਜਿਸ ਨਾਲ ਲੋਕਾ ਦੀ ਯਾਤਰਾ ਆਸਾਨ, ਸੁਰੱਖਿਅਤ ਅਤੇ ਸਮਾਂ ਬਚਿਆ ਹੈ।



## ਕਾਹਨੂੰਵਾਨ ਰੋਡ ਤੋਂ ਪੁਲਸ ਲਾਈਨ ਤੱਕ ਸੜਕ ਦਾ ਨਿਰਮਾਣ ਕਾਰਜ ਸ਼ੁਰੂ

ਬਟਾਲਾ, (ਤਰਲੋਕ ਬੱਗਾ)-ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਵੱਲੋਂ ਬਟਾਲਾ ਸ਼ਹਿਰ ਵਿੱਚ ਕਰਵਾਏ ਜਾ ਰਹੇ ਵਿਕਾਸ ਕਾਰਜਾਂ ਤਹਿਤ ਕਾਹਨੂੰਵਾਨ ਰੋਡ ਤੋਂ ਪੁਲਸ ਲਾਈਨ ਤੱਕ ਸੜਕ ਦਾ ਨਿਰਮਾਣ ਸ਼ੁਰੂ ਕਰਵਾਇਆ ਗਿਆ ਹੈ।ਇਸ ਮੌਕੇ ਦਵਿੰਦਰ ਸਿੰਘ, ਬਲਵਿੰਦਰ ਸਿੰਘ ਲੰਬੜਦਾਰ ਸਮੇਤ ਵਾਰਡ ਵਾਸੀ ਮੌਜੂਦ ਸਨ।ਇਸ ਮੌਕੇ ਵਾਰਡ ਵਾਸੀਆਂ ਨੇ ਦੱਸਿਆ ਕਿ ਵਿਧਾਇਕ ਸ਼ੈਰੀ ਕਲਸੀ ਵੱਲੋਂ ਹਲਕੇ ਦਾ ਚਹੁੰਪੱਖੀ ਵਿਕਾਸ ਤੇ ਲੋਕਾਂ ਦੀਆਂ ਮੁੱਢਲੀਆਂ ਸਮੱਸਿਆਵਾਂ ਹੱਲ ਕਰਨ ਲਈ ਉਹ ਲੋਕਾਂ ਵਿੱਚ ਰਹਿੰਦੇ ਹਨ ਅਤੇ ਲੋਕ ਭਲਾਈ ਸਕੀਮਾਂ ਦਾ ਲਾਭ ਲੋਕਾਂ ਤੱਕ ਪੁਜਦਾ ਕਰਨ ਨੂੰ ਉਨ੍ਹਾਂ ਵੱਲੋਂ ਯਕੀਨੀ ਬਣਾਇਆ ਗਿਆ ਹੈ।ਉਨ੍ਹਾਂ ਦੱਸਿਆ ਕਿ ਵਿਧਾਇਕ ਸ਼ੈਰੀ ਕਲਸੀ ਵਲੋਂ ਪਿਛਲੇ ਦਿਨੀਂ ਬਟਾਲਾ ਵਿੱਚ ਨਵੇਂ ਬਣੇ ਤਹਿਸੀਲ ਕੰਪਲੈਕਸ ਦਾ ਉਦਘਾਟਨ ਕਰਕੇ ਲੋਕਾਂ ਨੂੰ ਸਮਰਪਿਤ ਕੀਤਾ ਗਿਆ ਹੈ।ਬਟਾਲਾ ਹਲਕੇ ਸਮੇਤ ਕਰੀਬ 314 ਪਿੰਡਾਂ ਦੇ ਲੋਕ ਇੱਕ ਛੱਤ ਹੇਠ ਵੱਖ-ਵੱਖ ਸਰਕਾਰੀ ਸੇਵਾਵਾਂ ਦਾ ਲਾਭ ਹਾਸਿਲ ਕਰ ਰਹੇ ਹਨ।ਇਸ ਮੌਕੇ ਵਾਰਡ ਵਾਸੀਆਂ ਅਤੇ ਦੁਕਾਨਦਾਰਾਂ ਨੇ ਵਿਧਾਇਕ ਸ਼ੈਰੀ ਕਲਸੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਸੜਕ ਦੀ ਹਾਲਤ ਖਸਤਾ ਹੋਣ ਕਾਰਨ ਦੁਕਾਨਾਂ ਤੇ ਆਉਣ ਵਾਲੇ ਗਾਹਕਾਂ ਨੂੰ ਬਹੁਤ ਮੁਸ਼ਕਲ ਪੇਸ਼ ਆਉਂਦੀ ਸੀ ਖਾਸਕਰਕੇ ਮੀਂਹ ਦੇ ਦਿਨਾਂ ਵਿੱਚ ਬਹੁਤ ਸਮੱਸਿਆ ਦਾ ਸਾਹਮਣਾ ਕਰਨਾ ਪੈਂਦਾ ਸੀ ਪਰ ਹੁਣ ਵਿਧਾਇਕ ਸ਼ੈਰੀ ਕਲਸੀ ਨੇ ਦੁਕਾਨਦਾਰਾਂ ਦੀ ਮੁਸ਼ਕਿਲ ਦਾ ਹੱਲ ਕਰ ਦਿੱਤਾ ਹੈ, ਜਿਸ ਲਈ ਸਾਰੇ ਦੁਕਾਨਦਾਰਾਂ ਅਤੇ ਇਥੋਂ ਦੇ ਵਸਨੀਕ ਉਨ੍ਹਾਂ ਦਾ ਧੰਨਵਾਦ ਕਰਦੇ ਹਨ।



## ਔਰਤਾਂ ਨੂੰ ਦਰਪੇਸ਼ ਡਾਕਟਰੀ ਸਮੱਸਿਆਵਾਂ 'ਤੇ ਚਰਚਾ

ਗੁਰਦਾਸਪੁਰ, (ਦਿਨੇਸ਼ ਕੁਮਾਰ) ਤੇਜ਼ ਰਫ਼ਤਾਰ ਵਾਲੇ ਆਧੁਨਿਕ ਸੰਸਾਰ ਵਿੱਚ ਔਰਤਾਂ ਨੂੰ ਦਰਪੇਸ਼ ਡਾਕਟਰੀ ਸਮੱਸਿਆਵਾਂ 'ਤੇ ਚਰਚਾ ਕਰਨ ਲਈ ਕੈਂਸਰ ਮਾਹਰ ਡਾ. ਅਭਿਨਵ ਮਹਾਜਨ ਦੀ ਪ੍ਰਧਾਨਗੀ ਹੇਠ ਇੱਕ ਸਥਾਨਕ ਰਿਜ਼ੋਰਟ ਵਿਖੇ ਅੰਤਰਰਾਸ਼ਟਰੀ ਮਹਿਲਾ ਦਿਵਸ 'ਤੇ ਡਾਕਟਰੀ ਮਾਹਿਰਾਂ ਦਾ ਇੱਕ ਵਿਸ਼ੇਸ਼ ਸੈਮੀਨਾਰ ਆਯੋਜਿਤ ਕੀਤਾ ਗਿਆ।ਸੈਮੀਨਾਰ ਦਾ ਵਿਸ਼ਾ ਸੀ ਛਾਤੀ ਦੇ ਕੈਂਸਰ-ਜਲਦੀ ਪਤਾ ਲਗਾਉਣਾ ਜੀਵਨ ਬਚਾਉਂਦਾ ਹੈ।ਡਾਕਟਰਾਂ ਨੇ ਆਪਣੇ ਵਿਚਾਰ ਸਾਂਝੇ ਕੀਤੇ ਅਤੇ ਔਰਤਾਂ ਵਿੱਚ ਛਾਤੀ ਦੇ ਕੈਂਸਰ ਦੀ ਰੋਕਥਾਮ ਬਾਰੇ ਜਾਣਕਾਰੀ ਪ੍ਰਦਾਨ ਕੀਤੀ।ਸੈਮੀਨਾਰ ਦੌਰਾਨ, ਛਾਤੀ ਦੇ ਕੈਂਸਰ ਮਾਹਰ ਡਾ. ਅਭਿਨਵ ਮਹਾਜਨ ਨੇ ਛਾਤੀ ਦੇ ਕੈਂਸਰ ਇਲਾਜਾਂ ਅਤੇ ਜਾਗਰੂਕਤਾ ਬਾਰੇ ਵਿਸਤ੍ਰਿਤ ਜਾਣਕਾਰੀ ਪ੍ਰਦਾਨ ਕੀਤੀ।ਡਾ. ਅਭਿਨਵ ਮਹਾਜਨ ਨੇ ਦੱਸਿਆ ਕਿ ਭਾਰਤ ਵਿੱਚ ਹਰ ਸਾਲ ਲਗਭਗ ਦੋ ਲੱਖ ਨਵੇਂ ਛਾਤੀ ਦੇ ਕੈਂਸਰ ਦੇ ਕੇਸਾਂ ਦਾ ਪਤਾ ਲਗਾਇਆ ਜਾਂਦਾ ਹੈ।ਪਹਿਲਾਂ, ਇਸ ਬਿਮਾਰੀ ਨੂੰ ਮੁੱਖ ਤੌਰ 'ਤੇ ਸ਼ਹਿਰੀ ਖੇਤਰਾਂ ਤੱਕ ਸੀਮਤ ਮੰਨਿਆ ਜਾਂਦਾ ਸੀ, ਪਰ ਹੁਣ, ਪੇਂਡੂ ਖੇਤਰਾਂ ਵਿੱਚ ਵੀ, ਲੋਕ ਇਸ ਬਾਰੇ ਜਾਗਰੂਕ ਹੋ ਰਹੇ ਹਨ ਅਤੇ ਜਲਦੀ ਜਾਂਚ ਕਰਵਾ ਰਹੇ ਹਨ। ਉਨ੍ਹਾਂ ਸਪੱਸ਼ਟ ਕੀਤਾ ਕਿ ਛਾਤੀ ਦਾ ਕੈਂਸਰ ਔਰਤਾਂ ਵਿੱਚ ਸਭ ਤੋਂ ਆਮ ਕੈਂਸਰ ਹੈ ਅਤੇ ਜੇਕਰ ਜਲਦੀ ਪਤਾ ਲੱਗ ਜਾਵੇ ਤਾਂ ਇਸਦਾ ਸਫਲਤਾਪੂਰਵਕ ਇਲਾਜ ਕੀਤਾ ਜਾ ਸਕਦਾ ਹੈ। ਉਨ੍ਹਾਂ ਅੱਗੇ ਕਿਹਾ ਕਿ ਐਸਟ੍ਰੋਜਨ ਹਾਰਮੋਨ ਅਸੰਤੁਲਨ, ਪਰਿਵਾਰਕ ਇਤਿਹਾਸ (ਜੈਨੇਟਿਕ ਕਾਰਕ), ਅਤੇ ਕੁਝ ਜੀਵਨ ਸ਼ੈਲੀ ਦੇ ਕਾਰਕ ਇਸ ਬਿਮਾਰੀ ਦੇ ਮੁੱਖ ਕਾਰਨ ਹੋ ਸਕਦੇ ਹਨ। ਡਾ. ਮਹਾਜਨ ਨੇ ਦੱਸਿਆ ਕਿ ਮੈਮੋਗ੍ਰਾਫੀ ਰਾਹੀਂ ਛਾਤੀ ਦੇ ਕੈਂਸਰ ਦਾ ਸ਼ੁਰੂਆਤੀ ਪੜਾਵਾਂ ਵਿੱਚ ਪਤਾ ਲਗਾਇਆ ਜਾ ਸਕਦਾ ਹੈ।ਜੇਕਰ ਬਿਮਾਰੀ ਦਾ ਜਲਦੀ ਪਤਾ ਲੱਗ ਜਾਂਦਾ ਹੈ, ਤਾਂ ਆਧੁਨਿਕ ਤਕਨੀਕਾਂ ਸਫਲ ਛਾਤੀ-ਸੰਰਖਣ ਸਰਜਰੀ (ਛਾਤੀ-ਸੰਰਖਣ ਸਰਜਰੀ) ਨੂੰ ਸਮਰੱਥ ਬਣਾ ਸਕਦੀਆਂ ਹਨ। ਉਹ ਵਿਸ਼ੇਸ਼ ਤੌਰ 'ਤੇ ਗੁਰਦਾਸਪੁਰ ਅਤੇ ਅੰਮ੍ਰਿਤਸਰ ਦੇ ਮਰੀਜ਼ਾਂ ਦੀ ਜਾਂਚ ਕਰਦੇ ਹਨ। ਇਸ ਮੌਕੇ ਸ਼ਹਿਰ ਦੀਆਂ ਪ੍ਰਮੁੱਖ ਸ਼ਖਸੀਅਤਾਂ ਵੀ ਮੌਜੂਦ ਸਨ।



## ਕਮਲ ਪਾਲ ਨੇ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ ਵਜੋਂ ਅਹੁਦਾ ਸੰਭਾਲਿਆ

**ਟਾਂਡਾ ਉੜਮੁੜ (ਜਸਵਿੰਦਰ ਸੰਧੂ)**-ਸੂਚਨਾ ਤੇ ਲੋਕ ਸੰਪਰਕ ਵਿਭਾਗ ਦੇ ਅਧਿਕਾਰੀ ਕਮਲਜੀਤ ਪਾਲ ਨੇ ਇੱਥੇ ਬਤੌਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ ਵਜੋਂ ਅਹੁਦਾ ਸੰਭਾਲਿਆ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੀਆਂ ਸਕੀਮਾਂ, ਭਲਾਈ ਕਾਰਜਾਂ, ਪ੍ਰੋਗਰਾਮਾਂ ਅਤੇ ਪ੍ਰੋਜੈਕਟਾਂ ਬਾਰੇ ਜ਼ਮੀਨੀ ਪੱਧਰ ਤੱਕ ਲੋਕਾਂ ਨੂੰ ਜਾਣੂ ਕਰਵਾਉਣ ਲਈ ਪੂਰੀ ਤਨਦੇਹੀ ਨਾਲ ਡਿਊਟੀ ਨਿਭਾਈ ਜਾਵੇਗੀ।ਜ਼ਿਕਰਯੋਗ ਹੈ ਕਿ ਇਸ ਤੋਂ ਪਹਿਲਾਂ ਕਮਲ ਪਾਲ ਮੁੱਖ ਮੰਤਰੀ ਦਫ਼ਤਰ ਵਿਖੇ ਸੂਚਨਾ ਤੇ ਲੋਕ ਸੰਪਰਕ ਅਧਿਕਾਰੀ ਅਤੇ ਅੰਮ੍ਰਿਤਸਰ, ਬਠਿੰਡਾ, ਹੁਸ਼ਿਆਰਪੁਰ, ਜਲੰਧਰ, ਕਪੂਰਥਲਾ ਅਤੇ ਸ਼ਹੀਦ ਭਗਤ ਸਿੰਘ ਨਗਰ (ਨਵਾਂਸ਼ਹਿਰ) ਵਿਖੇ ਬਤੌਰ ਜ਼ਿਲ੍ਹਾ ਲੋਕ ਸੰਪਰਕ ਅਧਿਕਾਰੀ ਸੇਵਾਵਾਂ ਨਿਭਾਅ ਚੁੱਕੇ ਹਨ।



## ਆਨੰਦ ਗਰੁੱਪ ਆਫ ਕਾਲਜਿਜ਼ 'ਚ ਅੰਤਰਰਾਸ਼ਟਰੀ ਮਹਿਲਾ ਦਿਵਸ ਮਨਾਇਆ

ਮਜੀਠਾ (ਸੋਇਮ ਆਨੰਦ) ਆਨੰਦ ਗਰੁਪ ਆਫ ਕਾਲਜਿਜ਼ ਦੇ ਨਰਸਿੰਗ ਫਾਰ ਵੂਮੈਨ ਕਾਲਜ ਵਿੱਚ ਅੰਤਰਰਾਸ਼ਟਰੀ ਮਹਿਲਾ ਦਿਵਸ ਸਾਦਗੀ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਕਾਲਜ ਵਿੱਚ ਕੇਕ ਕੱਟ ਕੇ ਮਹਿਲਾਵਾਂ ਦੀਆਂ ਉਪਲਬਧੀਆਂ ਅਤੇ ਸਮਾਜ ਵਿੱਚ ਉਨ੍ਹਾਂ ਦੇ ਯੋਗਦਾਨ ਨੂੰ ਯਾਦ ਕੀਤਾ ਗਿਆ।

ਇਸ ਮੌਕੇ ਕਾਲਜ ਦੇ ਚੇਅਰਮੈਨ ਡਾ. ਐਮ ਐਮ ਆਨੰਦ, ਵਾਈਸ ਚੇਅਰਮੈਨ ਡਾ. ਜੇ. ਐਸ ਢਿੱਲੋਂ, ਮੈਨੇਜਿੰਗ ਡਾਇਰੈਕਟਰ ਸੂਰਿਯਾ ਪ੍ਰਕਾਸ਼ ਆਨੰਦ, ਪ੍ਰਿੰਸੀਪਲ ਰਚਨਾ ਕੁਮਾਰੀ, ਵਾਈਸ ਪ੍ਰਿੰਸੀਪਲ ਰਮਨਜੀਤ ਕੌਰ ਸੋਹਲ ਅਤੇ ਨਰਸਿੰਗ ਐਡਵਾਈਜ਼ਰ ਊਸ਼ਾ ਸਰੀਨ ਮੌਜੂਦ ਰਹੇ।ਇਸ ਮੌਕੇ ਚੇਅਰਮੈਨ ਡਾ. ਐੱਮ ਐੱਮ ਆਨੰਦ ਨੇ ਕਿਹਾ ਕਿ ਅੰਤਰਰਾਸ਼ਟਰੀ ਮਹਿਲਾ ਦਿਵਸ ਮਹਿਲਾਵਾਂ ਦੇ ਸਤਿਕਾਰ, ਹੱਕਾਂ ਅਤੇ ਉਨ੍ਹਾਂ ਦੀਆਂ ਉਪਲਬੱਧੀਆਂ ਨੂੰ ਮੰਨਣ ਦਾ ਦਿਨ ਹੈ।ਉਨ੍ਹਾਂ ਨੇ ਕਿਹਾ ਕਿ ਮਹਿਲਾਵਾਂ ਹਰ ਖੇਤਰ ਵਿੱਚ ਅੱਗੇ ਵੱਧ ਰਹੀਆਂ ਹਨ ਅਤੇ ਸਮਾਜ ਦੀ ਤਰੱਕੀ ਵਿੱਚ ਮਹੱਤਵਪੂਰਨ ਭੂਮਿਕਾ ਨਿਭਾ ਰਹੀਆਂ ਹਨ।ਇਸ ਦੌਰਾਨ ਵਿਦਿਆਰਥਣਾਂ ਅਤੇ ਸਟਾਫ਼ ਨੇ ਮਿਲ ਕੇ ਕੇਕ ਕੱਟਿਆ ਅੰਤਰਰਾਸ਼ਟਰੀ ਮਹਿਲਾ ਦਿਵਸ ਦੀਆਂ ਵਧਾਈਆਂ ਸਾਂਝੀਆਂ ਕੀਤੀਆਂ।

ਇਸ ਮੌਕੇ ਮੈਡਮ ਪ੍ਰੋਫੈਸਰ ਮਨਵਿੰਦਰ ਕੌਰ, ਸਾਕਸ਼ੀ ਸ਼ਰਮਾ, ਭਾਵਨਾ ਸ਼ਰਮਾ, ਪੂਨਮ, ਹਰਲੀਨ ਕੌਰ, ਪ੍ਰਿਯੰਕਾ, ਸੀਮਾ, ਕੋਮਲ ਢਿੱਲੋਂ, ਪੁਨਰ, ਰਮਨਦੀਪ ਕੌਰ, ਰਮਨ ਸੰਧੂ, ਹਰਮਨਜੋਤ ਕੌਰ, ਸਰਨਦੀਪ ਕੌਰ, ਸਿਮਰਨ ਢਿੱਲੋਂ, ਸੁਖਸਰਨ, ਨਿਧੀ, ਰਿੱਪਨਦੀਪ ਕੌਰ, ਸ਼ਵੇਤਾ, ਅੰਜਲੀ,ਅਬਿਦਾਹ, ਸਮਰੀਨ, ਨਵਜੋਤ, ਪੱਲਵੀ ਸਮੇਤ ਹੋਰ ਸਟਾਫ਼ ਅਤੇ ਵਿਦਿਆਰਥਣਾ ਵੀ ਸ਼ਾਮਲ ਸਨ।

## ਕੌਮਾਂਤਰੀ ਮਹਿਲਾ ਦਿਵਸ 'ਤੇ ਪੰਜਾਬ ਦੀਆਂ ਔਰਤਾਂ ਨੂੰ ਵੱਡਾ ਮਾਣ ਸਨਮਾਨ ਦੇ ਕੇ ਨਿਵਾਜਿਆ: ਗਿੱਲ

**ਅਜਨਾਲਾ (ਸੁਖਤਿੰਦਰ ਸਿੰਘ ਰਾਜੂ)**-ਕੌਮਾਂਤਰੀ ਮਹਿਲਾ ਦਿਵਸ ਮੌਕੇ ਪੰਜਾਬ ਦੀ ਮਾਨ ਸਰਕਾਰ ਨੇ ਆਪਣੇ ਬਜਟ ਵਿੱਚ ਔਰਤਾਂ ਨੂੰ 1000 ਰੁਪਏ ਦੇਣ ਦਾ ਕੀਤਾ ਹੋਇਆ ਵਾਅਦਾ ਪੂਰਾ ਕਰਨ ਦਾ ਐਲਾਨ ਕਰਕੇ ਇਹ ਸਾਬਤ ਕਰ ਦਿੱਤਾ ਹੈ ਕਿ ਪਿਛਲੇ 75 ਸਾਲਾਂ ਦੇ ਅਰਸੇ ਦੌਰਾਨ ਆਮ ਆਦਮੀ ਪਾਰਟੀ ਦੀ ਇਹ ਪਹਿਲੀ ਸਰਕਾਰ ਹੈ ਜਿਸ ਨੇ ਆਪਣੇ ਚੋਣ ਮੈਨੀਫੈਸਟੋ ਵਿੱਚ ਕੀਤੇ ਹੋਏ ਸਾਰੇ ਵਾਅਦੇ ਪੂਰੇ ਕਰ ਦਿੱਤੇ ਹਨ! ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਫਾਊਂਡਰ ਮੈਂਬਰ ਗੁਰਜੰਟ ਸਿੰਘ ਗਿੱਲ ਨੇ ਗੱਲਬਾਤ ਦੌਰਾਨ ਕੀਤਾ! ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਪੇਸ਼ ਕੀਤੇ ਗਏ ਬਜਟ ਦੌਰਾਨ ਕੌਮਾਂਤਰੀ ਮਹਿਲਾ ਦਿਵਸ ਮੌਕੇ ਪੰਜਾਬ ਦੀਆਂ ਔਰਤਾਂ ਨੂੰ ਵੱਡਾ ਮਾਣ ਸਨਮਾਨ ਦਿੰਦਿਆਂ ਦਲਿਤ ਵਰਗ ਦੀਆਂ ਔਰਤਾਂ ਨੂੰ 1500 ਰੁਪਏ ਪ੍ਰਤੀ ਮਹੀਨਾ ਅਤੇ ਬਾਕੀ ਔਰਤਾਂ ਨੂੰ 1000-1000 ਰੁਪਏ ਪ੍ਰਤੀ ਮਹੀਨਾ ਉਨ੍ਹਾਂ ਦੇ ਖਾਤਿਆਂ ਵਿੱਚ ਪਾਉਣ ਦਾ ਐਲਾਨ ਕਰਕੇ ਆਪਣੇ ਚੋਣ ਮੈਨੀਫੈਸਟੋ ਵਿੱਚ ਕੀਤਾ ਹੋਇਆ ਸਭ ਤੋਂ ਵੱਡਾ ਵਾਅਦਾ ਪੂਰਾ ਕਰਨ ਦਾ ਐਲਾਨ ਕਰ ਦਿੱਤਾ ਹੈ! ਉਨ੍ਹਾਂ ਕਿਹਾ ਕਿ ਮਾਨ ਸਰਕਾਰ ਵੱਲੋਂ ਪੇਸ਼ ਕੀਤੇ ਗਏ ਬਜਟ ਦੌਰਾਨ ਪੰਜਾਬ ਦੇ ਹਰ ਵਰਗ ਜਿਵੇਂ ਕਿਸਾਨ, ਵਪਾਰੀ, ਮਜ਼ਦੂਰ, ਦੁਕਾਨਦਾਰ, ਸਮੇਤ ਦਲਿਤਾਂ ਅਤੇ ਆਮ ਵਰਗ ਦੇ ਲੋਕਾਂ ਦਾ ਖਾਸ ਖਿਆਲ ਰੱਖਿਆ ਗਿਆ ਹੈ ਅਤੇ ਇਹ ਬੱਚਤ ਪੰਜਾਬ ਦੇ ਹਰ ਵਰਗ ਦੇ ਲੋਕਾਂ ਲਈ ਵੱਡੀ ਰਾਹਤ ਸਾਬਤ ਹੋਵੇਗਾ! ਇਸ ਮੌਕੇ ਉਨ੍ਹਾਂ ਵਿਰੋਧੀ ਧਿਰਾਂ 'ਤੇ ਤੰਜ਼ ਕਸਦਿਆਂ ਕਿਹਾ ਕਿ ਜਿਹੜੇ ਲੋਕ ਅੱਜ ਆਮ ਆਦਮੀ ਪਾਰਟੀ ਦੀ ਸਰਕਾਰ ਤੇ ਉਂਗਲਾਂ ਚੁੱਕ ਰਹੇ ਹਨ, ਉਹ ਪਹਿਲਾਂ ਪਿਛਲੇ 75 ਸਾਲਾਂ ਦਾ ਹਿਸਾਬ ਪੰਜਾਬ ਦੀ ਜਨਤਾ ਨੂੰ ਦੇਣ ਅਤੇ ਦੱਸਣ ਕਿ ਪਿਛਲੇ 75 ਸਾਲਾਂ ਵਿੱਚ ਪੰਜਾਬ ਨੂੰ ਬਰਬਾਦ ਕਰਨ ਅਤੇ ਲੁੱਟਣ ਵਿੱਚ ਕਿਸ ਦਾ ਹੱਥ ਹੈ! ਉਨਾਂ ਅੱਗੇ ਕਿਹਾ ਕਿ ਪਿਛਲੇ 75 ਸਾਲਾਂ ਵਿੱਚ ਆਪਸੀ ਮਿਲੀ ਭੁਗਤ ਨਾਲ ਪੰਜਾਬ ਤੇ ਵਾਰੀ ਵਾਰੀ ਰਾਜ ਕਰਨ ਵਾਲੀਆਂ ਦੋ ਮੁੱਖ ਸਿਆਸੀ ਧਿਰਾਂ ਨੇ ਅੱਜ ਤੱਕ ਕਦੇ ਵੀ ਆਪਣੇ ਚੋਣ ਮੈਨੀਫੈਸਟੋ ਦੌਰਾਨ ਕੀਤੇ ਵਾਅਦੇ ਪੂਰੇ ਨਹੀਂ ਕੀਤੇ, ਸਗੋਂ ਪੰਜਾਬ ਦੇ ਲੋਕਾਂ ਨੂੰ ਝੂਠਾ ਗੁੰਮਰਾਹ ਕਰਕੇ ਸੱਤਾ ਹਾਸਿਲ ਕੀਤੀ ਤੇ ਪੰਜਾਬ ਵਿੱਚ ਮਾਫੀਆ ਰਾਜ ਨੂੰ ਬੜ੍ਹਾਵਾ ਦਿੱਤਾ ਤੇ ਪੰਜਾਬ ਨੂੰ ਬਰਬਾਦੀ ਦੇ ਕੰਢੇ ਤੇ ਲਿਆ ਕੇ ਖੜਾ ਕਰ ਦਿੱਤਾ! ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕਾਂ ਨੇ ਇਨਾਂ ਦੋਵਾਂ ਰਵਾਇਤੀ ਪਾਰਟੀਆਂ ਤੋਂ ਤੰਗ ਆ ਕੇ ਤੀਜੇ ਬਦਲ ਦੇ ਰੂਪ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਲਿਆਂਦੀ ਸੀ, ਜਿਸ ਸਰਕਾਰ ਨੇ ਪਿਛਲੇ ਚਾਰ ਸਾਲਾਂ ਦੇ ਕਾਰਜਕਾਲ ਦੌਰਾਨ ਜਿੱਥੇ ਪੰਜਾਬ ਨੂੰ ਤਰੱਕੀ ਦੀਆਂ ਬੁਲੰਦੀਆਂ ਤੇ ਲਿਜਾਣ ਕੋਈ ਕਸਰ ਬਾਕੀ ਨਹੀਂ ਛੱਡੀ, ਉੱਥੇ ਪੰਜਾਬ ਦੀ ਜਨਤਾ ਨਾਲ ਕੀਤੇ ਹੋਏ ਸਾਰੇ ਵਾਅਦੇ ਵੀ ਪੂਰੇ ਕੀਤੇ ਹਨ, ਜਿਸ ਤੋਂ ਖੁਸ਼ ਹੋ ਕੇ ਪੰਜਾਬ ਦੇ ਲੋਕ ਆਮ ਆਦਮੀ ਪਾਰਟੀ ਨਾਲ ਚੱਟਾਨ ਵਾਂਗ ਖੜੇ ਹਨ ਅਤੇ 27 ਵਿੱਚ ਫਿਰ ਤੋਂ ਦੁਬਾਰਾ ਸਰਕਾਰ ਬਣਾਉਣ ਦਾ ਮਨ ਬਣਾ ਚੁੱਕੇ ਹਨ! ਇਸ ਮੌਕੇ ਰਾਜਾਸਾਂਸੀ ਤੋਂ ਮੀਡੀਆ ਕੋਆਰਡੀਨੇਟਰ ਸ਼ਿਵ ਕੁਮਾਰ ਚੋਗਾਵਾਂ, ਫਾਊਂਡਰ ਮੈਂਬਰ ਤੇ ਸੀਨੀਅਰ ਆਗੂ ਗੁਰਸ਼ਰਨਪ੍ਰੀਤ ਸਿੰਘ ਸੰਧੂ ਮਾਨਾਵਾਲਾ ਅਤੇ ਸਾਬਕਾ ਸਰਪੰਚ ਬਲਦੇਵ ਸਿੰਘ ਆਦ ਹਾਜ਼ਰ ਸਨ।



## ਕੌਮਾਂਤਰੀ ਇਸਤਰੀ ਦਿਵਸ ਮਨਾਇਆ



ਛੇਹਰਟਾ/ਖਾਸਾ (ਮਨੋਜ ਕੁਮਾਰ/ਸ਼ਸ਼ਪਾਲ ਸਿੰਘ)-ਸੀਟੂ ਤੇ ਕੁੱਲ ਹਿੰਦ ਕਿਸਾਨ ਸਭਾ ਵੱਲੋਂ ਸਾਂਝੇ ਰੂਪ ਵਿੱਚ ਪੁਤਲੀਘਰ ਸਥਿਤ ਦਫ਼ਤਰ ਵਿਚ ਅੰਤਰਰਾਸ਼ਟਰੀ ਮਹਿਲਾ ਦਿਵਸ ਮਨਾਇਆ ਗਿਆ। ਇਸ ਮੌਕੇ ਮਨਰੇਗਾ, ਮਿਡ-ਡੇ-ਮੀਲ, ਆਸ਼ਾ ਤੇ ਕਿਸਾਨ ਬੀਬੀਆਂ ਨੇ ਸ਼ਮੂਲੀਅਤ ਕੀਤੀ। ਇਸ ਮੌਕੇ ਐਡਵੋਕੇਟ ਕਵਲਜੀਤ ਕੌਰ, ਸਰੋਜ ਬਾਲਾ, ਪਰਮਜੀਤ ਕੌਰ ਲੁਹਾਰਕਾ, ਸੁਮਨ ਰਾਣੀ, ਅਮਰਜੀਤ ਕੌਰ ਤੇ ਗੁਰਮੀਤ ਕੌਰ ਨੇ ਸੰਬੋਧਨ ਕਰਦਿਆਂ ਅੰਤਰਰਾਸ਼ਟਰੀ ਮਹਿਲਾ ਦਿਵਸ ਦੀ ਵਧਾਈ ਦਿੱਤੀ ਅਤੇ ਮੌਜੂਦਾ ਸਮੇਂ 'ਚ ਔਰਤਾਂ ਦੀ ਭੂਮਿਕਾ ਬਾਰੇ ਖੁੱਲ੍ਹ ਕੇ ਵਿਚਾਰ ਚਰਚਾ ਕੀਤੀ। ਉਨ੍ਹਾਂ ਕਿਹਾ ਕਿ ਅਜੋਕੇ ਦੌਰ ਵਿਚ ਔਰਤ ਅਬਲਾ ਨਹੀਂ, ਸਗੋਂ ਸ਼ਕਤੀ ਹੈ। ਇਸ ਮੌਕੇ ਸੀਟੂ ਦੇ ਜ਼ਿਲ੍ਹਾ ਕਾਰਜਕਾਰੀ ਪ੍ਰਧਾਨ ਚਰਨਜੀਤ ਸਿੰਘ ਮਜੀਠਾ, ਕਿਸਾਨ ਆਗੂ ਸੁਖਵਿੰਦਰ ਸਿੰਘ ਮੀਰਾਂਕੋਟ, ਭੁਪਿੰਦਰਜੀਤ ਸਿੰਘ ਛੀਨਾ, ਬਖਤਾਵਰ ਸਿੰਘ ਜੋਸ, ਜਸਬੀਰ ਸਿੰਘ ਝਬਾਲ ਤੇ ਵਿਜੇ ਕੁਮਾਰ ਨੇ ਭਰਾਤਰੀ ਭਾਸ਼ਣ ਦਿੱਤਾ।

## ਮੁਲਾਜ਼ਮਾਂ ਉੱਪਰ ਪਾਣੀ ਦੀਆਂ ਬੁਛਾੜਾਂ ਤੇ ਲਾਠੀਚਾਰਜ ਕਰਨ ਦੀ ਨਿੰਦਾ

ਧਾਰੀਵਾਲ, (ਮਨਦੀਪ ਵਿੱਕੀ)-ਪੰਜਾਬ ਸੁਬਾਰਡੀਨੇਟ ਸਰਵਿਸਜ਼ ਫੈਡਰੇਸ਼ਨ ਦੇ ਪ੍ਰਧਾਨ ਅਨਿਲ ਕੁਮਾਰ ਲਾਹੌਰੀਆ, ਗੌਰਮਿੰਟ ਟੀਚਰਜ਼ ਯੂਨੀਅਨ ਦੇ ਪ੍ਰਧਾਨ ਕੁਲਦੀਪ ਪੁਰੇਵਾਲ, ਪੁਰਾਣੀ ਪੈਨਸ਼ਨ ਬਹਾਲ ਕਮੇਟੀ ਦੇ ਪ੍ਰਧਾਨ ਲਵਪ੍ਰੀਤ ਰੋੜਾਂਵਾਲੀ ਨੇ ਪ੍ਰੈੱਸ ਬਿਆਨ ਜਾਰੀ ਕਰਦਿਆਂ ਕਿਹਾ ਕਿ ਵਿਧਾਨ ਸਭਾ ਵੱਲ ਮਾਰਚ ਕਰਨ ਸਮੇਂ ਮੁਲਾਜ਼ਮਾਂ ਉੱਪਰ ਪਾਣੀ ਦੀਆਂ ਬੁਛਾੜਾਂ ਅਤੇ ਲਾਠੀਚਾਰਜ ਕਰਨ ਦੀ ਨਿੰਦਾ ਕੀਤੀ ਅਤੇ ਦੱਸਿਆ ਕਿ ਪੰਜਾਬ ਸੁਬਾਰਡੀਨੇਟ ਸਰਵਿਸਜ਼ ਫੈਡਰੇਸ਼ਨ ਦੇ ਸੀਨੀਅਰ ਮੀਤ ਪ੍ਰਧਾਨ ਕਰਮਜੀਤ ਸਿੰਘ ਬੀਹਲਾ ਦੀ ਦੋ ਥਾਂਵਾਂ ਤੋਂ ਬਾਂਹ ਟੁੱਟ ਗਈ ਹੈ, ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ, ਪੁਰਾਣੀ ਪੈਨਸ਼ਨ ਬਹਾਲ ਕਮੇਟੀ ਦੇ ਆਗੂ ਲਵਪ੍ਰੀਤ ਸਿੰਘ ਰੋੜਾਂਵਾਲੀ ਸਮੇਤ ਕਈ ਆਗੂਆਂ ਦੀਆਂ ਪਗਾਂ ਲੱਥ ਗਈਆਂ।ਔਰਤ ਮੁਲਾਜ਼ਮਾਂ ਵੀ ਜ਼ਖ਼ਮੀ ਹੋਈਆਂ। ਆਗੂਆਂ ਕਿਹਾ ਕਿ ਸਰਕਾਰ ਕੀਤੇ ਵਾਦੇ ਮੁਤਾਬਿਕ ਪੁਰਾਣੀ ਪੈਨਸ਼ਨ ਬਹਾਲ ਕਰੇ,16% ਡੀ ਏ ਦੀ ਕਿਸ਼ਤ ਜਾਰੀ ਕਰੇ, ਏ ਸੀ ਪੀ ਅਤੇ ਭੱਤੇ ਬਹਾਲ ਕਰੇ, ਜਬਰੀ ਥੋਪਿਆ ਟੈਂਟ ਵਾਪਿਸ ਲਵੇ, ਮਿਡ ਡੇਅ ਮੀਲ ਵਰਕਰਜ ਦੀ ਉਜਰਤ ਵਿੱਚ ਵਾਧਾ ਕਰੇ।ਆਗੂਆਂ ਕਿਹਾ ਕਿ ਸੰਘਰਸ਼ ਕਰ ਰਹੇ ਮੁਲਾਜ਼ਮਾਂ ਉੱਪਰ ਪਾਣੀ ਦੀਆਂ ਬੁਛਾੜਾਂ ਅਤੇ ਲਾਠੀਚਾਰਜ ਕਰਨ ਨਾਲ ਸਮੂਹ ਮੁਲਾਜ਼ਮਾਂ ਵਿੱਚ ਭਾਰੀ ਰੋਸ ਪੈਦਾ ਹੋਇਆ ਹੈ।

ਆਉਣ ਵਾਲੇ ਸਮੇਂ ਵਿੱਚ ਜੇਕਰ ਮਸਲਿਆਂ ਦਾ ਹੱਲ ਨਾ ਕੀਤਾ ਤਾਂ 12 ਮਾਰਚ ਨੂੰ ਚੰਡੀਗੜ੍ਹ ਦੁਬਾਰਾ ਰੈਲੀ ਕੀਤੀ ਜਾਵੇਗੀ।ਇਸ ਮੌਕੇ ਹਰਜੀਤ ਸਿੰਘ ਕਾਹਨੂੰਵਾਨ, ਅਮਨਦੀਪ ਧਾਰੀਵਾਲ, ਜਤਿੰਦਰ ਕੁਮਾਰ, ਜੋਤ ਪ੍ਰਕਾਸ਼ ਸਿੰਘ, ਦਵਿੰਦਰਜੀਤ ਸਿੰਘ, ਸੁਪਿੰਦਰ ਸਿੰਘ, ਬਲਜੀਤ ਸਿੰਘ, ਚੇਤਨ ਮਹਾਜਨ, ਮਨਜੀਤ ਸਿੰਘ, ਅਮਿਤੇਸ਼ਰ ਆਦਿ ਹਾਜ਼ਰ ਸਨ।



## '9ਵਾਂ ਮਾਤਾ ਸੁਰਜੀਤ ਕੌਰ ਅਠੌਲਾ ਯਾਦਗਾਰੀ ਐਵਾਰਡ' ਡਾ: ਸਤਿੰਦਰ ਕੌਰ ਕਾਹਲੋਂ ਨੂੰ

ਬਿਆਸ (ਪਰਮਜੀਤ ਸਿੰਘ ਰੱਖੜਾ)-ਪਿਛਲੇ 41 ਸਾਲਾਂ ਤੋਂ ਨਿਰੰਤਰ ਸਾਹਿਤਕ ਸਰਗਰਮੀਆਂ ਰਾਹੀਂ ਪੰਜਾਬੀ ਮਾਂ ਬੋਲੀ ਦੀ ਸੇਵਾ ਵਿੱਚ ਜੁਟੀ ਚਰਚਿਤ ਸਾਹਿਤਕ ਸੰਸਥਾ, ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਵੱਲੋਂ ਕੇਂਦਰੀ ਪੰਜਾਬੀ ਲੇਖਕ ਸਭਾ (ਰਜਿ:) ਦੇ ਸਹਿਯੋਗ ਨਾਲ ਅੰਤਰਰਾਸ਼ਟਰੀ ਮਹਿਲਾ ਦਿਵਸ ਨੂੰ ਸਮਰਪਿਤ ਇਕ ਵਿਸ਼ਾਲ ਕਵੀ ਦਰਬਾਰ ਅਤੇ ਸਨਮਾਨ ਸਮਾਰੋਹ ਕਰਵਾਇਆ ਜਾ ਰਿਹਾ ਹੈ ।ਇਸ ਮੌਕੇ ਡਾ: ਬਲਜੀਤ ਕੌਰ (ਡੀਨ ਭਾਸ਼ਾਵਾਂ ਫੈਕਲਟੀ (ਸੇਵਾ ਮੁਕਤ) ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ), ਡਾ: ਤੇਜਿੰਦਰ ਕੌਰ (ਸਾ: ਪ੍ਰੋਫੈਸਰ ਐਂਡ ਹੈੱਡ ਰਿਜਨਲ ਕੈਂਪਸ ਗੁਰੂ ਨਾਨਕ ਦੇਵ ਯੂਨੀਵਰਸਿਟੀ ਜਲੰਧਰ), ਡਾ: ਰਘਬੀਰ ਕੌਰ (ਸਾ: ਮੁਖੀ ਪੰਜਾਬੀ ਵਿਭਾਗ ਗੁਰੂ ਨਾਨਕ ਦੇਵ ਯੂਨੀਵਰਸਿਟੀ, ਲੱਧੇਵਾਲੀ (ਜਲੰਧਰ) ਮੁੱਖ ਮਹਿਮਾਨ ਵਜੋਂ ਪੁੱਜੇ, ਜਦਕਿ ਪ੍ਰਧਾਨਗੀ ਮੰਡਲ ਵਿੱਚ ਡਾ: (ਲੈਫ.) ਹਰਸਿਮਰਨ ਕੌਰ (ਮੁਖੀ ਇੰਚਾਰਜ ਸ੍ਰੀ ਗੁਰੂ ਤੇਗ ਬਹਾਦਰ ਕਾਲਜ, ਸਠਿਆਲਾ), ਡਾ: ਸਤਿੰਦਰ ਕੌਰ ਕਾਹਲੋਂ ਬਟਾਲਾ (ਸਟੇਟ ਐਵਾਰਡੀ), ਡਾ: ਰਾਜਬੀਰ ਕੌਰ ਗਰੇਵਾਲ (ਪ੍ਰਧਾਨ ਸਾਹਿਤ ਤੇ ਭਾਸ਼ਾ ਸੈੱਲ, ਅੰਮ੍ਰਿਤਸਰ ਇੰਡਕ ਆਰਟ ਵੈਲਫੇਅਰ ਕੌਂਸਲ), ਲੈਕਚਰਾਰ ਗੁਰਜੀਤ ਕੌਰ ਅਜਨਾਲਾ (ਮੁੱਖ ਸੰਚਾਲਕ ਕਲਮਾਂ ਦਾ ਕਾਫ਼ਲਾ), ਬਲਜਿੰਦਰ ਕੌਰ ਬੱਲ ਪ੍ਰਧਾਨ ਮਾਝਾ ਪੰਜਾਬੀ ਸੱਥ ਬੁਤਾਲਾ ਅਤੇ ਸਭਾ ਦੇ ਪ੍ਰਧਾਨ ਸੁਖਵੰਤ ਕੌਰ ਵੱਸੀ ਸ਼ੁਸ਼ੋਭਿਤ ਹੋਏ ।ਸਭਾ ਵੱਲੋਂ ਐਤਕੀਂ 9ਵਾਂ ਮਾਤਾ ਸੁਰਜੀਤ ਕੌਰ ਅਠੌਲਾ ਯਾਦਗਾਰੀ ਐਵਾਰਡ-2026, ਡਾ: ਸਤਿੰਦਰ ਕੌਰ ਕਾਹਲੋਂ (ਸਟੇਟ ਐਵਾਰਡੀ) ਸੰਪਾਦਕ ਕਲਮਾਂ ਦੀ ਪਰਵਾਜ਼ ਨੂੰ ਦੇ ਕੇ ਸਨਮਾਨਿਤ ਕੀਤਾ ਗਿਆ ।



ਇਸ ਮੌਕੇ ਉਚੇਚੇ ਤੌਰ ਤੇ ਪੁੱਜੇ ਸਾਬਕਾ ਵਿਧਾਇਕ ਜਥੇਦਾਰ ਬਲਜੀਤ ਸਿੰਘ ਜਲਾਲ ਉਸਮਾ ਨੇ ਜਿੱਥੇ ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਦੇ ਇਸ ਉੱਦਮ ਦੀ ਸ਼ਲਾਘਾ ਕੀਤੀ, ਉਥੇ ਅੰਤਰਰਾਸ਼ਟਰੀ ਮਹਿਲਾ ਦਿਵਸ ਦੀਆਂ ਸਭ ਨੂੰ ਵਧਾਈਆਂ ਦਿੱਤੀਆਂ ।ਇਸ ਮੌਕੇ ਹੋਏ ਵਿਸ਼ਾਲ ਕਵੀ ਦਰਬਾਰ ਵਿੱਚ ਦਲਜੀਤ ਕੌਰ ਵਡਾਲਾ, ਜਤਿੰਦਰਪਾਲ ਕੌਰ ਭਿੰਡਰ, ਰਾਜਵਿੰਦਰ ਕੌਰ ਰਾਜ, ਗੁਰਮੀਤ ਕੌਰ ਬੱਲ, ਸੁਰਿੰਦਰ ਖਿਲਚੀਆਂ, ਹਰਵਿੰਦਰ ਕੌਰ ਬਾਠ, ਮੈਡਮ ਅਨੁਪਮਾ, ਸਿਮਰਨਜੀਤ ਕੌਰ ਮਾਹਲਾ, ਸਾਹਿਬਾਂ ਜੀਟਨ ਕੌਰ ਜਲੰਧਰ, ਜਯੋਤੀ ਭਗਤ ਬਟਾਲਾ, ਮਨਦੀਪ ਕੌਰ ਰਤਨ, ਪ੍ਰਵੀਨ ਕੌਰ ਸਿੱਧੂ, ਬਲਜਿੰਦਰ ਕੌਰ ਰਤਨ, ਸਤਨਾਮ ਕੌਰ ਤੁਗਲਵਾਲਾ, ਰਾਜਵਿੰਦਰ ਕੌਰ ਢਿੱਲੋਂ, ਪਰਮਜੀਤ ਕੌਰ ਜੈਸਵਾਲ, ਹਰਜੀਤ ਕੌਰ ਭੁੱਲਰ, ਕੁਲਵਿੰਦਰ ਕੌਰ ਮੱਦ, ਜਸਵਿੰਦਰ ਕੌਰ ਬਟਾਲਾ, ਲਖਬੀਰ ਕੌਰ ਭੁੱਲਰ, ਮਮਤਾ ਸ਼ਰਮਾ ਮੱਦ, ਰਣਜੀਤ ਕੌਰ ਈਆ, ਪ੍ਰਭਜੋਤ ਕੌਰ ਬੁਤਾਲਾ, ਇੰਦਰਜੀਤ ਕੌਰ ਸਿੱਧੂ, ਨਵਨੀਤ ਕੌਰ ਆਦਿ ਵੱਖ ਵੱਖ ਜ਼ਿਲ੍ਹਿਆਂ ਵਿੱਚੋਂ ਪੁੱਜੀਆਂ ਕਵਿੱਤਰੀਆਂ ਨੇ ਅੰਤਰਰਾਸ਼ਟਰੀ ਮਹਿਲਾ ਦਿਵਸ ਨੂੰ ਸਮਰਪਿਤ ਕਾਵਿ ਰਚਨਾਵਾਂ ਪੇਸ਼ ਕੀਤੀਆਂ ।ਮੰਚ ਸੰਚਾਲਨ ਦੇ ਫਰਜ਼ ਸਭਾ ਦੇ ਮੁੱਖ ਸੰਚਾਲਕ ਸ਼ੇਲਿੰਦਰਜੀਤ ਸਿੰਘ ਰਾਜਨ ਨੇ ਬਾਖੂਬੀ ਨਿਭਾਏ ।ਸਮਾਗਮ ਦਾ ਆਨੰਦ ਮਾਨਣ ਵਾਲਿਆਂ ਵਿੱਚ ਮਾ: ਮਨਜੀਤ ਸਿੰਘ ਵੱਸੀ, ਅਵਤਾਰ ਸਿੰਘ ਗੋਇੰਦਵਾਲ, ਗਿ: ਗੁਲਜ਼ਾਰ ਸਿੰਘ ਖੈੜਾ, ਪ੍ਰਤਾਪ ਸਿੰਘ, ਸੁਖਦੇਵ ਸਿੰਘ ਗੰਡਵਾਂ, ਬਲਵਿੰਦਰ ਸਿੰਘ ਅਠੌਲਾ, ਜੋਗਿੰਦਰ ਸਿੰਘ ਪਾਇਲਟ, ਚੰਦਨਦੀਪ ਸਿੰਘ, ਹਰਜਿੰਦਰ ਸਿੰਘ, ਕੁਲਵੰਤ ਸਿੰਘ ਕੰਤ, ਅਜੈਬ ਸਿੰਘ ਬੋਦੇਵਾਲ, ਅਜੀਤ ਸਿੰਘ ਸਠਿਆਲਵੀ, ਸੰਨਪ੍ਰੀਤ ਸਿੰਘ ਅਠੌਲਾ ਦੇ ਨਾਂਅ ਵਰਣਨਯੋਗ ਹਨ।

# ਡਾ. ਭਾਰਤੀ ਧਵਨ ਨੇ ਜ਼ਿਲ੍ਹਾ ਪਰਵਾਰ ਭਲਾਈ ਅਫ਼ਸਰ ਵਜੋਂ ਅਹੁਦਾ ਸੰਭਾਲਿਆ

ਪੱਟੀ,(ਬਲਦੇਵ ਸਿੰਘ ਸੰਧੂ)-ਡਾ. ਭਾਰਤੀ ਧਵਨ ਵੱਲੋਂ ਪੰਜਾਬ ਸਰਕਾਰ ਦੀਆਂ ਹਦਾਇਤਾਂ ਦੀ ਪਾਲਣਾ ਕਰਦੇ ਹੋਏ ਸੋਮਵਾਰ ਨੂੰ ਬਤੌਰ ਜ਼ਿਲ੍ਹਾ ਪਰਿਵਾਰ ਭਲਾਈ ਅਫ਼ਸਰ, ਦਫਤਰ ਸਿਵਲ ਸਰਜਨ ਤਰਨ ਤਾਰਨ ਵਿਖੇ ਅਹੁਦਾ ਸੰਭਾਲ ਲਿਆ ਗਿਆ ਹੈ।ਅਹੁਦਾ ਸੰਭਾਲਣ ਮੌਕੇ ਗੱਲਬਾਤ ਕਰਦਿਆਂ ਜ਼ਿਲ੍ਹਾ ਪਰਿਵਾਰ ਭਲਾਈ ਅਫ਼ਸਰ ਡਾ: ਭਾਰਤੀ ਧਵਨ ਨੇ ਕਿਹਾ ਕਿ ਉਹ ਬਹੁਤ ਵਡਭਾਗੇ ਹਨ, ਜਿਨ੍ਹਾਂ ਨੂੰ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਨਗਰੀ ਤਰਨ ਤਾਰਨ ਵਿਖੇ ਸੇਵਾ ਕਰਨ ਦਾ ਮੌਕਾ ਮਿਲਿਆ ਹੈ।ਉਨ੍ਹਾਂ ਕਿਹਾ ਕਿ ਦਫ਼ਤਰ ਆਉਣ ਵਾਲੇ ਆਮ ਲੋਕਾਂ ਦਾ ਕੰਮ ਬਿਨਾਂ ਕਿਸੇ ਖੱਜਲ ਖੁਆਰੀ ਅਤੇ ਪਹਿਲ ਦੇ ਅਧਾਰ ਤੇ ਕੀਤਾ ਜਾਵੇਗਾ ।ਇਸ ਮੌਕੇ ਸਿਵਲ ਸਰਜਨ ਡਾ. ਗੁਰਪ੍ਰੀਤ ਸਿੰਘ ਰਾਏ ਨੇ ਕਿਹਾ ਕਿ ਜ਼ਿਲ੍ਹਾ ਪਰਿਵਾਰ ਭਲਾਈ ਅਫ਼ਸਰ ਦੇ ਤਰਨ ਤਾਰਨ ਵਿਖੇ ਨਿਯੁਕਤ ਹੋਣ ਨਾਲ ਪੀ. ਐੱਨ. ਡੀ. ਟੀ ਅਤੇ ਜੱਚਾ-ਬੱਚਾ ਸਿਹਤ ਸੇਵਾਵਾਂ ਦੇ ਕੰਮ ਨੂੰ ਹੋਰ ਸੁਚਾਰੂ ਢੰਗ ਨਾਲ ਚਲਾਇਆ ਜਾਵੇਗਾ।ਡਾ. ਭਾਰਤੀ ਧਵਨ ਨੇ ਕਿਹਾ ਕਿ ਜ਼ਿਲ੍ਹੇ ਵਿਚ ਜੱਚਾ-ਬੱਚਾ ਸਿਹਤ ਸੇਵਾਵਾਂ ਵਿਚ ਹੋਰ ਸੁਧਾਰ ਕੀਤਾ ਜਾਵੇਗਾ ਤਾਂ ਜੋ ਬਾਲ ਮੌਤ ਦਰ ਅਤੇ ਮਾਤਰੀ ਮੌਤ ਦਰ 'ਤੇ ਕਾਬੂ ਪਾਇਆ ਜਾ ਸਕੇ।ਉਨ੍ਹਾਂ ਸਿਵਲ ਸਰਜਨ ਦਫ਼ਤਰ ਦੇ ਸਮੁੱਚੇ ਸਟਾਫ ਦਾ ਸਵਾਗਤ ਮੌਕੇ ਧੰਨਵਾਦ ਕੀਤਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਡਾ. ਵਰਿੰਦਰਪਾਲ ਕੌਰ ਜ਼ਿਲ੍ਹਾ ਟੀਕਾਕਰਨ ਅਫ਼ਸਰ, ਡਾ. ਸੁਰਿੰਦਰ ਕੁਮਾਰ ਐੱਸ. ਐੱਮ. ਓ, ਡਾ. ਬਚਿੱਤਰ ਸਿੰਘ ਐੱਸ. ਐੱਮ. ਓ, ਡਾ. ਰਾਘਵ ਗੁਪਤਾ, ਡਾ. ਰਣਦੀਪ ਸਿੰਘ, ਜ਼ਿਲ੍ਹਾ ਮਾਸ ਮੀਡੀਆ ਅਫ਼ਸਰ ਸੁਖਵੰਤ ਸਿੰਘ ਸਿੱਧੂ, ਸੁਪਰਡੈਂਟ ਪੁਸ਼ਪਿੰਦਰ ਸਿੰਘ, ਰਜਵੰਤ ਸਿੰਘ ਬਾਗੜੀਆਂ, ਗੁਰਦੇਵ ਸਿੰਘ ਢਿੱਲੋਂ ਹੈਲਥ ਸੁਪਰਵਾਈਜ਼ਰ, ਭੁਪਿੰਦਰ ਸਿੰਘ ਹੈਲਥ ਸੁਪਰਵਾਈਜ਼ਰ, ਹਰਜੀਤ ਸਿੰਘ ਪਹੂਵਿੰਡ, ਡੀ. ਪੀ. ਐੱਮ. ਇੰਦਰਜੀਤ ਸਿੰਘ ਭੁੱਲਰ, ਆਰੁਸ਼ ਭੱਲਾ, ਅਮਰਿੰਦਰ ਸਿੰਘ ਡਾਟਾ ਮੈਨੇਜ਼ਰ, ਮਨਜਿੰਦਰ ਸਿੰਘ, ਜਸਪਿੰਦਰ ਸਿੰਘ, ਪ੍ਰਦੀਪ ਸਿੰਘ, ਰਿਤੇਸ਼ ਵਾਲੀਆ ਆਦਿ ਹਾਜ਼ਰ ਸਨ।



## ਅੱਪਰਬਾਰੀ ਦੁਆਬ ਪੁਲ ਤਿਬੜੀ 'ਤੇ ਲਾਈਟਾਂ ਬੰਦ; ਇਲੈਕਟਰੀਕਲ ਵਿੰਗ ਧਿਆਨ ਦੇਵੇ

ਗੁਰਦਾਸਪੁਰ, (ਅਸ਼ੋਕ ਸ਼ਰਮਾ)- ਗੁਰਦਾਸਪੁਰ-ਮੁਕੇਰੀਆਂ ਮੁੱਖ ਸੜਕ 'ਤੇ ਪੈਂਦੀ ਨਹਿਰ ਅੱਪਰ ਬਾਰੀ ਦੁਆਬ 'ਤੇ ਅਕਾਲੀ-ਭਾਜਪਾ ਗੱਠਜੋੜ ਸਰਕਾਰ ਨੇ ਤਿੰਨ ਕਰੋੜ ਦੀ ਲਾਗਤ ਨਾਲ ਪੁਲ ਦੀ ਉਸਾਰੀ 28 ਅਪ੍ਰੈਲ 2007 ਵਿੱਚ ਕਰਵਾਈ ਸੀ ਜਿਸ ਦਾ ਉਦਘਾਟਨ ਸਰਦਾਰ ਸੁਖਬੀਰ ਸਿੰਘ ਬਾਦਲ ਸਾਬਕਾ ਉਪ ਮੁੱਖ ਮੰਤਰੀ ਪੰਜਾਬ ਅਤੇ ਪਰਮਿੰਦਰ ਸਿੰਘ ਢੀਂਡਸਾ ਸਾਬਕਾ ਕੈਬਨਿਟ ਮੰਤਰੀ ਲੋਕ ਨਿਰਮਾਣ ਵਿਭਾਗ ਪੰਜਾਬ ਤੋਂ ਇਲਾਵਾ ਐੱਮ. ਪੀ. ਵਿਨੋਦ ਖੰਨਾ ਅਤੇ ਸੰਸਦੀ ਸਕੱਤਰ ਗੁਰਬਚਨ ਸਿੰਘ ਬੱਬੇਹਾਲੀ ਨੇ ਸਾਂਝੇ ਤੌਰ 'ਤੇ ਕੀਤਾ ਸੀ। ਇਸ ਸਮੇਂ ਪੁਲ 'ਤੇ 14 ਲਾਈਟਾਂ ਲੋਕ ਨਿਰਮਾਣ ਵਿਭਾਗ ਨੇ ਲਗਵਾਈਆਂ ਸਨ ਜਿਹੜੀਆਂ ਸਿਰਫ ਦੋ ਸਾਲ ਹੀ ਚੱਲੀਆਂ ਅਤੇ ਫਿਰ ਇਨ੍ਹਾਂ ਸੋਲਰ ਲਾਈਟਾਂ ਦੀਆਂ ਬੈਟਰੀਆਂ ਚੋਰ ਚੋਰੀ ਕਰਕੇ ਲੈ ਗਏ ਅਤੇ ਲਾਈਟਾਂ ਨਕਾਰਾ ਹੋ ਗਈਆਂ। ਲੋਕਾਂ ਨੇ ਦੱਸਿਆ ਕਿ ਪੁਲ ਦੀ ਉੱਚਾਈ ਹੋਣ ਕਰਕੇ ਰਾਤ ਵੇਲੇ ਤੇਜ਼ ਰਫਤਾਰ ਵਾਹਨ ਜਦੋਂ ਆਉਂਦੇ ਹਨ ਤਾਂ ਲਾਈਟਾਂ ਨਾ ਹੋਣ ਕਰਕੇ ਆਪਸ ਵਿੱਚ ਟਕਰਾ ਜਾਂਦੇ ਹਨ ਜਿਸ ਨਾਲ ਜਾਨੀ ਮਾਲੀ ਨੁਕਸਾਨ ਹੋਣ ਦਾ ਡਰ ਬਣਿਆ ਰਹਿੰਦਾ ਹੈ। ਉਨ੍ਹਾਂ ਕਿਹਾ ਕਿ ਇਸ ਪੁਲ 'ਤੇ ਲਾਈਟਾਂ ਲਗਵਾਉਣ ਲਈ ਕਈ ਵਾਰ ਇਲਾਕੇ ਦੇ ਮੋਹਤਬਰ ਵਿਅਕਤੀਆਂ ਨੇ ਮਹਿਕਮੇ ਦੇ ਅਧਿਕਾਰੀਆਂ ਪਾਸੋਂ ਮੰਗ ਕੀਤੀ ਗਈ ਹੈ ਪਰ ਅਜੇ ਤੀਕ ਪੁਲ 'ਤੇ ਲਾਈਟਾਂ ਨਹੀਂ ਲੱਗ ਸਕੀਆਂ। ਜਦੋਂ ਇਸ ਮਾਮਲੇ ਸਬੰਧੀ ਲੋਕ ਨਿਰਮਾਣ ਵਿਭਾਗ ਦੇ ਅਧਿਕਾਰੀ ਨਾਲ ਗੱਲਬਾਤ ਕੀਤੀ ਜਾਂਦੀ ਹੈ ਤਾਂ ਉਹ ਇਹ ਕਹਿ ਕੇ ਟਾਲ ਦਿੰਦੇ ਹਨ ਕਿ ਸਾਡੇ ਕੋਲ ਪੁੱਲ 'ਤੇ ਲਾਈਟਾਂ ਲਗਵਾਉਣ ਦਾ ਕੋਈ ਅਧਿਕਾਰ ਨਹੀਂ ਹੈ। ਉਨ੍ਹਾਂ ਦੱਸਿਆ ਕਿ ਮਹਿਕਮੇ ਦਾ ਇਲੈਕਟਰੀਕਲ ਵਿੰਗ ਹੈ ਜੋ ਪੁੱਲ 'ਤੇ ਲਾਈਟਾਂ ਲਗਵਾਉਣ ਦਾ ਕੰਮ ਕਰਦਾ ਹੈ ਪਰ ਉਹ ਵੀ ਫੰਡਾਂ ਦੇ ਘਾਟ ਕਰਕੇ ਆਪਣਾ ਪੱਲਾ ਝਾੜ ਜਾਂਦੇ ਹਨ। ਜ਼ਿਕਰਯੋਗ ਹੈ ਕਿ ਦਰਿਆ ਬਿਆਸ ਦੇ ਪੁਲ 'ਤੇ ਇਲਾਕੇ ਦੇ ਲੋਕਾਂ ਦੀ ਮੰਗ 'ਤੇ ਗੁਰਦਾਸਪੁਰ ਅਤੇ ਹੁਸ਼ਿਆਰਪੁਰ ਪ੍ਰਸ਼ਾਸਨ ਦੇ ਸਾਂਝੇ ਯਤਨਾਂ ਸਦਕਾ ਲਾਈਟਾਂ ਲੱਗੀਆਂ ਹਨ ਅਤੇ ਇਹ ਇਸ ਵਾਰ ਹਾਦਸਿਆਂ 'ਚ ਕਾਫੀ ਫਰਕ ਪਿਆ ਹੈ। ਇਲਾਕੇ ਦੇ ਕਿਸਾਨਾਂ ਨੇ ਡਿਪਟੀ ਕਮਿਸ਼ਨਰ ਗੁਰਦਾਸਪੁਰ ਪਾਸੋਂ ਮੰਗ ਕੀਤੀ ਗਈ ਗੁਰਦਾਸਪੁਰ-ਮੁਕੇਰੀਆਂ ਸੜਕ 'ਤੇ ਪੈਂਦੀ ਨਹਿਰ ਅਪਰ ਬਰੀ ਦੁਆਬ ਦੇ ਪੁਲਾਂ ਉਤੇ ਇਲੈਕਟਰੀਕਲ ਵਿੰਗ ਨੂੰ ਤੁਰੰਤ ਹਦਾਇਤਾਂ ਕਰਕੇ ਲਾਈਟਾਂ ਲਗਾਈਆਂ ਜਾਣ ਤਾਂ ਜੋ ਅਗਾਂਹ ਤੋਂ ਕੋਈ ਅਣਸੁਖਾਵੀਂ ਘਟਨਾ ਇਸ ਪੁੱਲ 'ਤੇ ਨਾ ਵਾਪਰ ਸਕੇ।



## ਟਾਟਾ ਏ ਆਈ ਏ ਲਾਈਫ ਇੰਸ਼ੋਰੈਂਸ ਨੇ ਸ਼ੁਭ ਫਲੈਕਸੀ ਪੈਨਸ਼ਨ ਯੋਜਨਾ ਕੀਤੀ ਲਾਂਚ

ਅੰਮ੍ਰਿਤਸਰ : ਇੱਕ ਅਜਿਹੀ ਰਿਟਾਇਰਮੈਂਟ ਦੀ ਕਲਪਨਾ ਕਰੋ ਜਿੱਥੇ ਤੁਹਾਨੂੰ ਪੈਸੇ ਦੀ ਕਮੀ ਬਾਰੇ ਚਿੰਤਾ ਕਰਨ ਦੀ ਲੋੜ ਨਹੀਂ ਹੈ। ਇੱਕ ਬੁਢਾਪਾ ਜਿੱਥੇ ਤੁਹਾਡੀ ਬੱਚਤ ਨਾ ਸਿਰਫ਼ ਸਥਿਰਤਾ ਪ੍ਰਦਾਨ ਕਰਦੀ ਹੈ ਸਗੋਂ ਤੁਹਾਡੀ ਜੀਵਨ ਸ਼ੈਲੀ ਨੂੰ ਬਣਾਈ ਰੱਖਣ ਲਈ ਮਹਿੰਗਾਈ ਦੇ ਨਾਲ ਵੀ ਵਧਦੀ ਹੈ।ਟਾਟਾ ਏ ਆਈ ਏ ਲਾਈਫ ਇੰਸ਼ੋਰੈਂਸ ਨੇ ਸ਼ੁਭ ਫਲੈਕਸੀ ਪੈਨਸ਼ਨ ਯੋਜਨਾ ਨਾਲ ਇਸ ਸੁਪਨੇ ਨੂੰ ਸਾਕਾਰ ਕੀਤਾ ਹੈ।ਇਹ ਇੱਕ ਅਜਿਹਾ ਹੱਲ ਹੈ ਜੋ ਤੁਹਾਨੂੰ ਵਿਸ਼ਵਾਸ, ਲਚਕਤਾ ਅਤੇ ਪੂਰੀ ਵਿੱਤੀ ਸੁਰੱਖਿਆ ਨਾਲ ਰਿਟਾਇਰ ਹੋਣ ਵਿੱਚ ਮਦਦ ਕਰਦਾ ਹੈ।ਟਾਟਾ ਏਆਈਏ ਲਾਈਫ ਇੰਸ਼ੋਰੈਂਸ ਦੇ ਵਿਕਲਪਕ ਅਤੇ ਉੱਭਰ ਰਹੇ ਚੈਨਲਾਂ ਦੇ ਪ੍ਰਧਾਨ ਅਤੇ ਮੁੱਖ ਵੰਡ ਅਧਿਕਾਰੀ (ਸੀਡੀਓ) ਜਿਲਾਨੀ ਬਾਸ਼ਾ ਨੇ ਕਿਹਾ, ਭਾਰਤ ਵਿੱਚ ਰਿਟਾਇਰਮੈਂਟ ਯੋਜਨਾ ਬਦਲ ਰਹੀ ਹੈ। ਵਧਦੀ ਔਸਤ ਉਮਰ, ਵਧਦੇ ਡਾਕਟਰੀ ਖਰਚਿਆਂ ਅਤੇ ਉਤਰਾਅ-ਚੜ੍ਹਾਅ ਵਾਲੀਆਂ ਵਿਆਜ ਦਰਾਂ ਨੂੰ ਦੇਖਦੇ ਹੋਏ, ਲੋਕ ਹੁਣ ਅਜਿਹੇ ਹੱਲ ਲੱਭਦੇ ਹਨ ਜੋ ਨਾ ਸਿਰਫ਼ ਸਥਿਰਤਾ ਪ੍ਰਦਾਨ ਕਰਦੇ ਹਨ ਸਗੋਂ ਉਨ੍ਹਾਂ ਦੇ ਨਾਲ ਵਧਦੇ ਵੀ ਹਨ। 'ਸ਼ੁਭ ਫਲੈਕਸੀ ਪੈਨਸ਼ਨ ਯੋਜਨਾ' ਇਸਦਾ ਸਾਡਾ ਜਵਾਬ ਹੈ ਗਾਹਕਾਂ ਨੂੰ ਗਾਰੰਟੀਸ਼ੁਦਾ ਆਮਦਨ ਅਤੇ ਉਨ੍ਹਾਂ ਦੀ ਦੌਲਤ ਵਧਾਉਣ ਦਾ ਮੌਕਾ ਪ੍ਰਦਾਨ ਕਰਦਾ ਹੈ।

## ਗੰਨੇ ਦੀ ਪੈਦਾਵਾਰ ਵਧਾਉਣ ਲਈ ਨਵੀਆਂ ਤਕਨੀਕਾਂ ਕਿਸਾਨਾਂ ਤੱਕ ਪਹੁੰਚਾਉਣ ਦੀ ਲੋੜ : ਕੇਨ ਕਮਿਸ਼ਨਰ

ਬਟਾਲਾ, ਮਾਰਚ ( ਡਾਕਟਰ ਮਲਵਿੰਦਰ ਸਿੰਘ) ਗੰਨੇ ਦੇ ਵਿਕਾਸ, ਪੇਮੈਂਟ ਅਤੇ ਹੋਰ ਵੱਖ-ਵੱਖ ਮੁੱਦਿਆਂ ਸੰਬੰਧੀ ਵਿਚਾਰ-ਵਟਾਂਦਰਾ ਕਰਨ ਲਈ 'ਦਾ ਬਟਾਲਾ ਸਹਿਕਾਰੀ ਖੰਡ ਮਿੱਲ ਬਟਾਲਾ ਵਿਖੇ' ਫੀਲਡ ਸਟਾਫ ਨਾਲ ਮੀਟਿੰਗ ਕੀਤੀ ਗਈ।ਮੀਟਿੰਗ ਦੀ ਪ੍ਰਧਾਨਗੀ ਡਾ. ਅਮਰੀਕ ਸਿੰਘ ਕੇਨ ਕਮਿਸ਼ਨਰ ਪੰਜਾਬ ਵੱਲੋਂ ਕੀਤੀ ਗਈ।ਮੀਟਿੰਗ ਦੌਰਾਨ ਬਹਾਰ ਰੁੱਤ ਦੌਰਾਨ ਗੰਨੇ ਦੀ ਫਸਲ ਹੇਠ ਰਕਬਾ ਅਤੇ ਪ੍ਰਤੀ ਹੈਕਟੇਅਰ ਉਤਪਾਦਕਤਾ ਵਧਾਉਣ ਲਈ ਕੀਤੀਆਂ ਜਾ ਰਹੀਆਂ ਗਤੀਵਿਧੀਆਂ ਦਾ ਜਾਇਜ਼ਾ ਲਿਆ ਗਿਆ।ਮੀਟਿੰਗ ਵਿੱਚ ਇਹ ਵੀ ਫੈਸਲਾ ਕੀਤਾ ਗਿਆ ਕਿ ਅਗਲੇ ਹਫਤੇ ਕਿਸਾਨ ਜਾਗਰੂਕਤਾ ਕੈਂਪ ਲਗਾਉਣ ਤੋਂ ਇਲਾਵਾ ਪਿੰਡ ਪੱਧਰ 'ਤੇ ਕਿਸਾਨਾਂ ਨਾਲ ਮੀਟਿੰਗਾਂ ਕਰਕੇ ਗੰਨੇ ਹੇਠ ਰਕਬਾ ਵਧਾਉਣ ਲਈ ਪ੍ਰੇਰਿਤ ਕੀਤਾ ਜਾਵੇਗਾ।ਇਸ ਮੌਕੇ ਡਾ. ਰੇਨੂੰ ਵਿਰਦੀ ਸਹਾਇਕ ਗੰਨਾ ਵਿਕਾਸ ਅਧਿਕਾਰੀ, ਡਾ.ਪਵਿੱਤਰ ਸਿੰਘ ਬੱਲ ਮੁੱਖ ਗੰਨਾ ਵਿਕਾਸ ਅਫ਼ਸਰ, ਡਾ. ਸਵਰਨਜੀਤ ਸਿੰਘ, ਡਾ. ਗਗਨਦੀਪ ਕੌਰ ਖ਼ੇਤੀਬਾੜੀ ਵਿਕਾਸ ਅਫ਼ਸਰ ਸਮੇਤ ਸਮੂਹ ਫੀਲਡ ਸਟਾਫ ਹਾਜ਼ਰ ਸਨ। ਮੀਟਿੰਗ ਨੂੰ ਸੰਬੋਧਨ ਕਰਦਿਆਂ ਡਾਕਟਰ ਅਮਰੀਕ ਸਿੰਘ ਨੇ ਦੱਸਿਆ ਕਿ ਗੰਨਾ ਪੰਜਾਬ ਦੀ ਮੁੱਖ ਫ਼ਸਲ ਹੈ ਅਤੇ ਇਸ ਦੀ ਪ੍ਰਤੀ ਹੈਕਟੇਅਰ ਉਤਪਾਦਕਤਾ ਵਧਾਉਣ ਦੀ ਜ਼ਰੂਰਤ।ਉਹਨਾਂ ਸਮੂਹ ਅਧਿਕਾਰੀਆਂ ਨੂੰ ਇਹ ਵੀ ਨਿਰਦੇਸ਼ ਦਿੱਤੇ ਗਏ ਕਿ ਪਿੰਡ ਪੱਧਰ ਤੇ ਜਾਗਰੂਕਤਾ ਕੈਂਪ ਲਗਾਕੇ ਗੰਨਾ ਕਾਸ਼ਤਕਾਰਾਂ ਨੂੰ ਗੰਨੇ ਦੀ ਫ਼ਸਲ ਤੋਂ ਵੱਧ ਪੈਦਾਵਾਰ ਅਤੇ ਉਤਪਾਦਕਤਾ ਵਿੱਚ ਵਾਧਾ ਕਰਨ ਲਈ ਵੱਖ ਵੱਖ ਨਵੀਨਤਮ ਤਕਨੀਕਾਂ ਤੋਂ ਜਾਣੂ ਕਰਵਾਇਆ ਜਾਵੇ। ਉਨ੍ਹਾਂ ਕਿਹਾ ਕਿ ਮਿਥੇ ਟੀਚੇ ਸਮੇਂ ਸਿਰ ਮੁਕੰਮਲ ਕੀਤੇ ਜਾਣ।ਇਸ ਮੌਕੇ ਡਾ. ਪਵਿੱਤਰ ਸਿੰਘ ਬੱਲ ਨੇ ਦੱਸਿਆ ਕਿ ਮਿੱਲ ਦੀ ਗੰਨਾ ਪੀੜ ਸਮਰਥਾ ਦੁੱਗਣੀ ਹੋਣ ਕਾਰਨ, ਗੰਨਾ ਕਾਸ਼ਤਕਾਰਾਂ ਅੰਦਰ ਗੰਨੇ ਦੀ ਬਿਜਾਈ ਪ੍ਰਤੀ ਉਤਸ਼ਾਹ ਵਿਖਾਇਆ ਜਾ ਰਿਹਾ।ਉਨ੍ਹਾਂ ਆਸ ਪ੍ਰਗਟਾਈ ਕਿ ਇਸ ਵਾਰ ਗੰਨੇ ਹੇਠ ਰਕਬੇ ਵਧੇਗਾ।ਉਨ੍ਹਾ ਕਿਹਾ ਕਿ ਗੰਨਾ ਕਾਸ਼ਤਕਾਰਾਂ ਦੀ ਸਹੂਲਤ ਲਈ ਦੀ ਛੋਟੇ ਟਰੈਕਟਰ ਅਤੇ ਹੋਰ ਮਸੀਨਰੀ ਖਰੀਦੀ ਗਈ ਹੈ ਤਾਂ ਜੋਂ ਮਜ਼ਦੂਰਾਂ ਦੀ ਘਾਟ ਨੂੰ ਵੇਖਦਿਆਂ ਗੰਨੇ ਦੀ ਖੇਤੀ ਦਾ ਮਸ਼ੀਨੀਕਰਨ ਹੋਰ ਤੇਜ਼ ਕੀਤਾ ਜਾ ਸਕੇ।



## ਗਿੱਲ ਹਲਕਾ ਮਜੀਠਾ ਤੋਂ ਭਾਰੀ ਲੀਡ ਨਾਲ ਜਿੱਤ ਕੇ ਹਲਕੇ ਦੀ ਵਾਗਡੋਰ ਸਾਂਭਣਗੇ: ਸ਼ਹਿਜ਼ਾਦਾ

ਚਵਿੰਡਾ ਦੇਵੀ (ਖੁਸ਼ਹਾਲ ਸੁੰਦਰ)-ਸ. ਤਲਬੀਰ ਸਿੰਘ ਗਿੱਲ ਦੇ ਨਜ਼ਦੀਕੀ ਸਾਥੀ ਅਮਨਪ੍ਰੀਤ ਸਿੰਘ ਸ਼ਹਿਜ਼ਾਦਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਦੇ ਹਲਕੇ ਦੇ ਲੋਕਾਂ ਨੂੰ ਬਿਨਾਂ ਭੇਦ ਭਾਵ ਸਹੂਲਤਾਂ ਦਿੱਤੀਆਂ ਜਾ ਰਹੀਆਂ ਹਨ ਅਤੇ ਮੁੱਖ ਮੰਤਰੀ ਭਗਵੰਤ ਮਾਨ ਨੇ ਮਾਸਿਕ ਰਾਸ਼ੀ ਮਾਂਵਾਂ-ਧੀਆਂ ਸਤਿਕਾਰ ਯੋਜਨਾ ਸ਼ੁਰੂ ਕੀਤੀ ਹੈ ਅਤੇ ਸੂਬੇ ਵਿੱਚ ਦਲਿਤ ਔਰਤਾਂ ਨੂੰ 1500 ਰੁਪਏ ਮਹੀਨਾ ਅਤੇ ਹੋਰਨਾਂ ਨੂੰ 1000 ਰੁਪਏ ਮਹੀਨਾ ਦੇਣ ਦਾ ਐਲਾਨ ਕਰਕੇ ਪੰਜਾਬ ਦੀ ਆਮ ਆਦਮੀ ਪਾਰਟੀ ਸਰਕਾਰ ਆਪਣੇ ਸਭ ਤੋਂ ਵੱਡੇ ਚੋਣ ਵਾਅਦੇ ਨੂੰ ਪੂਰਾ ਕੀਤਾ ਹੈ।ਮਾਨ ਸਰਕਾਰ ਦੀ ਯੋਜਨਾ ਮੁਤਾਬਕ ਇਸ ਸਕੀਮ ਦਾ ਮੁੱਖ ਉਦੇਸ਼ ਆਰਥਿਕ ਤੌਰ ਤੇ ਕਮਜ਼ੋਰ ਵਰਗ ਦੀਆਂ ਔਰਤਾਂ ਨੂੰ ਆਤਮ-ਨਿਰਭਰ ਬਣਾਉਣਾ ਹੈ।ਵਿੱਤ ਵਿਭਾਗ ਦੇ ਅੰਦਾਜ਼ੇ ਮੁਤਾਬਕ ਇਸ ਸਕੀਮ ਨਾਲ ਸੂਬੇ ਦੀਆਂ 40 ਲੱਖ ਤੋਂ ਵੱਧ ਔਰਤਾਂ ਨੂੰ ਸਿੱਧਾ ਫਾਇਦਾ ਪਹੁੰਚੇਗਾ।ਭ੍ਰਿਸ਼ਟਾਚਾਰ ਅਤੇ ਵਿਚੋਲਿਆਂ ਨੂੰ ਖ਼ਤਮ ਕਰਨ ਲਈ ਸਰਕਾਰ ਇਸ ਰਕਮ ਨੂੰ ਸਿੱਧੇ ਲਾਭਪਾਤਰੀਆਂ ਦੇ ਆਧਾਰ ਨਾਲ ਜੁੜੇ ਬੈਂਕ ਖਾਤਿਆਂ ਵਿੱਚ ਟ੍ਰਾਂਸਫਰ ਕਰੇਗੀ। ਉਨ੍ਹਾਂ ਕਿਹਾ ਕੀ ਲੋਕ ਸ਼੍ਰੋਮਣੀ ਅਕਾਲੀ ਦਲ ਅਤੇ ਕਾਂਗਰਸ ਪਾਰਟੀ ਛੱਡ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋ ਰਹੇ ਹਨ ਅਤੇ ਤਲਬੀਰ ਸਿੰਘ ਗਿੱਲ 2027 ਵਿੱਚ ਹਲਕਾ ਮਜੀਠਾ ਤੋਂ ਭਾਰੀ ਲੀਡ ਨਾਲ ਜਿੱਤ ਕੇ ਵਿਧਾਇਕ ਬਣ ਕੇ ਹਲਕੇ ਦੀ ਵਾਗਡੋਰ ਸਾਂਭਣਗੇ।



